ਸ਼ਨੀਵਾਰ, 13 ਦਸੰਬਰ, 2025
28 ਮੱਘਰ { ਨਾਨਕਸ਼ਾਹੀ 557 / ਬਿਕਰਮੀ 2082
ਜਿਲਦ/VOL. : 74
ਅੰਕ/NO. : 193

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • SATURDAY, 13 DECEMBER, 2025
ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ   Regd. No : L-4/Pb-JL-0023/2024-26, (R.N.I.)-00068/57   E-mail : nawanzamana@gmail.com   www.nawanzamana.in   ਸਫ਼ੇ : 12

## ਸ਼ਿਵਰਾਜ ਪਾਟਿਲ ਦਾ ਦੇਹਾਂਤ



**ਲਾਤੂਰ :** ਸੀਨੀਅਰ ਕਾਂਗਰਸ ਆਗੂ, ਸਾਬਕਾ ਕੇਂਦਰੀ ਮੰਤਰੀ ਤੇ ਪੰਜਾਬ ਦੇ ਸਾਬਕਾ ਰਾਜਪਾਲ ਸ਼ਿਵਰਾਜ ਪਾਟਿਲ (90) ਦਾ ਦੇਹਾਂਤ ਹੋ ਗਿਆ ਹੈ। ਉਨ੍ਹਾਂ ਦੇ ਪਰਵਾਰ ਵਿੱਚ ਪੁੱਤਰ ਸ਼ੈਲੇਸ਼ ਪਾਟਿਲ, ਨੂੰਹ ਅਰਚਨਾ, ਜੋ ਕਿ ਭਾਜਪਾ ਨੇਤਾ ਹੈ ਅਤੇ ਦੋ ਪੋਤੀਆਂ ਹਨ।

## ਕਸ਼ਮੀਰ ਠੰਢ ਦੀ ਜਕੜ 'ਚ

**ਸ੍ਰੀਨਗਰ :** ਠੰਢ ਨੇ ਕਸ਼ਮੀਰ ਵਾਦੀ ਨੂੰ ਆਪਣੀ ਜਕੜ ਵਿਚ ਲੈ ਲਿਆ ਹੈ ਤੇ ਸ਼ੁੱਕਰਵਾਰ ਨੂੰ ਘੱਟੋ-ਘੱਟ ਤਾਪਮਾਨ ਮਨਫੀ ਤੋਂ ਹੇਠਾਂ ਰਿਹਾ। ਸ੍ਰੀਨਗਰ ਵਿਚ ਵੀਰਵਾਰ ਰਾਤ ਨੂੰ ਮਨਫੀ 3.6 ਡਿਗਰੀ ਤਾਪਮਾਨ ਦਰਜ ਕੀਤਾ ਗਿਆ। ਹਾਲਾਂਕਿ ਇਸ ਤੋਂ ਪਿਛਲੀ ਰਾਤ ਘੱਟੋ-ਘੱਟ ਤਾਪਮਾਨ ਮਨਫੀ 2.9 ਡਿਗਰੀ ਸੀ। ਕਾਜ਼ੀਗੁੰਡ ਵਿੱਚ ਮਨਫ਼ੀ 2.8 ਡਿਗਰੀ ਦਰਜ ਕੀਤਾ ਗਿਆ, ਜਦੋਂ ਕਿ ਕੁਪਵਾੜਾ ਵਿੱਚ ਮਨਫ਼ੀ 3.6 ਡਿਗਰੀ ਅਤੇ ਕੋਕਰਨਾਗ ਵਿੱਚ ਮਨਫ਼ੀ 0.7 ਡਿਗਰੀ ਦਰਜ ਕੀਤਾ ਗਿਆ।

# ਬੀਮਾ ਖੇਤਰ 'ਚ 100 ਫੀਸਦੀ ਸਿੱਧੇ ਵਿਦੇਸ਼ੀ ਨਿਵੇਸ਼ ਨੂੰ ਹਰੀ ਝੰਡੀ

**ਨਵੀਂ ਦਿੱਲੀ :** ਕੇਂਦਰੀ ਕੈਬਨਿਟ ਨੇ ਸ਼ੁੱਕਰਵਾਰ ਨੂੰ ਲਏ ਇੱਕ ਅਹਿਮ ਫੈਸਲੇ ਵਿੱਚ ਬੀਮਾ ਖੇਤਰ 'ਚ 100% ਸਿੱਧੇ ਵਿਦੇਸ਼ੀ ਨਿਵੇਸ਼ ਨੂੰ ਪ੍ਰਵਾਨਗੀ ਦੇ ਦਿੱਤੀ ਹੈ। ਸੂਤਰਾਂ ਨੇ ਦੱਸਿਆ ਕਿ ਇਸ ਸਬੰਧੀ ਬਿੱਲ 19 ਦਸੰਬਰ ਨੂੰ ਖਤਮ ਹੋ ਰਹੇ ਸੰਸਦ ਦੇ ਸਰਦ ਰੁੱਤ ਦੇ ਇਜਲਾਸ ਵਿੱਚ ਪੇਸ਼ ਕੀਤਾ ਜਾ ਸਕਦਾ ਹੈ। ਇਸ ਬਿੱਲ ਉਪਰ ਵੀ ਕੈਬਨਿਟ ਨੇ ਮੋਹਰ ਲਾ ਦਿੱਤੀ ਹੈ। ਲੋਕ ਸਭਾ ਦੇ ਸਮਾਚਾਰ ਵਿੱਚ ਦਿੱਤੀ ਜਾਣਕਾਰੀ ਅਨੁਸਾਰ 'ਦ ਇਸ਼ੋਰੈਂਸ ਲਾਅਜ (ਸੋਧ) ਬਿੱਲ 2025' ਤਹਿਤ ਬੀਮਾ ਖੇਤਰ ਵਿੱਚ ਵਿਕਾਸ ਹੋਵੇਗਾ ਤੇ ਕਾਰੋਬਾਰ ਕਰਨ ਵਿੱਚ ਅਸਾਨੀ ਹੋਵੇਗੀ। ਇਥੇ ਜਿਕਰਯੋਗ ਹੈ ਕਿ ਵਿੱਤ ਮੰਤਰੀ ਨਿਰਮਲਾ ਸੀਤਾਰਮਨ ਨੇ ਇਸ ਸਾਲ ਪੇਸ਼ ਕੀਤੇ ਬਜਟ ਮੌਕੇ ਦਿੱਤੇ ਭਾਸ਼ਣ ਵਿੱਚ ਕਿਹਾ ਸੀ ਕਿ ਬੀਮਾ ਖੇਤਰ ਵਿੱਚ ਮੌਜੂਦਾ 74% ਨਿਵੇਸ਼ ਨੂੰ ਵਧਾ ਕੇ 100% ਕਰਨ ਦੀ ਤਜਵੀਜ਼ ਹੈ। ਉਨ੍ਹਾਂ ਕਿਹਾ ਕਿ ਇਹ ਤਜਵੀਜ਼ ਬੀਮਾ ਖੇਤਰ ਵਿੱਚ ਨਵੀਂ ਪੀੜ੍ਹੀ ਦੇ ਵਿੱਤੀ ਸੈਕਟਰ ਸੁਧਾਰਾਂ ਦਾ ਹਿੱਸਾ ਹੈ। ਇਸ ਸਮੇ ਬੀਮਾ ਖੇਤਰ ਵਿੱਚ ਵਿਦੇਸ਼ੀ ਸਿੱਧੇ ਨਿਵੇਸ਼ ਰਾਹੀਂ 82000 ਕਰੋੜ ਦਾ ਨਿਵੇਸ਼ ਆ ਚੁੱਕਾ ਹੈ। ਕੈਬਨਿਟ ਨੇ ਭਾਰਤ ਦੀ ਜਨਗਣਨਾ ਕਰਵਾਉਣ ਦਾ ਵੀ ਫੈਸਲਾ ਕੀਤਾ ਹੈ ਜਿਸ ਵਾਸਤੇ 11,718 ਕਰੋੜ ਰੁਪਏ ਮਨਜ਼ੂਰ ਕਰ ਦਿੱਤੇ ਹਨ। ਸੂਚਨਾ ਅਤੇ ਪ੍ਰਸਾਰਨ ਮੰਤਰੀ ਅਸ਼ਵਨੀ ਵੈਸ਼ਨਵ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਵਿੱਚ ਕੇਂਦਰੀ ਮੰਤਰੀ ਮੰਡਲ ਨੇ ਜਨਗਣਨਾ ਕਰਵਾਉਣ ਦੇ ਪ੍ਰਸਤਾਵ ਨੂੰ ਮਨਜ਼ੂਰੀ ਦੇ ਦਿੱਤੀ ਹੈ ਜੋ ਕਿ ਆਪਣੀ ਕਿਸਮ ਦਾ ਪਹਿਲਾ ਡਿਜੀਟਲ ਅਭਿਆਸ ਹੋਵੇਗਾ। ਜਨਗਣਨਾ ਦੋ ਪੜਾਵਾਂ ਵਿੱਚ ਕੀਤੀ ਜਾਵੇਗੀ। ਪਹਿਲੇ ਪੜਾਅ ਤਹਿਤ ਅਪ੍ਰੈਲ ਤੋਂ ਸਤੰਬਰ 2026

• ਬਾਕੀ ਸਫਾ 2 'ਤੇ

### ਜਨਗਣਨਾ ਕਰਵਾਉਣ ਦਾ ਵੀ ਫੈਸਲਾ



## ਆਗ ਕਭੀ ਖਤਮ ਨਹੀਂ ਹੋਤੀ



**ਚੰਡੀਗੜ੍ਹ :** ਪੈਰਿਸ ਉਲੰਪਿਕ ਵਿੱਚ ਸਿਰਫ ਵਿਨੇਸ਼ ਫੋਗਾਟ ਦਾ ਹੀ ਦਿਲ ਨਹੀਂ ਟੁੱਟਿਆ ਸੀ, ਕਰੋੜਾਂ ਭਾਰਤੀਆਂ ਦੇ ਵੀ ਦਿਲ ਟੁੱਟੇ ਸਨ। 100 ਗਰਾਮ ਵੱਧ ਵਜ਼ਨ ਹੋ ਜਾਣ ਕਾਰਨ ਫੋਗਾਟ ਇਤਿਹਾਸ ਰਚਣ ਤੋਂ ਖੁੰਝ ਗਈ ਸੀ ਤੇ ਉਸਤੋਂ ਬਾਅਦ ਉਹ ਕੁਸ਼ਤੀ ਨੂੰ ਅਲਵਿਦਾ ਕਹਿ ਕੇ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋ ਕੇ ਹਰਿਆਣਾ ਦੇ ਜੁਲਾਨਾ ਹਲਕੇ ਤੋਂ ਵਿਧਾਇਕ ਬਣ ਗਈ ਸੀ। ਭਲਵਾਨ ਸੋਮਵੀਰ ਰਾਠੀ ਨਾਲ ਵਿਆਹ ਵੀ ਕਰਵਾ ਲਿਆ ਤੇ 2025 ਵਿੱਚ ਉਨ੍ਹਾਂ ਦੇ ਬੇਟਾ ਪੈਦਾ ਹੋਇਆ। ਪਰ ਪੈਰਿਸ ਦੀ ਉਹ ਕਸਕ ਉਸਨੂੰ ਚੈਨ ਨਾਲ ਜਿਊਣ ਨਹੀਂ ਦੇ ਰਹੀ। ਆਖਰ 31 ਸਾਲਾ ਭਲਵਾਨ ਨੇ 2028 ਦੀ ਉਲੰਪਿਕ ਵਿੱਚ ਸੁਫਨਾ ਪੂਰਾ ਕਰਨ ਲਈ ਮੁੜ ਅਖਾੜੇ 'ਚ ਕੁੱਦਣ ਦਾ ਐਲਾਨ ਕਰ ਦਿੱਤਾ ਹੈ। ਉਸਨੇ ਸੋਸ਼ਲ ਮੀਡੀਆ 'ਤੇ ਪਾਈ ਪੋਸਟ ਵਿੱਚ ਲਿਖਿਆ ਹੈ—ਆਗ ਕਭੀ ਖਤਮ ਨਹੀਂ ਹੋਤੀ।

# ਮਾਨ ਵੱਲੋਂ ਯੂ ਕੇ ਨਾਲ ਰਣਨੀਤਕ ਗੱਠਜੋੜ ਦੀ ਵਕਾਲਤ

**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**



ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੂਬੇ ਨੂੰ ਨਿਵੇਸ਼ ਅਤੇ ਨਿਰਮਾਣ ਦੇ ਕੇਂਦਰ ਵਜੋਂ ਵਿਕਸਤ ਕਰਨ ਲਈ ਸ਼ੁੱਕਰਵਾਰ ਪੰਜਾਬ ਅਤੇ ਯੂ ਕੇ ਦਰਮਿਆਨ ਰਣਨੀਤਕ ਗੱਠਜੋੜ ਦੀ ਵਕਾਲਤ ਕੀਤੀ।

ਯੂ ਕੇ ਹਾਈ ਕਮਿਸ਼ਨ ਦੇ ਡਿਪਟੀ ਹਾਈ ਕਮਿਸ਼ਨਰ ਐਲਬਾ ਸਮੈਰੀਗਲੀਓ ਦੀ ਅਗਵਾਈ ਹੇਠ ਉੱਚ ਪੱਧਰੀ ਵਫਦ ਨਾਲ ਮੁਲਾਕਾਤ ਦੌਰਾਨ ਮੁੱਖ ਮੰਤਰੀ ਨੇ ਵਪਾਰਕ ਭਾਈਵਾਲੀ ਨੂੰ ਹੋਰ ਮਜ਼ਬੂਤ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ ਅਤੇ ਇਸ ਦੌਰਾਨ ਦੋਵਾਂ ਧਿਰਾਂ ਨੇ ਆਪਸੀ ਸੰਬੰਧਾਂ ਨੂੰ ਹੋਰ ਮਜ਼ਬੂਤ ਕਰਨ ਲਈ ਦ੍ਰਿੜ੍ਹ ਵਚਨਬੱਧਤਾ ਪ੍ਰਗਟਾਈ। ਮਾਨ ਨੇ ਮੁਹਾਲੀ ਨੂੰ ਵਿਸ਼ਵ ਪੱਧਰ 'ਤੇ ਬਿਹਤਰ ਢੰਗ ਨਾਲ ਸੰਗਠਤ ਸ਼ਹਿਰਾਂ ਵਿੱਚੋਂ ਇੱਕ ਦੱਸਿਆ ਅਤੇ ਨਿਰਮਾਣ ਖੇਤਰ ਵਿੱਚ ਇੱਕ ਪਾਵਰਹਾਊਸ ਵਜੋਂ ਉਭਰਨ ਪ੍ਰਤੀ ਪੰਜਾਬ ਦੀ ਅਥਾਹ ਸੰਭਾਵਨਾ 'ਤੇ ਜ਼ੋਰ ਦਿੱਤਾ।ਪੰਜਾਬ ਦੇ ਵਿਦਿਆਰਥੀਆਂ ਦੀ ਕਾਨੂੰਨੀ ਅਤੇ ਸੁਰੱਖਿਅਤ ਤਰੀਕਿਆਂ ਰਾਹੀਂ ਯੂ ਕੇ ਵਿੱਚ ਮੌਕੇ ਤਲਾਸ਼ਣ ਦੀ ਉਤਸੁਕਤਾ ਨੂੰ ਵੇਖਦਿਆਂ ਉਨ੍ਹਾ ਨੇ ਇਸ ਸੰਬੰਧੀ ਸੂਬਾ ਸਰਕਾਰ ਵੱਲੋਂ ਪੂਰਨ ਸਹਿਯੋਗ ਦਾ ਭਰੋਸਾ ਦਿੱਤਾ।

ਮੁੱਖ ਮੰਤਰੀ ਨੇ ਗੈਂਗਸਟਰਾਂ ਵਰਗੀਆਂ ਕੌਮਾਂਤਰੀ ਚੁਣੌਤੀਆਂ ਬਾਰੇ ਗੱਲ ਕਰਦਿਆਂ ਕਿਹਾ ਕਿ ਅਜਿਹੇ ਮੁੱਦੇ ਸਰਹੱਦਾਂ ਦੇ ਬੰਧਨ ਤੋਂ ਪਰ੍ਹੇ ਹੁੰਦੇ ਹਨ ਅਤੇ ਪੰਜਾਬ ਕਾਨੂੰਨੀ ਮਾਮਲਿਆਂ 'ਤੇ ਕਿਸੇ ਵੀ ਲੋੜੀਂਦੀ ਸਹਾਇਤਾ ਬਾਰੇ ਯੂ ਕੇ ਨਾਲ ਸਹਿਯੋਗ ਕਰਨ ਲਈ ਤਿਆਰ ਹੈ। ਉਨ੍ਹਾ ਨਿਵੇਸ਼ ਲਈ ਮੁੱਖ ਖੇਤਰਾਂ ਦੀ ਪਛਾਣ ਕੀਤੀ, ਜਿਸ ਵਿੱਚ ਵੱਖ-ਵੱਖ ਖੇਤਰਾਂ ਸਮੇਤ ਖੇਤੀਬਾੜੀ ਮਸ਼ੀਨਰੀ, ਫੂਡ ਪ੍ਰੋਸੈਸਿੰਗ ਅਤੇ ਆਈ ਟੀ ਸ਼ਾਮਲ ਹਨ।ਮੁੱਖ ਮੰਤਰੀ ਨੇ ਵਫਦ ਨੂੰ ਮਾਰਚ ਮਹੀਨੇ ਮੁਹਾਲੀ ਵਿਖੇ ਹੋਣ ਵਾਲੇ ਪ੍ਰਗਤੀਸ਼ੀਲ ਪੰਜਾਬ ਨਿਵੇਸ਼ਕ ਸੰਮੇਲਨ ਵਿੱਚ ਹਿੱਸਾ ਲੈਣ ਦਾ ਸੱਦਾ ਦਿੱਤਾ।ਯੂ ਕੇ ਦੇ ਡਿਪਟੀ ਹਾਈ ਕਮਿਸ਼ਨਰ ਨੇ ਪਰਵਾਸੀ ਪੰਜਾਬੀਆਂ ਦੀ ਸਮਰੱਥਾ ਅਤੇ ਉਨ੍ਹਾਂ ਕੋਲ ਜੱਦੀ ਧਰਤੀ 'ਤੇ ਨਿਵੇਸ਼ ਲਈ ਉਪਲਬਧ ਵਿਆਪਕ ਫੰਡਾਂ ਬਾਰੇ ਗੱਲ ਕੀਤੀ।

## ਕਮਿਊਨਿਸਟ ਉਮੀਦਵਾਰਾਂ ਦੀ ਚੋਣ ਮੁਹਿੰਮ ਨੂੰ ਭਰਵਾਂ ਹੁੰਗਾਰਾ : ਮਾੜੀਮੇਘਾ



**ਫਤਿਹਾਬਾਦ :** ਸੀ ਪੀ ਆਈ ਵੱਲੋਂ ਬਲਾਕ ਸੰਮਤੀ ਧੂੰਦਾ ਅਤੇ ਵੇਈਂਪੂੰਈਂ ਦੀ ਚੋਣ ਬੜੇ ਜੋਸ਼ ਨਾਲ ਲੜੀ ਜਾ ਰਹੀ ਹੈ। ਚੋਣ ਪ੍ਰਚਾਰ ਦੀਆਂ ਮੀਟਿੰਗਾਂ ਅਤੇ ਘਰੋ ਘਰ ਵੋਟਾਂ ਆਖਣ ਦਾ ਦੌਰ ਜਾਰੀ ਹੈ। ਚੋਣ ਮੁਹਿੰਮ ਵਿੱਚ ਸੀ ਪੀ ਆਈ ਦੇ ਕੌਮੀ ਕੌਂਸਲ ਮੈਂਬਰ ਪਿਰਥੀਪਾਲ ਸਿੰਘ ਮਾੜੀਮੇਘਾ ਤੇ ਪੰਜਾਬ ਇਸਤਰੀ ਸਭਾ ਦੀ ਸੂਬਾਈ ਸੀਨੀਅਰ ਮੀਤ ਪ੍ਰਧਾਨ ਰੁਪਿੰਦਰ ਕੌਰ ਮਾੜੀਮੇਘਾ ਪਿੰਡ ਧੂੰਦਾ ਵਿਖੇ ਰਾਜਵਿੰਦਰ ਕੌਰ ਪਤਨੀ ਬਲਦੇਵ ਸਿੰਘ ਧੂੰਦਾ ਅਤੇ ਗੁਰਮੀਤ ਕੌਰ ਪਤਨੀ ਘੁੱਕ ਸਿੰਘ ਵੇਈਂਪੂੰਈਂ ਦੀ ਮਦਦ 'ਤੇ ਪਹੁੰਚੇ। ਇਸ ਮੌਕੇ ਸੀ ਪੀ ਆਈ ਬਲਾਕ ਖਡੂਰ ਸਾਹਿਬ ਦੇ ਸਕੱਤਰ ਬਲਜੀਤ ਸਿੰਘ ਫਤਿਹਾਬਾਦ, ਨੌਜਵਾਨ ਆਗੂ ਗੁਰਚਰਨ ਸਿੰਘ ਕੰਡਾ, ਕਿਸਾਨ ਆਗੂ ਦਰਸ਼ਨ ਸਿੰਘ

• ਬਾਕੀ ਸਫਾ 2 'ਤੇ

## ਗੁਰਪ੍ਰੀਤ ਸੇਖੋਂ ਗ੍ਰਿਫ਼ਤਾਰ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)-** ਵੀਰਵਾਰ ਰਾਤ ਪੁਲਸ ਨੇ ਗੈਂਗਸਟਰ ਤੋਂ ਸਿਆਸਤਦਾਨ ਬਣੇ ਗੁਰਪ੍ਰੀਤ ਸਿੰਘ ਸੇਖੋਂ ਨੂੰ ਚੋਣਾਂ ਦੌਰਾਨ ਸ਼ਾਂਤੀ ਬਣਾਈ ਰੱਖਣ ਲਈ ਇਹਤਿਆਤਨ ਗ੍ਰਿਫ਼ਤਾਰ ਕਰ ਲਿਆ। ਦੋ ਸਾਲ ਪਹਿਲਾਂ ਜੇਲ੍ਹ ਤੋਂ ਰਿਹਾਅ ਹੋਣ ਤੋਂ ਬਾਅਦ ਸੇਖੋਂ ਰਾਜਨੀਤੀ 'ਚ ਆ ਗਿਆ ਅਤੇ ਉਸ ਦੇ ਪਰਵਾਰ ਦੇ ਦੋ ਮੈਂਬਰ ਆਜ਼ਾਦ ਉਮੀਦਵਾਰ ਵਜੋਂ ਜ਼ਿਲ੍ਹਾ ਪ੍ਰੀਸ਼ਦ ਚੋਣ ਲੜ ਰਹੇ ਹਨ, ਜਿਨ੍ਹਾਂ ਨੂੰ ਅਕਾਲੀ ਦਲ ਵੱਲੋਂ ਸਮਰਥਨ ਦਿੱਤਾ ਗਿਆ ਹੈ। ਸਵੇਰੇ ਸੇਖੋਂ ਦੇ ਸੈਂਕੜੇ ਸਮਰਥਕ ਕੁਲਗੜ੍ਹੀ ਥਾਣੇ ਦੇ ਸਾਹਮਣੇ ਇਕੱਠੇ ਹੋਏ ਤੇ ਫ਼ਿਰੋਜ਼ਪੁਰ-ਲੁਧਿਆਣਾ ਰੋਡ ਨੂੰ ਜਾਮ ਕਰ ਦਿੱਤਾ। ਪੁਲਸ ਦੇ ਭਰੋਸੇ ਤੋਂ ਬਾਅਦ ਕਿ ਕਿਸੇ ਨਾਲ ਬੇਇਨਸਾਫ਼ੀ ਨਹੀਂ ਕੀਤੀ ਜਾਵੇਗੀ, ਧਰਨਾ ਚੁੱਕ ਲਿਆ ਗਿਆ।

## ਪੰਜਾਬ ਦੀ ਸ਼ੈਲਰ ਸਨਅਤ 'ਤੇ ਘੋਰ ਸੰਕਟ



**ਸ਼ਾਹਕੋਟ (ਗਿਆਨ ਸੈਦਪੁਰੀ)**

ਪੰਜਾਬ ਦੀ ਸ਼ੈਲਰ ਸਨਅਤ 'ਤੇ ਇਸ ਵੇਲੇ ਸੰਕਟ ਦੇ ਬੱਦਲ ਛਾਏ ਹੋਏ ਹਨ।ਐੱਫ ਸੀ ਆਈ ਵੱਲੋਂ ਚੌਲ ਆਪਣੇ ਡਿਪੂਆਂ 'ਤੇ ਨਹੀਂ ਲਵਾਏ ਜਾ ਰਹੇ। ਸਿੱਧੇ ਜਾਂ ਅਸਿੱਧੇ ਤੌਰ 'ਤੇ ਸ਼ੈਲਰਾਂ ਵਾਲਿਆਂ ਦਾ ਸੰਕਟ ਕਿਸਾਨੀ 'ਤੇ ਵੀ ਮਾਰੂ ਅਸਰ ਪਾਉਂਦਾ ਹੈ। ਪੰਜਾਬ ਵਿੱਚ ਲੱਗਭੱਗ 4800 ਸ਼ੈਲਰ ਹਨ। ਇਸ ਵੱਡੇ ਸੰਕਟ ਨੂੰ ਟਾਲਣ ਲਈ ਕੇਂਦਰ ਅਤੇ ਪੰਜਾਬ ਸਰਕਾਰ ਦੀ ਕੋਈ ਵੀ ਕਾਰਵਾਈ ਨਜ਼ਰ ਨਹੀਂ ਆ ਰਹੀ। ਇਸ ਸੰਬੰਧੀ ਭਾਰਤੀ ਕਿਸਾਨ ਯੂਨੀਅਨ (ਲੱਖੋਵਾਲ ਅਤੇ ਕੁੱਲ ਹਿੰਦ ਕਿਸਾਨ ਸਭਾ (ਅਜੇ ਭਵਨ) ਨੇ ਚਿੰਤਾ ਪ੍ਰਗਟ ਕੀਤੀ ਹੈ। ਇਹਨਾਂ ਜਥੇਬੰਦੀਆਂ ਦੇ ਆਗੂਆਂ ਦੀ ਮੰਗ ਹੈ ਕਿ ਸ਼ੈਲਰਾਂ ਵਾਲਿਆਂ ਅਤੇ ਕਿਸਾਨਾਂ 'ਤੇ ਬਣੀ ਮੁਸੀਬਤ ਨੂੰ ਦੂਰ ਕਰਨ ਲਈ ਕੇਂਦਰ ਤੇ ਪੰਜਾਬ ਸਰਕਾਰ ਫੌਰੀ ਤੌਰ 'ਤੇ ਹਰਕਤ ਵਿੱਚ ਆਉਣ।

ਸ਼ੈਲਰ ਸਨਅਤ ਨੂੰ ਸੰਕਟਗ੍ਰਸਤ ਕਰਨ ਦੇ ਕਈ ਕਾਰਨ ਹਨ। ਪਹਿਲੀ ਗੱਲ ਤਾਂ ਇਹ ਹੈ ਕਿ ਇਸ ਵਾਰ ਝੋਨੇ ਦੀ ਫਸਲ ਦੀ ਕੁਆਲਿਟੀ ਵਿੱਚ ਕਮੀ ਸੀ। ਕੁਆਲਿਟੀ ਦੀ ਸਮੱਸਿਆ ਦੇ ਚਲਦਿਆਂ ਝੋਨਾ ਖਰੀਦਣ ਵੇਲੇ ਤਾਂ ਕੁਝ ਛੋਟਾਂ ਦੇ ਦਿੱਤੀਆਂ ਗਈਆਂ ਪਰ ਚੌਲਾਂ ਵਿੱਚ ਕੋਈ ਛੋਟ ਨਹੀਂ ਦਿੱਤੀ ਜਾ ਰਹੀ। ਮਿਸਾਲ ਦੇ ਤੌਰ 'ਤੇ ਐੱਫ ਸੀ ਆਈ

• ਬਾਕੀ ਸਫਾ 2 'ਤੇ

## ਅੰਮ੍ਰਿਤਸਰ ਦੇ ਸਕੂਲਾਂ 'ਚ ਧਮਾਕੇ ਕਰਨ ਦੀ ਧਮਕੀ

**ਅੰਮ੍ਰਿਤਸਰ :** ਸ਼ੁੱਕਰਵਾਰ ਨੂੰ ਸ਼ਹਿਰ ਦੇ ਕੁਝ ਵੱਡੇ ਸਕੂਲਾਂ ਵਿੱਚ ਧਮਕੀ ਵਾਲੇ ਈਮੇਲ ਮਿਲੇ, ਜਿਸ ਤੋਂ ਬਾਅਦ ਸਕੂਲਾਂ ਵਿੱਚ ਚਿੰਤਾ ਵਾਲਾ ਮਾਹੌਲ ਬਣ ਗਿਆ। ਇਸ ਤੋਂ ਬਾਅਦ ਡੀ ਸੀ ਨੇ ਇੱਕ ਪੱਤਰ ਜਾਰੀ ਕਰਕੇ ਜ਼ਿਲ੍ਹੇ ਦੇ ਸਾਰੇ ਸਕੂਲਾਂ ਵਿੱਚ ਛੁੱਟੀ ਕਰਨ ਦਾ ਐਲਾਨ ਕਰ ਦਿੱਤਾ। ਪੁਲਸ ਕਮਿਸ਼ਨਰ ਨੇ ਦੱਸਿਆ ਕਿ ਸਾਈਬਰ ਪੁਲਸ ਅਧਿਕਾਰੀ ਧਮਕੀ ਵਾਲੇ ਈਮੇਲ ਦੇ ਸਰੋਤ ਨੂੰ ਟਰੈਕ ਕਰ ਰਹੇ ਹਨ। ਪੁਲਸ ਅਧਿਕਾਰੀ ਨੇ ਕਿਹਾ ਕਿ ਪਹਿਲਾਂ ਕੁਝ ਵਿਦਿਆਰਥੀਆਂ ਨੂੰ ਅਜਿਹੀ ਸ਼ਰਾਰਤ ਲਈ ਜ਼ਿੰਮੇਵਾਰ ਪਾਇਆ ਗਿਆ ਸੀ। ਉਨ੍ਹਾ ਕਿਹਾ ਕਿ ਘਬਰਾਉਣ ਦੀ ਕੋਈ ਲੋੜ ਨਹੀਂ। ਪੁਲਸ ਜਾਂਚ ਕਰ ਰਹੀ ਹੈ ਅਤੇ ਪੂਰੀ ਤਰ੍ਹਾਂ ਚੌਕਸ ਹੈ।

## ਬਰੈਂਪਟਨ 'ਚ ਗੋਲੀਆਂ ਚਲਾਉਣ ਵਾਲੇ 3 ਭਰਾ ਕਾਬੂ

**ਵੈਨਕੂਵਰ :** ਪਿਛਲੇ ਹਫਤੇ ਬਰੈਂਪਟਨ ਦੇ ਪਲਾਜ਼ੇ ਵਿੱਚ ਕਾਰ ਪਾਰਕਿੰਗ ਦੀ ਨਿੱਕੀ ਜਿਹੀ ਗੱਲ 'ਤੇ ਗੋਲੀਆਂ ਚਲਾ ਕੇ ਦਹਿਸ਼ਤ ਫੈਲਾਉਣ ਵਾਲੇ ਚਾਰ ਜਣਿਆਂ 'ਚੋਂ ਤਿੰਨ ਨੂੰ ਪੁਲਸ ਨੇ ਕਾਬੂ ਕਰ ਲਿਆ ਹੈ। ਮੁਲਜ਼ਮਾਂ ਦੀ ਪਛਾਣ ਮਨਜੋਤ ਭੱਟੀ (26), ਨਵਜੋਤ ਭੱਟੀ (27) ਤੇ ਅਮਰਜੋਤ ਭੱਟੀ (22) ਵਜੋਂ ਕੀਤੀ ਗਈ ਹੈ। ਪਾਰਕਿੰਗ ਵਿੱਚ ਹੋਈ ਤਲਖ਼ੀ ਤੋਂ ਭੜਕੇ ਭੱਟੀ ਭਰਾਵਾਂ ਨੇ ਨਜਾਇਜ਼ ਹਥਿਆਰ ਨਾਲ ਗੋਲੀਆਂ ਚਲਾਈਆਂ। ਘਟਨਾ ਸੀ ਸੀ ਟੀ ਵੀ ਕੈਮਰੇ ਵਿੱਚ ਕੈਦ ਹੋ ਗਈ ਸੀ। ਪੁਲਸ ਉਦੋਂ ਤੋਂ ਉਨ੍ਹਾਂ ਦੀ ਭਾਲ ਕਰ ਰਹੀ ਸੀ। ਅਖੀਰ ਪੁਲਸ ਨੇ ਕੈਲੇਡਨ ਦੇ ਇੱਕ ਘਰ 'ਤੇ ਛਾਪਾ ਮਾਰ ਕੇ ਤਿੰਨਾਂ ਨੂੰ ਫੜ ਲਿਆ। ਤਿੰਨਾਂ ਖਿਲਾਫ਼ ਦੋਸ਼ ਆਇਦ ਕੀਤੇ ਗਏ ਹਨ, ਪਰ ਜੱਜ ਵੱਲੋਂ ਅਗਲੀ ਪੇਸ਼ੀ ਤੱਕ ਜ਼ਮਾਨਤ 'ਤੇ ਛੱਡ ਦਿੱਤਾ ਗਿਆ। ਇਸੇ ਤਰ੍ਹਾਂ ਚੋਰੀ ਦੀਆਂ ਕਾਰਾਂ ਉੱਤੇ ਟੈਕਸੀ ਲਿਖਵਾ ਕੇ ਸਵਾਰੀਆਂ ਨਾਲ ਧੋਖਾਧੜੀ ਕਰਨ ਵਾਲੇ ਦੋ ਜਣਿਆਂ ਨੂੰ ਵੀ ਪੁਲਸ ਨੇ ਕਾਬੂ ਕੀਤਾ ਹੈ, ਜਿਨ੍ਹਾਂ ਦੀ ਪਛਾਣ ਮਨਵੀਰ ਸਿੰਘ ਤੇ ਸਈਅਦ ਹੁਸੈਨ ਵਜੋਂ ਦੱਸੀ ਗਈ ਹੈ। ਪੁਲਸ ਅਨੁਸਾਰ ਇਨ੍ਹਾਂ ਨੇ ਸਵਾਰੀ ਬੈਠਾਈ ਤੇ ਉਸ ਦੇ ਠਿਕਾਣੇ ਨੇੜੇ ਜਾ ਕੇ ਕਿਰਾਇਆ ਨਕਦੀ ਲੈਣ ਦੀ ਥਾਂ ਕੰਪਨੀ ਸ਼ਰਤ ਤਹਿਤ ਕਾਰਡ ਤੋਂ ਦੇਣ ਬਾਰੇ ਕਿਹਾ। ਬਜ਼ੁਰਗ ਸਵਾਰੀ ਨੇ ਜਿਵੇਂ ਹੀ ਆਪਣਾ ਡੈਬਿਟ ਕਾਰਡ ਦਿੱਤਾ ਤਾਂ ਦੋਹਾਂ ਨੇ ਫੁਰਤੀ ਨਾਲ ਕਾਰਡ ਬਦਲ ਲਿਆ ਤੇ ਕੁਝ ਹੀ ਮਿੰਟਾਂ ਵਿੱਚ ਕਿਸੇ ਏ ਟੀ ਐੱਮ 'ਤੇ ਜਾ ਕੇ ਉਸ ਦਾ ਖਾਤਾ ਖਾਲੀ ਕਰ ਦਿੱਤਾ।



## ਡਾਕਟਰ ਢਿੱਲੋਂ ਨੇ ਮੁੜ ਮੈਡਲ ਜਿੱਤ ਕੇ ਕੀਤਾ ਜ਼ਿਲ੍ਹੇ ਦਾ ਨਾਅ ਰੋਸ਼ਨ



**ਗੁਰੂ ਹਰਸਹਾਏ (ਫ਼ਕੀਰ ਚੰਦ ਸਿਕਰੀ)**-ਸਿਹਤ ਵਿਭਾਗ ਵਿੱਚੋਂ ਸੇਵਾ ਮੁਕਤ ਹੋਏ ਸਾਬਕਾ ਡਿਪਟੀ ਮੈਡੀਕਲ ਕਮਿਸ਼ਨਰ ਡਾਕਟਰ ਗੁਰਿੰਦਰਜੀਤ ਸਿੰਘ ਢਿੱਲੋਂ ਵੱਲੋਂ ਜਿੱਥੇ ਫਿਰੋਜ਼ਪੁਰ ਜ਼ਿਲ੍ਹੇ ਤੇ ਫਾਜ਼ਿਲਕਾ ਜ਼ਿਲ੍ਹੇ ਦੇ ਲੋਕਾਂ ਨੂੰ ਸੇਵਾ ਮੁਕਤੀ ਤੋਂ ਬਾਅਦ ਵੀ ਚਮੜੀ ਦੇ ਰੋਗਾਂ ਤੋਂ ਪੀੜਤ ਵਿਅਕਤੀਆਂ ਨੂੰ ਸਸਤੀਆਂ ਤੇ ਚੰਗੀਆਂ ਸਿਹਤ ਸੁਵਿਧਾਵਾਂ ਦਿੱਤੀਆਂ ਜਾ ਰਹੀਆਂ ਹਨ, ਉੱਥੇ ਹੀ ਡਾਕਟਰ ਢਿੱਲੋਂ ਵੱਲੋਂ ਆਪਣੀ 72 ਸਾਲ ਦੀ ਉਮਰ ਵਿੱਚ ਵੀ ਖੇਡਾਂ 'ਚ ਭਾਗ ਲੈ ਕੇ ਫਿਰੋਜ਼ਪੁਰ ਜ਼ਿਲ੍ਹੇ ਦਾ ਵੀ ਨਾਮ ਰੋਸ਼ਨ ਕੀਤਾ ਜਾ ਰਿਹਾ ਹੈ। ਇਸ ਮੌਕੇ ਗੱਲਬਾਤ ਕਰਦੇ ਹੋਏ ਸਾਬਕਾ ਮੈਡੀਕਲ ਡਿਪਟੀ ਕਮਿਸ਼ਨਰ ਡਾਕਟਰ ਗੁਰਿੰਦਰਜੀਤ ਸਿੰਘ ਢਿੱਲੋਂ ਨੇ ਕਿਹਾ ਕਿ ਸੱਤਵੀਂ ਨੈਸ਼ਨਲ ਸਿਟੀਜ਼ਨ ਓਪਨ ਨੈਸ਼ਨਲ ਐਥਲੈਟਿਕ ਚੈਂਪੀਅਨਸ਼ਿਪ 2025 ਜੋ ਕਿ ਹੈਦਰਾਬਾਦ ਵਿਖੇ ਕਰਵਾਈ ਗਈ, ਜਿਸ ਵਿੱਚ 20 ਸਟੇਟਾਂ ਤੋਂ ਆਏ 500 ਤੋਂ ਵੱਧ ਖਿਡਾਰੀਆਂ ਨੇ ਭਾਗ ਲਿਆ ਅਤੇ ਇਸ ਦੌਰਾਨ ਉਨ੍ਹਾਂ ਵੱਲੋਂ ਵੀ ਭਾਗ ਲੈਂਦੇ ਹੋਏ ਬਾਕੀ ਖਿਡਾਰੀਆਂ ਨੂੰ ਮਾਤ ਦਿੰਦੇ ਹੋਏ ਚੰਗਾ ਪ੍ਰਦਰਸ਼ਨ ਕਰਕੇ ਜੈਵਲੀਨ ਥਰੋ ਵਿੱਚ ਸਿਲਵਰ ਮੈਡਲ, ਸ਼ਾਟਪੁੱਟ ਵਿੱਚ ਚਾਂਦੀ ਮੈਡਲ, ਹੈਮਰ ਥਰੋ ਵਿੱਚ ਕਾਂਸੀ ਮੈਡਲ ਜਿੱਤ ਕੇ ਮੁੜ ਤੋਂ ਫਿਰੋਜ਼ਪੁਰ ਜ਼ਿਲ੍ਹੇ ਦਾ ਨਾਮ ਰੋਸ਼ਨ ਕੀਤਾ। ਉਨ੍ਹਾਂ ਪੰਜਾਬ ਦੇ ਨੌਜਵਾਨਾਂ ਨੂੰ ਵੀ ਇਹ ਸੁਨੇਹਾ ਦਿੱਤਾ ਕਿ ਉਹ ਵੀ ਵੱਧ ਤੋਂ ਵੱਧ ਖੇਡਾਂ ਵੱਲ ਧਿਆਨ ਦੇਣ।

## ਗੁਰਸ਼ਰਨ ਕੌਰ ਰੰਧਾਵਾ ਵੱਲੋਂ ਮਨਜੀਤ ਕੌਰ ਦੇ ਹੱਕ 'ਚ ਪ੍ਰਚਾਰ



**ਸਮਾਣਾ (ਗੁਰਪਿਆਰ ਸਿੰਘ ਬੱਲ)**-ਪੰਜਾਬ ਮਹਿਲਾ ਕਾਂਗਰਸ ਤੇ ਜ਼ਿਲ੍ਹਾ ਕਾਂਗਰਸ ਪਟਿਆਲਾ ਦਿਹਾਤੀ ਦੇ ਪ੍ਰਧਾਨ ਗੁਰਸ਼ਰਨ ਕੌਰ ਰੰਧਾਵਾ ਨੇ ਹਲਕਾ ਸਮਾਣਾ ਦੇ ਬਲਾਕ ਸੰਮਤੀ ਉਮੀਦਵਾਰ ਮਨਜੀਤ ਕੌਰ ਦੇ ਹੱਕ ਵਿੱਚ ਪਿੰਡ ਕਾਨਗੜ੍ਹ ਵਿਖੇ ਚੋਣ ਪ੍ਰਚਾਰ ਕੀਤਾ।ਇਸ ਮੌਕੇ ਸੈਂਕੜੇ ਬੀਬੀਆਂ, ਬਜ਼ੁਰਗ ਤੇ ਨੌਜਵਾਨ ਉਨ੍ਹਾਂ ਦੇ ਵਿਚਾਰ ਸੁਣਨ ਲਈ ਇਕੱਤਰ ਹੋਏ।ਲੋਕਾਂ ਨੂੰ ਸੰਬੋਧਨ ਕਰਦਿਆਂ ਬੀਬਾ ਗੁਰਸ਼ਰਨ ਕੌਰ ਰੰਧਾਵਾ ਨੇ ਕਿਹਾ ਕਿ ਪੰਜਾਬ ਵਿੱਚ ਵੱਡੇ ਵੱਡੇ ਵਾਅਦੇ ਕਰਕੇ ਹੋਂਦ ਵਿੱਚ ਆਈ ਆਪ ਸਰਕਾਰ ਅੱਜ ਆਪਣੇ ਵਾਅਦਿਆਂ ਤੋਂ ਭੱਜ ਰਹੀ ਹੈ।ਪੰਜਾਬ ਵਿੱਚ ਗੈਂਗਸਟਰਵਾਦ, ਨਸ਼ਾ, ਲੁੱਟਾਂ-ਖੋਹਾਂ ਤੇ ਕਤਲੋਗਾਰਤ ਦਾ ਦੌਰ ਚੱਲ ਰਿਹਾ, ਜਦੋਂਕਿ ਵਿਕਾਸ ਨਾਮ ਦੀ ਕੋਈ ਚੀਜ਼ ਕਿਤੇ ਨਜ਼ਰ ਨਹੀਂ ਆਉਂਦੀ।ਇਸ ਮੌਕੇ ਤਰਨਜੀਤ ਸਿੰਘ ਸਰਪੰਚ, ਸੁਰਜੀਤ ਬਾਬਾ ਸਾਬਕਾ ਸਰਪੰਚ, ਹਰਜੀਤ ਬਬਲਾ, ਬਘੇਲ ਕਾਲੇਕਾ ਨੰਬਰਦਾਰ, ਰਾਜਪਾਲ ਬੈਮਣਾ, ਦਰਬਾਰਾ ਸਿੰਘ, ਜਨਕ ਰਾਜ ਬਿਸ਼ਨਪੁਰਾ, ਟਿੰਕਾ ਗਾਜੇਵਾਸੀਆ, ਨਵੀਨ ਸਿੰਗਲਾ ਸਮੇਤ ਕਈ ਸੀਨੀਅਰ ਕਾਂਗਰਸੀ ਆਗੂ ਹਾਜ਼ਰ ਸਨ।

## ਪੈਵੀ ਢਿੱਲੋਂ ਵੱਲੋਂ ਰਮਨਦੀਪ ਕੌਰ ਦੇ ਹੱਕ 'ਚ ਚੋਣ ਪ੍ਰਚਾਰ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਆਮ ਆਦਮੀ ਪਾਰਟੀ ਦੇ ਬਲਾਕ ਸੰਮਤੀ ਜ਼ੋਨ ਛੱਤਿਆਣਾ ਤੋਂ ਉਮੀਦਵਾਰ ਰਮਨਦੀਪ ਕੌਰ ਧਰਮ ਪਤਨੀ ਜਸਵੀਰ ਸਿੰਘ ਸਾਬਕਾ ਪੰਚ ਛੱਤਿਆਣਾ ਦੇ ਹੱਕ ਵਿੱਚ ਚੋਣ ਪ੍ਰਚਾਰ ਨੂੰ ਤੇਜ਼ ਕਰਦੇ ਹੋਏ ਹਲਕਾ ਗਿੱਦੜਬਾਹਾ ਦੇ ਵਿਧਾਇਕ ਹਰਦੀਪ ਸਿੰਘ ਡਿੰਪੀ ਢਿੱਲੋਂ ਦੇ ਸਪੁੱਤਰ ਪੈਵੀ ਢਿੱਲੋਂ ਨੇ ਘਰ ਘਰ ਜਾ ਕੇ ਵੋਟਾਂ ਮੰਗੀਆਂ ਤੇ ਲੋਕਾਂ ਨੂੰ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਨੂੰ ਵੋਟਾਂ ਪਾ ਕੇ ਵੱਡੀ ਲੀਡ ਨਾਲ ਜਿਤਾਉਣ ਦੀ ਅਪੀਲ ਕੀਤੀ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਆਮ ਲੋਕਾਂ ਨੂੰ ਸਹੂਲਤਾਂ ਦੇਣ ਲਈ ਨਵੀਆਂ ਨਵੀਆਂ ਲੋਕਪੱਖੀ ਨੀਤੀਆਂ ਲੈ ਕੇ ਆ ਰਹੀ ਹੈ।ਉਨ੍ਹਾਂ ਕਿਹਾ ਕਿ ਹਲਕੇ ਦੇ ਪਿੰਡਾਂ ਵਿੱਚ ਲਗਾਤਾਰ ਵਿਕਾਸ ਕਾਰਜ ਚੱਲ ਰਹੇ ਹਨ ਤੇ ਆਉਣ ਵਾਲੇ ਦਿਨਾਂ ਵਿੱਚ ਹਲਕੇ ਦੇ ਕਿਸੇ ਪਿੰਡ ਵਿੱਚ ਵਿਕਾਸ ਪੱਖੋਂ ਕੋਈ ਅਧੂਰਾ ਕਾਰਜ ਨਹੀਂ ਰਹੇਗਾ।ਉਨ੍ਹਾਂ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮਤੀ ਦੇ ਉਮੀਦਵਾਰਾਂ ਨੂੰ ਵੱਧ ਤੋਂ ਵੱਧ ਵੋਟਾਂ ਪਾ ਕੇ ਜਿਤਾਉਣ ਤਾਂ ਜੋ ਪਿੰਡਾਂ ਦੇ ਵਿਕਾਸ ਕਾਰਜ ਕਰਵਾਏ ਜਾ ਸਕਣ।ਇਸ ਮੌਕੇ ਉਨ੍ਹਾਂ ਨਾਲ ਪਿੰਡ ਇਕਾਈ ਇੰਚਾਰਜ ਪ੍ਰਕਾਸ਼ ਸਿੰਘ ਬਰਾੜ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਆਮ ਆਦਮੀ ਪਾਰਟੀ ਦੇ ਵਰਕਰ ਤੇ ਆਗੂ ਹਾਜ਼ਰ ਸਨ।

## ਸ਼ੰਮੀ ਠੁੱਲੀਵਾਲ ਨੇ ਕਾਂਗਰਸੀ ਉਮੀਦਵਾਰਾਂ ਲਈ ਵੋਟਾਂ ਮੰਗੀਆਂ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਬਲਾਕ ਕਾਂਗਰਸ ਪ੍ਰਧਾਨ ਪਰਮਿੰਦਰ ਸਿੰਘ ਸ਼ੰਮੀ ਠੁੱਲੀਵਾਲ, ਡਾ: ਬਲਵੰਤ ਰਾਏ ਸ਼ਰਮਾ ਦੀ ਅਗਵਾਈ ਹੇਠ ਟੀਮ ਵੱਲੋਂ ਜ਼ਿਲ੍ਹਾ ਪ੍ਰੀਸ਼ਦ ਜ਼ੋਨ ਮਹਿਲ ਕਲਾਂ ਤੋਂ ਕਾਂਗਰਸ ਦੇ ਉਮੀਦਵਾਰ ਬੀਬੀ ਪਰਮਜੀਤ ਕੌਰ ਮਹਿਲ ਕਲਾਂ, ਜ਼ੋਨ ਠੁੱਲੀਵਾਲ ਤੋਂ ਬੀਬੀ ਹਰਦੀਪ ਕੌਰ ਵਜੀਦਕੇ ਕਲਾਂ, ਜ਼ੋਨ ਠੀਕਰੀਵਾਲਾ ਤੋਂ ਡਾ: ਸੁਖਪਾਲ ਸਿੰਘ ਬਖਤਗੜ੍ਹ ਤੇ ਵੱਖ-ਵੱਖ ਬਲਾਕ ਸੰਮਤੀ ਜ਼ੋਨਾਂ ਦੇ ਉਮੀਦਵਾਰਾਂ ਦੇ ਹੱਕ ਵਿੱਚ ਚੋਣ ਪ੍ਰਚਾਰ ਕਰਦਿਆਂ ਚੋਣ ਨਿਸ਼ਾਨ ਪੰਜੇ ਲਈ ਵੋਟਾਂ ਦੀ ਮੰਗ ਕੀਤੀ।ਇਸ ਮੌਕੇ ਦਾਅਵੇ ਨਾਲ ਕਿਹਾ ਕਿ ਬਰਨਾਲਾ ਜ਼ਿਲ੍ਹੇ ਵਿੱਚ ਸੂਬੇ ਅੰਦਰ ਕਾਂਗਰਸ ਪਾਰਟੀ ਲੋਕਾਂ ਦੀ ਹਰਮਨ ਪਿਆਰੀ ਪਾਰਟੀ ਵਜੋਂ ਉੱਭਰ ਕੇ ਸਾਹਮਣੇ ਆਵੇਗੀ।ਇਸ ਸਰਕਾਰ ਦੇ ਸਤਾਏ ਲੋਕ ਪਿੰਡਾਂ ਦੀਆਂ ਸੱਥਾਂ ਵਿੱਚ ਬੈਠੇ ਕਾਂਗਰਸ ਸਰਕਾਰ ਨੂੰ ਚੇਤੇ ਕਰਨ ਲੱਗੇ ਹਨ।ਆਗੂਆਂ ਨੇ ਕਿਹਾ ਕਿ ਹਰ ਪਿੰਡ ਵਿੱਚੋਂ ਕਾਂਗਰਸ ਉਮੀਦਵਾਰਾਂ ਨੂੰ ਲੋਕ ਭਰਵਾਂ ਪਿਆਰ ਸਤਿਕਾਰ ਬਖਸ਼ ਰਹੇ ਹਨ।ਇਸ ਮੌਕੇ ਸੀਨੀਅਰ ਆਗੂ ਗੁਰਮੇਲ ਸਿੰਘ ਮੌੜ, ਐਡਵੋਕੇਟ ਜਸਵੀਰ ਸਿੰਘ ਖੇੜੀ, ਬੰਨੀ ਖੈਰਾ, ਬਲਦੇਵ ਸਿੰਘ ਪੰਧੇਰ, ਪਰਮਿੰਦਰ ਸਿੰਘ ਸੰਦੀਵਾਲ, ਜਸਮੇਲ ਸਿੰਘ ਡੇਅਰੀ ਵਾਲਾ, ਡਾ: ਅਮਰਜੀਤ ਸਿੰਘ, ਤੇਜਪਾਲ ਸੱਦੋਵਾਲ, ਮਨਦੀਪ ਸਿੰਘ ਲੋਹਗੜ੍ਹ, ਜਗਸੀਰ ਸਿੰਘ ਨਾਥਪਾਈ, ਗਗਨ ਸਰਾਂ, ਪ੍ਰਕਾਸ਼ ਸਿੰਘ ਸਹਿਜੜਾ ਵੀ ਹਾਜ਼ਰ ਸਨ।

## ਸਨੌਰ ਹਲਕੇ 'ਚ 'ਆਪ' ਨੂੰ ਮਿਲ ਰਿਹੈ ਭਰਵਾਂ ਹੁੰਗਾਰਾ : ਹਡਾਣਾ



**ਪਟਿਆਲਾ/ਸਨੌਰ (ਰਾਜਿੰਦਰ ਸਿੰਘ ਥਿੰਦ)**-ਹਲਕਾ ਸਨੌਰ ਵਿੱਚ ਆਉਣ ਵਾਲੀਆਂ ਬਲਾਕ ਸੰਮਤੀ ਤੇ ਜ਼ਿਲ੍ਹਾ ਪ੍ਰੀਸ਼ਦ ਚੋਣਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਆਮ ਆਦਮੀ ਪਾਰਟੀ ਨੇ ਚੋਣ ਪ੍ਰਚਾਰ ਨੂੰ ਹੋਰ ਤੇਜ਼ ਕਰ ਦਿੱਤਾ ਹੈ।ਚੇਅਰਮੈਨ ਤੇ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਵੱਲੋਂ ਅੱਜ ਕਈ ਪਿੰਡਾਂ ਵਿੱਚ ਲੋਕ ਮਿਲਣੀਆਂ ਕੀਤੀਆਂ ਗਈਆਂ।ਇਸ ਦੌਰਾਨ ਉਹ ਪਿੰਡ ਦੀਵਾਨਵਾਲਾ, ਮਲਕਪੁਰ ਕੰਬੋਆ, ਚੂਹਟ, ਮੋਹਲਗੜ੍ਹ, ਰੋਸ਼ਨਪੁਰ ਝੂੰਗੀਆ, ਹਾਜ਼ੀਪੁਰ, ਰਾਜੂਖੇੜੀ, ਜਲਾਹਖੇੜੀ, ਮਹਿਮੂਦਪੁਰ ਰੁੜਕੀ, ਦੁੜਦ, ਭੁਨਰਹੇੜੀ, ਕਾਠਗੜ੍ਹ ਤੇ ਹੀਰਾਗੜ੍ਹ ਵਿੱਚ ਪਹੁੰਚੇ ਤੇ ਲੋਕਾਂ ਨਾਲ ਮੁਲਾਕਾਤ ਕਰਦੇ ਹੋਏ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਵੀ ਸੁਣਿਆ ਅਤੇ ਕਈ ਕੰਮਾਂ ਦਾ ਮੌਕੇ 'ਤੇ ਹੱਲ ਵੀ ਕੀਤਾ।ਚੇਅਰਮੈਨ ਹਡਾਣਾ ਨੇ ਕਿਹਾ ਕਿ ਪਿੰਡਾਂ ਦੀ ਤਰੱਕੀ ਤੇ ਬੁਨਿਆਦੀ ਸਹੂਲਤਾਂ ਨੂੰ ਮਜ਼ਬੂਤ ਕਰਨਾ ਪਾਰਟੀ ਦੀ ਪਹਿਲੀ ਤਰਜੀਹ ਹੈ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਹਮੇਸ਼ਾ ਜਨਤਾ ਦੇ ਹੱਕਾਂ ਲਈ ਖੜ੍ਹੀ ਰਹੀ ਹੈ ਤੇ ਹਲਕੇ ਵਿੱਚ ਪਿਛਲੇ ਕੁਝ ਸਾਲਾਂ ਦੌਰਾਨ ਕਈ ਮਹੱਤਵਪੂਰਨ ਵਿਕਾਸ ਕਾਰਜ ਹੋਏ ਹਨ। ਉਨ੍ਹਾਂ ਪਿੰਡ ਵਾਸੀਆਂ ਨੂੰ ਯਕੀਨ ਦਿਵਾਇਆ ਕਿ ਆਉਣ ਵਾਲੇ ਸਮੇਂ ਵਿੱਚ ਵੀ ਤਰੱਕੀ ਦੀ ਇਹ ਲਹਿਰ ਜਾਰੀ ਰਹੇਗੀ ਤੇ ਕਿਸੇ ਵੀ ਪਿੰਡ ਨੂੰ ਪਿੱਛੇ ਨਹੀਂ ਛੱਡਿਆ ਜਾਵੇਗਾ।ਲੋਕਾਂ ਨੇ ਵੀ ਵੱਡੀ ਗਿਣਤੀ ਵਿੱਚ ਹਡਾਣਾ ਦਾ ਸਵਾਗਤ ਕੀਤਾ ਤੇ ਉਨ੍ਹਾਂ ਦੇ ਕੰਮਾਂ ਦੀ ਤਾਰੀਫ਼ ਕੀਤੀ।ਕਈ ਪਿੰਡਾਂ ਦੇ ਨੁਮਾਇੰਦਿਆਂ ਨੇ ਕਿਹਾ ਕਿ ਹਡਾਣਾ ਹਮੇਸ਼ਾ ਹਰ ਸਧਾਰਨ ਆਦਮੀ ਲਈ ਉਪਲਬਧ ਰਹਿੰਦੇ ਹਨ ਤੇ ਹਰ ਮਸਲੇ ਨੂੰ ਗੰਭੀਰਤਾ ਨਾਲ ਸੁਣਦੇ ਹਨ।ਹਡਾਣਾ ਨੇ ਲੋਕਾਂ ਨੂੰ ਚੋਣਾਂ ਵਿੱਚ ਵਧ-ਚੜ੍ਹ ਕੇ ਭਾਗ ਲੈਣ ਤੇ ਲੋਕਤੰਤਰ ਨੂੰ ਮਜ਼ਬੂਤ ਕਰਨ ਦੀ ਅਪੀਲ ਕੀਤੀ।ਚੋਣ ਪ੍ਰਚਾਰ ਦੌਰਾਨ ਨੌਜਵਾਨਾਂ, ਬਜ਼ੁਰਗਾਂ ਤੇ ਮਹਿਲਾਵਾਂ ਦਾ ਵੀ ਹਡਾਣਾ ਨੂੰ ਪੂਰਨ ਸਮਰਥਨ ਮਿਲਿਆ।

## ਘਨੌਰ ਹਲਕੇ 'ਚ ਭਾਜਪਾ ਨੂੰ ਲੋਕਾਂ ਵੱਲੋਂ ਭਰਵਾਂ ਹੁੰਗਾਰਾ



**ਪਟਿਆਲ਼ਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਵਿੱਚ ਹੋ ਰਹੀਆਂ ਬਲਾਕ ਸੰਮਤੀ ਤੇ ਜ਼ਿਲ੍ਹਾ ਪ੍ਰੀਸ਼ਦ ਚੋਣਾਂ ਵਿੱਚ ਝਾੜੂ ਪਾਰਟੀ ਨੇ ਧੱਕੇਸ਼ਾਹੀ ਦੇ ਸਾਰੇ ਰਿਕਾਰਡ ਤੋੜ ਦਿੱਤੇ, ਪਰ ਪੰਜਾਬੀ ਜਾਗਦੀ ਜ਼ਮੀਰ ਵਾਲੇ ਲੋਕ ਹਨ, ਪੰਜਾਬ ਨੇ ਹਮੇਸ਼ਾ ਹੀ ਭਾਜੀ ਦੁੱਗਣੀ ਕਰਕੇ ਮੋੜੀ ਹੈ ਤੇ ਹੁਣ ਵੀ ਵੋਟ ਪਰਚੀ ਨਾਲ ਆਪਣਾ ਰੋਸ ਕੱਢਣਗੇ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਰਵਿੰਦਰ ਸਿੰਘ ਹਰਪਾਲਪੁਰ ਸਾਬਕਾ ਚੇਅਰਮੈਨ ਪੰਜਾਬ ਖਾਦੀ ਤੇ ਗ੍ਰਾਮ ਉਦਯੋਗ ਬੋਰਡ ਪੰਜਾਬ ਨੇ ਕੀਤਾ।ਹਰਪਾਲਪੁਰ ਨੇ ਕਿਹਾ ਕਿ ਜਦੋਂ ਵੀ ਕਿਸੇ ਧਾੜਵੀ ਨੇ ਪੰਜਾਬ ਦੇ ਲੋਕਾਂ ਦੀ ਅਣਖ ਨੂੰ ਵੰਗਾਰਿਆ ਤਾਂ ਪੰਜਾਬ ਦੇ ਲੋਕਾਂ ਨੇ ਹਮੇਸ਼ਾ ਹੀ ਇੱਟ ਚੁੱਕਦੇ ਨੂੰ ਪੱਥਰ ਚੁਕਾਇਆ, ਹੁਣ ਲੰਘੀਆਂ ਚੋਣਾਂ 'ਚ ਝਾੜੂ ਪਾਰਟੀ ਨੇ ਵਿਰੋਧੀ ਪਾਰਟੀਆਂ ਦੇ ਆਗੂਆਂ ਤੇ ਵਰਕਰਾਂ ਦੀਆਂ ਪੱਗਾਂ ਲਾਹੀਆਂ ਤੇ ਫਾਇਲਾਂ ਪਾੜੀਆਂ, ਕੱਪੜੇ ਪਾੜੇ ਤੇ ਫਾਰਮ ਭਰਨ ਤੋਂ ਰੋਕਿਆ ਗਿਆ। ਇਸ ਧੱਕੇਸ਼ਾਹੀ ਨੇ ਅੱਜ ਤੱਕ ਬਣੀਆਂ ਸਰਕਾਰਾਂ ਦੀ ਧੱਕੇਸ਼ਾਹੀ ਨੂੰ ਮਾਤ ਪਾ ਦਿੱਤੀ ਹੈ, ਪਰ ਇਸ ਧੱਕੇਸ਼ਾਹੀ ਦਾ ਤੇ ਡੰਡਾਤੰਤਰ ਦਾ ਬਦਲਾ ਲੋਕ ਲੋਕਤੰਤਰ ਨਾਲ ਲੈਣਗੇ।

# ਗਲੋਬਲ ਡਿਸਕਵਰੀ ਬਣਿਆ ਯੂਨੈਸਕੋ ਸੰਸਕ੍ਰਿਤੀ ਆਦਾਨ-ਪ੍ਰਦਾਨ ਪ੍ਰੋਗਰਾਮ ਦਾ ਗੌਰਵਮਈ ਹਿੱਸਾ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**

ਸੀ.ਬੀ.ਐਸ.ਈ. ਤੋਂਮਾਨਤਾ ਪ੍ਰਾਪਤ ਸਰਾਫ ਐਜੂਕੇਸ਼ਨਜ਼ ਗਲੋਬਲ ਡਿਸਕਵਰੀ ਸਕੂਲ ਵੱਲੋਂ ਯੂਨੈਸਕੋ ਰਾਸ਼ਟਰੀ ਉਪ ਪ੍ਰਧਾਨ ਸ਼੍ਰੀਮਤੀ ਸ਼ਸ਼ੀ ਬਧੁਰਿਆ ਜੀ ਦੇ ਸੰਗ ਪੰਜਾਬ ਸਿੱਖਿਅਕ ਯਾਤਰਾ ਦੇ ਉਦੇਸ਼ ਨਾਲ ਨੋਇਡਾ ਸਥਿਤ ਸੈਂਟ ਹੁੱਡ ਕਾਨਵੈਂਟ ਸਕੂਲ ਦਾਦਰੀ, ਉੱਤਰ ਪ੍ਰਦੇਸ਼ ਦੇ ਵਿਦਿਆਰਥੀਆਂ ਦਾ ਸਕੂਲ ਦੀ ਪ੍ਰਿੰਸੀਪਲ ਸ਼੍ਰੀਮਤੀ ਕਾਵਿਆ ਅਸੀਜਾ ਜੀ ਦੀ ਅਗਵਾਈ ਹੇਠ ਸਕੂਲ ਬੈਂਡ, ਪੰਜਾਬੀ ਸੁਆਗਤ ਭਰੇ ਗੀਤ ਗਾ ਕੇ ਤੇ ਸਵਾਗਤੀ ਕੇਕਸੈਰਮਨੀ ਨਾਲ ਸ਼ਾਨਦਾਰ ਸਵਾਗਤ ਕੀਤਾ ਗਿਆ।

ਸੱਭਿਆਚਾਰਕ ਆਦਾਨ-ਪ੍ਰਦਾਨ ਪ੍ਰੋਗਰਾਮ ਅਧੀਨ 'ਗ੍ਰੇਟ ਡਿਸਕਵਰੀਅੰਜ਼' ਦੀ ਇੱਕ ਖਾਸ ਕਾਰਜ-ਪ੍ਰਣਾਲੀ ਨਾਲ ਚੋਣ ਕੀਤੀ ਗਈ। ਸੱਭਿਆਚਾਰਕ ਸਾਂਝ ਦੌਰਾਨ ਰਾਤ ਦੇ ਵਿਸ਼ਰਾਮ ਸਮੇਂ ਗ੍ਰੇਟ ਡਿਸਕਵਰੀਅਨਜ਼ ਵੱਲੋਂ ਸੈਂਟ ਹੁਡੀਅਨਜ਼ ਨੂੰ ਪੰਜਾਬੀ ਸਿੱਠਣੀਆਂ-ਬੋਲੀਆਂ, ਵਿਸ਼ੇਸ਼ ਮੌਕਿਆਂ 'ਤੇ ਗਾਏ ਜਾਣ ਵਾਲੇ ਲੋਕ-ਗੀਤ ਸੁਣਾਏ ਗਏ ਤੇ ਚਿੱਤਰਕਾਰੀ, ਗਿੱਧਾ-ਭਾਂਗੜਾ ਰਾਹੀਂ ਪੰਜਾਬੀ ਸੱਭਿਆਚਾਰ ਨਾਲ ਜੋੜਿਆ ਗਿਆ।ਸੈਂਟ ਹੁਡੀਅਨਜ਼ ਨੇ ਪੰਜਾਬੀ ਸੱਭਿਆਚਾਰ ਨੂੰ ਚਿੱਤਰਕਾਰੀ ਅਤੇ ਵਿਆਖਿਆਵਾਂ ਰਾਹੀਂ ਜਾਣਿਆ ਤੇ ਪਿੱਠੂ, ਕੋਟਲਾ ਛਪਾਕੀ, ਸਟਾਪੂ ਜਿਹੇ ਪੰਜਾਬੀ ਖੇਡਾਂ ਦਾ ਆਨੰਦ ਵੀ ਲਿਆ।ਸਕੂਲ ਪ੍ਰਬੰਧਕੀ ਵੱਲੋਂ ਰਾਤਰੀ ਵਿਸ਼ਰਾਮ ਲਈ ਰਹਿਣ, ਖਾਣ-ਪੀਣ ਤੇ ਮਨੋਰੰਜਨ ਦੀ ਵਿਸ਼ੇਸ਼ ਵਿਵਸਥਾ ਕੀਤੀ ਗਈ। ਬੱਚਿਆਂ ਨੇ ਬੋਨਫਾਇਰ ਨਾਲ ਰਾਤ ਦੇ ਭੋਜਨ ਦਾ ਪੂਰਾ ਆਨੰਦ ਮਾਣਿਆ।

ਬੱਚਿਆਂ ਨੂੰ ਸਵੇਰੇ ਸਾਰ ਹੀ ਪਿੰਡ ਦੀ ਸਵੇਰ ਦੀ ਸੈਰ ਕਰਵਾਈ ਗਈ ਤੇ ਗੁਰਦੁਆਰਾ ਸਾਹਿਬ ਦੇ ਦਰਸ਼ਨ ਵੀ ਕਰਵਾਏ ਗਏ।ਵਾਪਸੀ 'ਤੇ 'ਪੰਜਾਬ ਤੇ ਉੱਤਰ ਪ੍ਰਦੇਸ਼ ਵਿਚਕਾਰ ਏਕੀਕਰਨ' ਵਿਸ਼ੇ 'ਤੇ ਖ਼ਾਸ ਪ੍ਰਾਰਥਨਾ ਸਭਾ ਕਰਾਈ ਗਈ, ਜਿਸ ਵਿੱਚ ਆਏ ਹੋਏ ਵਿਦਿਆਰਥੀਆਂ ਵੱਲੋਂ ਹਨੂਮਾਨ ਚਾਲੀਸਾ ਤੇ ਕੋਰਿਓਗ੍ਰਾਫੀ ਪੇਸ਼ ਕੀਤੀ ਗਈ ਤੇ ਰਾਸ਼ਟਰਪਤੀ ਪੁਰਸਕਾਰ ਪ੍ਰਾਪਤ ਵਿਦਿਆਰਥੀ ਅਨੰਤ ਵਰਮਾ ਵੱਲੋਂ ਕਵਿਤਾ ਪੇਸ਼ ਕੀਤੀ ਗਈ।ਸਕੂਲ ਦੇ ਵਿਦਿਆਰਥੀਆਂ ਨੇ ਪੰਜਾਬੀ ਗੁਰਮੁਖੀ ਅਧਾਰਿਤ ਕੋਰਿਓਗ੍ਰਾਫੀ ਦੀ ਸੁੰਦਰ ਪੇਸ਼ਕਾਰੀ ਕੀਤੀ ਤੇ ਦੋਵੇਂ ਰਾਜਾਂ ਦੇ ਸੱਭਿਆਚਾਰ ਨੂੰ ਭਾਸ਼ਣਾਂ ਰਾਹੀਂ ਸਾਂਝਾ ਕੀਤਾ ਗਿਆ।

ਇਸ ਮੌਕੇ ਨੂੰ ਹੋਰ ਪ੍ਰਭਾਵਸ਼ਾਲੀ ਬਣਾਇਆ ਯੂਨੈਸਕੋ ਦੀ ਨੈਸ਼ਨਲ ਵਾਇਸ ਪ੍ਰੈਜ਼ੀਡੈਂਟ ਸ਼੍ਰੀਮਤੀ ਸ਼ਸ਼ੀ ਬਧੁਰਿਆ ਨੇ, ਜੋ ਕਿ ਮੁੱਖ ਮਹਿਮਾਨ ਸਨ।ਉਨ੍ਹਾਂ ਵਿਦਿਆਰਥੀਆਂ ਦੀ ਇਸ ਪ੍ਰਗਤੀਸ਼ੀਲ ਪਹਿਲ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਇਸ ਤਰ੍ਹਾਂ ਦੇ ਅਧਿਐਨ ਦੌਰੇ ਬੱਚਿਆਂ ਨੂੰ ਅਸਲ ਜੀਵਨ ਦੇ ਅਨੁਭਵਾਂ ਨਾਲ ਜੋੜਦੇ ਹਨ।ਉਨ੍ਹਾਂ ਗ੍ਰੇਟ ਡਿਸਕਵਰੀਅਨਜ਼ ਵੱਲੋਂ ਸੈਂਟ ਹੁਡੀਅਨਜ਼ ਨੂੰ ਪੰਜਾਬੀ ਸੱਭਿਆਚਾਰ ਬਾਰੇ ਜਾਣਕਾਰੀ ਦੇਣ ਦੇ ਪ੍ਰਭਾਵਸ਼ਾਲੀ ਯਤਨ ਦੀ ਸ਼ਲਾਘਾ ਕੀਤੀ।ਸਕੂਲ ਦੇ ਉਪ-ਚੇਅਰਮੈਨ ਸ਼੍ਰੀਮਾਨ ਅਮਿਤ ਸਰਾਫ਼ ਨੇ ਕਿਹਾ ਕਿ ਇਸ ਤਰ੍ਹਾਂ ਦੇ ਸਿੱਖਿਅਕ ਦੌਰੇ ਵਿਦਿਆਰਥੀਆਂ ਦਾ ਦ੍ਰਿਸ਼ਟੀਕੋਣ ਵਿਸ਼ਾਲ ਕਰਦੇ ਹਨ।ਸਾਡਾ ਸਕੂਲ ਹਮੇਸ਼ਾ ਹੀ ਸੁਰੱਖਿਅਤ, ਪ੍ਰੇਰਣਾਦਾਇਕ ਤੇ ਆਧੁਨਿਕ ਸਿੱਖਿਆ-ਦੌਰੇ ਕਰਵਾਉਣ ਲਈ ਪ੍ਰਤੀਬੱਧ ਰਹੇਗਾ।ਸਾਡਾ ਮੰਤਵ ਹੈ ਕਿ ਵਿਦਿਆਰਥੀਆਂ ਨੂੰ ਸਕੂਲ, ਜ਼ਿਲ੍ਹਾ ਤੇ ਅੰਤਰਰਾਸ਼ਟਰੀ ਪੱਧਰ 'ਤੇ ਹਰ ਖੇਤਰ ਵਿਚ ਪਲੇਟਫਾਰਮ ਪ੍ਰਦਾਨ ਕੀਤਾ ਜਾਵੇ।ਸਾਡਾ ਸਕੂਲ ਇਸ ਖੇਤਰ ਦਾ ਪਹਿਲਾ ਸਕੂਲ ਹੈ, ਜੋ 'ਯੂਨੇਸਕੋ ਏਕੀਕ੍ਰਿਤ ਪ੍ਰੋਗਰਾਮ' ਦਾ ਹਿੱਸਾ ਬਣਿਆ ਹੈ।

## ਅੱਜ-ਨਾਮਾ

ਜਾਂਦੇ ਪੜ੍ਹਨ ਲਈ ਜਿੱਥੇ ਹਨ ਪੁੱਤ-ਧੀਆਂ,
ਲੱਗ ਪਏ ਗੈਂਗਾਂ ਦੇ ਬਣਨ ਪੜਾਅ ਮੀਆਂ।
ਅਵਾੜੇ ਜਿਵੇਂ ਦੇ ਲੱਗੇ ਹਨ ਆਉਣ ਉੱਥੇ,
ਚੜ੍ਹਦਾ ਮਾਪਿਆਂ ਨੂੰ ਲੱਗਦਾ ਤਾਅ ਮੀਆਂ।
ਪੋਚੇ ਪਾਉਂਦਾ ਪ੍ਰਸ਼ਾਸਨ ਆ ਲੱਖ ਬੇਸ਼ੱਕ,
ਸਕੇਗਾ ਹਾਲਤ ਨਾ ਕੋਈ ਲੁਕਾਅ ਮੀਆਂ।
ਗੁੰਡਾਗੀਰੀ ਦਾ ਪੱਧਰ ਆ ਜਿਸ ਤਰ੍ਹਾਂ ਦਾ,
ਡਿੱਗਾ ਜੀਵਨ ਦਾ ਪਿਆ ਈ ਭਾਅ ਮੀਆਂ।
ਬਾਤ ਪੰਜਾਬ ਨਹੀਂ ਆਂਢ-ਗਵਾਂਢ ਤੀਕਰ,
ਪੂਰੇ ਮੁਲਕ ਦਾ ਇੱਕੋ ਜਿਹਾ ਹਾਲ ਮੀਆਂ।
ਕੁਰਸੀਆਂ ਵੱਲ ਧਿਆਨ ਤਾਂ ਆਗੂਆਂ ਦਾ,
ਖਤਰਿਆਂ ਵਿੱਚ ਹੈ ਜਾਨ ਤੇ ਮਾਲ ਮੀਆਂ।

-ਤੀਸ ਮਾਰ ਖਾਂ

## ਸਕੂਲਾਂ 'ਚ ਵਿਦਿਆਰਥੀਆਂ ਦੀ ਗਿਣਤੀ ਘਟਣ ਦਾ ਕਾਰਨ ਸਰਕਾਰ ਦੀਆਂ ਨੀਤੀਆਂ : ਡੀ ਟੀ ਐੱਫ

**ਦਾਖਲਾ ਘਟਣ ਲਈ ਅਧਿਆਪਕਾਂ ਨੂੰ ਦੋਸ਼ੀ ਠਹਿਰਾਉਣਾ ਗਲਤ**



**ਮੋਗਾ (ਇਕਬਾਲ ਸਿੰਘ ਖਹਿਰਾ)**

ਸਿੱਖਿਆ ਵਿਭਾਗ ਵੱਲੋਂ ਬੀਤੇ ਦਿਨ ਕੱਢੇ ਇੱਕ ਪੱਤਰ ਵਿੱਚ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਦੀ ਘੱਟ ਰਹੀ ਗਿਣਤੀ ਦਾ ਦੋਸ਼ੀ ਅਧਿਆਪਕਾਂ ਨੂੰ ਠਹਿਰਾਇਆ ਗਿਆ ਹੈ। ਅਧਿਆਪਕਾਂ ਦੀ ਨੁਮਾਇੰਦਾ ਜਥੇਬੰਦੀ ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਪੰਜਾਬ ਦੇ ਸੂਬਾ ਪ੍ਰਧਾਨ ਦਿਗਵਿਜੇ ਪਾਲ ਸ਼ਰਮਾ, ਜ਼ਿਲ੍ਹਾ ਇਕਾਈ ਮੋਗਾ ਦੇ ਪ੍ਰਧਾਨ ਸੁਖਪਾਲਜੀਤ ਸਿੰਘ ਤੇ ਜ਼ਿਲ੍ਹਾ ਸਕੱਤਰ ਜਗਵੀਰਨ ਕੌਰ ਨੇ ਇਸ ਪੱਤਰ ਦੀ ਨਿਖੇਧੀ ਕਰਦਿਆਂ ਕਿਹਾ ਕਿ ਸਰਕਾਰ ਦੀਆਂ ਸਿੱਖਿਆ ਵਿਰੋਧੀ ਨੀਤੀਆਂ ਕਾਰਨ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਦੀ ਗਿਣਤੀ ਘੱਟ ਰਹੀ, ਕਿਉਂਕਿ ਸਕੂਲਾਂ ਵਿੱਚ ਅਧਿਆਪਕਾਂ ਦੀਆਂ ਹਜ਼ਾਰਾਂ ਪੋਸਟਾਂ ਖਾਲੀ ਪਈਆਂ ਹਨ। ਉਨ੍ਹਾਂ ਕਿਹਾ ਕਿ ਸਕੂਲਾਂ ਵਿੱਚ ਪ੍ਰਿੰਸੀਪਲ, ਹੈੱਡਮਾਸਟਰ ਤੇ ਬੀ ਪੀ ਈ ਓ ਦੀਆਂ ਲਗਭਗ 50% ਪੋਸਟਾਂ ਖਾਲੀ ਪਈਆਂ ਹਨ।ਇਸੇ ਤਰ੍ਹਾਂ ਅਧਿਆਪਕ ਤੇ ਲੈਕਚਰਾਰਾਂ ਦੀਆਂ ਹਜ਼ਾਰਾਂ ਪੋਸਟਾਂ ਖਾਲੀ ਹਨ।ਇੱਕ ਇੱਕ ਕਲਰਕ ਨੂੰ ਕਈ ਕਈ ਸਕੂਲਾਂ ਦਾ ਕੰਮ ਕਰਨਾ ਪੈ ਰਿਹਾ ਹੈ। ਪ੍ਰਾਇਮਰੀ ਸਕੂਲਾਂ ਵਿੱਚ ਚੱਲ ਰਹੇ ਪ੍ਰੀ ਪ੍ਰਾਇਮਰੀ ਵਿੰਗ ਲਈ ਅੱਜ ਤੱਕ ਕੋਈ ਅਧਿਆਪਕ ਭਰਤੀ ਨਹੀਂ ਕੀਤਾ ਗਿਆ।ਜਥੇਬੰਦੀ ਦੇ ਸੀਨੀਅਰ ਮੀਤ ਪ੍ਰਧਾਨ ਸੁਖਵਿੰਦਰ ਸਿੰਘ ਘੋਲੀਆ, ਮੀਤ ਪ੍ਰਧਾਨ ਸਵਰਨ ਦਾਸ, ਜ਼ਿਲ੍ਹਾ ਪ੍ਰੈੱਸ ਸਕੱਤਰ ਗੁਰਮੀਤ ਸਿੰਘ ਝੋਰੜਾਂ, ਸੰਯੁਕਤ ਸਕੱਤਰ ਅਮਨਦੀਪ ਮਾਛੀਕੇ, ਵਿੱਤ ਸਕੱਤਰ ਗੁਰਸ਼ਰਨ ਸਿੰਘ ਨੇ ਕਿਹਾ ਕਿ ਅਧਿਆਪਕਾਂ ਨੂੰ ਤਰ੍ਹਾਂ ਤਰ੍ਹਾਂ ਦੇ ਗ਼ੈਰ-ਵਿੱਦਿਅਕ ਕੰਮ ਜਿਵੇਂ ਸਾਰਾ ਬੀ ਐੱਲ ਓ ਡਿਊਟੀ, ਮਰਦਮਸ਼ੁਮਾਰੀ, ਬੇਲੋੜੇ ਪ੍ਰੋਜੈਕਟ, ਚੋਣ ਡਿਊਟੀਆਂ, ਤਰ੍ਹਾਂ ਤਰ੍ਹਾਂ ਦੇ ਸਰਵੇ, ਬੇਲੋੜੀਆਂ ਡਾਕਾਂ ਵਿੱਚ ਉਲਝਾਇਆ ਹੋਇਆ ਹੈ, ਜਿਸ ਕਰਕੇ ਅਧਿਆਪਕਾਂ ਦਾ ਮੁੱਖ ਕੰਮ ਪੜ੍ਹਾਉਣਾ ਪ੍ਰਭਾਵਿਤ ਹੋ ਰਿਹਾ ਹੈ।ਆਗੂਆਂ ਨੇ ਕਿਹਾ ਕਿ ਸਕੂਲਾਂ ਵਿੱਚ ਵਿਦਿਆਰਥੀਆਂ ਦੀ ਗਿਣਤੀ ਘਟਣ ਦਾ ਇੱਕ ਕਾਰਨ ਪੰਜਾਬ ਦੀ ਅਬਾਦੀ ਘਟਣਾ ਵੀ ਹੈ।ਲਗਾਤਾਰ ਹੋ ਰਹੇ ਪਰਵਾਸ ਤੇ ਜਨਮ ਦਰ ਘਟਣ ਨਾਲ ਵੀ ਸਕੂਲਾਂ ਵਿੱਚ ਬੱਚਿਆਂ ਦੀ ਗਿਣਤੀ ਘਟ ਰਹੀ ਹੈ। ਜਥੇਬੰਦੀ ਨੇ ਚੇਤਾਵਨੀ ਲਹਿਜੇ ਵਿੱਚ ਕਿਹਾ ਕਿ ਸਿੱਖਿਆ ਵਿਭਾਗ ਵਿਦਿਆਰਥੀਆਂ ਦੀ ਗਿਣਤੀ ਘਟਣ ਦਾ ਦੋਸ਼ੀ ਅਧਿਆਪਕਾਂ ਨੂੰ ਨਾ ਠਹਿਰਾਵੇ, ਸਗੋਂ ਆਪਣੀਆਂ ਸਿੱਖਿਆ ਵਿਰੋਧੀ ਨੀਤੀਆਂ ਬੰਦ ਕਰੇ।

## ਜ਼ਿਲ੍ਹਾ ਪ੍ਰੀਸ਼ਦ ਉਮੀਦਵਾਰ ਪ੍ਰੋ. ਹਰਜੀਤ ਕੌਰ ਦੇ ਹੱਕ 'ਚ ਚੋਣ ਮੁਹਿੰਮ ਤੇਜ਼ ਕੀਤੀ

**ਦੋਰਾਹਾ (ਹਰਮਿੰਦਰ ਸੇਠ)**-ਹਲਕਾ ਸਾਹਨੇਵਾਲ 'ਚ ਸ਼੍ਰੋਮਣੀ ਅਕਾਲੀ ਦਲ ਵੱਲੋਂ ਜ਼ੋਨ ਚੱਕ ਸਰਵਣ ਨਾਥ ਤੋਂ ਜ਼ਿਲ੍ਹਾ ਪ੍ਰੀਸ਼ਦ ਲਈ ਖੜ੍ਹੀ ਕੀਤੀ ਗਈ ਉਮੀਦਵਾਰ ਪ੍ਰੋ. ਹਰਜੀਤ ਕੌਰ ਦੇ ਚੋਣ ਪ੍ਰਚਾਰ ਨੂੰ ਨਵੀਂ ਰਫ਼ਤਾਰ ਮਿਲੀ ਹੈ।ਸਾਬਕਾ ਕੈਬਨਿਟ ਮੰਤਰੀ ਸ਼ਰਨਜੀਤ ਸਿੰਘ ਢਿੱਲੋਂ ਦੇ ਪੁੱਤ ਸਿਮਰਨਜੀਤ ਸਿੰਘ ਢਿੱਲੋਂ ਨੇ ਵੱਖ-ਵੱਖ ਪਿੰਡਾਂ ਦਾ ਦੌਰਾ ਕਰਦੇ ਹੋਏ ਚੋਣ ਮੁਹਿੰਮ ਦੀ ਕਮਾਂਡ ਅਧਿਕਾਰਕ ਤੌਰ 'ਤੇ ਆਪਣੇ ਹੱਥ ਵਿੱਚ ਲੈ ਲਈ।ਉਨ੍ਹਾਂ ਆਮ ਲੋਕਾਂ ਨਾਲ ਗੱਲਬਾਤ ਦੌਰਾਨ ਅਪੀਲ ਕੀਤੀ ਕਿ 14 ਦਸੰਬਰ ਨੂੰ ਤੱਕੜੀ ਨਿਸ਼ਾਨ 'ਤੇ ਵੋਟ ਪਾ ਕੇ ਅਕਾਲੀ ਦਲ ਦੇ ਉਮੀਦਵਾਰਾਂ ਨੂੰ ਭਾਰੀ ਵੋਟਾਂ ਨਾਲ ਕਾਮਯਾਬ ਬਣਾਇਆ ਜਾਵੇ।ਪ੍ਰਚਾਰ ਦੌਰਾਨ ਕਈ ਪਾਰਟੀ ਅਹੁਦੇਦਾਰ ਤੇ ਆਗੂ ਵੀ ਮੌਜੂਦ ਸਨ, ਜਿਨ੍ਹਾਂ ਵਿੱਚ ਗੁਰਦੀਪ ਸਿੰਘ ਭੋਲਾ ਪ੍ਰਧਾਨ, ਹਰਿੰਦਰ ਸਿੰਘ ਰਾਜੂ (ਛੰਦੜਾਂ ਸਰਕਲ ਪ੍ਰਧਾਨ), ਬਲਜੀਤ ਸਿੰਘ ਹਰਾ, ਅਸ਼ੋਕ ਕੁਮਾਰ ਪ੍ਰਧਾਨ, ਮਾਸਟਰ ਬਲਵਿੰਦਰ ਸਿੰਘ, ਯੂਥ ਲੀਡਰ ਪਦਮ ਸਿੰਘ ਹਰਾ, ਰਾਜਨ ਭਾਟੀਆ, ਹਰਜੀਤ ਸਿੰਘ ਕਨੇਚ, ਗੁਰਦੀਪ ਸਿੰਘ ਕਨੇਚ ਪ੍ਰਧਾਨ, ਨਿੰਮਾ ਬੋਸ, ਨਿਰਮਲ ਸਿੰਘ ਨਿੰਮਾ, ਨਰਿੰਦਰ ਸਿੰਘ ਨਿੰਦੀ, ਹਰਦੀਪ ਸਿੰਘ 'ਚ ਤੋਤਾ, ਜਗਜੀਤ ਸਿੰਘ ਸੰਧੂ ਸਮੇਤ ਹੋਰ ਸਹਿਯੋਗੀ ਸ਼ਾਮਲ ਸਨ।



## ਪ੍ਰੈੱਸ ਕਲੱਬ ਨੇ ਡੀ ਐੱਸ ਪੀ ਬਰਾੜ ਨੂੰ ਦੱਸੀਆਂ ਟ੍ਰੈਫਿਕ ਸਮੱਸਿਆਵਾਂ

**ਫੁੱਲਾਂ ਦਾ ਗੁਲਦਸਤਾ ਭੇਟ ਕਰ ਕੀਤਾ ਸਵਾਗਤ**



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)**-ਸ਼ਹਿਰ ਵਿੱਚ ਵਧ ਰਹੀ ਟ੍ਰੈਫਿਕ ਸਮੱਸਿਆ ਨੂੰ ਲੈ ਕੇ ਪ੍ਰੈੱਸ ਕਲੱਬ ਵੱਲੋਂ ਦੀਪਕ ਪਾਲ ਸ਼ਰਮਾ ਦੀ ਅਗਵਾਈ ਵਿੱਚ ਨਵੇਂ ਆਏ ਡੀ ਐੱਸ ਪੀ ਹੈੱਡਕੁਆਰਟਰ ਤਜਿੰਦਰ ਸਿੰਘ ਬਰਾੜ ਨਾਲ ਮੁਲਾਕਾਤ ਕੀਤੀ ਗਈ।ਸਭ ਤੋਂ ਪਹਿਲਾਂ ਪ੍ਰੈੱਸ ਕਲੱਬ ਵੱਲੋਂ ਉਨ੍ਹਾਂ ਦਾ ਸਵਾਗਤ ਕਰਦੇ ਹੋਏ ਉਨ੍ਹਾਂ ਨੂੰ ਫੁੱਲਾਂ ਦਾ ਗੁਲਦਸਤਾ ਭੇਟ ਕੀਤਾ ਗਿਆ।ਪ੍ਰੈੱਸ ਕਲੱਬ ਦੇ ਮੈਂਬਰਾਂ ਨੇ ਉਨ੍ਹਾਂ ਨੂੰ ਦੱਸਿਆ ਕਿ ਸ਼ੇਰ ਸਿੰਘ ਚੌਂਕ, ਮੋੜ ਰੋਡ ਰੇਲਵੇ ਫਾਟਕ, ਬੂੜਾ ਗੁੱਜਰ ਰੋਡ ਰੇਲਵੇ ਫਾਟਕ, ਤੁਲਸੀ ਰਾਮ ਸਟਰੀਟ, ਮਸੀਤ ਚੌਂਕ, ਡੇਰਾ ਭਾਈ ਮਸਤਾਨ ਸਕੂਲ ਦੇ ਕੋਲ ਤੇ ਪਾਰਕ ਰੋਡ ਰੇਹੜੀ ਮਾਰਕੀਟ ਦੇ ਕੋਲ ਅਕਸਰ ਟ੍ਰੈਫਿਕ ਸਮੱਸਿਆ ਬਣੀ ਰਹਿੰਦੀ ਹੈ।ਇਸ ਤੋਂ ਇਲਾਵਾ ਸ਼ਹਿਰ ਵਿੱਚ ਪਹਿਲਾਂ ਦੀ ਤਰ੍ਹਾਂ ਸਵੇਰੇ 8 ਵਜੇ ਤੋਂ ਸ਼ਾਮ 8 ਵਜੇ ਤੱਕ ਭਾਰੀ ਵਾਹਨਾਂ 'ਤੇ ਪਾਬੰਦੀ ਹੋਣੀ ਚਾਹੀਦੀ ਹੈ।ਡੀ ਐੱਸ ਪੀ ਤਜਿੰਦਰ ਸਿੰਘ ਨੇ ਵਿਸ਼ਵਾਸ ਦਿਵਾਇਆ ਕਿ ਐਤਵਾਰ ਤੱਕ ਚੋਣਾਂ ਕਾਰਨ ਪੁਲਸ ਕਰਮਚਾਰੀਆਂ ਦੀਆਂ ਡਿਊਟੀਆਂ ਲੱਗੀਆਂ ਹੋਈਆਂ ਹਨ।ਉਸ ਤੋਂ ਬਾਅਦ ਟ੍ਰੈਫਿਕ ਸਮੱਸਿਆ ਤੇ ਸ਼ਹਿਰ ਵਿੱਚ ਭਾਰੀ ਵਾਹਨਾਂ ਦੀ ਐਂਟਰੀ ਦਾ ਸਮਾਂ ਨਿਰਧਾਰਤ ਕੀਤਾ ਜਾਵੇਗਾ।ਇਸ ਮੌਕੇ ਸਰਵਸ਼੍ਰੀ ਰਾਜ ਖੁਰਾਣਾ, ਮਨੂ ਸ਼ਰਮਾ, ਨਰਿੰਦਰ ਸਲੂਜਾ, ਸ਼ਮਿੰਦਰ ਪਾਲ, ਹਰਸਿਮਰਨ ਕਪੂਰ, ਜਸਪ੍ਰੀਤ ਮਹਿਰਾ, ਜਗਦੀਸ਼ ਜੋਸ਼ੀ ਵੀ ਹਾਜ਼ਰ ਸਨ।

## ਸਾਬਕਾ ਵਿਧਾਇਕ ਆਵਲਾ ਵੱਲੋਂ ਪਿੰਡਾਂ 'ਚ ਚੋਣ ਪ੍ਰਚਾਰ



**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**-ਪੰਜਾਬ ਵਿੱਚ ਹੋ ਰਹੀਆਂ ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮਤੀ ਚੋਣਾਂ ਦੇ ਸੰਬੰਧ 'ਚ ਜਲਾਲਾਬਾਦ ਦੇ ਸਾਬਕਾ ਵਿਧਾਇਕ ਰਮਿੰਦਰ ਸਿੰਘ ਆਵਲਾ ਵੱਲੋਂ ਹਲਕਾ ਗੁਰੂ ਹਰਸਹਾਏ ਦੇ ਕਈ ਪਿੰਡਾਂ ਵਿੱਚ ਕਾਂਗਰਸ ਪਾਰਟੀ ਦੇ ਉਮੀਦਵਾਰਾਂ ਦੇ ਹੱਕ 'ਚ ਚੋਣ ਪ੍ਰਚਾਰ ਕੀਤਾ ਗਿਆ।ਇਸ ਦੌਰਾਨ ਰਮਿੰਦਰ ਸਿੰਘ ਆਵਲਾ ਨੇ ਕਿਹਾ ਕਿ ਝੂਠ ਦਾ ਸਹਾਰਾ ਲੈ ਕੇ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣੀ ਸੀ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਲੋਕਾਂ ਨੂੰ ਹੁਣ ਤੱਕ ਝੂਠੇ ਲਾਰੇ ਲਾ ਕੇ ਰੋਲਿਆ ਜਾ ਰਿਹਾ।ਉਨ੍ਹਾਂ ਕਿਹਾ ਕਿ ਹਰ ਵਰਗ ਇਸ ਸਰਕਾਰ ਤੋਂ ਦੁਖੀ ਹੈ ਤੇ ਇਸ ਸਰਕਾਰ ਤੋਂ ਲੋਕਾਂ ਦਾ ਵਿਸ਼ਵਾਸ ਉੱਠ ਚੁੱਕਿਆ ਹੈ।ਉਨ੍ਹਾ ਕਿਹਾ ਕਿ ਆਉਣ ਵਾਲੀ 14 ਤਰੀਕ ਨੂੰ ਕਾਂਗਰਸ ਦੇ ਚੋਣ ਨਿਸ਼ਾਨ ਪੰਜੇ 'ਤੇ ਮੋਹਰਾਂ ਲਾ ਕੇ ਕਾਂਗਰਸ ਦੇ ਸਾਰੇ ਉਮੀਦਵਾਰਾਂ ਨੂੰ ਜਿਤਾਓ ਤੇ ਕਾਂਗਰਸ ਪਾਰਟੀ ਨੂੰ ਜੜ੍ਹ ਤੋਂ ਮਜ਼ਬੂਤ ਕਰੋ।ਇਸ ਦੌਰਾਨ ਘਾਂਗਾ ਖੁਰਦ, ਘਾਂਗਾ ਕਲਾ, ਹੱਡੀ ਵਾਲਾ, ਮੇਘਾ ਰਾਏ ਉਤਾੜ, ਛਾਂਗਾ ਰਾਏ ਉਤਾੜ, ਚਾਂਦੀ ਵਾਲਾ, ਬੂਲਾ ਰਾਏ ਉਤਾੜ, ਰਾਣਾ ਈਸਾ ਪੰਜਗਰਾਈਂ, ਮੰਡੀ ਪੰਜੇ ਕੇ, ਮੋਹਨ ਕੇ ਹਿਠਾੜ, ਬੰਦੀ ਵਾਲਾ, ਬਸਤੀ ਸਰੂਪ ਸਿੰਘ, ਨਿਧਾਨਾ, ਬਸਤੀ ਬੋਹੜੀਆ, ਮਾੜੇ ਕਲਾਂ, ਬਸਤੀ ਕੇਸਰ ਸਿੰਘ ਵਾਲੀ, ਢੁੱਘਾ, ਬਾਘੂ ਵਾਲਾ, ਬਸਤੀ ਝੰਡੂ ਵਾਲਾ, ਜੰਡ ਵਾਲਾ, ਸੋਹਨਗੜ੍ਹ (ਰੱਤੇਵਾਲਾ), ਮੋਠਾਂ ਵਾਲਾ, ਚੱਕ ਮਹੰਤਾ ਵਾਲਾ, ਚੱਕ ਨਿਧਾਨਾ, ਚੱਕ ਬੁਰ ਵਾਲਾ, ਬੁਰ ਵਾਲਾ ਆਦਿ ਪਿੰਡਾਂ ਵਿੱਚ ਪਹੁੰਚ ਕੇ ਚੋਣ ਪ੍ਰਚਾਰ ਕੀਤਾ ਅਤੇ ਪਿੰਡਾਂ ਵਿੱਚ ਸੁਣਨ ਲਈ ਲੋਕਾਂ ਵਿੱਚ ਭਾਰੀ ਉਤਸ਼ਾਹ ਦੇਖਿਆ ਗਿਆ।

# ਮਾਲਵਿੰਦਰ ਕੰਗ ਤੇ ਮੁੱਖ ਮੰਤਰੀ ਦੇ ਓ ਐੱਸ ਡੀ ਵੱਲੋਂ ਚੋਣ ਰੈਲੀਆਂ



**ਧੂਰੀ (ਮੋਹਿਤ ਗਰਗ, ਮਨੋਹਰ ਸਿੰਘ ਸੱਗੂ, ਬਿੰਨੀ ਗਰਗ)**

ਸ੍ਰੀ ਅਨੰਦਪੁਰ ਸਾਹਿਬ ਤੋਂ ਲੋਕ ਸਭਾ ਮੈਂਬਰ ਮਾਲਵਿੰਦਰ ਸਿੰਘ ਕੰਗ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓ.ਐਸ.ਡੀ. ਸੁਖਵੀਰ ਸਿੰਘ ਨੇ ਹਲਕੇ ਦੇ ਪਿੰਡ ਧੂਰਾ, ਢਢੋਗਲ, ਈਸੜਾ ਤੇ ਭਸੌੜ ਵਿੱਚ ਚੋਣ ਰੈਲੀਆਂ ਕਰਕੇ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਦੇ ਹੱਕ ਵਿੱਚ ਫ਼ਤਵਾ ਦੇਣ ਦੀ ਹਲਕਾ ਵਾਸੀਆਂ ਨੂੰ ਅਪੀਲ ਕੀਤੀ।ਇਸ ਮੌਕੇ ਪੰਜਾਬ ਲਘੂ ਉਦਯੋਗ ਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ, ਚੇਅਰਮੈਨ ਮਾਰਕੀਟ ਕਮੇਟੀ ਧੂਰੀ ਰਾਜਵੰਤ ਸਿੰਘ ਘੁੱਲੀ, ਸਾਬਕਾ ਚੇਅਰਮੈਨ ਤੇ ਸੂਬਾਈ ਆਗੂ ਸਤਿੰਦਰ ਸਿੰਘ ਚੱਠਾ, ਪੰਜਾਬ ਵਕਫ਼ ਬੋਰਡ ਦੇ ਮੈਂਬਰ ਡਾ. ਅਨਵਰ ਭਸੌੜ ਸਮੇਤ ਵੱਡੀ ਗਿਣਤੀ ਆਪ ਵਲੰਟੀਅਰਜ਼ ਮੌਜੂਦ ਸਨ।

ਚੋਣ ਰੈਲੀਆਂ 'ਚ ਸੰਬੋਧਨ ਕਰਦਿਆਂ ਆਮ ਆਦਮੀ ਪਾਰਟੀ ਦੇ ਬੁਲਾਰੇ ਤੇ ਲੋਕ ਸਭਾ ਮੈਂਬਰ ਮਾਲਵਿੰਦਰ ਸਿੰਘ ਕੰਗ ਨੇ ਕਿਹਾ ਕਿ ਜ਼ਿਲ੍ਹਾ ਪ੍ਰੀਸ਼ਦ ਤੇ ਪੰਚਾਇਤ ਸੰਮਤੀ ਦੀਆਂ ਚੋਣਾਂ ਪਿੰਡਾਂ ਦੇ ਵਿਕਾਸ ਲਈ ਸਭ ਤੋਂ ਅਹਿਮ ਹੁੰਦੀਆਂ ਹਨ, ਕਿਉਂਕਿ ਸਰਕਾਰ ਦੀਆਂ ਸਕੀਮਾਂ ਨੂੰ ਪਿੰਡ ਪੱਧਰ ਉੱਤੇ ਲਾਗੂ ਕਰਨ ਤੇ ਵਿਕਾਸ ਲਈ ਫ਼ੰਡਾਂ ਨੂੰ ਲਿਆਉਣ ਲਈ ਤਜਵੀਜ਼ਾਂ ਬਣਾਉਣ ਲਈ ਪੰਚਾਇਤ ਸੰਮਤੀਆਂ ਤੇ ਜ਼ਿਲ੍ਹਾ ਪ੍ਰੀਸ਼ਦ ਮੁੱਖ ਭੂਮਿਕਾ ਨਿਭਾਉਂਦੀਆਂ ਹਨ।ਉਨ੍ਹਾਂ ਕਿਹਾ ਕਿ ਲੋਕਤੰਤਰ ਵਿੱਚ ਇਨ੍ਹਾਂ ਚੋਣਾਂ ਦੀ ਅਹਿਮੀਅਤ ਸਭ ਤੋਂ ਜ਼ਿਆਦਾ ਹੈ, ਕਿਉਂਕਿ ਇੱਥੋਂ ਚੁਣੇ ਗਏ ਨੁਮਾਇੰਦੇ ਪਿੰਡਾਂ ਦੇ ਲੋਕਾਂ ਦੀ ਆਵਾਜ਼ ਨੂੰ ਸਰਕਾਰਾਂ ਤੱਕ ਪੁਚਾਉਣ ਵਿੱਚ ਮੋਹਰੀ ਭੂਮਿਕਾ ਨਿਭਾਉਂਦੇ ਹਨ।ਕੰਗ ਨੇ ਕਿਹਾ ਕਿ ਲੋਕ ਚਾਰ ਸਾਲ ਦੌਰਾਨ ਹੋਏ ਵਿਕਾਸ ਨੂੰ ਦੇਖਦੇ ਹੋਏ ਇਨ੍ਹਾਂ ਚੋਣਾਂ ਵਿੱਚ ਆਪਣੇ ਵੋਟ ਦੇ ਹੱਕ ਦੀ ਵਰਤੋਂ ਕਰਨ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਰੀਬ ਪਿਛਲੇ ਚਾਰ ਸਾਲ ਵਿੱਚ ਪਿੰਡ ਦੇ ਵਿਕਾਸ ਵੱਲ ਵਿਸ਼ੇਸ਼ ਤਵੱਜੋਂ ਦਿੱਤੀ ਹੈ, ਜਿਸ ਸਦਕਾ ਪਿੰਡਾਂ ਵਿੱਚ ਹੁਣ ਸ਼ਹਿਰਾਂ ਵਾਲੀਆਂ ਸਾਰੀਆਂ ਸਹੂਲਤਾਂ ਮਿਲਣ ਲੱਗੀਆਂ ਹਨ। ਉਨ੍ਹਾਂ ਅਪੀਲ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਨੂੰ ਇਨ੍ਹਾਂ ਚੋਣਾਂ ਵਿੱਚ ਜਿੱਤਾਂ ਕੇ ਲੋਕ ਵਿਕਾਸ ਦੀ ਰਫ਼ਤਾਰ ਨੂੰ ਹੋਰ ਤੇਜ਼ ਕਰਨ ਵਿੱਚ ਆਪਣਾ ਯੋਗਦਾਨ ਪਾਉਣ।ਮੁੱਖ ਮੰਤਰੀ ਦੇ ਓ.ਐਸ.ਡੀ. ਸੁਖਵੀਰ ਸਿੰਘ ਨੇ ਕਿਹਾ ਕਿ ਧੂਰੀ ਹਲਕੇ ਵਿੱਚ ਜੋ ਪਿਛਲੇ ਚਾਰ ਸਾਲ ਦੌਰਾਨ ਵਿਕਾਸ ਹੋਇਆ ਹੈ, ਉਹ ਪਿਛਲੇ 70 ਸਾਲ ਦੌਰਾਨ ਨਹੀਂ ਹੋਇਆ ਸੀ।ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਲਾਇਬ੍ਰੇਰੀਆਂ, ਜਿੰਮ, ਆਮ ਆਦਮੀ ਕਲੀਨਿਕ, ਸਕੂਲ ਆਫ਼ ਐਮੀਨੈਂਸ ਵਰਗੀਆਂ ਪਹਿਲਕਦਮੀਆਂ ਨੇ ਪਿੰਡਾਂ ਵਿੱਚ ਸ਼ਹਿਰਾਂ ਵਰਗੀਆਂ ਸਹੂਲਤਾਂ ਪ੍ਰਦਾਨ ਕਰ ਦਿੱਤੀਆਂ ਹਨ।

## ਚੇਅਰਮੈਨ ਜੱਸੀ ਵੱਲੋਂ 'ਆਪ' ਉਮੀਦਵਾਰਾਂ ਦੇ ਹੱਕ 'ਚ ਡੋਰ ਟੂ ਡੋਰ ਚੋਣ ਪ੍ਰਚਾਰ



**ਨਾਭਾ (ਵਰਿੰਦਰ ਵਰਮਾ)**-ਬਲਾਕ ਸੰਮਤੀ ਜ਼ੋਨ ਰਣਜੀਤਗੜ੍ਹ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਕੇਵਲ ਸਿੰਘ ਰਣਜੀਤਗੜ੍ਹ ਸਪੁੱਤਰ ਜਥੇਦਾਰ ਲਾਲ ਸਿੰਘ ਰਣਜੀਤਗੜ੍ਹ ਸਾਬਕਾ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਦੇ ਹੱਕ ਵਿੱਚ ਇੰਪਰੂਵਮੈਂਟ ਟਰੱਸਟ ਨਾਭਾ ਦੇ ਚੇਅਰਮੈਨ ਜੱਸੀ ਸੋਹੀਆਂ ਵਾਲਾ ਨੇ ਚੋਣ ਬਲਾਕ ਸੰਮਤੀ ਜ਼ੋਨ ਵਿੱਚ ਪੈਂਦੇ ਪਿੰਡ ਜੱਸੋਮਾਜਰਾ, ਹੱਲਾ, ਬੁੱਗਾ ਖੁਰਦ, ਰਣਜੀਤਗੜ੍ਹ ਤੇ ਪਾਲੀਆਂ ਖੁਰਦ ਵਿਖੇ ਡੋਰ ਟੂ ਡੋਰ ਚੋਣ ਪ੍ਰਚਾਰ ਕੀਤਾ।ਇਸ ਮੌਕੇ ਗੱਲਬਾਤ ਕਰਦਿਆਂ ਚੇਅਰਮੈਨ ਜੱਸੀ ਸੋਹੀਆਂ ਵਾਲਾ ਨੇ ਕਿਹਾ ਕਿ ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮਤੀ ਚੋਣਾਂ ਵਿੱਚ ਆਮ ਆਦਮੀ ਪਾਰਟੀ ਦੀ ਹੂੰਝਾਫੇਰ ਜਿੱਤ ਹੋਵੇਗੀ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਰਕਾਰ ਵੱਲੋਂ ਕੀਤੇ ਗਏ ਕੰਮਾਂ ਤੋਂ ਸੂਬੇ ਦੇ ਲੋਕ ਬੇਹੱਦ ਖੁਸ਼ ਹਨ ਤੇ ਇਨ੍ਹਾਂ ਚੋਣਾਂ ਵਿੱਚ ਸਰਕਾਰ ਵੱਲੋਂ ਕੀਤੇ ਗਏ ਕੰਮਾਂ 'ਤੇ ਮੋਹਰ ਲਾ ਕੇ ਆਮ ਆਦਮੀ ਪਾਰਟੀ ਦੇ ਹੱਕ ਵਿੱਚ ਫਤਵਾ ਦੇਣਗੇ।ਇਸ ਮੌਕੇ ਉਨ੍ਹਾਂ ਨਾਲ ਜਥੇਦਾਰ ਲਾਲ ਸਿੰਘ ਰਣਜੀਤਗੜ੍ਹ, ਸਤਵੰਤ ਸਿੰਘ ਸੋਹੀ ਸਰਪੰਚ ਰਣਜੀਤਗੜ੍ਹ, ਨਿਰਭੈ ਸਿੰਘ ਟੋਨਾ ਸਰਪੰਚ ਮੂੰਗੋ, ਰਾਜਿੰਦਰ ਸਿੰਘ ਕਾਲਾ ਸਰਪੰਚ ਪਾਲੀਆਂ ਖੁਰਦ, ਮਨਜੀਤ ਸਿੰਘ ਸਰਪੰਚ ਫਤਹਿਪੁਰ, ਜਗਤਾਰ ਸਿੰਘ ਸਰਪੰਚ ਪਾਲੀਆਂ ਕਲਾਂ, ਜਗਰੂਪ ਸਿੰਘ ਸਰਪੰਚ ਬੁੱਗਾ ਖੁਰਦ, ਅਮਰੀਕ ਸਿੰਘ ਸਰਪੰਚ ਹੱਲਾ, ਯੂਥ ਆਗੂ ਲਾਲੀ ਫਤਿਹਪੁਰ, ਦਵਿੰਦਰ ਸਿੰਘ ਸਰਪੰਚ ਕੁਲਾਰਾਂ, ਹੈਪੀ ਬੁੱਗਾ, ਮਨਜੀਤ ਸਿੰਘ ਬੁੱਗਾ, ਰਾਜ ਰਾਣੀ ਜੱਸੋਮਜਾਰਾ, ਨੀਟੂ ਸ਼ਰਮਾ ਜੱਸੋਮਾਜਰਾ, ਸਾਬਕਾ ਸਰਪੰਚ ਨਿਰਮਲ ਸਿੰਘ ਭੋਲਾ, ਸਾਬਕਾ ਸਰਪੰਚ ਤੇਜਿੰਦਰ ਸਿੰਘ ਜੱਸੋਮਾਜਰਾ, ਜਸਕਰਨਵੀਰ ਸਿੰਘ ਤੇਜੇ ਆਦਿ ਮੌਜੂਦ ਸਨ।

## ਸਫਾ 1 ਦੇ ਬਾਕੀ...

### ਕਮਿਊਨਿਸਟ ਉਮੀਦਵਾਰਾਂ ਦੀ...



ਬਿਹਾਰੀਪੁਰ, ਭਗਵੰਤ ਸਿੰਘ ਤੇ ਕੁਲਵਿੰਦਰ ਕੌਰ ਵੇਈਂਪੂੰਈਂ ਹਾਜ਼ਰ ਸਨ। ਮਾੜੀਮੇਘਾ ਨੇ ਕਿਹਾ ਕਿ ਦੋਹਾਂ ਸੀਟਾਂ 'ਤੇ ਵਿਰੋਧੀ ਪਾਰਟੀਆਂ ਦੇ ਉਮੀਦਵਾਰਾਂ ਤੋਂ ਸੀ ਪੀ ਆਈ ਦੇ ਉਮੀਦਵਾਰ ਕਾਫ਼ੀ ਅੱਗੇ ਹਨ। ਸੀ ਪੀ ਆਈ ਦੇ ਉਮੀਦਵਾਰ ਇਮਾਨਦਾਰ ਤੇ ਇਨਸਾਫਪਸੰਦ ਹਨ, ਜਿਸ ਕਰਕੇ ਵੱਡੀ ਪੱਧਰ 'ਤੇ ਵੋਟਰਾਂ ਦਾ ਰੁਝਾਨ ਕਮਿਊਨਿਸਟ ਉਮੀਦਵਾਰਾਂ ਵੱਲ ਹੈ। ਰਾਜਵਿੰਦਰ ਕੌਰ ਦਾ ਚੋਣ ਨਿਸ਼ਾਨ ਬੈਂਚ ਅਤੇ ਗੁਰਮੀਤ ਕੌਰ ਦਾ ਚੋਣ ਨਿਸ਼ਾਨ ਏ ਸੀ ਹੈ। ਦੋਵੇਂ ਸੀਟਾਂ ਦੇ ਵੋਟਰਾਂ ਨੂੰ ਅਪੀਲ ਹੈ ਕਿ 14 ਦਸੰਬਰ ਨੂੰ ਬੈਂਚ ਅਤੇ ਏ ਸੀ 'ਤੇ ਮੋਹਰਾਂ ਲਾ ਕੇ ਕਾਮਯਾਬ ਬਣਾਓ।

### ਪੰਜਾਬ ਦੀ ਸ਼ੈਲਰ ...

ਨੇ ਫੋਰਟੀਫਾਈਡ ਚੌਲ ਲੈਣਾ ਹੁੰਦਾ ਹੈ। ਇਸ ਪ੍ਰੋਸੈਸ ਵਿੱਚ 100 ਕਿਲੋਗ੍ਰਾਮ ਚੌਲਾਂ ਵਿੱਚ ਇਕ ਕਿਲੋਗ੍ਰਾਮ ਐੱਫ ਆਰ ਕੇ ਚੌਲ ਪਾਉਣਾ ਹੁੰਦਾ ਹੈ। ਸ਼ੈਲਰਾਂ ਵਾਲਿਆਂ ਨੂੰ ਫੋਰਟੀਫਾਈਡ ਚੌਲ ਕਰਨਲ (ਐੱਫ ਆਰ ਕੇ) ਉਪਲੱਬਧ ਨਹੀਂ ਹੋ ਰਿਹਾ। ਇਹ ਵੀ ਸਮਝਿਆ ਜਾ ਰਿਹਾ ਹੈ ਕਿ ਐੱਫ ਆਰ ਕੇ ਦੇ ਟੈਂਡਰ ਪਾਉਣ ਵਾਲਿਆਂ ਵੱਲੋਂ ਸ਼ੈਲਰ ਮਾਲਕਾਂ ਨੂੰ ਬਲੈਕਮੇਲ ਕੀਤਾ ਜਾ ਰਿਹਾ ਹੈ ਜਦਕਿ ਟੈਂਡਰਾਂ ਵਾਲਿਆਂ ਦਾ ਕਹਿਣਾ ਹੈ ਕਿ ਉਹਨਾਂ ਦੇ ਸੈਂਪਲ ਪਾਸ ਨਹੀਂ ਹੋਏ। ਸਰਕਾਰ ਨੇ 5 ਫੀਸਦੀ ਤੋਂ 10 ਫੀਸਦੀ ਚਿੱਟੇ ਚੌਲਾਂ ਵਾਲੇ ਚੌਲਾਂ ਦੀ ਮੰਗ ਕੀਤੀ ਹੈ। ਚੌਲਾਂ ਵਿੱਚ ਚਿੱਟੇ ਚੌਲਾਂ ਨੂੰ ਵਾਈਟ ਬੈਲੀ ਵੀ ਕਿਹਾ ਜਾਂਦਾ ਹੈ। ਇਹ ਮਿਕਦਾਰ ਕੁਦਰਤੀ ਹੁੰਦੀ ਹੈ। ਐੱਫ ਸੀ ਆਈ ਦੇ ਸੀ ਐੱਮ ਡੀ ਵੱਲੋਂ ਇਹ ਕਹਿ ਕੇ ਚੌਲ ਰੱਦ ਕਰ ਦਿੱਤੇ ਗਏ ਹਨ ਕਿ ਇਹਨਾਂ ਵਿੱਚ ਚਿੱਟੇ ਚੌਲਾਂ ਦੀ ਮਿਕਦਾਰ ਵੱਧ ਹੈ। ਭਾਰਤੀ ਕਿਸਾਨ ਯੂਨੀਅਨ (ਲੱਖੋਵਾਲ) ਦੀ ਕਾਰਜਕਰਨੀ ਦੇ ਮੈਂਬਰ ਬਲਦੇਵ ਸਿੰਘ ਜੋਸਨ ਦਾ ਕਹਿਣਾ ਹੈ ਕਿ ਐੱਫ ਸੀ ਆਈ ਦੇ ਕੁਆਲਿਟੀ ਕੰਟਰੋਲ ਮੈਨੇਜਰਾਂ ਕੋਲ ਇਸ ਦੀ ਕੋਈ ਵੀ ਸਪੱਸ਼ਟ ਪਰਿਭਾਸ਼ਾ ਨਹੀਂ ਹੈ। ਕੁੱਲ ਹਿੰਦ ਕਿਸਾਨ ਸਭਾ ਦੇ ਆਗੂ ਕਸ਼ਮੀਰ ਸਿੰਘ ਮੱਖੂ ਨੇ ਕਿਹਾ ਕਿ ਚੌਲ ਖਰੀਦਣ ਦੇ ਮਾਮਲੇ ਵਿੱਚ ਐੱਫ ਸੀ ਆਈ ਦੇ ਅਧਿਕਾਰੀ ਮਨਮਾਨੀ ਕਰ ਰਹੇ ਹਨ।

ਕੁਝ ਸੈਲਰ ਮਾਲਕਾਂ ਨਾਲ ਹੋ ਰਹੇ ਨੁਕਸਾਨ ਬਾਰੇ ਗੱਲ ਕੀਤੀ ਤਾਂ ਉਨ੍ਹਾਂ ਦਾ ਕਹਿਣਾ ਸੀ ਕਿ ਐੱਫ ਸੀ ਆਈ ਦੇ ਡੀਪੂਆਂ ਵਿੱਚ ਚੌਲ ਲੱਗਣ ਦੀ ਦੇਰੀ ਨਾਲ ਮਜ਼ਦੂਰ ਵਿਹਲੇ ਬੈਠੇ ਹਨ। ਬਹੁਤੇ ਪ੍ਰਵਾਸੀ ਮਜ਼ਦੂਰਾਂ ਦੀ ਵਾਪਸੀ ਹੋ ਰਹੀ ਹੈ। ਬਿਜਲੀ ਬਿੱਲਾਂ ਆਦਿ ਦੀ ਅਦਾਇਗੀ ਵਿਹਲੇ ਬੈਠੇ ਹੀ ਕਰਨੀ ਪੈ ਰਹੀ ਹੈ।

ਮੱਖੂ ਦੇ ਸ਼ੈਲਰ ਮਾਲਕ ਅਕਸ਼ੇ ਕੁਮਾਰ ਦਾ ਕਹਿਣਾ ਹੈ ਕਿ ਨਵੰਬਰ ਮਹੀਨੇ ਵਿੱਚ ਝੋਨੇ ਦੀ ਵਾਢੀ ਹੋ ਚੁੱਕੀ ਹੈ। ਅਜੇ ਤੱਕ ਚੌਲਾਂ ਸੰਬੰਧੀ ਕੋਈ ਸਪੱਸ਼ਟ ਨੀਤੀ ਸਾਹਮਣੇ ਨਹੀਂ ਆ ਸਕੀ। ਕੁੱਲ ਹਿੰਦ ਕਿਸਾਨ ਸਭਾ ਦੇ ਆਗੂ ਕਾਮਰੇਡ ਸੂਰਤ ਸਿੰਘ ਧਰਮਕੋਟ ਦਾ ਕਹਿਣਾ ਹੈ ਕਿ ਪੰਜਾਬ ਦਾ ਝੋਨਾ ਕੇਂਦਰੀ ਪੂਲ ਵਿੱਚ ਜਾਂਦਾ ਹੈ, ਪਰ ਪੰਜਾਬ ਅਤੇ ਕੇਂਦਰ ਸਰਕਾਰ ਦਾ ਆਪਸੀ ਤਾਲਮੇਲ ਠੀਕ ਤਰ੍ਹਾਂ ਨਹੀਂ ਹੈ। ਉਨ੍ਹਾਂ ਪੰਜਾਬ ਦੇ ਮੁੱਖ ਮੰਤਰੀ ਅਤੇ ਸਿਵਲ ਸਪਲਾਈ ਮੰਤਰੀ ਕੋਲੋਂ ਮੰਗ ਕੀਤੀ ਹੈ ਕਿ ਉਹ ਸ਼ੈਲਰ ਸਨਅਤ ਨੂੰ ਸੰਕਟ ਵਿੱਚੋਂ ਬਾਹਰ ਕੱਢਣ ਲਈ ਕੇਂਦਰੀ ਸਰਕਾਰ ਕੋਲ ਤੁਰੰਤ ਕਾਰਵਾਈ ਦੀ ਮੰਗ ਕਰਨ ਅਤੇ ਸੰਤੁਲਤ ਤਾਲਮੇਲ ਪੈਦਾ ਕਰਨ।

## ਕਾਂਗੜ ਵੱਲੋਂ ਸਰਬਾ ਜਲਾਲ ਤੇ ਸਵਰਨਜੀਤ ਕੌਰ ਦੇ ਹੱਕ 'ਚ ਚੋਣ ਪ੍ਰਚਾਰ

**ਬਠਿੰਡਾ (ਰਾਜੀਵ ਗੋਇਲ)**-ਜਿਉਂ-ਜਿਉਂ ਬਲਾਕ ਸੰਮਤੀ ਤੇ ਜ਼ਿਲ੍ਹਾ ਪ੍ਰੀਸ਼ਦ ਚੋਣਾਂ ਦੀ ਤਾਰੀਖ ਨੇੜੇ ਆ ਰਹੀ ਹੈ,ਤਿਉਂ-ਤਿਉਂ ਉਮੀਦਵਾਰਾਂ ਦੀਆਂ ਧੜਕਨਾਂ ਵਧਣ ਦੇ ਨਾਲ-ਨਾਲ ਸਿਆਸੀ ਨੇਤਾਵਾਂ ਦਾ ਜੋਸ਼ ਵੀ ਵਧਦਾ ਜਾ ਰਿਹਾ ਹੈ ਤੇ ਪਾਰਟੀ ਵੱਲੋਂ ਐਲਾਨੇ ਗਏ ਉਮੀਦਵਾਰਾਂ ਨੂੰ ਜਿਤਾਉਣ ਲਈ ਅੱਡੀ ਚੋਟੀ ਦਾ ਜ਼ੋਰ ਲਾਇਆ ਜਾ ਰਿਹਾ ਹੈ।ਦਿਨ ਵਿੱਚ ਦਰਜਨ ਦੇ ਕਰੀਬ ਪਿੰਡਾਂ 'ਚ ਜਾ ਕੇ ਲੋਕਾਂ ਨਾਲ ਮਿਲਣੀਆਂ ਕੀਤੀ ਜਾ ਰਹੀਆਂ ਹਨ।ਹਲਕਾ ਰਾਮਪੁਰਾ ਫੂਲ ਦੇ ਸੀਨੀਅਰ ਕਾਂਗਰਸੀ ਆਗੂ ਤੇ ਸਾਬਕਾ ਵਜ਼ੀਰ ਗੁਰਪ੍ਰੀਤ ਸਿੰਘ ਕਾਂਗੜ ਵੱਲੋਂ ਹੋਰ ਪਿੰਡਾਂ ਦੇ ਨਾਲ-ਨਾਲ ਭਗਤਾ ਭਾਈ ਕਾ ਦੇ ਨਾਲ ਲੱਗਦੇ ਨਗਰ ਕੋਠੇ ਭਾਈਆਣਾ ਵਿਖੇ ਮੁੜ ਗਰਜ ਦਿਖਾਈ ਗਈ ਤੇ ਭਾਰੀ ਇਕੱਠ ਨੂੰ ਸੰਬੋਧਨ ਕਰਦੇ ਹੋਏ ਕਿਹਾ ਗਿਆ ਕਿ ਸੂਬੇ ਦੇ ਵੋਟਰ ਹੁਣ ਕਾਂਗਰਸ ਨੂੰ ਫਤਵਾ ਦੇਣ ਲਈ ਉਤਾਵਲੇ ਹਨ ਤੇ 2027 ਦੀਆਂ ਵਿਧਾਨ ਸਭਾ ਚੋਣਾਂ ਦਾ ਬੜੀ ਹੀ ਬੇਸਬਰੀ ਨਾਲ ਇੰਤਜ਼ਾਰ ਕਰ ਰਹੇ ਹਨ।ਉਨ੍ਹਾਂ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਕਾਂਗਰਸੀ ਉਮੀਦਵਾਰ ਸਰਬਜੀਤ ਸਿੰਘ ਜਲਾਲ ਤੇ ਸਵਰਨਜੀਤ ਕੌਰ ਨੂੰ ਆਪਣੀ ਵੋਟ ਦੇਣ।ਉਨ੍ਹਾਂ ਹਲਕੇ ਦੇ ਸਮੂਹ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਕਾਂਗਰਸੀ ਉਮੀਦਵਾਰਾਂ ਦੀ ਮੱਦਦ ਕਰਨ ਤੇ ਉਨ੍ਹਾਂ ਨੂੰ ਜਿਤਾ ਕੇ ਮਾਣ ਵਧਾਉਣ।



### ਬੀਮਾ ਖੇਤਰ 'ਚ 100...

ਤੱਕ ਘਰ ਦੀਆਂ ਸੂਚੀਆਂ ਅਤੇ ਰਿਹਾਇਸ਼ੀ ਜਨਗਣਨਾ ਕਰਵਾਈ ਜਾਵੇਗੀ। ਇਸ ਤੋਂ ਬਾਅਦ ਫਰਵਰੀ 2027 ਵਿੱਚ ਆਬਾਦੀ ਗਣਨਾ ਕਰਵਾਈ ਜਾਵੇਗੀ। ਉਨ੍ਹਾਂ ਕਿਹਾ ਕਿ ਲੱਦਾਖ ਅਤੇ ਜੰਮੂ-ਕਸ਼ਮੀਰ ਦੇ ਕੇਂਦਰ ਸ਼ਾਸਤ ਪ੍ਰਦੇਸ਼ , ਹਿਮਾਚਲ ਪ੍ਰਦੇਸ਼ ਅਤੇ ਉੱਤਰਾਖੰਡ ਰਾਜਾਂ ਲਈ ਜਨਗਣਨਾ ਦਾ ਅਭਿਆਸ ਸਤੰਬਰ, 2026 ਵਿੱਚ ਕੀਤਾ ਜਾਵੇਗਾ। ਵੈਸ਼ਨਵ ਨੇ ਕਿਹਾ ਕਿ ਇਸ ਜਨਗਣਨਾ ਲਈ ਇਲੈਕਟ੍ਰਾਨਿਕ ਤੌਰ 'ਤੇ ਜਾਤੀ ਡਾਟਾ ਵੀ ਹਾਸਲ ਕੀਤਾ ਜਾਵੇਗਾ। ਇਸ ਕੰਮ ਲਈ ਲਗਪਗ 30 ਲੱਖ ਫੀਲਡ ਕਰਮਚਾਰੀਆਂ ਦੀ ਡਿਊਟੀ ਲਾਈ ਜਾਵੇਗੀ। ਸਰਕਾਰ ਨੇ ਭਾਰਤ ਦੀ ਜਨਗਣਨਾ 2027 ਲਈ 11,718 ਕਰੋੜ ਰੁਪਏ ਮਨਜ਼ੂਰ ਕਰ ਦਿੱਤੇ ਹਨ। ਸੂਚਨਾ ਅਤੇ ਪ੍ਰਸਾਰਨ ਮੰਤਰੀ ਅਸ਼ਵਨੀ ਵੈਸ਼ਨਵ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਵਿੱਚ ਕੇਂਦਰੀ ਮੰਤਰੀ ਮੰਡਲ ਨੇ ਜਨਗਣਨਾ ਕਰਵਾਉਣ ਦੇ ਪ੍ਰਸਤਾਵ ਨੂੰ ਮਨਜ਼ੂਰੀ ਦੇ ਦਿੱਤੀ ਹੈ ਜੋ ਕਿ ਆਪਣੀ ਕਿਸਮ ਦਾ ਪਹਿਲਾ ਡਿਜੀਟਲ ਅਭਿਆਸ ਹੋਵੇਗਾ। ਜਨਗਣਨਾ ਦੋ ਪੜਾਵਾਂ ਵਿੱਚ ਕੀਤੀ ਜਾਵੇਗੀ। ਪਹਿਲੀ ਜਨਗਣਨਾ ਅਪ੍ਰੈਲ ਤੋਂ ਸਤੰਬਰ 2026 ਤੱਕ ਘਰ ਦੀਆਂ ਸੂਚੀਆਂ ਅਤੇ ਰਿਹਾਇਸ਼ੀ ਜਨਗਣਨਾ ਕਰਵਾਈ ਜਾਵੇਗੀ। ਇਸ ਤੋਂ ਬਾਅਦ ਫਰਵਰੀ 2027 ਵਿੱਚ ਆਬਾਦੀ ਗਣਨਾ ਕਰਵਾਈ ਜਾਵੇਗੀ। ਉਨ੍ਹਾਂ ਕਿਹਾ ਕਿ ਲੱਦਾਖ ਅਤੇ ਜੰਮੂ-ਕਸ਼ਮੀਰ ਦੇ ਕੇਂਦਰ ਸ਼ਾਸਤ ਪ੍ਰਦੇਸ਼ ਅਤੇ ਹਿਮਾਚਲ ਪ੍ਰਦੇਸ਼ ਅਤੇ ਉੱਤਰਾਖੰਡ ਰਾਜਾਂ ਲਈ ਜਨਗਣਨਾ ਦਾ ਅਭਿਆਸ ਸਤੰਬਰ, 2026 ਵਿੱਚ ਕੀਤਾ ਜਾਵੇਗਾ। ਵੈਸ਼ਨਵ ਨੇ ਕਿਹਾ ਕਿ ਇਸ ਜਨਗਣਨਾ ਲਈ ਇਲੈਕਟ੍ਰਾਨਿਕ ਤੌਰ 'ਤੇ ਜਾਤੀ ਡਾਟਾ ਵੀ ਹਾਸਲ ਕੀਤਾ ਜਾਵੇਗਾ। ਇਸ ਕੰਮ ਲਈ ਲਗਪਗ 30 ਲੱਖ ਫੀਲਡ ਕਰਮਚਾਰੀਆਂ ਦੀ ਡਿਊਟੀ ਲਾਈ ਜਾਵੇਗੀ।

## ਕਿਸਾਨ ਮਜ਼ਦੂਰ ਮੋਰਚੇ ਦੇ ਸੱਦੇ ਤਹਿਤ ਬਿਜਲੀ ਮੀਟਰ ਪੁੱਟ ਕੇ ਸਬ ਡਵੀਜ਼ਨ ਵਿਖੇ ਜਮ੍ਹਾਂ ਕਰਵਾਏ



**ਲੌਂਗੋਵਾਲ (ਪ੍ਰਦੀਪ ਸੱਪਲ)**-ਕਿਸਾਨ ਮਜ਼ਦੂਰ ਮੋਰਚੇ ਵੱਲੋਂ ਪੰਜਾਬ ਵਿੱਚ ਚਿੱਪ ਵਾਲੇ ਮੀਟਰ ਪੁੱਟ ਕੇ ਜਮ੍ਹਾਂ ਕਰਵਾਉਣ ਦੀ ਕਾਲ ਦੇ ਦਿੱਤੇ ਪ੍ਰੋਗਰਾਮ 'ਤੇ ਭਾਰਤੀ ਕਿਸਾਨ ਯੂਨੀਅਨ ਏਕਤਾ ਆਜ਼ਾਦ ਵੱਲੋਂ ਲੌਂਗੋਵਾਲ ਸਬ-ਡਵੀਜ਼ਨ 'ਤੇ ਜਮ੍ਹਾਂ ਕਰਵਾਏ ਗਏ।ਇਸ ਮੌਕੇ ਜ਼ਿਲ੍ਹਾ ਕਾਰਜਕਾਰੀ ਕਨਵੀਨਰ ਕੁਲਵਿੰਦਰ ਸੋਨੀ ਲੌਂਗੋਵਾਲ ਨੇ ਦੱਸਿਆ ਕਿ ਕਿਸਾਨ ਮਜ਼ਦੂਰ ਮੋਰਚੇ ਦੀ ਕਾਲ 'ਤੇ ਅੱਜ ਲੌਂਗੋਵਾਲ, ਪਿੰਡੀ ਕੇਹਰ ਸਿੰਘ ਵਾਲੀ, ਦੁੱਲਟ ਕੋਠੇ ਵਿੱਚੋਂ ਖਪਤਕਾਰਾਂ ਦੀ ਸਹਿਮਤੀ ਨਾਲ ਮੀਟਰ ਪੁੱਟ ਕੇ ਸਿੱਧੀਆਂ ਤਾਰਾਂ ਜੋੜ ਕੇ ਖਪਤਕਾਰਾਂ ਨੂੰ ਪੂਰਾ ਵਿਸ਼ਵਾਸ ਦਿਵਾਇਆ ਕਿ ਕਿਸੇ ਕਿਸਮ ਦੇ ਜੁਰਮਾਨੇ ਸਰਕਾਰ ਤੇ ਸਰਕਾਰੀ ਅਧਿਕਾਰੀਆਂ ਨੂੰ ਨਹੀਂ ਕਰਨ ਦਿੱਤੇ ਜਾਣਗੇ, ਜੇ ਸਰਕਾਰ ਧੱਕਾ ਕਰਦੀ ਹੈ ਤਾਂ ਜਥੇਬੰਦੀ ਹਿੱਕ ਡਾਹ ਕੇ ਖਪਤਕਾਰਾਂ ਦੇ ਅੱਗੇ ਖੜੇਗੀ, ਕਿਉਂਕਿ ਇਹ ਬਿਜਲੀ ਬਿਲ-2025 ਦੇ ਲਾਗੂ ਹੋਣ ਨਾਲ ਗਰੀਬ ਲੋਕਾਂ ਦੇ ਘਰਾਂ ਵਿੱਚੋਂ ਜਗਦੇ ਬਲਬ ਤੇ ਲੋਕਾਂ ਦੇ ਜਿਉਣ ਦਾ ਸਾਹ ਬਣ ਚੁੱਕੀ ਬਿਜਲੀ ਆਮ ਲੋਕਾਂ ਦੀ ਪਹੁੰਚ ਤੋਂ ਕੋਹਾਂ ਦੂਰ ਹੋ ਜਾਵੇਗੀ।ਪੰਜਾਬ ਦੇ ਮੁੱਖ ਮੰਤਰੀ ਦਾ ਵੀ ਬਿਜਲੀ ਬਿਲ-2025 ਬਾਰੇ ਆਪਣਾ ਮੂੰਹ ਨਾ ਖੋਲ੍ਹਣਾ ਤੇ ਸੰਘਰਸ਼ ਕਰ ਰਹੀਆਂ ਜਥੇਬੰਦੀਆਂ ਤੇ ਮੋਰਚੇ 'ਤੇ ਪੁਲਸ ਜਬਰ ਕਰਨਾ ਵੀ ਇਸ ਗੱਲ ਦੀ ਗਵਾਹੀ ਭਰਦਾ ਹੈ ਕਿ ਲੋਕਾਂ ਦੀ ਹਿਤੈਸ਼ੀ ਕਹਾਉਣ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਵੀ ਬਿਲ ਨੂੰ ਪੰਜਾਬ 'ਚ ਲਾਗੂ ਕਰਵਾ ਕੇ ਲੋਕਾਂ ਦਾ ਗਲ਼ਾ ਘੁੱਟਣਾ ਚਾਹੁੰਦੀ ਹੈ।ਪਿੰਡਾਂ ਵਿੱਚ ਜਥੇਬੰਦੀ ਦੇ ਆਗੂਆਂ ਕੋਲ ਮੀਟਰ ਪੁੱਟਣ ਲਈ ਵੱਡੀ ਪੱਧਰ 'ਤੇ ਪਹੁੰਚ ਕਰ ਰਹੇ ਹਨ।ਆਉਣ ਵਾਲੇ ਦਿਨਾਂ ਵਿੱਚ ਵੀ ਮੀਟਰ ਪੱਟਣ ਦੀ ਬੇਨਤੀ ਲੈ ਕੇ ਆਉਣ ਵਾਲੇ ਪਰਵਾਰਾਂ ਦੇ ਮੀਟਰ ਪੁੱਟ ਕੇ ਜਮ੍ਹਾਂ ਕਰਵਾਏ ਜਾਣਗੇ।ਇਸ ਮੌਕੇ ਅਮਰ ਸਿੰਘ ਲੌਂਗੋਵਾਲ, ਅਮਰਜੀਤ ਲੌਂਗੋਵਾਲ, ਸੁਖਦੇਵ ਲੌਂਗੋਵਾਲ, ਧੰਨਾ ਦਿਆਲਗੜ੍ਹ, ਬੰਤ ਸਿੰਘ ਆਦਿ ਹਾਜ਼ਰ ਸਨ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : Chand Singh @ Chand Fatehpuri for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

## ਆਸ਼ਾ ਵਰਕਰਾਂ ਨੇ ਐੱਸ ਐੱਮ ਓ ਨੂੰ ਸੌਂਪਿਆ ਮੰਗ ਪੱਤਰ



ਪੱਟੀ (ਬਲਦੇਵ ਸਿੰਘ ਸੰਧੂ)- ਆਸ਼ਾ ਵਰਕਰ ਫੈਸਿਲੀਟੇਟਰਜ਼ ਯੂਨੀਅਨ ਪੰਜਾਬ ਗਰੁੱਪ ਏਟਕ ਵੱਲੋ ਜ਼ਿਲ੍ਹਾ ਪ੍ਰਧਾਨ ਮਨਜਿੰਦਰ ਕੌਰ ਹਰੀਕੇ ਦੀ ਅਗਵਾਈ ਹੇਠ ਐੱਸਐੱਮਓਜ਼ ਦਫਤਰ ਘਰਿਆਲਾ ਵਿਖੇ ਅਹਿਮ ਮੀਟਿੰਗ ਹੋਈ।ਮਨਜਿੰਦਰ ਕੌਰ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆ ਆਖਿਆ ਕਿ ਜੋ ਵੀ ਦਫਤਰੀ ਵਰਤੋਂ ਲਈ ਸਰਕਾਰੀ ਸਮਾਨ ਹੁੰਦਾ ਹੈ ਉਨ੍ਹਾਂ ਵੱਲੋਂ ਕੋਲੋਂ ਪੈਸੇ ਇਕੱਠੇ ਕਰਕੇ ਲਿਜਾਣ ਲਈ ਤੰਗ ਪ੍ਰੇਸ਼ਾਨ ਕੀਤਾ ਜਾਂਦਾ ਹੈ ਜੋ ਨਜਾਇਜ਼ ਅਤੇ ਵਿਭਾਗ ਦੀ ਸ਼ਰੇਆਮ ਧੱਕੇਸ਼ਾਹੀ ਹੈ।ਉਨ੍ਹਾਂ ਮੰਗ ਕੀਤੀ ਕਿ ਵਿਭਾਗ ਆਪਣੇ ਕੋਲੋ ਸਾਡੇ ਤੱਕ ਸਾਮਾਨ ਮੁਹੱਈਆ ਕਰਵਾਏ। ਏ.ਐੱਨ.ਐੱਮ ਦੀ ਖਾਲ ਪੋਸਟ ਨੂੰ ਜਲਦੀ ਤੋਂ ਜਲਦੀ ਭਰਿਆ ਜਾਵੇ।ਸਾਰੇ ਸਬ ਸੈਂਟਰਾਂ 'ਚ ਏਐੱਨਐੱਮ ਦੀ ਡਿਊਟੀ ਲਗਾਈ ਜਾਵੇ। ਆਭਾ ਆਈਡੀ ਅਧੀਨ ਕੰਮ ਕਰਦੀਆਂ ਆਸ਼ਾ ਵਰਕਰਾਂ ਨੂੰ ਪੈਸੇ ਪਾਏ ਜਾਣ।ਪਲਸ ਪੋਲੀਓ ਦੇ ਪੈਸੇ ਪਾਏ ਜਾਣ, 2500 ਰੁਪੈ ਬਕਾਇਆ ਵੀ ਸਮੇਂ ਸਿਰ ਦਿੱਤਾ ਜਾਵੇ। ਆਸ਼ਾ ਵਰਕਰਾਂ ਨੂੰ ਵੈਕਸੀਨ ਡਲਿਵਰੀ ਲਈ ਤੰਗ ਪ੍ਰੇਸ਼ਾਨ ਨਾ ਕੀਤਾ ਜਾਵੇ।ਹਰੀਕੇ ਨੇ ਦੱਸਿਆ ਕਿ ਸਰਵੇ ਕਰਨ ਲਈ ਉਨ੍ਹਾਂ ਨੂੰ ਅੰਗਰੇਜ਼ੀ ਰਜਿਸਟਰ ਅਤੇ ਅੰਗਰੇਜ਼ੀ ਭਾਸ਼ਾ ਵਿਚ ਸਰਵੇ ਕਰਨ ਲਈ ਮਜਬੂਰ ਕੀਤਾ ਜਾ ਰਿਹਾ ਹੈ। ਉਨ੍ਹਾਂ ਵੱਲੋਂ ਰਜਿਸਟਰ ਸਿਵਲ ਸਰਜਨ ਦੇ ਦਫਤਰ ਘਰਿਆਲਾ ਵਿਖੇ ਜਮ੍ਹਾ ਕਰਵਾ ਦਿੱਤੇ ਗਏ ਹਨ।ਇਸ ਮੌਕੇ ਬਲਾਕ ਪ੍ਰਧਾਨ ਅਮਨਦੀਪ ਕੌਰ, ਪਲਵਿੰਦਰ ਕੌਰ ਘਰਿਆਲਾ, ਜਸਵਿੰਦਰ ਕੌਰ, ਵੀਰਾ ਦੇਵੀ, ਜਸਵਿੰਦਰ ਕੌਰ, ਰਾਜਬੀਰ ਕੌਰ, ਨਰਿੰਦਰ ਕੌਰ, ਹਰਜਿੰਦਰ ਕੌਰ, ਰਾਜਵਿੰਦਰ ਕੌਰ, ਮਿੰਦਰ ਕੌਰ ਆਦਿ ਹਾਜ਼ਰ ਸਨ।

## ਮੰਡੀ ਚੌਕ 'ਚ ਰੇਲਵੇ ਫਾਟਕ ਬੰਦ ਰਹਿਣ ਕਰਕੇ ਲੋਕ ਹੋ ਰਹੇ ਹਨ ਪ੍ਰੇਸ਼ਾਨ



ਗੁਰਦਾਸਪੁਰ (ਜਨਕ ਮਹਾਜਨ)- ਗੁਰਦਾਸਪੁਰ-ਪਠਾਨਕੋਟ ਰੋਡ ਸਥਿਤ ਮੰਡੀ ਚੌਕ ਨੇੜੇ ਪੈਂਦਾ ਰੇਲਵੇ ਫਾਟਕ ਅਕਸਰ ਰੇਲ ਗੱਡੀਆਂ ਦੀ ਆਵਾਜਾਈ ਕਾਰਨ ਬੰਦ ਰਹਿਣ ਕਾਰਨ ਲੋਕ ਕਾਫ਼ੀ ਪ੍ਰੇਸ਼ਾਨ ਹੋ ਰਹੇ ਹਨ। ਫਾਟਕ ਵਾਲੀ ਜਗ੍ਹਾ ਨੀਵੀਂ ਹੋਣ ਕਾਰਨ ਇਥੇ ਮੀਂਹ ਦਾ ਪਾਣੀ ਵੀ ਖੜ੍ਹਾ ਹੋ ਜਾਂਦਾ ਹੈ ਅਤੇ ਲੋਕ ਮੀਂਹ ਦੇ ਪਾਣੀ ਵਿਚੋਂ ਬੜੀ ਮੁਸ਼ਕਿਲ ਦੇ ਨਾਲ ਆਪਣੇ ਵਾਹਨਾਂ ਨੂੰ ਕੱਢਦੇ ਹਨ। ਫਾਟਕ ਵਾਲੀ ਜਗ੍ਹਾ ਵੀ ਕਾਫ਼ੀ ਉਬੜ ਖ਼ਾਬੜ ਬਣੀ ਹੋਈ ਹੈ। ਕਈ ਵਾਰ ਖ਼ਬਰਾਂ ਪ੍ਰਕਾਸ਼ਿਤ ਹੋਣ ਦੇ ਬਾਵਜੂਦ ਪ੍ਰਸ਼ਾਸਨ ਵੱਲੋਂ ਇਸ ਫਾਟਕ ਦੀ ਹਾਲਤ ਨਹੀਂ ਸੁਧਾਰੀ ਗਈ। ਇਹ ਰੇਲਵੇ ਫਾਟਕ ਸਟੇਸ਼ਨ ਦੇ ਬਿਲਕੁਲ ਨਜ਼ਦੀਕ ਹੋਣ ਕਾਰਨ ਜ਼ਿਆਦਾਤਰ ਬੰਦ ਰਹਿੰਦਾ ਹੈ। ਇਸ ਫਾਟਕ ਰਾਹੀਂ ਲੋਕ ਜਿਥੇ ਪਠਾਨਕੋਟ-ਉੱਤਰੀ ਭਾਰਤ ਦੇ ਪ੍ਰਸਿੱਧ ਇਤਿਹਾਸਕ ਸਥਾਨ ਪੰਡੋਰੀ ਮਹੰਤਾਂ ਨੂੰ ਸੜਕਾਂ ਜਾਂਦੀਆਂ ਹਨ ਉਥੇ ਲੋਕ ਸਬਜ਼ੀ ਮੰਡੀ, ਦਾਣਾ ਮੰਡੀ, ਬੇਅੰਤ ਇੰਜੀਨੀਅਰਿੰਗ ਕਾਲਜ, ਸਰਕਾਰੀ ਆਈਟੀਆਈ ਅਤੇ ਕਈ ਹੋਰ ਮਹੱਤਵਪੂਰਨ ਸਥਾਨਾਂ ਵੱਲ ਜਾਂਦੇ ਹਨ। ਇਲਾਕਾ ਵਾਸੀਆਂ ਨੇ ਕੇਂਦਰੀ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਅਤੇ ਪੰਜਾਬ ਸਰਕਾਰ ਪਾਸੋਂ ਮੰਗ ਹੈ ਕਿ ਗੁਰਦਾਸਪੁਰ ਵਾਸੀਆਂ ਦੀ 70 ਸਾਲ ਦੀ ਮੰਗ ਨੂੰ ਮੁੱਖ ਰੱਖਦੇ ਹੋਏ ਇਸ ਫਾਟਕ 'ਤੇ ਓਵਰਬ੍ਰਿਜ ਬਣਾਇਆ ਜਾਵੇ ਤਾਂ ਜੋ ਇਥੋਂ ਗੁਜ਼ਰਨ ਵਾਲੇ ਰਾਹਗੀਰਾਂ ਨੂੰ ਇਸ ਮੁਸ਼ਕਿਲ ਤੋਂ ਨਿਜਾਤ ਮਿਲ ਸਕੇ।

## ਸਕੂਲਾਂ 'ਚ ਬੰਬ ਹੋਣ ਦੀ ਈ-ਮੇਲ ਮਿਲਣ 'ਤੇ ਮੱਚੀ ਹਫੜਾ-ਦਫੜੀ

ਛੇਹਰਟਾ/ਖਾਸਾ (ਮਨੋਜ ਕੁਮਾਰ, ਸ਼ਸ਼ਪਾਲ ਸਿੰਘ)- ਅੰਮ੍ਰਿਤਸਰ ਸ਼ਹਿਰ ਦੇ ਕੁਝ ਨਾਮੀ ਨਿੱਜੀ ਸਕੂਲਾਂ ਵਿਚ ਬੰਬ ਹੋਣ ਦੀ ਧਮਕੀ ਮਿਲਣ ਤੋਂ ਬਾਅਦ ਜ਼ਿਲ੍ਹਾ, ਪੁਲਸ ਤੇ ਸਕੂਲ ਪ੍ਰਸ਼ਾਸਨ ਅਤੇ ਬੱਚਿਆਂ ਦੇ ਮਾਪਿਆਂ ਵਿਚ ਹਫੜਾ-ਦਫੜੀ ਮੱਚ ਗਈ। ਇਸ ਉਪਰੰਤ ਜ਼ਿਲ੍ਹਾ ਦੇ ਸਾਰੇ ਸਕੂਲਾਂ ਵਿਚ ਛੁੱਟੀ ਕਰ ਦਿੱਤੀ ਗਈ। ਜਾਣਕਾਰੀ ਅਨੁਸਾਰ ਸ਼ੁੱਕਰਵਾਰ ਨੂੰ 11 ਵਜੇ ਦੇ ਕਰੀਬ ਅੰਮ੍ਰਿਤਸਰ ਸ਼ਹਿਰ ਦੇ ਕੁਝ ਨਾਮੀ ਨਿੱਜੀ ਸਕੂਲਾਂ ਨੂੰ ਕੈਂਪਸ ਵਿਚ ਬੰਬ ਹੋਣ ਦੀ ਈ-ਮੇਲਜ਼ ਮਿਲਣ ਤੋਂ ਬਾਅਦ ਸ਼ਹਿਰ ਵਿਚ ਹਫੜਾ-ਦਫੜੀ ਮੱਚ ਗਈ। ਸਬੰਧਤ ਸਕੂਲ ਮੈਨੇਜਮੈਂਟਾਂ ਵੱਲੋਂ ਤੁਰੰਤ ਇਸ ਸਬੰਧੀ ਪੁਲਸ ਪ੍ਰਸ਼ਾਸਨ ਨੂੰ ਜਾਣਕਾਰੀ ਦੇਣ 'ਤੇ ਤੁਰੰਤ ਪੁਲਸ ਟੀਮਾਂ ਵੱਖ-ਵੱਖ ਸਕੂਲਾਂ ਵਿਚ ਪੁੱਜੀਆਂ ਅਤੇ ਤਲਾਸ਼ੀ ਮੁਹਿੰਮ ਚਲਾਈ ਗਈ।ਪ੍ਰੰਤੂ ਕਿਸੇ ਵੀ ਸਕੂਲ ਵਿਚੋਂ ਕੁਝ ਨਹੀਂ ਮਿਲਿਆ। ਸਕੂਲ ਮੈਨੇਜਮੈਂਟਾਂ ਵੱਲੋਂ ਸਕੂਲ ਵੈਨਾਂ ਤੇ ਆਟੋਜ਼ 'ਤੇ ਆਉਣ ਵਾਲੇ ਬੱਚਿਆਂ ਨੂੰ ਘਰ ਭੇਜ ਦਿੱਤਾ ਗਿਆ। ਜਿਹੜੇ ਬੱਚਿਆਂ ਨੂੰ ਮਾਪੇ ਸਕੂਲਾਂ ਵਿਚ ਛੱਡ ਕੇ ਜਾਂਦੇ ਸਨ, ਉਨ੍ਹਾਂ ਨੂੰ ਫੋਨ ਕਰ ਕੇ ਆਪਣੇ ਬੱਚੇ ਘਰਾਂ ਨੂੰ ਲਿਜਾਣ ਲਈ ਕਿਹਾ ਗਿਆ। ਬੱਚਿਆਂ ਦੀ ਸੁਰੱਖਿਆ ਨੂੰ ਧਿਆਨ ਵਿਚ ਰੱਖਦੇ ਹੋਏ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਦਿਹਾਤ ਤੇ ਸ਼ਹਿਰ ਦੇ ਸਾਰੇ ਸਕੂਲਾਂ ਵਿਚ ਛੁੱਟੀ ਕਰਨ ਦੇ ਹੁਕਮ ਜਾਰੀ ਕਰ ਦਿੱਤੇ ਗਏ। ਪੁਲਸ ਕਮਿਸ਼ਨਰ ਅੰਮ੍ਰਿਤਸਰ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਸਕੂਲਾਂ ਨੂੰ ਈ-ਮੇਲਜ਼ ਰਾਹੀਂ ਮਿਲੀਆਂ ਧਮਕੀਆਂ ਝੂਠੀਆਂ ਪਾਈਆਂ ਗਈਆਂ ਹਨ। ਇਸ ਸਬੰਧ ਵਿਚ ਜਾਂਚ ਜਾਰੀ ਹੈ ਤੇ ਛੇਤੀ ਹੀ ਪੁਲਸ ਨੂੰ ਕਾਮਯਾਬੀ ਹਾਸਿਲ ਹੋਵੇਗੀ। ਉਨ੍ਹਾਂ ਦੱਸਿਆ ਕਿ ਇਸ ਤੋਂ ਪਹਿਲਾਂ ਵੀ ਕੁਝ ਸਕੂਲਾਂ ਨੂੰ ਅਜਿਹੀਆਂ ਈ-ਮੇਲਜ਼ ਪ੍ਰਾਪਤ ਹੋਈਆਂ ਸਨ ਤੇ ਇਸ ਮਾਮਲੇ ਵਿਚ ਸਕੂਲੀ ਵਿਦਿਆਰਥੀ ਹੀ ਸ਼ਾਮਲ ਪਾਏ ਗਏ ਸਨ।

## 14 ਗਰਾਮ ਹੈਰੋਇਨ, 108 ਨਸ਼ੀਲੀਆਂ ਗੋਲੀਆਂ ਤੇ 1000 ਰੁਪਏ ਡਰੱਗ ਮਨੀ ਬਰਾਮਦ

ਗੁਰਦਾਸਪੁਰ (ਜਨਕ ਮਹਾਜਨ)- ਯੁੱਧ ਨਸ਼ਿਆਂ ਦੇ ਵਿਰੁੱਧ ਮੁਹਿੰਮ ਤਹਿਤ ਡਾਇਰੈਕਟਰ ਜਨਰਲ ਪੁਲਸ ਪੰਜਾਬ ਅਤੇ ਮਾਨਯੋਗ ਡਿਪਟੀ ਇੰਸਪੈਕਟਰ ਜਨਰਲ ਪੁਲਸ ਬਾਰਡਰ ਰੇਂਜ ਅੰਮ੍ਰਿਤਸਰ ਵੱਲੋਂ ਦਿੱਤੇ ਗਏ ਦਿਸ਼ਾ ਨਿਰਦੇਸ਼ਾਂ 'ਤੇ ਜ਼ਿਲ੍ਹਾ ਪੁਲਸ ਮੁਖੀ ਅਦਿੱਤਯ ਦੇ ਹੁਕਮਾਂ 'ਤੇ ਥਾਣਾ ਸਿਟੀ ਗੁਰਦਾਸਪੁਰ ਵਿਖੇ ਪੁਲਸ ਨੇ ਇਕ ਆਕਾਸ਼ ਨਾਮ ਦੇ ਵਿਅਕਤੀ ਨੂੰ ਕਾਬੂ ਕਰਕੇ ਉਸ ਪਾਸੋਂ 6 ਗਰਾਮ ਹੈਰੋਇਨ ਬਰਾਮਦ ਕੀਤੀ। ਇਸੇ ਤਰ੍ਹਾਂ ਥਾਣਾ ਸਦਰ ਵਿਖੇ ਨਰੇਸ਼ ਕੁਮਾਰ ਨੂੰ ਕਾਬੂ ਕਰਕੇ ਉਸ ਪਾਸੋਂ 8 ਗਰਾਮ ਹੈਰੋਇਨ ਬਰਾਮਦ ਕੀਤੀ ਹੈ ਅਤੇ ਥਾਣਾ ਦੀਨਾਨਗਰ ਵਿਖੇ ਅਰੁਣ ਕੁਮਾਰ ਨੂੰ ਕਾਬੂ ਕਰਕੇ ਉਸ ਪਾਸੋਂ 108 ਨਸ਼ੀਲੀਆਂ ਗੋਲੀਆਂ ਤੇ 1000 ਡਰੱਗ ਮਨੀ ਬਰਾਮਦ ਕੀਤੀ ਹੈ। ਜ਼ਿਲ੍ਹਾ ਪੁਲਸ ਨੇ ਇਨ੍ਹਾਂ ਤਿੰਨਾਂ ਮਾਮਲਿਆਂ ਵਿਚ ਨਸ਼ਾ ਤਸਕਰਾਂ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ। ਜ਼ਿਲ੍ਹਾ ਪੁਲਸ ਮੁਖੀ ਅਦਿੱਤਯ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਗੈਰ ਕਾਨੂੰਨੀ ਅਤੇ ਨਸ਼ਿਆਂ ਦਾ ਕਾਰੋਬਾਰ ਕਰਨ ਵਾਲੇ ਵਿਅਕਤੀਆਂ ਦੀ ਇਤਲਾਹ ਪੁਲਸ ਨੂੰ ਦਿੱਤੀ ਜਾਵੇ। ਉਨ੍ਹਾਂ ਕਿਹਾ ਕਿ ਅਜਿਹੇ ਅਨਸਰਾਂ ਖ਼ਿਲਾਫ਼ ਠੋਸ ਕਾਰਵਾਈ ਕੀਤੀ ਜਾਵੇਗੀ।

## ਸਰਪੰਚ ਸਰਬਜੀਤ ਸਿੰਘ ਮਜੀਠਾ ਰੈਲੀ 'ਚ ਵੱਡੇ ਕਾਫਲੇ ਨਾਲ ਹੋਏ ਸ਼ਾਮਿਲ



ਤਰਸਿੱਕਾ (ਤਰਸੇਮ ਸਿੰਘ ਸਾਧਪੁਰ)- ਆਮ ਆਦਮੀ ਪਾਰਟੀ ਵੱਲੋਂ ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਚੋਣਾਂ ਦੇ ਸਬੰਧ ਵਿੱਚ ਮਜੀਠਾ ਵਿਖੇ ਕੀਤੀ ਗਈ ਰੈਲੀ ਵਿੱਚ ਮਜੀਠਾ ਹਲਕੇ ਨਾਲ ਸੰਬੰਧਿਤ ਪਿੰਡ ਸਾਧਪੁਰ ਤੋਂ ਸਰਪੰਚ ਸਰਬਜੀਤ ਸਿੰਘ ਦੀ ਅਗਵਾਈ ਹੇਠ ਬਹੁਤ ਹੀ ਵੱਡਾ ਇਕੱਠ ਰੈਲੀ ਵਿੱਚ ਸ਼ਾਮਿਲ ਹੋਇਆ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਰਪੰਚ ਸਰਬਜੀਤ ਸਿੰਘ ਨੇ ਕਿਹਾ ਕਿ ਪੰਜਾਬ ਦੇ ਲੋਕ ਆਮ ਆਦਮੀ ਪਾਰਟੀ ਦੀਆਂ ਉਸਾਰੂ ਨੀਤੀਆਂ ਤੋਂ ਖੁਸ਼ ਹਨ ਕਿਉਂਕਿ ਪੰਜਾਬ ਦੇ ਲੋਕਾਂ ਨੂੰ ਸੁੱਖ ਸਹੂਲਤਾਂ ਬਿਨਾਂ ਵਿਤਕਰੇ ਦੇ ਮਿਲ ਰਹੀਆਂ ਹਨ ਅਤੇ ਜਦੋਂ ਤੋਂ ਤਲਬੀਰ ਸਿੰਘ ਗਿੱਲ ਨੇ ਮਜੀਠਾ ਹਲਕੇ ਦੀ ਕਮਾਂਡ ਸੰਭਾਲੀ ਹੈ ਪਿੰਡਾਂ ਦੀ ਨੁਹਾਰ ਸਰਕਾਰ ਵੱਲੋਂ ਬਦਲੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਤਲਬੀਰ ਸਿੰਘ ਗਿੱਲ ਇੱਕ ਬਹੁਤ ਹੀ ਵਧੀਆ ਇਨਸਾਨ ਹਨ ਜਿਨ੍ਹਾਂ ਨੂੰ ਹਮੇਸ਼ਾ ਹੀ ਆਪਣੇ ਹਲਕੇ ਦੇ ਲੋਕਾਂ ਦੇ ਨਾਲ ਮਿਲਣ ਦਾ ਚਾਅ ਚੜ੍ਹਿਆ ਰਹਿੰਦਾ ਹੈ। ਇਸ ਲਈ ਹੀ ਪਿੰਡ ਸਾਧਪੁਰ ਤੋਂ ਆਮ ਆਦਮੀ ਪਾਰਟੀ ਦੇ ਵਰਕਰਾਂ ਦਾ ਵੱਡਾ ਇਕੱਠ ਰੈਲੀ ਵਿੱਚ ਸ਼ਾਮਿਲ ਹੋਇਆ ਹੈ।

## ਸਰਹਾਲੀ ਕਲਾਂ ਸਕੂਲ ਦੀਆਂ ਵਿਦਿਆਰਥਣਾਂ ਨੇ ਖੇਡਾਂ 'ਚ ਮਾਰੀਆਂ ਮੱਲਾਂ



ਪੱਟੀ (ਬਲਦੇਵ ਸਿੰਘ ਸੰਧੂ)- ਸੂਬਾ ਸਰਕਾਰ ਤੇ ਜਿਲ੍ਹਾ ਸਿੱਖਿਆ ਅਫਸਰ ਸਤਨਾਮ ਸਿੰਘ ਬਾਠ ਦੇ ਦਿਸ਼ਾ ਨਿਰਦੇਸ਼ਾਂ ਹੇਠ ਬੀਤੇ ਦਿਨੀ ਕਰਵਾਏ ਗਏ ਜਿਲ੍ਹਾ ਤੇ ਬਲਾਕ ਪੱਧਰੀ ਮੁਕਾਬਲਿਆਂ 'ਚ ਸੀਨੀਅਰ ਸੈਕੰਡਰੀ ਸਕੂਲ (ਲੜਕੀਆਂ) ਸਰਹਾਲੀ ਕਲਾਂ ਦੀਆਂ ਵਿਦਿਆਰਥਣਾਂ ਨੇ ਖੇਡ ਦਾ ਚੰਗਾ ਪ੍ਰਦਰਸ਼ਨ ਕਰਕੇ ਅਹਿਮ ਜਿੱਤਾਂ ਦਰਜ ਕਰਕੇ ਸਕੂਲ ਅਤੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ। ਪੋਸਟਰ ਮੇਕਿੰਗ ਮੁਕਾਬਲਿਆਂ ਵਿਚ ਸਨੇਹਾ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ। ਆਰ.ਏ.ਏ. ਅਧੀਨ ਕਰਵਾਏ ਗਏ ਕੁਇੰਜ ਮੁਕਾਬਲੇ ਵਿਚ ਪਰਨੀਤ ਕੌਰ, ਅਨੁਰੀਤ ਕੌਰ ਅਤੇ ਹਰਪ੍ਰੀਤ ਕੌਰ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ। ਸ੍ਰੀ ਗੁਰੂ ਅਰਜਨ ਦੇਵ ਕਾਲਜ ਚੋਹਲਾ ਸਾਹਿਬ ਵੱਲੋਂ ਸੱਭਿਆਚਾਰਕ ਤੇ ਸੁੰਦਰ ਲਿਖਾਈ ਦੇ ਮੁਕਾਬਲੇ ਕਰਵਾਏ ਗਏ।ਸੁੰਦਰ ਲਿਖਾਈ ਅੰਗਰੇਜੀ ਮੁਕਾਬਲੇ ਵਿਚ ਰਮਨਪ੍ਰੀਤ ਕੌਰ ਨੇ ਪਹਿਲਾ ਸਥਾਨ, ਰਮਨਪ੍ਰੀਤ ਨੇ ਸੁੰਦਰ ਲਿਖਾਈ ਪੰਜਾਬੀ ਵਿਚ ਤੀਸਰਾ ਸਥਾਨ ਹਾਸਲ ਕੀਤਾ। ਸਕੂਲ ਦੇ ਪ੍ਰਿੰਸੀਪਲ ਸੰਤੋਖ ਸਿੰਘ ਨੇ ਹੋਣਹਾਰ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ। ਬੱਚਿਆਂ ਦੇ ਮਾਪਿਆਂ ਨੂੰ ਵਧਾਈ ਅਤੇ ਬੱਚਿਆਂ ਨੂੰ ਭਵਿੱਖ ਵਿਚ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਸ੍ਰੀਮਤੀ ਰਾਜਬੀਰ ਕੌਰ, ਪਰਮਿੰਦਰ ਕੌਰ ਟਿਵਾਣਾ, ਜਤਿੰਦਰਪਾਲ ਕੌਰ ਜੱਜੂ, ਹਰਸਿਮਰਨ ਕੌਰ, ਤੇਜਿੰਦਰ ਕੌਰ, ਸੁਮਨਬਾਲਾ, ਮਨਬੀਰ ਕੌਰ,ਜਸਪਾਲ ਸਿੰਘ ਆਦਿ ਹਾਜ਼ਰ ਸਨ।

## ਗਿਣਤੀ ਕੇਂਦਰਾਂ ਦੇ 100 ਮੀਟਰ ਦੇ ਘੇਰੇ ਵਿੱਚ ਪਾਬੰਦੀਆਂ ਲਾਗੂ



ਪੱਟੀ (ਬਲਦੇਵ ਸਿੰਘ ਸੰਧੂ)- ਰਾਜ ਚੋਣ ਕਮਿਸ਼ਨ ਪੰਜਾਬ ਵੱਲੋਂ ਜ਼ਿਲ੍ਹਾ ਪ੍ਰੀਸ਼ਦ ਅਤੇ ਪੰਚਾਇਤ ਸੰਮਤੀ ਦੀਆਂ ਚੋਣਾਂ 14 ਦਸੰਬਰ 2025 ਨੂੰ ਕਰਵਾਈਆਂ ਜਾ ਰਹੀਆਂ ਹਨ ਜਿਨ੍ਹਾਂ ਦਾ ਨਤੀਜਾ 17 ਦਸੰਬਰ 2025 ਨੂੰ ਘੋਸ਼ਿਤ ਕੀਤਾ ਜਾਵੇਗਾ। ਇਨ੍ਹਾਂ ਚੋਣਾਂ ਲਈ ਜ਼ਿਲ੍ਹਾ ਤਰਨ ਤਾਰਨ ਵਿੱਚ 9 ਸਟਰਾਂਗ ਰੂਮ ਅਤੇ ਗਿਣਤੀ ਵਾਸਤੇ 9 ਗਿਣਤੀ ਕੇਂਦਰ ਬਣਾਏ ਗਏ ਹਨ, ਜਿਨ੍ਹਾਂ ਵਿੱਚ ਪੰਚਾਇਤ ਸੰਮਤੀ ਤਰਨ ਤਾਰਨ ਦਾ ਸਟਰਾਂਗ ਰੂਮ ਤੇ ਗਿਣਤੀ ਕੇਂਦਰ ਸ੍ਰੀ ਗੁਰੂ ਅਰਜਨ ਕਾਲਜ, ਨੂਰਦੀ ਰੋਡ, ਤਰਨ ਤਾਰਨ ਵਿਖੇ ਹੋਵੇਗਾ। ਪੰਚਾਇਤ ਸੰਮਤੀ ਗੰਡੀਵਿੰਡ ਦਾ ਸਟਰਾਂਗ ਰੂਮ ਤੇ ਗਿਣਤੀ ਕੇਂਦਰ ਬੀੜ ਬਾਬਾ ਬੁੱਢਾ ਸਾਹਿਬ ਜੀ ਕਾਲਜ, ਠੱਠਾ, ਝਬਾਲ, ਪੰਚਾਇਤ ਸੰਮਤੀ ਖਡੂਰ ਸਾਹਿਬ ਦਾ ਸਟਰਾਂਗ ਰੂਮ ਤੇ ਗਿਣਤੀ ਕੇਂਦਰ ਸ੍ਰੀ ਗੁਰੂ ਅੰਗਦ ਦੇਵ ਕਾਲਜ, ਖਡੂਰ ਸਾਹਿਬ, ਪੰਚਾਇਤ ਸੰਮਤੀ ਚੋਹਲਾ ਸਾਹਿਬ ਦਾ ਸਟਰਾਂਗ ਰੂਮ ਤੇ ਗਿਣਤੀ ਕੇਂਦਰ ਸ੍ਰੀ ਗੁਰੂ ਅਰਜਨ ਦੇਵ ਖ਼ਾਲਸਾ ਕਾਲਜ, ਚੋਹਲਾ ਸਾਹਿਬ, ਪੰਚਾਇਤ ਸੰਮਤੀ ਨਾਗੋਕੇ ਦਾ ਸਟਰਾਂਗ ਰੂਮ ਤੇ ਗਿਣਤੀ ਕੇਂਦਰ ਸ੍ਰੀ ਗੁਰੂ ਅੰਗਦ ਦੇਵ ਕਾਲਜ, ਖਡੂਰ ਸਾਹਿਬ, ਪੰਚਾਇਤ ਸੰਮਤੀ ਪੱਟੀ ਦਾ ਸਟਰਾਂਗ ਰੂਮ ਤੇ ਗਿਣਤੀ ਕੇਂਦਰ ਸ੍ਰੀ ਗੁਰੂ ਗੋਬਿੰਦ ਸਿੰਘ ਸਰਕਾਰੀ ਹਾਈ ਸਕੂਲ (ਲੜਕੇ) ਕੈਰੋਂ, ਪੰਚਾਇਤ ਸੰਮਤੀ ਨੌਸ਼ਹਿਰਾ ਪੰਨੂਆਂ ਦਾ ਸਟਰਾਂਗ ਰੂਮ ਤੇ ਗਿਣਤੀ ਕੇਂਦਰ ਸ੍ਰੀ ਗੁਰੂ ਗੋਬਿੰਦ ਸਿੰਘ ਸੀਨੀਅਰ ਸਕੈਂਡਰੀ ਸਕੂਲ (ਲੜਕੇ) ਸਰਹਾਲੀ ਕਲਾਂ, ਪੰਚਾਇਤ ਸੰਮਤੀ ਭਿੱਖੀਵਿੰਡ ਦਾ ਸਟਰਾਂਗ ਰੂਮ ਤੇ ਗਿਣਤੀ ਕੇਂਦਰ ਸਰਕਾਰੀ ਬਹੁ-ਤਕਨੀਕੀ ਕਾਲਜ ਅਤੇ ਪੰਚਾਇਤ ਸੰਮਤੀ ਵਲਟੋਹਾ ਦਾ ਸਟਰਾਂਗ ਰੂਮ ਤੇ ਗਿਣਤੀ ਕੇਂਦਰ ਸਰਕਾਰੀ ਸੀਨੀਅਰ ਸਕੈਂਡਰੀ ਸਕੂਲ (ਲੜਕੀਆਂ) ਆਦਰਸ਼, ਵਲਟੋਹਾ ਵਿਖੇ ਹੋਣਗੇ।ਜ਼ਿਲ੍ਹਾ ਮੈਜਿਸਟਰੇਟ ਤਰਨ ਤਾਰਨ, ਸ੍ਰੀ ਰਾਹੁਲ, ਆਈ.ਏ.ਐਸ. ਨੇ ਚੋਣਾਂ ਨੂੰ ਮੁੱਖ ਰੱਖਦਿਆਂ 14 ਦਸੰਬਰ 2025 ਦੀ ਸ਼ਾਮ 4:00 ਵਜੇ ਤੋਂ ਮਿਤੀ 17 ਦਸੰਬਰ 2025 ਤੱਕ ਉਕਤ ਸਮੂਹ ਗਿਣਤੀ ਕੇਂਦਰਾਂ ਦੇ 100 ਮੀਟਰ ਦੇ ਘੇਰੇ ਵਿੱਚ ਪੰਜ ਜਾਂ ਪੰਜ ਤੋਂ ਵੱਧ ਵਿਅਕਤੀਆਂ ਦੇ ਇਕੱਠੇ ਹੋਣ/ਗਤੀਵਿਧੀਆਂ ਕਰਨ 'ਤੇ ਪਾਬੰਦੀ ਹੋਵੇਗੀ। ਇਹ ਹੁਕਮ ਚੋਣ ਡਿਊਟੀ ਉੱਪਰ ਤਾਇਨਾਤ ਅਧਿਕਾਰੀਆਂ ਤੇ ਕਰਮਚਾਰੀਆਂ ਉੱਪਰ ਲਾਗੂ ਨਹੀਂ ਹੋਵੇਗੀ।

## ਪ੍ਰਿੰਸੀਪਲ ਨਾਯਰ 'ਲਾਈਫ਼ ਟਾਈਮ ਅਚੀਵਮੈਂਟ' ਐਵਾਰਡ ਨਾਲ ਸਨਮਾਨਿਤ



ਧਾਰੀਵਾਲ (ਮਨਦੀਪ ਸਿੰਘ ਵਿੱਕੀ)- ਸੇਂਟ ਕਬੀਰ ਪਬਲਿਕ ਸਕੂਲ ਸੁਲਤਾਨਪੁਰ (ਗੁਰਦਾਸਪੁਰ) ਸਿੱਖਿਆ ਦੇ ਖੇਤਰ ਵਿੱਚ ਹਮੇਸ਼ਾ ਹੀ ਨਵੀਆਂ ਪੈੜਾਂ ਪਾਉਂਦਾ ਰਿਹਾ ਹੈ ਜਿਸ ਦਾ ਸਿਹਰਾ ਸਕੂਲ ਪ੍ਰਿੰਸੀਪਲ ਐਸ.ਬੀ. ਨਾਯਰ ਦੀ ਕਾਬਲੀਅਤ ਅਤੇ ਤਜ਼ਰਬੇ ਨੂੰ ਜਾਂਦਾ ਹੈ। ਇਸੇ ਹੁਨਰ ਅਤੇ ਹੌਸਲੇ ਨੂੰ ਮੱਦੇ ਨਜ਼ਰ ਰੱਖਦਿਆਂ ਹੋਇਆਂ ਫੈਡਰੇਸ਼ਨ ਆਫ ਪ੍ਰਾਈਵੇਟ ਸਕੂਲ ਐਂਡ ਐਸੋਸ਼ੀਏਸ਼ਨ ਵੱਲੋਂ ਚੰਡੀਗੜ੍ਹ ਯੂਨੀਵਰਸਿਟੀ ਵਿਖੇ ਕਰਵਾਏ ਗਏ ਪੰਜਵੇਂ ਸਨਮਾਨ ਸਮਾਰੋਹ ਫੈਪ ਦੌਰਾਨ ਮੁੱਖ ਮਹਿਮਾਨ ਚੇਅਰਮੈਨ ਅਮਰਪਾਲ ਸਿੰਘ, ਪੀ.ਐਸ.ਈ.ਬੀ) ਫੈਪ ਪ੍ਰਧਾਨ ਜਗਜੀਤ ਸਿੰਘ ਧੂਰੀ, ਆਸਿਮ ਕੁਮਾਰ ਘੋਸ਼ ਫੈਪ (ਗਵਰਨਰ ਪ੍ਰੋਫੈਸਰ, ਹਰਿਆਣਾ) ਵਾਈਸ ਚਾਂਸਲਰ ਸਤਨਾਮ ਸਿੰਘ ਸੰਧੂ , ਪੰਜਾਬੀ ਗਾਇਕ ਜਸਬੀਰ ਸਿੰਘ ਜੱਸੀ ਦੁਆਰਾ ਨਾਯਰ ਦਾ 'ਲਾਈਫ ਟਾਈਮ ਅਚੀਵਮੈਂਟ ਅਵਾਰਡ' ਨਾਲ ਸਨਮਾਨਿਤ ਕੀਤਾ ਗਿਆ। ਇਸ ਮੌਕੇ ਪ੍ਰਿੰਸੀਪਲ ਨਾਯਰ ਨੇ ਖੁਸ਼ੀ ਜਾਹਿਰ ਕਰਦਿਆਂ ਦੱਸਿਆ ਕਿ ਇਹ ਸਨਮਾਨ ਸਮਾਰੋਹ ਚੰਡੀਗੜ੍ਹ ਯੂਨੀਵਰਸਿਟੀ ਵਿਖੇ ਕਰਵਾਇਆ ਗਿਆ । ਇਸ ਮੌਕੇ ਕੋਆਰਡੀਨੇਟਰ ਵਿਸ਼ਾਲ ਸਿੰਘ, ਟੇਨ ਸਿੰਘ, ਅਮਨਪ੍ਰੀਤ ਕੌਰ, ਮੈਡਮ ਜਸਵਿੰਦਰ ਕੌਰ, ਪੀ.ਐਸ. ਚਾਹਲ, ਦਮਨਬੀਰ ਸਿੰਘ, ਸੀਮਾ ਕਾਲੀਆ, ਸੀਮਾ ਦਿਕਸ਼ਿਤ ਆਦਿ ਹਾਜਰ ਸਨ।

## 13 ਗ੍ਰਾਮ 420 ਮਿਲੀਗ੍ਰਾਮ ਹੈਰੋਇਨ ਸਮੇਤ ਗ੍ਰਿਫ਼ਤਾਰ

ਗੁਰਦਾਸਪੁਰ (ਜਨਕ ਮਹਾਜਨ)- ਯੁੱਧ ਨਸ਼ੇ ਦੇ ਵਿਰੁੱਧ ਮੁਹਿੰਮ ਤਹਿਤ ਡਾਇਰੈਕਟਰ ਜਨਰਲ ਪੁਲਸ ਪੰਜਾਬ ਅਤੇ ਡਿਪਟੀ ਇੰਸਪੈਕਟਰ ਜਨਰਲ ਪੁਲਸ ਬਾਰਡਰ ਰੇਂਜ ਅੰਮ੍ਰਿਤਸਰ ਵੱਲੋਂ ਦਿੱਤੇ ਗਏ ਦਿਸ਼ਾ-ਨਿਰਦੇਸ਼ਾਂ ਅਨੁਸਾਰ ਥਾਣਾ ਸਿਟੀ ਗੁਰਦਾਸਪੁਰ ਵਿਖੇ ਕਰਨਵੀਰ ਸਿੰਘ ਅਤੇ ਸੁਖਜਿੰਦਰ ਸਿੰਘ ਨੂੰ ਮੋਟਰਸਾਈਕਲ ਸਮੇਤ ਕਾਬੂ ਕਰਕੇ ਉਨ੍ਹਾਂ ਪਾਸੋਂ 6 ਗ੍ਰਾਮ 420 ਮਿਲੀਗ੍ਰਾਮ ਹੈਰੋਇਨ ਬ੍ਰਾਮਦ ਕੀਤੀ ਗਈ, ਜਿਸ 'ਤੇ ਕਥਿਤ ਦੋਸ਼ੀਆਂ ਦੇ ਖਿਲਾਫ ਮੁਕੱਦਮਾ ਬਾ-ਜੁਰਮ 21/29-61-85 ਐਨਡੀਪੀਐੱਸ ਐਕਟ ਥਾਣਾ ਸਿਟੀ ਗੁਰਦਾਸਪੁਰ ਵਿਖੇ ਦਰਜ ਰਜਿਸਟਰ ਕੀਤਾ ਗਿਆ।

## ਜੀ ਆਰ ਡੀ ਸਕੂਲ ਦੀ ਲਗਾਤਾਰ ਸ਼ਾਨਦਾਰ ਪ੍ਰਾਪਤੀ



ਅਜਨਾਲਾ (ਸੁਖਜਿੰਦਰ ਸਿੰਘ ਰਾਜੂ)- ਜੀ ਆਰ ਡੀ ਸਕੂਲ ਦੀ ਪ੍ਰਤਿਭਾਸ਼ਾਲੀ ਵਿਦਿਆਰਥਣ ਮੰਜੀਤ ਕੌਰ ਨੇ ਪੰਜਾਬੀ ਵਿਸ਼ੇ ਵਿੱਚ ਉੱਤਮ ਪ੍ਰਦਰਸ਼ਨ ਕਰਦੇ ਹੋਏ ਫੈਪ ਸਟੇਟ ਚੈਂਪੀਅਨ ਐਵਾਰਡ ਜਿੱਤਿਆ ਹੈ। ਇਸ ਸਫਲਤਾ ਨਾਲ ਸਕੂਲ ਦਾ ਨਾਂ ਸੂਬਾ ਪੱਧਰ 'ਤੇ ਹੋਰ ਵੀ ਰੌਸ਼ਨ ਹੋਇਆ ਹੈ।ਇਸੇ ਮੌਕੇ, ਪੰਜਾਬੀ ਵਿਸ਼ੇ ਦੀ ਸਮਰਪਿਤ ਅਧਿਆਪਿਕਾ ਰਜਿੰਦਰ ਕੌਰ ਨੂੰ ਉਨ੍ਹਾਂ ਦੀ ਮੇਹਨਤ ਅਤੇ ਪ੍ਰੇਰਨਾਦਾਇਕ ਰਹਿਨੁਮਾਈ ਲਈ ਸਰਵੋਤਮ ਪ੍ਰੇਰਕ ਟੀਚਰ ਅਵਾਰਡ ਨਾਲ ਸਨਮਾਨਿਤ ਕੀਤਾ ਗਿਆ ਹੈ।ਜ਼ਿਕਰਯੋਗ ਹੈ ਕਿ ਪਿਛਲੇ ਹਫ਼ਤੇ ਵੀ ਜੀ ਆਰ ਡੀ ਸਕੂਲ ਨੂੰ ਇੱਕ ਵੱਡਾ ਮਾਣ ਪ੍ਰਾਪਤ ਹੋਇਆ ਸੀ, ਜਦੋਂ ਸਕੂਲ ਦੇ ਪ੍ਰਿੰਸੀਪਲ ਸਾਹਿਬ ਨੂੰ ਫੈਪ ਆਰਗਨਾਈਜ਼ੇਸ਼ਨ ਵੱਲੋਂ ਸਰਵੋਤਮ ਪ੍ਰਿੰਸੀਪਲ ਅਵਾਰਡ ਨਾਲ ਨਵਾਜ਼ਿਆ ਗਿਆ ਸੀ।

## ਬਾਬਾ ਬਲਬੀਰ ਸਿੰਘ 96 ਕਰੋੜੀ ਨੇ ਕਬੱਡੀ ਕੱਪ ਦੀ ਸਫਲਤਾ 'ਤੇ ਦਿੱਤੀ ਵਧਾਈ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)- ਨਿਹੰਗ ਸਿੰਘਾਂ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਪੰਜਵਾਂ ਤਖ਼ਤ ਦੇ 14ਵੇਂ ਮੁਖੀ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਨੇ ਨਿਊਜ਼ੀਲੈਂਡ ਵਿਚ ਵੱਸਦੇ ਸਿੱਖ ਅਤੇ ਪੰਜਾਬੀ ਭਾਈਚਾਰੇ ਵੱਲੋਂ ਬੀਤੇ ਦਿਨੀਂ ਕਰਵਾਏ ਗਏ ਤੀਜੇ ਵਿਸ਼ਵ ਕਬੱਡੀ ਕੱਪ ਦੀ ਸਫਲਤਾ 'ਤੇ ਵਧਾਈ ਦਿੰਦਿਆਂ ਕਿਹਾ ਕਿ ਪੰਜਾਬੀ ਜਿਸ ਵੀ ਦੇਸ਼ ਵਿੱਚ ਵੱਸੇ ਹਨ ਉਨ੍ਹਾਂ ਨੇ ਆਪਣੀ ਮੇਹਨਤ ਸਦਕਾ ਵੱਡੇ ਮੁਕਾਮ ਹਾਸਲ ਕੀਤੇ ਹਨ। ਪੰਜਾਬੀਆਂ ਨੇ ਵਿਦੇਸ਼ ਅੰਦਰ ਰਹਿੰਦਿਆਂ ਆਪਣੇ ਸਭਿਆਚਾਰ ਅਤੇ ਖੇਡਾਂ ਪ੍ਰਤੀ ਹਮੇਸ਼ਾ ਵੱਡੇ ਉਪਰਾਲੇ ਕੀਤੇ ਅਤੇ ਆਪਣੀਆਂ ਰਵਾਇਤਾਂ ਤੇ ਖੇਡ ਸਭਿਆਚਾਰ ਨੂੰ ਬਰਕਰਾਰ ਰੱਖਿਆ ਹੈ। ਬਾਬਾ ਬਲਬੀਰ ਸਿੰਘ ਨੇ ਵਿਸ਼ਵ ਕਬੱਡੀ ਲਈ ਕੀਤੇ ਇਸ ਉਪਰਾਲੇ ਲਈ ਸੁਪਰੀਮ ਸਿੱਖ ਸੋਸਾਇਟੀ ਨਿਊਜ਼ੀਲੈਂਡ ਦੇ ਪ੍ਰਧਾਨ ਭਾਈ ਦਲਜੀਤ ਸਿੰਘ ਅਤੇ ਸਾਰੇ ਪ੍ਰਬੰਧਕਾਂ ਦੇ ਇਸ ਕਾਰਜ ਦੀ ਪ੍ਰਸੰਸਾ ਕਰਦਿਆਂ ਅਜਿਹੇ ਉਪਰਾਲੇ ਇਸੇ ਤਰ੍ਹਾਂ ਜਾਰੀ ਰੱਖਣ ਦੀ ਆਸ ਪ੍ਰਗਟਾਈ ਹੈ।

## ਫੈਪ ਨੈਸ਼ਨਲ ਕਲਚਰਲ ਮੁਕਾਬਲੇ 'ਚ ਸੇਂਟ ਸੋਲਜਰ ਸਕੂਲ ਮਜੀਠਾ ਰਿਹਾ ਜੇਤੂ



ਮਜੀਠਾ (ਸੋਇਮ ਆਨੰਦ)- ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਮਜੀਠਾ ਨੂੰ ਫੈਪ ਨੈਸ਼ਨਲ ਕਲਚਰਲ ਮੁਕਾਬਲੇ ਵਿੱਚੋਂ ਜੇਤੂ ਐਲਾਨਿਆ ਗਿਆ ਹੈ।ਪ੍ਰਾਪਤ ਹੋਈ ਜਾਣਕਾਰੀ ਅਨੁਸਾਰ ਫੈਪ ਫੈਡਰੇਸ਼ਨ ਵਿੱਚ 200 ਸਕੂਲਾਂ ਦੇ ਇਕੱਠ ਵਿੱਚ ਲੋਕ ਗੀਤਾਂ ਦੇ ਕਰਵਾਏ ਗਏ ਮੁਕਾਬਲਿਆਂ ਵਿੱਚੋਂ ਫਸਟ ਰਾਊਂਡ ਵਿੱਚ ਕੁੱਲ 41 ਸਕੂਲ ਹੀ ਸੈਕਿੰਡ ਰਾਊਂਡ ਵਾਸਤੇ ਕੁਆਲੀਫਾਈ ਕਰ ਸਕੇ।ਚੰਡੀਗੜ੍ਹ ਵਿਖੇ ਹੋਏ ਇਨ੍ਹਾਂ ਮੁਕਾਬਲਿਆਂ ਵਿੱਚ ਲੋਕ ਗੀਤ 'ਲੰਘ ਆ ਜਾ ਪੱਤਣ ਝਨਾਂ ਦਾ' ਗਾ ਕੇ ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਮਜੀਠਾ ਦੇ ਵਿਦਿਆਰਥੀਆਂ ਨੇ ਪਹਿਲਾ ਸਥਾਨ ਪ੍ਰਾਪਤ ਕਰਕੇ ਦਰਸ਼ਕਾਂ ਤੇ ਸਰੋਤਿਆਂ ਦਾ ਮਨ ਮੋਹ ਲਿਆ।ਇਸ ਦੌਰਾਨ ਫੈਪ ਫੈਡਰੇਸ਼ਨ ਦੇ ਅਧੀਨ ਹੀ ਪ੍ਰਿੰਸੀਪਲ ਲਕਸ਼ਤਾ ਵਰਮਾ ਨੂੰ ਗੋਲਡਨ ਪ੍ਰਿੰਸੀਪਲ ਦੇ ਸਨਮਾਨ ਨਾਲ ਨਿਵਾਜਿਆ ਗਿਆ।ਇੰਸਪਾਇਰਿੰਗ ਟੀਚਰ ਦੇ ਐਵਾਰਡ ਨਾਲ ਪਰਮੀਤ ਸਿੰਘ ਨੂੰ ਸਨਮਾਨ ਹਾਸਲ ਹੋਇਆ।ਮੈਗਾ ਓਲੰਪੀਆਰਡ ਵਿੱਚ ਪੰਜਾਬ ਭਰ ਵਿੱਚੋਂ ਸਕੂਲ ਦੀ ਹੋਣਹਾਰ ਵਿਦਿਆਰਥਣ ਸੁਖਲੀਨ ਕੌਰ ਨੇ 40 ਨੰਬਰਾਂ ਵਿੱਚੋਂ 39 ਨੰਬਰ ਪ੍ਰਾਪਤ ਕੀਤੇ। ਇਸ ਤੋਂ ਇਲਾਵਾ 26 ਵਿਦਿਆਰਥੀਆਂ ਜਿਹੜੇ ਸਕੂਲ ਦੇ ਟਾਪਰ ਵੀ ਹਨ, ਵੱਲੋਂ ਮੈਡਲ ਅਤੇ ਸਰਟੀਫਿਕੇਟ ਪ੍ਰਾਪਤ ਕੀਤੇ ਗਏ।ਇਸ ਮੌਕੇ ਸਕੂਲ ਪਹੁੰਚਣ 'ਤੇ ਐੱਮਡੀ ਡਾ. ਮੰਗਲ ਸਿੰਘ ਕਿਸ਼ਨਪੁਰੀ, ਚੇਅਰਮੈਨ ਜਸਪਿੰਦਰ ਸਿੰਘ ਕਾਹਲੋਂ, ਮੁੱਖ ਪ੍ਰਬੰਧਕ ਮੈਡਮ ਹਰਜਿੰਦਰ ਪਾਲ ਕੌਰ ਨੇ ਫੁੱਲਾਂ ਦੇ ਹਾਰ ਪਹਿਨਾ ਕੇ ਜੇਤੂਆਂ ਦਾ ਸ਼ਾਨਦਾਰ ਸਵਾਗਤ ਕੀਤਾ।ਸੁਖਲੀਨ ਕੌਰ ਸਮੇਤ ਸੰਗੀਤ ਵਿਦਿਆਰਥੀ ਕੋਮਲਪ੍ਰੀਤ, ਜਸ਼ਨਪ੍ਰੀਤ, ਰਜਨੀਤ, ਕੀਰਤਜੀਤ, ਸੁਪ੍ਰੀਤ ਅਤੇ ਲੀਜਾ ਆਦਿ ਨੇ ਸਕੂਲ ਦਾ ਨਾਮ ਰੌਸ਼ਨ ਕੀਤਾ ਤੇ ਇਲਾਕੇ ਵਿੱਚ ਵਾਹ-ਵਾਹ ਖੱਟੀ ਜਿਸ ਨਾਲ ਸਮੂਹ ਸਟਾਫ ਤੇ ਵਿਦਿਆਰਥੀਆਂ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ।

## ਵਾਈਸ ਚਾਂਸਲਰ ਪ੍ਰੋ. ਡਾ. ਕਰਮਜੀਤ ਸਿੰਘ ਦੇ ਕਾਰਜਕਾਲ ਦਾ ਇੱਕ ਵਰ੍ਹਾ ਪੂਰਾ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)- ਗੁਰੂ ਨਾਨਕ ਦੇਵ ਯੂਨੀਵਰਸਿਟੀ ਅੱਜ ਉਸ ਮੋੜ 'ਤੇ ਖੜ੍ਹੀ ਹੈ ਜਿੱਥੇ ਵਿਦਿਆ ਦਾ ਚਾਨਣ ਕਿਤਾਬਾਂ ਰਾਹੀਂ ਹਰ ਨੌਜਵਾਨ ਦੇ ਹੱਥਾਂ ਵਿੱਚ ਇੱਕ ਮਸ਼ਾਲ ਬਣ ਕੇ ਪੰਜਾਬ ਦੇ ਭਵਿੱਖ ਨੂੰ ਰੌਸ਼ਨ ਕਰ ਰਿਹਾ ਹੈ। ਪ੍ਰੋ. ਡਾ. ਕਰਮਜੀਤ ਸਿੰਘ ਦੀ ਅਗਵਾਈ ਵਿੱਚ ਇਹ ਯੂਨੀਵਰਸਿਟੀ ਇੱਕ ਸਾਲ ਵਿੱਚ ਹੀ ਇੱਕ ਅਜਿਹੇ ਸੁਪਨੇ ਨੂੰ ਹਕੀਕਤ ਦੇ ਰੂਪ ਵਿੱਚ ਬਦਲ ਰਹੀ ਹੈ ਜਿੱਥੇ ਵਿਦਿਆਰਥੀ ਨਾ ਸਿਰਫ਼ ਡਿਗਰੀ ਲੈ ਕੇ ਨਿਕਲਦਾ ਹੈ, ਬਲ ਕਿ ਆਪਣੇ ਨਾਲ ਇੱਕ ਨਵਾਂ ਸਟਾਰਟਅੱਪ, ਇੱਕ ਨਵੀਂ ਤਕਨੀਕ ਜਾਂ ਸਮਾਜ ਲਈ ਇੱਕ ਨਵਾਂ ਹੱਲ ਲੈ ਕੇ ਨਿਕਲਦਾ ਹੈ। ਇਹ ਨਵੀਂ ਸਵੇਰ ਪੰਜਾਬ ਦੇ ਪੇਂਡੂ ਅਤੇ ਸਰਹੱਦੀ ਇਲਾਕਿਆਂ ਦੇ ਨੌਜਵਾਨਾਂ ਲਈ ਵੀ ਬਰਾਬਰ ਦੇ ਮੌਕੇ ਲੈ ਕੇ ਆਈ ਹੈ। ਇੱਕ ਸਾਲ ਪਹਿਲਾਂ ਜਦੋਂ ਪ੍ਰੋ. ਡਾ. ਕਰਮਜੀਤ ਸਿੰਘ ਨੇ ਅਹੁਦਾ ਸੰਭਾਲਿਆ ਸੀ, ਤਾਂ ਉਹਨਾਂ ਨੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਨੂੰ ਹੋਰ ਉਚਾਈਆਂ 'ਤੇ ਲਿਜਾਣ ਲਈ ਕਈ ਸੁਪਨੇ ਸੰਜੋਏ ਸਨ ਜੋ ਹੁਣ ਪੂਰੇ ਹੁੰਦੇ ਨਜ਼ਰ ਆ ਰਹੇ ਹਨ। ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. ਡਾ. ਕਰਮਜੀਤ ਸਿੰਘ ਨੇ ਪਿਛਲੇ ਸਾਲ 10 ਦਸੰਬਰ ਨੂੰ ਅਹੁਦਾ ਸੰਭਾਲਿਆ ਸੀ ਅਤੇ ਉਨ੍ਹਾਂ ਦੇ ਕਾਰਜਕਾਲ ਨੂੰ ਇੱਕ ਸਾਲ ਪੂਰਾ ਹੋਣ ਮੌਕੇ ਯੂਨੀਵਰਸਿਟੀ ਦੇ ਅਧਿਆਪਕਾਂ, ਕਰਮਚਾਰੀਆਂ, ਅਧਿਕਾਰੀਆਂ ਅਤੇ ਵੱਖ-ਵੱਖ ਐਸੋਸੀਏਸ਼ਨਾਂ ਨੇ ਵਧਾਈਆਂ ਦਿੱਤੀਆਂ ਹਨ। ਗੁਰੂ ਨਾਨਕ ਦੇਵ ਯੂਨੀਵਰਸਿਟੀ ਦੀ ਟੀਚਿੰਗ ਐਸੋਸੀਏਸ਼ਨ, ਆਫਿਸਰ ਐਸੋਸੀਏਸ਼ਨ ਅਤੇ ਨਾਨ ਟੀਚਿੰਗ ਐਸੋਸੀਏਸ਼ਨ ਦੇ ਪ੍ਰਧਾਨ ਸਕੱਤਰ ਅਤੇ ਹੋਰ ਅਹੁਦੇਦਾਰਾਂ ਨੇ ਵਾਈਸ ਚਾਂਸਲਰ ਨੂੰ ਵਿਸ਼ੇਸ਼ ਤੌਰ 'ਤੇ ਮੁਬਾਰਕਬਾਦ ਦਿੱਤੀ।

## ਆਰ ਡੀ ਖੋਸਲਾ ਸਕੂਲ ਦੀ ਪਲਕ ਸ਼ਤਰੰਜ ਮੁਕਾਬਲੇ ਵਿੱਚ ਪਹਿਲੇ ਸਥਾਨ 'ਤੇ ਰਹੀ



ਬਟਾਲਾ (ਤਰਲੋਕ ਬੱਗਾ, ਡਾ ਮਲਵਿੰਦਰ ਸਿੰਘ)- ਉਮਰ ਵਰਗ ਅੰਡਰ 9 ਤੋਂ ਲੈ ਕੇ ਉਮਰ ਵਰਗ ਅੰਡਰ-17 ਤੱਕ ਦਾ ਪੰਜਾਬ ਸਕੂਲ ਓਪਨ ਟੂਰਨਾਮੈਂਟ ਸ਼ਤਰੰਜ ਮੁਕਾਬਲਾ ਗੁਰਦਾਸਪੁਰ ਵਿੱਚ ਆਯੋਜਿਤ ਕੀਤਾ ਗਿਆ। ਇਸ ਰਾਜ ਪੱਧਰੀ ਮੁਕਾਬਲੇ ਵਿੱਚ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਦੇ ਸਕੂਲਾਂ ਦੇ ਬੱਚਿਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ।ਇਸ ਮੌਕੇ ਆਰ.ਡੀ. ਖੋਸਲਾ ਡੀ.ਏ.ਵੀ ਮਾਡਲ ਸੀਨੀਅਰ ਸੈਕੰਡਰੀ ਸਕੂਲ, ਬਟਾਲਾ ਦੀ ਪ੍ਰਤਿਭਾਸ਼ਾਲੀ ਵਿਦਿਆਰਥਣ ਪਲਕ ਨੇ ਸ਼ਾਨਦਾਰ ਪ੍ਰਦਰਸ਼ਨ ਕਰਕੇ ਪਹਿਲਾ ਸਥਾਨ ਪ੍ਰਾਪਤ ਕੀਤਾ, ਇਸ ਤੋਂ ਇਲਾਵਾ ਚਾਰ ਹੋਰ ਵਿਦਿਆਰਥੀਆਂ ਰਮਣੀਕ ਕੌਰ, ਅਰਜੁਨ ਕੱਕੜ, ਅਜੈ ਕੱਕੜ ਅਤੇ ਹਰਸ਼ਿਤ ਵਰਮਾ ਨੂੰ ਵੀ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰਨ ਲਈ ਪ੍ਰਸ਼ੰਸਾ ਪੱਤਰ ਪ੍ਰਾਪਤ ਹੋਏ।ਸਕੂਲ ਦੇ ਚੇਅਰਮੈਨ ਸ੍ਰੀ ਅਰਵਿੰਦ ਖੋਸਲਾ, ਪ੍ਰਧਾਨ ਸ੍ਰੀ ਅਜੈ ਖੋਸਲਾ ਅਤੇ ਪ੍ਰਿੰਸੀਪਲ ਡਾ. ਬਿੰਦੂ ਭੱਲਾ ਨੇ ਸਾਰੇ ਜੇਤੂਆਂ, ਉਨ੍ਹਾਂ ਦੇ ਮਾਪਿਆਂ ਅਤੇ ਕੋਚ ਸ੍ਰੀਮਤੀ ਸ਼੍ਰੇਸ਼ਠਾ ਸ਼ਰਮਾ ਨੂੰ ਵਧਾਈ ਦਿੱਤੀ।

## ਗੁਰੂ ਅਮਰਦਾਸ ਆਦਰਸ਼ ਇੰਸਟੀਚਿਊਟ ਦੀ ਵਿਦਿਆਰਥਣ ਰੰਗੋਲੀ ਮੁਕਾਬਲੇ ਵਿੱਚ ਮੋਹਰੀ



ਤਰਨ ਤਾਰਨ (ਪ੍ਰਿਤਪਾਲ ਸਿੰਘ)- ਗੁਰੂ ਅਮਰਦਾਸ ਆਦਰਸ਼ ਇੰਸਟੀਟਿਊਟ, ਗੋਇੰਦਵਾਲ ਸਾਹਿਬ ਦੀ ਹੋਣਹਾਰ ਵਿਦਿਆਰਥਣ ਅਪਨੀਤ ਕੌਰ ਸਪੁੱਤਰੀ ਸਰਦਾਰ ਭੁਪਿੰਦਰ ਸਿੰਘ ਵਾਸੀ ਖਵਾਸਪੁਰ ਨੇ ਗੁਰੂ ਅਰਜਨ ਦੇਵ ਖਾਲਸਾ ਕਾਲਜ, ਚੋਹਲਾ ਸਾਹਿਬ ਵਿੱਚ ਆਯੋਜਿਤ ਜ਼ਿਲ੍ਹਾ ਰੰਗੋਲੀ ਮੁਕਾਬਲੇ ਵਿੱਚ ਅਧਿਆਪਕਾ ਕਮਲਪ੍ਰੀਤ ਕੌਰ ਦੀ ਯੋਗ ਅਗਵਾਈ ਸਦਕਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਇਸ ਮੁਕਾਬਲੇ ਵਿੱਚ ਜ਼ਿਲ੍ਹੇ ਦੇ ਕਈ ਸਕੂਲਾਂ ਦੇ ਵਿਦਿਆਰਥੀਆਂ ਨੇ ਭਾਗ ਲਿਆ। ਸਖ਼ਤ ਮੁਕਾਬਲੇ ਹੋਣ ਦੇ ਬਾਵਜੂਦ ਅਪਨੀਤ ਕੌਰ ਨੇ ਆਪਣੀ ਕਲਾ ਨਾਲ ਸਭ ਨੂੰ ਪ੍ਰਭਾਵਿਤ ਕਰਕੇ ਪਹਿਲਾ ਸਥਾਨ ਹਾਸਲ ਕੀਤਾ। ਸੰਸਥਾ ਦੇ ਡਾਇਰੈਕਟਰ ਡਾਕਟਰ ਜਤਿੰਦਰਪਾਲ ਸਿੰਘ ਰੰਧਾਵਾ ਨੇ ਕਾਬਿਲੇ-ਤਾਰੀਫ਼ ਸਫਲਤਾ ਲਈ ਜੇਤੂ ਵਿਦਿਆਰਥਣ ਨੂੰ ਵਧਾਈ ਦਿੰਦਿਆਂ ਉਸ ਨੂੰ ਸਨਮਾਨਿਤ ਕੀਤਾ।

## ਅਮਿੱਟ ਯਾਦਾਂ ਛੱਡ ਗਿਆ ਸੇਂਟ ਸੋਲਜਰ ਸਕੂਲ ਦਾ ਸਲਾਨਾ ਇਨਾਮ ਵੰਡ ਸਮਾਰੋਹ



ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)- ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਜੰਡਿਆਲਾ ਗੁਰੂ ਦਾ 28ਵਾਂ ਸਾਲਾਨਾ ਸਮਾਗਮ ਸੰਤ ਬਾਬਾ ਪਰਮਾਨੰਦ ਜੀ ਮੁੱਖ ਸੇਵਾਦਾਰ ਗੁਰਦੁਆਰਾ ਗੁਰੂ ਬਾਬਾ ਹੰਦਾਲ ਜੀ ਦੇ ਆਸ਼ੀਰਵਾਦ ਨਾਲ ਸਕੂਲ ਦੇ ਸ਼ਾਨਦਾਰ ਆਡੀਟੋਰੀਅਮ ਵਿੱਚ ਕਰਵਾਇਆ ਗਿਆ । ਸਮਾਗਮ ਦਾ ਥੀਮ 'ਵਿਰਾਸਤ ਦੀ ਧਰਤੀ' ਰੱਖਿਆ ਗਿਆ।ਬੱਚਿਆਂ ਨੇ ਇਸ ਸਮਾਗਮ ਵਿੱਚ ਸ਼ਾਸਤਰੀ ਨਾਚ ,ਲੋਕ ਨਾਚ ਦੀਆਂ ਪੇਸ਼ਕਾਰੀਆਂ, ਦੇਸ਼ ਭਗਤੀ ਨਾਲ ਸੰਬੰਧਿਤ ਕੋਰਿਓਗ੍ਰਾਫੀਆਂ ,ਬਾਲੀਵੁੱਡ ਗਾਣਿਆਂ ਦੇ ਲੋਕ ਗੀਤ ,ਵਾਤਾਵਰਨ ਜਾਗਰੂਕਤਾ ਸਬੰਧੀ ਵਣਗੀਆਂ ਅਤੇ ਪੰਜਾਬੀ ਸੱਭਿਆਚਾਰ ਨੂੰ ਦਰਸਾਉਂਦਾ ਗਿੱਧਾ ਅਤੇ ਭੰਗੜਾ ਪੇਸ਼ ਕਰਕੇ ਉੱਥੇ ਬੈਠੇ ਹਜ਼ਾਰਾਂ ਸਰੋਤਿਆਂ ਦਾ ਮੰਨ ਮੋਹ ਲਿਆ ।ਬੱਚਿਆਂ ਵੱਲੋਂ ਯੋਗਾ ਅਤੇ ਗਤਕੇ ਦੇ ਵੀ ਸ਼ਾਨਦਾਰ ਜੌਹਰ ਵਿਖਾਏ ਗਏ । ਸਮਾਗਮ ਵਿੱਚ ਮੁੱਖ ਮਹਿਮਾਨ ਦੇ ਤੌਰ 'ਤੇ ਡਾ:ਸੰਦੀਪ ਸਿੰਘ , ਸ੍ਰੀ ਕੁੰਵਰ ਵਿਜੇ ਪ੍ਰਤਾਪ ਸਿੰਘ , ਸ:ਹਰਪਾਲ ਸਿੰਘ ਯੂ ਕੇ ( ਚੇਅਰਮੈਨ ਰਾਸਾ ) ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਏ। ਸ੍ਰੀਮਤੀ ਅਮਨਦੀਪ ਕੌਰ (ਡਾਇਰੈਕਟਰ ਪ੍ਰਿੰਸੀਪਲ ਸੇਂਟ ਸੋਲਜਰ ਸਕੂਲ ਮਜੀਠਾ) ਪ੍ਰਿੰਸੀਪਲ ਹਰਜਿੰਦਰ ਪਾਲ ਕੌਰ (ਸੇਂਟ ਸੋਲਜਰ ਸਕੂਲ ਮਜੀਠਾ) ਸ: ਜਸਵਿੰਦਰ ਸਿੰਘ ਕਾਹਲੋ ਚੇਅਰਮੈਨ (ਸੇਂਟ ਸੋਲਜਰ ਸਕੂਲ ਮਜੀਠਾ) ਸ: ਸਰਬਜੀਤ ਸਿੰਘ ਡਿੰਪੀ( ਸ਼ਹਿਰੀ ਪ੍ਰਧਾਨ ਆਮ ਆਦਮੀ ਪਾਰਟੀ) ਸਰਪੰਚ ਕਿਰਪਾਲ ਸਿੰਘ ਰਾਮ ਦਿਵਾਲੀ ਜਨਰਲ ਸਕੱਤਰ ਕੰਬੋਜ ਸਭਾ ,ਅਵਤਾਰ ਸਿੰਘ ਕਾਲਾ ਐਮ ਸੀ ,ਬਲਦੇਵ ਸਿੰਘ ਗਾਂਧੀ, ਕਾਮਰੇਡ ਲਖਬੀਰ ਸਿੰਘ ਨਿਜ਼ਾਮਪੁਰਾ, ਕਾਮਰੇਡ ਪਿਆਰਾ ਸਿੰਘ ,ਦਲਜੀਤ ਸਿੰਘ ਖਾਲਸਾ ਕਿਸਾਨ ਆਗੂ, ਡਾ:ਇਕਬਾਲ ਸਿੰਘ, ਸਮੂਹ ਪੱਤਰਕਾਰ ਭਾਈਚਾਰਾ ਅਤੇ ਹੋਰ ਪਤਵੰਤੇ ਸੱਜਣਾਂ ਨੇ ਇਸ ਸਮਾਗਮ ਵਿੱਚ ਸ਼ਿਰਕਤ ਕੀਤੀ। ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ: ਮੰਗਲ ਸਿੰਘ ਕਿਸ਼ਨਪੁਰੀ ਅਤੇ ਪ੍ਰਿੰਸੀਪਲ ਸ਼੍ਰੀਮਤੀ ਡਾ:ਅਮਰਪ੍ਰੀਤ ਕੌਰ ਨੇ ਆਏ ਹੋਏ ਮਹਿਮਾਨਾਂ ਦਾ ਸ਼ਾਨਦਾਰ ਸਵਾਗਤ ਕਰਦੇ ਹੋਏ ਉਹਨਾਂ ਨੂੰ ਯਾਦਗਾਰੀ ਮਮੈਂਟੋ ਚਿੰਨ ਭੇਂਟ ਕੀਤੇ। । ਸਕੂਲ ਦੇ ਵਾਈਸ ਪ੍ਰਿੰਸੀਪਲ ਗੁਰਪ੍ਰੀਤ ਕੌਰ, ਸ਼ਿਲਪਾ ਸ਼ਰਮਾ ਕੋਆਰਡੀਨੇਟਰ, ਨੀਲਾਕਸ਼ੀ ਗੁਪਤਾ ਕੁਆਡੀਨੇਟਰ ਸਮੂਹ ਸਟਾਫ ਅਤੇ ਬੱਚੇ ਵੀ ਹਾਜਰ ਸਨ।

## ਜਥੇਦਾਰ ਕੇਸਰ ਸਿੰਘ ਯਾਦਗਾਰੀ ਸਭਾ ਵੱਲੋਂ ਸ਼ਾਨਦਾਰ ਸਨਮਾਨ ਸਮਾਗਮ ਆਯੋਜਿਤ



ਪਠਾਨਕੋਟ (ਦਵਿੰਦਰ ਸਿੰਘ)- ਸਵਤੰਤਰਤਾ ਸੈਨਾਨੀ ਜਥੇਦਾਰ ਕੇਸਰ ਸਿੰਘ ਯਾਦਗਾਰੀ ਸਭਾ ਵਲੋਂ ਸਭਾ ਦੇ ਕਾਰਜਕਾਰੀ ਪ੍ਰਧਾਨ ਜਨਮਜੀਤ ਸਿੰਘ ਤੇ ਚੇਅਰਮੈਨ ਹਰਸਿਮਰਨਜੀਤ ਸਿੰਘ ਦੀ ਦੇਖਰੇਖ ਹੇਠ ਸਥਾਨਕ ਢਾਂਗੂ ਰੋਡ ਵਿਖੇ ਸਨਮਾਨ ਸਮਾਗਮ ਦਾ ਆਯੋਜਨ ਕੀਤਾ ਗਿਆ। ਸਮਾਗਮ ਵਿਚ ਸਰਬੱਤ ਖ਼ਾਲਸਾ ਸੰਸਥਾ ਦੇ ਮੁੱਖ ਪ੍ਰਬੰਧਕ ਜਥੇਦਾਰ ਗੁਰਦੀਪ ਸਿੰਘ ਗੁਲ੍ਹਾਟੀ, ਗੁਰਦੁਵਾਰਾ ਸ਼੍ਰੀ ਗੁਰੂ ਸਿੰਘ ਸਭਾ ਮਾਡਲ ਟਾਊਨ ਦੇ ਪ੍ਰਧਾਨ ਮਨਪ੍ਰੀਤ ਸਿੰਘ ਸਾਹਨੀ , ਸ਼੍ਰੋਮਣੀ ਅਕਾਲੀ ਦਲ ਦੇ ਜਿਲ੍ਹਾ ਪ੍ਰਧਾਨ ਸੁਰਿੰਦਰ ਸਿੰਘ ਕਨਵਰ ਮਿੰਟੂ ਵਿਸ਼ੇਸ਼ ਮਹਿਮਾਨ ਵਜੋਂ ਹਾਜਰ ਹੋਏ । ਸਮਾਗਮ ਦੌਰਾਨ ਸਭਾ ਵਲੋਂ ਬੀਤੇ ਦਿਨੀ ਸਭਾ ਦੇ ਸੰਸਥਾਪਕ ਸਵਰਗਵਾਸੀ ਜਥੇਦਾਰ ਜਸਬੀਰ ਸਿੰਘ ਸੰਧੂ ਦੀ ਨੌਵੀਂ ਸਾਲਾਨਾ ਮਿੱਠੀ ਯਾਦ 'ਚ ਲਗਾਏ ਗਏ ਮੁਫ਼ਤ ਨਿਊਰੋ ਥੈਰੇਪੀ ਤੇ ਸਪੀਚ ਥੈਰੇਪੀ ਕੈਂਪ ਵਿਚ ਸਹਿਯੋਗ ਦੇ. ਕੇ. ਕੈਂਪ ਨੂੰ ਸਫਲ ਬਣਾਉਣ ਵਾਲਿਆਂ ਨੂੰ ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਿਤ ਕੀਤਾ ਗਿਆ । ਨਿਊਰੋਥੇਰੇਪੀ ਮਾਹਰ ਡਾਕਟਰ ਜਰਨੈਲ ਸਿੰਘ, ਦੀਪਕ ਕੁਮਾਰ ਸੁਜਾਨਪੁਰ, ਮਨੀਸ਼ਾ ਬੱਗਾ ਸਮੇਤ ਟੀਮ ਵਿਚ ਸ਼ਾਮਿਲ ਵਿਸ਼ਾਲ ਕੁਮਾਰ, ਵਿਕਾਸ਼ ਕੁਮਾਰ, ਆਕਾਸ਼, ਪ੍ਰਿਯੰਕਾ ਦੇਵੀ, ਰਜਨੀ ਬਾਲਾ, ਕੌਸ਼ਲ ਭਗਤ, ਰਜਨੀ ਦੇਵੀ, ਰੀਆ, ਅੰਜਲੀ ਸੈਣੀ, ਪਲਕ, ਜਾਨਵੀ, ਸ਼ੇਖਰ, ਕੋਮਲ ਨੂੰ ਪ੍ਰਸ਼ੰਸਾ ਪੱਤਰ ਦਿਤੇ ਗਏ ਇਸ ਮੌਕੇ ਪਠਾਨਕੋਟ ਵਪਾਰ ਮੰਡਲ. ਦੇ ਪ੍ਰਧਾਨ ਮਨਿੰਦਰ ਸਿੰਘ ਲੱਕੀ, ਜਿਲ੍ਹਾ ਖੇਡ ਕੋਆਰਡੀਨੈਂਟਰ ਅਰੁਣ ਕੁਮਾਰ, ਭਜਨ ਦਾਸ, ਬ੍ਰਿਜ ਰਾਜ, ਸ਼ਰਨਜੀਤ ਸਿੰਘ ਆਦਿ ਹਾਜ਼ਰ ਸਨ।



## ਸੇਵਾ ਮੁਕਤ ਬਿਜਲੀ ਬੋਰਡ ਮੁਲਾਜ਼ਮਾਂ ਨੇ ਹੱਕੀ ਮੰਗਾਂ ਲਈ ਦਿੱਤਾ ਮੰਗ ਪੱਤਰ

ਅਜਨਾਲਾ (ਸੁਖਜਿੰਦਰ ਸਿੰਘ ਰਾਜੂ)- ਪੰਜਾਬ ਰਾਜ ਬਿਜਲੀ ਬੋਰਡ ਆਲ ਕੇਡਰਜ ਪੈਨਸ਼ਨ ਐਸੋਸੀਏਸ਼ਨ ਯੂਨਿਟ ਅਜਨਾਲਾ ਅਤੇ ਪੈਨਸ਼ਨ ਦੇ ਸਾਂਝੇ ਫਰੰਟ ਦੇ ਉੱਚ ਪੱਧਰੀ ਆਗੂਆਂ ਵਲੋਂ ਸੂਬਾ ਕਮੇਟੀ ਦੇ ਮੈਂਬਰ ਤੇ ਸੀਨੀਅਰ ਮੀਤ ਪ੍ਰਧਾਨ ਹਰਭਜਨ ਸਿੰਘ ਝੰਜੋਟੀ ਦੀ ਅਗਵਾਈ ਹੇਠ ਆਪਣੀਆਂ ਬਹੁਤ ਸਮੇਂ ਤੋਂ ਲੱਟਕਦੀਆਂ ਆ ਰਹੀਆਂ ਮੰਗਾਂ ਦੇ ਹੱਲ ਲਈ ਮਹਿਲਾ ਵਿੰਗ ਦੇ ਸੂਬਾ ਆਗੂ ਐਡਵੋਕੇਟ ਮੈਡਮ ਅਮਨਦੀਪ ਕੌਰ ਧਾਲੀਵਾਲ ਨੂੰ ਮੰਗ ਪੱਤਰ ਸੌਂਪਿਆ ਗਿਆ।ਇਸ ਮੌਕੇ ਸੀਨੀਅਰ ਪੈਨਸ਼ਨਰ ਆਗੂ ਹਰਭਜਨ ਸਿੰਘ ਝੰਜੋਟੀ ਨੇ ਦੱਸਿਆ ਕੀ ਛੇਵੇਂ ਪੇਅ ਕਮਿਸ਼ਨ ਦੀ ਸਿਫਾਰਸ਼ ਅਨੁਸਾਰ ਪੈਨਸ਼ਨ ਦੁਹਰਾਈ 2.59 ਨਾਲ ਕਰਨ ਤੇ ਘੱਟ ਤੋਂ ਘੱਟ 18000 ਰੁਪਏ ਦੇਣ ਸਮੇਤ ਅਨੇਕਾਂ ਮੰਗਾਂ ਦੀ ਪੂਰਤੀ ਨਹੀਂ ਕੀਤੀ ਗਈ ਹੈ। ਇਸ ਮੌਕੇ ਸਾਬਕਾ ਜਨਰਲ ਸਕੱਤਰ ਸੱਤਪਾਲ ਸਿੰਘ ਪੁਰਬਾ, ਜਰਨਲ ਸਕੱਤਰ ਹਰਜਿੰਦਰ ਸਿੰਘ, ਲੱਖਵਿੰਦਰ ਸਿੰਘ ਲੱਖਾ ਅਜਨਾਲਾ ਆਦਿ ਹਾਜ਼ਰ ਸਨ।

## 'ਨਸ਼ਾ ਮੁਕਤ ਪੰਜਾਬ' ਮੁਹਿੰਮ ਤਹਿਤ ਜ਼ਿਲ੍ਹਾ ਕਚਹਿਰੀਆਂ 'ਚ ਲੱਗਾ ਖ਼ੂਨਦਾਨ ਕੈਂਪ



ਗੁਰਦਾਸਪੁਰ (ਦਿਨੇਸ਼ ਕੁਮਾਰ)- ਦਿਲਬਾਗ ਸਿੰਘ ਜੌਹਲ, ਮਾਨਯੋਗ ਜਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਮੈਨ, ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਗੁਰਦਾਸਪੁਰ ਦੇ ਦਿਸ਼ਾ ਨਿਰਦੇਸ਼ਾਂ ਅਤੇ ਸ੍ਰੀ ਹਰਪ੍ਰੀਤ ਸਿੰਘ, ਸੀ.ਜੇ.ਐਮ-ਸਹਿਤ-ਸਕੱਤਰ, ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਗੁਰਦਾਸਪੁਰ ਵੱਲੋਂ 'ਨਸ਼ਾ ਮੁਕਤ ਪੰਜਾਬ' ਮੁਹਿੰਮ ਤਹਿਤ ਜਿਲ੍ਹਾ ਕਚਹਿਰੀਆਂ, ਗੁਰਦਾਸਪੁਰ ਵਿੱਚ ਖ਼ੂਨਦਾਨ ਕੈਂਪ ਲਗਾਇਆ ਗਿਆ।ਇਹ ਖ਼ੂਨਦਾਨ ਕੈਂਪ ਸਿਵਲ ਸਰਜਨ, ਗੁਰਦਾਸਪੁਰ ਦੇ ਸਹਿਯੋਗ ਨਾਲ ਲਗਾਇਆ ਗਿਆ।ਇਸ ਖ਼ੂਨਦਾਨ ਕੈਂਪ ਦਾ ਉਦਘਾਟਨ ਸ੍ਰੀ ਦਿਲਬਾਗ ਸਿੰਘ ਜੌਹਲ, ਮਾਨਯੋਗ ਜਿਲ੍ਹਾ ਅਤੇ ਸੈਸ਼ਨ ਜੱਜ-ਸਹਿਤ-ਚੇਅਰਮੈਨ, ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਗੁਰਦਾਸਪੁਰ ਵਲੋਂ ਕੀਤਾ ਗਿਆ । ਦਿਲਬਾਗ ਸਿੰਘ ਜੌਹਲ ਦੁਆਰਾ ਜਿਲ੍ਹਾ ਕਚਹਿਰੀਆਂ, ਗੁਰਦਾਸਪੁਰ ਦੇ ਸਮੂਹ ਸਟਾਫ ਨੂੰ ਖ਼ੂਨਦਾਨ ਕੈਂਪ ਵਿੱਚ ਖ਼ੂਨ ਦਾਨ ਕਰਨ ਲਈ ਪ੍ਰੇਰਿਤ ਕੀਤਾ ਗਿਆ। ਉਨ੍ਹਾਂ ਕਿਹਾ ਕਿ ਖ਼ੂਨਦਾਨ ਕਰਨਾ ਵੱਡੇ ਪੁੰਨ ਵਾਲਾ ਕੰਮ ਹੈ, ਇਸ ਨਾਲ ਅਸੀਂ ਕੀਮਤੀ ਜਾਨਾਂ ਨੂੰ ਬਚਾ ਸਕਦੇ ਹਾਂ।

## 15 ਦੀ ਰੈਲੀ ਨੂੰ ਸਾਥੀ ਮੰਗਤ ਰਾਮ ਪਾਸਲਾ ਕਰਨਗੇ ਸੰਬੋਧਨ



ਵਲਟੋਹਾ (ਰਣਜੀਤ ਸਿੰਘ ਵਲਟੋਹਾ)- ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਆਰ ਐਮ ਪੀ ਆਈ ਦੇ ਤਹਿਸੀਲ ਕਮੇਟੀ ਮੈਂਬਰ ਲਾਜ਼ਰ ਲਾਖਣਾ , ਗੁਰਬੀਰ ਭੱਟੀ ਰਾਜੋਕੇ, ਦਿਲਬਾਗ ਸਿੰਘ ਰਾਜੋਕੇ, ਬਲਦੇਵ ਸਿੰਘ ਰਾਜੋਕੇ ਆਦਿ ਆਗੂਆਂ ਨੇ ਦੱਸਿਆ ਕਿ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਦੀ ਸੂਬਾ ਕਮੇਟੀ ਦੇ ਸੱਦੇ 'ਤੇ ਮਿਹਨਤਕਸ਼ ਲੋਕਾਂ ਦੀ ਚੇਤਨਾ ਨੂੰ ਉੱਚਾ ਚੁੱਕਣ ਅਤੇ ਰਾਜਸੀ ਸੇਧ ਦੇਣ ਲਈ ਪਾਰਟੀ ਦੀ ਤਹਿਸੀਲ ਕਮੇਟੀ ਭਿੱਖੀਵਿੰਡ ਵਲੋਂ 15 ਦਸੰਬਰ ਦਿਨ ਸੋਮਵਾਰ ਨੂੰ ਪਿੰਡ ਲਾਖਣਾ ਵਿਖੇ ਰਾਜਸੀ ਕਾਨਫਰੰਸ ਕੀਤੀ ਜਾ ਰਹੀ ਹੈ ਜਿਸ ਨੂੰ ਸੰਬੋਧਨ ਕਰਨ ਲਈ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਦੇ ਕੁੱਲ ਹਿੰਦ ਜਨਰਲ ਸਕੱਤਰ ਕਾਮਰੇਡ ਮੰਗਤ ਰਾਮ ਪਾਸਲਾ , ਸੂਬਾ ਸਕੱਤਰ ਪ੍ਰਗਟ ਸਿੰਘ ਜਾਮਾਰਾਏ ਤੋਂ ਇਲਾਵਾ ਪਾਰਟੀ ਦੇ ਜ਼ਿਲ੍ਹਾ ਪੱਧਰ ਦੇ ਆਗੂ ਆ ਰਹੇ ਹਨ। ਉਨ੍ਹਾਂ ਕਿਰਤੀ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਪਾਰਟੀ ਵੱਲੋਂ ਕੀਤੀ ਜਾ ਰਹੀ ਰਾਜਸੀ ਰੈਲੀ ਨੂੰ ਤਨ ਮਨ ਧਨ ਨਾਲ ਸਫ਼ਲ ਬਣਾਇਆ ਜਾਵੇ ਤਾਂ ਜੋ ਮੋਦੀ ਸਰਕਾਰ ਦੀਆਂ ਫਾਸ਼ੀਵਾਦੀ ਨੀਤੀਆਂ ਦਾ ਮੁਕਾਬਲਾ ਕੀਤਾ ਜਾ ਸਕੇ।

## ਮਾਤਾ ਹਰਜਿੰਦਰ ਕੌਰ ਚੰਨਣਕੇ ਨਮਿਤ ਅੰਤਿਮ ਅਰਦਾਸ



ਤਰਸਿਕਾ (ਤਰਸੇਮ ਸਿੰਘ ਸਾਧਪੁਰ)- ਸਮਾਜ ਸੇਵੀ ਬਾਬਾ ਸੁਖਵੰਤ ਸਿੰਘ ਚੰਨਣਕੇ ਦੀ ਧਰਮ ਪਤਨੀ ਮਾਤਾ ਹਰਜਿੰਦਰ ਕੌਰ ਨਮਿੱਤ ਰੱਖੇ ਸ਼੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪੈਣ ਉਪਰੰਤ ਗੁਰਦੁਆਰਾ ਬਾਬਾ ਚੰਨਣ ਜੀ ਪਿੰਡ ਚੰਨਣਕੇ ਵਿਖੇ ਦਮਦਮੀ ਟਕਸਾਲ ਦੇ ਹਜ਼ੂਰੀ ਰਾਗੀ ਭਾਈ ਲਵਪ੍ਰੀਤ ਸਿੰਘ, ਦਮਦਮੀ ਟਕਸਾਲ ਦੇ ਹਜ਼ੂਰੀ ਰਾਗੀ ਭਾਈ ਗੁਰਲਾਲ ਸਿੰਘ ਅਤੇ ਸੰਪਰਦਾਇ ਹਰਖੋਵਾਲ ਧੰਨ ਗੁਰੂ ਨਾਨਕ ਦਰਬਾਰ ਦੇ ਖੁਜਾਲਾ ਦੇ ਮੌਜੂਦਾ ਮੁੱਖੀ ਸੰਤ ਬਾਬਾ ਗੁਰਦੀਪ ਸਿੰਘ ਖੁਜਾਲੇ ਵਾਲਿਆਂ ਨੇ ਵੈਰਾਗਮਈ ਕੀਰਤਨ ਅਤੇ ਕਥਾ ਨਾਲ ਸੰਗਤਾਂ ਨੂੰ ਜੋੜਿਆ।ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ਼੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਤੋਂ ਪਹੁੰਚੇ ਸਿੰਘ ਸਾਹਿਬ ਭਾਈ ਸੁਖਦੇਵ ਸਿੰਘ ਵੱਲੋਂ ਅੰਤਿਮ ਅਰਦਾਸ ਕੀਤੀ ਗਈ। ਇਸ ਸਮੇਂ ਧਾਰਮਿਕ ਸਖਸ਼ੀਅਤਾਂ ਵਿਚ ਦਮਦਮੀ ਟਕਸਾਲ ਦੇ ਮੌਜੂਦਾ ਮੁੱਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਬਾਬਾ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਵੱਲੋਂ ਜਥੇਦਾਰ ਬਾਬਾ ਬੋਹੜ ਸਿੰਘ , ਜਥੇਦਾਰ ਭਾਈ ਪ੍ਰਕਾਸ਼ ਸਿੰਘ ਅਤੇ ਸੰਤ ਬਾਬਾ ਸੱਜਣ ਸਿੰਘ ਗੁਰੂ ਕੀ ਬੇਰ ਸਾਹਿਬ, ਸੰਤ ਬਾਬਾ ਸੁਖਦੇਵ ਸਿੰਘ ਹੰਸਾਲੀ ਦੀਨਪੁਰ ਵਾਲੇ, ਸਿੰਘ ਸਾਹਿਬ ਗਿਆਨੀ ਭੁਪਿੰਦਰ ਸਿੰਘ ਤੇਰੀ ਓਟ ਆਸ਼ੀਆਨਾ ਗਦਲੀ ਵਾਲੇ,ਸੰਤ ਬਾਬਾ ਗੁਰਭੇਜ ਸਿੰਘ ਖੁਜਲਾ ਮੁੱਖ ਬੁਲਾਰਾ ਸੰਤ ਸਮਾਜ,ਸੰਤ ਬਾਬਾ ਗੁਰਦੀਪ ਸਿੰਘ ਖੁਜਾਲਾ, ਸੰਤ ਬਾਬਾ ਕੰਵਲਜੀਤ ਸਿੰਘ ਨਾਗੀਆਨਾ ਸਾਹਿਬ, ਸੰਤ ਬਾਬਾ ਨਵਤੇਜ ਸਿੰਘ ਚੇਲੇਆਨਾ ਸਾਹਿਬ, ਸੰਤ ਬਾਬਾ ਗੁਰਦੇਵ ਸਿੰਘ ਗੁਰਦੁਆਰਾ ਡੇਰਾ ਭਗਤਾਂ ਦਾ ਤਰਸਿੱਕਾ, ਸੰਤ ਬਾਬਾ ਸੁੱਖਾ ਸਿੰਘ ਜੋਤੀਸਰ ਸਾਹਿਬ ਜੰਡਿਆਲਾ, ਸੰਤ ਬਾਬਾ ਮਨਮੋਹਨ ਸਿੰਘ ਭੰਗਾਲੀ ਸਾਹਿਬ ਵਾਲੇ, ਕਾਰ ਸੇਵਾ ਮੱਖਣਵਿੰਡੀ ਸੰਤ ਬਾਬਾ ਸਰਦਾਰਾ ਸਿੰਘ ਵੱਲੋਂ ਸੰਤ ਬਾਬਾ ਮੇਜਰ ਸਿੰਘ ਟਾਹਲੀ ਸਾਹਿਬ ਵਾਲੇ,ਸੰਤ ਬਾਬਾ ਬੀਰ ਸਿੰਘ ਭੰਗਾਲੀ ਸਾਹਿਬ ਵਾਲੇ, ਸੰਤ ਬਾਬਾ ਸ਼ਵਿੰਦਰ ਸਿੰਘ ਟਾਹਲੀ ਸਾਹਿਬ ਵਾਲੇ,ਰਾਗੀ ਭਾਈ ਬਲਦੇਵ ਸਿੰਘ ਮਹਿਤਾ ਨੇ ਵਿਸ਼ੇਸ਼ ਤੌਰ 'ਤੇ ਹਾਜਰੀ ਭਰੀ। ਪ੍ਰਿੰਸੀਪਲ ਬਚਿੱਤਰ ਸਿੰਘ ਤਰਸਿੱਕਾ ਨੇ ਵਿਛੜੀ ਰੂਹ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਅਤੇ ਬਾਬਾ ਸੁਖਵੰਤ ਸਿੰਘ ਚੰਨਣਕੇ ਨੇ ਧਾਰਮਿਕ, ਰਾਜਨੀਤਿਕ ਤੇ ਸਮਾਜਿਕ ਸਖਸ਼ੀਅਤਾਂ ਸਮੇਤ ਵੱਡੀ ਗਿਣਤੀ ਵਿਚ ਪਹੁੰਚੀਆਂ ਸੰਗਤਾਂ ਦਾ ਧੰਨਵਾਦ ਕੀਤਾ। ਇਸ ਮੌਕੇ ਜਸਪ੍ਰੀਤ ਸਿੰਘ ਐਸ ਡੀ ਜੇ ਐਮ ਬਾਬਾ ਬਕਾਲਾ ਸਾਹਿਬ (ਅਮ੍ਰਿਤਸਰ) ਹਲਕਾ ਮਜੀਠਾ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਦੇ ਬੇਟਾ ਸਰਪ੍ਰੀਤ ਸਿੰਘ ਗਿੱਲ ਬਿਕਰਮ ਸਿੰਘ ਮਜੀਠੀਆ ਵੱਲੋਂ ਕਵਲਜੀਤ ਸਿੰਘ,ਧਰਮਬੀਰ ਸਿੰਘ ਮਾਨ, ਬਲਕਾਰ ਸਿੰਘ ਬਾਠ ਪੀ ਬੀ ਐੱਸ ਮੌਲ ਚੌਕ ਮਹਿਤਾ ਵਾਲੇ, ਗੁਰਮੀਤ ਸਿੰਘ ਮਾਨ, ਵਿਜੇ ਕਲਾਥ ਚੌਕ ਮਹਿਤਾ ਵਾਲੇ, , ਡਾ, ਨੀਸਾਨ ਸਿੰਘ ਅਰਜਨ ਮਾਂਗਾ, ਗੁਰਮੀਤ ਸਿੰਘ ਮਾਨ, ਸਰਪੰਚ ਕੁਲਵਿੰਦਰ ਸਿੰਘ ਮਿਠਾ, ਸਰਪੰਚ ਲਖਵਿੰਦਰ ਸਿੰਘ ਨਾਥ ਦੀ ਖੂਹੀ, ਸਰਪੰਚ ਸੁਰਜੀਤ ਸਿੰਘ ਭੋਏਵਾਲ, ਸਿੱਕਦਰ ਸਿੰਘ ਭੋਏਵਾਲ, ਸਾਬਕਾ ਸਰਪੰਚ ਦਵਿੰਦਰ ਸਿੰਘ, ਸਾਬਕਾ ਸਰਪੰਚ ਮੇਜਰ ਸਿੰਘ ਸਹੋਤਾ, ਸਾਬਕਾ ਸਰਪੰਚ ਦਵਿੰਦਰ ਸਿੰਘ ਨਵੇਂ ਚੰਨਣਕੇ, ਸਾਬਕਾ ਸਰਪੰਚ ਪ੍ਰਗਟ ਸਿੰਘ,ਹਰਜਿੰਦਰ ਸਿੰਘ ਜਲਾਲ ਉਸਮਾ, ਸੁਖਜਿੰਦਰ ਸਿੰਘ ਰੰਧਾਵਾ ਨੰਬਰਦਾਰ, ਗੁਰਪਿੰਦਰ ਸਿੰਘ, ਫੀਲਡ ਪੱਤਰਕਾਰ ਐਸੋਸੀਏਸ਼ਨ ਬਾਬਾ ਬਕਾਲਾ ਸਾਹਿਬ ਦੀ ਇਕਾਈ ਮਹਿਤਾ ਦੇ ਪ੍ਰਧਾਨ ਕੈਪਟਨ ਸਿੰਘ, ਰਾਜਦੀਪ ਸਿੰਘ ਰਾਜੂ ਮਲਕ ਨੰਗਲ, ਧਰਿੰਦਰ ਸਿੰਘ ਭੰਮਰਾ, ਵਰਿੰਦਰ ਭਾਈ ,ਜਗਦੀਸ਼ ਸਿੰਘ ਬੰਮਰਾਹ, ਬਲਜਿੰਦਰ ਸਿੰਘ ਬੱਲੀ, ਰਾਜਵਿੰਦਰ ਸਿੰਘ ਰੰਧਾਵਾ, ਦਵਿੰਦਰ ਸਿੰਘ, ਬਲਜੀਤ ਸਿੰਘ ਤਲਵੰਡੀ, ਕਰਮਜੀਤ ਸਿੰਘ ਲਾਲੀ , ਸਤਨਾਮ ਸਿੰਘ ਜੱਜ ਹਾਜਰ ਸਨ।

## ਪੰਜਾਬ ਨੈਸ਼ਨਲ ਬੈਂਕ ਨੇ ਕਰਵਾਇਆ ਖੇਤੀਬਾੜੀ ਆਊਟਰੀਚ ਪ੍ਰੋਗਰਾਮ



ਗੁਰਦਾਸਪੁਰ (ਜਨਕ ਮਹਾਜਨ) ਪੰਜਾਬ ਨੈਸ਼ਨਲ ਬੈਂਕ ਮੰਡਲ ਦਫ਼ਤਰ ਪਠਾਨਕੋਟ ਵਲੋਂ ਗੁਰਦਾਸਪੁਰ, ਪਠਾਨਕੋਟ ਜ਼ਿਲ੍ਹਿਆਂ ਵਿਚ ਕਿਸਾਨਾਂ ਅਤੇ ਖੇਤੀ ਨਾਲ ਸਿੱਧੇ ਜਾਂ ਅਸਿੱਧੇ ਤੌਰ 'ਤੇ ਜੁੜੇ ਗਾਹਕਾਂ ਦੇ ਹਿਤ ਵਿੱਚ ਤਿੰਨ ਸਥਾਨਾਂ 'ਤੇ ਮੈਗਾ ਖੇਤੀਬਾੜੀ ਆਉਟਰੀਚ ਪ੍ਰੋਗਰਾਮ ਕਰਵਾਇਆ ਗਿਆ। ਇਹ ਪ੍ਰੋਗਰਾਮ ਜ਼ਿਲ੍ਹਾ ਅਗਰੈਣੀ ਬੈਂਕ ਪਰਬੰਧਨ ਦਫ਼ਤਰ (ਐਲ. ਡੀ. ਐਮ.) ਪਠਾਨਕੋਟ ਅਤੇ ਗੁਰਦਾਸਪੁਰ ਤੇ ਪੰਜਾਬ ਨੈਸ਼ਨਲ ਬੈਂਕ ਦੀ ਪਿੰਡ ਸ਼ਾਖਾ ਤਲਵੰਡੀ ਭਰਤ ਵਿਚ ਆਯੋਜਿਤ ਕੀਤਾ ਗਿਆ। ਇਸ ਮੌਕੇ ਮੰਡਲ ਪ੍ਰਮੁੱਖ ਸੰਜੀਤ ਕੁਮਾਰ ਨੇ ਜ਼ਿਲ੍ਹਾ ਅਗਰੈਣੀ ਬੈਂਕ ਪਰਬੰਧਨ ਦਫ਼ਤਰ ਪਠਾਨਕੋਟ ਵਿਚ ਪੰਜਾਬ ਕੇਸਰੀ ਲਾਲਾ ਲਾਜਪਤ ਰਾਇ ਦੇ ਚਿੱਤਰ ਅੱਗੇ ਪੁਸ਼ਪ ਅਰਪਿਤ ਕੀਤੇ ਅਤੇ ਦੀਵਾ ਬਾਲ ਕੇ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ। ਇਸ ਮੌਕੇ ਉਨ੍ਹਾਂ ਨਾਲ ਜ਼ਿਲ੍ਹਾ ਲੀਡ ਬੈਂਕ ਮੈਨੇਜਰ ਵਿਨੇ ਮਰਵਾਹਾ ਪਠਾਨਕੋਟ, ਰਾਜਨ ਮਲਹੋਤਰਾ ਗੁਰਦਾਸਪੁਰ ਹਾਜ਼ਰ ਸਨ। ਇਹ ਪ੍ਰੋਗਰਾਮ ਪੰਜਾਬ ਨੈਸ਼ਨਲ ਬੈਂਕ ਦੀ ਗ੍ਰਾਹਕ ਕੇਂਦਰਿਤ ਪਹਿਲ ਦਾ ਮਹੱਤਵਪੂਰਨ ਹਿੱਸਾ ਸੀ, ਜਿਸ ਦਾ ਉਦੇਸ਼ ਵੱਖ-ਵੱਖ ਬੈਂਕ ਉਤਪਾਦਾਂ, ਸੇਵਾਵਾਂ ਰਾਹੀਂ ਹਰ ਕਿਸਾਨ ਅਤੇ ਹੋਰ ਉਪਭੋਗਤਾਵਾਂ ਨੂੰ ਸਸ਼ਕਤ ਕਰਨਾ ਹੈ। ਪ੍ਰੋਗਰਾਮ ਵਿਚ ਨਜ਼ਦੀਕੀ ਪੇਂਡਾਂ ਤੋਂ ਬਹੁਤ ਸਾਰੇ ਲੋੜਵੰਦ ਗਾਹਕ ਪਹੁੰਚੇ, ਜਿਨ੍ਹਾਂ ਨੂੰ ਖੇਤੀ ਕਰਜ਼ਾ, ਸੋਨੇ 'ਤੇ ਕਰਜ਼ਾ ਆਦਿ ਯੋਜਨਾਵਾਂ ਬਾਰੇ ਜਾਣਕਾਰੀ ਤੇ ਸਹੂਲਤਾਂ ਮੁਹੱਈਆ ਕਰਵਾਈਆਂ ਗਈਆਂ। ਮੰਡਲ ਪ੍ਰਮੁੱਖ ਸੰਜੀਤ ਕੁਮਾਰ ਨੇ ਪ੍ਰੋਗਰਾਮ ਵਿਚ ਸ਼ਾਮਿਲ ਵੈਂਡਰਾਂ ਅਤੇ ਬੈਂਕ ਅਧਿਕਾਰੀਆਂ ਨੂੰ ਸਪਸ਼ਟ ਨਿਰਦੇਸ਼ ਦਿੱਤੇ ਕਿ ਉਹ ਗਾਹਕਾਂ ਨੂੰ ਹੋਰ ਬਿਹਤਰ ਅਤੇ ਪਾਰਦਰਸ਼ੀ ਸੇਵਾਵਾਂ ਪ੍ਰਦਾਨ ਕਰਨ ਨੂੰ ਆਪਣੀ ਪ੍ਰਾਥਮਿਕਤਾ ਬਣਾਉਣ।

## ਨਸ਼ਾ ਤਸਕਰਾਂ ਨੂੰ ਬਖਸ਼ਿਆ ਨਹੀਂ ਜਾਵੇਗਾ : ਚੌਕੀ ਇੰਚਾਰਜ ਹਰਦੀਪ ਸਿੰਘ



ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ) ਪੁਲੀਸ ਜਿਲ੍ਹਾ ਅੰਮ੍ਰਿਤਸਰ ਦਿਹਾਤੀ ਦੇ ਅਧੀਨ ਆਉਂਦੀ ਪਲੀਸ ਚੌਂਕੀ ਚਵਿੰਡਾ ਦੇਵੀ ਦੇ ਇੰਚਾਰਜ ਹਰਦੀਪ ਸਿੰਘ ਨੇ ਪਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਉਹਨਾਂ ਸਮਾਜ ਵਿਰੋਧੀ ਅਨਸਰਾਂ, ਜ਼ਹਰੀਲੀ ਸ਼ਰਾਬ, ਮੈਡੀਕਲ ਨਸ਼ੇ ਅਤੇ ਹੋਰ ਕਿਸੇ ਵੀ ਤਰ੍ਹਾਂ ਦੇ ਨਸ਼ਾ ਤਸਕਰਾਂ ਨੂੰ ਸਖਤ ਚਿਤਾਵਨੀ ਦਿੰਦਿਆਂ ਕਿਹਾ ਕਿ ਉਹ ਆਪਣੀਆਂ ਹਰਕਤਾਂ ਤੋਂ ਬਾਜ਼ ਆ ਜਾਣ ਨਹੀ ਤਾਂ ਉਹਨਾਂ ਖਿਲਾਫ ਸਖਤ ਕਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਉਹਨਾਂ ਕਿਹਾ ਕਿ ਉਹ ਇਲਾਕੇ ਵਿੱਚ ਨਸ਼ੇ ਦੇ ਕਾਰੋਬਾਰ ਨੂੰ ਪੂਰੀ ਤਰ੍ਹਾਂ ਨਾਲ ਖਤਮ ਕਰਨ ਲਈ ਕੋਈ ਕਸਰ ਨਹੀਂ ਛੱਡਣਗੇ।

ਨਵਾਂ ਜ਼ਮਾਨਾ
ਸ਼ਨੀਵਾਰ, 13 ਦਸੰਬਰ 2025

# ਅੱਤ ਦੀ ਨਾਬਰਾਬਰੀ

*ਹੈਰਾਨ ਹੋਣ ਦੀ ਲੋੜ ਨਹੀਂ, ਇਹ ਹਕੀਕਤ ਹੈ, ਦੁਨੀਆ ਦੀ ਸਭ ਤੋਂ ਅਮੀਰ 10 ਫੀਸਦੀ ਆਬਾਦੀ ਓਨੀ ਕਮਾਈ ਕਰਦੀ ਹੈ, ਜਿੰਨੀ ਬਾਕੀ 90 ਫੀਸਦੀ ਦੀ ਕੁੱਲ ਆਮਦਨ ਮਿਲਾ ਕੇ ਵੀ ਨਹੀਂ ਹੁੰਦੀ। ਇਸ ਦੇ ਇਲਾਵਾ ਦੁਨੀਆ ਵਿੱਚ ਸਿਰਫ 60 ਹਜ਼ਾਰ ਲੋਕਾਂ ਕੋਲ ਅੱਧੀ ਸੰਸਾਰ ਆਬਾਦੀ ਯਾਨੀ ਕਰੀਬ 4 ਅਰਬ 10 ਕਰੋੜ ਲੋਕਾਂ ਦੀ ਸੰਪਤੀ ਨਾਲੋਂ ਤਿੰਨ ਗੁਣਾ ਵੱਧ ਧਨ ਹੈ। ਦੁਨੀਆ ਦੀ ਕੁਲ ਆਬਾਦੀ ਲੱਗਭੱਗ 8 ਅਰਬ 20 ਕਰੋੜ ਹੈ। ਇਹ ਅੰਕੜੇ ਸੰਸਾਰ ਨਾਬਰਾਬਰੀ ਰਿਪੋਰਟ-2026 ਵਿੱਚ ਸਾਹਮਣੇ ਆਏ ਹਨ। ਰਿਪੋਰਟ ਮੁਤਾਬਕ ਭਾਰਤ ਦੁਨੀਆ ਦੇ ਸਭ ਤੋਂ ਵੱਧ ਨਾਬਰਾਬਰੀ ਵਾਲੇ ਦੇਸ਼ਾਂ ਵਿੱਚੋਂ ਇੱਕ ਹੈ ਤੇ ਇਹ ਸਥਿਤੀ ਵਰ੍ਹਿਆਂ ਤੋਂ ਬਿਨਾਂ ਤਬਦੀਲੀ ਦੇ ਜਾਰੀ ਹੈ। ਭਾਰਤ ਵਿੱਚ ਸਿਖਰਲੇ 10 ਫੀਸਦੀ ਲੋਕ ਕੁੱਲ ਕੌਮੀ ਆਮਦਨ ਦਾ 58 ਫੀਸਦੀ ਕਮਾਉਂਦੇ ਹਨ, ਜਦਕਿ ਹੇਠਲੇ 50 ਫੀਸਦੀ ਸਿਰਫ 15 ਫੀਸਦੀ ਕਮਾਈ ਕਰਦੇ ਹਨ। ਸੰਪਤੀ ਵਿੱਚ ਨਾਬਰਾਬਰੀ ਹੋਰ ਵੀ ਵੱਧ ਹੈ। ਸਭ ਤੋਂ ਅਮੀਰ 10 ਫੀਸਦੀ ਕੋਲ ਕੁੱਲ ਸੰਪਤੀ ਦਾ 65 ਫੀਸਦੀ ਤੇ ਸਿਖਰਲੇ ਇੱਕ ਫੀਸਦੀ ਅਮੀਰਾਂ ਕੋਲ ਲੱਗਭੱਗ 40 ਫੀਸਦੀ ਹੈ।*

*ਰਿਪੋਰਟ ਦੱਸਦੀ ਹੈ ਕਿ ਸੰਸਾਰ ਨਾਬਰਾਬਰੀ ਨਾ ਸਿਰਫ ਮੌਜੂਦ ਹੈ, ਸਗੋਂ ਵਧ ਰਹੀ ਹੈ। ਅੱਧੀ ਆਬਾਦੀ (ਹੇਠਲੇ 50 ਫੀਸਦੀ) ਕੋਲ ਸਿਰਫ 2 ਫੀਸਦੀ ਸੰਪਤੀ ਹੈ ਤੇ ਉਹ 8 ਫੀਸਦੀ ਕਮਾਉਂਦੇ ਹਨ। ਸਿਖਰਲੀ 0.001 ਫੀਸਦੀ ਆਬਾਦੀ ਦੀ ਸੰਪਤੀ ਲਗਾਤਾਰ ਵਧ ਰਹੀ ਹੈ। 1995 ਵਿੱਚ ਇਹ 4 ਫੀਸਦੀ ਸੀ ਤੇ 2025 ਤੱਕ ਲੱਗਭੱਗ 6 ਫੀਸਦੀ ਹੋ ਗਈ ਹੈ।*

*ਰਿਪੋਰਟ ਦੱਸਦੀ ਹੈ ਕਿ ਦੁਨੀਆ ਦੀ ਗਰੀਬ 50 ਫੀਸਦੀ ਆਬਾਦੀ ਨਿੱਜੀ ਸੰਪਤੀ ਨਾਲ ਜੁੜੀ ਕਾਰਬਨ ਪੈਦਾ ਕਰਨ ਵਿੱਚ ਸਿਰਫ 3 ਫੀਸਦੀ ਹਿੱਸਾ ਪਾਉਂਦੀ ਹੈ, ਜਦਕਿ 10 ਫੀਸਦੀ ਅਮੀਰ ਲੋਕ 77 ਫੀਸਦੀ ਕਾਰਬਨ ਪੈਦਾ ਕਰਨ ਲਈ ਜ਼ਿੰਮੇਵਾਰ ਹਨ। ਇਸ ਨਾਲ ਜਲਵਾਯੂ ਵਿੱਚ ਹੋਣ ਵਾਲੇ ਵਿਗਾੜ ਤੋਂ ਅਮੀਰ ਵਰਗ ਆਪਣੇ ਵਸੀਲਿਆਂ ਨਾਲ ਕਾਫੀ ਹੱਦ ਤੱਕ ਬਚਾਅ ਕਰ ਲੈਂਦਾ ਹੈ ਤੇ ਬਹੁਤਾ ਨੁਕਸਾਨ ਗਰੀਬਾਂ ਨੂੰ ਉਠਾਉਣਾ ਪੈਂਦਾ ਹੈ।*

*ਰਿਪੋਰਟ ਨੇ ਇਹ ਤੱਥ ਸਾਹਮਣੇ ਲਿਆਂਦਾ ਹੈ ਕਿ ਕੌਮਾਂਤਰੀ ਵਿੱਤੀ ਢਾਂਚਾ ਅਮੀਰ ਦੇਸ਼ਾਂ ਨੂੰ ਫਾਇਦਾ ਪਹੁੰਚਾਉਂਦਾ ਹੈ। ਜਿਨ੍ਹਾਂ ਦੇਸ਼ਾਂ ਦੀ ਮੁਦਰਾ ਰਿਜ਼ਰਵ ਕਰੰਸੀ ਦੇ ਰੂਪ ਵਿੱਚ ਮੰਨੀ ਜਾਂਦੀ ਹੈ, ਉਹ ਘੱਟ ਵਿਆਜ ਦਰਾਂ 'ਤੇ ਕਰਜ਼ ਲੈ ਸਕਦੇ ਹਨ ਤੇ ਵੱਧ ਦਰਾਂ 'ਤੇ ਉਧਾਰ ਦੇ ਸਕਦੇ ਹਨ ਅਤੇ ਸੰਸਾਰ ਬੱਚਤ ਨੂੰ ਆਕਰਸ਼ਤ ਕਰ ਸਕਦੇ ਹਨ। ਉੱਥੇ ਵਿਕਾਸਸ਼ੀਲ ਦੇਸ਼ਾਂ ਨੂੰ ਮਹਿੰਗੇ ਕਰਜ਼, ਘੱਟ ਮੁਨਾਫੇ ਤੇ ਪੂੰਜੀ ਦੇ ਪਲਾਇਨ ਦਾ ਸਾਹਮਣਾ ਕਰਨਾ ਪੈਂਦਾ ਹੈ।*

*ਨਾਬਰਾਬਰੀ ਨੂੰ ਟੈਕਸ ਵਿਵਸਥਾ ਪ੍ਰਗਤੀਸ਼ੀਲ ਬਣਾ ਕੇ ਤੇ ਵਸੀਲਿਆਂ ਦੀ ਮੁੜ ਵੰਡ ਨਿਆਂਸੰਗਤ ਕਰਕੇ ਘਟਾਇਆ ਜਾ ਸਕਦਾ ਹੈ। ਸਮੱਸਿਆ ਇਹ ਹੈ ਕਿ ਅਮੀਰਾਂ 'ਤੇ ਟੈਕਸ ਦਾ ਬੋਝ ਘੱਟ ਹੈ ਤੇ ਗਰੀਬਾਂ 'ਤੇ ਵੱਧ। ਬਹੁਤੀ ਆਬਾਦੀ ਲਈ ਇਨਕਮ ਟੈਕਸ ਦੀਆਂ ਦਰਾਂ ਹੌਲੀ-ਹੌਲੀ ਵਧਦੀਆਂ ਰਹਿੰਦੀਆਂ ਹਨ, ਪਰ ਸਰਕਾਰਾਂ ਦੀਆਂ ਮਿਹਰਬਾਨੀਆਂ ਨਾਲ ਅਰਬਪਤੀਆਂ ਲਈ ਅਚਾਨਕ ਡਿਗ ਜਾਂਦੀਆਂ ਹਨ। ਇਸ ਕਰਕੇ ਸਰਕਾਰਾਂ ਕੋਲ ਸਿੱਖਿਆ, ਸਿਹਤ ਤੇ ਜਲਵਾਯੂ ਸੁਧਾਰਨ ਲਈ ਲੋੜੀਂਦੇ ਸਾਧਨ ਨਹੀਂ ਬਚਦੇ। ਜੇ ਦੁਨੀਆ ਦੇ ਇੱਕ ਲੱਖ ਤੋਂ ਘੱਟ ਅਰਬਪਤੀਆਂ ਅਤੇ ਬੇਹੱਦ ਅਮੀਰਾਂ 'ਤੇ 3 ਫੀਸਦੀ ਸੰਸਾਰ ਸੰਪਤੀ ਟੈਕਸ ਲਾ ਦਿੱਤਾ ਜਾਵੇ ਤਾਂ ਹਰ ਸਾਲ 750 ਅਰਬ ਡਾਲਰ ਜੁਟਾਏ ਜਾ ਸਕਦੇ ਹਨ, ਜੋ ਨਿਮਨ ਤੇ ਦਰਮਿਆਨੀ ਆਮਦਨ ਵਾਲੇ ਦੇਸ਼ਾਂ ਦੇ ਕੁੱਲ ਸਿੱਖਿਆ ਬਜਟ ਦੇ ਬਰਾਬਰ ਹੋਵੇਗਾ।*

# ਕਿੱਧਰ ਨੂੰ ਤੁਰ ਪਏ ਹਾਂ ਅਸੀਂ

ਹਾਲ ਹੀ ਵਿੱਚ ਖਬਰ ਪੜ੍ਹੀ ਕਿ ਕੁੜੀ ਦੀ ਵਿਦਾਈ ਸਮੇਂ ਕਿਸੇ ਮਹਿਮਾਨ ਨੇ ਖੁਸ਼ੀ 'ਚ ਗੋਲੀ ਚਲਾ ਦਿੱਤੀ।ਸਹੁਰੇ ਘਰ ਡੋਲੀ ਤਾਂ ਕੀ ਜਾਣੀ ਸੀ, ਕੁੜੀ ਹਸਪਤਾਲ ਪੁੱਜ ਗਈ।ਉਸ ਦੇ ਮੱਥੇ 'ਤੇ ਗੋਲੀ ਲੱਗੀ।ਹਰ ਮੈਰੇਜ ਪੈਲਸ ਦੇ ਬਾਹਰ ਬੋਰਡ 'ਤੇ ਲਿਖ ਕੇ ਲਗਾਇਆ ਜਾਂਦਾ ਹੈ ਕਿ ਅੰਦਰ ਅਸਲਾ ਲੈ ਕੇ ਜਾਣ ਦੀ ਸਖ਼ਤ ਮਨਾਹੀ ਹੈ।ਫਿਰ ਅਜਿਹੇ ਸ਼ਰਾਰਤੀ ਨੌਜਵਾਨ ਅਸਲਾ ਲੈ ਕੇ ਕਿਵੇਂ ਵੜ ਜਾਂਦੇ ਹਨ।ਇਸ ਦੇ ਬਾਵਜੂਦ ਲੋਕ ਬਿਨਾਂ ਕਿਸੇ ਡਰ ਤੋਂ ਵਿਆਹਾਂ 'ਚ ਗੋਲੀਆਂ ਚਲਾ ਦਿੰਦੇ ਹਨ। ਇਹ ਕੋਈ ਪਹਿਲੀ ਘਟਨਾ ਨਹੀਂ ਹੈ।ਪਿੱਛੇ ਜਿਹੇ ਸਟੇਜ 'ਤੇ ਨੱਚਦੀ ਆਰਕੈਸਟਰਾ 'ਤੇ ਹੀ ਗੋਲੀ ਚਲਾ ਦਿੱਤੀ ਸੀ।ਹਾਲਾਂਕਿ ਪ੍ਰਸ਼ਾਸਨ ਵੱਲੋਂ ਵਾਰ-ਵਾਰ ਸਖ਼ਤੀ ਵੀ ਕੀਤੀ ਜਾ ਰਹੀ ਹੈ।ਅਜਿਹੇ ਲੋਕਾਂ ਦੇ ਲਾਇਸੈਂਸ ਤੁਰੰਤ ਰੱਦ ਕਰ ਦੇਣੇ ਚਾਹੀਦੇ ਹਨ। ਪ੍ਰਸ਼ਾਸਨਿਕ ਅਧਿਕਾਰੀਆਂ ਨੂੰ ਅਸਲਾ ਉਸੇ ਇਨਸਾਨ ਨੂੰ ਜਾਰੀ ਕਰਨਾ ਚਾਹੀਦਾ ਹੈ, ਜਿਸ ਨੂੰ ਲੱਗਦਾ ਹੈ ਕਿ ਉਸ ਨੂੰ ਜ਼ਰੂਰਤ ਹੈ।ਠੀਕ ਹੈ ਜੇ ਤੁਹਾਡੇ ਕੋਲ ਅਸਲਾ ਹੈ ਤਾਂ ਜਿੱਥੇ ਤੁਹਾਨੂੰ ਲੱਗਦਾ ਹੈ ਉਸ ਦੀ ਲੋੜ ਹੈ, ਵਰਤੋ ਕਰੋ।ਇਹ ਥੋੜ੍ਹੀ ਹੈ ਕਿ ਤੁਸੀਂ ਹਰ ਥਾਂ 'ਤੇ ਉਸ ਨੂੰ ਨਾਲ ਲੈ ਕੇ ਜਾ ਰਹੇ ਹੋ।ਰਾਜਸੀ ਨੇਤਾਵਾਂ ਦੀ ਸਿਫਾਰਸ਼ 'ਤੇ ਅਜਿਹੇ ਲੋਕ ਆਪਣੇ ਅਸਲੇ ਦੇ ਲਾਇਸੰਸ ਬਣਵਾ ਲੈਂਦੇ ਹਨ।ਸਿਆਸੀ ਨੇਤਾਵਾਂ ਨੂੰ ਆਪਣਾ ਵੋਟ ਬੈਂਕ ਵੀ ਪੱਕਾ ਕਰਨਾ ਹੁੰਦਾ ਹੈ।ਪਿੱਛੇ ਜਿਹੇ ਮੌਜੂਦਾ ਸਰਕਾਰ ਵੱਲੋਂ ਕਈ ਅਸਲਾ ਧਾਰਕਾਂ ਦੇ ਲਾਇਸੈਂਸ ਰੱਦ ਕਰ ਦਿੱਤੇ ਗਏ, ਚੰਗੀ ਪਹਿਲ ਸੀ।

ਠੀਕ ਹੈ ਜੇ ਤੁਹਾਡੇ ਕੋਲ ਅਸਲਾ ਹੈ ਤਾਂ ਉਸ ਦੀ ਕਦੇ ਵੀ ਦੁਰਵਰਤੋਂ ਨਾ ਕਰੋ।ਜਿੱਥੇ ਤੁਹਾਡੀ ਜਾਨ ਨੂੰ ਖਤਰਾ ਹੈ ਜਾਂ ਤੁਸੀਂ ਕਿਤੇ ਅਜਿਹੀ ਥਾਂ 'ਤੇ ਜਾ ਰਹੇ ਹੋ ਤਾਂ ਉਸ ਨੂੰ ਨਾਲ ਲੈ ਕੇ ਜਾਓ, ਪਰ ਇਸ ਦਾ ਇਹ ਮਤਲਬ ਨਹੀਂ ਕਿ ਤੁਸੀਂ ਹਰ ਪਲ ਖੁਸ਼ੀ ਦੇ ਮਾਹੌਲ ਵਿੱਚ ਉਸ ਦੀ ਵਰਤੋਂ ਕਰੋ ਤੇ ਕਿਸੇ ਦੀ ਜਾਨ ਚਲੀ ਜਾਏ।ਅਜਿਹੀਆਂ ਪਹਿਲਾਂ ਵੀ ਬਹੁਤ ਵਾਰਦਾਤਾਂ ਵਾਪਰ ਚੁੱਕੀਆਂ ਹਨ।ਦੋ ਕੁ ਸਾਲ ਪਹਿਲੇ ਇੱਕ ਖਬਰ ਪੜ੍ਹੀ ਸੀ ਕਿ ਕਰਵਾ ਚੌਥ ਵਾਲੇ ਦਿਨ ਛੱਤ 'ਤੇ ਇੱਕ ਔਰਤ ਅਰਗ ਦੇਣ ਚੜ੍ਹੀ, ਹੋਰ ਵੀ ਔਰਤਾਂ ਨਾਲ ਸੀ ਤੇ ਉਹ ਗਿੱਧਾ ਪਾ ਰਹੀਆਂ ਸਨ।ਕਿਸੇ ਸ਼ਰਾਰਤੀ ਨੇ ਫਾਇਰ ਕਰ ਦਿੱਤਾ ਤੇ ਉਸ ਔਰਤ ਦੇ ਗੋਲੀ ਲੱਗੀ।ਕਦੇ ਵੀ ਕਾਨੂੰਨ ਨੂੰ ਆਪਣੇ ਹੱਥ ਵਿੱਚ ਨਹੀਂ ਲੈਣਾ ਚਾਹੀਦਾ।ਲੋਕ ਅਕਸਰ ਨੇਤਾਵਾਂ ਦੀ ਪਹੁੰਚ ਦਾ ਇਸਤੇਮਾਲ ਕਰ ਲੈਂਦੇ ਹਨ।ਉਨ੍ਹਾਂ ਤੋਂ ਸਿਫਾਰਸ਼ਾਂ ਪੁਆਉਂਦੇ ਹਨ ਜੇ ਨੇਤਾ ਲੋਕ ਅਜਿਹਾ ਨਹੀਂ ਕਰਦੇ ਤਾਂ ਅਜਿਹੇ ਸ਼ਰਾਰਤੀ ਲੋਕ ਉਹਨਾਂ ਤੋਂ ਨਰਾਜ਼ ਹੋ ਜਾਂਦੇ ਹਨ।ਦੂਜੀ ਧਿਰ ਵੱਲ ਚਲੇ ਜਾਂਦੇ ਹਨ।ਕੋਈ ਤੁਹਾਡਾ ਵਧੀਆ ਬਿਜ਼ਨਸ ਹੈ, ਤੁਹਾਡੀ ਜਾਨ ਨੂੰ ਖਤਰਾ ਹੈ।ਪ੍ਰਸ਼ਾਸਨਿਕ ਅਧਿਕਾਰੀਆਂ ਨੂੰ ਸੋਚ-ਸਮਝ ਕੇ ਅਜਿਹੇ ਇਨਸਾਨ ਦੀ ਪੂਰੀ ਛਾਣ-ਬੀਣ ਕਰਕੇ ਉਸ ਨੂੰ ਹੀ ਅਸਲਾ ਜਾਰੀ ਕਰਨਾ ਚਾਹੀਦਾ ਹੈ।ਰਾਜਸੀ ਨੇਤਾਵਾਂ ਦੀ ਸਿਫਾਰਸ਼ 'ਤੇ ਅਜਿਹੇ ਲੋਕਾਂ ਦੇ ਬਿਲਕੁੱਲ ਵੀ ਅਸਲੇ ਲਾਇਸੰਸ ਨਹੀਂ ਬਣਾਉਣੇ ਚਾਹੀਦੇ, ਜਿਨ੍ਹਾਂ ਨੂੰ ਕੋਈ ਖਤਰਾ ਨਾ ਹੋਵੇ।

**- ਸੰਜੀਵ ਸਿੰਘ ਸੈਣੀ**
ਸੰਪਰਕ : 78889-66168

# ਕੀ ਭਾਰਤ ਦਾ ਦੂਜੀ ਤਿਮਾਹੀ ਦਾ ਜੀ ਡੀ ਪੀ ਵਾਧਾ ਵਿਸ਼ਵਾਸਯੋਗ ਹੈ

**ਅਰੁਣ ਕੁਮਾਰ**




2025-26 ਦੀ ਦੂਜੀ ਤਿਮਾਹੀ ਲਈ ਕੁੱਲ ਘਰੇਲੂ ਉਤਪਾਦ (ਜੀ ਡੀ ਪੀ) ਵਿਕਾਸ ਦਰ 8.2 ਫੀਸਦੀ 'ਤੇ ਆ ਗਈ ਹੈ, ਜੋ ਕਿ ਛੇ-ਤਿਮਾਹੀਆਂ ਵਿੱਚ ਸਭ ਤੋਂ ਜ਼ਿਆਦਾ ਹੈ। ਮਾਹਰਾਂ ਦੀ ਉਮੀਦ ਨਾਲੋਂ ਵੀ ਬਹੁਤ ਵੱਧ। ਇਥੋਂ ਤੱਕ ਕਿ ਭਾਰਤੀ ਰਿਜ਼ਰਵ ਬੈਂਕ ਨੇ ਵੀ 7 ਫੀਸਦੀ ਦੀ ਵਿਕਾਸ ਦਰ ਦੀ ਉਮੀਦ ਕੀਤੀ ਸੀ। ਇਹ ਹੈਰਾਨੀਜਨਕ ਹੈ ਕਿਉਂਕਿ ਅਗਸਤ- ਸਤੰਬਰ ਵਿੱਚ ਜੀ ਐਸ ਟੀ ਵਿੱਚ ਕਟੌਤੀ ਦੀ ਉਮੀਦ ਵੱਖ-ਵੱਖ ਵਸਤੂਆਂ ਦੇ ਉਤਪਾਦਨ ਅਤੇ ਖਪਤ ਨੂੰ ਪ੍ਰਭਾਵਿਤ ਕਰਦੀ ਹੈ। ਮੰਗ ਵਿੱਚ ਵਾਧਾ 22 ਸਤੰਬਰ ਤੋਂ ਬਾਅਦ ਹੋਇਆ ਜੋ ਕਿ ਦੂਜੀ ਤਿਮਾਹੀ ਦੇ ਅੰਤ ਤੋਂ ਸਿਰਫ਼ ਇੱਕ ਹਫ਼ਤਾ ਪਹਿਲਾਂ ਹੀ ਰਹਿ ਗਿਆ ਸੀ। ਬਹੁਤ ਸਾਰੇ ਨਿਵੇਸ਼ ਪ੍ਰੋਜੈਕਟਾਂ ਨੂੰ ਵਾਪਸ ਲੈਣ ਜਾਂ ਘਟਾਉਣ ਅਤੇ ਸ਼ੁੱਧ ਐਫ ਡੀ ਆਈ ਦੇ ਨਕਾਰਾਤਮਕ ਹੋਣ ਦੀਆਂ ਰਿਪੋਰਟਾਂ ਆਈਆਂ ਹਨ। ਇਹ ਇੱਕ ਮਜ਼ਬੂਤ ਅਰਥ-ਵਿਵਸਥਾ ਦੇ ਸੰਕੇਤ ਨਹੀਂ ਹਨ।

**ਆਈ ਐੱਮ ਐੱਫ ਦਾ ਐਲਾਨ**

ਉਸੇ ਦਿਨ, ਅੰਤਰਰਾਸ਼ਟਰੀ ਮੁਦਰਾ ਫੰਡ (ਆਈ ਐੱਮ ਐੱਫ) ਤੋਂ ਇੱਕ ਹੈਰਾਨ ਕਰਨ ਵਾਲਾ ਬਿਆਨ ਆਇਆ। ਭਾਰਤ ਬਾਰੇ ਆਪਣੀ 2025 ਦੀ ਆਰਟੀਕਲ IV ਸਲਾਹ-ਮਸ਼ਵਰਾ ਰਿਪੋਰਟ ਵਿੱਚ, ਇਸਨੇ ਰਾਸ਼ਟਰੀ ਖਾਤਿਆਂ ਲਈ ਵਰਤੇ ਗਏ ਡੇਟਾ ਦੀ ਗੁਣਵੱਤਾ ਦੇ ਮੁਲਾਂਕਣ ਲਈ ਦਰਜ਼ਾ 'ਸੀ' ਦਿੱਤਾ ਹੈ। ਇਹ ਰੇਟਿੰਗ ਡੇਟਾ ਮੁੱਦਿਆਂ 'ਤੇ ਅਨੁਬੰਧ ਵਿੱਚ ਦਿੱਤੀ ਗਈ ਹੈ।ਦਰਜ਼ਾ 'ਸੀ' ਦਾ ਕੀ ਅਰਥ ਹੈ ?

**ਭਾਰਤ ਦੀ ਜੀ ਡੀ ਪੀ ਗਣਨਾ ਕਿੰਨੀ ਭਰੋਸੇਯੋਗ ਹੈ ?**

ਭਾਰਤ ਦੁਆਰਾ ਫੰਡ ਨੂੰ ਪ੍ਰਦਾਨ ਕੀਤੇ ਗਏ ਡੇਟਾ ਵਿੱਚ ਕੁਝ ਕਮੀਆਂ ਹਨ, ਜੋ ਕੁਝ ਹੱਦ ਤੱਕ ਨਿਗਰਾਨੀ ਵਿੱਚ ਰੁਕਾਵਟ ਪਾਉਂਦੀਆਂ ਹਨ।

ਸਪੱਸ਼ਟ ਸ਼ਬਦਾਂ ਵਿੱਚ, ਇਸ ਦਾ ਮਤਲਬ ਹੈ ਕਿ ਭਾਰਤੀ ਅਧਿਕਾਰਤ ਡੇਟਾ ਆਈ ਐਮ ਐੱਫ ਟੀਮ ਲਈ ਭਾਰਤ ਦੇ ਜੀ ਡੀ ਪੀ ਦੇ ਸਹੀ ਮੁਲਾਂਕਣ ਲਈ ਸਹੀ ਨਹੀਂ ਹੈ। ਇਹ ਮੁਲਾਂਕਣ 2025-26 ਦੀ ਦੂਜੀ ਤਿਮਾਹੀ ਲਈ ਜੀ ਡੀ ਪੀ ਦੇ ਮੌਜੂਦਾ ਅਨੁਮਾਨ ਲਗਾਉਣ ਲਈ ਵੀ ਲਾਗੂ ਹੁੰਦੀ ਹੈ। ਆਈ ਐੱਮ ਐੱਫ ਟੀਮ ਵੱਲੋਂ ਦੱਸੀਆਂ ਗਈਆਂ ਕਮੀਆਂ ਇਸ ਤਰ੍ਹਾਂ ਹਨ:

ਸਮਾਂ ਵਿਹਾ ਚੁੱਕੇ ਆਧਾਰ ਸਾਲ 2011-12 ਦੀ ਵਰਤੋਂ, ਉਤਪਾਦਕ ਕੀਮਤਾਂ ਸੂਚਕਾਂਕ ਦੀ ਘਾਟ ਕਾਰਨ ਡਿਫਲੇਟਰਾਂ ਲਈ ਡੇਟਾ ਸਰੋਤਾਂ ਵਜੋਂ ਥੋਕ ਮੁੱਲ ਸੂਚਕਾਂਕ ਦੀ ਵਰਤੋਂ।

ਇਕੱਲੇ ਡਿਫਲੇਸ਼ਨ ਦੀ ਬਹੁਤ ਜ਼ਿਆਦਾ ਵਰਤੋਂ, ਜੋ ਚੱਕਰੀ ਪੱਖਪਾਤ ਕਰ ਸਕਦੀ ਹੈ, ਕਈ ਵਾਰ ਉਤਪਾਦਨ ਅਤੇ ਖਰਚ ਦੇ ਤਰੀਕਿਆਂ ਵਿਚਕਾਰ ਵੱਡੇ ਅੰਤਰ, ਜੋ ਖਰਚ ਪਹੁੰਚ ਡੇਟਾ ਅਤੇ ਗੈਰ-ਰਸਮੀ ਖੇਤਰ ਦੇ ਕਵਰੇਜ ਨੂੰ ਵਧਾਉਣ ਦੀ ਜ਼ਰੂਰਤ ਨੂੰ ਦਰਸਾ ਸਕਦੇ ਹਨ।

ਮੌਸਮੀ ਤੌਰ 'ਤੇ ਐਡਜਸਟ ਕੀਤੇ ਡੇਟਾ ਦੀ ਘਾਟ ਅਤੇ ਤਿਮਾਹੀ ਰਾਸ਼ਟਰੀ ਖਾਤਿਆਂ ਦੇ ਸੰਕਲਨ ਵਿੱਚ ਵਰਤੀਆਂ ਜਾਂਦੀਆਂ ਹੋਰ ਅੰਕੜਾ ਤਕਨੀਕਾਂ ਵਿੱਚ ਸੁਧਾਰ ਲਈ ਜਗ੍ਹਾ।

2019 ਤੋਂ ਬਾਅਦ ਰਾਜਾਂ ਅਤੇ ਸਥਾਨਕ ਸੰਸਥਾਵਾਂ 'ਤੇ ਇਕਜੁੱਟ ਡੇਟਾ ਦੀ ਘਾਟ

ਇੱਕ ਸਾਬਕਾ ਮੁੱਖ ਆਰਥਿਕ ਸਲਾਹਕਾਰ ਨੇ ਨੋਟ ਕੀਤਾ ਕਿ ਜੀ ਡੀ ਪੀ ਨੂੰ 2.5 ਫੀਸਦੀ ਜਾਂ ਇਸ ਤੋਂ ਵੱਧ ਵਧਾ-ਚੜ੍ਹਾ ਕੇ ਦਰਸਾਇਆ ਗਿਆ ਸੀ।

ਨੋਟਬੰਦੀ ਦੌਰਾਨ, ਕਾਰਪੋਰੇਟ ਮਾਮਲਿਆਂ ਦੇ ਮੰਤਰਾਲੇ ਦੇ ਡੇਟਾ ਬੇਸ ਵਿੱਚ 18 ਲੱਖ ਕੰਪਨੀਆਂ ਵਿੱਚੋਂ 3 ਲੱਖ ਨੂੰ ਸ਼ੈੱਲ ਕੰਪਨੀਆਂ ਹੋਣ ਕਰਕੇ ਹਟਾ ਦਿੱਤਾ ਗਿਆ ਸੀ। ਜਿਵੇਂ ਕਿ ਇਸ ਲੇਖਕ ਨੇ ਉਦੋਂ ਵੀ ਦੱਸਿਆ ਸੀ, ਇਸ ਦਾ ਜੀ ਡੀ ਪੀ ਗਣਨਾ 'ਤੇ ਅਸਰ ਪੈਣਾ ਚਾਹੀਦਾ ਸੀ। ਸ਼ੈੱਲ ਕੰਪਨੀਆਂ ਨੂੰ ਘੱਟ ਅਤੇ ਵੱਧ ਬਿਲ ਬਣਾਉਣ ਲਈ ਵਰਤਿਆ ਜਾਂਦਾ ਹੈ ਤਾਂ ਜੋ ਮੁੱਲ ਜੋੜ (ਵੈਲਯੂ ਐਡਿਡ) ਨਿਯਮਤ ਕੰਪਨੀਆਂ ਵਿੱਚ ਨਹੀਂ, ਬਲਕਿ ਸ਼ੈੱਲ ਕੰਪਨੀਆਂ ਵਿੱਚ ਦਿਖਾਇਆ ਜਾ ਸਕੇ। ਇਸ ਲਈ, ਸ਼ੈੱਲ ਕੰਪਨੀਆਂ ਨੂੰ ਹਟਾਉਣ ਨਾਲ ਜੀ ਡੀ ਪੀ ਨੂੰ ਪ੍ਰਭਾਵਤ ਹੋਣਾ ਚਾਹੀਦਾ ਸੀ।

ਉਪਭੋਗਤਾ ਮੁੱਲ ਸੂਚਕਾਂਕ (ਕੰਜ਼ਿਊਮਰ ਪ੍ਰਾਈਸ ਇੰਡੈਕਸ) ਲਈ ਆਈ ਐੱਮ ਐੱਫ ਰਿਪੋਰਟ ਦੁਆਰਾ ਅਧਾਰ ਸਾਲ ਦੇ ਮੁੱਦੇ ਨੂੰ ਵੀ ਦਰਸਾਇਆ ਗਿਆ ਹੈ। ਇਸ ਦੀ ਗਣਨਾ ਵਿੱਚ ਵਰਤੀ ਗਈ ਟੋਕਰੀ (ਬਾਸਕਟ) 2011-12 ਦੇ ਅੰਕੜਿਆਂ ਦੇ ਅਧਾਰ 'ਤੇ ਹੈ। ਉਦੋਂ ਤੋਂ ਦੇਸ਼ ਵਿੱਚ ਆਮਦਨ ਦੀ ਵੰਡ ਅਤੇ ਅਰਥਵਿਵਸਥਾ ਵਿੱਚ ਨਵੀਆਂ ਚੀਜ਼ਾਂ ਅਤੇ ਸੇਵਾਵਾਂ ਦੀ ਉਪਲੱਬਧਤਾ ਵਿੱਚ ਤਬਦੀਲੀਆਂ ਕਾਰਨ ਖਪਤ ਪੈਟਰਨ ਵਿੱਚ ਕਾਫ਼ੀ ਬਦਲਾਅ ਆਇਆ ਹੈ। ਜਦੋਂ 2011-12 ਦੇ ਅਧਾਰ ਡੇਟਾ ਦੀ ਵਰਤੋਂ ਕੀਤੀ ਜਾਂਦੀ ਹੈ ਤਾਂ ਇਹਨਾਂ ਤਬਦੀਲੀਆਂ ਦਾ ਲੇਖਾ-ਜੋਖਾ ਨਹੀਂ ਕੀਤਾ ਜਾਂਦਾ।

ਮਹੱਤਵਪੂਰਨ ਗੱਲ ਇਹ ਹੈ ਕਿ 2011 ਤੋਂ ਬਾਅਦ ਜਨਗਣਨਾ ਨਹੀਂ ਕੀਤੀ ਗਈ ਹੈ। ਇਹ 2021 ਵਿੱਚ ਕੀਤੀ ਜਾਣੀ ਚਾਹੀਦੀ ਸੀ, ਪਰ ਮਹਾਂਮਾਰੀ ਦੇ ਕਾਰਨ ਦੇਰੀ ਹੋਈ। ਇਹ 2022 ਜਾਂ 2023 ਵਿੱਚ ਕੀਤੀ ਜਾ ਸਕਦੀ ਸੀ, ਜਿਵੇਂ ਕਿ ਦੂਜੇ ਦੇਸ਼ਾਂ ਵਿੱਚ ਹੋਇਆ ਹੈ। ਇਹ ਹੁਣ 2026 ਲਈ ਯੋਜਨਾਬੱਧ ਹੈ। ਇਸ ਦੌਰਾਨ, 2011 ਤੋਂ ਜਨਸੰਖਿਆ ਵਿੱਚ ਬਦਲਾਅ ਆਏ ਹਨ, ਪਰ ਉਹਨਾਂ ਨੂੰ ਉਦੋਂ ਤੱਕ ਹਾਸਲ ਨਹੀਂ ਕੀਤਾ ਜਾ ਸਕਦਾ, ਜਦੋਂ ਤੱਕ ਜਨਗਣਨਾ ਨਹੀਂ ਕੀਤੀ ਜਾਂਦੀ।

ਇਸ ਲਈ ਨਮੂਨਾ ਲੈਣ ਲਈ ਜਨਗਣਨਾ ਡੇਟਾ ਦੀ ਵਰਤੋਂ ਕਰਨ ਵਾਲੇ ਸਰਵੇਖਣ ਪੁਰਾਣੇ ਹਨ ਅਤੇ ਪ੍ਰਤੀਨਿਧੀ ਨਹੀਂ ਹਨ। ਇਹ ਸਰਵੇਖਣਾਂ ਅਤੇ ਉਨ੍ਹਾਂ ਦੇ ਨਤੀਜਿਆਂ ਦੀ ਭਰੋਸੇਯੋਗਤਾ ਨੂੰ ਪ੍ਰਭਾਵਤ ਕਰਦਾ ਹੈ।

ਇਸ ਤੋਂ ਇਲਾਵਾ ਸਰਕਾਰ ਯੋਜਨਾਬੱਧ ਢੰਗ ਨਾਲ ਉਹਨਾਂ ਅੰਕੜਿਆਂ ਨੂੰ ਰੱਦ ਕਰ ਰਹੀ ਹੈ, ਜੋ ਉਸ ਦੇ ਮੁਤਾਬਕ ਨਹੀਂ ਹਨ। ਉੱਪਰ ਦੱਸੇ ਅਨੁਸਾਰ ਨਾ ਸਿਰਫ਼ ਜੀ ਡੀ ਪੀ ਲੜੀ ਨੂੰ ਬਦਲਿਆ ਗਿਆ, ਸਗੋਂ 2017-18 ਦੇ ਖਪਤਕਾਰ ਸਰਵੇਖਣ ਨੂੰ ਵੀ ਜਾਰੀ ਨਹੀਂ ਕੀਤਾ ਗਿਆ ਅਤੇ 2019 ਵਿੱਚ 45 ਸਾਲਾਂ ਦੇ ਉੱਚ ਪੱਧਰ 'ਤੇ ਬੇਰੁਜ਼ਗਾਰੀ ਦੇ ਅੰਕੜੇ ਨੂੰ ਰੋਕ ਦਿੱਤਾ ਗਿਆ। ਸਰਕਾਰ ਵੱਲੋਂ ਪ੍ਰਤੀਕੂਲ ਅਧਿਕਾਰਤ ਅੰਕੜਿਆਂ ਨੂੰ ਰੱਦ ਕਰਨ ਤੋਂ ਪਤਾ ਲੱਗਦਾ ਹੈ ਕਿ ਇਹ ਸਿਰਫ਼ 'ਸਭ ਕੁਝ ਠੀਕ-ਠਾਕ ਹੈ' ਦੱਸਣ ਲਈ ਹੈ। ਇਸੇ ਤਰ੍ਹਾਂ, ਗਰੀਬੀ ਘਟਾਉਣ ਦਾ ਦਾਅਵਾ ਗਲਤ ਅੰਕੜਿਆਂ 'ਤੇ ਅਧਾਰਤ ਹੈ। ਇਹ 2015-16 ਦੇ ਅੰਕੜਿਆਂ ਦੀ ਤੁਲਨਾ 2019-21 ਦੇ ਅੰਕੜਿਆਂ ਨਾਲ ਕਰਦਾ ਹੈ। 2020 ਇੱਕ ਮਹਾਂਮਾਰੀ ਵਾਲਾ ਸਾਲ ਸੀ ਅਤੇ ਉਸ ਸਾਲ ਦੌਰਾਨ ਵੰਚਿਤਤਾ ਵਿੱਚ ਹੈਰਾਨੀ ਜਨਕ ਵਾਧਾ ਹੋਇਆ । ਇਹ ਕਿਵੇਂ ਹੋ ਸਕਦਾ ਹੈ ਕਿ ਵੰਚਿਤ ਵਰਗ (ਅਤੇ ਗਰੀਬੀ) ਸਮੁੱਚੇ ਤੌਰ 'ਤੇ ਘਟ ਗਈ ?

**ਤਰੁਟੀਆਂ**

ਆਈ ਐੱਮ ਐੱਫ ਦੀ ਰਿਪੋਰਟ ਜੀ ਡੀ ਪੀ ਦਾ ਅਨੁਮਾਨ ਲਗਾਉਣ ਦੇ ਦੋ ਤਰੀਕਿਆਂ - ਉਤਪਾਦਨ ਅਤੇ ਖਰਚ ਦੇ ਤਰੀਕਿਆਂ (ਪ੍ਰੋਡਕਸ਼ਨ ਐਂਡ ਐਕਸਪੈਂਡੀਚਰ ਅਪਰੋਚਸ) ਵਿਚਕਾਰ ਵੱਡੀਆਂ 'ਤਰੁੱਟੀਆਂ' ਵੱਲ ਇਸ਼ਾਰਾ ਕਰਦੀ ਹੈ। ਉਤਪਾਦਨ ਕਮਾਈ ਕੀਤੀ ਆਮਦਨ ਨੂੰ ਅਤੇ ਖਰਚ ਵਾਲਾ, ਅਰਥ ਵਿਵਸਥਾ ਵਿੱਚ ਖਰਚ ਕੀਤੀ ਆਮਦਨ ਨੂੰ ਹਾਸਲ ਕਰਦਾ ਹੈ। ਪਰਿਭਾਸ਼ਾ ਅਨੁਸਾਰ ਇਹ ਦੋਵੇਂ ਬਰਾਬਰ ਹੋਣੇ ਚਾਹੀਦੇ ਹਨ, ਕਿਉਂਕਿ ਇਹ ਇੱਕੋ ਸਿੱਕੇ ਦੇ ਦੋ ਪਾਸੇ ਹਨ, ਪਰ ਕਿਉਂਕਿ ਇਹ ਦੋਵੇਂ ਅਨੁਮਾਨ ਵੱਖ-ਵੱਖ ਤਰੀਕਿਆਂ ਨਾਲ ਲਗਾਏ ਗਏ ਹਨ, ਇਹ ਮੇਲ ਨਹੀਂ ਖਾਂਦੇ ਅਤੇ ਦੋਵਾਂ ਵਿਚਕਾਰ ਫ਼ਰਕ ਨੂੰ 'ਤਰੁੱਟੀ' ਕਿਹਾ ਜਾਂਦਾ ਹੈ।

ਅਸੰਗਠਿਤ ਖੇਤਰ ਲਈ ਸੁਤੰਤਰ ਡੇਟਾ ਦੀ ਘਾਟ ਕਾਰਨ ਦੋਵਾਂ ਅਨੁਮਾਨਾਂ ਵਿੱਚ ਗਲਤੀਆਂ ਹਨ। ਇਹ ਦੋਵਾਂ ਅਨੁਮਾਨਾਂ ਨੂੰ ਵੱਖਰੇ ਤੌਰ 'ਤੇ ਪ੍ਰਭਾਵਿਤ ਕਰਦਾ ਹੈ, ਇਸ ਲਈ ਅੰਤਰ ਸਾਲ-ਦਰ-ਸਾਲ ਬਦਲਦਾ ਹੈ। ਨੋਟਬੰਦੀ ਤੋਂ ਪਹਿਲਾਂ 1 ਫੀਸਦੀ ਤੋਂ ਘੱਟ ਰਹਿੰਦਾ ਸੀ। ਹੁਣ ਅਜਿਹਾ ਨਹੀਂ ਹੈ। ਉਹ ਸਕਾਰਾਤਮਕ ਤੋਂ ਨਕਾਰਾਤਮਕ ਅਤੇ ਪਿੱਛੇ ਵੱਲ ਬਹੁਤ ਜ਼ਿਆਦਾ ਝੁਕ ਰਹੇ ਹਨ। ਇਸ ਨਾਲ ਉਲਝਣ ਪੈਦਾ ਹੁੰਦੀ ਹੈ ਕਿ ਕਿਸ ਅਨੁਮਾਨ 'ਤੇ ਨਿਰਭਰ ਕਰਨਾ ਹੈ ਅਤੇ ਉਸ ਵਿੱਚ ਕਿੰਨੀ ਗਲਤੀ ਹੋ ਸਕਦੀ ਹੈ।

**2025-26 ਦੇ ਨਵੀਨਤਮ ਤਿਮਾਹੀ-2 ਡੇਟਾ**

ਉੱਪਰ ਦੱਸੀਆਂ ਗਈਆਂ ਵੱਖ-ਵੱਖ ਕਮਜ਼ੋਰੀਆਂ ਨੂੰ ਦੇਖਦੇ ਹੋਏ,2025-26 ਦੇ ਨਵੀਨਤਮ ਤਿਮਾਹੀ-2 ਡੇਟਾ ਦੁਆਰਾ ਦਰਸਾਏ ਗਏ ਜੀ ਡੀ ਪੀ ਵਿੱਚ ਵਾਧੇ ਨੂੰ ਕਿੰਨਾ ਭਰੋਸੇਯੋਗ ਮੰਨਿਆ ਜਾ ਸਕਦਾ ਹੈ ?

ਤਿਮਾਹੀ 1 ਡੇਟਾ ਵਿੱਚ ਦੱਸੀਆਂ ਗਈਆਂ ਕਮਜ਼ੋਰੀਆਂ ਇੱਥੇ ਵੀ ਲਾਗੂ ਹੁੰਦੀਆਂ ਹਨ। ਪਿਛਲੇ ਸਾਲ ਤੋਂ ਮੌਜੂਦਾ ਸਾਲ ਤੱਕ ਪ੍ਰੋਜੈਕਟ ਕਰਨ ਲਈ ਵਰਤੇ ਗਏ 22 ਉੱਚ ਫ੍ਰੀਕੁਐਂਸੀ ਡੇਟਾ ਵਿੱਚੋਂ ਤੇਰਾਂ (17 ਤਿਮਾਹੀ 1 ਲਈ) 2024-25 ਦੇ ਮੁਕਾਬਲੇ ਘੱਟ ਹਨ। ਸੰਖੇਪ ਵਿੱਚ, ਜੇਕਰ ਅਨੁਮਾਨ ਵਿੱਚ ਵਰਤੀ ਗਈ ਵਿਧੀ ਨੂੰ ਸਵੀਕਾਰ ਕਰ ਲਿਆ ਜਾਵੇ, ਤਾਂ ਤਿਮਾਹੀ-2, 2025-26 ਵਿੱਚ ਵਿਕਾਸ ਦਰ 2024-25 ਦੇ ਮੁਕਾਬਲੇ ਤੇਜ਼ ਨਹੀਂ ਹੋ ਸਕਦੀ।

ਕੁਝ ਵਿਸ਼ਲੇਸ਼ਕ ਦਲੀਲ ਦਿੰਦੇ ਹਨ ਕਿ ਜੇਕਰ ਡੇਟਾ ਉਪਲੱਬਧ ਨਹੀਂ ਹੈ, ਜਿਵੇਂ ਕਿ ਅਸੰਗਠਿਤ ਖੇਤਰ ਦੇ ਮਾਮਲੇ ਵਿੱਚ ਹੈ, ਤਾਂ ਡੇਟਾ ਦਾ ਅਨੁਮਾਨ ਲਗਾਉਣ ਲਈ ਧਾਰਨਾਵਾਂ ਬਣਾਉਣੀਆਂ ਪੈਂਦੀਆਂ ਹਨ, ਜਦੋਂ ਕਿ ਇਹ ਸਹੀ ਹੈ, ਇਸ ਦਾ ਮਤਲਬ ਹੈ ਕਿ ਅਨੁਮਾਨ ਸ਼ਰਤ ਅਨੁਸਾਰ ਸਹੀ ਹਨ। ਨੋਟਬੰਦੀ ਵਰਗੇ ਝਟਕੇ ਪਹਿਲਾਂ ਦੀਆਂ ਧਾਰਨਾਵਾਂ ਨੂੰ ਰੱਦ ਕਰਦੇ ਹਨ ਅਤੇ ਉਹਨਾਂ ਵਿੱਚ ਤਬਦੀਲੀ ਦੀ ਲੋੜ ਹੁੰਦੀ ਹੈ। 2016-17 ਤੋਂ, ਇਹ ਬਦਲਾਅ ਨਹੀਂ ਲਿਆਂਦਾ ਗਿਆ ਹੈ, ਇਸ ਲਈ ਅਧਿਕਾਰਤ ਅੰਕੜੇ ਅਸਲੀਅਤ ਦੇ ਉਲਟ ਹਨ। ਅਨੁਮਾਨ ਨਾ ਸਿਰਫ਼ ਗਲਤ ਹਨ, ਬਲਕਿ ਪਿਛਲੇ ਸਾਲਾਂ ਦੇ ਅੰਕੜਿਆਂ ਨਾਲ ਤੁਲਨਾਯੋਗ ਵੀ ਨਹੀਂ ਹਨ।

ਸੰਗਠਿਤ ਖੇਤਰ ਦੀ ਵਿਕਾਸ ਦਰ ਜਿੰਨੀ ਉੱਚੀ ਹੋਵੇਗੀ, ਗੈਰ-ਸੰਗਠਿਤ ਖੇਤਰ ਦੇ ਗਲਤ ਅਨੁਮਾਨ ਦੇ ਕਾਰਨ ਜੀ ਡੀ ਪੀ ਦੇ ਅਨੁਮਾਨ ਵਿੱਚ ਗਲਤੀ ਓਨੀ ਹੀ ਜ਼ਿਆਦਾ ਹੋਵੇਗੀ। ਡੇਟਾ ਦੀ ਭਰੋਸੇਯੋਗਤਾ ਸਿਰਫ਼ ਇੱਕ ਫੈਸ਼ਨ ਨਹੀਂ, ਬਲਕਿ ਠੋਸ ਨੀਤੀ ਨਿਰਮਾਣ ਲਈ ਇੱਕ ਜ਼ਰੂਰੀ ਲੋੜ ਹੈ। ਇਹੀ ਕਾਰਨ ਹੈ ਕਿ ਆਈ ਐੱਮ ਐੱਫ ਨੇ ਭਾਰਤੀ ਜੀ ਡੀ ਪੀ ਡੇਟਾ ਦੀ ਭਰੋਸੇਯੋਗਤਾ ਦੀ ਘਾਟ ਨੂੰ ਸਵੀਕਾਰ ਕਰਨ ਲਈ ਮਜਬੂਰ ਕੀਤਾ ਹੈ।

**ਅਨੁਵਾਦ : ਐੱਮ ਐੱਸ ਭਾਟੀਆ**

# ਬਰ.ਫ 'ਚੋਂ ਨਿਕਲਦੀ 'ਅੱਗ' ਨਾਲ ਨਾ ਖੇਡੇ ਕੇਂਦਰ ਸਰਕਾਰ



ਰਾਜੇਸ਼ਵਰ ਪਿੰਟੂ, ਧੂਰੀ

ਭਾਰਤ ਦੇ ਨਕਸ਼ੇ 'ਤੇ ਪੰਜਾਬ ਸਿਰਫ਼ ਇੱਕ ਭੂਗੋਲਿਕ ਇਕਾਈ ਨਹੀਂ, ਸਗੋਂ ਦੇਸ਼ ਦੀ ਰੂਹ, ਹੌਂਸਲੇ, ਬਲਿਦਾਨ ਅਤੇ ਲੋਕਤਾਂਤ੍ਰਿਕ ਚੇਤਨਾ ਦਾ ਮਜ਼ਬੂਤ ਕੇਂਦਰ ਹੈ । ਇਹ ਧਰਤੀ ਉਹ ਹੈ, ਜਿਸ ਨੇ ਮੁਗਲਾਂ ਤੋਂ ਲੈ ਕੇ ਵਿਦੇਸ਼ੀ ਹੁਕਮਰਾਨਾਂ ਤੱਕ ਹਰ ਹਕੂਮਤ ਦੇ ਸਮੇਂ ਜ਼ੁਲਮ ਦੇ ਵਿਰੁੱਧ ਡਟ ਕੇ ਖੜ੍ਹਾ ਹੋਣ ਦੀ ਪਰੰਪਰਾ ਨਿਭਾਈ ਹੈ। ਇੱਥੇ ਦੀ ਮਿੱਟੀ ਨੇ ਦੇਸ਼ ਨੂੰ ਸ਼ਹੀਦਾਂ ਦੇ ਨਾਲ-ਨਾਲ, ਮਨੁੱਖਤਾ, ਨਿਆਂ ਅਤੇ ਸਾਂਝੀਵਾਦ ਦਾ ਡੂੰਘਾ ਫਲਸਫ਼ਾ ਵੀ ਬਖ਼ਸ਼ਿਆ ਹੈ, ਪਰ ਅਫ਼ਸੋਸ ਦੀ ਗੱਲ ਹੈ ਕਿ ਪਿਛਲੇ ਕੁਝ ਸਾਲਾਂ ਵਿੱਚ ਕੇਂਦਰ ਦੀ ਭਾਜਪਾ ਸਰਕਾਰ ਵੱਲੋਂ ਪੰਜਾਬ ਦੀ ਪਛਾਣ, ਇਸ ਦੀ ਸੰਵੇਦਨਸ਼ੀਲਤਾ ਅਤੇ ਇਤਿਹਾਸਕ ਵਿਸ਼ੇਸ਼ ਅਹਿਮੀਅਤ ਨੂੰ ਨਜ਼ਰਅੰਦਾਜ਼ ਕਰਦੇ ਹੋਏ ਅਜਿਹੇ ਫੈਸਲੇ ਕੀਤੇ ਗਏ ਹਨ, ਜੋ ਲੋਕਾਂ ਦੇ ਜਜ਼ਬਾਤਾਂ ਨਾਲ ਸਿੱਧਾ ਖਿਲਵਾੜ ਹਨ।

ਪੰਜਾਬੀ ਇੱਕ ਐਸੀ ਕੌਮ ਹੈ, ਜੋ ਬਰਫ਼ ਵਿੱਚੋਂ ਵੀ ਅੱਗ ਪੈਦਾ ਕਰਨ ਦਾ ਜਜ਼ਬਾ ਰੱਖਦੀ ਹੈ, ਇਸ ਲਈ ਇਸ ਧਰਤੀ ਦੀ ਸਹਿਣਸ਼ੀਲਤਾ ਨਾਲ ਖੇਡਣਾ ਸਿਰਫ਼ ਅਕਲ ਦੀ ਘਾਟ ਹੀ ਨਹੀਂ, ਸਗੋਂ ਰਾਸ਼ਟਰੀ ਏਕਤਾ ਲਈ ਵੀ ਖਤਰਨਾਕ ਹੈ।

ਭਾਜਪਾ ਸਰਕਾਰ ਵੱਲੋਂ ਤਿੰਨ ਖੇਤੀ ਕਾਨੂੰਨ ਲਾਗੂ ਕਰਨ ਦਾ ਫੈਸਲਾ ਸਿਰਫ਼ ਇੱਕ ਆਰਥਿਕ ਗਲਤੀ ਨਹੀਂ ਸੀ, ਸਗੋਂ ਪੰਜਾਬ ਦੇ ਖੇਤੀ-ਵਿਰਸੇ, ਤਰਤੀਬਾਂ ਅਤੇ ਸਦੀਆਂ ਤੋਂ ਚੱਲ ਰਹੇ ਹੱਕਾਂ 'ਤੇ ਸਿੱਧੀ ਚੋਟ ਸੀ। ਪੰਜਾਬ ਦੇ ਕਿਸਾਨਾਂ ਨੇ ਨਾ ਸਿਰਫ਼ ਆਪਣੀਆਂ ਜ਼ਮੀਨਾਂ ਨਾਲ ਪ੍ਰੇਮ ਕੀਤਾ ਹੈ, ਸਗੋਂ ਉਹਨਾਂ ਦੇਸ਼ ਦੀ ਖਾਧ-ਸੁਰੱਖਿਆ ਨੂੰ ਆਪਣੀਆਂ ਹੱਡੀਆਂ ਦੀ ਕਮਾਈ ਨਾਲ ਕਾਇਮ ਰੱਖਿਆ ਹੈ। ਜਦੋਂ ਇਹ ਕਾਨੂੰਨ ਲਾਗੂ ਕੀਤੇ ਗਏ, ਤਦ ਬਜ਼ੁਰਗਾਂ ਤੋਂ ਲੈ ਕੇ ਨੌਜਵਾਨਾਂ ਤੱਕ ਸਾਰੇ ਲੋਕ ਸੜਕਾਂ 'ਤੇ ਆ ਗਏ। ਦਿੱਲੀ ਦੀਆਂ ਕੜਕ ਸਰਦੀਆਂ ਵਿੱਚ ਲੱਖਾਂ ਪੰਜਾਬੀ ਕਿਸਾਨਾਂ ਨੇ ਡੇਰੇ ਲਾਏ, ਕਈਆਂ ਨੇ ਆਪਣੀ ਜਾਨ ਤੱਕ ਦੇ ਦਿੱਤੀ, ਪਰ ਲੜਾਈ ਨਹੀਂ ਛੱਡੀ। ਆਖ਼ਰਕਾਰ ਕੇਂਦਰ ਸਰਕਾਰ ਨੂੰ ਕਾਨੂੰਨ ਵਾਪਸ ਲੈਣੇ ਪਏ, ਪਰ ਜ਼ਖ਼ਮ ਅਜੇ ਵੀ ਤਾਜ਼ਾ ਹਨ। ਸਵਾਲ ਅੱਜ ਵੀ ਖੜ੍ਹਾ ਹੈ - ਜੇ ਕਾਨੂੰਨ ਠੀਕ ਸਨ ਤਾਂ ਵਾਪਸ ਕਿਉਂ ਲਏ ? ਜੇ ਗਲਤ ਸਨ ਤਾਂ ਲਾਗੂ ਹੀ ਕਿਉਂ ਕੀਤੇ ?

ਪੰਜਾਬ ਪਹਿਲਾਂ ਹੀ ਆਪਣੇ ਦਰਿਆਈ ਪਾਣੀ ਦਾ ਵੱਡਾ ਹਿੱਸਾ ਹੋਰ ਸੂਬਿਆਂ ਨੂੰ ਦੇ ਰਿਹਾ ਹੈ। ਇਸ ਤੋਂ ਵੀ ਅੱਗੇ ਵਧ ਕੇ ਜੇ ਕੇਂਦਰ ਪੰਜਾਬ ਦੇ ਹਿੱਸੇ ਵਿੱਚੋਂ ਹੋਰ ਕਟੌਤੀ ਜਾਂ ਦਖਲਅੰਦਾਜ਼ੀ ਕਰਦਾ ਹੈ, ਤਾਂ ਇਹ ਅਨਿਆਂ ਹੀ ਨਹੀਂ, ਸਗੋਂ ਭਵਿੱਖ ਦੀਆਂ ਪੀੜ੍ਹੀਆਂ ਦੀ ਜ਼ਿੰਦਗੀ ਨਾਲ ਖ਼ਤਰਨਾਕ ਖੇਡ ਹੋਵੇਗੀ। ਪਾਣੀ 'ਤੇ ਹੱਕ ਕਿਸੇ ਰਾਜਨੀਤਿਕ ਦਲ ਦਾ ਮਸਲਾ ਨਹੀਂ, ਇਹ ਪੰਜਾਬ ਦੇ ਅਸਤਿਤਵ, ਇਸ ਦੀ ਮਿੱਟੀ ਅਤੇ ਇਸ ਦੀ ਧਰਤੀ-ਮਾਂ ਦਾ ਹੱਕ ਹੈ।

ਪੰਜਾਬ ਯੂਨੀਵਰਸਿਟੀ 'ਤੇ ਦਖਲ ਸੰਵਿਧਾਨਕ ਹਿੱਸੇਦਾਰੀ ਨੂੰ ਕਮਜ਼ੋਰ ਕਰਨ ਦੀ ਕੋਸ਼ਿਸ਼ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਸਿਰਫ਼ ਉੱਚ-ਸਿੱਖਿਆ ਦਾ ਕੇਂਦਰ ਨਹੀਂ, ਸਗੋਂ ਪੰਜਾਬੀ ਅਸਥਿਤਵ ਅਤੇ ਬੌਧਿਕਤਾ ਦੀ ਨੁਮਾਇੰਦਗੀ ਹੈ। ਇਸ ਦੀ ਸੈਨੇਟ ਤੇ ਸਿੰਡੀਕੇਟ ਦੀ ਪ੍ਰਣਾਲੀ ਲੰਮੇ ਸਮੇਂ ਤੋਂ ਲੋਕਤਾਂਤ੍ਰਿਕ ਪ੍ਰਕਿਰਿਆ ਦਾ ਪ੍ਰਤੀਕ ਰਹੀ ਹੈ, ਪਰ ਜਦੋਂ ਭਾਜਪਾ ਸਰਕਾਰ ਨੇ ਬਿਨਾਂ ਕੋਈ ਸੰਵਾਦ ਜਾਂ ਸਮਝੌਤਾ ਕੀਤੇ ਚੋਣਾਂ ਨੂੰ ਭੰਗ ਕੀਤਾ ਅਤੇ ਯੂਨੀਵਰਸਿਟੀ ਦੇ ਪ੍ਰਬੰਧ 'ਚ ਦਖਲ ਦਿੱਤਾ, ਤਾਂ ਇਹ ਸਾਫ਼ ਜ਼ਾਹਿਰ ਸੀ ਕਿ ਉਹ ਪੰਜਾਬ ਦੀ ਅਵਾਜ਼ ਨੂੰ ਹਾਸ਼ੀਏ 'ਤੇ ਧੱਕਣਾ ਚਾਹੁੰਦੀ ਹੈ।ਇਹ ਸਿਰਫ਼ ਯੂਨੀਵਰਸਿਟੀ ਦਾ ਮਸਲਾ ਨਹੀਂ, ਸਗੋਂ ਲੋਕਤੰਤਰਿਕ ਢਾਂਚੇ ਨੂੰ ਹੌਲੀ-ਹੌਲੀ ਖੋਖਲਾ ਕਰਨ ਦਾ ਸੰਕੇਤ ਹੈ।

ਪਿਛਲੇ ਕੁਝ ਸਾਲਾਂ ਦੀਆਂ ਘਟਨਾਵਾਂ - ਖੇਤੀ ਕਾਨੂੰਨ, ਪਾਣੀ ਦੇ ਹੱਕਾਂ ਨੂੰ ਘਟਾਉਣ ਦੀ ਕੋਸ਼ਿਸ਼, ਪੰਜਾਬ ਯੂਨੀਵਰਸਿਟੀ 'ਚ ਦਖਲ - ਇਹ ਸਵਾਲ ਖੜ੍ਹ ਕਰਦੇ ਹਨ ਕਿ ਕੀ ਇਹ ਸਾਰੀ ਲੜੀ ਸਿਰਫ਼ ਇਤਫ਼ਾਕ ਹੈ ਜਾਂ ਇਹ ਇੱਕ ਤਰਤੀਬਵਾਰ ਰਣਨੀਤੀ ਹੈ ਜਿਸ ਦਾ ਟੀਚਾ ਪੰਜਾਬ ਦੀ ਅਵਾਜ਼ ਅਤੇ ਅਸਲੀ ਹਿੱਸੇਦਾਰੀ ਨੂੰ ਕਮਜ਼ੋਰ ਕਰਨਾ ਹੈ ਪੰਜਾਬ ਕਦੇ ਵੀ ਜ਼ੁਲਮ ਦੇ ਸਾਹਮਣੇ ਝੁਕਣ ਵਾਲਾ ਰਾਜ ਨਹੀਂ ਰਿਹਾ। ਇੱਥੇ ਦੇ ਲੋਕ ਤਿੱਖੇ ਵੀ ਹਨ ਤੇ ਸੱਚ ਲਈ ਜ਼ੋਰ ਨਾਲ ਖੜ੍ਹ ਹੋਣ ਵਾਲੇ ਵੀ। ਸਬਰ ਦਾ ਇਮਤਿਹਾਨ ਲੈਂਦੇ-ਲੈਂਦੇ ਜਦੋਂ ਬਰਫ਼ ਵਿੱਚੋਂ ਅੱਗ ਫੁੱਟ ਪਏ, ਉਸ ਨੂੰ ਬੁਝਾਉਣਾ ਕਿਸੇ ਵੀ ਸਰਕਾਰ ਦੇ ਵੱਸ ਦੀ ਗੱਲ ਨਹੀਂ ਰਹਿੰਦੀ।

ਜੇ ਭਾਜਪਾ ਸਰਕਾਰ ਸੱਚਮੁੱਚ ਕੌਮੀ ਏਕਤਾ, ਸਾਂਝੇਪਣ ਅਤੇ ਦੇਸ਼-ਹਿੱਤ ਦੀ ਚਿੰਤਾ ਕਰਦੀ ਹੈ, ਤਾਂ ਇਸ ਨੂੰ ਪੰਜਾਬ ਨਾਲ ਸੰਵਾਦ, ਹਮਦਰਦੀ, ਆਦਰ ਅਤੇ ਨਿਆਂ ਦੀ ਭਾਸ਼ਾ ਵਿਚ ਗੱਲ ਕਰਨੀ ਪਵੇਗੀ। ਸਰਕਾਰਾਂ ਡਰ, ਦਬਾਅ ਅਤੇ ਹੰਕਾਰ ਨਾਲ ਨਹੀਂ, ਸੁਣਵਾਈ, ਨਿਆਂ ਅਤੇ ਭਰੋਸੇ ਨਾਲ ਟਿਕਦੀਆਂ ਹਨ। ਪੰਜਾਬ ਦੇ ਲੋਕ ਕਠੋਰ ਨਹੀਂ, ਪਰ ਜਦੋਂ ਇੱਜ਼ਤ, ਹੱਕ ਅਤੇ ਅਸਮਤਾ 'ਤੇ ਹਮਲਾ ਹੁੰਦਾ ਹੈ ਤਾਂ ਉਹ ਚੁੱਪ ਨਹੀਂ ਬੈਠਦੇ। ਭਾਰਤ ਦੀ ਖ਼ੂਬਸੂਰਤੀ ਇਸ ਵਿੱਚ ਹੈ ਕਿ ਹਰ ਸੂਬੇ ਦੀ ਆਪਣੀ ਵਿਲੱਖਣ ਪਛਾਣ ਹੈ। ਜੇ ਕੇਂਦਰ ਉਹਨਾਂ ਪਛਾਣਾਂ ਨੂੰ ਕਮਜ਼ੋਰ ਕਰਨ ਦੀ ਕੋਸ਼ਿਸ਼ ਕਰਦਾ ਹੈ, ਤਾਂ ਦੇਸ਼ ਦੀ ਏਕਤਾ ਆਪਣੇ-ਆਪ ਹੀ ਵਿਘੜਣ ਲੱਗ ਪੈਂਦੀ ਹੈ। ਪੰਜਾਬ ਨੂੰ ਹੁਕਮਾਂ ਦੀ ਸਿਆਸਤ ਦੀ ਨਹੀਂ, ਪਿਆਰ, ਨਿਆਂ ਅਤੇ ਆਦਰ ਦੀ ਲੋੜ ਹੈ।

ਪੰਜਾਬ ਕੇਂਦਰ ਦਾ ਵੈਰੀ ਨਹੀਂ, ਪਰ ਕੇਂਦਰ ਦੀ ਬੇਹਿਸੀ ਉਸ ਨੂੰ ਦੂਰ ਕਰ ਰਹੀ ਹੈ।ਪੰਜਾਬ ਨੇ ਸਦਾ ਦੇਸ਼ ਲਈ ਲਹੂ ਦਿੱਤਾ ਹੈ, ਅੱਜ ਉਹ ਸਿਰਫ਼ ਇੱਜ਼ਤ, ਹੱਕ ਅਤੇ ਸੰਵਿਧਾਨਕ ਹਿੱਸੇਦਾਰੀ ਦੀ ਮੰਗ ਕਰ ਰਿਹਾ ਹੈ। ਕੇਂਦਰ ਨੂੰ ਚਾਹੀਦਾ ਹੈ ਕਿ ਬਰਫ਼ 'ਚੋਂ ਨਿਕਲਦੀ ਅੱਗ ਨਾਲ ਖੇਡਣਾ ਬੰਦ ਕਰੇ। ਪੰਜਾਬ ਦੇ ਦਿਲ ਵਿਚ ਥਾਂ ਜਬਰ ਨਾਲ ਨਹੀਂ, ਸਿਰਫ਼ ਪਿਆਰ, ਨਿਆਂ ਅਤੇ ਸੱਚੇ ਸੰਵਾਦ ਨਾਲ ਬਣਦੀ ਹੈ।

*ਸੰਪਰਕ : 98553-22886*

## ਬਲਾਕ ਸੰਮਤੀ ਅਤੇ ਜ਼ਿਲ੍ਹਾ ਪ੍ਰੀਸ਼ਦ ਚੋਣਾਂ

# ਪਿੰਡਾਂ ਦੀ ਭਾਈਚਾਰਕ ਸਾਂਝ ਅੱਗੇ ਸਿਆਸੀ ਦੀਵਾਰਾਂ ਉੱਚੀਆਂ ਨਾ ਕਰਿਓ

**ਇੰਦਰਜੀਤ ਸਿੰਘ ਕੰਗ**

ਜਦੋਂ ਦੁਨੀਆ ਭਰ ਵਿੱਚ ਲੋਕਤੰਤਰੀ ਦੇਸ਼ਾਂ ਦੀ ਗੱਲ ਹੁੰਦੀ ਹੈ, ਭਾਰਤ ਦਾ ਨਾਂਅ ਸਭ ਤੋਂ ਪਹਿਲਾਂ ਲਿਆ ਜਾਂਦਾ ਹੈ। ਇਸ ਲਈ ਲੋਕਤੰਤਰੀ ਪ੍ਰਸ਼ਾਸਨ ਬਹਾਲ ਰੱਖਣ ਲਈ ਆਮ ਲੋਕ ਵੋਟਾਂ ਰਾਹੀਂ ਚੋਣਾਂ ਵਿੱਚ ਖੜ੍ਹੇ ਉਮੀਦਵਾਰਾਂ ਵਿੱਚੋਂ ਆਪਣੀ ਪਸੰਦ ਦਾ ਇੱਕ ਉਮੀਦਵਾਰ ਚੁਣਦੇ ਹਨ, ਜਿੱਤਿਆ ਉਮੀਦਵਾਰ ਆਮ ਲੋਕਾਂ ਦਾ ਨੁਮਾਇੰਦਾ ਬਣ ਉਨ੍ਹਾਂ ਦੀਆਂ ਮੁਸ਼ਕਲਾਂ ਹੱਲ ਕਰਨ ਅਤੇ ਵਿਕਾਸ ਦੇ ਕੰਮਾਂ ਵਿੱਚ ਯੋਗਦਾਨ ਪਾਉਂਦਾ ਹੈ। ਲੋਕਤੰਤਰ ਦੀ ਪਰਿਭਾਸ਼ਾ ਵਿੱਚ ਸਿਆਸਤ ਨੂੰ ਲੋਕ ਸੇਵਾ ਦੇ ਨਾਂਅ ਨਾਲ ਜਾਣਿਆ ਜਾਂਦਾ ਸੀ, ਪ੍ਰੰਤੂ ਹੁਣ ਇਹੀ ਸਿਆਸਤ ਵਪਾਰ ਬਣ ਚੁੱਕੀ ਹੈ। ਅੱਜ ਹਾਲਾਤ ਇਹ ਬਣ ਚੁੱਕੇ ਹਨ ਕਿ ਸਿਆਸਤ ਦੀ ਪੌੜੀ ਚੜ੍ਹ ਕੇ ਚੁਣੇ ਨੁਮਾਇੰਦੇ ਆਪਣੀਆਂ ਅਗਲੀਆਂ ਪੁਸ਼ਤਾਂ ਲਈ ਮਾਲ ਬਣਾਉਂਦੇ ਹਨ ਅਤੇ ਆਮ ਲੋਕ ਉਨ੍ਹਾਂ ਦੀ ਚਾਕਰੀ ਕਰਦੇ ਹਨ, ਮੁੜ ਅਗਲੇ ਪੰਜ ਸਾਲ ਬਾਅਦ ਮੁੜ ਵੋਟਾਂ ਪਾ, ਆਪਣੇ ਕੰਮ-ਧੰਦੇ ਵਿੱਚ ਲੱਗ ਜਾਂਦੇ ਹਨ, ਚੁਣੇ ਨੁਮਾਇੰਦੇ ਆਪਣਾ ਮਾਲ ਬਣਾਉਣ ਵਿੱਚ ਮਸ਼ਰੂਫ। ਅਜੋਕੇ ਸਮੇਂ ਵਿੱਚ ਰਾਜਸੀ ਲੋਕਾਂ ਦੀ ਮਾੜੀ ਸੋਚ ਸਦਕਾ ਭਾਰਤ ਦਾ ਲੋਕਤੰਤਰ-ਨੋਟ+ਸ਼ਰਾਬ ਤੰਤਰ ਵਿੱਚ ਬਦਲ ਚੁੱਕਾ ਹੈ। ਇਸ ਵਿੱਚ ਵੀ ਕੋਈ ਸ਼ੱਕ ਨਹੀਂ ਕਿ ਰਾਜਨੀਤਕ ਪਾਰਟੀਆਂ ਪਿੰਡਾਂ ਦੇ ਲੋਕਾਂ ਦੇ ਆਪਸੀ ਪਿਆਰ ਅਤੇ ਭਾਈਚਾਰਕ ਸਾਂਝ ਨੂੰ ਪਾੜ ਲਾਉਣ 'ਚ ਕਾਮਯਾਬ ਹੋ ਚੁੱਕੀਆਂ ਹਨ, ਇਨ੍ਹਾਂ ਪਾਰਟੀਆਂ ਦੇ ਨੁਮਾਇੰਦੇ ਆਮ ਲੋਕਾਂ ਨੂੰ ਆਪਣੇ ਮੋਹਰੇ ਬਣਾ ਕੇ ਵਰਤਦੇ ਹਨ। ਪਹਿਲਾਂ ਦੀ ਤਰ੍ਹਾਂ ਇਨ੍ਹਾਂ ਵੋਟਾਂ ਵਿੱਚ ਵੀ ਸਿਆਸੀ ਲੋਕਾਂ ਨੇ ਜਿੱਤ ਜਾਣਾ ਹੈ, ਆਮ ਵੋਟਰਾਂ ਨੇ ਮੁੜ ਹਾਰ ਜਾਣਾ ਹੈ।

ਸਮੁੱਚੇ ਪੰਜਾਬ ਅੰਦਰ 14 ਦਸੰਬਰ ਨੂੰ ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਦੀਆਂ ਵੋਟਾਂ ਪੈਣ ਜਾ ਰਹੀਆਂ ਹਨ। ਸਰਦੀ ਦਾ ਮੌਸਮ ਹੋਣ ਦੇ ਬਾਵਜੂਦ ਪਿੰਡਾਂ ਦੀ ਸਿਆਸਤ ਨੇ ਮਹੌਲ ਵਿੱਚ ਗਰਮੀ ਪੈਦਾ ਕੀਤੀ ਹੋਈ ਹੈ। ਇਸ ਵਾਰ ਪੰਜਾਬ ਦੀਆਂ ਪ੍ਰਮੁੱਖ ਚਾਰੇ ਸਿਆਸੀ ਪਾਰਟੀਆਂ ਮੈਦਾਨ ਵਿੱਚ ਡਟੀਆਂ ਹੋਈਆਂ ਹਨ, ਜੋ ਆਪੋ ਆਪਣੇ ਸਮੱਰਥਕਾਂ ਨਾਲ ਪਿੰਡਾਂ ਵਿੱਚ ਘਰ-ਘਰ ਜਾ ਕੇ ਜਾਂ ਸਾਂਝੀਆਂ ਥਾਵਾਂ 'ਤੇ ਚੋਣ ਮੀਟਿੰਗਾਂ ਕਰਕੇ ਵੋਟਾਂ ਮੰਗ ਰਹੇ ਹਨ। ਜੇਕਰ ਅਸਲ ਮਾਅਨਿਆਂ ਨਾਲ ਦੇਖਿਆ ਜਾਵੇ ਤਾਂ ਕਿਸੇ ਵੀ ਸਿਆਸੀ ਪਾਰਟੀ ਕੋਲ ਕੋਈ ਠੋਸ ਮੁੱਦਾ ਨਹੀਂ ਹੈ, ਜੋ ਪੰਜਾਬ ਦੀ ਭਲਾਈ ਲਈ ਹੋਵੇ। ਜੇਕਰ ਇਨ੍ਹਾਂ ਚੋਣਾਂ ਸੰਬੰਧੀ ਆਮ ਲੋਕਾਂ ਨਾਲ ਚਰਚਾ ਕੀਤੀ ਜਾਵੇ ਤਾਂ ਬਹੁਤੇ ਲੋਕ ਅਜੇ ਤੱਕ ਬਲਾਕ ਸੰਮਤੀ ਅਤੇ ਜ਼ਿਲ੍ਹਾ ਪ੍ਰੀਸ਼ਦ ਦੇ ਅੰਤਰ ਤੋਂ ਅਣਜਾਣ ਹਨ। ਇੱਕ ਗੱਲ ਸਾਫ ਹੈ ਕਿ ਇਨ੍ਹਾਂ ਵੋਟਾਂ ਨਾਲ ਆਮ ਲੋਕਾਂ ਦਾ ਸੁਧਾਰ ਤਾਂ ਕੀ ਹੋਣਾ ਹੈ, ਹਾਂ ਇਹ ਚੋਣਾਂ ਪਿੰਡਾਂ ਦੀ ਭਾਈਚਾਰਕ ਸਾਂਝ ਵਿੱਚ ਸਿਆਸੀ ਦੀਵਾਰਾਂ ਜ਼ਰੂਰ ਖੜ੍ਹੀਆਂ ਕਰ ਜਾਣਗੀਆਂ।

ਜੋ ਚਾਰੇ ਸਿਆਸੀ ਪਾਰਟੀਆਂ ਆਪੋ-ਆਪਣੇ ਚੋਣ ਨਿਸ਼ਾਨਾਂ 'ਤੇ ਬਲਾਕ ਸੰਮਤੀ ਅਤੇ ਜ਼ਿਲ੍ਹਾ ਪ੍ਰੀਸ਼ਦ ਦੀਆਂ ਚੋਣਾਂ ਲੜਨ ਜਾ ਰਹੀਆਂ ਹਨ, ਉਨ੍ਹਾਂ ਵੱਲੋਂ ਵਰਤੇ ਜਾ ਰਹੇ ਸਿਆਸੀ ਪੈਂਤੜੇ ਉਹੀ ਪੁਰਾਣੇ ਹਨ, ਜਿਨ੍ਹਾਂ ਨੂੰ ਸੁਣ-ਸੁਣ ਆਮ ਲੋਕ ਥੱਕ ਚੁੱਕੇ ਹਨ। ਇਨ੍ਹਾਂ ਸਿਆਸੀ ਪਾਰਟੀਆਂ ਦਾ ਮੁੱਖ ਮਨੋਰਥ ਪੇਂਡੂ ਲੋਕਾਂ ਦੇ ਟੀਕਾ ਲਗਾ ਕੇ ਦੇਖਣਾ ਹੈ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਉਨ੍ਹਾਂ ਦਾ ਕੀ ਰੁਖ ਹੋਵੇਗਾ। ਜੇਕਰ ਸਿਆਸੀ ਪਾਰਟੀਆਂ ਬਾਰੇ ਗੱਲ ਕੀਤੀ ਜਾਵੇ ਤਾਂ 2022 ਵਿੱਚ ਪੰਜਾਬ ਦੀਆਂ 117 ਵਿਧਾਨ ਸਭਾ ਸੀਟਾਂ ਵਿੱਚੋਂ 93 ਸੀਟਾਂ ਉੱਤੇ ਜਿੱਤ ਪ੍ਰਾਪਤ ਕਰਕੇ ਸੱਤਾ ਸੰਭਾਲਣ ਉਪਰੰਤ ਮੌਜੂਦਾ ਆਮ ਆਦਮੀ ਪਾਰਟੀ ਲਈ ਇਹ ਪਹਿਲਾ ਮੌਕਾ ਹੈ, ਜਦੋਂ ਉਹ ਆਪਣੇ ਚੋਣ ਨਿਸ਼ਾਨ ਉੱਤੇ ਪੇਂਡੂ ਖੇਤਰ ਦੇ ਲੋਕਾਂ ਲਈ ਪਿਛਲੇ ਪੌਣੇ ਚਾਰ ਸਾਲਾਂ ਵਿੱਚ ਆਪਣੇ ਕੀਤੇ ਕਾਰਜਾਂ ਉੱਤੇ ਮੋਹਰ ਲਵਾਉਣਗੇ। ਇਹੀ ਮੋਹਰ ਉਨ੍ਹਾਂ ਲਈ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਕੰਮ ਆਵੇਗੀ। ਪੰਜਾਬ ਦੀ ਸਭ ਤੋਂ ਪੁਰਾਣੀ ਖੇਤਰੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਜੋ ਆਪਣੀਆਂ ਹੀ ਗਲਤ ਨੀਤੀਆਂ ਕਾਰਨ ਪੰਜਾਬ ਦੇ ਲੋਕਾਂ ਦਾ ਦਿਲੀ ਵਿਸ਼ਵਾਸ ਖੋ ਬੈਠੀ ਸੀ, ਮੁੜ ਪਿੰਡਾਂ ਵਿੱਚ ਪੈਰ ਧਰਨ ਲੱਗ ਪਈ ਹੈ। ਇਨ੍ਹਾਂ ਵੋਟਾਂ ਦੇ ਨਤੀਜੇ ਇਸ ਪਾਰਟੀ ਦਾ ਸਿਆਸੀ ਭਵਿੱਖ ਤਹਿ ਕਰਨਗੇ। ਕਾਂਗਰਸ ਪਾਰਟੀ ਜੋ ਦਿੱਗਜ਼ ਲੀਡਰਾਂ ਦੀ ਆਪਸੀ ਫੁੱਟ ਦਾ ਸ਼ਿਕਾਰ ਹੋਈ ਪਈ ਹੈ, ਜਿਸ ਦਾ ਆਪਾ ਹੀ ਸੰਭਾਲ ਨਹੀਂ ਹੋ ਰਿਹਾ, ਉਹ ਆਮ ਵੋਟਰਾਂ ਕੋਲੋਂ ਕਿਸ ਮੁੱਦੇ ਉੱਤੇ ਵੋਟਾਂ ਮੰਗਣਗੇ। ਪੰਜਾਬ ਵਿੱਚ ਕੇਂਦਰ ਵਿੱਚ ਬਿਰਾਜਮਾਨ ਸੱਤਾਧਾਰੀ ਪਾਰਟੀ ਭਾਰਤੀ ਜਨਤਾ ਪਾਰਟੀ ਆਪਣੀ ਸਿਆਸੀ ਸਾਂਝ ਵਾਲੀ ਖੇਤਰੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਨਾਲੋਂ ਨਾਤਾ ਤੋੜਨ ਪਿੱਛੋਂ ਪਹਿਲੀ ਵਾਰ ਪੇਂਡੂ ਖੇਤਰਾਂ ਵਿੱਚ ਆਪਣੇ ਬਲਬੂਤੇ 'ਤੇ ਸਿਆਸੀ ਦਾਅ ਖੇਡਣ ਲੱਗੀ ਹੈ, ਇਸ ਬਾਰੇ ਪਤਾ ਤਾਂ ਨਤੀਜਿਆਂ ਪਿੱਛੋਂ ਲੱਗੇਗਾ ਕਿ ਇਹ ਪਾਰਟੀ ਆਪਣਾ ਪਿੰਡਾਂ ਵਿੱਚ ਕਿੰਨਾ ਕੁ ਅਧਾਰ ਕਾਇਮ ਕਰਨ ਵਿੱਚ ਸਫਲ ਹੋਈ ਹੈ।

ਇਸ ਲਈ ਇਨ੍ਹਾਂ ਚੋਣਾਂ ਵਿੱਚ ਖੜ੍ਹਨ ਵਾਲੇ ਉਮੀਦਵਾਰ ਪੈਸੇ ਵੰਡ ਕੇ, ਕਈ ਤਰ੍ਹਾਂ ਲਾਲਚ ਦੇ ਕੇ ਜਾਂ ਕਈ ਤਰ੍ਹਾਂ ਦੇ ਜੋੜ-ਤੋੜ ਕਰਕੇ ਜਿੱਤਣ ਦੀ ਕੋਸ਼ਿਸ਼ ਕਰਨਗੇ, ਪ੍ਰੰਤੂ ਪੰਜਾਬ ਦੇ ਲੋਕਾਂ ਨੂੰ ਇਸ ਵਾਰ ਦੀਆਂ ਪੰਚਾਇਤ ਸੰਮਤੀ ਅਤੇ ਜ਼ਿਲ੍ਹਾ ਪ੍ਰੀਸ਼ਦ ਚੋਣਾਂ ਵਿੱਚ ਆਪਸੀ ਧੜੇਬੰਦੀ, ਪਾਰਟੀਬਾਜ਼ੀ ਤੋਂ ਉਪਰ ਉੱਠ ਕੇ ਸੋਚ-ਸਮਝ ਕੇ ਆਪਣੀ ਵੋਟ ਦਾ ਇਸਤੇਮਾਲ ਕਰਨਾ ਚਾਹੀਦਾ ਹੈ ਅਤੇ ਲੋਕਾਂ ਵਿੱਚ ਆਪਸੀ ਪਾੜਾ ਪਾਉਣ ਵਾਲੇ ਅਖੌਤੀ ਲੀਡਰਾਂ ਨੂੰ ਦਿਖਾ ਦੇਣਾ ਚਾਹੀਦਾ ਹੈ, ਜਿਨ੍ਹਾਂ ਪਿੰਡਾਂ ਦੇ ਸਿੱਧੇ-ਸਾਦੇ ਲੋਕਾਂ ਵਿੱਚ ਸਿਆਸੀ ਦੀਵਾਰਾਂ ਖੜ੍ਹੀਆਂ ਕਰ ਦਿੱਤੀਆਂ ਹਨ, ਉਸ ਫੁੱਟ ਪਾਓ ਸਿਆਸਤ ਤੋਂ ਪੰਜਾਬੀ ਅਜੇ ਵੀ ਕੋਹਾਂ ਦੂਰ ਹਨ।

*ਸੰਪਰਕ : 98558-82722*

# ਬਿਜਲੀ ਮੁਲਾਜ਼ਮਾਂ ਸਰਕਾਰ ਤੇ ਮੈਨੇਜਮੈਂਟ ਦੀ ਅਰਥੀ ਸਾੜੀ

**ਬਠਿੰਡਾ ਥਰਮਲ ਕਲੋਨੀ ਦੀ ਜ਼ਮੀਨ ਵੇਚਣ ਦੇ ਫੈਸਲੇ ਦੀ ਜ਼ੋਰਦਾਰ ਨਿੰਦਾ**





**ਦੋਰਾਹਾ (ਹਰਜਿੰਦਰ ਸੇਠ)**

ਟੈਕਨੀਕਲ ਸਰਵਿਸਜ਼ ਯੂਨੀਅਨ ਤੇ ਕੋਆਰਡੀਨੇਸ਼ਨ ਕਮੇਟੀ ਆਫ ਪਾਵਰਕਾਮ ਐਂਡ ਟਰਾਂਸਕੋ ਆਊਟਸੋਰਸਡ ਮੁਲਾਜ਼ਮ ਪੰਜਾਬ ਦੇ ਸੱਦੇ ਨੂੰ ਲਾਗੂ ਕਰਦੇ ਹੋਏ ਬਿਜਲੀ ਵਿਭਾਗ ਦੀਆਂ ਵੱਖ ਵੱਖ ਜਥੇਬੰਦੀਆਂ ਦੇ ਕਾਮਿਆਂ ਨੇ ਇਕੱਠ ਕਰ ਕੇ ਸਬ ਡਵੀਜ਼ਨ ਰਾਮਪੁਰ ਵਿਖੇ ਰੋਸ ਰੈਲੀ ਕਰਕੇ ਪੰਜਾਬ ਸਰਕਾਰ ਤੇ ਪਾਵਰਕਾਮ ਦੀ ਮੈਨੇਜਮੈਂਟ ਦੀ ਅਰਥੀ ਫੂਕੀ ਗਈ।ਆਗੂਆਂ ਬਲਵੀਰ ਸਿੰਘ, ਸੁਖਜੀਤ ਸਿੰਘ, ਬੂਟਾ ਸਿੰਘ, ਲਖਵੀਰ ਸਿੰਘ, ਗੁਰਪ੍ਰੀਤ ਸਿੰਘ, ਜਸਵਿੰਦਰ ਸਿੰਘ ਨੇ ਸਾਂਝੇ ਤੌਰ 'ਤੇ ਪੰਜਾਬ ਸਰਕਾਰ ਤੇ ਪਾਵਰਕਾਮ ਦੀ ਮੈਨੇਜਮੈਂਟ ਵੱਲੋਂ ਬਠਿੰਡਾ ਥਰਮਲ ਕਲੋਨੀ ਦੀ ਜ਼ਮੀਨ ਵੇਚਣ ਦੇ ਕੀਤੇ ਫੈਸਲੇ ਦੀ ਜ਼ੋਰਦਾਰ ਸ਼ਬਦਾਂ ਵਿੱਚ ਨਿੰਦਿਆ ਕੀਤੀ।ਜਥੇਬੰਦੀਆਂ ਨੇ ਨੂੰ ਸਾਂਝੇ ਤੌਰ 'ਤੇ ਡਵੀਜ਼ਨ ਪੱਧਰ 'ਤੇ ਪੰਜਾਬ ਸਰਕਾਰ ਤੇ ਪਾਵਰਕਾਮ ਦੀ ਮੈਨੇਜਮੈਂਟ ਦੇ ਵਿਰੋਧ ਵਿੱਚ ਰੈਲੀ ਕਰਕੇ ਅਰਥੀ ਸਾੜੀ।ਆਗੂਆਂ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਸਾਮਰਾਜੀ ਦਿਸ਼ਾ ਨਿਰਦੇਸ਼ਾਂ ਤਹਿਤ ਨਿੱਜੀਕਰਨ ਦੀਆਂ ਨੀਤੀਆਂ ਨੂੰ ਲਾਗੂ ਕਰਨ ਲਈ ਬਿਜਲੀ ਐਕਟ 2003 ਵਿੱਚ ਲਗਾਤਾਰ ਸੋਧਾਂ ਕਰਦਿਆਂ ਹੁਣ ਬਿਜਲੀ ਸੋਧ ਬਿੱਲ 2025 ਨੂੰ ਪਾਸ ਕਰਕੇ ਬਿਜਲੀ ਖੇਤਰ ਦਾ ਮੁਕੰਮਲ ਰੂਪ ਵਿੱਚ ਨਿੱਜੀਕਰਨ ਕਰਨ ਲਈ ਕਦਮ ਚੁੱਕੇ ਜਾ ਰਹੇ ਹਨ।ਪੰਜਾਬ ਸਰਕਾਰ ਵੱਲੋਂ ਵੀ ਬਿਜਲੀ ਵਿਭਾਗ ਦੀਆਂ ਜ਼ਮੀਨਾਂ ਵੇਚਣ ਦੇ ਫੈਸਲੇ ਇਸੇ ਨੀਤੀ ਤਹਿਤ ਹੀ ਕੀਤੇ ਜਾ ਰਹੇ ਹਨ।

ਸਾਮਰਾਜੀ ਦਿਸ਼ਾ ਨਿਰਦੇਸ਼ਤ ਨੀਤੀਆਂ ਨੂੰ ਲਾਗੂ ਕਰਦਿਆਂ ਕੇਂਦਰ ਤੇ ਪੰਜਾਬ ਸਰਕਾਰ ਵੱਲੋਂ ਸੁਧਾਰਾਂ ਦੇ ਦੰਭੀ ਐਲਾਨ ਹੇਠ ਕਾਰਪੋਰੇਟ ਘਰਾਣਿਆਂ ਵੱਲੋਂ ਪਹਿਲਾਂ ਕੀਤੀ ਜਾਂਦੀ ਲੁੱਟ 'ਚ ਵਾਧਾ ਕਰਨ ਲਈ ਨਿੱਜੀਕਰਨ ਕੀਤਾ ਜਾ ਰਿਹਾ ਹੈ।ਇਨ੍ਹਾਂ ਸਾਮਰਾਜੀ ਦਿਸ਼ਾ ਨਿਰਦੇਸ਼ਤ ਨੀਤੀਆਂ ਤਹਿਤ ਹੀ ਪੰਜਾਬ ਸਰਕਾਰ ਵੱਲੋਂ ਬਿਜਲੀ ਐਕਟ 2003 ਤੇ 2025 ਲਾਗੂ ਕਰਦਿਆਂ ਬਿਜਲੀ ਕਾਰਪੋਰੇਸ਼ਨ ਦੇ ਨਿਜੀਕਰਨ ਦਾ ਹੱਲ ਤੇਜ਼ ਕੀਤਾ ਹੋਇਆ ਹੈ।ਆਗੂਆਂ ਨੇ ਪੰਜਾਬ ਦੇ ਸਮੂਹ ਕਿਸਾਨਾਂ, ਮਜ਼ਦੂਰਾਂ, ਮੁਲਾਜ਼ਮਾਂ ਨੂੰ ਅਪੀਲ ਕੀਤੀ ਕਿ ਨਿੱਜੀਕਰਨ ਦੇ ਇਸ ਤਬਾਹਕੁੰਨ ਹੱਲੇ ਵਿਰੁੱਧ ਵਿਸ਼ਾਲ, ਸਾਂਝੇ, ਲੰਬੇ ਤੇ ਤਿੱਖੇ ਸੰਘਰਸ਼ ਦੀਆਂ ਜ਼ੋਰਦਾਰ ਤਿਆਰੀਆਂ ਵਿੱਚ ਜੁਟਣ ਦੀ ਲੋੜ ਹੈ, ਕਿਉਂਕਿ ਕੇਂਦਰ ਸਰਕਾਰ ਤੇ ਪੰਜਾਬ ਸਰਕਾਰ ਪਿਛਲੇ ਦਿਨਾਂ ਤੋਂ ਜਿਸ ਕਿਸਮ ਦੇ ਕਦਮ ਲੈ ਰਹੀ ਹੈ, ਉਨ੍ਹਾਂ ਤੋਂ ਸਪੱਸ਼ਟ ਹੈ ਕਿ ਉਹ ਕਾਰਪੋਰੇਟ ਘਰਾਣਿਆਂ ਦੀ ਸੇਵਾ ਲਈ ਜਲਦੀ ਹੀ ਬਿਜਲੀ ਕਾਰਪੋਰੇਸ਼ਨ ਦਾ ਭੋਗ ਪਾਉਣ ਦੀਆਂ ਤਿਆਰੀਆਂ ਵਿੱਚ ਜੁਟੀ ਹੋਈ ਹੈ।ਉਨ੍ਹਾਂ ਕਿਹਾ ਕਿ ਨਿੱਜੀਕਰਨ ਦੀ ਲੋੜ ਵੱਲੋਂ ਲਏ ਜਾ ਰਹੇ ਇਹ ਕਦਮ ਬੜੇ ਸਾਜ਼ਿਸ਼ੀ ਤੇ ਧੋਖੇ ਭਰੇ ਢੰਗ ਤਰੀਕੇ ਨਾਲ ਲਏ ਜਾ ਰਹੇ ਹਨ, ਜਿਸ ਨੂੰ ਅਸਫਲ ਬਣਾ ਕੇ ਨਿੱਜੀਕਰਨ ਵਿਰੁੱਧ ਸੰਘਰਸ਼ ਨੂੰ ਸਫ਼ਲ ਬਣਾਉਣ ਦੀ ਲੋੜ ਹੈ।ਇਸ ਹਾਲਤ ਵਿੱਚ ਸਭ ਤੋਂ ਪਹਿਲੀ ਲੋੜ ਵੱਖ ਵੱਖ ਜਥੇਬੰਦੀਆਂ ਵਿੱਚ ਵੰਡੇ ਹੋਏ ਬਿਜਲੀ ਮੁਲਾਜ਼ਮਾਂ ਤੇ ਭਰਾਤਰੀ ਜਥੇਬੰਦੀਆਂ ਨੂੰ ਇੱਕ ਸਾਂਝੇ ਸੰਘਰਸ਼ ਦੇ ਪਲੇਟਫਾਰਮ 'ਤੇ ਇਕੱਠੇ ਕਰਨ ਦੀ ਅਹਿਮ ਲੋੜ ਹੈ।ਇਸ ਹਾਲਤ ਵਿੱਚ ਸਮੁੱਚੇ ਬਿਜਲੀ ਮੁਲਾਜ਼ਮਾਂ ਲਈ ਇਹੀ ਇੱਕੋ ਇੱਕ ਠੀਕ ਰਾਹ ਹੈ, ਜਿਸ 'ਤੇ ਚੱਲ ਕੇ ਅਸੀਂ ਬਿਜਲੀ ਵਿਭਾਗ ਨੂੰ ਬਚਾਅ ਕੇ ਆਪਣੇ ਰੁਜ਼ਗਾਰ ਨੂੰ ਬਚਾਉਣ ਵਿੱਚ ਸਫਲ ਹੋ ਸਕਾਂਗੇ।ਆਗੂਆਂ ਨੇ ਸਮੂਹ ਕਿਸਾਨ ਜਥੇਬੰਦੀਆਂ ਤੇ ਲੋਕਾਂ ਨੂੰ ਅਪੀਲ ਕੀਤੀ ਕਿ ਨਿੱਜੀਕਰਨ ਦੀ ਨੀਤੀ ਤਹਿਤ ਬਠਿੰਡਾ ਥਰਮਲ ਕਲੋਨੀ ਦੀ ਜ਼ਮੀਨ ਵੇਚਣ ਦੇ ਵਿਰੋਧ ਵਿੱਚ ਸਾਂਝੇ ਤੌਰ 'ਤੇ ਸੰਘਰਸ਼ ਲੜਨਾ ਪੈਣਾ ਹੈ।ਆਗੂਆਂ ਨੇ ਬਿਜਲੀ ਖੇਤਰ ਅਤੇ ਕੰਮ ਕਰਦੀਆਂ ਸਮੂਹ ਜਥੇਬੰਦੀਆਂ ਨੂੰ ਵੀ ਅਪੀਲ ਕੀਤੀ ਕਿ ਇਸ ਫੈਸਲੇ ਵਿਰੁੱਧ ਸਾਂਝੇ ਸੰਘਰਸ਼ਾਂ ਦੀ ਨੀਤੀ ਨੂੰ ਲਾਗੂ ਕਰਦਿਆਂ ਸੰਘਰਸ਼ ਵਿੱਚ ਸ਼ਮੂਲੀਅਤ ਕੀਤੀ ਜਾਵੇ।

**ਭੀਖੀ (ਗੁਰਿੰਦਰ ਸਿੰਘ ਔਲਖ)** : ਬਿਜਲੀ ਬੋਰਡ ਦੀਆਂ ਜਾਇਦਾਦਾਂ ਵੇਚਣ ਦੇ ਵਿਰੋਧ ਵਿੱਚ ਰੈਲੀ ਕਰਦਿਆਂ ਬੁਲਾਰਿਆਂ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਬਿਜਲੀ ਐਕਟ ਤੇ ਬਠਿੰਡਾ ਥਰਮਲ ਕਲੋਨੀ ਦੀ ਜ਼ਮੀਨ ਨੂੰ ਪੁੱਡਾ ਦੇ ਹਵਾਲੇ ਕੀਤਾ ਜਾ ਰਿਹਾ ਹੈ।ਬੁਲਾਰਿਆਂ ਨੇ ਕਿਹਾ ਕਿ ਜਨਤਕ ਅਦਾਰਿਆਂ ਦੀਆਂ ਜ਼ਮੀਨਾਂ ਵੇਚ ਕੇ ਕੇਂਦਰ ਤੇ ਸੂਬਾ ਸਰਕਾਰ ਕਾਰਪੋਰੇਟ ਦੇ ਹਿੱਤਾਂ ਨੂੰ ਪੂਰ ਰਹੀ ਹੈ।ਅੱਜ ਦੀ ਇਸ ਰੋਸ ਰੈਲੀ ਨੂੰ ਟੈਕਨੀਕਲ ਸਰਵਿਸ ਯੂਨੀਅਨ ਕੋਆਰਡੀਨੇਸ਼ਨ ਕਮੇਟੀ ਪਾਵਰਕਾਮ ਐਂਡ ਟਰਾਂਸਕੋ ਠੇਕਾ ਮੁਲਾਜ਼ਮ ਯੂਨੀਅਨ, ਪੈਨਸ਼ਨਰ ਐਸੋਸੀਏਸ਼ਨ ਆਜ਼ਾਦ, ਇਮਪਲਾਈਜ਼ ਫੈਡਰੇਸ਼ਨ ਵੱਲੋਂ ਰੋਸ ਪ੍ਰਦਰਸ਼ਨ 'ਚ ਹਿੱਸਾ ਲਿਆ ਗਿਆ।ਵੱਖ ਵੱਖ ਬੁਲਾਰਿਆਂ ਨੇ ਕਿਹਾ ਕਿ ਨਿੱਜੀਕਰਨ ਨਾਲ ਬਿਜਲੀ ਕੰਪਨੀਆਂ ਨੂੰ ਖੁੱਲ੍ਹ ਮਿਲ ਜਾਵੇਗੀ ਤੇ ਉਹ ਆਪਣੀ ਮਰਜ਼ੀ ਨਾਲ ਬਿਜਲੀ ਦੇ ਰੇਟ ਵਧਾਉਣਗੇ।ਉਨ੍ਹਾਂ ਕਿਹਾ ਕਿ ਲੋਕਾਂ ਨੂੰ ਮਿਲ ਰਹੀਆਂ ਸਹੂਲਤਾਂ ਤੋਂ ਵਾਂਝਾ ਕੀਤਾ ਜਾ ਰਿਹਾ ਹੈ।ਜੇਕਰ ਨਿੱਜੀਕਰਨ ਦੇ ਏਜੰਡੇ ਨੂੰ ਨਾ ਰੋਕਿਆ ਗਿਆ ਤਾਂ ਇਹ ਜਨਤਕ ਅਦਾਰਿਆਂ ਨੂੰ ਨਿਗਲ ਲਵੇਗਾ।ਇਸ ਰੈਲੀ ਨੂੰ ਟੀ ਐੱਸ ਯੂ ਦੇ ਰਮਨ ਕੁਮਾਰ, ਸਬ ਡਵੀਜ਼ਨ ਭੀਖੀ ਦੇ ਪ੍ਰਧਾਨ ਰਾਮਦਾਸ ਸਿੰਘ, ਪੈਨਸ਼ਨ ਐਸੋਸੀਏਸ਼ਨ ਆਜ਼ਾਦ ਦੇ ਮਹਿੰਦਰ ਸਿੰਘ, ਜਗਤਾਰ ਸਿੰਘ, ਪਾਵਰਕਾਮ ਐਂਡ ਟਰਾਂਸਕੋ ਠੇਕਾ ਮੁਲਾਜ਼ਮ ਯੂਨੀਅਨ ਦੇ ਸੁਖਵਿੰਦਰ ਸਿੰਘ, ਕਾਲਾ ਸਿੰਘ, ਗੁਰਸੇਵਕ ਸਿੰਘ, ਸੰਦੀਪ ਸਿੰਘ, ਬੋੜਾਵਾਲ, ਕਸ਼ਮੀਰ ਸਿੰਘ ਖੀਵਾ, ਸਪਾਲ ਸਿੰਘ ਅਤਲਾ ਤੇ ਹੋਰਨਾਂ ਨੇ ਵੀ ਸੰਬੋਧਨ ਕੀਤਾ।

## ਸਤਿੰਦਰ ਸਿੰਘ ਚੱਠਾ ਵੱਲੋਂ 'ਆਪ' ਦੇ ਹੱਕ 'ਚ ਪ੍ਰਚਾਰ

**ਧੂਰੀ (ਮੋਹਿਤ ਗਰਗ, ਮਨੋਹਰ ਸਿੰਘ ਸੱਗੂ, ਬਿੰਨੀ ਗਰਗ)**-ਆਮ ਆਦਮੀ ਪਾਰਟੀ ਦੇ ਸੂਬਾਈ ਆਗੂ, ਸਾਬਕਾ ਚੇਅਰਮੈਨ ਤੇ ਆਲ ਇੰਡੀਆ ਐੱਫ.ਸੀ.ਆਈ. ਐਗਜ਼ੀਕਿਊਟਿਵ ਸਟਾਫ ਯੂਨੀਅਨ ਦੇ ਕੌਮੀ ਪ੍ਰਧਾਨ ਸਤਿੰਦਰ ਸਿੰਘ ਚੱਠਾ ਨੇ 14 ਦਸੰਬਰ ਨੂੰ ਹੋਣ ਜਾ ਰਹੀਆਂ ਜ਼ਿਲ੍ਹਾ ਪ੍ਰੀਸ਼ਦ ਤੇ ਪੰਚਾਇਤ ਸਮਤੀ ਦੀਆਂ ਚੋਣਾਂ ਲਈ 'ਆਪ' ਉਮੀਦਵਾਰਾਂ ਦੇ ਹੱਕ ਵਿੱਚ ਵੱਖ-ਵੱਖ ਪਿੰਡਾਂ ਵਿੱਚ ਚੋਣ ਪ੍ਰਚਾਰ ਕੀਤਾ।ਉਨ੍ਹਾਂ ਨੁੱਕੜ ਮੀਟਿੰਗਾਂ ਨੂੰ ਸੰਬੋਧਨ ਕਰਦਿਆਂ ਲੋਕਾਂ ਨੂੰ ਪੰਜਾਬ ਸਰਕਾਰ ਦੀਆਂ ਲੋਕ-ਹਿਤੈਸ਼ੀ ਨੀਤੀਆਂ ਬਾਰੇ ਜਾਣੂ ਕਰਵਾਇਆ ਅਤੇ ਭਗਵੰਤ ਮਾਨ ਸਰਕਾਰ ਦੇ ਵਿਕਾਸ ਮਾਡਲ ਉੱਤੇ ਚਰਚਾ ਕਰਦਿਆਂ ਲੋਕਾਂ ਤੋਂ 'ਆਪ' ਉਮੀਦਵਾਰਾਂ ਨੂੰ ਵੱਧ ਤੋਂ ਵੱਧ ਸਮਰਥਨ ਦੇਣ ਦੀ ਅਪੀਲ ਕੀਤੀ।ਚੱਠਾ ਨੇ ਕਿਹਾ ਕਿ ਪੰਜਾਬ ਦੀ ਆਮ ਜਨਤਾ ਨੂੰ ਮਿਲ ਰਹੀਆਂ ਸੁਵਿਧਾਵਾਂ, ਜਿਵੇਂ ਕਿ ਘਰ-ਘਰ 300 ਯੂਨਿਟ ਮੁਫ਼ਤ ਬਿਜਲੀ, ਆਮ ਆਦਮੀ ਮੁਹੱਲਾ ਕਲੀਨਿਕਾਂ ਰਾਹੀਂ ਘਰਾਂ ਦੇ ਨੇੜੇ ਉੱਚ ਕੋਟੀ ਦੀ ਸਿਹਤ ਸੇਵਾ, ਪਿੰਡਾਂ ਤੇ ਸ਼ਹਿਰਾਂ ਵਿੱਚ ਵੱਡੇ ਪੱਧਰ 'ਤੇ ਸੜਕਾਂ ਦੀ ਮੁਰੰਮਤ, ਨੌਜਵਾਨਾਂ ਨੂੰ ਨਹਿਰੀ ਪਾਣੀ ਤੇ ਸਕੂਲ ਆਫ਼ ਐਮੀਨੈਂਸ ਵਰਗੇ ਨਵੇਂ ਤਜਰਬੇ, ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਦੀ ਨਿਸ਼ਠਾ ਅਤੇ ਵਚਨਬੱਧਤਾ ਦਾ ਪ੍ਰਮਾਣ ਹਨ।ਉਨ੍ਹਾਂ ਕਿਹਾ ਕਿ ਲੋਕਾਂ ਨੇ ਲਾਭ ਆਪਣੇ ਘਰਾਂ ਵਿੱਚ ਦੇਖਿਆ ਹੈ ਅਤੇ ਇਹ ਵਿਕਾਸ ਸਿਰਫ਼ 'ਆਪ' ਸਰਕਾਰ ਨੇ ਕਰਕੇ ਦਿਖਾਇਆ ਹੈ। ਚੱਠਾ ਨੇ ਕਿਹਾ ਕਿ ਰਾਜ ਦੀ ਤਰੱਕੀ ਲਈ ਪਾਰਦਰਸ਼ੀ ਨੀਤੀਆਂ, ਭ੍ਰਿਸ਼ਟਾਚਾਰ-ਰਹਿਤ ਪ੍ਰਸ਼ਾਸਨ ਅਤੇ ਲੋਕ-ਕੇਂਦਰਿਤ ਯੋਜਨਾਵਾਂ ਦੀ ਲੋੜ ਹੁੰਦੀ ਹੈ, ਜੋ ਕਿ ਮਾਨ ਸਰਕਾਰ ਨੇ ਹੌਂਸਲੇ ਨਾਲ ਲਾਗੂ ਕੀਤੀਆਂ ਹਨ।

## ਰਾਜਿੰਦਰ ਸਿੰਘ ਵੱਲੋਂ ਕਾਂਗਰਸ ਦੇ ਹੱਕ 'ਚ ਚੋਣ ਮੀਟਿੰਗਾਂ



**ਸਮਾਣਾ/ਪਟਿਆਲਾ (ਇਕਬਾਲ ਸਿੰਘ ਢੱਲ/ਰਾਜਿੰਦਰ ਥਿੰਦ)**-ਆਗਾਮੀ ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮਤੀ ਚੋਣਾਂ ਨੂੰ ਲੈ ਕੇ ਵਿਧਾਨ ਸਭਾ ਹਲਕਾ ਸਮਾਣਾ ਵਿੱਚ ਕਾਂਗਰਸ ਪਾਰਟੀ ਨੇ ਆਪਣੀ ਸਰਗਰਮੀ ਤੇਜ਼ ਕਰ ਦਿੱਤੀ ਹੈ।ਇਸੇ ਲੜੀ ਤਹਿਤ ਅੱਜ ਸਮਾਣਾ ਹਲਕੇ ਦੇ ਸਾਬਕਾ ਵਿਧਾਇਕ ਤੇ ਕਾਂਗਰਸ ਦੇ ਸੀਨੀਅਰ ਆਗੂ ਰਾਜਿੰਦਰ ਸਿੰਘ ਵੱਲੋਂ ਹਲਕੇ ਦੇ ਦਰਜਨਾਂ ਪਿੰਡਾਂ 'ਚ ਚੋਣਾਂ ਸਬੰਧੀ ਮੀਟਿੰਗਾਂ ਕੀਤੀਆਂ।ਮੀਟਿੰਗਾਂ ਦੌਰਾਨ ਵੱਡੀ ਗਿਣਤੀ ਵਿੱਚ ਪਿੰਡਾਂ ਦੇ ਲੋਕਾਂ ਨੇ ਸ਼ਮੂਲੀਅਤ ਕੀਤੀ।ਮੀਟਿੰਗਾਂ ਦੌਰਾਨ ਰਾਜਿੰਦਰ ਸਿੰਘ ਨੇ ਲੋਕਾਂ ਨਾਲ ਰੂਬਰੂ ਹੁੰਦਿਆਂ ਕਾਂਗਰਸ ਪਾਰਟੀ ਦੇ ਉਮੀਦਵਾਰਾਂ ਨੂੰ ਵੱਡੀ ਗਿਣਤੀ ਵਿੱਚ ਵੋਟ ਪਾਉਣ ਦੀ ਅਪੀਲ ਕੀਤੀ।ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਹਮੇਸ਼ਾ ਲੋਕਾਂ ਦੇ ਦੁੱਖ-ਸੁੱਖ ਵਿੱਚ ਉਨ੍ਹਾਂ ਦੇ ਨਾਲ ਖੜ੍ਹੀ ਰਹੀ ਹੈ ਅਤੇ ਪਿੰਡ ਪੱਧਰ 'ਤੇ ਵਿਕਾਸ ਲਈ ਠੋਸ ਕੰਮ ਕੀਤੇ ਗਏ ਹਨ।ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮਤੀ ਵਰਗੀਆਂ ਸੰਸਥਾਵਾਂ ਪਿੰਡਾਂ ਦੇ ਸਿੱਧੇ ਵਿਕਾਸ ਨਾਲ ਜੁੜੀਆਂ ਹੁੰਦੀਆਂ ਹਨ, ਜਿੱਥੇ ਸਾਫ਼, ਇਮਾਨਦਾਰ ਤੇ ਲੋਕਾਂ ਦੀ ਸੁਣਨ ਵਾਲੀ ਨੁਮਾਇੰਦਗੀ ਦੀ ਬਹੁਤ ਲੋੜ ਹੁੰਦੀ ਹੈ।ਕਾਂਗਰਸ ਦੇ ਉਮੀਦਵਾਰ ਲੋਕਾਂ ਦੇ ਭਰੋਸੇ 'ਤੇ ਪੂਰਾ ਉਤਰਨਗੇ ਅਤੇ ਪਿੰਡਾਂ ਦੇ ਹਰ ਪੱਧਰ 'ਤੇ ਵਿਕਾਸ ਕਾਰਜਾਂ ਨੂੰ ਤੇਜ਼ੀ ਨਾਲ ਅੱਗੇ ਵਧਾਉਣਗੇ।ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਹਮੇਸ਼ਾ ਲੋਕਾਂ ਦੇ ਹਿੱਤਾਂ ਲਈ ਕੰਮ ਕਰਦੀ ਆਈ ਹੈ ਤੇ ਭਵਿੱਖ ਵਿੱਚ ਵੀ ਪਿੰਡਾਂ ਦੇ ਸਾਂਝੇ ਵਿਕਾਸ ਲਈ ਆਪਣੀ ਵਚਨਬੱਧਤਾ ਨਿਭਾਉਂਦੀ ਰਹੇਗੀ।ਪਿੰਡਾਂ ਵਿੱਚ ਮਿਲੇ ਭਰਪੂਰ ਸਹਿਯੋਗ ਨਾਲ ਕਾਂਗਰਸ ਆਗੂਆਂ ਨੇ ਚੋਣਾਂ ਵਿੱਚ ਜਿੱਤ ਦੀ ਉਮੀਦ ਜਤਾਈ।

## ਭਾਜਪਾ ਸਰਕਾਰਾਂ ਵਾਲੇ ਸੂਬਿਆਂ 'ਚ ਲੋਕਾਂ ਨੂੰ ਵੱਧ ਸਹੂਲਤਾਂ : ਜੈਇੰਦਰ ਕੌਰ

**ਪੰਜਾਬ ਸਹੂਲਤਾਂ ਪੱਖੋਂ ਸਾਰੇ ਦੇਸ਼ 'ਚੋਂ ਪੱਛੜਿਆ : ਹਰਪਾਲਪੁਰ**



**ਘਨੌਰ/ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ 'ਚ ਚੱਲ ਰਹੀਆਂ ਬਲਾਕ ਸੰਮਤੀ ਤੇ ਜ਼ਿਲ੍ਹਾ ਪ੍ਰੀਸ਼ਦ ਚੋਣਾਂ ਦੇ ਆਖਰੀ ਪੜਾਅ ਵਿੱਚ ਚੋਣ ਪ੍ਰਚਾਰ ਨੂੰ ਸਿਖਰਾਂ 'ਤੇ ਪਹੁੰਚਾਉਣ ਲਈ ਭਾਜਪਾ ਮਹਿਲਾ ਮੋਰਚਾ ਦੀ ਸੂਬਾ ਪ੍ਰਧਾਨ ਬੀਬਾ ਜੈਇੰਦਰ ਕੌਰ ਨੇ ਹਲਕਾ ਘਨੌਰ ਦੇ ਜ਼ਿਲ੍ਹਾ ਪ੍ਰੀਸ਼ਦ ਜ਼ੋਨ ਹਰਪਾਲਪੁਰ ਦੇ ਉਮੀਦਵਾਰ ਬਨਾਰਸੀ ਸਿੰਘ ਸੇਖੂਪੁਰ ਤੇ ਬਲਾਕ ਸੰਮਤੀ ਜ਼ੋਨ ਮੰਡੌਲੀ ਤੋਂ ਉਮੀਦਵਾਰ ਕਿਰਨਜੀਤ ਸਿੰਘ ਭੰਗੂ ਦੇ ਚੋਣ ਪ੍ਰਚਾਰ ਦੀ ਭਰਵੀਂ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਜਿਹੜੇ ਸੂਬਿਆਂ ਵਿੱਚ ਭਾਜਪਾ ਦੀਆਂ ਸਰਕਾਰਾਂ ਹਨ, ਉਨ੍ਹਾਂ ਸੂਬਿਆਂ ਵਿੱਚ ਲੋਕਾਂ ਨੂੰ ਵੱਧ ਸਹੂਲਤਾਂ ਮਿਲ ਰਹੀਆਂ ਹਨ।ਜੈਇੰਦਰ ਕੌਰ ਨੇ ਕਿਹਾ ਕਿ ਭਾਜਪਾ ਸਰਕਾਰ ਵਾਲੇ ਸੂਬਿਆਂ ਵਿੱਚ ਲੋਕ ਸਰਕਾਰ ਵੱਲੋਂ ਦਿੱਤੀਆਂ ਜਾਂਦੀਆਂ ਸਹੂਲਤਾਂ ਤੋਂ ਖੁਸ਼ ਹੋ ਕੇ ਵਾਰ ਵਾਰ ਸਰਕਾਰ ਰਪੀਟ ਕਰਦੇ ਹਨ।ਇਸ ਮੌਕੇ ਭਰਵੇਂ ਚੋਣ ਜਲਸੇ ਨੂੰ ਸੰਬੋਧਨ ਕਰਦਿਆਂ ਭਾਜਪਾ ਆਗੂ ਹਰਵਿੰਦਰ ਸਿੰਘ ਹਰਪਾਲਪੁਰ ਨੇ ਕਿਹਾ ਕਿ ਦੇਸ਼ ਦੇ ਸਾਰੇ ਸੂਬਿਆਂ ਤੋਂ ਪੰਜਾਬ ਬੁਰੀ ਤਰ੍ਹਾਂ ਪੱਛੜ ਗਿਆ ਹੈ।ਉਨ੍ਹਾ ਕਿਹਾ ਕਿ 'ਆਪ' ਪਾਰਟੀ ਨੇ ਚੋਣਾਂ ਤੋਂ ਪਹਿਲਾਂ ਜੋ ਸਬਜ਼ਬਾਗ ਲੋਕਾਂ ਨੂੰ ਵਿਖਾ ਕੇ ਵੋਟਾਂ ਵਟੋਰੀਆਂ ਸਨ, ਉਨ੍ਹਾਂ 'ਚ ਇੱਕ ਵੀ ਵਾਅਦਾ ਪੂਰਾ ਨਹੀਂ ਕੀਤਾ, ਲੋਕ ਬੁਨਿਆਦੀ ਸਹੂਲਤਾਂ ਨੂੰ ਵੀ ਤਰਸ ਰਹੇ ਹਨ।ਇਸ ਮੌਕੇ ਉਨ੍ਹਾਂ ਨਾਲ ਜ਼ਿਲ੍ਹਾ ਪ੍ਰਧਾਨ ਜਸਪਾਲ ਸਿੰਘ ਗਗਰੌਲੀ, ਵਿਕਾਸ ਸ਼ਰਮਾ, ਜ਼ਿਲ੍ਹਾ ਪ੍ਰੀਸ਼ਦ ਜ਼ੋਨ ਹਰਪਾਲਪੁਰ ਤੋਂ ਬਨਾਰਸੀ ਸਿੰਘ ਸੇਖੂਪੁਰ, ਬਲਾਕ ਸੰਮਤੀ ਉਮੀਦਵਾਰ ਕਿਰਨਜੀਤ ਸਿੰਘ ਭੰਗੂ, ਇੰਦਰਜੀਤ ਸਿੰਘ ਬਾਲਮੀਕੀ, ਪੰਡਤ ਰਾਮ ਮੂਰਤੀ ਸ਼ਰਮਾ, ਸੁਲੱਖਣ ਸਿੰਘ ਭੰਗੂ ਤੇ ਮੰਨੂ ਸ਼ਰਮਾ ਸਮੇਤ ਬਹੁਤ ਸਾਰੇ ਆਗੂ ਹਾਜ਼ਰ ਸਨ।

## ਨਰੇਗਾ ਮਜ਼ਦੂਰਾਂ ਵੱਲੋਂ ਸੀ ਪੀ ਆਈ ਉਮੀਦਵਾਰ ਦੇ ਹੱਕ 'ਚ ਪ੍ਰਚਾਰ



**ਕੋਟਕਪੂਰਾ/ਫਰੀਦਕੋਟ (ਰਛਪਾਲ ਭੁੱਲਰ/ਗੁਰਪ੍ਰੀਤ ਸਿੰਘ ਬੇਦੀ)**-ਭਾਰਤੀ ਕਮਿਊਨਿਸਟ ਪਾਰਟੀ ਤੇ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਦੇ ਬਲਾਕ ਸੰਮਤੀ ਜ਼ੋਨ ਚੈਨਾ ਤੋਂ ਉਮੀਦਵਾਰ ਸ੍ਰੀਮਤੀ ਗੁਰਵਿੰਦਰ ਕੌਰ ਦੀ ਚੋਣ ਮੁਹਿੰਮ ਨੂੰ ਸਿਖਰਾਂ 'ਤੇ ਪਹੁੰਚਾਉਣ ਲਈ ਅੱਜ ਜ਼ਿਲ੍ਹੇ ਵੱਲੋਂ ਵਿਸ਼ੇਸ਼ ਤੌਰ 'ਤੇ ਕਾਮਰੇਡ ਗੋਰਾ ਸਿੰਘ ਪਿਪਲੀ ਤੇ ਰੇਸ਼ਮ ਸਿੰਘ ਮੱਤਾ ਵਿਸ਼ੇਸ਼ ਤੌਰ 'ਤੇ ਪਹੁੰਚੇ।ਆਮ ਲੋਕਾਂ ਕੋਲੋਂ ਵੋਟਾਂ ਮੰਗਦਿਆਂ ਲੋਕਾਂ ਨੂੰ ਸੰਬੋਧਨ ਹੁੰਦਿਆਂ ਨਰੇਗਾ ਮਜ਼ਦੂਰਾਂ ਦੇ ਆਗੂਆਂ ਨੇ ਕਿਹਾ ਕਿ ਪੰਜਾਬ ਵਿੱਚ ਰਾਜ ਕਰਦੀ ਆਮ ਆਦਮੀ ਪਾਰਟੀ ਲੋਕਾਂ ਦੀਆਂ ਉਮੀਦਾਂ 'ਤੇ ਖਰੀ ਨਹੀਂ ਉਤਰੀ।ਲੋਕਾਂ ਨੇ ਬੜੇ ਚਾਅ ਨਾਲ ਬਦਲਾਅ ਦੇ ਨਾਂ 'ਤੇ ਝਾੜੂ ਨੂੰ ਵੋਟਾਂ ਪਾਈਆਂ ਸਨ, ਪਰ ਇੱਕ ਵੀ ਗਰੰਟੀ ਸਰਕਾਰ ਪੂਰੀ ਕਰਨ ਵਿੱਚ ਫੇਲ ਸਾਬਿਤ ਹੋਈ ਹੈ।ਕੇਂਦਰ ਦੀ ਭਾਜਪਾ ਸਰਕਾਰ ਨੇ ਨਰੇਗਾ ਮਜ਼ਦੂਰਾਂ ਦੇ ਰੁਜ਼ਗਾਰ 'ਤੇ ਲੱਤ ਮਾਰ ਦਿੱਤੀ ਹੈ, ਲੰਬੇ ਸਮੇਂ ਤੋਂ ਨਰੇਗਾ ਦਾ ਕੰਮ ਬੰਦ ਪਿਆ ਹੈ। ਜੇਕਰ ਥੋੜ੍ਹਾ ਬਹੁਤਾ ਚਲਦਾ ਵੀ ਹੈ ਤਾਂ ਉਹ ਯੂਨੀਅਨ ਦੇ ਸੰਘਰਸ਼ ਦਾ ਸਿੱਟਾ ਹੈ, ਕਾਂਗਰਸ ਵੀ ਆਪਣੀ ਬਣਦੀ ਹੋਈ ਵਿਰੋਧੀ ਧਿਰ ਦੀ ਭੂਮਿਕਾ ਨਹੀਂ ਨਿਭਾਅ ਰਹੀ ਹੈ,ਜਿਸ ਕਰਕੇ ਲੋਕਾਂ ਵਿੱਚ ਗੁੱਸਾ ਪਾਇਆ ਜਾ ਰਿਹਾ ਹੈ। ਇਸੇ ਲਈ ਭਾਰਤੀ ਕਮਿਊਨਿਸਟ ਪਾਰਟੀ ਦੇ ਉਮੀਦਵਾਰ ਗੁਰਵਿੰਦਰ ਕੌਰ ਨੂੰ ਵੋਟਰਾਂ ਵੱਲੋਂ ਭਰਪੂਰ ਭਰੋਸਾ ਦਿਵਾਇਆ ਜਾ ਰਿਹਾ ਹੈ।ਬਲਾਕ ਜੈਤੋ ਤੇ ਨਰੇਗਾ ਮਜ਼ਦੂਰਾਂ ਦੀ ਜ਼ਿਲ੍ਹਾ ਆਗੂ ਰਾਮ ਸਿੰਘ ਚੈਨਾ ਨੇ ਆਪਣੇ ਪਿੰਡ ਦੇ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਆਪਾਂ ਸਾਰੀਆਂ ਪਾਰਟੀਆਂ ਨੂੰ ਪਰਖ ਲਿਆ ਹੈ, ਨਰੇਗਾ ਦਾ ਕੰਮ ਸ਼ੁਰੂ ਕਰਵਾਉਣ ਸਾਰੇ ਨਰੇਗਾ ਵਰਕਰਾਂ ਨੂੰ ਗੁਰਵਿੰਦਰ ਕੌਰ ਦਾ ਤਨ ਮਨ ਧਨ ਨਾਲ ਸਾਥ ਦੇਣਾ ਚਾਹੀਦਾ ਹੈ।ਵੱਧ ਤੋਂ ਵੱਧ ਵੋਟਾਂ ਪਾਉਣ ਦੀ ਅਪੀਲ ਕੀਤੀ।ਇਸ ਸਮੇਂ ਨਰੇਗਾ ਮਜ਼ਦੂਰਾਂ ਦੇ ਆਗੂ ਬਲਜੀਤ ਕੌਰ, ਬੇਅੰਤ ਕੌਰ, ਸਤਪਾਲ ਸਿੰਘ ਚੈਨਾ, ਵਜ਼ੀਰ ਸਿੰਘ ਚੈਨਾ ਅਤੇ ਹੋਰ ਆਗੂ ਤੇ ਵਰਕਰ ਹਾਜ਼ਰ ਸਨ।

## ਕੌਮੀ ਲੋਕ ਅਦਾਲਤ ਅੱਜ

**ਲੁਧਿਆਣਾ (ਰੈਕਟਰ ਕਥੂਰੀਆ)**-ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਲੁਧਿਆਣਾ ਸ੍ਰੀਮਤੀ ਸੁਮਿਤ ਸੱਭਰਵਾਲ ਨੇ ਦੱਸਿਆ ਕਿ ਜ਼ਿਲ੍ਹਾ ਕਚਹਿਰੀਆਂ ਲੁਧਿਆਣਾ ਤੇ ਸਿਵਲ ਕੋਰਟਸ-ਜਗਰਾਓਂ, ਖੰਨਾ, ਸਮਰਾਲਾ ਤੇ ਪਾਇਲ ਵਿਖੇ ਵੱਖ-ਵੱਖ ਨਿਆਂਇਕ ਅਦਾਲਤਾਂ ਵਿੱਚ ਭਲਕੇ 13 ਦਸੰਬਰ ਨੂੰ ਰਾਸ਼ਟਰੀ ਲੋਕ ਅਦਾਲਤ ਦਾ ਆਯੋਜਨ ਕੀਤਾ ਜਾ ਰਿਹਾ ਹੈ।ਉਨ੍ਹਾਂ ਆਮ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਆਪਣੇ ਆਪਸੀ ਝਗੜਿਆਂ ਦਾ ਛੇਤੀ ਤੇ ਸਸਤੇ ਢੰਗ ਨਾਲ ਨਿਪਟਾਰਾ ਕਰਾਉਣ ਲਈ ਨੈਸ਼ਨਲ ਲੋਕ ਅਦਾਲਤ ਦਾ ਵੱਧ ਤੋਂ ਵੱਧ ਲਾਭ ਲਿਆ ਜਾਵੇ।ਉਨ੍ਹਾਂ ਦੱਸਿਆ ਕਿ ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਲੁਧਿਆਣਾ ਵੱਲੋਂ ਨੈਸ਼ਨਲ ਲੋਕ ਅਦਾਲਤ ਰਾਹੀਂ ਜ਼ਿਲ੍ਹਾ ਕਚਹਿਰੀਆਂ, ਲੁਧਿਆਣਾ ਤੇ ਸਿਵਲ ਕੋਰਟਸ-ਜਗਰਾਓਂ, ਖੰਨਾ, ਸਮਰਾਲਾ ਅਤੇ ਪਾਇਲ ਵਿਖੇ ਵੱਖ-ਵੱਖ ਨਿਆਂਇਕ ਅਦਾਲਤਾਂ ਵਿੱਚ ਲੰਬਿਤ ਮਾਮਲਿਆਂ ਦਾ ਨਿਪਟਾਰਾ ਧਿਰਾਂ ਦੀ ਆਪਸੀ ਸਹਿਮਤੀ ਨਾਲ ਕਰਾਇਆ ਜਾਵੇਗਾ।ਸਕੱਤਰ ਸ੍ਰੀਮਤੀ ਸੱਭਰਵਾਲ ਨੇ ਦੱਸਿਆ ਕਿ ਇਸ ਨੈਸ਼ਨਲ ਲੋਕ ਅਦਾਲਤ 'ਚ ਸਿਵਲ ਕੇਸ ਜਿਵੇਂ ਕਿਰਾਇਆ, ਬੈਂਕ ਦੀ ਰਿਕਵਰੀ, ਮਾਲ ਮਾਮਲੇ, ਬਿਜਲੀ ਤੇ ਪਾਣੀ ਦੇ ਬਿੱਲਾਂ (ਚੋਰੀ ਦੇ ਕੇਸਾਂ ਨੂੰ ਛੱਡ ਕੇ), ਤਨਖਾਹਾਂ ਤੇ ਭੱਤਿਆਂ ਤੇ ਸੇਵਾ ਮੁਕਤ ਲਾਭਾਂ ਨਾਲ ਸਬੰਧਤ ਮਾਮਲੇ, ਜੰਗਲਾਤ ਐਕਟ ਦੇ ਕੇਸ, ਤਬਾਹੀ ਮੁਆਵਜ਼ਾ, ਫੌਜਦਾਰੀ ਮਿਕਦਾਰ ਮਾਮਲੇ, ਨੈਗੋਸ਼ੀਏਬਲ ਇੰਸਟਰੂਮੈਂਟਸ ਐਕਟ ਦੀ ਧਾਰਾ 138 ਦੇ ਅਧੀਨ ਸ਼ਿਕਾਇਤਾਂ, ਕਵਰਡ ਮਾਮਲਿਆਂ ਦੀ ਸੁਣਵਾਈ ਸਿਵਲ ਜੱਜਾਂ ਜਾਂ ਜੁਡੀਸ਼ੀਅਲ ਮੈਜਿਸਟ੍ਰੇਟਾਂ ਦੁਆਰਾ ਲੋਕ ਅਦਾਲਤ ਵਿੱਚ ਕੀਤੀ ਜਾਵੇਗੀ।

## ਸੀ ਪੀ ਆਈ ਤਹਿਸੀਲ ਬਠਿੰਡਾ ਦਾ ਚੋਣ ਅਜਲਾਸ ਸੰਪੰਨ



**ਬਠਿੰਡਾ (ਪਰਵਿੰਦਰ ਜੀਤ ਸਿੰਘ)**

ਚਿਲਡਰਨ ਪਾਰਕ ਵਿੱਚ ਗੁਰਜੰਟ ਸਿੰਘ ਕੋਟਸ਼ਮੀਰ ਤੇ ਰਾਜਾ ਸਿੰਘ ਦਾਨ ਸਿੰਘ ਵਾਲਾ ਦੀ ਪ੍ਰਧਾਨਗੀ ਹੇਠ ਭਾਰਤੀ ਕਮਿਊਨਿਸਟ ਪਾਰਟੀ ਦੀ ਬਠਿੰਡਾ ਡਿਵੀਜ਼ਨ ਦਾ ਡੈਲੀਗੇਟ ਚੋਣ ਇਜਲਾਸ ਸਫਲਤਾ ਪੂਰਵਕ ਹੋਇਆ।

ਇਲਾਜ ਨੂੰ ਸੰਬੋਧਨ ਕਰਦਿਆਂ ਪਾਰਟੀ ਦੇ ਜਿਲਾ ਸਕੱਤਰ ਬਲਕਰਨ ਸਿੰਘ ਬਰਾੜ ਨੇ ਦੋਸ਼ ਲਾਇਆ ਕਿ ਪੰਜਾਬ ਸਰਕਾਰ ਨੇ ਨਰੇਗਾ ਦਾ ਕੰਮ ਬੰਦ ਕਰਕੇ ਮਜ਼ਦੂਰਾਂ ਦੇ ਚੁੱਲ੍ਹੇ ਠੰਡੇ ਕਰ ਦਿੱਤੇ ਹਨ।ਮਜ਼ਦੂਰਾਂ ਕੋਲ ਕੋਈ ਹੋਰ ਰੁਜ਼ਗਾਰ ਨਾ ਹੋਣ ਕਾਰਨ ਉਨ੍ਹਾਂ ਦੀ ਹਾਲਤ ਭੁੱਖਮਰੀ ਵਾਲੀ ਬਣੀ ਹੋਈ ਹੈ।ਉਨ੍ਹਾਂ ਮੰਗ ਕੀਤੀ ਕਿ ਜਲਦ ਤੋਂ ਜਲਦ ਮਨਰੇਗਾ ਦਾ ਕੰਮ ਸ਼ੁਰੂ ਕਰਾਇਆ ਜਾਵੇ।ਪੰਜਾਬ ਸਰਕਾਰ ਨੂੰ ਆਪਣੇ ਕੀਤੇ ਹੋਏ ਵਾਅਦੇ ਯਾਦ ਕਰਾਉਂਦਿਆਂ ਕਾ. ਬਰਾੜ ਨੇ ਕਿਹਾ ਕਿ ਸਰਕਾਰ ਨੇ ਆਪਣਾ ਕੋਈ ਵੀ ਚੋਣ ਵਾਅਦਾ ਪੂਰਾ ਨਹੀਂ ਕੀਤਾ ਤੇ ਸਿਰਫ ਚੁਟਕਲੇ ਸੁਣਾ ਕੇ ਕੰਮ ਸਾਰਿਆ ਜਾ ਰਿਹਾ ਹੈ।ਸਿਹਤ ਅਤੇ ਸਿੱਖਿਆ ਵਰਗੀਆਂ ਜਰੂਰੀ ਲੋੜਾਂ ਨੂੰ ਵੀ ਅੱਖੋਂ ਪਰੋਖੇ ਕਰਕੇ ਡੰਗ ਟਪਾਇਆ ਜਾ ਰਿਹਾ ਹੈ।ਔਰਤਾਂ ਨਾਲ ਕੀਤੇ ਵਾਅਦੇ ਅਨੁਸਾਰ ਉਨ੍ਹਾਂ ਨੂੰ 1100 ਰੁਪਿਆ ਵੀ ਨਹੀਂ ਦਿੱਤਾ ਗਿਆ।ਇਜਲਾਸ ਨੂੰ ਸੰਬੋਧਨ ਕਰਦਿਆਂ ਮਜ਼ਦੂਰ ਆਗੂ ਮੱਖਣ ਸਿੰਘ ਗੁਰੂਸਰ ਤੇ ਕੂਕਾ ਸਿੰਘ ਨਥਾਣਾ ਨੇ ਕਿਹਾ ਕਿ ਜਿੱਥੇ ਕੇਂਦਰ ਸਰਕਾਰ ਬਿਜਲੀ ਬਿੱਲ 2025 ਲਿਆ ਕਿ ਬਿਜਲੀ ਦੀ ਸਹੂਲਤ ਗਰੀਬ ਤੇ ਨਿਮਨ ਮੱਧ ਵਰਗ ਦੀ ਪਹੁੰਚ ਤੋਂ ਬਾਹਰ ਕਰ ਰਹੀ ਹੈ, ਉੱਥੇ ਪੰਜਾਬ ਸਰਕਾਰ ਨੇ ਵੀ ਇਸ ਮਾਮਲੇ ਤੇ ਚੁੱਪ ਵੱਟੀ ਹੋਈ ਹੈ। ਉਨ੍ਹਾਂ ਮੰਗ ਕੀਤੀ ਕਿ ਪੰਜਾਬ ਸਰਕਾਰ ਤੁਰੰਤ ਇਸ ਬਿੱਲ ਦੇ ਵਿਰੁੱਧ ਵਿਧਾਨ ਸਭਾ ਵਿੱਚ ਮਤਾ ਪਾਸ ਕਰਕੇ ਇਸ ਨੂੰ ਰੱਦ ਕਰੇ।

ਕਿਸਾਨ ਆਗੂ ਜਸਵੀਰ ਸਿੰਘ ਆਕਲੀਆ ਤੇ ਦਰਸ਼ਨ ਸਿੰਘ ਫੁੱਲੋ ਮਿੱਠੀ ਨੇ ਕੇਂਦਰ ਸਰਕਾਰ ਦੁਆਰਾ ਲਿਆਂਦੇ ਜਾ ਰਹੇ ਸੀਡ ਐਕਟ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਕਿਹਾ ਕਿ ਇਸ ਨਾਲ ਫਸਲਾਂ ਦੇ ਬੀਜ ਕਿਸਾਨਾਂ ਦੀ ਪਹੁੰਚ ਤੋਂ ਬਾਹਰ ਹੋ ਜਾਣਗੇ ਤੇ ਸੀਡ ਦੀ ਮਾਰਕੀਟ ਵਿੱਚ ਵੱਡੀਆਂ ਪ੍ਰਾਈਵੇਟ ਕੰਪਨੀਆਂ ਦਾ ਕਬਜ਼ਾ ਹੋ ਜਾਵੇਗਾ, ਜਿਸ ਨਾਲ ਕਿਸਾਨੀ ਉਹਨਾਂ ਦੇ ਰਹਿਮੋ ਕਰਮ ਤੇ ਨਿਰਭਰ ਹੋਵੇਗੀ।ਇਸ ਨਾਲ ਖੇਤੀ ਮਹਿੰਗੀ ਹੋਵੇਗੀ ਅਤੇ ਛੋਟਾ ਕਿਸਾਨ ਖੇਤੀ ਤੋਂ ਬਾਹਰ ਹੋ ਜਾਵੇਗਾ, ਜਿਸ ਨਾਲ ਵੱਡੀ ਪੱਧਰ 'ਤੇ ਬੇਰੁਜ਼ਗਾਰੀ ਵਧੇਗੀ।

ਉਨ੍ਹਾਂ ਮੰਗ ਕੀਤੀ ਕਿ ਸੀਡ ਬਿੱਲ 2025 ਵਾਪਸ ਲਿਆ ਜਾਵੇ ਤੇ ਸਰਕਾਰੀ ਖੇਤਰ ਵਿੱਚ ਬੀਜਾਂ ਦੀ ਖੋਜ ਲਈ ਯੂਨੀਵਰਸਿਟੀ ਨੂੰ ਵੱਡੀ ਪੱਧਰ ਤੇ ਫੰਡ ਮੁਹੱਈਆ ਕਰਾਏ ਜਾਣ। ਇਜਲਾਸ 'ਚ ਸਰਬ ਸੰਮਤੀ ਨਾਲ ਮੈਂਬਰੀ ਤਹਿਸੀਲ ਕਮੇਟੀ ਅਤੇ ਜ਼ਿਲ੍ਹਾ ਇਜਲਾਸ ਲਈ ਡੈਲੀਗੇਟਾਂ ਦੀ ਚੋਣ ਕੀਤੀ ਗਈ।ਤਹਿਸੀਲ ਕਮੇਟੀ ਵੱਲੋਂ ਸਰਬ ਸੰਮਤੀ ਨਾਲ ਮਿੱਠੂ ਸਿੰਘ ਘੁੱਦਾ ਨੂੰ ਤਹਿਸੀਲ ਸਕੱਤਰ ਤੇ ਰਾਜਾ ਸਿੰਘ ਦਾਨ ਸਿੰਘ ਵਾਲਾ ਨੂੰ ਮੀਤ ਸਕੱਤਰ ਚੁਣਿਆ। ਇਜਲਾਸ ਨੂੰ ਹੋਰਨਾਂ ਤੋਂ ਇਲਾਵਾ ਨੈਬ ਸਿੰਘ ਫੂਸ ਮੰਡੀ, ਸੁਖਦੇਵ ਸਿੰਘ ਨਥਾਣਾ, ਕਾਕਾ ਸਿੰਘ ਮੁਹਾਲਾ ਤੇ ਮੇਜਰ ਸਿੰਘ ਤੁੰਗਵਾਲੀ ਨੇ ਵੀ ਸੰਬੋਧਨ ਕੀਤਾ।ਅਖੀਰ ਵਿੱਚ ਪ੍ਰਧਾਨਗੀ ਮੰਡਲ ਵੱਲੋਂ ਹਾਜ਼ਰ ਹੋਏ ਡੈਲੀਗੇਟਾਂ ਦਾ ਧੰਨਵਾਦ ਕੀਤਾ ਗਿਆ।

## ਹਲਕਾ ਵਿਧਾਇਕ ਵੱਲੋਂ ਸੰਮਤੀ ਉਮੀਦਵਾਰਾਂ ਦੇ ਹੱਕ 'ਚ ਚੋਣ ਪ੍ਰਚਾਰ

**ਰਾਜਾ ਵੜਿੰਗ ਮੇਰੇ 'ਤੇ ਝੂਠੇ ਇਲਜ਼ਾਮ ਲਗਾ ਰਿਹੈ : ਡਿੰਪੀ ਢਿੱਲੋਂ**



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਹਲਕਾ ਵਿਧਾਇਕ ਹਰਦੀਪ ਸਿੰਘ ਡਿੰਪੀ ਢਿੱਲੋਂ ਵੱਲੋਂ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮਤੀ ਉਮੀਦਵਾਰਾਂ ਦੇ ਹੱਕ ਵਿੱਚ ਚੋਣ ਪ੍ਰਚਾਰ ਦੌਰਾਨ ਹਲਕੇ ਦੇ ਪਿੰਡ ਭਾਰੂ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕਿਹਾ ਕਿ ਪੰਜਾਬ ਕਾਂਗਰਸ ਦੇ ਪ੍ਰਧਾਨ ਤੇ ਮੈਂਬਰ ਪਾਰਲੀਮੈਂਟ ਅਮਰਿੰਦਰ ਸਿੰਘ ਰਾਜਾ ਵੜਿੰਗ ਮੇਰੇ 'ਤੇ ਝੂਠੇ ਇਲਜ਼ਾਮ ਲਗਾ ਰਹੇ ਹਨ, ਜਦੋਂਕਿ ਅਸਲੀਅਤ ਵਿੱਚ ਮੇਰੇ ਵੱਲੋਂ ਹੁਣ ਤੱਕ ਪ੍ਰਧਾਨ ਮੰਤਰੀ ਅਵਾਸ ਯੋਜਨਾ ਤਹਿਤ ਕਰੀਬ 12 ਹਜ਼ਾਰ ਤੋਂ ਵੱਧ ਜ਼ਰੂਰਤਮੰਦ ਵਿਅਕਤੀਆਂ ਨੂੰ ਕਮਰੇ ਮਨਜ਼ੂਰ ਕਰਵਾ ਕੇ ਦਿੱਤੇ ਹਨ।ਇਕ ਸਵਾਲ ਦੇ ਜਵਾਬ ਵਿਚ ਡਿੰਪੀ ਢਿੱਲੋਂ ਨੇ ਕਿਹਾ ਕਿ ਡਾ. ਨਵਜੀਤ ਕੌਰ ਸਿੱਧੂ ਵੱਲੋਂ ਬੀਤੇ ਦਿਨੀਂ ਪੰਜਾਬ ਦੇ ਸੀਨੀਅਰ ਕਾਂਗਰਸੀ ਆਗੂਆਂ 'ਤੇ ਟਿਕਟਾਂ ਵੇਚਣ ਦੇ ਦੋਸ਼ਾਂ ਬਾਰੇ ਕਿਹਾ ਕਿ ਇਸ ਮਾਮਲੇ ਦੀ ਜਾਂਚ ਹੋਣੀ ਚਾਹੀਦੀ ਹੈ, ਨਾਲ ਹੀ ਉਨ੍ਹਾਂ ਕਿਹਾ ਕਿ ਸਾਲ 2021 ਵਿੱਚ ਜਦੋਂ ਕੈਪਟਨ ਅਮਰਿੰਦਰ ਸਿੰਘ ਨੂੰ ਮੁੱਖ ਮੰਤਰੀ ਦੇ ਅਹੁਦੇ ਤੋਂ ਉਤਾਰਿਆ ਗਿਆ ਸੀ, ਤਾਂ ਉਸ ਸਮੇਂ ਨਵਜੋਤ ਸਿੰਘ ਸਿੱਧੂ ਦਾ ਮੁੱਖ ਮੰਤਰੀ ਬਣਨਾ ਲਗਭਗ ਤੈਅ ਸੀ, ਪ੍ਰੰਤੂ ਉਸ ਸਮੇਂ ਚਰਨਜੀਤ ਸਿੰਘ ਚੰਨੀ ਨੂੰ ਮੁੱਖ ਮੰਤਰੀ ਬਣਾ ਦਿੱਤਾ ਗਿਆ, ਜਿਸ ਦੀ ਵਜ੍ਹਾ ਡਾ. ਨਵਜੀਤ ਕੌਰ ਸਿੱਧੂ ਦੇ ਬਿਆਨਾਂ ਤੋਂ ਪਤਾ ਲੱਗਦੀ ਹੈ, ਜਿਸ ਵਿੱਚ ਉਨ੍ਹਾਂ ਇਹ ਦਾਅਵਾ ਕੀਤਾ ਹੈ ਕਿ ਉਨ੍ਹਾਂ ਪਾਸ ਮੁੱਖ ਮੰਤਰੀ ਦੇ ਅਹੁਦੇ ਲਈ ਕਥਿਤ ਤੌਰ 'ਤੇ ਲੋੜੀਂਦੇ 500 ਕਰੋੜ ਰੁਪਏ ਨਹੀਂ ਸਨ।

## ਸ੍ਰੀ ਕ੍ਰਿਸ਼ਨਾ ਮੰਦਰ 'ਚ ਸਾਫ਼ ਪਾਣੀ ਲਈ ਲਾਇਆ ਆਰ ਓ ਸਿਸਟਮ

**ਮੁਕਤਸਰ/ਮਲੋਟ (ਸ਼ਮਿੰਦਰਪਾਲ/ਪੂਜਾ)**-ਡਾ. ਐਸ ਪੀ ਸਿੰਘ ਓਬਰਾਏ ਵੱਲੋਂ



ਮਾਨਵਤਾ ਦੀ ਭਲਾਈ ਲਈ ਕੀਤੇ ਜਾ ਰਹੇ ਕਾਰਜਾਂ ਦੀ ਲੜੀ ਤਹਿਤ ਸ੍ਰੀ ਕ੍ਰਿਸ਼ਨਾ ਮੰਦਿਰ ਮੰਡੀ ਹਰਜੀ ਰਾਮ ਮਲੋਟ ਵਿੱਚ ਸਾਫ ਪਾਣੀ ਪੀਣ ਲਈ ਮੁਫ਼ਤ ਆਰ ਓ ਸਿਸਟਮ ਲਾਇਆ ਗਿਆ ਹੈ। ਅਰਵਿੰਦਰ ਪਾਲ ਸਿੰਘ ਚਾਹਲ ਬੂੜਾ ਗੁੱਜਰ ਜ਼ਿਲ੍ਹਾ ਪ੍ਰਧਾਨ ਸ੍ਰੀ ਮੁਕਤਸਰ ਸਾਹਿਬ ਤੇ ਅਨਿਲ ਜੁਨੇਜਾ ਪ੍ਰਧਾਨ ਮਲੋਟ ਇਕਾਈ ਨੇ ਦੱਸਿਆ ਕਿ ਮਾਲਵਾ ਖੇਤਰ ਦਾ ਪਾਣੀ ਪੀਣ ਯੋਗ ਨਹੀਂ ਹੈ ਲੋਕ ਵੱਖ-ਵੱਖ ਬਿਮਾਰੀਆਂ ਦਾ ਸ਼ਿਕਾਰ ਹੋ ਰਹੇ ਹਨ। ਕ੍ਰਿਸ਼ਨਾ ਮੰਦਰ ਵਿੱਚ ਸ਼ਰਧਾਲੂ ਆਉਂਦੇ ਹਨ ਤੇ ਨੇੜੇ ਸਕੂਲ ਹੋਣ ਕਾਰਨ ਕਈ ਵਾਰ ਬੱਚੇ ਵੀ ਪਾਣੀ ਪੀਂਦੇ ਸਨ ਤਾਂ ਸਾਫ਼ ਪਾਣੀ ਪੀਣ ਲਈ ਕੋਈ ਵੀ ਸੁਵਿਧਾ ਨਹੀਂ ਸੀ। ਪਹਿਲਾਂ ਲੱਗੇ ਸਿਸਟਮ ਖਰਾਬ ਹੋ ਗਏ ਸਨ ਤਾਂ ਮੰਦਰ ਕਮੇਟੀ ਵੱਲੋਂ ਡਾ ਐਸ ਪੀ ਸਿੰਘ ਓਬਰਾਏ ਨੂੰ ਮੰਦਰ ਵਿੱਚ ਆਰ ਓ ਸਿਸਟਮ ਲਾਉਣ ਲਈ ਕਿਹਾ ਗਿਆ ਸੀ ਤਾਂ ਡਾ ਓਬਰਾਏ ਵੱਲੋਂ ਤਰੁੰਤ ਹੀ ਮੰਦਿਰ ਵਿੱਚ ਸਾਫ਼ ਪਾਣੀ ਪੀਣ ਲਈ ਆਰ ਓ ਸਿਸਟਮ ਲਾਉਣ ਦਾ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਟੀਮ ਨੂੰ ਆਦੇਸ਼ ਦਿੱਤਾ ਗਿਆ ਸੀ।ਜ਼ਿਲ੍ਹਾ ਪ੍ਰਧਾਨ ਨੇ ਦੱਸਿਆ ਕਿ ਅੱਜ ਮੰਦਰ ਕਮੇਟੀ ਅਤੇ ਅਨਿਲ ਜੁਨੇਜਾ ਦੀ ਹਾਜ਼ਰੀ ਵਿੱਚ ਰਸਮੀ ਤੌਰ 'ਤੇ ਆਰ ਓ ਸਿਸਟਮ ਚਾਲੂ ਕਰ ਦਿੱਤਾ ਗਿਆ ਹੈ।ਮੰਦਰ ਕਮੇਟੀ ਤੇ ਮਲੋਟ ਨਿਵਾਸੀਆਂ ਅਤੇ ਸ਼ਰਧਾਲੂਆਂ ਵੱਲੋਂ ਡਾ.ਓਬਰਾਏ ਦਾ ਧੰਨਵਾਦ ਕੀਤਾ ਗਿਆ।

## ਜ਼ੋਨ 11 ਦੀ ਜ਼ਿਲ੍ਹਾ ਪ੍ਰੀਸ਼ਦ ਚੋਣ ਹਲਕੇ 'ਚ ਬਣੀ ਚਰਚਾ ਦਾ ਵਿਸ਼ਾ

**ਕੁਲਬੀਰ ਜ਼ੀਰਾ ਨੇ ਕਾਂਗਰਸੀ ਉਮੀਦਵਾਰ ਦੀ ਜਿੱਤ ਲਈ ਕੀਤਾ ਦਿਨ-ਰਾਤ ਇੱਕ**



**ਜ਼ੀਰਾ (ਨਰਿੰਦਰ ਅਨੇਜਾ)**-ਭਾਵੇਂ ਜ਼ੀਰਾ ਹਲਕੇ ਵਿੱਚ ਜ਼ਿਲ੍ਹਾ ਪ੍ਰੀਸ਼ਦ ਦੀਆਂ ਚੋਣਾਂ ਦੇ 4 ਜ਼ੋਨਾਂ 'ਤੇ ਚੋਣ ਪ੍ਰਚਾਰ ਪੂਰੇ ਜ਼ੋਰਾਂ ਸ਼ੋਰਾਂ ਨਾਲ ਕੀਤਾ ਜਾ ਰਿਹਾ ਹੈ, ਪ੍ਰੰਤੂ ਆਮ ਪਾਰਟੀ ਦੇ ਮੌਜੂਦਾ ਐੱਮ ਐੱਲ ਏ ਨਰੇਸ਼ ਕਟਾਰੀਆ ਦੇ ਸਪੁੱਤਰ ਤੇ ਸਾਬਕਾ ਕਾਂਗਰਸੀ ਐੱਮ ਐੱਲ ਏ ਕੁਲਬੀਰ ਸਿੰਘ ਜ਼ੀਰਾ ਦੇ ਚਚੇਰੇ ਭਾਈ ਅਤੇ ਅਕਾਲੀ ਦਲ ਦੇ ਸਾਬਕਾ ਚੇਅਰਮੈਨ ਕੁਲਦੀਪ ਸਿੰਘ ਬੰਬ ਦੇ ਚੋਣ ਮੈਦਾਨ ਵਿੱਚ ਉਤਰਨ ਕਾਰਨ ਜ਼ੀਰੇ ਹਲਕੇ ਵਿੱਚ ਚਰਚਾ ਦਾ ਵਿਸ਼ਾ ਬਣਿਆ ਹੋਇਆ ਹੈ। ਤਿੰਨਾਂ ਆਗੂਆਂ ਨੇ ਇਸ ਚੋਣ ਨੂੰ ਆਪਣੇ ਵੱਕਾਰ ਦਾ ਸਵਾਲ ਬਣਾ ਲਿਆ ਹੈ। ਤਿੰਨਾਂ ਪਾਰਟੀਆਂ ਦੇ ਵਰਕਰ ਵੀ ਆਪਣੇ ਆਪ ਨੂੰ ਬਿਹਤਰ ਸਾਬਿਤ ਕਰਨ ਲਈ ਪੂਰੀ ਵਾਹ ਲਗਾ ਰਹੇ ਹਨ ਤਾਂ ਜੋ ਉਨ੍ਹਾਂ ਦੇ ਹੱਕ 'ਚ ਵੱਧ ਤੋਂ ਵੱਧ ਵੋਟਾਂ ਪਵਾ ਸਕਣ।ਇਲਾਕੇ ਅੰਦਰ ਚੱਲ ਰਹੀਆਂ ਸਿਆਸੀ ਚਰਚਾਵਾਂ ਅਨੁਸਾਰ ਜ਼ੋਨ ਵਕੀਲਾਂ ਵਾਲਾ ਦੀ ਸੀਟ 'ਤੇ ਆਮ ਆਦਮੀ ਪਾਰਟੀ ਤੇ ਕਾਂਗਰਸ ਪਾਰਟੀ ਦੇ ਉਮੀਦਵਾਰਾਂ 'ਚ ਫਸਵਾਂ ਮੁਕਾਬਲਾ ਹੈ। ਕੁਲਬੀਰ ਜ਼ੀਰਾ ਆਪਣੇ ਚਚੇਰੇ ਭਾਈ ਕਾਂਗਰਸੀ ਉਮੀਦਵਾਰ ਮਹਿਕਦੀਪ ਸਿੰਘ ਨੂੰ ਜਿਤਾਉਣ ਲਈ ਲਈ ਦਿਨ-ਰਾਤ ਇੱਕ ਕਰ ਰਹੇ ਹਨ। ਵਿਧਾਨ ਸਭਾ ਹਲਕੇ ਵਿੱਚ ਕੁਲਬੀਰ ਜ਼ੀਰਾ ਹਰ ਸਮੇਂ ਲੋਕਾਂ ਦੇ ਸੁੱਖ ਦੁੱਖ ਵਿੱਚ ਹਿੱਸਾ ਲੈਂਦੇ ਹਨ ਤੇ ਆਪਣੀ ਵਰਕਰ ਦੀ ਪਿੱਠ ਨਹੀਂ ਲੱਗਣ ਦਿੰਦੇ। ਇਸ ਆਧਾਰ ਤਹਿਤ ਇਨ੍ਹਾਂ ਚੋਣਾਂ 'ਚ ਵੀ ਜ਼ੀਰਾ ਹਲਕੇ ਵਿੱਚ ਕਾਂਗਰਸ ਵਧੀਆ ਪ੍ਰਦਰਸ਼ਨ ਕਰ ਸਕਦੀ ਹੈ।ਮੌਜੂਦਾ ਆਮ ਆਦਮੀ ਪਾਰਟੀ ਦੇ ਉਮੀਦਵਾਰ ਨੂੰ ਹਲਕੇ ਦੇ ਬਹੁਤੇ ਪਿੰਡਾਂ 'ਚ ਕੀਤੀ ਬੇਲੋੜੀ ਦਖਲਅੰਦਾਜ਼ੀ ਕਾਰਨ ਪਿੰਡਾਂ ਦੇ ਲੋਕ ਨਾਰਾਜ਼ ਚੱਲ ਰਹੇ ਹਨ, ਪਰ ਮੌਜੂਦਾ ਸੱਤਾ ਧਿਰ ਦੇ ਉਮੀਦਵਾਰ ਹੋਣ ਦਾ ਲਾਭ ਚੋਣਾਂ 'ਚ ਜਿੱਤ ਦਾ ਹਾਰ ਕਿਸ ਸਿਆਸੀ ਧਿਰ ਦੇ ਗਲ 'ਚ ਪੈਂਦਾ ਹੈ, ਇਹ ਫੈਸਲਾ ਤਾਂ ਵੋਟਾਂ ਪੈਣ ਤੋਂ ਬਾਅਦ ਹੀ ਹੋਵੇਗਾ, ਪਰ ਇਨ੍ਹਾਂ ਚੋਣਾਂ 'ਚ ਹਲਕਾ ਜ਼ੀਰਾ ਦੀਆਂ ਸਾਰੀਆਂ ਸਿਆਸੀ ਪਾਰਟੀਆਂ ਦਾ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਦੌਰਾਨ ਲੋਕਾਂ 'ਚ ਕੀ ਆਧਾਰ ਨਿਕਲ ਕੇ ਸਾਹਮਣੇ ਆਉਂਦਾ ਹੈ, ਇਹ ਤਹਿ ਜ਼ਰੂਰ ਹੋ ਜਾਵੇਗਾ।

## ਅਮਿੱਟ ਯਾਦਾਂ ਛੱਡ ਗਿਆ ਸੱਤ ਰੋਜ਼ਾ ਐੱਨ ਐੱਸ ਐੱਸ ਕੈਂਪ



**ਬਰੇਟਾ (ਰੀਤਵਾਲ)**-ਕੌਮੀ ਸੇਵਾ ਯੋਜਨਾ ਪੰਜਾਬ ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ ਵਿਭਾਗ ਮਾਨਸਾ ਡਾ. ਮਲਕੀਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਧਰਮਪੁਰਾ ਵਿਖੇ ਐਨ.ਐਸ.ਐਸ ਸੱਤ ਰੋਜ਼ਾ ਕੈਂਪ ਅਮਿੱਟ ਯਾਦਾਂ ਛੱਡਦਾ ਹੋਇਆ ਸਮਾਪਤ ਹੋ ਗਿਆ।ਕੈਂਪ 'ਚ ਕੈਂਪਰਾਂ ਦੁਆਰਾ ਵੱਖ-ਵੱਖ ਬੁਲਾਰਿਆਂ ਨੂੰ ਸੁਣਿਆ ਗਿਆ। ਕੈਂਪ ਦੀ ਸ਼ੁਰੂਆਤ ਵਿੱਚ ਮੁੱਖ ਮਹਿਮਾਨ ਵਜੋਂ ਐਸ.ਐਮ.ਸੀ ਚੇਅਰਮੈਨ ਕੋਕਾ ਸ਼ਰਮਾ ਸ਼ਾਮਲ ਹੋਏ।

ਕੈਂਪ ਵਿੱਚ ਬੁਲਾਰਿਆਂ ਵੱਲੋਂ ਸਿਵਲ ਸੇਵਾਵਾਂ, ਸਿਵਿਲ ਸੈਂਸ, ਮੈਂਟਲ ਹੈਲਥ, ਵਿਅਕਤੀ ਵਿਕਾਸ, ਸਾਹਿਤ, ਸੱਭਿਆਚਾਰ, ਕਲਾ ਸਿਹਤ ਸਬੰਧੀ ਅਨੀਮੀਆ ਤੇ ਚਾਇਲਡ ਪ੍ਰੋਡਕਸ਼ਨ ਆਦਿ ਵਿਸ਼ਿਆਂ ਉੱਪਰ ਆਪਣੇ ਵਿਚਾਰ ਪੇਸ਼ ਕੀਤੇ ਗਏ।ਕੈਂਪ ਵਿੱਚ ਪ੍ਰੋਜੈਕਟ ਵਰਕ, ਜਿਸ ਵਿੱਚ ਮਾਤਾ ਗੁਜਰੀ ਜੀ ਲਾਇਬ੍ਰੇਰੀ ਪਿੰਡ ਧਰਮਪੁਰਾ ਗੋਦ ਲਈ ਗਈ, ਜਿਸ ਦੀ ਸੁੰਦਰਤਾ ਬਰਕਰਾਰ ਰੱਖਣ ਲਈ ਸੁੰਦਰੀਕਰਨ ਕੀਤਾ ਗਿਆ ਅਤੇ ਪਿੰਡ ਵਿੱਚ ਜਾਗਰੂਕ ਰੈਲੀ ਨਸ਼ਿਆਂ ਵਿਰੁੱਧ ਕੀਤੀ ਗਈ।ਕੈਂਪ ਦੇ ਆਖਰੀ ਦਿਨ 'ਚ ਗੀਤਕਾਰ ਤੇ ਕਲਾਕਾਰ ਗੁਰਸੇਵਕ ਸਿੰਘ ਪੱਖੋਕੇ ਨੂੰ ਪੇਸ਼ ਕੀਤਾ ਗਿਆ ਤੇ ਉਸ ਦੁਆਰਾ ਵਿਦਿਆਰਥੀਆਂ ਨਾਲ ਆਪਣੇ ਜ਼ਿੰਦਗੀ ਦੇ ਸੰਘਰਸ਼ ਨੂੰ ਸਾਂਝਾ ਕੀਤਾ ਅਤੇ ਵਿਦਿਆਰਥੀਆਂ ਨੂੰ ਆਪਣੇ ਗਾਣੇ ਸੁਣਾ ਕੇ ਮਨੋਰੰਜਨ ਕੀਤਾ ਗਿਆ।ਕੈਂਪ ਦੇ ਆਖਰੀ ਦਿਨ ਮੁੱਖ ਮਹਿਮਾਨ ਵਜੋਂ ਅਸ਼ਵਨੀ ਕੁਮਾਰ ਆਏ, ਜਿਨ੍ਹਾਂ ਦਾ ਸਵਾਗਤ ਕੀਤਾ ਗਿਆ ਅਤੇ ਉਨ੍ਹਾਂ ਵੱਲੋਂ ਮੁੱਖ ਧਾਰਾ ਵਿੱਚ ਰਹਿਣ ਲਈ ਸਮਾਜਿਕ ਤੱਥਾਂ ਦੀ ਗੱਲ ਕੀਤੀ ਗਈ।ਆਖਰੀ ਦਿਨ ਕੈਂਪ ਵਿੱਚ ਸੱਭਿਆਚਾਰ ਤੇ ਸੰਗੀਤਕ ਗਤੀਵਿਧੀਆਂ ਦੀ ਪੇਸ਼ਕਾਰੀ ਕੀਤੀ ਗਈ। ਇਸ ਮੌਕੇ ਸਾਡੇ ਵਿਚਕਾਰ ਸਰਪੰਚ ਕਾਲਾ ਸਿੰਘ, ਸਮਾਜ ਸੇਵੀ ਕੇਸਰ ਸਿੰਘ, ਕੋਕਾ ਸ਼ਰਮਾ ਚੇਅਰਮੈਨ ਐਸ.ਐਮ.ਸੀ ਸਮੂਹ ਸਟਾਫ ਸ਼ਾਮਲ ਰਿਹਾ ਅਤੇ ਕੈਂਪ ਨੂੰ ਸ਼ਾਨਦਾਰ ਬਣਾਇਆ ਗਿਆ।ਸਕੂਲ ਇੰਚਾਰਜ ਜਤਿੰਦਰ ਕੁਮਾਰ ਨੇ ਪ੍ਰੋਗਰਾਮ ਅਫਸਰ ਭੁਪਿੰਦਰ ਸਿੰਘ ਤੇ ਸਮੂਹ ਸਟਾਫ ਦਾ ਧੰਨਵਾਦ ਕੀਤਾ ਤੇ ਉਨ੍ਹਾਂ ਦੁਆਰਾ ਦੱਸਿਆ ਗਿਆ ਕਿ ਇਸ ਸਕੂਲ ਦੇ ਇਤਿਹਾਸ ਵਿੱਚ ਪਹਿਲੀ ਵਾਰ ਲੱਗੇ ਕੈਂਪ ਨੇ ਵਿਦਿਆਰਥੀਆਂ ਨੂੰ ਬਹੁਤ ਕੁੱਝ ਸਿਖਾਇਆ ਹੈ ਅਤੇ ਸਭ ਦੇ ਪੂਰਨ ਸਹਿਯੋਗ ਨਾਲ ਕੈਂਪ ਸ਼ਾਨਦਾਰ ਹੋ ਨਬੇੜਿਆ ਹੈ।ਸਭ ਸਹਿਯੋਗੀਆਂ ਦਾ ਯਾਦਕਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।

## ਕਲਾਲ ਮਾਜਰਾ 'ਚ ਰਵਿੰਦਰ ਕੌਰ ਨੂੰ ਲੱਡੂਆਂ ਨਾਲ ਤੋਲ ਕੇ ਕੀਤਾ ਭਰਵਾਂ ਸਮਰਥਨ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਪਿੰਡ ਕਲਾਲ ਮਾਜਰਾ ਵਿਖੇ ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰੀਸ਼ਦ ਜ਼ੋਨ ਮਹਿਲ ਕਲਾਂ ਤੋਂ ਉਮੀਦਵਾਰ ਬੀਬੀ ਰਵਿੰਦਰ ਕੌਰ ਬੈਨੀਪਾਲ ਪਤਨੀ ਜਥੇਦਾਰ ਸੁਖਵਿੰਦਰ ਸਿੰਘ ਸੁੱਖਾ ਸਰਕਲ ਪ੍ਰਧਾਨ ਮਹਿਲ ਕਲਾਂ ਨੂੰ ਨਗਰ ਨਿਵਾਸੀਆਂ, ਮੁਹਤਬਰਾਂ ਵੱਲੋਂ ਲੱਡੂਆਂ ਨਾਲ ਤੋਲ ਕੇ ਭਰਵੇਂ ਸਹਿਯੋਗ ਦਾ ਵਿਸ਼ਵਾਸ ਦੁਆਇਆ ਗਿਆ।ਇਸ ਮੌਕੇ ਹਲਕਾ ਇੰਚਾਰਜ ਜਥੇਦਾਰ ਨਾਥ ਸਿੰਘ ਹਮੀਦੀ, ਡਾ: ਸੁਖਵਿੰਦਰ ਸਿੰਘ ਨਿਹਾਲੂਵਾਲ, ਆਗੂ ਬਲਦੇਵ ਸਿੰਘ ਗਾਗੇਵਾਲ, ਜਥੇਦਾਰ ਗੁਰਦੀਪ ਸਿੰਘ ਟਿਵਾਣਾ, ਕੁਲਦੀਪ ਸਿੰਘ ਮਾਨਕ ਨੇ ਸਮੂਹ ਵੋਟਰਾਂ ਨੂੰ ਸਹਿਯੋਗ ਦੀ ਅਪੀਲ ਕਰਦਿਆਂ ਪੰਜਾਬ ਸਰਕਾਰ ਦੀਆਂ ਲੋਕ ਮਾਰੂ ਨੀਤੀਆਂ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕੀਤੀ।ਉਨ੍ਹਾਂ ਕਿਹਾ ਕਿ ਭਵਿੱਖ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਹੱਕ 'ਚ ਲਹਿਰ ਬਣ ਰਹੀ ਹੈ, ਇਸ ਲਈ ਹਰ ਇਕ ਨਗਰ ਵਾਸੀ ਦਾ ਫਰਜ਼ ਬਣਦਾ ਹੈ ਕਿ ਅਕਾਲੀ ਦਲ ਦੇ ਉਮੀਦਵਾਰਾਂ ਨੂੰ ਜਿਤਾਇਆ ਜਾਵੇ।ਇਸ ਮੌਕੇ ਜਥੇਦਾਰ ਉਜਾਗਰ ਸਿੰਘ, ਜਗਤਾਰ ਸਿੰਘ ਢਿੱਲੋਂ, ਸੇਵਕ ਸਿੰਘ ਧਾਲੀਵਾਲ, ਇੰਦਰਜੀਤ ਸਿੰਘ, ਜਸਪ੍ਰੀਤ ਸਿੰਘ ਪ੍ਰਧਾਨ, ਸਾਬਕਾ ਸਰਪੰਚ ਰਛਪਾਲ ਸਿੰਘ ਮੰਡੇਰ, ਸੁਖਦੀਪ ਸਿੰਘ ਗਿੱਲ, ਸਰਬਜੀਤ ਸਿੰਘ ਹੁੰਦਲ, ਜਗਵਿੰਦਰ ਸਿੰਘ ਗਿੱਲ, ਭਰਪੂਰ ਸਿੰਘ, ਫਿਰੋਜ਼ ਖਾਨ, ਬਹਾਦਰ ਸਿੰਘ ਧਾਲੀਵਾਲ, ਸੁਰਿੰਦਰ ਸਿੰਘ ਧਾਲੀਵਾਲ ਆਦਿ ਆਗੂਆਂ ਨੇ ਬੀਬੀ ਰਵਿੰਦਰ ਕੌਰ ਬੈਨੀਪਾਲ ਨੂੰ ਸਮਰਥਨ ਦੇਣ ਦਾ ਐਲਾਨ ਕੀਤਾ।

## ਤਲਵੰਡੀ ਸਾਬੋ ਪੁਲਸ ਉੱਪਰ ਲੁੱਟਾਂ-ਖੋਹਾਂ ਤੇ ਚੋਰੀਆਂ ਰੋਕਣ 'ਚ ਨਕਾਮ ਰਹਿਣ ਦਾ ਦੋਸ਼

**ਮਜ਼ਦੂਰ ਮੁਕਤੀ ਮੋਰਚਾ ਵੱਲੋਂ 22 ਨੂੰ ਥਾਣੇ ਅੱਗੇ ਧਰਨਾ ਦੇਣ ਦਾ ਐਲਾਨ**




**ਤਲਵੰਡੀ ਸਾਬੋ (ਜਗਦੀਪ ਗਿੱਲ)**-ਮਜ਼ਦੂਰ ਮੁਕਤੀ ਮੋਰਚਾ ਪੰਜਾਬ ਲਿਬਰੇਸ਼ਨ ਦੀ ਬਲਾਕ ਤਲਵੰਡੀ ਸਾਬੋ ਦੀ ਮੀਟਿੰਗ ਕੀਤੀ ਗਈ, ਜਿਸ 'ਚ ਜ਼ਿਲ੍ਹਾ ਪ੍ਰਧਾਨ ਅਮੀ ਲਾਲ ਬਲਾਹੜ ਮਹਿਮਾ ਤੇ ਸੂਬਾ ਆਗੂ ਕਾਮਰੇਡ ਬਲਵਿੰਦਰ ਸਿੰਘ ਘਰਾਗਣਾ ਸ਼ਾਮਲ ਹੋਏ।ਪ੍ਰੈੱਸ ਨੂੰ ਬਿਆਨ ਜਾਰੀ ਕਰਦਿਆਂ ਆਗੂਆਂ ਨੇ ਕਿਹਾ ਕਿ ਤਲਵੰਡੀ ਸਾਬੋ ਹਲਕੇ ਦੇ ਪਿੰਡਾਂ ਤੇ ਸ਼ਹਿਰਾਂ ਵਿੱਚ ਜਿੱਥੇ ਆਏ ਦਿਨ ਨਸ਼ੇ ਨਾਲ ਨੌਜਵਾਨਾਂ ਦੀਆਂ ਮੌਤਾਂ ਹੋ ਰਹੀਆਂ ਹਨ, ਉਥੇ ਦਿਨ ਦਿਹਾੜੇ ਲੁੱਟਾਂ-ਖੋਹਾਂ ਵੀ ਹੋ ਰਹੀਆਂ ਹਨ।ਪੁਲਸ ਨਸ਼ਾ ਤਸਕਰਾਂ ਤੇ ਲੁੱਟਾਂ-ਖੋਹਾਂ ਕਰਨ ਵਾਲਿਆਂ ਦੀ ਪੁਸ਼ਤ ਪਨਾਹੀ ਕਰਦੀ ਨਜ਼ਰ ਆ ਰਹੀ ਹੈ।ਉਨ੍ਹਾਂ ਕਿਹਾ ਕਿ ਤਲਵੰਡੀ ਸਾਬੋ ਦੇ ਸਥਾਨਕ ਮੁਹੱਲਾ ਬੇਰੀਆਂ ਵਾਲਾ ਵਿਖੇ ਕਰਿਆਨੇ ਦੀ ਦੁਕਾਨ ਕਰਦੇ ਬਜ਼ੁਰਗ ਜੋੜੇ ਕਾਮਰੇਡ ਬਾਬੂ ਰਾਮ ਤਲਵੰਡੀ ਸਾਬੋ ਤੇ ਉਸ ਦੀ ਧਰਮਪਤਨੀ ਸ੍ਰੀਮਤੀ ਹਰਬੰਸ ਕੌਰ ਤੋਂ ਲੁਟੇਰੇ ਦਿਨ ਦਿਹਾੜੇ ਦੁਕਾਨ ਅੰਦਰ ਦਾਖਲ ਹੋ ਕੇ ਹਰਬੰਸ ਕੌਰ ਤੋਂ ਦੁਕਾਨ ਵਿੱਚੋਂ ਨਕਦ ਰਾਸ਼ੀ ਤੇ ਕੰਨਾਂ ਵਿੱਚੋਂ ਬਾਲੀਆਂ ਖਿੱਚ ਕੇ ਫ਼ਰਾਰ ਹੋ ਗਏ ਸਨ। ਇਸ ਘਟਨਾ ਨੂੰ ਤਕਰੀਬਨ ਪੰਜ ਮਹੀਨੇ ਹੋ ਗਏ ਹਨ, ਜਿਸ ਦੀ ਅਰਜ਼ੀ ਥਾਣਾ ਮੁਖੀ ਨੂੰ ਦਿੱਤੀ ਹੋਈ ਹੈ, ਵਾਰ ਵਾਰ ਆਗੂਆਂ ਵੱਲੋਂ ਐੱਸ ਐੱਚ ਓ ਤੇ ਡੀ ਐੱਸ ਪੀ ਨੂੰ ਵੀ ਮਿਲਿਆ ਗਿਆ, ਪਰ ਲਾਰਿਆਂ ਤੋਂ ਸਿਵਾਏ ਕੁਝ ਪੱਲੇ ਨਹੀਂ ਪਿਆ ਤਾਂ ਅੱਜ ਪੀੜਤ ਪਰਵਾਰ ਦੀ ਹਾਜ਼ਰੀ ਵਿੱਚ ਜਥੇਬੰਦੀ ਨੇ ਫੈਸਲਾ ਕੀਤਾ ਹੈ ਕਿ ਆਉਣ ਵਾਲੇ 22 ਦਸੰਬਰ ਨੂੰ ਤਲਵੰਡੀ ਸਾਬੋ ਥਾਣੇ ਦੇ ਗੇਟ ਅੱਗੇ ਧਰਨਾ ਦਿੱਤਾ ਜਾਵੇਗਾ। ਇਸ ਮੌਕੇ ਪੀੜਤ ਧਿਰ ਵੱਲੋਂ ਬਾਬੂ ਰਾਮ ਤਲਵੰਡੀ ਸਾਬੋ, ਉਨ੍ਹਾਂ ਦੀ ਧਰਮਪਤਨੀ ਸ੍ਰੀਮਤੀ ਹਰਬੰਸ ਕੌਰ, ਜਥੇਬੰਦੀ ਦੇ ਬਲਾਕ ਆਗੂ ਦਰਸ਼ਨ ਸਿੰਘ ਕੋਟ ਫੱਤਾ ਤੇ ਸੁਖਦੇਵ ਸਿੰਘ ਲਹਿਰੀ ਆਦਿ ਹਾਜ਼ਰ ਸਨ।

## ਸੱਤਾਧਾਰੀ ਧਿਰ ਨੇ ਕਿਸਾਨਾਂ ਤੇ ਮਜ਼ਦੂਰਾਂ ਨਾਲ ਧ੍ਰੋਹ ਕਮਾਇਆ : ਕਲੇਰ, ਗਰੇਵਾਲ, ਸੰਦੀਪ ਮੱਲ੍ਹਾ



**ਬੱਧਨੀ ਕਲਾਂ (ਲਵਲੀ ਕੁਮਾਰ)**

ਜ਼ਿਲ੍ਹਾ ਪ੍ਰੀਸ਼ਦ ਜ਼ੋਨ-16 ਮਾਣੂੰਕੇ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰੀਸ਼ਦ ਉਮੀਦਵਾਰ ਬੀਬੀ ਮਨਜੀਤ ਕੌਰ ਤੇ ਬਲਾਕ ਸੰਮਤੀ ਮੈਂਬਰ ਬੀਬੀ ਅਮਰਜੀਤ ਕੌਰ ਦੇ ਹੱਕ 'ਚ ਪਿੰਡ ਮੱਲ੍ਹਾ ਵਿਖੇ ਸ਼੍ਰੋਮਣੀ ਅਕਾਲੀ ਦਲ (ਬਾਦਲ) ਯੂਥ ਵਿੰਗ ਪੰਜਾਬ ਦੇ ਕੋਰ ਕਮੇਟੀ ਮੈਂਬਰ ਸੰਦੀਪ ਸਿੰਘ ਮੱਲ੍ਹਾ ਦੀ ਅਗਵਾਈ ਹੇਠ ਰੱਖੇ ਚੋਣ ਇਕੱਠ ਨੇ ਰੈਲੀ ਦਾ ਰੂਪ ਧਾਰਿਆ।ਇਸ ਮੌਕੇ ਸ਼੍ਰੋਮਣੀ ਅਕਾਲੀ ਦਲ (ਬਾਦਲ) ਦੇ ਕੋਰ ਕਮੇਟੀ ਮੈਂਬਰ ਸਾਬਕਾ ਵਿਧਾਇਕ ਐੱਸ ਆਰ ਕਲੇਰ ਤੇ ਸ਼੍ਰੋਮਣੀ ਕਮੇਟੀ ਮੈਂਬਰ ਗੁਰਚਰਨ ਸਿੰਘ ਗਰੇਵਾਲ ਉਚੇਚੇ ਤੌਰ 'ਤੇ ਹਾਜ਼ਰ ਹੋਏ।ਇਸ ਮੌਕੇ ਐੱਸ ਆਰ ਕਲੇਰ ਨੇ ਆਖਿਆ ਕਿ ਪੰਜਾਬ ਦੇ ਲੋਕ ਸੱਤਾਧਾਰੀ ਧਿਰ ਤੋਂ ਨਿਰਾਸ਼ ਹੋ ਚੁੱਕੇ ਹਨ।

ਉਨ੍ਹਾ ਕਿਹਾ ਕਿ ਸੱਤਾਧਾਰੀ ਧਿਰ ਨੇ ਕਿਸਾਨਾਂ ਤੇ ਮਜ਼ਦੂਰਾਂ ਨਾਲ ਧ੍ਰੋਹ ਕਮਾਇਆ ਹੈ ਤੇ ਬਦਲਾਅ ਦੇ ਅਖੌਤੀ ਕ੍ਰਾਂਤੀਕਾਰੀਆਂ ਦੇ ਕਾਰਜਕਾਲ ਦੌਰਾਨ ਇਹ ਪਹਿਲੀ ਵਾਰ ਹੋਇਆ ਹੈ ਕਿ ਸਰਕਾਰ ਕਿਸਾਨਾਂ ਦੀਆਂ ਟਰੈਕਟਰ-ਟਰਾਲੀਆਂ ਦੇ ਨਾਲ-ਨਾਲ ਲੂਣ ਤੇਲ ਤੱਕ ਚੋਰੀ ਕਰ ਚੁੱਕੀ ਹੈ।ਉਨ੍ਹਾ ਕਿਹਾ ਕਿ ਇਮਾਨਦਾਰ ਮੁੱਖ ਮੰਤਰੀ ਦੀ ਇਮਾਨਦਾਰੀ ਥੈਲੇ ਤੋਂ ਬਾਹਰ ਆ ਚੁੱਕੀ ਹੈ ਤੇ ਪੰਜਾਬ ਦੇ ਭੋਲੇ-ਭਾਲੇ ਲੋਕ ਹੁਣ ਅਖੌਤੀ ਕ੍ਰਾਂਤੀਕਾਰੀਆਂ ਨੂੰ ਮੂੰਹ ਨਹੀਂ ਲਾਉਣਗੇ।ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੇ ਰੂਪ 'ਚ ਪੰਜਾਬੀਆਂ ਨੂੰ ਭਗਵੰਤ ਮਾਨ ਨਵੀਂ ਸਦੀ ਦਾ ਅਬਦਾਲੀ ਮਿਲਿਆ ਹੈ ਤੇ ਇਸ ਅਬਦਾਲੀ ਨੇ ਪੰਜਾਬ ਨੂੰ ਅਰਬਾਂ ਰੁਪਏ ਦਾ ਕਰਜ਼ਾ ਦੇ ਕੇ ਮੁੜ ਕੰਗਾਲੀ ਦੇ ਰਾਹ ਖੜ੍ਹਾ ਕਰ ਦਿੱਤਾ ਹੈ। ਪੰਜਾਬ ਦੇ ਅਣਖੀ ਲੋਕ ਆਪ ਦੇ ਲੁਟੇਰਾ ਰਾਜ ਦਾ ਭਾਂਡਾ ਭੰਨਣ ਲਈ ਤਿਆਰ ਹਨ।ਇਸ ਮੌਕੇ ਪ੍ਰਧਾਨ ਸੰਦੀਪ ਸਿੰਘ ਧਾਲੀਵਾਲ, ਯੂਥ ਆਗੂ ਜੋਤੀ ਧਾਲੀਵਾਲ ਤੇ ਪਿੰਡ ਮੱਲ੍ਹਾ ਵਾਸੀਆਂ ਨੇ ਸਾਬਕਾ ਵਿਧਾਇਕ ਐੱਸ ਆਰ ਕਲੇਰ, ਸ਼੍ਰੋਮਣੀ ਕਮੇਟੀ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ ਤੇ ਸਾਬਕਾ ਚੇਅਰਮੈਨ ਕਮਲਜੀਤ ਸਿੰਘ ਮੱਲ੍ਹਾ ਨੂੰ ਸਿਰਪਾਓ ਦੇ ਕੇ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ।ਇਸ ਮੌਕੇ ਜ਼ਿਲ੍ਹਾ ਪ੍ਰੀਸ਼ਦ ਦੇ ਉਮੀਦਵਾਰ ਬੀਬੀ ਮਨਜੀਤ ਕੌਰ ਤੇ ਬੀਬੀ ਅਮਰਜੀਤ ਕੌਰ ਨੇ ਭਰੋਸਾ ਦਿਵਾਇਆ ਕਿ ਉਹ ਜਿੱਤ ਉਪਰੰਤ ਇਲਾਕੇ ਦੇ ਲੋਕਾਂ ਦੀਆਂ ਆਸਾਂ 'ਤੇ ਖਰਾ ਉਤਰਨਗੀਆਂ।ਇਸ ਮੌਕੇ ਉਨ੍ਹਾਂ ਨਾਲ ਸੁੱਖ ਸੰਧੂ ਮਾਣੂੰਕੇ, ਯੂਥ ਆਗੂ ਰਾਮ ਸਿੰਘ ਸਰਾਂ, ਯੂਥ ਆਗੂ ਪ੍ਰਿਤਪਾਲ ਸਿੰਘ ਮੱਲ੍ਹਾ, ਨਵਦੀਪ ਸਿੰਘ ਧਾਲੀਵਾਲ, ਜੋਤੀ ਧਾਲੀਵਾਲ, ਪੰਚ ਇੰਦਰਜੀਤ ਸਿੰਘ, ਪੰਚ ਗੋਰਾ ਸਿੰਘ, ਪੰਚ ਸ਼ਿੰਦਰ ਸਿੰਘ, ਭਜਨ ਸਿੰਘ ਦੇਹੜਕਾ ਆਦਿ ਹਾਜ਼ਰ ਸਨ।

## ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮਤੀ ਉਮੀਦਵਾਰਾਂ ਦੇ ਹੱਕ 'ਚ ਚੋਣ ਪ੍ਰਚਾਰ

**ਧੂਰੀ (ਮੋਹਿਤ ਗਰਗ, ਮਨੋਹਰ ਸਿੰਘ ਸੱਗੂ, ਬਿੰਨੀ ਗਰਗ)**-ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਤੇ ਅਕਾਲੀ ਦਲ ਵਾਰਿਸ ਪੰਜਾਬ ਵੱਲੋਂ ਜ਼ਿਲ੍ਹਾ ਪ੍ਰੀਸ਼ਦ ਚੋਣਾਂ ਤੇ ਪੰਚਾਇਤ ਸੰਮਤੀ ਲਈ ਚੱਲ ਰਹੇ ਚੋਣ



ਪ੍ਰਚਾਰ ਨੂੰ ਤੇਜ਼ੀ ਦੇਣ ਲਈ ਹਲਕੇ ਦੇ ਪ੍ਰਮੁੱਖ ਆਗੂ ਪਰਮਜੀਤ ਸਿੰਘ ਪੰਮਾ ਬਾਠ ਨੇ ਕਈ ਪਿੰਡਾਂ ਦਾ ਦੌਰਾ ਕੀਤਾ।ਉਨ੍ਹਾਂ ਪਾਰਟੀ ਦੇ ਸਾਂਝੇ ਉਮੀਦਵਾਰਾਂ ਨੂੰ ਮਜਬੂਤ ਸਮਰਥਨ ਦੇਣ ਲਈ ਲੋਕਾਂ ਨੂੰ ਅਪੀਲ ਕੀਤੀ।ਉਨ੍ਹਾਂ ਪਿੰਡ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਇਹ ਚੋਣਾਂ ਸਿਰਫ਼ ਜ਼ਿਲ੍ਹਾ ਪ੍ਰੀਸ਼ਦ ਤੇ ਪੰਚਾਇਤ ਸੰਮਤੀਆਂ ਤੱਕ ਸੀਮਿਤ ਨਹੀਂ, ਸਗੋਂ ਲੋਕਾਂ ਦੇ ਭਵਿੱਖ ਨਾਲ ਜੁੜੀਆਂ ਹੋਈਆਂ ਹਨ, ਇਸ ਲਈ ਵੋਟ ਪਾਉਂਦੇ ਸਮੇਂ ਸਿਆਣਪ ਤੇ ਸੂਝ-ਬੂਝ ਦਿਖਾਉਣਾ ਬਹੁਤ ਜ਼ਰੂਰੀ ਹੈ।ਉਨ੍ਹਾਂ ਪਿੰਡਾਂ ਵਿੱਚ ਹੋ ਰਹੀਆਂ ਸਮੱਸਿਆਵਾਂ ਜਿਵੇਂ ਖਰਾਬ ਸੜਕਾਂ, ਖੇਤੀਬਾੜੀ ਨਾਲ ਜੁੜੀਆਂ ਚੁਣੌਤੀਆਂ, ਬੇਰੁਜ਼ਗਾਰੀ, ਪਾਣੀ ਦੀ ਘਾਟ ਤੇ ਨੌਜਵਾਨਾਂ ਦੀ ਪਰਦੇਸ ਰੁਝਾਨ ਵਰਗੇ ਮੁੱਦੇ ਵੀ ਚੋਣ ਦੌਰਾਨ ਉਠਾਏ।ਉਨ੍ਹਾਂ ਵਾਅਦਾ ਕੀਤਾ ਕਿ ਪਾਰਟੀ ਦੇ ਉਮੀਦਵਾਰ ਕੌਮੀ ਹਿਤਾਂ, ਖੇਤਰਕ ਸੰਤੁਲਨ ਤੇ ਵਿਕਾਸ ਨੂੰ ਪਹਿਲੇ ਦਰਜੇ 'ਤੇ ਰੱਖਣਗੇ।

## ਮਾਤਾ ਗੁਜਰੀ ਸਕੂਲ ਦਾ ਸਾਲਾਨਾ ਖੇਡ ਸਮਾਰੋਹ ਸੰਪੰਨ

**ਦੇਵੀਗੜ੍ਹ (ਰਾਜਿੰਦਰ ਸਿੰਘ ਥਿੰਦ)**-ਮਾਤਾ ਗੁਜਰੀ ਸੀਨੀਅਰ ਸੈਕੰਡਰੀ ਸਕੂਲ ਦੇਵੀਗੜ੍ਹ ਵਿਖੇ ਤਿੰਨ ਦਿਨਾ ਸਾਲਾਨਾ ਖੇਡ ਸਮਾਰੋਹ ਦੇ ਆਖਰੀ ਤੇ ਤੀਜੇ ਦਿਨ ਤੀਸਰੀ ਜਮਾਤ ਤੋਂ ਬਾਰਵੀਂ ਜਮਾਤ ਤੱਕ ਦੇ



ਵਿਦਿਆਰਥੀਆਂ ਨੇ ਭਾਗ ਲਿਆ।ਇਸ ਦਿਨ ਸਮਾਗਮ ਦੀ ਸ਼ੁਰੂਆਤ ਮੁੱਖ ਮਹਿਮਾਨ ਪੰਜਾਬੀ ਫਿਲਮ ਕਲਾਕਾਰ ਸ੍ਰ. ਕਮਲਦੀਪ ਸਿੰਘ ਹੋਬੀ ਧਾਲੀਵਾਲ, ਸ. ਰਾਜਵਿੰਦਰ ਸਿੰਘ ਹਡਾਣਾ, ਡਾਕਟਰ ਜਗਜੀਤ ਸਿੰਘ ਧੂਰੀ ਪ੍ਰਧਾਨ ਫੈਡਰੇਸ਼ਨ ਆਫ ਪ੍ਰਾਈਵੇਟ ਸਕੂਲਜ਼ ਤੇ ਪੰਜਾਬ ਐਸੋਸੀਏਸ਼ਨ ਦੇ ਸਵਾਗਤ ਨਾਲ ਕੀਤੀ ਗਈ।ਇਸ ਸਪੋਰਟਸ ਮੀਟ ਦੇ ਸਰਪ੍ਰਸਤ ਸਰਦਾਰਨੀ ਪੂਰਨ ਕੌਰ ਵੀ ਵਿਦਿਆਰਥੀਆਂ ਨੂੰ ਆਸ਼ੀਰਵਾਦ ਦੇਣ ਲਈ ਹਾਜ਼ਰ ਹੋਏ।ਸਭ ਤੋਂ ਪਹਿਲਾਂ ਵਿਦਿਆਰਥੀਆਂ ਵੱਲੋਂ ਕਵੀਸ਼ਰੀ ਗਾਇਨ ਕੀਤਾ ਗਿਆ।

ਮੁੱਖ ਮਹਿਮਾਨਾਂ ਵੱਲੋਂ ਖੇਡ ਮੁਕਾਬਲਾ ਸ਼ੁਰੂ ਕਰਨ ਦੀ ਪ੍ਰਵਾਨਗੀ ਦੇਣ ਤੋਂ ਬਾਅਦ ਹਰ ਉਮਰ ਵਰਗ ਦੇ ਵਿਦਿਆਰਥੀਆਂ ਨੇ 100 ਮੀਟਰ, 400 ਮੀਟਰ, ਲੰਬੀ ਛਾਲ, ਗੋਲਾ ਸੁੱਟਣਾ, ਰੱਸਾਕਸੀ, ਹਰਡਲ ਰੇਸ ਤੇ ਦਰਸ਼ਕਾਂ ਦਾ ਮਨ ਮੋਹਣ ਵਾਲੀਆਂ ਖੇਡਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਦਿਖਾਇਆ।ਇਸ ਮੌਕੇ ਸ੍ਰ. ਗੁਰਪ੍ਰੀਤ ਸਿੰਘ ਸੇਖੋਂ, ਅਨਿਲ ਮਿੱਤਲ, ਲਾਲਜੀਤ ਸਿੰਘ, ਡਾਕਟਰ ਯਸ਼ਪਾਲ ਖੰਨਾ, ਡਾਕਟਰ ਦਾਨਿਸ਼ ਖੰਨਾ ਤੇ ਇਲਾਕੇ ਦੇ ਪਤਵੰਤੇ ਸੱਜਣ ਹਾਜ਼ਰ ਹੋਏ।ਪਹਿਲੇ, ਦੂਜੇ ਤੇ ਤੀਜੇ ਸਥਾਨ 'ਤੇ ਆਉਣ ਵਾਲੇ ਵਿਦਿਆਰਥੀਆਂ ਨੂੰ ਮੈਡਲ ਪਾ ਕੇ ਸਨਮਾਨਤ ਕੀਤਾ ਗਿਆ।ਇਸ ਤੋਂ ਇਲਾਵਾ ਸੈਸ਼ਨ 2025-26 ਵਿੱਚ ਵੱਖ-ਵੱਖ ਖੇਤਰਾਂ ਵਿੱਚ ਜੇਤੂ ਰਹੇ ਵਿਦਿਆਰਥੀਆਂ ਨੂੰ ਸਕੂਲ ਦਾ ਮਾਣ ਖਿਤਾਬ ਦਿੱਤਾ ਗਿਆ। ਸਮਾਗਮ ਦੀ ਸਮਾਪਤੀ ਮਾਰਸ਼ਲ ਆਰਟ ਨਾਲ ਕੀਤੀ ਗਈ।ਸਕੂਲ ਪ੍ਰਬੰਧਕਾਂ ਨੇ ਆਏ ਹੋਏ ਮਾਪਿਆਂ ਤੇ ਇਲਾਕਾ ਨਿਵਾਸੀਆਂ ਦਾ ਧੰਨਵਾਦ ਕੀਤਾ।

## ਕਾਂਗਰਸੀ ਉਮੀਦਵਾਰਾਂ ਦੇ ਹੱਕ 'ਚ ਚੋਣ ਪ੍ਰਚਾਰ



ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-ਕਾਂਗਰਸ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਵਿਧਾਇਕ ਕੁਲਦੀਪ ਸਿੰਘ ਕਾਲਾ ਢਿੱਲੋਂ ਵੱਲੋਂ ਆਪਣੀ ਟੀਮ ਸਮੇਤ ਜ਼ਿਲ੍ਹਾ ਪ੍ਰੀਸ਼ਦ ਤੇ ਪੰਚਾਇਤ ਸੰਮਤੀ ਦੇ ਉਮੀਦਵਾਰਾਂ ਦੇ ਹੱਕ ਵਿੱਚ ਪਿੰਡ ਸਹਿਜੜਾ, ਕਲਾਲ ਮਾਜਰਾ, ਪੰਡੋਰੀ, ਗੰਗੋਹਰ, ਲੋਹਗੜ੍ਹ, ਛਾਪਾ, ਕੁਰੜ, ਗੁਰਮ, ਹਮੀਦੀ, ਵਜੀਦਕੇ ਕਲਾਂ ਆਦਿ ਵਿਖੇ ਚੋਣ ਪ੍ਰਚਾਰ ਕਰਦਿਆਂ ਕਾਂਗਰਸ ਪਾਰਟੀ ਦੇ ਸਮੂਹ ਉਮੀਦਵਾਰਾਂ ਨੂੰ ਸ਼ਾਨ ਨਾਲ ਜਿਤਾਉਣ ਦੀ ਦੀ ਅਪੀਲ ਕੀਤੀ।ਉਨ੍ਹਾਂ ਸੂਬਾ ਸਰਕਾਰ ਦੀ ਕਾਰਗੁਜ਼ਾਰੀ ਨੂੰ ਹਰ ਫਰੰਟ ਤੇ ਫੇਲ੍ਹ ਕਰਾਰ ਦਿੰਦਿਆਂ ਕਿਹਾ ਕਿ ਮਾੜੇ ਰਾਜ ਪ੍ਰਬੰਧ ਤੋਂ ਅੱਕੇ ਸੂਬੇ ਦੇ ਲੋਕ ਇਨ੍ਹਾਂ ਚੋਣਾਂ 'ਚ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਨੂੰ ਹਰਾ ਕੇ ਆਪਣੇ ਗੁੱਸੇ ਦਾ ਪ੍ਰਗਟਾਵਾ ਕਰਨਗੇ।ਉਨ੍ਹਾਂ ਕਿਹਾ ਕਿ ਇਹ ਚੋਣ ਕਾਂਗਰਸ ਦੀ ਜਿੱਤ ਵੱਲੋਂ ਵਿਧਾਨ ਸਭਾ ਚੋਣਾਂ 2027 ਵਿੱਚ ਕਾਂਗਰਸ ਦੀ ਅਗਵਾਈ ਹੇਠ ਸੂਬੇ ਅੰਦਰ ਸਰਕਾਰ ਬਣਾਉਣ ਦਾ ਮੁੱਢ ਬੰਨ੍ਹਿਆ ਜਾਵੇਗਾ।ਇਸ ਮੌਕੇ ਜ਼ਿਲ੍ਹਾ ਐਸ ਸੀ ਡਿਪਾਰਟਮੈਂਟ ਚੇਅਰਮੈਨ ਜਸਮੇਲ ਸਿੰਘ ਡੇਅਰੀ ਵਾਲਾ, ਸੀਨੀਅਰ ਆਗੂ ਗੁਰਮੇਲ ਸਿੰਘ ਮੌੜ, ਬਲਦੇਵ ਸਿੰਘ ਧੌਲਾ, ਬਲਾਕ ਪ੍ਰਧਾਨ ਪਰਮਿੰਦਰ ਸਿੰਘ ਸ਼ੰਮੀ ਠੁੱਲੀਵਾਲ, ਐਡਵੋਕੇਟ ਜਸਵੀਰ ਸਿੰਘ ਖੇੜੀ, ਬੈਨੀ ਖੈਰਾ, ਕਾਲਜੀਤ ਸਿੰਘ ਚੱਕ, ਡਾ. ਬਲਵੰਤ ਰਾਏ ਹਮੀਦੀ, ਡਾ: ਅਮਰਜੀਤ ਸਿੰਘ, ਜਰਨੈਲ ਸਿੰਘ ਠੁੱਲੀਵਾਲ, ਮਨਦੀਪ ਸਿੰਘ ਹੈਪੀ, ਮੁੱਖ ਰਾਮ ਛਾਪਾ, ਸਿਮਰਜੀਤ ਸਿੰਘ ਜੋਹਲ ਨੇ ਸੂਬਾ ਸਰਕਾਰ ਦੀ ਤਿੱਖੀ ਅਲੋਚਨਾ ਕਰਦਿਆ ਕਿਹਾ ਕਿ ਆਪ ਸਰਕਾਰ ਨੇ ਸਿਰਫ ਲਾਰੇ ਲਾਉਣ ਤੋਂ ਸਿਵਾਏ ਹੋਰ ਕੁਝ ਵੀ ਨਹੀ ਕੀਤਾ।ਜਿਸ ਦੇ ਲੋਕ ਹੁਣ ਸਾਰਾ ਕੁਝ ਸਮਝ ਚੁੱਕੇ ਹਨ।ਆਗੂਆਂ ਨੇ ਸਮੂਹ ਵੋਟਰਾਂ ਨੂੰ ਅਪੀਲ ਕੀਤੀ 14 ਦਸੰਬਰ ਨੂੰ ਕਾਂਗਰਸ ਪਾਰਟੀ ਉਮੀਦਵਾਰਾਂ ਨੂੰ ਭਾਰੀ ਬਹੁਮਤ ਨਾਲ ਜਿਤਾਇਆ ਜਾਵੇ।

## ਲੋਕ 'ਆਪ' ਨੂੰ ਦੇਣਗੇ ਫ਼ਤਵਾ : ਆਗੂ



ਬੱਧਨੀ ਕਲਾਂ (ਲਵਲੀ ਮਾਛੀਕੇ)-ਆਮ ਆਦਮੀ ਪਾਰਟੀ ਦੀ ਸਰਕਾਰ ਪੰਜਾਬ ਨੂੰ ਹਰ ਖੇਤਰ ਵਿੱਚ ਬਲੁੰਦੀਆਂ 'ਤੇ ਪਹੁਚਾਉਣ ਤੇ ਰੰਗਲਾ ਪੰਜਾਬ ਬਣਾਉਣ 'ਚ ਬਹੁਤ ਯਤਨ ਕਰ ਰਹੀ ਹੈ। ਇਸ ਕਰਕੇ ਲੋਕ ਇਸ ਵਾਰ ਬਲਾਕ ਸੰਮਤੀ ਤੇ ਜ਼ਿਲ੍ਹਾ ਪ੍ਰੀਸ਼ਦ ਦੀਆਂ ਚੋਣਾਂ ਵਿੱਚ ਆਮ ਆਦਮੀ ਪਾਰਟੀ ਨੂੰ ਫ਼ਤਵਾ ਦੇਣਗੇ। ਇਹ ਵਿਚਾਰ ਆਮ ਆਦਮੀ ਪਾਰਟੀ ਦੇ ਸੋਸ਼ਲ ਮੀਡੀਆ ਹਲਕਾ ਇੰਚਾਰਜ ਡਾਕਟਰ ਜਗਦੇਵ ਸਿੰਘ ਬੱਬੂ ਮਾਛੀਕੇ ਤੇ ਸਰਪੰਚ ਜਗਮੋਹਨ ਸਿੰਘ ਨੇ ਕਿਹਾ ਲੋਕ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਚੱਲ ਰਹੀ ਸਰਕਾਰ ਤੋਂ ਬਹੁਤ ਖੁਸ਼ ਹਨ ਤੇ ਹੁਣ ਬਲਾਕ ਸੰਮਤੀ ਤੇ ਜ਼ਿਲ੍ਹਾ ਪ੍ਰੀਸ਼ਦ ਵਿੱਚ ਲੋਕ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਨੂੰ ਵੱਡੀ ਲੀਡ ਨਾਲ ਜਿਤਾਉਣਗੇ ਤੇ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਕੀਤੇ ਵਿਕਾਸ ਦੇ ਕੰਮਾਂ 'ਤੇ ਮੋਹਰ ਲਾਉਣਗੇ।

## ਭਾਜਪਾਈ ਉਮੀਦਵਾਰ ਦੇ ਹੱਕ 'ਚ ਚੋਣ ਪ੍ਰਚਾਰ



ਬਠਿੰਡਾ (ਰਾਜੀਵ ਗੋਇਲ)-ਸੀਨੀਅਰ ਭਾਜਪਾ ਆਗੂ ਤੇ ਸਰਕਲ ਭਗਤਾ ਦੇ ਪ੍ਰਧਾਨ ਬਲਜੇਸ਼ ਕੁਮਾਰ ਬੇਬੀ ਸਿੰਗਲਾ ਦੀ ਅਗਵਾਈ ਹੇਠ ਭਾਜਪਾਈਆਂ ਵੱਲੋਂ ਆਪਣੇ ਉਮੀਦਵਾਰ ਦੇ ਹੱਕ ਵਿੱਚ ਚੋਣ ਪ੍ਰਚਾਰ ਕੀਤਾ ਤੇ ਕੁੱਝ ਪਰਵਾਰਾਂ ਨੂੰ ਪਾਰਟੀ 'ਚ ਸ਼ਾਮਲ ਕੀਤਾ ਗਿਆ। ਉਮੀਦਵਾਰ ਜਸਵਿੰਦਰ ਕੌਰ ਨੂੰ ਜਿਤਾਉਣ ਲਈ ਭਾਜਪਾਈਆਂ ਵੱਲੋਂ ਵੀ ਦੂਜੀਆਂ ਪਾਰਟੀਆਂ ਵਾਂਗ ਅੱਡੀ ਚੋਟੀ ਦਾ ਜੋਰ ਲਾਇਆ ਹੋਇਆ ਹੈ। ਸਿੰਗਲਾ ਨੇ ਕਿਹਾ ਕਿ ਉਹ ਕੇਂਦਰੀ ਸਕੀਮਾਂ ਸੰਬੰਧੀ ਲੋਕਾਂ ਨੂੰ ਜਾਗਰੂਕ ਕਰ ਰਹੇ ਹਨ ਅਤੇ ਆਮ ਲੋਕਾਂ ਤੋਂ ਵੋਟ ਦੀ ਮੰਗ ਕਰ ਰਹੇ ਹਨ। ਉਨ੍ਹਾਂ ਇਹ ਵੀ ਕਿਹਾ ਕਿ ਭਾਜਪਾ ਵੱਲੋਂ ਸਾਰੇ ਹੀ ਵਰਗਾਂ ਨੂੰ ਨਾਲ ਲੈ ਕੇ ਚੱਲਿਆ ਜਾਂਦਾ ਰਿਹਾ ਹੈ ਤੇ ਹੁਣ ਲੋਕ ਭਾਜਪਾ ਦੇ ਹੱਕ ਵਿੱਚ ਆਪਣੀਆਂ ਵੋਟਾਂ ਦਾ ਭੁਗਤਾਨ ਕਰਨਗੇ।

## 24 ਨੌਜਵਾਨਾਂ ਨੂੰ ਡੀ ਸੀ ਨੇ ਡੇਅਰੀ ਫਾਰਮਿੰਗ ਸਰਟੀਫਿਕੇਟ ਸੌਂਪੇ




ਜਗਰਾਉਂ (ਸੰਜੀਵ ਅਰੋੜਾ)-ਪੰਜਾਬ ਸਰਕਾਰ ਵੱਲੋਂ ਸੰਪੂਰਨ ਪੁਨਰਵਾਸ ਲਈ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ ਹਿੱਸੇ ਵਜੋਂ ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨੇ ਜਗਰਾਉਂ ਦੇ ਮੁੜ ਵਸੇਬਾ ਕੇਂਦਰ ਵਿਖੇ ਡੇਅਰੀ ਫਾਰਮਿੰਗ ਤੇ ਸਹਾਇਕ ਗਤੀਵਿਧੀਆਂ ਵਿੱਚ ਹੁਨਰ ਵਿਕਾਸ ਪ੍ਰੋਗਰਾਮ ਨੂੰ ਸਫਲਤਾਪੂਰਵਕ ਪੂਰਾ ਕਰਨ ਵਾਲੇ 24 ਨੌਜਵਾਨਾਂ ਨੂੰ ਸਰਟੀਫਿਕੇਟ ਪ੍ਰਦਾਨ ਕੀਤੇ। ਨਸ਼ਾ ਛੁਡਾਓ ਕੇਂਦਰ ਵਿਖੇ ਇਲਾਜ ਅਧੀਨ ਨੌਜਵਾਨਾਂ ਨੇ ਜ਼ਿਲ੍ਹਾ ਪ੍ਰਸ਼ਾਸਨ ਦੁਆਰਾ ਡੇਅਰੀ ਵਿਕਾਸ ਵਿਭਾਗ, ਸਿਹਤ ਵਿਭਾਗ ਦੇ ਸਹਿਯੋਗ ਨਾਲ ਫਾਊਂਡੇਸ਼ਨ ਦੀ ਭਾਈਵਾਲੀ ਨਾਲ ਸਿਖਲਾਈ ਪ੍ਰਾਪਤ ਕੀਤੀ। ਇਸ ਪ੍ਰੋਗਰਾਮ ਰਾਹੀਂ ਨੌਜਵਾਨਾਂ ਨੇ ਆਧੁਨਿਕ ਡੇਅਰੀ ਫਾਰਮਿੰਗ, ਦੁੱਧ ਪ੍ਰੋਸੈਸਿੰਗ, ਪਸ਼ੂ ਪਾਲਣ ਤੇ ਉੱਦਮਤਾ ਵਿੱਚ ਮੁਹਾਰਤ ਹਾਸਲ ਕੀਤੀ। ਇਹ ਸਾਧਨ ਸਨਮਾਨਜਨਕ ਸਵੈ-ਰੁਜ਼ਗਾਰ ਦੇ ਦਰਵਾਜ਼ੇ ਖੋਲ੍ਹਣ ਲਈ ਤਿਆਰ ਕੀਤੇ ਗਏ ਹਨ। ਇਕੱਠ ਨੂੰ ਸੰਬੋਧਨ ਕਰਦਿਆਂ ਡੀ. ਸੀ. ਹਿਮਾਂਸ਼ੂ ਜੈਨ ਨੇ ਕਿਹਾ ਕਿ ਸਾਡਾ ਟੀਚਾ ਇਹ ਯਕੀਨੀ ਬਣਾਉਣਾ ਹੈ ਕਿ ਕੋਈ ਵੀ ਤੰਦਰੁਸਤ ਵਿਅਕਤੀ ਬੇਰੁਜ਼ਗਾਰੀ ਜਾਂ ਉਦੇਸ਼ ਦੀ ਘਾਟ ਕਾਰਨ ਦੁਬਾਰਾ ਨਸ਼ੇ ਦੀ ਦਲਦਲ ਵਿੱਚ ਨਾ ਫਸੇ। ਪੰਜਾਬ ਸਰਕਾਰ ਦੇ ਨਿਰਦੇਸ਼ਾਂ 'ਤੇ ਅਸੀਂ ਮੁੱਖ ਧਾਰਾ ਵਿੱਚ ਆਏ ਹਰ ਨੌਜਵਾਨ ਨੂੰ ਟਿਕਾਊ ਰੋਜ਼ੀ-ਰੋਟੀ ਦੇ ਵਿਕਲਪ ਤੇ ਸਨਮਾਨ ਦੀ ਭਾਵਨਾ ਪ੍ਰਦਾਨ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹਾਂ।ਉਨ੍ਹਾਂ ਕਿਹਾ ਕਿ ਆਉਣ ਵਾਲੇ ਮਹੀਨਿਆਂ ਵਿੱਚ ਮੁੜ ਵਸੇਬਾ ਪ੍ਰਣਾਲੀ ਨੂੰ ਮਜ਼ਬੂਤ ਕਰਨ ਲਈ ਕਈ ਹੋਰ ਕਿੱਤਾਮੁਖੀ ਸਿਖਲਾਈ ਪ੍ਰੋਗਰਾਮ ਵੀ ਸ਼ੁਰੂ ਕੀਤੇ ਜਾਣਗੇ। ਇਸ ਸਰਟੀਫਿਕੇਟ ਵੰਡ ਸਮਾਰੋਹ ਵਿੱਚ ਐੱਸ.ਡੀ.ਐੱਮ. ਉਪਿੰਦਰਜੀਤ ਕੌਰ, ਸਿਵਲ ਸਰਜਨ ਡਾ. ਰਮਨਦੀਪ ਕੌਰ, ਐੱਸ.ਐੱਮ.ਓ. ਡਾ. ਗੁਰਬਿੰਦਰ ਕੌਰ, ਲੀਡ ਜ਼ਿਲ੍ਹਾ ਮੈਨੇਜਰ ਗੁਰਦੇਵ ਸਿੰਘ ਕੰਗ, ਰੁਜ਼ਗਾਰ ਉਤਪਤੀ ਹੁਨਰ ਵਿਕਾਸ ਤੇ ਸਿਖਲਾਈ ਅਫਸਰ ਜੀਵਨਦੀਪ ਸਿੰਘ ਤੇ ਡੇਅਰੀ ਵਿਕਾਸ ਅਫਸਰ ਡਾ. ਵਰੁਣ ਸਹਿਗਲ ਆਦਿ ਹਾਜ਼ਰ ਸਨ।

## ਐਡਵੋਕੇਟ ਇਕਬਾਲ ਸਿੰਘ ਅੰਬੈਸਡਰ ਆਫ ਪੀਸ ਐਵਾਰਡ ਨਾਲ ਸਨਮਾਨਤ



ਦੋਰਾਹਾ (ਹਰਮਿੰਦਰ ਸੇਠ)-ਅੰਤਰਰਾਸ਼ਟਰੀ ਮਨੁੱਖੀ ਅਧਿਕਾਰ ਦਿਵਸ ਮੌਕੇ ਲੁਧਿਆਣਾ ਵਿਖੇ ਕਰਵਾਏ ਇੱਕ ਖਾਸ ਸਮਾਰੋਹ 'ਚ ਪੰਜਾਬ ਤੇ ਹਰਿਆਣਾ ਹਾਈ ਕੋਰਟ ਦੇ ਸੀਨੀਅਰ ਐਡਵੋਕੇਟ ਸ੍ਰ. ਇਕਬਾਲ ਸਿੰਘ ਨੂੰ ਇੰਟਰਨੈਸ਼ਨਲ ਹਿਊਮਨ ਰਾਈਟਸ ਕਮਿਸ਼ਨ ਵੱਲੋਂ ਅੰਬੈਸਡਰ ਆਫ ਪੀਸ ਐਵਾਰਡ ਨਾਲ ਨਿਵਾਜਿਆ ਗਿਆ।ਇਹ ਐਵਾਰਡ ਮਨੁੱਖੀ ਅਧਿਕਾਰਾਂ ਦੀ ਰੱਖਿਆ, ਸਮਾਜ ਦੇ ਪੀੜਤ ਤੇ ਵਾਂਝੇ ਵਰਗਾਂ ਦੀ ਸੁਰੱਖਿਆ ਅਤੇ ਨਿਆਂ ਤੇ ਸਮਾਨਤਾ ਲਈ ਉਨ੍ਹਾਂ ਦੇ ਨਿਸ਼ਕਾਮ ਯੋਗਦਾਨ ਦੀ ਪ੍ਰਸ਼ੰਸਾ ਵਜੋਂ ਪ੍ਰਦਾਨ ਕੀਤਾ ਗਿਆ ਹੈ।ਇਸ ਸਨਮਾਨ ਨਾਲ ਐਡਵੋਕੇਟ ਇਕਬਾਲ ਸਿੰਘ ਦੀ ਮਨੁੱਖੀ ਅਧਿਕਾਰਾਂ ਪ੍ਰਤੀ ਸਮਰਪਣ ਭਾਵਨਾ ਨੂੰ ਨਵੀਂ ਮਜ਼ਬੂਤੀ ਮਿਲੀ ਹੈ।ਇਸ ਸਮਾਰੋਹ ਨੂੰ ਅਮਨਦੀਪ ਮਿੱਤਲ (ਡਾਇਰੈਕਟਰ ਨੌਰਥ ਇੰਡੀਆ), ਹਰਵਿੰਦਰ ਸਿੰਘ (ਨੈਸ਼ਨਲ ਸੈਕਟਰੀ ਆਈ ਐੱਚ ਆਰ ਸੀ), ਮਨਪ੍ਰੀਤ ਸਿੰਘ ਛੱਤਵਾਲ (ਆਈ ਏ ਐੱਸ ਰਿਟਾਇਰਡ), ਵਿਪਿਨ ਸੱਗਰ (ਪ੍ਰਧਾਨ ਡੀ.ਬੀ.ਏ. ਲੁਧਿਆਣਾ) ਸਮੇਤ ਕਈ ਪ੍ਰਮੁੱਖ ਹਸਤੀਆਂ ਨੇ ਆਪਣੀ ਹਾਜ਼ਰੀ ਨਾਲ ਸਸ਼ੋਭਿਤ ਕੀਤਾ।ਐਡਵੋਕੇਟ ਇਕਬਾਲ ਸਿੰਘ ਨੇ ਇਸ ਸਨਮਾਨ ਲਈ ਧੰਨਵਾਦ ਪ੍ਰਗਟ ਕਰਦੇ ਹੋਏ ਕਿਹਾ ਕਿ ਇਹ ਐਵਾਰਡ ਉਨ੍ਹਾਂ ਨੂੰ ਮਨੁੱਖੀ ਅਧਿਕਾਰਾਂ ਦੀ ਰੱਖਿਆ, ਨਿਆਂ ਦੀ ਪਹੁੰਚ ਨੂੰ ਮਜ਼ਬੂਤ ਕਰਨ ਤੇ ਸਮਾਜ ਦੇ ਕਮਜ਼ੋਰ ਵਰਗਾਂ ਦੀ ਭਲਾਈ ਲਈ ਹੋਰ ਤਤਪਰਤਾ ਨਾਲ ਕੰਮ ਕਰਨ ਦੀ ਪ੍ਰੇਰਣਾ ਦੇਵੇਗਾ।ਇਹ ਸਨਮਾਨ ਲੁਧਿਆਣਾ ਤੇ ਪੰਜਾਬ ਲਈ ਮਾਨ ਦੀ ਗੱਲ ਹੈ ਅਤੇ ਸਮਾਜ ਸੇਵਾ ਵਿੱਚ ਇੱਕ ਹੋਰ ਮਹੱਤਵਪੂਰਨ ਯੋਗਦਾਨ ਵਜੋਂ ਦੇਖਿਆ ਜਾ ਰਿਹਾ ਹੈ।

## ਯੂਨੀਅਨ ਬੈਂਕ ਆਫ਼ ਇੰਡੀਆ ਦੀ ਨਵੀਂ ਸ਼ਾਖਾ ਦਾ ਉਦਘਾਟਨ



ਫਿਰੋਜ਼ਪੁਰ (ਗੁਰਬਚਨ ਸਿੰਘ, ਅਸ਼ੋਕ ਸ਼ਰਮਾ)-ਯੂਨੀਅਨ ਬੈਂਕ ਆਫ਼ ਇੰਡੀਆ ਨੇ ਫਿਰੋਜ਼ਪੁਰ ਦੀ ਮਾਲ ਰੋਡ 'ਤੇ ਆਪਣੀ ਨਵੀਂ ਬਣੀ ਤੇ ਆਧੁਨਿਕ ਬ੍ਰਾਂਚ ਦਾ ਉਦਘਾਟਨ ਕਰਕੇ ਸ਼ਹਿਰ ਦੇ ਵਿੱਤੀ ਦ੍ਰਿਸ਼ ਵਿੱਚ ਇੱਕ ਹੋਰ ਮਹੱਤਵਪੂਰਨ ਕਦਮ ਪੁੱਟਿਆ ਹੈ।ਇਸ ਸ਼ਾਖਾ ਦੇ ਉਦਘਾਟਨ ਸਮਾਰੋਹ ਵਿੱਚ ਬੈਂਕ ਦੇ ਉੱਚ ਅਧਿਕਾਰੀ ਤੇ ਸ਼ਹਿਰ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਮੌਜੂਦ ਸਨ।ਇਸ ਮੌਕੇ ਮੁੱਖ ਮਹਿਮਾਨ ਵਜੋਂ ਮਨੋਜ ਕੁਮਾਰ (ਜਨਰਲ ਮੈਨੇਜਰ, ਐੱਫ.ਜੀ.ਐੱਮ.ਓ. ਚੰਡੀਗੜ੍ਹ) ਤੇ ਰੇਵਾਤਰੀਮੈਨ ਵਿਕਾਸ ਸਿਨਹਾ (ਰੀਜਨਲ ਹੈੱਡ, ਲੁਧਿਆਣਾ) ਨੇ ਸ਼ਿਰਕਤ ਕੀਤੀ।ਉਨ੍ਹਾਂ ਨਾਲ ਸਹਾਇਕ ਜਨਰਲ ਮੈਨੇਜਰ ਜਸਪਾਲ ਸਿੰਘ ਵੀ ਮੌਜੂਦ ਸਨ।ਫਿਰੋਜ਼ਪੁਰ ਪਹੁੰਚਣ 'ਤੇ ਬ੍ਰਾਂਚ ਮੈਨੇਜਰ ਪ੍ਰਦੀਪ ਕੁਮਾਰ, ਅਕਸ਼ੈ ਮਨਿਕ ਤੇ ਸਮੁੱਚੇ ਸਟਾਫ਼ ਨੇ ਉੱਚ ਅਧਿਕਾਰੀਆਂ ਦਾ ਨਿੱਘਾ ਸਵਾਗਤ ਕੀਤਾ।ਇਸ ਮੌਕੇ ਸੰਬੋਧਨ ਕਰਦਿਆਂ ਜਨਰਲ ਮੈਨੇਜਰ ਮਨੋਜ ਕੁਮਾਰ ਤੇ ਰੀਜਨਲ ਹੈੱਡ ਰੇਵਾਤਰੀਮੈਨ ਵਿਕਾਸ ਸਿਨਹਾ ਨੇ ਯੂਬੀਆਈ ਦੀ ਫਿਰੋਜ਼ਪੁਰ ਨਾਲ ਲੰਬੇ ਸਮੇਂ ਤੋਂ ਚੱਲ ਰਹੀ ਸਾਂਝ ਨੂੰ ਉਜਾਗਰ ਕੀਤਾ।ਉਨ੍ਹਾਂ ਦੱਸਿਆ ਕਿ ਯੂਨੀਅਨ ਬੈਂਕ ਆਫ਼ ਇੰਡੀਆ ਪਿਛਲੇ 55 ਸਾਲਾਂ ਤੋਂ ਇਸ ਖੇਤਰ ਦੇ ਗਾਹਕਾਂ ਨੂੰ ਪਰਿਵਾਰਕ ਮੈਂਬਰਾਂ ਵਾਂਗ ਸੇਵਾਵਾਂ ਪ੍ਰਦਾਨ ਕਰ ਰਿਹਾ ਹੈ ਤੇ ਹਮੇਸ਼ਾ ਉਨ੍ਹਾਂ ਦੇ ਮੋਢੇ ਨਾਲ ਮੋਢਾ ਲਗਾ ਕੇ ਖੜ੍ਹਾ ਹੈ।ਬੈਂਕ ਅਧਿਕਾਰੀਆਂ ਨੇ ਨਵੇਂ ਬ੍ਰਾਂਚ ਮੈਨੇਜਰ ਪ੍ਰਦੀਪ ਕੁਮਾਰ ਤੋਂ ਉਮੀਦ ਜ਼ਾਹਰ ਕੀਤੀ ਕਿ ਉਹ ਆਪਣੀ ਊਰਜਾ ਤੇ ਲਗਨ ਨਾਲ ਬੈਂਕ ਦੇ ਕਾਰੋਬਾਰ ਨੂੰ ਹੋਰ ਵੀ ਵਧਾਉਣਗੇ ਤੇ ਗਾਹਕ ਸੇਵਾ ਦੇ ਮਿਆਰ ਨੂੰ ਬਰਕਰਾਰ ਰੱਖਣਗੇ।ਇਸ ਖਾਸ ਮੌਕੇ ਕਈ ਪਤਵੰਤੇ ਵਿਅਕਤੀ ਮੌਜੂਦ ਸਨ, ਜਿਨ੍ਹਾਂ ਵਿੱਚ ਐੱਸ ਪੀ ਅਨੰਦ (ਸਾਬਕਾ ਪ੍ਰਿੰਸੀਪਲ ਆਰ ਐੱਸ ਡੀ ਕਾਲਜ), ਵਕੀਲ ਅਜੈ ਬੱਤਾ, ਦੇਵੇਸ਼ ਕੱਕੜ, ਸਤਿਨਾਮ ਸਿੰਘ ਥਿੰਦ, ਸਮਾਜ ਸੇਵੀ ਅਨੁਜ ਕੱਕੜ ਤੇ ਇੰਦਰਜੀਤ ਸਿੰਘ (ਪਿੰਡ ਮਦਰੇ) ਸ਼ਾਮਲ ਸਨ।

# ਪਿੰਡ ਲੋਹਾਰਾ ਦੇ ਖੇਤਾਂ 'ਚੋਂ ਮਿਲੀ ਔਰਤ ਦੀ ਲਾਸ਼



ਮੋਗਾ (ਇਕਬਾਲ ਸਿੰਘ ਖਹਿਰਾ)

ਪਿੰਡ ਲੋਹਾਰਾ ਦੇ ਅੰਮ੍ਰਿਤਸਰ ਰੋਡ 'ਤੇ ਭੱਠੇ ਦੇ ਨੇੜੇ ਇੱਕ ਮਹਿਲਾ ਦੀ ਖੇਤ ਵਿਚ ਨਗਨ ਅਵਸਥਾ ਵਿੱਚ ਲਾਸ਼ ਮਿਲਣ ਨਾਲ ਇਲਾਕੇ ਵਿੱਚ ਸਹਿਮ ਦਾ ਮਾਹੌਲ ਬਣਿਆ ਹੋਇਆ ਹੈ।ਮ੍ਰਿਤਕ ਮਹਿਲਾ ਮਿਹਨਤ ਮਜ਼ਦੂਰੀ ਕਰਦੀ ਸੀ।

ਮ੍ਰਿਤਕ ਦੇ ਪਤੀ ਆਰੀਫ ਨੇ ਦੱਸਿਆ ਕਿ ਮੈਂ ਯੂ.ਪੀ ਦਾ ਰਹਿਣ ਵਾਲਾ ਹਾਂ ਤੇ ਚਾਰ ਮਹੀਨੇ ਪਹਿਲਾਂ ਪਿੰਡ ਲੁਹਾਰਾ ਦੇ ਐਸ ਆਰ ਭੱਠੇ ਤੇ ਮਿਹਨਤ ਮਜ਼ਦੂਰੀ ਕਰ ਰਿਹਾ ਸੀ।ਅੱਠ ਦਸੰਬਰ ਨੂੰ ਮੇਰੀ ਪਤਨੀ ਗੁਲਸ਼ਨ (ਲਾਲੀ) ਰਾਤ ਸਮੇਂ ਘਰ ਵਿੱਚ ਰੋਟੀ ਬਣਾ ਰਹੇ ਸੀ ਮੈਂ ਕਿਧਰੇ ਬਾਹਰ ਗਿਆ ਸੀ, ਜਦੋਂ ਆ ਕੇ ਵੇਖਿਆ ਤਾਂ ਉਹ ਘਰੋਂ ਲਾਪਤਾ ਸੀ ਅਸੀਂ ਆਲੇ ਦੁਆਲੇ ਲੱਭਣ ਦੀ ਕੋਸ਼ਿਸ਼ ਕੀਤੀ ਪਰ ਉਹ ਨਹੀਂ ਮਿਲੀ, ਜਿਸ 'ਤੇ ਅਸੀਂ ਨੌਂ ਦਸੰਬਰ ਨੂੰ ਸਵੇਰੇ ਥਾਣਾ ਕੋਟ ਈਸੇ ਖਾਂ ਵਿਖੇ ਇਤਲਾਹ ਮੈਂ ਵੀ ਉਸ ਦੀ ਤਸਵੀਰ ਲੈ ਕੇ ਜਗ੍ਹਾ-ਜਗ੍ਹਾ ਲੱਭਦਾ ਰਿਹਾ, ਪਰ ਉਸ ਦਾ ਕੋਈ ਪਤਾ ਨਹੀਂ ਲੱਗਾ। ਆਰਿਫ ਨੇ ਦੱਸਿਆ ਕਿ ਹੁਣ ਉਸ ਦਾ ਵਿਆਹ 2018 ਵਿੱਚ ਹੋਇਆ ਸੀ ਤੇ ਉਸਦੇ ਦੋ ਬੱਚੇ ਹਨ। ਅੱਜ ਉਸ ਨੂੰ ਫੋਨ 'ਤੇ ਇਤਲਾਹ ਦਿੱਤੀ ਗਈ ਕਿ ਉਸ ਦੀ ਪਤਨੀ ਦੀ ਲਾਸ਼ ਖੇਤਾਂ ਵਿੱਚ ਪਈ ਹੈ।ਮੈਂ 'ਤੇ ਪਹੁੰਚਿਆ ਤਾਂ ਪਤਨੀ ਨਗਨ ਅਵਸਥਾ ਵਿੱਚ ਪਈ ਸੀ।ਸਾਨੂੰ ਇਨਸਾਫ ਚਾਹੀਦਾ ਹੈ।ਮੌਕੇ 'ਤੇ ਪੁੱਜੇ ਮਹਿਲਾ ਦੇ ਪਿਤਾ ਅਲੀ ਮੁਹੰਮਦ ਨੇ ਕਿਹਾ ਕਿ ਉਹ ਯੂ.ਪੀ ਦੇ ਰਹਿਣ ਵਾਲੇ ਹਨ ਤੇ ਮਿਹਨਤ ਮਜ਼ਦੂਰੀ ਕਰਨ ਲਈ ਆਪਣੀ ਧੀ ਤੇ ਜਵਾਈ ਭੱਠੇ 'ਤੇ ਕੰਮ ਕਰ ਰਹੇ ਸਨ। ਸਾਨੂੰ ਸਾਡੇ ਜਵਾਈ ਆਰਫ ਨੇ ਦੱਸਿਆ ਕਿ ਉਨ੍ਹਾਂ ਦੀ ਧੀ ਲਾਪਤਾ ਹੈ ਜਦੋਂ ਅਸੀਂ ਪੁੱਜੇ ਤਾਂ ਅੱਜ ਇਹ ਦੁਖਦਾਈ ਸੂਚਨਾ ਸਾਨੂੰ ਮਿਲੀ ਅਸੀਂ ਪ੍ਰਸ਼ਾਸਨ ਤੋਂ ਇਹ ਮੰਗ ਕਰਦੇ ਹਾਂ ਕਿ ਦੋਸ਼ੀਆਂ ਨੂੰ ਕਾਬੂ ਕਰਕੇ ਸਖਤ ਸਜ਼ਾਵਾਂ ਦਿੱਤੀਆਂ ਜਾਣ।ਪੁਲਸ ਨੇ ਲਾਸ਼ ਨੂੰ ਆਪਣੇ ਕਬਜ਼ੇ ਵਿੱਚ ਲੈ ਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

## 'ਆਪ' ਉਮੀਦਵਾਰਾਂ ਨੂੰ ਮਿਲ ਰਿਹਾ ਹੈ ਭਾਰੀ ਸਮਰਥਨ : ਡਾ. ਅਰੋੜਾ



ਮੋਗਾ (ਇਕਬਾਲ ਸਿੰਘ ਖਹਿਰਾ)-ਪੰਜਾਬ ਵਿੱਚ 14 ਦਸੰਬਰ ਨੂੰ ਹੋਣ ਵਾਲੀਆਂ ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਕਮੇਟੀ ਚੋਣਾਂ ਵਿੱਚ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਨੂੰ ਭਾਰੀ ਸਮਰਥਨ ਮਿਲ ਰਿਹਾ ਹੈ।ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਨੇ ਇਹ ਵਿਚਾਰ ਬਲਾਕ ਸੰਮਤੀ ਪਿੰਡ ਝੰਡੇਆਣਾ ਗਰਬੀ ਤੋਂ ਉਮੀਦਵਾਰ ਸਰਦੂਲ ਸਿੰਘ ਤੇ ਜ਼ਿਲ੍ਹਾ ਪ੍ਰੀਸ਼ਦ ਉਮੀਦਵਾਰ ਗੁਰਪ੍ਰੀਤ ਸਿੰਘ ਮੰਗੇਵਾਲਾ, ਬਲਾਕ ਸੰਮਤੀ ਡਰੋਲੀ ਭਾਈ ਤੋਂ ਉਮੀਦਵਾਰ ਮਨਪ੍ਰੀਤ ਸਿੰਘ ਸੰਘਾ ਤੇ ਜ਼ਿਲ੍ਹਾ ਪ੍ਰੀਸ਼ਦ ਉਮੀਦਵਾਰ ਮਨਪ੍ਰੀਤ ਕੌਰ ਮਹੇਸ਼ਰੀ ਦੇ ਸਮਰਥਨ ਵਿੱਚ ਇੱਕ ਇਕੱਠ ਨੂੰ ਸੰਬੋਧਨ ਕਰਦਿਆਂ ਪ੍ਰਗਟ ਕੀਤੇ। ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਨੇ ਇਲਾਕਾ ਨਿਵਾਸੀਆਂ ਦਾ ਉਨ੍ਹਾਂ ਦੇ ਭਾਰੀ ਸਮਰਥਨ ਤੇ ਸਤਿਕਾਰ ਲਈ ਧੰਨਵਾਦ ਕੀਤਾ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੇ ਕੰਮ ਤੋਂ ਪ੍ਰਭਾਵਤ ਹੋ ਕੇ ਔਰਤਾਂ ਵੱਖ-ਵੱਖ ਪਾਰਟੀਆਂ ਛੱਡ ਕੇ ਪਾਰਟੀ ਵਿੱਚ ਸ਼ਾਮਲ ਹੋਈਆਂ।ਉਨ੍ਹਾਂ ਜਨਤਾ ਨੂੰ ਪਾਰਟੀ ਦੇ ਸੱਚੇ, ਇਮਾਨਦਾਰ ਤੇ ਵਿਕਾਸ ਮੁਖੀ ਪਹੁੰਚ ਬਾਰੇ ਜਾਣਕਾਰੀ ਦਿੱਤੀ।ਉਨ੍ਹਾਂ ਜਨਤਾ ਨੂੰ ਅਪੀਲ ਕੀਤੀ ਕਿ ਉਹ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਨੂੰ ਮਜ਼ਬੂਤ ਕਰਨ ਲਈ ਆਪਣੀਆਂ ਕੀਮਤੀ ਵੋਟਾਂ ਪਾਉਣ।ਇਸ ਮੌਕੇ ਪਿੰਡ ਵਾਸੀਆਂ ਨੇ ਹਲਕਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਤ ਕੀਤਾ।

## ਮਾਤਾ ਮਾਇਆ ਦੇਵੀ ਨਮਿਤ ਭੋਗ ਤੇ ਰਸਮ ਪਗੜੀ ਭਲਕੇ



ਲੁਧਿਆਣਾ (ਪੱਤਰ ਪ੍ਰੇਰਕ)-ਕਾਮਰੇਡ ਡੀ.ਪੀ.ਮੌੜ, ਜ਼ਿਲ੍ਹਾ ਸਕੱਤਰ, ਭਾਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਲੁਧਿਆਣਾ ਦੇ ਮਾਤਾ ਸ੍ਰੀਮਤੀ ਮਾਇਆ ਦੇਵੀ ਦੀ ਯਾਦ ਵਿੱਚ ਭੋਗ ਤੇ ਰਸਮ ਪਗੜੀ 14 ਦਸੰਬਰ ਨੂੰ ਇੱਕ ਵਜੇ ਤੋਂ ਦੋ ਵਜੇ ਤੱਕ ਹੋਵੇਗੀ।

## ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਦੀ ਮੀਟਿੰਗ

### 5 ਜਨਵਰੀ ਨੂੰ ਡੀ ਸੀ ਦਫਤਰ ਅੱਗੇ ਧਰਨੇ ਦਾ ਐਲਾਨ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)-ਬੀਤੇ ਦਿਨੀਂ ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਦੀ ਮੀਟਿੰਗ ਮੁਕਤੀ ਦੇ ਮਨਾਰ ਪਾਰਕ ਵਿੱਚ ਕੀਤੀ ਗਈ। ਇਸ ਸਮੇਂ ਮਜ਼ਦੂਰ ਮੰਗਾਂ 'ਤੇ ਵਿਸਥਾਰ ਨਾਲ ਚਰਚਾ ਕੀਤੀ ਗਈ ਅਤੇ ਮੰਗਾਂ ਦੀ ਪ੍ਰਾਪਤੀ ਲਈ ਸੰਘਰਸ਼ ਤੇਜ਼ ਕਰਨ ਦਾ ਫੈਸਲਾ ਕੀਤਾ ਗਿਆ। ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ ਚੜ੍ਹਦੇ ਸਾਲ 5 ਜਨਵਰੀ ਨੂੰ ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਵੱਲੋਂ ਡੀ ਸੀ ਦਫਤਰ ਮੁਕਤਸਰ ਸਾਹਮਣੇ ਵਿਸ਼ਾਲ ਧਰਨਾ ਪ੍ਰਦਰਸ਼ਨ ਕੀਤਾ ਜਾਵੇਗਾ।ਇਸ ਮੀਟਿੰਗ ਵਿੱਚ ਵੱਖ-ਵੱਖ ਜਥੇਬੰਦੀਆਂ ਦੇ ਨੁਮਾਇੰਦੇ, ਜਿਸ ਵਿੱਚ ਦਿਹਾਤੀ ਮਜ਼ਦੂਰ ਸਭਾ ਵੱਲੋਂ ਜਗਜੀਤ ਸਿੰਘ ਜੱਸੇਆਣਾ, ਲਖਬੀਰ ਸਿੰਘ ਤਖਤ ਮਲਾਨਾ, ਪੰਜਾਬ ਖੇਤ ਮਜ਼ਦੂਰ ਯੂਨੀਅਨ ਵੱਲੋਂ ਤਰਸੇਮ ਸਿੰਘ ਖੁੰਡੇ ਹਲਾਲ, ਕਾਕਾ ਸਿੰਘ ਖੁੰਡੇ ਹਲਾਲ, ਜਸਵਿੰਦਰ ਸਿੰਘ ਸੰਗੂ ਧੌਣ, ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਵੱਲੋਂ ਤੋਤਾ ਸਿੰਘ ਸ਼ੇਰੇ ਵਾਲਾ, ਵੀਰਪਾਲ ਕੌਰ ਲਕੜ ਵਾਲਾ, ਪੰਜਾਬ ਖੇਤ ਮਜ਼ਦੂਰ ਸਭਾ ਵੱਲੋਂ ਨਾਨਕ ਚੰਦ ਬਜਾਜ ਸ਼ਾਮਲ ਹੋਏ।

## ਅਨਿਲ ਆਦਮ ਮੈਮੋਰੀਅਲ ਵੈੱਲਫੇਅਰ ਫ਼ਾਊਡੇਸ਼ਨ ਦੀ ਸਥਾਪਨਾ



ਮਮਦੋਟ (ਜਸਬੀਰ ਸਿੰਘ ਕੰਬੋਜ)-ਪੰਜਾਬੀ ਦੇ ਮਰਹੂਮ ਨੌਜਵਾਨ ਸ਼ਾਇਰ ਅਨਿਲ ਆਦਮ ਦੀ ਯਾਦ ਨੂੰ ਸਦਾ ਵਾਸਤੇ ਕਾਇਮ ਰੱਖਣ ਲਈ ਫ਼ਿਰੋਜ਼ਪੁਰ ਦੇ ਲੇਖਕਾਂ ਨੇ ਅਨਿਲ ਆਦਮ ਮੈਮੋਰੀਅਲ ਵੈਲਫੇਅਰ ਫ਼ਾਊਡੇਸ਼ਨ ਦੀ ਸਥਾਪਨਾ ਕੀਤੀ, ਜਿਸ ਵਿੱਚ ਸਰਬਸੰਮਤੀ ਨਾਲ ਹੇਠ ਲਿਖੇ ਅਹੁਦੇਦਾਰ ਚੁਣੇ ਗਏ।ਪ੍ਰੋ. ਜਸਪਾਲ ਘਈ ਤੇ ਪ੍ਰੋ ਗੁਰਤੇਜ ਕੋਹਾਰਵਾਲਾ ਦੋਵੇਂ ਸਰਪ੍ਰਸਤ, ਅਨਿਲ ਆਦਮ ਦੀ ਧਰਮ ਪਤਨੀ ਸ਼੍ਰੀਮਤੀ ਅੰਜੁਮ ਸ਼ਰਮਾ ਪ੍ਰਧਾਨ, ਸੁਖਜਿੰਦਰ ਮੀਤ ਪ੍ਰਧਾਨ, ਪ੍ਰੋ. ਕੁਲਦੀਪ ਜਨਰਲ ਸਕੱਤਰ, ਸੁਰਿੰਦਰ ਕੰਬੋਜ ਸਹਾਇਕ ਸਕੱਤਰ, ਰਾਜੀਵ ਖ਼ਿਆਲ ਖ਼ਜ਼ਾਨਚੀ ਤੋਂ ਇਲਾਵਾ ਹਰਮੀਤ ਵਿਦਿਆਰਥੀ, ਸੰਦੀਪ ਚੌਧਰੀ ਤੇ ਮੁਸੱਵਿਰ ਫ਼ਿਰੋਜ਼ਪੁਰੀ ਕਾਰਜਕਾਰਨੀ ਦੇ ਮੈਂਬਰ ਚੁਣੇ ਗਏ।

ਮੀਟਿੰਗ ਵਿੱਚ ਸੰਸਥਾ ਨੂੰ ਰਜਿਸਟਰ ਕਰਾਉਣ ਦੀ ਜ਼ਿੰਮੇਵਾਰੀ ਪ੍ਰੋ. ਕੁਲਦੀਪ, ਸੁਰਿੰਦਰ ਕੰਬੋਜ ਤੇ ਹਰਮੀਤ ਵਿਦਿਆਰਥੀ ਨੂੰ ਦਿੱਤੀ ਗਈ। ਮੀਟਿੰਗ ਵਿੱਚ ਸਰਬਸੰਮਤੀ ਨਾਲ ਪਾਸ ਹੋਇਆ ਕਿ ਅਨਿਲ ਦੀ ਯਾਦ ਵਿੱਚ ਕੀਤੀਆਂ ਜਾਣ ਵਾਲੀਆਂ ਸਰਗਰਮੀਆਂ ਫ਼ਿਰੋਜ਼ਪੁਰ ਦੀ ਸਰਗਰਮ ਸਾਹਿਤਕ ਸੰਸਥਾ ਕਲਾਪੀਠ ਨਾਲ ਰਲ ਕੇ ਕੀਤੀਆਂ ਜਾਣਗੀਆਂ।

# ਕੁਲਜਿੰਦਰ ਕੌਰ ਘੁੰਮਣ ਨੇ ਚੋਣ ਮੁਹਿੰਮ ਨੂੰ ਕੀਤਾ ਤੇਜ਼



ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)

ਹਲਕਾ ਫਤਿਹਗੜ੍ਹ ਸਾਹਿਬ ਅਧੀਨ ਆਉਂਦੇ ਜ਼ਿਲ੍ਹਾ ਪ੍ਰੀਸ਼ਦ ਜੋਨ ਮੂਲੇਪੁਰ ਦੀ ਉਮੀਦਵਾਰ ਕੁਲਜਿੰਦਰ ਕੌਰ ਘੁੰਮਣ ਵੱਲੋਂ ਚੋਣ ਮੁਹਿੰਮ ਨੂੰ ਤੇਜ਼ ਕਰ ਦਿੱਤਾ ਗਿਆ ਹੈ, ਜਿੱਥੇ ਬਲਾਕ ਸਰਹਿੰਦ ਦੇ ਪਿੰਡਾਂ ਵਿੱਚ ਡੋਰ ਟੂ ਡੋਰ ਚੋਣ ਪ੍ਰਚਾਰ ਕੀਤਾ ਜਾ ਰਿਹਾ ਹੈ, ਉੱਥੇ ਨੁੱਕੜ ਮੀਟਿੰਗਾਂ ਕਰਕੇ ਚੋਣ ਜਲਸੇ ਵੀ ਕੀਤੇ ਜਾ ਰਹੇ ਹਨ।ਇਸ ਮੌਕੇ 'ਆਪ' ਉਮੀਦਵਾਰ ਕੁਲਜਿੰਦਰ ਕੌਰ ਘੁੰਮਣ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਯੋਗ ਅਗਵਾਈ ਵਿੱਚ ਪੰਜਾਬ ਸਰਕਾਰ ਸੂਬੇ ਦੇ ਲੋਕਾਂ ਦੀ ਬੇਹਤਰੀ ਲਈ ਕੰਮ ਕਰ ਰਹੀ ਹੈ, ਜਿੱਥੇ ਹਰ ਘਰ ਨੂੰ ਬਿਜਲੀ ਦੀ ਮੁਫਤ ਸਹੂਲਤ ਮੁਹਈਆ ਕਰਾਈ ਗਈ ਹੈ, ਉੱਥੇ ਹੀ ਸਰਕਾਰੀ ਸਕੂਲਾਂ ਦੀ ਸਿੱਖਿਆ ਵਿੱਚ ਵੱਡੇ ਪੱਧਰ ਤੇ ਸੁਧਾਰ ਕੀਤਾ ਗਿਆ ਤੇ ਸਰਕਾਰੀ ਹਸਪਤਾਲਾਂ ਦੇ ਵਿੱਚ ਮਰੀਜ਼ਾਂ ਨੂੰ ਮੁਫਤ ਦਵਾਈਆਂ ਦਿੱਤੀਆਂ ਜਾ ਰਹੀਆਂ ਹਨ।ਇਸ ਤੋਂ ਇਲਾਵਾ ਪਿੰਡਾਂ ਦੇ ਵਿੱਚ ਖੇਡ ਮੈਦਾਨ ਉਸਾਰੇ ਜਾ ਰਹੇ ਹਨ ਤੇ ਪਿੰਡਾਂ ਦੀ ਬਿਹਤਰੀ ਦੇ ਲਈ ਕਮਿਊਨਿਟੀ ਹਾਲ ਬਣਾਏ ਜਾ ਰਹੇ ਹਨ ਤਾਂ ਜੁ ਜ਼ਰੂਰਤਮੰਦ ਤੇ ਲੋੜਵੰਦ ਪਰਵਾਰਾਂ ਨੂੰ ਮਹਿੰਗੀਆਂ ਪੈਲਸਾਂ ਤੋਂ ਨਿਜ਼ਾਤ ਮਿਲ ਸਕੇ।ਜਿਹੜੇ ਕੰਮ ਪਿਛਲੀਆਂ ਸਰਕਾਰਾਂ 70 ਸਾਲਾਂ ਦੇ ਵਿੱਚ ਵੀ ਨਹੀਂ ਕਰ ਸਕੀਆਂ। ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਪਿਛਲੇ ਚਾਰ ਸਾਲਾਂ ਦੇ ਵਿੱਚ ਕਰਕੇ ਦਿਖਾ ਦਿੱਤੇ ਗਏ ਹਨ।ਕਿਸੇ ਵਿਭਾਗ ਦੇ ਵਿੱਚ ਕੰਮ ਕਰਾਉਣ ਦੇ ਲਈ ਸਿਫਾਰਸ਼ ਦੀ ਲੋੜ ਨਹੀਂ ਪੈਂਦੀ।ਹਰ ਕੰਮ ਮੈਰਿਟ ਦੇ ਆਧਾਰ 'ਤੇ ਹੋ ਰਹੇ ਹਨ।ਸੂਬਾ ਪੱਧਰ 'ਤੇ 60 ਹਜ਼ਾਰ ਦੇ ਕਰੀਬ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਮੁਹਈਆ ਕਰਾਈਆਂ ਜਾ ਚੁੱਕੀਆਂ ਹਨ।ਜੇਕਰ ਮੂਲੇਪੁਰ ਜ਼ੋਨ ਦੇ ਵੋਟਰ ਉਨ੍ਹਾਂ ਨੂੰ ਵੋਟ ਪਾ ਕੇ ਜਿੱਤ ਦਰਜ ਕਰਾਉਂਦੇ ਹਨ ਤਾਂ ਉਹ ਜ਼ੋਨ ਦੇ ਸਾਰਾ ਪੱਖੀ ਵਿਕਾਸ ਦੇ ਲਈ ਦਿਨ ਰਾਤ ਮਿਹਨਤ ਕਰਨਗੇ ਤੇ ਜ਼ਿਲ੍ਹਾ ਪ੍ਰੀਸ਼ਦ ਜ਼ੋਨ ਦੀ ਵਿਕਾਸ ਪੱਖੋਂ ਨੁਹਾਰ ਬਦਲੀ ਜਾਵੇਗੀ।

## ਸਬ ਜੇਲ੍ਹ ਪੱਟੀ ਵਿਖੇ ਮਨੁੱਖੀ ਅਧਿਕਾਰ ਦਿਵਸ ਮਨਾਇਆ




ਲੁਧਿਆਣਾ (ਐੱਮ ਐੱਸ ਭਾਟੀਆ)-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਤਰਨਤਾਰਨ ਕੰਵਲਜੀਤ ਸਿੰਘ ਬਾਜਵਾ ਦੀ ਅਗਵਾਈ ਹੇਠ ਸਬ ਜੇਲ੍ਹ ਪੱਟੀ ਵਿਖੇ ਅੰਤਰਰਾਸ਼ਟਰੀ ਮਨੁੱਖੀ ਅਧਿਕਾਰ ਦਿਵਸ ਤੇ ਯੂਥ ਅਗੇਂਸਟ ਡਰੱਗਜ਼ ਡੇਅ ਮਨਾਇਆ ਗਿਆ।ਇਸ ਮੌਕੇ ਚੀਫ ਜੁਡੀਸ਼ੀਅਲ ਮੈਜਿਸਟਰੇਟ-ਕਮ-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਸ਼ਿਲਪਾ, ਤਰਨਤਾਰਨ ਜਗਜੀਤ ਸਿੰਘ, ਸਬ ਡਵੀਜ਼ਨ ਜੁਡੀਸ਼ੀਅਲ ਮੈਜਿਸਟਰੇਟ ਪੱਟੀ, ਕਰਨਬੀਰ ਸਿੰਘ ਅਸਿਸਟੈਂਟ, ਲੀਗਲ ਏਡ ਡੀਫੈਂਸ ਕੌਂਸਲ ਤਰਨਤਾਰਨ ਤੇ ਮਿਸ ਜੀਆ ਖੁੱਲਰ ਅਸੀਸਟੈਂਟ ਲੀਗਲ ਏਡ ਡੀਫੈਂਸ ਕੌਂਸਲ ਤਰਨਤਾਰਨ ਹਾਜ਼ਰ ਸਨ। ਇਸ ਤੋਂ ਇਲਾਵਾ ਜੇਲ੍ਹ ਸੁਪਰਡੈਂਟ, ਸਬ ਜੇਲ੍ਹ ਪੱਟੀ ਇੰਦਰਪ੍ਰੀਤ ਸਿੰਘ ਤੇ ਜੇਲ੍ਹ ਸਟਾਫ ਅਤੇ ਬੰਦੀ ਹਾਜ਼ਰ ਸਨ।ਕੈਦੀਆਂ ਵਿੱਚ ਮਨੁੱਖੀ ਅਧਿਕਾਰਾਂ ਬਾਰੇ ਜਾਗਰੂਕਤਾ ਪੈਦਾ ਕਰਨ ਤੇ ਉਨ੍ਹਾਂ ਨੂੰ ਰਚਨਾਤਮਕ ਗਤੀਵਿਧੀਆਂ ਨਾਲ ਜੋੜਨ ਲਈ ਕਰਾਏ ਗਏ ਇਸ ਸਮਾਗਮ ਵਿੱਚ ਕੈਦੀਆਂ ਨੇ ਭੰਗੜਾ ਤੇ ਹੋਰ ਸੱਭਿਆਚਾਰਕ ਗਤੀਵਿਧੀਆਂ ਰਾਹੀਂ ਆਪੋ ਆਪਣੀ ਕਲਾ ਪ੍ਰਗਟਾਈ।ਜ਼ਿਲ੍ਹਾ ਤੇ ਸੈਸ਼ਨਜ਼ ਜੱਜ ਵੱਲੋਂ ਵੱਖ-ਵੱਖ ਮੁਕਾਬਲਿਆਂ ਦੇ ਜੇਤੂਆਂ ਨੂੰ ਇਨਾਮ ਵੀ ਦਿੱਤੇ ਗਏ ਤਾਂ ਜੋ ਉਹ ਆਪਣੀ ਊਰਜਾ ਨੂੰ ਚੰਗੇ ਪਾਸੇ ਲਾਉਣ ਲਈ ਪ੍ਰੇਰਿਤ ਹੋ ਸਕਣ।ਇਸ ਮੌਕੇ ਕੈਦੀਆਂ ਦੀ ਸੁਵਿਧਾ ਲਈ ਮੈਡੀਕਲ ਕੈਂਪ ਤੇ ਆਧਾਰ ਕਾਰਡ ਦਾ ਕੈਂਪ ਵੀ ਲਾਇਆ ਗਿਆ।ਵਧੀਆ ਕਾਰਗੁਜ਼ਾਰੀ ਦਿਖਾਉਣ ਵਾਲੇ ਮੁਲਾਜ਼ਮਾਂ ਨੂੰ ਵੀ ਸਨਮਾਨਤ ਕੀਤਾ ਗਿਆ।ਪ੍ਰੋਗਰਾਮ ਦੇ ਅੰਤ ਵਿੱਚ ਜੇਲ੍ਹ ਸੁਪਰਡੈਂਟ ਇੰਦਰਪ੍ਰੀਤ ਸਿੰਘ ਨੇ ਇਸ ਪ੍ਰੋਗਰਾਮ ਵਿੱਚ ਸ਼ਮੂਲੀਅਤ ਕਰਨ ਲਈ ਜ਼ਿਲ੍ਹਾ ਤੇ ਸੈਸ਼ਨਜ਼ ਜੱਜ ਤਰਨਤਾਰਨ ਅਤੇ ਹੋਰ ਮਹਿਮਾਨਾਂ ਦਾ ਧੰਨਵਾਦ ਕੀਤਾ।

# ਸ਼ਹੀਦ ਨੰਦ ਸਿੰਘ ਦੀ ਸ਼ਹਾਦਤ ਨੂੰ ਯਾਦ ਕਰਦਿਆਂ ਸ਼ਰਧਾ ਦੇ ਫੁੱਲ ਭੇਟ



ਬਠਿੰਡਾ (ਪਰਵਿੰਦਰ ਜੀਤ ਸਿੰਘ)

ਸ਼ਹੀਦ ਨੰਦ ਸਿੰਘ (ਫੌਜੀ ਚੌਂਕ) ਵਿਖੇ ਉਨ੍ਹਾਂ ਦੀ ਸ਼ਹਾਦਤ ਨੂੰ ਯਾਦ ਕਰਦਿਆਂ ਕਰਨਲ ਬਿਕਰਮਜੀਤ ਸਿੰਘ ਗਿੱਲ (ਸੇਵਾਮੁਕਤ), ਕਮਾਂਡਰ ਦਿਲਪ੍ਰੀਤ ਸਿੰਘ ਕੰਗ (ਰਿਟਾ), ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਅਫਸਰ, ਕੈਪਟਨ ਹਰਬਖਸ਼ ਸਿੰਘ (ਸੇਵਾ ਮੁਕਤ), ਕੈਪਟਨ ਰੇਸ਼ਮ ਸਿੰਘ (ਸੇਵਾਮੁਕਤ), ਸੂਬੇਦਾਰ ਜੁਗਰਾਜ ਸਿੰਘ (ਸੇਵਾਮੁਕਤ), 25 ਇਨਫੈਂਟਰੀ ਬਰੀਗੇਡ ਤੋਂ ਹੌਲਦਾਰ ਮਨਪਿੰਦਰ ਸਿੰਘ, ਹੌਲਦਾਰ ਗੁਰਦੀਪ ਸਿੰਘ ਤੇ ਹੌਲਦਾਰ ਜਸਵੀਰ ਸਿੰਘ, ਇੰਸ. ਜਸਪਾਲ ਸਿੰਘ ਤੇ ਸਮੂਹ ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਦਫਤਰ ਦੇ ਸਟਾਫ ਵੱਲੋਂ ਸ਼ਰਧਾ ਦੇ ਫੁੱਲ ਭੇਟ ਕਰਕੇ ਸ਼ਰਧਾਂਜਲੀ ਦਿੱਤੀ ਗਈ। ਇਸ ਮੌਕੇ ਦਿਲਪ੍ਰੀਤ ਸਿੰਘ ਕੰਗ (ਰਿਟਾ), ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਅਫਸਰ ਨੇ ਦੱਸਿਆ ਕਿ ਸ਼ਹੀਦ ਨੰਦ ਸਿੰਘ ਦਾ ਜਨਮ ਮਾਤਾ ਜੈ ਕੌਰ ਦੀ ਕੁੱਖੋਂ ਪਿਤਾ ਭਾਗ ਸਿੰਘ ਦੇ ਘਰ ਪਿੰਡ ਬਹਾਦਰਪੁਰ (ਬਰੇਟਾ) ਜ਼ਿਲ੍ਹਾ ਮਾਨਸਾ ਵਿਖੇ ਹੋਇਆ।ਉਹ 19 ਸਾਲ ਦੀ ਉਮਰ ਵਿੱਚ ਭਾਰਤੀ ਸੈਨਾ ਦੀ ਸਿੱਖ ਰੈਜੀਮੈਂਟ ਪਹਿਲੀ ਬਟਾਲੀਅਨ ਵਿੱਚ ਭਰਤੀ ਹੋਏ।ਉਨ੍ਹਾਂ ਵੱਲੋਂ 29 ਸਾਲ ਦੀ ਉਮਰ ਵਿੱਚ ਬਤੌਰ ਐਕਟਿੰਗ ਨਾਇਕ ਦੇ ਆਹੁਦੇ ਤੇ ਦੂਸਰੇ ਮਹਾਂਯੁੱਧ ਵਿੱਚ ਦੁਸ਼ਮਣਾ ਦੇ ਛੱਕੇ ਛੁਡਾ ਦਿੱਤੇ।ਉਨ੍ਹਾਂ ਦੱਸਿਆ ਕਿ ਆਪ ਨੇ ਦੂਜੇ ਮਹਾਂਯੁੱਧ ਵਿੱਚ ਜ਼ਖ਼ਮੀ ਹਾਲਤ ਵਿੱਚ ਵੀ ਹਿੰਮਤ ਨਾ ਹਾਰਦਿਆਂ ਤੇ ਜਪਾਨੀਆਂ ਦੇ ਨਾਲ ਮੁਕਾਬਲਾ ਕਰਦੇ ਬੰਦੂਕ ਦੀ ਸੰਗੀਨ ਨਾਲ ਹੀ ਕਾਫੀ ਗਿਣਤੀ ਵਿੱਚ ਜਪਾਨੀਆਂ ਨੂੰ ਮੌਤ ਦੇ ਘਾਟ ਉਤਾਰ ਕੇ ਉਨ੍ਹਾਂ ਦੇ ਮੋਰਚੇ 'ਤੇ ਕਬਜ਼ਾ ਕੀਤਾ ਗਿਆ, ਜਿਸ ਲਈ ਇਨ੍ਹਾਂ ਨੂੰ ਸਰਬਉੱਤਮ ਪੁਰਸਕਾਰ ਵਿਕਟੋਰੀਆ ਕਰਾਸ ਨਾਲ ਸਨਮਾਨਤ ਕੀਤਾ ਗਿਆ।ਉਨ੍ਹਾਂ ਨੇ ਦੇਸ਼ ਭਗਤੀ ਦੀ ਮਿਸਾਲ ਦਿੰਦੇ ਹੋਏ ਇਹੋ-ਜਿਹੇ ਕਾਰਨਾਮੇ ਵਿਖਾਏ ਕਿ ਦੇਸ਼ ਆਜ਼ਾਦ ਹੋਣ ਤੋਂ ਬਾਅਦ 1947 ਵਿੱਚ ਕਸ਼ਮੀਰ ਰਾਜ ਵਿੱਚ ਉਰੀ ਦੀ ਲੜਾਈ ਦੌਰਾਨ ਵੀ ਇਸ ਮਹਾਨ ਯੋਧੇ ਨੇ ਨਿਡਰ ਹੋ ਕਿ ਆਪਣਾ ਫਰਜ਼ ਨਿਭਾਇਆ ਤੇ 12 ਦਸੰਬਰ 1947 ਨੂੰ ਕਬਾਲੀ ਹਮਲਾਵਰਾਂ ਦਾ ਸਫਾਇਆ ਕਰਨ ਲਈ ਮੋਰਚਾ ਸੰਭਾਲਿਆ। ਉਨ੍ਹਾਂ ਅੱਗੇ ਦੱਸਿਆ ਕਿ ਆਪਣੇ ਕਈ ਸਾਥੀਆਂ ਦੇ ਸ਼ਹੀਦ ਹੋ ਜਾਣ 'ਤੇ ਵੀ ਇਸ ਮਹਾਨ ਯੋਧੇ ਨੇ ਹਿੰਮਤ ਨਾ ਹਾਰੀ ਅਤੇ ਕਈ ਮੋਰਚਿਆਂ 'ਤੇ ਕਬਜ਼ਾ ਕਰਦੇ ਹੋਏ ਦੁਸ਼ਮਣ ਨੂੰ ਪਿੱਛੇ ਹਟਾਉਂਦੇ ਹੋਏ ਇਸ ਅਣਖੀ ਯੋਧੇ ਨੇ ਖੁਦ ਵੀ ਦੇਸ਼ ਦੀ ਰਾਖੀ ਕਰਦੇ ਹੋਏ ਸ਼ਹਾਦਤ ਦਾ ਜਾਮਾ ਪਾ ਲਿਆ।ਇਸ ਮਹਾਨ ਯੋਧੇ ਨੇ ਮਹਾਂਵੀਰ ਚੱਕਰ ਜਿੱਤ ਕੇ ਆਪਣੇ ਪਿੰਡ ਦਾ ਨਾਂਅ ਦੇਸ਼ ਵਿੱਚ ਰੌਸ਼ਨ ਕੀਤਾ।ਸ਼ਹੀਦ ਨੰਦ ਸਿੰਘ ਇੱਕ ਐਸਾ ਯੋਧਾ ਹੈ, ਜਿਸ ਨੂੰ ਜਿਉਂਦੇ ਜੀਅ ਵਿਕਟੋਰੀਆ ਕਰਾਸ ਮਿਲਿਆ ਸੀ।ਉਨ੍ਹਾਂ ਦੱਸਿਆ ਕਿ ਪਟਿਆਲਾ ਦੇ ਮਹਾਰਾਜਾ ਭਲਿੰਦਰ ਸਿੰਘ, ਸ਼ਹੀਦ ਨੰਦ ਸਿੰਘ ਨੂੰ ਸਨਮਾਨਤ ਕਰਨ ਲਈ ਪਿੰਡ ਬਹਾਦਰਪੁਰ ਵਿਖੇ ਆਏ ਸਨ ਤੇ ਉਨ੍ਹਾਂ ਵੱਲੋਂ ਆਪਣੇ ਪੁਰਖਿਆਂ ਦੀ ਨਿਸ਼ਾਨੀ ਤਲਵਾਰ ਦੇ ਕੇ ਸਨਮਾਨਤ ਕੀਤਾ ਗਿਆ ਸੀ। ਬਠਿੰਡਾ ਵਿਖੇ ਇਨ੍ਹਾਂ ਦੀ ਯਾਦ ਵਿੱਚ ਚੌਂਕ 'ਤੇ ਬੁੱਤ ਲਗਾਇਆ ਗਿਆ ਹੈ, ਜਿਸ ਨੂੰ ਫੌਜੀ ਚੌਂਕ ਵੀ ਕਿਹਾ ਜਾਂਦਾ ਹੈ। ਬਰੇਟਾ ਦੇ ਬੱਸ ਸਟੈਂਡ ਦਾ ਨਾਮ ਨੰਦ ਸਿੰਘ ਵਿਕਟੋਰੀਆ ਬੱਸ ਸਟੈਂਡ ਹੈ। ਇਸ ਮਹਾਨ ਯੋਧੇ ਨੂੰ ਸ਼ਹੀਦ ਹੋਣ ਉਪਰੰਤ 1948 ਵਿੱਚ ਭਾਰਤ ਸਰਕਾਰ ਨੇ ਮਹਾਂਵੀਰ ਚੱਕਰ ਦੇ ਕੇ ਸਨਮਾਨਿਤ ਕੀਤਾ। ਇਸ ਬਹਾਦਰ ਸਪੂਤ ਦੀ ਯਾਦ ਵਿੱਚ 1956 ਵਿੱਚ ਮੇਰਠ ਛਾਉਣੀ ਵਿੱਚ ਇੱਕ ਸਟੇਡੀਅਮ ਵੀ ਬਣਾਇਆ ਗਿਆ ਸੀ।

# ਪੋਲਿੰਗ ਸਟੇਸ਼ਨਾਂ ਦੇ 200 ਮੀਟਰ ਦੇ ਘੇਰੇ ਅੰਦਰ ਪਾਬੰਦੀ ਦੇ ਹੁਕਮ

ਮਾਨਸਾ (ਆਤਮਾ ਸਿੰਘ ਪਮਾਰ)

ਰਾਜ ਚੋਣ ਕਮਿਸ਼ਨ, ਪੰਜਾਬ ਵੱਲੋਂ ਘੋਸ਼ਿਤ ਕੀਤੇ ਗਏ ਪ੍ਰੋਗਰਾਮ ਅਨੁਸਾਰ ਜ਼ਿਲ੍ਹਾ ਪ੍ਰੀਸ਼ਦ ਤੇ ਪੰਚਾਇਤ ਸੰਮਤੀ ਚੋਣਾ 14 ਦਸੰਬਰ, ਨੂੰ ਹੋਣ ਜਾ ਰਹੀਆਂ ਹਨ। ਇੰਨ੍ਹਾਂ ਚੋਣਾਂ ਦੇ ਕੰਮ ਨੂੰ ਨਿਰਵਿਘਨ, ਸ਼ਾਂਤੀਪੂਰਵਕ ਨੇਪਰੇ ਚਾੜ੍ਹਨ ਅਤੇ ਚੋਣਾਂ ਦੌਰਾਨ ਅਮਨ ਕਾਨੂੰਨ ਦੀ ਸਥਿਤੀ ਬਣਾਈ ਰੱਖਣ ਲਈ ਲੋੜੀਂਦੇ ਉਪਰਾਲੇ ਕਰਨੇ ਜ਼ਰੂਰੀ ਹਨ।

ਇਸ ਦੇ ਮੱਦੇਨਜ਼ਰ ਜ਼ਿਲ੍ਹਾ ਮੈਜਿਸਟਰੇਟ ਟੀ.ਬੈਨਿਥ, ਆਈ.ਏ.ਐੱਸ. ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ-2023 ਦੀ ਧਾਰਾ 163 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹਾ ਪ੍ਰੀਸ਼ਦ ਤੇ ਪੰਚਾਇਤ ਸੰਮਤੀ ਚੋਣਾਂ ਨੂੰ ਸ਼ਾਂਤਮਈ ਤਰੀਕੇ ਨਾਲ ਨਿਰਵਿਘਨ ਕਰਵਾਉਣ ਅਤੇ ਅਮਨ ਕਾਨੂੰਨ ਦੀ ਵਿਵਸਥਾ ਬਣਾਈ ਰੱਖਣ ਲਈ ਚੋਣਾਂ ਵਾਲੇ ਦਿਨ 14 ਦਸੰਬਰ, ਨੂੰ ਜ਼ਿਲ੍ਹਾ ਮਾਨਸਾ ਅੰਦਰ ਨਿਰਧਾਰਤ ਕੀਤੇ ਗਏ ਪੋਲਿੰਗ ਸਟੇਸ਼ਨਾਂ ਦੇ 200 ਮੀਟਰ ਦੇ ਘੇਰੇ ਅੰਦਰ ਪਾਬੰਦੀਆਂ ਲਗਾਉਣ ਦੇ ਹੁਕਮ ਜਾਰੀ ਕੀਤੇ ਹਨ।ਹੁਕਮ 'ਚ ਕਿਹਾ ਗਿਆ ਹੈ ਕਿ ਕਿਸੇ ਵੀ ਵਿਅਕਤੀ ਵੱਲੋਂ ਪੋਲਿੰਗ ਸਟੇਸ਼ਨਾਂ ਦੇ ਨਜ਼ਦੀਕ ਸ਼ੋਰ ਸ਼ਰਾਬਾ, ਹੁੱਲੜਬਾਜ਼ੀ ਨਹੀਂ ਕੀਤੀ ਜਾਵੇਗੀ। ਕਿਸੇ ਵੀ ਵਿਅਕਤੀ ਵੱਲੋਂ ਪੋਲਿੰਗ ਸਟੇਸ਼ਨ ਦੇ 200 ਮੀਟਰ ਦੇ ਘੇਰੇ ਅੰਦਰ ਸੈਲੂਲਰ ਫੋਨ/ਕੋਰਡਲੈਸ ਫੋਨ/ਵਾਇਰਲੈਸ ਸੈੱਟ/ਲਾਊਡ ਸਪੀਕਰ/ਮੈਗਾਫੋਨ ਆਦਿ ਦੀ ਵਰਤੋਂ ਅਤੇ ਕਿਸੇ ਵੀ ਕਿਸਮ ਦਾ ਪ੍ਰਚਾਰ ਨਹੀਂ ਕੀਤਾ ਜਾਵੇਗਾ। ਪ੍ਰਚਾਰ ਨਾਲ ਸਬੰਧਤ ਕਿਸੇ ਵੀ ਕਿਸਮ ਦਾ ਪੋਸਟਰ/ਬੈਨਰ ਨਹੀਂ ਲਗਾਇਆ ਜਾਵੇਗਾ। ਇਹ ਹੁਕਮ ਚੋਣ ਡਿਊਟੀ @ਤੇ ਤੈਨਾਤ ਚੋਣ ਆਬਜ਼ਰਵਰ, ਪ੍ਰਸ਼ਾਸਨਿਕ/ਪੁਲਿਸ ਅਧਿਕਾਰੀ, ਡਿਊਟੀ @ਤੇ ਤੈਨਾਤ ਸੁਰੱਖਿਆ ਕਰਮਚਾਰੀਆਂ, ਪੋਲਿੰਗ ਨਾਲ ਸਬੰਧਤ ਸਰਕਾਰੀ ਕਰਮਚਾਰੀਆਂ @ਤੇ ਲਾਗੂ ਨਹੀਂ ਹੋਵੇਗਾ।

ਕੋਈ ਵੀ ਰਾਜਨੀਤਿਕ ਪਾਰਟੀ, ਚੋਣ ਲੜ ਰਿਹਾ ਉਮੀਦਵਾਰ ਪੋਲਿੰਗ ਸਟੇਸ਼ਨ ਦੇ 200 ਮੀਟਰ ਦੇ ਘੇਰੇ ਅੰਦਰ ਆਪਣਾ ਪੋਲਿੰਗ ਬੂਥ/ਟੈਂਟ ਨਹੀਂ ਲਗਾਵੇਗਾ ਅਤੇ ਕਿਸੇ ਵੀ ਉਮੀਦਵਾਰ/ਵਿਅਕਤੀ/ਉਮੀਦਵਾਰ ਦੇ ਸਮਰਥਕ ਵੱਲੋਂ ਪ੍ਰਚਾਰ ਨਹੀਂ ਕੀਤਾ ਜਾਵੇਗਾ। ਰਾਜ ਚੋਣ ਕਮਿਸ਼ਨ ਪੰਜਾਬ, ਜ਼ਿਲ੍ਹਾ ਚੋਣ ਅਫ਼ਸਰ ਮਾਨਸਾ ਜਾਂ ਸਬੰਧਤ ਰਿਟਰਨਿੰਗ ਅਫ਼ਸਰ ਵੱਲੋਂ ਅਧਿਕਾਰਤ ਵਿਅਕਤੀ ਤੋਂ ਇਲਾਵਾ ਹੋਰ ਕਿਸੇ ਵੀ ਵਿਅਕਤੀ ਵੱਲੋਂ ਪੋਲਿੰਗ ਸਟੇਸ਼ਨ ਦੇ 200 ਮੀਟਰ ਦੇ ਘੇਰੇ ਅੰਦਰ ਆਪਣਾ ਪ੍ਰਾਈਵੇਟ ਵਹੀਕਲ ਨਹੀਂ ਲਿਜਾਇਆ ਜਾਵੇਗਾ।

# ਜਮਹੂਰੀ ਅਧਿਕਾਰ ਸਭਾ ਵੱਲੋਂ ਕੌਮਾਂਤਰੀ ਮਨੁੱਖੀ ਅਧਿਕਾਰ ਦਿਵਸ ਮੌਕੇ ਵਿਸ਼ਾਲ ਕਨਵੈਨਸ਼ਨ



ਮੋਗਾ (ਇਕਬਾਲ ਸਿੰਘ ਖਹਿਰਾ)-ਕੌਮਾਂਤਰੀ ਮਨੁੱਖੀ ਅਧਿਕਾਰ ਦਿਵਸ 'ਤੇ ਸ਼ਹੀਦ ਕਾਮਰੇਡ ਨਛੱਤਰ ਸਿੰਘ ਹਾਲ ਵਿੱਚ ਜਮੂਹਰੀ ਅਧਿਕਾਰ ਸਭਾ ਮੋਗਾ ਵੱਲੋਂ ਅਯੋਜਤ ਕੀਤੀ ਗਈ ਵਿਸ਼ਾਲ ਕਨਵੈਨਸ਼ਨ ਵਿੱਚ ਸੰਸਾਰ ਪੱਧਰ 'ਤੇ ਖਾਸ ਕਰ ਭਾਰਤ ਵਿੱਚ ਹੋ ਰਹੇ ਮਨੁੱਖੀ ਅਧਿਕਾਰਾਂ ਤੇ ਹੋ ਰਹੇ ਗੈਰ ਜਮੂਹਰੀ ਮਨੁੱਖੀ ਹਮਲਿਆਂ ਤੇ ਡੂੰਘੀ ਚਿੰਤਾ ਪ੍ਰਗਟ ਕੀਤੀ ਗਈ।ਜ਼ਿਲ੍ਹਾ ਪ੍ਰਧਾਨ ਸਰਬਜੀਤ ਦੌਧਰ ਨੇ ਦੱਸਿਆ ਕਿ ਕਨਵੈਨਸ਼ਨ ਵਿੱਚ ਜਮੂਹਰੀ ਅਧਿਕਾਰ ਸਭਾ ਪੰਜਾਬ ਦੇ ਸੂਬਾ ਪ੍ਰਧਾਨ ਪ੍ਰੋਫੈਸਰ ਜਗਮੋਹਣ ਸਿੰਘ ਤੇ ਸੂਬਾ ਜਥੇਬੰਦਕ ਸਕੱਤਰ ਨਰਭਿੰਦਰ ਸਿੰਘ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਮੀਟਿੰਗ ਵਿੱਚ ਸਮੂਹ ਬੁਲਾਰਿਆਂ ਅਮਰਜੀਤ ਸਿੰਘ ਸੈਦੋਕੇ ਬੀ ਕੇ ਯੂ ਉਗਰਾਹਾਂ, ਕ੍ਰਾਂਤੀਕਾਰੀ ਪੇਂਡੂ ਮਜਦੂਰ ਯੂਨੀਅਨ ਦੇ ਲਖਵੀਰ ਸਿੰਘ ਸਿੰਘਾਂਵਾਲਾ, ਮੈਡੀਕਲ ਪ੍ਰੈਕਟੀਸ਼ਨਰ ਦੇ ਗੁਰਮੇਲ ਸਿੰਘ ਮਾਛੀਕੇ, ਨੌਜਵਾਨ ਭਾਰਤ ਸਭਾ ਕਰਮਜੀਤ ਮਾਣੂਕੇ ਨੇ ਦੇਸ਼ ਵਿੱਚ ਵਿਦਿਆਰਥੀਆਂ ਕਿਸਾਨਾਂ, ਮਜਦੂਰਾਂ, ਘੱਟ ਗਿਣਤੀ ਧਾਰਮਿਕ ਫਿਰਕਿਆਂ ਅਤੇ ਬੁੱਧੀਜੀਵੀਆਂ ਦੀ ਹੱਕੀ ਆਵਾਜ਼ ਨੂੰ ਕੁਚਲਣ ਲਈ ਉਨ੍ਹਾਂ ਤੇ ਝੂਠੇ ਪਰਚੇ ਦਰਜ ਕਰਨੇ, ਸਜ਼ਾਂਵਾਂ ਪੂਰੀਆਂ ਹੋਣ 'ਤੇ ਵੀ ਜੇਲ੍ਹਾਂ ਦੀਆਂ ਕਾਲ ਕੋਠੜੀਆਂ ਵਿੱਚ ਡੱਕੀ ਰੱਖਣਾ, ਸੰਘਰਸ਼ਾਂ ਰਾਹੀ ਪ੍ਰਾਪਤ ਕੀਤੇ ਮਜਦੂਰਾਂ ਕਿਰਤੀਆਂ ਦੇ ਹੱਕਾਂ ਨੇ ਡਾਕਾ ਮਾਰਨਾ, ਜਥੇਬੰਦ ਹੋਣ ਦੇ ਜਮੂਹਰੀ ਹੱਕ ਖੋਹਣ ਵਰਗੇ ਮਨੁੱਖੀ ਅਧਿਕਾਰ ਖੋਰੇ ਜਾਣ ਤੇ ਚਿੰਤਾ ਪਰਗਟ ਕਰਦਿਆਂ ਕੇਂਦਰ ਅਤੇ ਰਾਜ ਸਰਕਾਰ ਤੋਂ ਇਹ ਮਨੁੱਖੀ ਅਧਿਕਾਰਾਂ ਨੂੰ ਬਹਾਲ ਕਰਨ ਦੀ ਪੁਰਜ਼ੋਰ ਮੰਗ ਕੀਤੀ।ਉਨ੍ਹਾਂ ਇਨਸਾਫ਼ ਪਸੰਦ ਜਥੇਬੰਦਕ ਤਬਕਿਆਂ ਨੂੰ ਇਨ੍ਹਾਂ ਮਨੁੱਖੀ ਅਧਿਕਾਰਾਂ ਦੀ ਰਾਖੀ ਲਈ ਸੰਘਰਸ਼ਾਂ ਦਾ ਪੱਲਾ ਫੜਨ ਲਈ ਤਿਆਰ ਰਹਿਣ ਦਾ ਸੱਦਾ ਦਿੱਤਾ।ਉਨ੍ਹਾਂ ਮਜਦੂਰ ਵਿਰੋਧੀ ਕਾਨੂੰਨ ਚਾਰ ਕੋਡ ਬਿੱਲ ਵਾਪਸ ਲੈ ਕੇ ਮਜਦੂਰਾਂ ਦੇ ਹੱਕ ਬਹਾਲ ਕਰਨ ਦੀ ਮੰਗ ਕੀਤੀ।

# ਜ਼ਿਲ੍ਹਾ ਪ੍ਰੀਸ਼ਦ ਚੋਣਾਂ ਦੇ ਆਖ਼ਰੀ ਦਿਨ ਭਾਜਪਾ ਦਾ ਦਮਦਾਰ ਸ਼ਕਤੀ ਪ੍ਰਦਰਸ਼ਨ



ਮੋਗਾ (ਇਕਬਾਲ ਸਿੰਘ ਖਹਿਰਾ)

ਜ਼ਿਲ੍ਹਾ ਪ੍ਰੀਸ਼ਦ ਚੋਣ ਪ੍ਰਚਾਰ ਆਪਣੇ ਆਖ਼ਰੀ ਪੜਾਅ ਵਿੱਚ ਦਾਖ਼ਲ ਹੋ ਚੁੱਕਾ ਹੈ।ਇਸ ਕੜੀ ਵਿੱਚ ਮੋਗਾ ਜ਼ਿਲ੍ਹੇ ਵਿੱਚ ਭਾਰਤੀ ਜਨਤਾ ਪਾਰਟੀ ਵੱਲੋਂ ਕੀਤਾ ਗਿਆ ਤਕੜਾ ਸ਼ਕਤੀ ਪ੍ਰਦਰਸ਼ਨ ਸਿਆਸੀ ਮਾਹੌਲ ਨੂੰ ਹੋਰ ਵੀ ਗਰਮਾ ਗਿਆ ਹੈ।ਭਾਜਪਾ ਦੀ ਇਹ ਮਜ਼ਬੂਤੀ ਸਿਰਫ਼ ਸੰਗਠਨਾਤਮਕ ਤਿਆਰੀ ਦਾ ਨਤੀਜਾ ਨਹੀਂ, ਸਗੋਂ ਪਿੰਡਾਂ ਦੀ ਜਨਤਾ ਵਿੱਚ ਵੱਧ ਰਿਹਾ ਭਰੋਸਾ ਵੀ ਇਸ ਦੀ ਵਜ੍ਹਾ ਹੈ।ਪਿੰਡ ਸਾਫੂਵਾਲਾ 'ਚ ਭਾਜਪਾ ਦੀ ਚੋਣ ਸਭਾ ਨੇ ਭਰਿਆ ਨਵਾਂ ਜੋਸ਼ ਪਿੰਡ ਸਾਫੂਵਾਲਾ ਵਿੱਚ ਭਾਜਪਾ ਦੀ ਚੋਣ ਸਭਾ ਨੇ ਮਾਹੌਲ 'ਚ ਨਵੀਂ ਊਰਜਾ ਭਰ ਦਿੱਤੀ।

ਚੋਣ ਪ੍ਰਚਾਰ ਦੌਰਾਨ ਪਿੰਡ ਵਾਸੀਆਂ ਦਾ ਉਤਸ਼ਾਹ ਦੇਖਣ ਵਾਲਾ ਸੀ।ਪਿੰਡ ਦੀ ਵੱਡੀ ਗਿਣਤੀ ਦਾ ਇਕੱਠੇ ਹੋਣਾ ਇਸ ਗੱਲ ਦਾ ਸਾਫ਼ ਸੰਕੇਤ ਸੀ ਕਿ ਇਸ ਵਾਰ ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮਤੀ ਚੋਣਾਂ ਵਿੱਚ ਸਾਫੂਵਾਲਾ ਭਾਜਪਾ ਦੇ ਉਮੀਦਵਾਰ ਦੇ ਨਾਲ ਮਜ਼ਬੂਤੀ ਨਾਲ ਖੜ੍ਹਾ ਹੈ।ਪਿੰਡ ਵਾਸੀਆਂ ਨੇ ਭਾਜਪਾ ਉਮੀਦਵਾਰ ਪ੍ਰਤੀ ਆਪਣਾ ਅਸੀਮ ਸਨੇਹ ਪ੍ਰਗਟ ਕੀਤਾ ਅਤੇ ਸਪੱਸ਼ਟ ਕੀਤਾ ਕਿ ਉਹ ਵਿਕਾਸ, ਪਾਰਦਰਸ਼ਤਾ ਤੇ ਸੁਸ਼ਾਸਨ ਦੇ ਮਾਮਲਿਆਂ 'ਤੇ ਭਾਜਪਾ ਦੇ ਨਾਲ ਹਨ। ਪਿੰਡ ਵਾਸੀਆਂ ਨੇ ਕਿਹਾ ਕਿ ਜਿਸ ਗਤੀ ਨਾਲ ਪਿੰਡ ਵਿੱਚ ਕੰਮ ਹੋਏ ਹਨ ਉਹ ਇਸ ਗੱਲ ਦਾ ਸਬੂਤ ਹੈ ਕਿ ਭਾਜਪਾ ਹੀ ਖੇਤਰ ਦੇ ਸਰਵਾਂਗੀਣ ਵਿਕਾਸ ਦੀ ਗਾਰੰਟੀ ਦੇ ਸਕਦੀ ਹੈ।ਜਦੋਂ ਭਾਜਪਾ ਜ਼ਿਲ੍ਹਾ ਪ੍ਰਧਾਨ ਡਾ. ਹਰਜੋਤ ਕਮਲ ਨੇ ਸਭਾ ਨੂੰ ਸੰਬੋਧਨ ਕਰਨਾ ਸ਼ੁਰੂ ਕੀਤਾ ਤਾਂ ਪੂਰਾ ਪੰਡਾਲ ਤਾਲੀਆਂ ਨਾਲ ਗੂੰਜ ਉੱਠਿਆ।ਪਿੰਡ ਵਾਸੀਆਂ ਨੇ ਉਨ੍ਹਾਂ ਨੂੰ ਵੱਡੀ ਉਮੀਦ ਅਤੇ ਭਰੋਸੇ ਨਾਲ ਸੁਣਿਆ।

ਡਾ. ਹਰਜੋਤ ਕਮਲ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਭਾਜਪਾ ਦਾ ਇੱਕੋ ਹੀ ਮਕਸਦ ਪਿੰਡਾਂ ਦਾ ਵਿਕਾਸ, ਨੌਜਵਾਨਾਂ ਨੂੰ ਮੌਕਿਆਂ ਦੀ ਪ੍ਰਾਪਤੀ, ਕਿਸਾਨਾਂ ਦੀ ਭਲਾਈ ਤੇ ਪਾਰਦਰਸ਼ੀ ਪ੍ਰਸ਼ਾਸਨ ਹੈ।ਉਨ੍ਹਾਂ ਦੱਸਿਆ ਕਿ ਆਪਣੇ ਕਾਰਜਕਾਲ ਦੌਰਾਨ ਸਾਫੂਵਾਲਾ ਪਿੰਡ ਵਿੱਚ ਵਿਆਪਕ ਪੱਧਰ 'ਤੇ ਵਿਕਾਸ ਕਾਰਜ ਕੀਤੇ ਗਏ ਹਨ, ਜਿਨ੍ਹਾਂ ਵਿੱਚ ਸੜਕਾਂ, ਪੀਣ ਵਾਲੇ ਪਾਣੀ ਦੀ ਵਿਵਸਥਾ, ਸਟ੍ਰੀਟ ਲਾਈਟਾਂ, ਸਫ਼ਾਈ ਪ੍ਰਬੰਧ ਤੇ ਖੇਡ ਸਹੂਲਤਾਂ ਦਾ ਸੁਧਾਰ ਸ਼ਾਮਲ ਹੈ। ਪਿੰਡ ਵਾਸੀਆਂ ਨੇ ਖੁੱਲ੍ਹ ਕੇ ਕਿਹਾ ਕਿ ਡਾ. ਹਰਜੋਤ ਕਮਲ ਨੇ ਸਾਫੂਵਾਲਾ ਨੂੰ ਇੱਕ ਆਦਰਸ਼ ਪਿੰਡ ਦੇ ਰੂਪ ਵਿੱਚ ਸਥਾਪਿਤ ਕੀਤਾ ਹੈ।ਉਨ੍ਹਾਂ ਦੀਆਂ ਕੋਸ਼ਿਸ਼ਾਂ ਨੇ ਪਿੰਡ ਦੀ ਪਛਾਣ ਅਤੇ ਸਹੂਲਤਾਂ ਨੂੰ ਨਵੇਂ ਪੱਧਰ 'ਤੇ ਪੁਚਾਇਆ ਹੈ। ਪਿੰਡ ਵਾਸੀਆਂ ਨੇ ਭਵਿੱਖ ਵਿੱਚ ਵੀ ਅਜਿਹੇ ਹੀ ਵਿਕਾਸ ਕਾਰਜਾਂ ਦੀ ਉਮੀਦ ਜਤਾਈ ਤੇ ਭਾਜਪਾ ਉਮੀਦਵਾਰ ਨੂੰ ਭਾਰੀ ਵੋਟਾਂ ਨਾਲ ਜਿਤਾਉਣ ਦਾ ਸੰਕਲਪ ਕੀਤਾ।


**YES BANK** ਰਜਿਸਟਰਡ ਅਤੇ ਕਾਰਪੋਰੇਟ ਦਫ਼ਤਰ : ਯੈੱਸ ਬੈਂਕ ਹਾਊਸ, ਆਫ ਵੈਸਟਰਨ ਐਕਸਪ੍ਰੈੱਸ ਹਾਈਵੇਅ, ਸਾਂਤਾਕਰੂਜ਼ ਈਸਟ, ਮੁੰਬਈ-400055 ਸੀ ਆਈ ਐੱਨ : L65190MH2003PLC143249, Email : communications@yesbank.in. ਬਰਾਂਚ ਦਫਤਰ : ਪਾਣੀਪਤ website : www.yesbank.in

**ਅਚੱਲ ਜਾਇਦਾਦਾਂ ਦੀ ਵਿੱਕਰੀ ਲਈ ਵਿੱਕਰੀ ਨੋਟਿਸ**

ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 8 (6) ਦੀਆਂ ਵਿਵਸਥਾਵਾਂ ਨਾਲ ਪੜ੍ਹੇ ਜਾਂਦੇ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ, 2002 ਤਹਿਤ ਅਚੱਲ ਐੱਸਟਸ ਦੀ ਵਿਕਰੀ ਵਾਸਤੇ ਈ-ਨਿਲਾਮੀ ਵਿੱਕਰੀ ਨੋਟਿਸ ਆਮ ਜਨਤਾ ਅਤੇ ਖਾਸ ਕਰਕੇ ਕਰਜ਼ਦਾਰਾਂ, ਸਹਿ-ਕਰਜ਼ਦਾਰਾਂ, ਗਰੰਟਰਾਂ ਅਤੇ ਰਹਿਣਕਾਰਾਂ ਨੂੰ ਨੋਟਿਸ ਦਿੱਤਾ ਗਿਆ ਹੈ ਕਿ ਸਕਿਉਰਡ ਕ੍ਰੈਡਿਟਰ ਨੂੰ ਰਹਿਣ/ਚਾਰਜਡ ਹੇਠਾਂ ਦਰਸਾਈ ਅਚੱਲ ਜਾਇਦਾਦ, ਜਿਸ ਦਾ ਯੈੱਸ ਬੈਂਕ ਲਿਮਟਿਡ ਦੇ ਅਧਿਕਾਰਤ ਅਫਸਰ, ਜੋ ਕਿ ਸਕਿਉਰਟਡ ਕ੍ਰੈਡਿਟਰ ਹੈ, ਹੇਠਾਂ ਦਰਸਾਏ ਕਰਜ਼ਦਾਰਾਂ, ਸਹਿ-ਕਰਜ਼ਦਾਰਾਂ, ਗਰੰਟਰਾਂ ਅਤੇ ਰਹਿਣਕਾਰਾਂ ਕੋਲੋਂ ਸਕਿਉਰਡ ਕ੍ਰੈਡਿਟਰ ਦੇ ਹੇਠਾਂ ਦਰਸਾਏ ਬਕਾਏ ਤੇ ਇਕਰਾਰਨਾਮੇ ਦੀ ਦਰ 'ਤੇ ਭਵਿੱਖੀ ਵਿਆਜ ਦੀ ਵਸੂਲੀ ਲਈ "ਜਿਵੇਂ ਹੈ ਜਿੱਥੇ ਹੈ" "ਜਿਵੇਂ ਹੈ ਜੋ ਹੈ" ਅਤੇ "ਉਥੇ ਜੋ ਵੀ ਹੈ" ਦੇ ਅਧਾਰ 'ਤੇ ਵਿਕਰੀ 9 ਜਨਵਰੀ 2026 ਨੂੰ ਕੀਤੀ ਜਾਵੇਗੀ।

| ਲੜੀ ਨੰ. | ਕਰਜ਼ਦਾਰ, ਸਹਿ-ਕਰਜ਼ਦਾਰ ਅਤੇ ਗਰੰਟਰ ਦਾ ਨਾਂਅ | ਡਿਮਾਂਡ ਨੋਟਿਸ ਰਕਮ | ਜਾਇਦਾਦ ਦਾ ਵੇਰਵਾ | ਰਾਖਵੀਂ ਕੀਮਤ | ਈ ਐੱਮ ਡੀ (ਰੁਪਏ 'ਚ) |
|---|---|---|---|---|---|
| 1. | 1. ਸ੍ਰੀ ਜੈ ਦੇਵ ਪੁੱਤਰ ਰਾਕੇਸ਼ ਕੁਮਾਰ 2. ਸ੍ਰੀਮਤੀ ਸਪਨਾ ਰਾਣੀ ਪਤਨੀ ਸ੍ਰੀ ਰਾਕੇਸ਼ ਕੁਮਾਰ | 23 ਮਈ 2023 ਨੂੰ ਬਕਾਇਆ ਰਕਮ ਰੁਪਏ 32,37,280.70 (ਬੱਤੀ ਲੱਖ ਸੈਂਤੀ ਹਜ਼ਾਰ ਦੋ ਸੌ ਅੱਸੀ ਰੁਪਏ ਸੱਤਰ ਪੈਸੇ ਕੇਵਲ) | ਜਾਇਦਾਦ ਰਕਬਾ 0 ਕਨਾਲ 5 ਮਰਲਾ ਪਿੰਡ ਬਜਵਾੜਾ ਵਿਖੇ ਸਥਿਤ, ਹੁਸ਼ਿਆਰਪੁਰ ਅਤੇ ਖੱਤਾ ਨੰ. 1866/1997, ਖਸਰਾ ਨੰ. 14//10(8-0), 14/11 (8-0), 14//20(5-9) ਜਮ੍ਹਾਂਬੰਦੀ ਸਾਲ 2015-16, ਹੱਦਬਸਤ ਨੰ. 355 ਪਿੰਡ ਬਜਵਾੜਾ, ਤਹਿਸੀਲ ਤੇ ਜ਼ਿਲ੍ਹਾ ਹੁਸ਼ਿਆਰਪੁਰ ਨਾਲ ਸੰਬੰਧਤ ਸਭ ਕੁਝ। | ਰੁਪਏ 27,20,000/- (ਸਤਾਈ ਲੱਖ ਵੀਹ ਹਜ਼ਾਰ ਰੁਪਏ ਕੇਵਲ) | ਰੁਪਏ 2,72,000/- (ਦੋ ਲੱਖ ਬਹੱਤਰ ਹਜ਼ਾਰ ਰੁਪਏ ਕੇਵਲ) |

ਈ-ਨਿਲਾਮੀ ਦੀ ਮਿਤੀ ਤੇ ਸਮਾਂ : 9 ਜਨਵਰੀ 2026, ਸਵੇਰੇ 11.00 ਵਜੇ ਤੋਂ ਸ਼ਾਮ ਦੇ 2.00 ਵਜੇ ਤੱਕ ਹਰੇਕ 5 ਮਿੰਟਾਂ ਦੇ ਵਾਧੇ ਨਾਲ
ਬੋਲੀ ਜਮ੍ਹਾਂ ਕਰਵਾਉਣ ਦੀ ਅੰਤਿਮ ਮਿਤੀ : 08 ਜਨਵਰੀ 2026 ਸ਼ਾਮ ਦੇ 3.00 ਵਜੇ ਤੱਕ
ਜਾਇਦਾਦ ਦੇ ਨਿਰੀਖਣ ਲਈ ਮਿਤੀ ਤੇ ਸਮਾਂ : 05 ਜਨਵਰੀ 2026, ਸਵੇਰੇ 11.00 ਵਜੇ ਤੋਂ ਬਾਅਦ ਦੁਪਹਿਰ 2.00 ਵਜੇ ਤੱਕ

ਵਿਕਰੀ ਦੀਆਂ ਸ਼ਰਤਾਂ ਅਤੇ ਨਿਯਮਾਂ ਦੇ ਵੇਰਵੇ ਲਈ ਕ੍ਰਿਪਾ ਕਰਕੇ http://10.0.49.5/about-us/media/auction-property ਸਕਿਉਰਡ ਕੈਡਿਟਰ ਦੀ ਵੈੱਬਸਾਈਟ www.yesbank.in ਲਿੰਕ ਦਾ ਹਵਾਲਾ ਲਿਆ ਜਾਵੇ। ਟੈਂਡਰ ਦਸਤਾਵੇਜ਼/ਈ-ਬੋਲੀ ਕੈਟਾਲਾਗ ਜਾਂ ਅਚੱਲ ਜਾਇਦਾਦਾਂ ਦੇ ਨਿਰੀਖਣ/ਸਕਿਉਰਡ ਐੱਸਟਸ ਪ੍ਰਾਪਤ ਕਰਨ 'ਚ ਕਿਸੇ ਮੁਸ਼ਕਲ ਅਤੇ ਪੁੱਛਗਿੱਛ ਲਈ ਕ੍ਰਿਪਾ ਕਰਕੇ ਯੈੱਸ ਬੈਂਕ ਲਿਮਟਿਡ ਦੇ ਸੰਬੰਧਤ ਅਧਿਕਾਰੀਆਂ ਸ੍ਰੀ ਅਮਿਤ ਸ਼ਰਮਾ ਨੂੰ 9996467419 'ਤੇ ਸੰਪਰਕ ਕੀਤਾ ਜਾ ਸਕਦਾ ਹੈ ਜਾਂ ਈ ਮੇਲ : Amit.sharma 62@yesbank.in ਅਤੇ ਮੈਸ. ਈ. ਪ੍ਰੋਕਿਉਰਮੈਂਟ ਤਕਨਾਲੋਜ਼ੀ ਲਿਮਟਿਡ (ਆਕਸ਼ਨ ਟਾਈਗਰ) ਅਹਿਮਦਾਬਾਦ ਦੇ ਅਧਿਕਾਰੀਆਂ ਦੇ ਵੈੱਬ ਪੋਰਟਲ ਪਤੇ https://sarfaesi.auctiontiger.net ਬੋਲੀ ਸਪੋਰਟ ਨੰ. +919265562821/18 ਅਤੇ 9978591888, 079-68136880/68136837 ਈ ਮੇਲ : support@auctiontiger.net ਅਤੇ ramprasad@auctiontiger.net 'ਤੇ ਸੰਪਰਕ ਕੀਤਾ ਜਾ ਸਕਦਾ ਹੈ। ਸੰਪਰਕ ਵਿਅਕਤੀ : ਸ੍ਰੀ ਰਾਮ ਸ਼ਰਮਾ-9978591888. ਐਕਟ ਦੇ ਸੈਕਸ਼ਨ 13(8) ਤਹਿਤ ਜੇਕਰ ਸਾਡੇ ਬਕਾਏ ਸਮੇਤ ਸਾਡੇ ਵੱਲੋਂ ਸਹਿਣ ਕੀਤੀਆਂ ਗਈਆਂ ਲਾਗਤਾਂ, ਚਾਰਜਿਜ਼ ਅਤੇ ਖਰਚੇ ਵਿਕਰੀ ਜਾਂ ਤਬਾਦਲੇ ਲਈ ਤੈਅ ਕੀਤੀ ਗਈ ਮਿਤੀ ਤੋਂ ਪਹਿਲਾਂ ਕਿਸੇ ਵੀ ਸਮੇਂ ਅਦਾ ਕਰ ਦਿੱਤੇ ਜਾਂਦੇ ਹਨ ਤਾਂ ਸਾਡੇ ਵੱਲੋਂ ਸਕਿਉਰਡ ਐਸਟ ਦੀ ਵਿਕਰੀ ਜਾਂ ਤਬਦੀਲ ਨਹੀਂ ਕੀਤੇ ਜਾਣਗੇ ਅਤੇ ਸਾਡੇ ਵੱਲੋਂ ਸਕਿਉਰਡ ਐਸਟ ਨੂੰ ਤਬਦੀਲ ਜਾਂ ਵਿਕਰੀ ਕਰਨ ਸੰਬੰਧੀ ਅਗਲੇ ਕਦਮ ਨਹੀਂ ਉਠਾਏ ਜਾਣਗੇ।

**ਕਰਜ਼ਦਾਰਾਂ/ਗਰੰਟਰਾਂ ਨੂੰ ਵਿੱਕਰੀ ਨੋਟਿਸ**

ਉਪਰੋਕਤ ਨੂੰ ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਸੈਕਸ਼ਨ 8 (6) ਨਾਲ ਪੜ੍ਹੇ ਜਾਂਦੇ ਨਿਯਮ 9 ਦੇ ਨੋਟਿਸ ਵਜੋਂ ਮੰਨਿਆ ਜਾਵੇਗਾ ਜੋ ਪ੍ਰਕਾਸ਼ਨ ਦੀ ਮਿਤੀ ਤੋਂ 15 ਦਿਨਾਂ ਦੇ ਅੰਦਰ ਇਸ ਦਾ ਭੁਗਤਾਨ ਕਰਨ ਲਈ ਜ਼ਿੰਮੇਵਾਰਾਂ ਨੂੰ ਭੇਜਿਆ ਜਾਵੇਗਾ।

ਮਿਤੀ : 12 ਦਸੰਬਰ 2025, ਸਥਾਨ : ਹੁਸ਼ਿਆਰਪੁਰ | ਸਹੀ/- ਸ੍ਰੀ ਗੌਰਵ ਮਹਾਜਨ, ਅਧਿਕਾਰਤ ਅਫਸਰ



**SBI** RETAIL ASSETS CENTRAL PROCESSING CENTRE (05296), 1ST FLOOR, CIVIL LINES, FOUNTAIN CHOWK, LUDHIANA

**ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 (ਸਰਫੇਸੀ ਐਕਟ) ਦੇ ਸੈਕਸ਼ਨ 13 (2) ਤਹਿਤ ਡਿਮਾਂਡ ਨੋਟਿਸ**

ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਦਰਸਾਏ ਕਰਜ਼ਦਾਰਾਂ ਅਤੇ ਸਹਿ-ਕਰਜ਼ਦਾਰਾਂ ਨੇ ਉਨ੍ਹਾਂ ਵੱਲੋਂ ਬੈਂਕ ਕੋਲੋਂ ਪ੍ਰਾਪਤ ਕੀਤੀਆਂ ਕਰਜ਼ਾ ਸਹੂਲਤਾਂ ਦੇ ਮੂਲ ਅਤੇ ਵਿਆਜ ਦੀ ਮੁੜ ਅਦਾਇਗੀ 'ਚ ਨਾਕਾਮੀ ਦਿਖਾਈ ਹੈ ਅਤੇ ਉਕਤ ਸਹੂਲਤਾਂ ਨਾਨ ਪ੍ਰਫਾਰਮਿੰਗ ਐੱਸਟਸ (ਐੱਨ ਪੀ ਏ) ਵਰਗੀਕ੍ਰਿਤ ਕਰ ਦਿੱਤੀਆਂ ਗਈਆਂ ਹਨ। ਬੈਂਕ ਦੇ ਅਧਿਕਾਰਤ ਅਫਸਰ ਵੱਲੋਂ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 ਦੇ ਸੈਕਸ਼ਨ 13 (2) ਤਹਿਤ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਉਨ੍ਹਾਂ ਦੇ ਆਖਰੀ ਜਾਣਕਾਰੀ ਵਾਲੇ ਪਤਿਆਂ 'ਤੇ ਨੋਟਿਸ ਜਾਰੀ ਕੀਤਾ ਜਾ ਚੁੱਕਾ ਹੈ, ਬੇਸ਼ੱਕ ਕੁਝ ਮਾਮਲਿਆਂ 'ਚ ਨੋਟਿਸ ਬਿਨਾਂ ਤਾਮੀਲ ਦੇ ਵਾਪਸ ਆ ਗਏ ਹਨ ਅਤੇ ਹੋਰ ਮਾਮਲਿਆਂ 'ਚ ਪ੍ਰਾਪਤੀ ਰਸੀਦਾਂ ਹਾਸਲ ਨਹੀਂ ਹੋਈਆਂ। ਅਜਿਹੇ 'ਚ 'ਚ ਕਰਜ਼ਦਾਰਾਂ/ਗਰੰਟਰਾਂ ਨੂੰ ਇਸ ਜਨਤਕ ਨੋਟਿਸ ਰਾਹੀਂ ਉਹੀ ਜਾਣਕਾਰੀ ਦਿੱਤੀ ਜਾਂਦੀ ਹੈ।

| ਕਰਜ਼ਦਾਰਾਂ/ਗਰੰਟਰਾਂ/ਭਾਈਵਾਲਾਂ ਅਤੇ ਰਹਿਣਕਾਰ ਦਾ ਨਾਂਅ | ਜਾਇਦਾਦ ਦਾ ਵੇਰਵਾ | ਨਾਨ-ਪ੍ਰਫਾਰਮਿੰਗ ਐੱਸਟ (ਐੱਨ ਪੀ ਏ) ਦੀ ਮਿਤੀ | ਡਿਮਾਂਡ ਨੋਟਿਸ ਦੀ ਮਿਤੀ | ਬਕਾਇਆ ਰਕਮ |
|---|---|---|---|---|
| (ਕਰਜ਼ਦਾਰ) :- ਸ੍ਰੀਮਤੀ ਮੰਜੂ ਚੌਧਰੀ ਪਤਨੀ ਸ੍ਰੀ ਸੰਜੀਵ ਚੌਧਰੀ #83, ਕੰਟਰੀ ਹੋਮ (ਪੂਰਬ) ਸਾਊਥ ਸਿਟੀ, ਹੰਬੜਾਂ ਰੋਡ, ਲੁਧਿਆਣਾ-141001 (ਕਰਜ਼ਦਾਰ) ਸ੍ਰੀ ਸੰਜੀਵ ਚੌਧਰੀ ਪੁੱਤਰ ਸ੍ਰੀ ਕਰਤਾਰ ਚੰਦ #83, ਕੰਟਰੀ ਹੋਮ (ਪੂਰਬ) ਸਾਊਥ ਸਿਟੀ, ਹੰਬੜਾਂ ਰੋਡ, ਲੁਧਿਆਣਾ-141001 (ਗਰਟੰਰ) ਸ੍ਰੀ ਸੰਜੀਵ ਕੁਮਾਰ (ਕਰਤਾ) #83, ਕੰਟਰੀ ਹੋਮ (ਪੂਰਬ) ਸਾਊਥ ਸਿੱਟੀ, ਹੰਬੜਾਂ ਰੋਡ, ਲੁਧਿਆਣਾ-141001 | ਸਮੁੱਚੀ ਜਾਇਦਾਦ 2 ਕਨਾਲ ਦਾ ਅਟੁੱਟ ਹਿੱਸਾ, ਖਸਰਾ ਨੰ. 11//15-11//17/1 ਖਾਤਾ ਨੰ. 64/67, 59/62 ਜਮ੍ਹਾਂਬੰਦੀ ਸਾਲ 1997-98 ਅਨੁਸਾਰ ਪਤਾ ਪਿੰਡ ਫਤਿਹਪੁਰ ਅਵਾਣਾ, ਤਹਿ ਤੇ ਜ਼ਿਲ੍ਹਾ ਲੁਧਿਆਣਾ ਜੋ ਕਿ ਸ੍ਰੀਮਤੀ ਮੰਜੂ ਚੌਧਰੀ ਪਤਨੀ ਸ੍ਰੀ ਸੰਜੀਵ ਚੌਧਰੀ ਦੇ ਨਾਂਅ 'ਤੇ ਹੈ, ਸੇਲ ਡੀਡ ਨੰ. 11283 ਤਰੀਕ 30/09/2022, ਹੱਦਬੰਦੀ : ਪੂਰਬ : ਗਵਾਂਢੀ 82'-10", ਪੱਛਮ : ਸੜਕ 30 ਚੌੜੀ 82'-10", ਉੱਤਰ : ਗਵਾਂਢੀ 108-07", ਦੱਖਣ : ਗਵਾਂਢੀ 108-07" | 29-09-2025 | 02-12-2025 | ਰੁਪਏ 17,07,289/- (ਸਤਾਰਾਂ ਲੱਖ ਸੱਤ ਹਜ਼ਾਰ ਦੋ ਸੌ ਉਨਾਨਵੇਂ ਕੇਵਲ) ਸਮੇਤ 02.12.2025 ਤੱਕ ਲਾਗੂ ਵਿਆਜ, ਤੁਹਾਨੂੰ ਉੱਪਰ ਦੱਸੀ ਰਕਮ ਉੱਪਰ ਠੇਕਾ ਦਰ ਸਮੇਤ ਭਵਿੱਖੀ ਵਿਆਜ, ਸਮੇਤ ਅਚਨਚੇਤੀ ਖਰਚੇ, ਚਾਰਜਿਜ਼ ਸਮੇਤ ਅਦਾਇਗੀ ਕਰਨੀ ਪਵੇਗੀ। |

ਬਦਲਵੀਂ ਨੋਟਿਸ ਸੇਵਾ ਵਾਸਤੇ ਕਦਮ ਉਠਾਏ ਜਾ ਰਹੇ ਹਨ, ਉਪਰੋਕਤ ਕਰਜ਼ਦਾਰ ਅਤੇ/ਜਾਂ ਉਨ੍ਹਾਂ ਦੇ ਗਰੰਟਰ (ਜਿੱਥੇ ਵੀ ਲਾਗੂ ਹੋਵੇ) ਨੂੰ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਬਕਾਇਆ ਰਕਮ ਦੀ ਅਦਾਇਗੀ ਕਰਨ ਦਾ ਸੱਦਾ ਦਿੱਤਾ ਗਿਆ ਹੈ, ਅਸਫਲ ਰਹਿਣ 'ਤੇ ਇਸ ਨੋਟਿਸ ਦੀ ਮਿਤੀ ਤੋਂ 60 ਦਿਨ ਗੁਜ਼ਰ ਜਾਣ ਦੇ ਬਾਅਦ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 ਦੇ ਸੈਕਸ਼ਨ 13 ਦੇ ਸਬ ਸੈਕਸ਼ਨ 4 ਤਹਿਤ ਤਹਿਤ ਅਗਲੇ ਕਦਮ ਉਠਾਏ ਜਾਣਗੇ। ਐਕਟ ਦੇ ਸੈਕਸ਼ਨ 13 (13) ਅਨੁਸਾਰ ਇਸ ਨੋਟਿਸ ਦੀ ਪ੍ਰਾਪਤੀ 'ਤੇ ਬੈਂਕ ਦੀ ਮਨਜ਼ੂਰੀ ਤੋਂ ਬਿਨਾਂ ਤੇ ਕਾਰੋਬਾਰ ਦੀ ਆਮ ਪ੍ਰਕਿਰਿਆ ਤੋਂ ਇਲਾਵਾ ਤੁਹਾਡੇ 'ਤੇ ਉਪਰੋਕਤ ਸਕਿਉਰਟੀਜ਼ ਦੇ ਨਿਪਟਾਰੇ ਜਾਂ ਸੌਦੇਬਾਜ਼ੀ 'ਤੇ ਪਾਬੰਦੀ ਹੈ। ਕਿਰਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਇਸ ਸੈਕਸ਼ਨ ਦੀ ਕਿਸੇ ਤਰ੍ਹਾਂ ਦੀ ਉਲੰਘਣਾ ਕਰਨ 'ਤੇ ਗੰਭੀਰ ਨਤੀਜੇ ਭੁਗਤਣੇ ਪੈ ਸਕਦੇ ਹਨ। ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਨੂੰ ਸੰਬੰਧਤ ਬਰਾਂਚ ਤੋਂ ਨੋਟਿਸ ਪ੍ਰਾਪਤੀ ਦੀ ਕਾਪੀ ਹਾਸਲ ਕਰਨ ਦੀ ਵੀ ਸਲਾਹ ਦਿੱਤੀ ਜਾਂਦੀ ਹੈ।

ਮਿਤੀ : 12.12.2025 | ਸਥਾਨ : ਲੁਧਿਆਣਾ | ਅਧਿਕਾਰਤ ਅਫ਼ਸਰ

# ਜੀ ਹੋਲੀ ਹਾਰਟ ਸਕੂਲ 'ਚ ਮੁਫ਼ਤ ਕੈਂਸਰ ਜਾਂਚ ਕੈਂਪ ਲਗਾਇਆ, 450 ਮਰੀਜ਼ਾਂ ਦੀ ਜਾਂਚ

ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ) ਜੀ. ਹੋਲੀ ਹਾਰਟ ਪਬਲਿਕ ਸਕੂਲ ਵਿਖੇ ਮੁਫ਼ਤ ਮੈਡੀਕਲ, ਕੈਂਸਰ ਜਾਂਚ ਕੈਂਪ ਵਰਲਡ ਕੈਂਸਰ ਕੇਅਰ ਦੇ ਸੰਚਾਲਕ ਕੁਲਵੰਤ ਸਿੰਘ ਧਾਲੀਵਾਲ ਦੇ ਸਹਿਯੋਗ ਨਾਲ ਲਾਇਆ ਗਿਆ।ਕੈਂਪ ਦਾ ਉਦਘਾਟਨ ਮੁੱਖ ਮਹਿਮਾਨ ਐਸ ਡੀ ਐਮ ਬੇਅੰਤ ਸਿੰਘ ਸਿੱਧੂ ਨੇ ਕੀਤਾ।ਉਨ੍ਹਾਂ ਪ੍ਰਬੰਧਕਾਂ ਦੇ ਇਸ ਉੱਦਮ ਦੀ ਸ਼ਲਾਘਾ ਕਰਦਿਆ ਕਿਹਾ ਕਿ ਅਜਿਹੇ ਮੁਫ਼ਤ ਚੈਕਅੱਪ ਕੈਂਪ ਹਰ ਪਿੰਡ ਵਿੱਚ ਲਾਉਣ ਲਈ ਸਮਾਜ ਸੇਵੀ ਸੰਸਥਾਵਾਂ, ਯੂਥ ਕਲੱਬਾਂ ਨੂੰ ਅੱਗੇ ਆਉਣਾ ਚਾਹੀਦਾ ਹੈ। ਮੈਨੇਜਿੰਗ ਡਾਇਰੈਕਟਰ ਸੁਸ਼ੀਲ ਗੋਇਲ ਨੇ ਮਹਿਮਾਨਾਂ ਨੂੰ ਜੀ ਆਇਆਂ ਨੂੰ ਆਖਦਿਆਂ ਦੱਸਿਆ ਕਿ ਸੰਸਥਾ ਵਲੋਂ ਸਮੂਹ ਵਿਦਿਆਰਥੀਆਂ ਨੂੰ ਮਿਆਰੀ ਵਿੱਦਿਆ ਦੇਣ ਦੇ ਨਾਲ-ਨਾਲ ਚਲਾਈ ਜਾ ਰਹੀ ਸਮਾਜ ਸੇਵਾ ਦੀ ਮੁਹਿੰਮ ਤਹਿਤ ਸਮੇਂ ਸਮੇਂ ਬਿਪਤਾ ਮਾਰੇ ਲੋਕਾਂ ਦੀ ਸਹਾਇਤਾ ਕਰਨ ਤੋਂ ਇਲਾਵਾ ਹਰ ਛੇ ਮਹੀਨੇ ਬਾਅਦ ਮੈਡੀਕਲ ਚੈਕਅੱਪ ਕੈਂਪ ਲਗਾ ਕੇ ਲੋੜਵੰਦਾਂ ਨੂੰ ਸਹਾਇਤਾ ਦਿੱਤੀ ਜਾ ਰਹੀ ਹੈ।ਇਸ ਸਮਾਜ ਸੇਵੀ ਕਾਰਜਾਂ ਦੀ ਲੜੀ ਨੂੰ ਭਵਿੱਖ ਵਿੱਚ ਨਿਰੰਤਰ ਜਾਰੀ ਰੱਖਿਆ ਜਾਵੇਗਾ।ਇਸ ਮੌਕੇ ਡੀ ਐਸ ਪੀ ਜਸਪਾਲ ਸਿੰਘ ਧਾਲੀਵਾਲ, ਫੈਡਰੇਸ਼ਨ ਦੇ ਡਾਇਰੈਕਟਰ ਜਗਜੀਤ ਸਿੰਘ ਧੂਰੀ, ਬਲਦੇਵ ਕ੍ਰਿਸ਼ਨ ਅਰੋੜਾ, ਸਮਾਜ ਸੇਵੀ ਹਰਵਿੰਦਰ ਜਿੰਦਲ, ਰਾਜ ਕੁਮਾਰ ਜਿੰਦਲ , ਯਸ਼ਪਾਲ ਜਿੰਦਲ, ਐਸ. ਐਚ. ਓ. ਸਰਬਜੀਤ ਸਿੰਘ ਰੰਗੀਆਂ, ਗੁਰਪ੍ਰੀਤ ਸਿੰਘ ਅਣਖੀ ਉਚੇਚੇ ਤੌਰ 'ਤੇ ਹਾਜ਼ਰ ਹੋਏ।ਮਾਹਿਰ ਡਾਕਟਰਾਂ ਦੀ ਟੀਮ ਵੱਲੋਂ 450 ਮਰੀਜ਼ਾਂ ਦਾ ਚੈੱਕਅਪ ਕੀਤਾ ਗਿਆ।ਲੋੜਵੰਦਾਂ ਦੇ ਲੋੜੀਂਦੇ ਟੈਸਟ ਫਰੀ ਕਰਕੇ ਦਵਾਈਆਂ ਵੀ ਮੁਫ਼ਤ ਵੰਡੀਆਂ ਗਈਆਂ।



# 'ਨਸ਼ਾ ਮੁਕਤ ਪੰਜਾਬ' ਮੁਹਿੰਮ ਤਹਿਤ ਜ਼ਿਲ੍ਹਾ ਕਚਹਿਰੀਆਂ 'ਚ ਲੱਗਾ ਖ਼ੂਨਦਾਨ ਕੈਂਪ

ਗੁਰਦਾਸਪੁਰ (ਜਨਕ ਮਹਾਜਨ)- ਦਿਲਬਾਗ ਸਿੰਘ ਜੌਹਲ ਮਾਨਯੋਗ ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਗੁਰਦਾਸਪੁਰ ਦੇ ਦਿਸ਼ਾ ਨਿਰਦੇਸ਼ਾਂ ਅਤੇ ਹਰਪ੍ਰੀਤ ਸਿੰਘ ਸੀਜੇਐੱਮ-ਸਹਿਤ-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਗੁਰਦਾਸਪੁਰ ਵਲੋਂ 'ਨਸ਼ਾ ਮੁਕਤ ਪੰਜਾਬ' ਮੁਹਿੰਮ ਤਹਿਤ ਜ਼ਿਲ੍ਹਾ ਕਚਹਿਰੀਆਂ ਗੁਰਦਾਸਪੁਰ ਵਿਚ ਖ਼ੂਨਦਾਨ ਕੈਂਪ ਲਗਾਇਆ ਗਿਆ। ਇਹ ਖ਼ੂਨਦਾਨ ਕੈਂਪ ਸਿਵਲ ਸਰਜਨ, ਗੁਰਦਾਸਪੁਰ ਦੇ ਸਹਿਯੋਗ ਨਾਲ ਲਗਾਇਆ ਗਿਆ। ਇਸ ਖ਼ੂਨਦਾਨ ਕੈਂਪ ਦਾ ਉਦਘਾਟਨ ਦਿਲਬਾਗ ਸਿੰਘ ਜੌਹਲ ਮਾਨਯੋਗ ਜ਼ਿਲ੍ਹਾ ਅਤੇ ਸੈਸ਼ਨ ਜੱਜ-ਸਹਿਤ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਗੁਰਦਾਸਪੁਰ ਵੱਲੋਂ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨਾਲ ਗੁਰਦਾਸਪੁਰ ਦੇ ਸਮੂਹ ਜੁਡੀਸ਼ੀਅਲ ਅਫ਼ਸਰ ਸਹਿਬਾਨ ਵੀ ਮੌਜੂਦ ਸਨ। ਦਿਲਬਾਗ ਸਿੰਘ ਜੌਹਲ ਮਾਨਯੋਗ ਜ਼ਿਲ੍ਹਾ ਅਤੇ ਸੈਸ਼ਨ ਜੱਜ ਗੁਰਦਾਸਪੁਰ ਦੁਆਰਾ ਜ਼ਿਲ੍ਹਾ ਕਚਹਿਰੀਆਂ ਗੁਰਦਾਸਪੁਰ ਦੇ ਸਮੂਹ ਸਟਾਫ ਨੂੰ ਖ਼ੂਨਦਾਨ ਕੈਂਪ ਵਿੱਚ ਖ਼ੂਨ ਦਾਨ ਕਰਨ ਲਈ ਪ੍ਰੇਰਿਤ ਕੀਤਾ ਗਿਆ। ਉਨ੍ਹਾਂ ਕਿਹਾ ਕਿ ਖ਼ੂਨਦਾਨ ਕਰਨਾ ਵੱਡੇ ਪੁੰਨ ਵਾਲਾ ਕੰਮ ਹੈ, ਇਸ ਨਾਲ ਅਸੀਂ ਕੀ ਕੀਮਤੀ ਜਾਨਾਂ ਨੂੰ ਬਚਾ ਸਕਦੇ ਹਾਂ। ਇਸ ਲਈ ਖ਼ੂਨਦਾਨ ਜ਼ਰੂਰ ਕਰਨਾ ਚਾਹੀਦਾ ਹੈ। ਇਸ ਮੌਕੇ ਜ਼ਿਲ੍ਹਾ ਕਚਹਿਰੀਆਂ ਗੁਰਦਾਸਪੁਰ ਦੇ ਜੁਡੀਸ਼ੀਅਲ ਅਫ਼ਸਰ, ਸਟਾਫ ਮੈਂਬਰ ਅਤੇ ਵਕੀਲਾਂ ਵੱਲੋਂ ਖ਼ੂਨਦਾਨ ਕੀਤਾ ਗਿਆ।




# ਆਸ਼ਿਆਨਾ ਮੁਹਿੰਮ ਤਹਿਤ ਸੇਵਾਦਾਰਾਂ ਪ੍ਰੇਮੀ ਬਦਲੂ ਦੇ ਘਰ ਦੀ ਬਦਲੀ ਛੱਤ



ਮੋਗਾ, (ਇਕਬਾਲ ਸਿੰਘ ਖਹਿਰਾ)- ਡੇਰਾ ਸੱਚਾ ਸੌਦਾ ਵੱਲੋਂ ਚਲਾਏ ਗਏ ਮਾਨਵਤਾ ਭਲਾਈ ਦੇ 170 ਸੇਵਾ ਕਾਰਜਾਂ ਵਿੱਚੋਂ 27ਵੇਂ ਸੇਵਾ ਕਾਰਜ ਆਸ਼ਿਆਨਾ ਮੁਹਿੰਮ ਤਹਿਤ ਮੋਗਾ ਸ਼ਹਿਰ ਦੇ ਬਾਬਾ ਨੰਦ ਸਿੰਘ ਨਗਰ ਵਿੱਚ ਡੇਰਾ ਸੱਚਾ ਸੌਦਾ ਦੀ ਸਾਧ ਸੰਗਤ ਨੇ ਪ੍ਰੇਮੀ ਬਦਲੂ, ਜਿਸ ਦੇ ਕਮਰੇ ਦੀ ਛੱਤ ਮੀਂਹਾਂ ਕਾਰਨ ਡਿੱਗ ਗਈ ਸੀ, ਨੂੰ ਉਸ ਦੇ ਕਮਰੇ ਦੀ ਛੱਤ ਨਵੀਂ ਪਾ ਕੇ ਦਿੱਤੀ। ਪ੍ਰਾਪਤ ਜਾਣਕਾਰੀ ਮੁਤਾਬਿਕ ਮੋਗਾ ਵਾਸੀ ਪ੍ਰੇਮੀ ਬਦਲੂ, ਜੋ ਕਿ ਪਿਛਲੇ 2 ਸਾਲਾਂ ਤੋਂ ਲੀਵਰ ਦੀ ਬਿਮਾਰੀ ਨਾਲ ਪੀੜਤ ਹੈ, ਦੇ ਕਮਰੇ ਦੀ ਛੱਤ ਮੀਂਹ ਕਾਰਨ ਡਿੱਗ ਗਈ ਸੀ।ਗਨੀਮਤ ਇਹ ਰਹੀ ਕਿ ਕੋਈ ਜਾਨੀ ਨੁਕਸਾਨ ਨਹੀਂ ਹੋਇਆ, ਪ੍ਰੰਤੂ ਬਦਲੂ ਨੂੰ ਬਿਮਾਰ ਹੋਣ ਕਰਕੇ ਘਰ ਚਲਾਉਣ ਵਿੱਚ ਬਹੁਤ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ।ਉਸ ਦੇ ਘਰ ਦੀ ਹਾਲਤ ਬਹੁਤ ਖਸਤਾ ਸੀ।ਇਸ ਅਵਸਥਾ ਵਿੱਚ ਘਰ ਦੀ ਛੱਤ ਪਾਉਣਾ ਬਦਲੂ ਲਈ ਬਹੁਤ ਵੱਡੀ ਚੁਣੌਤੀ ਸੀ।ਇਸ ਦਰਮਿਆਨ ਬਦਲੂ ਨੇ ਡੇਰਾ ਸੱਚਾ ਸੌਦਾ ਦੇ ਹੈਲਪਲਾਈਨ ਨੰਬਰ 'ਤੇ ਰਾਬਤਾ ਕਾਇਮ ਕੀਤਾ ਤੇ ਡੇਰਾ ਸੱਚਾ ਸੌਦਾ ਨੂੰ ਆਪਣੀ ਸਾਰੀ ਸਥਿਤੀ ਨਾਲ ਜਾਣੂ ਕਰਵਾਇਆ, ਜਿਸ ਮਗਰੋਂ ਪੜਤਾਲ ਕਰਨ 'ਤੇ ਪ੍ਰੇਮੀ ਬਦਲੂ ਨੂੰ ਸਹਾਇਤਾ ਯੋਗ ਪਾਇਆ ਗਿਆ ਅਤੇ ਡੇਰਾ ਸੱਚਾ ਸੌਦਾ ਵੱਲੋਂ ਪ੍ਰੇਮੀ ਬਦਲੂ ਦੇ ਕਮਰੇ ਦੀ ਛੱਤ ਬਦਲਣ ਲਈ ਬਲਾਕ ਮੋਗਾ ਦੇ ਸ਼ਾਹ ਸਤਿਨਾਮ ਜੀ ਗ੍ਰੀਨ ਐੱਸ ਵੈੱਲਫੇਅਰ ਕਮੇਟੀ ਦੇ ਸੇਵਾਦਾਰ ਨੂੰ ਆਖਿਆ ਗਿਆ, ਜਿਸ ਮਗਰੋਂ ਬਲਾਕ ਮੋਗਾ ਦੇ ਸੇਵਾਦਾਰਾਂ ਤੇ ਸਾਧ ਸੰਗਤ ਨੇ ਖਰਾਬ ਮੌਸਮ ਦੇ ਬਾਵਜੂਦ ਪ੍ਰੇਮੀ ਬਦਲੂ ਦੇ ਕਮਰੇ ਦੀ ਛੱਤ ਬਣਾਉਣ ਦੀ ਸੇਵਾ ਕੀਤੀ। ਇਸ ਮੌਕੇ ਪ੍ਰੇਮੀ ਬਦਲੂ ਨੇ ਆਪਣੀਆਂ ਹੰਝੂ ਭਰੀਆਂ ਅੱਖਾਂ ਨਾਲ ਪੂਜਨੀਕ ਸੰਤ ਡਾਕਟਰ ਗੁਰਮੀਤ ਰਾਮ ਰਹੀਮ ਸਿੰਘ ਜੀ ਇੰਸਾਂ ਦਾ ਤਹਿਦਿਲੋਂ ਧੰਨਵਾਦ ਕੀਤਾ, ਸਾਰੇ ਇਲਾਕੇ ਦੇ ਲੋਕਾਂ ਨੇ ਵੀ ਡੇਰਾ ਸੱਚਾ ਸੌਦਾ ਦੇ ਇਸ ਭਲਾਈ ਦੇ ਕਾਰਜ ਦੀ ਭਰਪੂਰ ਸ਼ਲਾਘਾ ਕੀਤੀ।

## ਚੋਣਾਂ ਅਕਾਲੀ ਉਮੀਦਵਾਰ ਵੱਡੀ ਲੀਡ ਨਾਲ ਜਿੱਤਣਗੇ : ਗਨੀਵ ਮਜੀਠੀਆ



ਤਰਸਿੱਕਾ (ਤਰਸੇਮ ਸਿੰਘ ਸਾਧਪੁਰ)- ਮਜੀਠਾ ਹਲਕੇ ਤੋਂ ਵਿਧਾਇਕ ਬੀਬਾ ਗਨੀਵ ਕੌਰ ਮਜੀਠੀਆ ਵੱਲੋਂ ਸ਼੍ਰੋਮਣੀ ਅਕਾਲੀ ਦਲ ਦੇ ਬਲਾਕ ਸੰਮਤੀ ਜ਼ੋਨ ਸਾਧਪੁਰ ਤੋਂ ਉਮੀਦਵਾਰ ਅਜੀਤ ਸਿੰਘ ਭੋਏ ਅਤੇ ਜ਼ਿਲ੍ਹਾ ਪ੍ਰੀਸ਼ਦ ਜ਼ੋਨ ਤਰਸਿੱਕਾ ਤੋਂ ਉਮੀਦਵਾਰ ਬੀਬੀ ਪਵਨਪ੍ਰੀਤ ਕੌਰ ਦੇ ਹੱਕ ਵਿੱਚ ਪਿੰਡਾਂ ਵਿੱਚ ਪ੍ਰਚਾਰ ਕਰਦੇ ਹੋਏ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰਾਂ ਨੂੰ ਭਾਰੀ ਬਹੁਮਤ ਨਾਲ ਜਿਤਾਉਣ ਦੀ ਪਿੰਡਾਂ ਦੇ ਲੋਕਾਂ ਨੂੰ ਅਪੀਲ ਕੀਤੀ। ਸੰਬੋਧਨ ਕਰਦਿਆਂ ਬੀਬਾ ਗਨੀਵ ਕੌਰ ਮਜੀਠੀਆ ਨੇ ਕਿਹਾ ਕਿ ਉਨ੍ਹਾਂ ਦੇ ਪਤੀ ਬਿਕਰਮ ਸਿੰਘ ਮਜੀਠੀਆ ਜੋ ਹਲਕੇ ਦੇ ਲੋਕਾਂ ਨੂੰ ਬੇਹੱਦ ਪਿਆਰ ਕਰਦੇ ਹਨ, ਵੱਲੋਂ ਹਲਕੇ ਵਿੱਚ ਕੀਤੇ ਹੋਏ ਵਿਕਾਸ ਕਾਰਜਾਂ ਨੂੰ ਹਲਕੇ ਦੇ ਲੋਕ ਚੰਗੀ ਤਰ੍ਹਾਂ ਜਾਣਦੇ ਹਨ ਅਤੇ ਇਸੇ ਹੀ ਵਿਕਾਸ ਨੂੰ ਮੁੱਖ ਰੱਖਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰਾਂ ਨੂੰ ਜਿਤਾ ਕੇ ਹਲਕੇ ਦੇ ਲੋਕ ਬਿਕਰਮ ਸਿੰਘ ਮਜੀਠੀਆ ਨਾਲ ਆਪਣਾ ਪਿਆਰ ਹੋਰ ਵੀ ਮਜ਼ਬੂਤ ਕਰਨਗੇ। ਇਸ ਮੌਕੇ ਸਾਬਕਾ ਚੇਅਰਮੈਨ ਸੁਖਵਿੰਦਰ ਸਿੰਘ ਗੋਲਡੀ, ਐਡਵੋਕੇਟ ਬਿਕਰਮਜੀਤ ਸਿੰਘ ਬਾਠ ਭੋਏ, ਰਣਧੀਰ ਸਿੰਘ ਸਰਪੰਚ ਭੋਏ, ਸਾਬਕਾ ਸਰਪੰਚ ਧਰਮ ਸਿੰਘ ਸਾਧਪੁਰ, ਭਾਈ ਦਲੇਰ ਸਿੰਘ ਸਾਧਪੁਰ, ਗਾਂਧੀ ਨਿਬਰਵਿੰਡ ਸਮੇਤ ਵੱਡੀ ਗਿਣਤੀ ਵਿੱਚ ਅਕਾਲੀ ਵਰਕਰ ਮੌਜੂਦ ਸਨ।

## PUBLIC NOTICE

It hereby informs to public at large that Zewar Jewellery Forever.has avail loan of Rs 75,00,000/- from AU SMALL FINANCE BANK LIMITED have its branch office at Pathankot against Shop Measuring 650 Sq. Feet Comprising Under Redline Area Situated at Sadar Bazar, Gurdaspur, Tehsil and District Gurdaspur as owned by Sherry Babbar w/o Honey Babbar. I Sherry Babbar s/o Honey Babbar hereby declared that area of my property is 650 Sq. Feet which is correct and duly reflected in Municipal Record. I will be personally liable for any misrepresentation to the Bank . There is no third party interest involve in owner and title is clear. If anybody have any Objection regarding the ownership of the property mention below then may contact to undersigned and anybody having claim or claiming any prior rights or interest in any manner in this property or has raised Loan by depositing the aforesaid document to any person/bank/corporation/financial institution may approach the Lalit Kakkar (Advocate) Off. : Chamber No. 24, New Courts, Jalandhar. M.No. 98761-07449 and submit objection within 7 days from the date of this notice. After the expiry of period of this no claim shall be entertained and such claim shall be deemed to be false, fake, frivolous, fraudulent and baseless claim and shall have no value in the eyes of law.

## PUBLIC NOTICE

It hereby informs to public at large that Sheru.has avail loan from AU SMALL FINANCE BANK LIMITED have its branch office at Jalandhar. Sheru S/o Taru Ram owned Property i.e. House Measuring 4 Marla Comprising Under Khasra No. 138/2 Situated at Village Sanora, Tehsil Bhogpur, District Jalandhar Earlier Sale Deed No.1602 dated 24.03.2017 is lost and not traceable. There is no third party interest involve in owner and title is clear. If anybody have any Objection regarding the ownership of the property mention below then may contact to undersigned and anybody having claim or claiming any prior rights or interest in any manner in this property or has raised Loan by depositing the aforesaid document to any person/bank/corporation/financial institution may approach the Lalit Kakkar (Advocate) Off.: Chamber No. 24, New Courts, Jalandhar. M.No. 98761-07449 and submit objection within 7 days from the date of this notice. After the expiry of period of this no claim shall be entertained and such claim shall be deemed to be false, fake, frivolous, fraudulent and baseless claim and shall have no value in the eyes of law.

## Lost and Found

It is notified for the information my Client Aditya Birla Capital Ltd. having its Branch Office at Gurdaspur. Hereby give notice that one customer Sukhjeet Kaur w/o Manpreet Singh and Aashish Kumar S/o Harbans Singh R/o Vill. Budhabar, Tehsil Mukerian, Distt Hoshiarpur have applied for taking loan regarding property situated in Vill. Bakhewal HB No.-263 Tehsil Mukerian, Distt Hoshiarpur. Now said customer Sukhjeet Kaur W/o Manpreet Singh and Aashish Kumar S/o Harbans Singh R/o Vill. Budhabar, Have No. Old Sale Deed Having Document No. 2336 Dated 06-02-2015 Executed by Ravinder Kumar S/o Roshan Lal R/o Mukerian, Tehsil/Distt. Hoshiarpur Through Attorney Parkash Chand S/o Sant Ram in favour of Balwinder Kaur W/o Surinder Singh, R/o Randhawa Colony Mukerian. Sukhjeet Kaur W/o Manpreet Singh and Aashish Kumar S/o Harbans Singh. Going to take loan from Aditya Birla Capital Ltd. Above transaction and days Mortgage Property with Aditya Birla Capital Ltd. Contact me with 7 days from the date of publication this advertisement. Contact Rajinder Kumar advocate Mobile 98727-54226.

## ਅਦਾਲਤੀ ਇਸ਼ਤਿਹਾਰ

[illegible]

## COURT NOTICE

(U/o 5 Rule 20 CPC)
In The Court of
Sh. Anannya Rishi
Civil Judge (Junior Division), Rupnagar
CNR No. PBRO02-001818-2024
Next Date: 13-01-2026
Anurag Verma
Vs.
Malkiat Singh
Publication Issued To:
Defendent No. 1 To 33 as Per The Plaint Attached

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 13-01-2026 at 10:00 a.m.

For details logon to https://highcourtchd.gov.in/?mod=district_notice&district=Rupnagar

Civil Judge (Junior Division), Rupnagar
Dated, this day of 11-12-2025

# ਨਗਰ ਨਿਗਮ ਕਮਿਸ਼ਨਰ ਵੱਲੋਂ ਧੱਲੇਕੇ-ਰੱਤੀਆਂ ਰੋਡ 'ਤੇ ਸਥਿਤ ਡੰਪ ਦਾ ਜਾਇਜ਼ਾ



ਮੋਗਾ, (ਇਕਬਾਲ ਸਿੰਘ ਖਹਿਰਾ)-ਵਧੀਕ ਡਿਪਟੀ ਕਮਿਸ਼ਨਰ (ਜ)-ਕਮ-ਕਮਿਸ਼ਨਰ ਨਗਰ ਨਿਗਮ ਮੋਗਾ ਜਸਪਿੰਦਰ ਸਿੰਘ ਵੱਲੋਂ ਸਵੱਛ ਭਾਰਤ ਮਿਸ਼ਨ ਦੇ ਤਹਿਤ ਧੱਲੇਕੇ-ਰੱਤੀਆਂ ਰੋਡ 'ਤੇ ਸਥਿਤ ਡੰਪ ਦਾ ਦੌਰਾ ਕੀਤਾ।ਉਨ੍ਹਾਂ ਡੰਪ ਸਾਈਟ 'ਤੇ ਬਾਇਓ-ਰੈਮੀਡੇਸ਼ਨ ਦੇ ਕੰਮ ਦਾ ਨਰੀਖਣ ਕਰਦਿਆਂ ਨਗਰ ਨਿਗਮ ਦੇ ਅਧਿਕਾਰੀਆਂ ਤੋਂ ਬਾਇਓ-ਰੈਮੀਡੇਸ਼ਨ ਦੇ ਕੰਮ ਦੀ ਜਾਣਕਾਰੀ ਲਈ।ਉਨ੍ਹਾਂ ਅਧਿਕਾਰੀਆਂ ਨੂੰ ਨਗਰ ਨਿਗਮ ਦੀਆਂ ਖਾਲੀ ਪਈਆਂ ਥਾਵਾਂ ਦੀ ਸ਼ਨਾਖਤ ਕਰਕੇ ਉੱਥੇ ਰੇਜੀਡਿਊ ਦੀ ਖਪਤ ਲਈ ਕਿਹਾ।ਇਸ ਤੋਂ ਬਾਅਦ ਉਨ੍ਹਾਂ ਆਯੂਸ਼ ਹਸਪਤਾਲ ਦਾ ਵੀ ਦੌਰਾ ਕੀਤਾ।ਉਨ੍ਹਾਂ ਹਸਪਤਾਲ ਵਿੱਚ ਕਿਸੇ ਵੀ ਡਾਕਟਰ ਦੇ ਹਾਜ਼ਰ ਨਾ ਹੋਣ ਦਾ ਗੰਭੀਰ ਨੋਟਿਸ ਲੈਂਦਿਆਂ ਜ਼ਿਲ੍ਹਾ ਆਯੁਰਵੈਦਿਕ ਅਫ਼ਸਰ ਨੂੰ ਆਯੁਸ਼ ਹਸਪਤਾਲ ਦੇ ਕੰਮਾਂ ਬਾਰੇ ਜਾਣਕਾਰੀ ਦੇਣ ਲਈ ਦਫ਼ਤਰ ਵਿੱਚ ਹਾਜ਼ਰ ਹੋਣ ਦੀ ਹਦਾਇਤ ਕੀਤੀ। ਜਸਪਿੰਦਰ ਸਿੰਘ ਨੇ ਡਾਗ ਸ਼ੈਲਟਰ ਦਾ ਜਾਇਜ਼ਾ ਲਿਆ ਤੇ ਇਸ ਮੌਕੇ ਉਨ੍ਹਾਂ ਨਾਲ ਪ੍ਰਵੀਨ ਕੁਮਾਰ ਸ਼ਰਮਾ ਕਾਰਜਕਾਰੀ ਐਕਸੀਅਨ ਵੀ ਮੌਜੂਦ ਸਨ।ਉਨ੍ਹਾਂ ਨਗਰ ਨਿਗਮ ਮੋਗਾ ਦੇ ਸਟੇਰੀਲਾਈਜੇਸ਼ਨ ਸੈਂਟਰ ਤੇ ਚੱਲ ਰਹੇ ਏ.ਬੀ.ਸੀ. (ਐਨੀਮਲ ਬਰਥ ਕੰਟਰੋਲ) ਪ੍ਰੋਗਰਾਮ ਬਾਰੇ ਜਾਣਕਾਰੀ ਲਈ।ਸੈਂਟਰ ਦੇ ਬੁਨਿਆਦੀ ਢਾਂਚੇ ਵਿੱਚ ਪਾਈਆਂ ਗਈਆਂ ਊਣਤਾਈਆਂ/ਖਾਮੀਆਂ ਨੂੰ ਪਹਿਲ ਦੇ ਆਧਾਰ 'ਤੇ ਠੀਕ ਕਰਨ ਲਈ ਕਿਹਾ ਅਤੇ ਨਾਲ ਹੀ ਸਲਾਟਰ ਹਾਊਸ ਦਾ ਵੀ ਦੌਰਾ ਕੀਤਾ ਗਿਆ।ਇਸ ਮੌਕੇ ਕਮਿਸ਼ਨਰ ਨਾਲ ਕਾਰਜਕਾਰੀ ਐਕਸੀਅਨ ਪ੍ਰਵੀਨ ਕੁਮਾਰ ਸ਼ਰਮਾ, ਸੰਦੀਪ ਕਟਾਰੀਆ, ਚੀਫ ਸੈਨੇਟਰੀ ਇੰਸਪੈਕਟਰ ਤੇ ਸੈਨੇਟਰੀ ਇੰਸਪੈਕਟਰਜ਼ ਅਤੇ ਅਮਿਤਪਾਲ ਸਿੰਘ ਪੀ ਏ ਆਦਿ ਹਾਜ਼ਰ ਸਨ।

# ਸਰਵਹਿੱਤਕਾਰੀ ਵਿੱਦਿਆ ਮੰਦਰ 'ਚ ਸੰਸਕਾਰ ਕੇਂਦਰਾਂ ਸੰਬੰਧੀ ਮਹੱਤਵਪੂਰਨ ਮੀਟਿੰਗ



ਜਗਰਾਓਂ (ਅਮਿਤ ਖੰਨਾ) ਸ੍ਰੀਮਤੀ ਸਤੀਸ਼ ਗੁਪਤਾ ਸਰਵਹਿੱਤਕਾਰੀ ਵਿੱਦਿਆ ਮੰਦਰ ਸੀਨੀਅਰ ਸੈਕੰਡਰੀ ਸਕੂਲ ਵਿੱਚ ਸੰਸਕਾਰ ਕੇਂਦਰਾਂ ਸੰਬੰਧੀ ਇਕ ਮਹੱਤਵਪੂਰਨ ਮੀਟਿੰਗ ਦਾ ਆਯੋਜਨ ਕੀਤਾ ਗਿਆ।ਮੀਟਿੰਗ ਦੀ ਅਗਵਾਈ ਕਰਮਜੀਤ ਸਿੰਘ ਪਰਮਾਰ, ਪ੍ਰਾਂਤ ਸੰਸਕਾਰ ਸੰਯੋਜਕ ਨੇ ਕੀਤੀ।ਉਨ੍ਹਾਂ ਨਾਲ ਲੁਧਿਆਣਾ ਵਿਭਾਗ ਦੇ ਪ੍ਰਮੁੱਖ ਸ੍ਰੀ ਕੁਲਦੀਪ ਕੁਮਾਰ ਸਰਵਹਿੱਤਕਾਰੀ ਸਕੂਲ ਦੇ ਪ੍ਰਬੰਧਕ ਸ੍ਰੀ ਪ੍ਰਦੀਪ ਕੁਮਾਰ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਸਨ।ਜ਼ਿਲ੍ਹਾ ਫਿਰੋਜ਼ਪੁਰ, ਜੀਰਾ, ਮੋਗਾ ਤੇ ਜਗਰਾਉਂ ਖੇਤਰਾਂ ਦੇ ਸੰਸਕਾਰ ਕੇਂਦਰਾਂ ਦੀਆਂ ਸੰਚਾਲਕਾਂ ਤੇ ਪ੍ਰਮੁੱਖ ਦੀਦੀਆਂ ਨੇ ਭਾਗ ਲਿਆ।ਸ੍ਰੀ ਕਰਮਜੀਤ ਸਿੰਘ ਪਰਮਾਰ ਨੇ ਸੰਸਕਾਰ ਕੇਂਦਰਾਂ ਦੇ ਮਹੱਤਵ, ਉਨ੍ਹਾਂ ਦੇ ਲਾਭਾਂ ਤੇ ਚਲਾਉਣ ਦੇ ਤਰੀਕਿਆਂ ਬਾਰੇ ਵਿਸਤ੍ਰਿਤ ਜਾਣਕਾਰੀ ਦਿੱਤੀ। ਉਨ੍ਹਾਂ ਪ੍ਰੇਰਿਤ ਕਰਦਿਆਂ ਕਿਹਾ ਕਿ ਸੰਸਕਾਰ ਕੇਂਦਰਾਂ ਵਿੱਚ ਪੜ੍ਹਦੇ ਬੱਚੇ ਕੱਲ੍ਹ ਦੇ ਉਜਲੇ ਭਵਿੱਖ ਦੇ ਨਿਰਮਾਤਾ ਹਨ, ਇਸ ਲਈ ਉਨ੍ਹਾਂ ਦੀ ਪੜ੍ਹਾਈ ਤੇ ਖਾਸ ਧਿਆਨ ਦਿੱਤਾ ਜਾਵੇ।ਨਾਲ ਹੀ ਮਾਪਿਆਂ ਨਾਲ ਸਮੇਂ-ਸਮੇਂ 'ਤੇ ਮਿਲ ਕੇ ਬੱਚਿਆਂ ਦੀ ਉਨ੍ਹਾਂ ਦੀ ਸਮਰੱਥਾ ਅਨੁਸਾਰ ਹੌਸਲਾ ਅਫ਼ਜ਼ਾਈ ਕੀਤੀ ਜਾਵੇ।ਉਨ੍ਹਾਂ ਅਪੀਲ ਕੀਤੀ ਕਿ ਕੇਂਦਰਾਂ ਵਿੱਚ ਗੁਰੂਆਂ, ਸੰਤਾਂ ਤੇ ਪੀਰਾਂ ਦੇ ਜਨਮ ਦਿਨ ਮਨਾਏ ਜਾਣ ਅਤੇ ਬੱਚਿਆਂ ਨੂੰ ਉਨ੍ਹਾਂ ਦੀ ਜੀਵਨੀ ਬਾਰੇ ਜਾਣਕਾਰੀ ਦਿੱਤੀ ਜਾਵੇ।ਇਸ ਤੋਂ ਇਲਾਵਾ ਪੂਰਵ ਵਿਦਿਆਰਥੀਆਂ, ਜੋ ਅੱਜ ਵੱਖ-ਵੱਖ ਪ੍ਰਜੈਕਟਾਂ 'ਤੇ ਕੰਮ ਕਰ ਰਹੇ ਹਨ, ਨੂੰ ਸੱਦਾ ਦੇ ਕੇ ਮੌਜੂਦਾ ਬੱਚਿਆਂ ਨੂੰ ਅੱਗੇ ਵਧਣ ਲਈ ਪ੍ਰੇਰਿਤ ਕਰਨ।ਕਰਮਜੀਤ ਸਿੰਘ ਪਰਮਾਰ ਨੇ ਇਹ ਵੀ ਕਿਹਾ ਕਿ ਹਰ ਕੇਂਦਰ ਵਿਚ ਲੋੜ ਹੈ ਤਾਂ ਜੁ ਕੋਈ ਵੀ ਬੱਚਾ ਪੜ੍ਹਾਈ ਤੋਂ ਵਾਂਝਾ ਨਾ ਰਹਿ ਜਾਵੇ ਤੇ ਹਰ ਬੱਚੇ ਤੱਕ ਸਿੱਖਿਆ ਦੀ ਪਹੁੰਚ ਵਧੇ।ਸ੍ਰੀ ਕੁਲਦੀਪ ਨੇ ਉਨ੍ਹਾਂ ਨੂੰ ਕੇਂਦਰ ਚਲਾਉਣ ਦੇ ਵੱਖ-ਵੱਖ ਤਰੀਕਿਆਂ ਤੇ ਪ੍ਰਬੰਧਕੀ ਸੁਝਾਵਾਂ ਬਾਰੇ ਦੱਸਿਆ।ਸ੍ਰੀ ਪ੍ਰਦੀਪ ਕੁਮਾਰ ਨੇ ਅਧਿਆਪਕਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਬੱਚਿਆਂ ਦੇ ਮਾਪਿਆਂ ਨਾਲ ਮਿਲ ਕੇ ਉਨ੍ਹਾਂ ਨੂੰ ਵੀ ਪੜ੍ਹਾਈ ਲਈ ਪ੍ਰੇਰਤ ਕੀਤਾ ਜਾਵੇ ਤਾਂ ਜੁ ਬੱਚੇ ਹੋਰ ਵੀ ਅੱਗੇ ਵਧ ਸਕਣ।

## ਸਰਕਾਰੀ ਹਾਈ ਸਕੂਲ, ਬੀਰਮਪੁਰ

ਤਹਿਸੀਲ ਗੜ੍ਹਸ਼ੰਕਰ, ਜ਼ਿਲ੍ਹਾ ਹੁਸ਼ਿਆਰਪੁਰ
Ph. No. 82838-84674
Email: hsp.ghsbirampur@punjabeducation.gov.in
ਪੱਤਰ ਨੰਬਰ PMS-Exp-12/1 ਮਿਤੀ :- 11-12-2025

ਵਿਸ਼ਾ- ਟੈਂਡਰ ਨੋਟਿਸ

ਪੰਜਾਬ ਸਰਕਾਰ ਦੇ ਸਿੱਖਿਆ ਵਿਭਾਗ ਵੱਲੋਂ ਪੀ.ਐਮ. ਸ੍ਰੀ ਸ.ਹ.ਸ. ਬੀਰਮਪੁਰ ਦੇ 50 ਵਿਦਿਆਰਥੀਆਂ ਅਤੇ 2 ਅਧਿਆਪਕਾਂ ਦਾ ਐਕਸਪੋਜ਼ਰ ਟੂਰ ਮੈਸੂਰ ਵਿਖੇ ਲਿਜਾਣ ਦੀ ਪ੍ਰਵਾਨਗੀ ਮਿਲੀ ਹੈ। ਇਸ ਵਿੱਚ ਸਕੂਲ ਤੋਂ ਲੈ ਕੇ ਮੈਸੂਰ ਲਿਜਾਣ, ਉੱਥੇ ਵੱਖ-ਵੱਖ ਥਾਵਾਂ 'ਤੇ ਘੁਮਾਉਣ, ਰਿਹਾਇਸ਼, ਪੰਜ ਦਿਨ ਦਾ ਖਾਣ-ਪੀਣ, ਰਹਿਣ-ਸਹਿਣ, ਉੱਥੇ ਲੱਗਣ ਵਾਲੀਆਂ ਟਿਕਟਾਂ ਦਾ ਖਰਚਾ ਅਤੇ ਵਾਪਸੀ ਸਕੂਲ ਤੱਕ ਛੱਡਣ ਦਾ ਪੂਰਨ ਤੌਰ 'ਤੇ ਖਰਚਾ (GST ਸਮੇਤ) ਸ਼ਾਮਲ ਹੈ। ਦਿਲਚਸਪੀ ਰੱਖਣੀਆਂ ਵਪਾਰਕ ਸੰਸਥਾਵਾਂ ਨੂੰ ਮਿਤੀ 15-12-25 ਨੂੰ ਸਕੂਲ ਵਿੱਚ ਸਮੇਤ ਸਵੇਰੇ 10:00 ਵਜੇ ਪਹੁੰਚਣ ਦਾ ਸੱਦਾ ਦਿੱਤਾ ਜਾਂਦਾ ਹੈ।

ਹੈਡਮਾਸਟਰ , ਸਰਕਾਰੀ ਹਾਈ ਸਕੂਲ ਬੀਰਮਪੁਰ (ਹੁਸ਼ਿਆਰਪੁਰ)

## ਦੀ ਨੂਰਮਹਿਲ ਕੋ-ਆਪ. ਮਾਰਕੀਟਿੰਗ ਕਮ ਪ੍ਰੋਸੈਸਿੰਗ ਸੁਸਾਇਟੀ ਲਿਮ. ਨੂਰਮਹਿਲ

### ਸੇਲਜ਼ਮੈਨ ਦੀ ਭਰਤੀ

ਦੀ ਨੂਰਮਹਿਲ ਕੋ-ਆਪ. ਮਾਰਕੀਟਿੰਗ ਕਮ ਪ੍ਰੋਸੈਸਿੰਗ ਸੁਸਾਇਟੀ ਲਿਮ. ਨੂਰਮਹਿਲ ਵਿਚ ਸੇਲਜ਼ਮੈਨ ਦੀ ਭਰਤੀ ਸੀ. ਸੀ. ਰੇਟਾਂ ਦਾ ਨਾਂ 7ਵੇਂ ਪੇਅ ਕਮਿਸ਼ਨ ਤਹਿਤ ਕੀਤੀ ਜਾਣੀ ਹੈ, ਜਿਸ ਸਬੰਧੀ ਇੰਟਰਵਿਊ ਮਿਤੀ 07.01.2026 ਸਵੇਰੇ 10.00 ਵਜੇ ਸਭਾ ਦੇ ਦਫਤਰ ਨੂਰਮਹਿਲ ਵਿਖੇ ਹੋਵੇਗੀ।

[illegible] ਕੋਲ ਸਵੇਰੇ 10.00 ਵਜੇ ਤੋਂ ਸ਼ਾਮ 5.00 ਵਜੇ ਤੱਕ ਜਮ੍ਹਾਂ ਕਰਵਾ ਸਕਦੇ ਹਨ।

ਜਾਰੀ ਕਰਤਾ :
ਦੀ ਨੂਰਮਹਿਲ ਕੋ-ਆਪ. ਮਾਰਕੀਟਿੰਗ ਕਮ ਪ੍ਰੋਸੈਸਿੰਗ ਸੁਸਾਇਟੀ ਲਿਮ. ਨੂਰਮਹਿਲ। ਮੋਬਾ: 98767-70276

## COURT NOTICE

(U/o 5 Rule 20 CPC)
In The Court of Garima Gupta
Civil Judge (Junior Division), Amritsar
CS/5499/2024 RECOVERY
CNR No. PBAS02-005498-2024
Next Date :- 30-01-2026

Punjab National Bank Having Its Branch Office at Village Rajatal Attari, Distt. Amritsar Through Tarsem Singh S/o Jagnandan Singh Senior Manager and attorney for and on behalf of the Plaintiff Bank.
Vs.
Avtar Singh & Others
Publication Issued To:
2. Ravinder Singh S/o Balkar Singh, Resident of Village Dauke, Tehsil and District Amritsar

In above titled case, the defendant(s)/respondent(s) could not be served. It is ordered that defendant(s)/ respondent(s) should appear in person or through counsel on 30-01-2026 at 10:00 a.m.

For details logon to https://highcourtchd.gov.in/?trs=district_notice&district=Amritsar

Civil Judge (Junior Division), Amritsar
Dated, this day of 12-12-2025

## CRIMINAL COURTS, AMRITSAR

In The Court of
Dr. Gurdarshan Singh
Judicial Magistrate First Class, Amritsar
Notice to Respondent
CNR No. PBAS030065672021
Next Date: 03.02.2026
U/S:12 of Domestic Violence Act
Jasbir Kaur W/o Joginder Singh, resident of Baba Tirath Singh Colony, Kapatgarh, Chheharta, Amritsar
Versus
Joginder Singh
To Respondent :
Joginder Singh S/o Raj Mal, resident of Village Kandhali Naurangpur, Tehsil Dasuya, District Hoshiarpur.

In above titled petition the respondent could not be served. It is ordered that the respondent should appear in person or through counsel on 03.02.2026 at 10.00 am.

For details Logon To: https://highcourtchd.gov.in/?trs=district_notice&district=amritsar

(Judicial Magistrate Ist Class), Amritsar
Dated: 12.12.2025

## ਊੱਤਰ ਰੇਲਵੇ

### ਈ-ਟੈਂਡਰ ਸੂਚਨਾ

ਸੀਨੀਅਰ ਮੰਡਲ ਇੰਜੀਨੀਅਰ - ਤੀਸਰੀ, ਫ਼ਿਰੋਜ਼ਪੁਰ ਦੁਵਾਰਾ ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਹੇਠਾ ਲਿਖੀ ਈ-ਟੈਂਡਰਾ, ਆਖਰੀ ਮਿਤੀ ਆਖਰੀ ਮਿਤੀ **02.01.2026** ਵਕਤ **15.00 ਵਜੇ** ਤਕ www.ireps.gov.in ਉਤੇ ਮੰਗ ਕੀਤੀ ਜਾਂਦੀ ਹੈ। ਟੈਂਡਰਕਰਤਾ ਅਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ। ਮੈਨੂੰਅਲ ਟੈਂਡਰ ਮਾਨਯ ਨਹੀਂ ਹੈ ਅਤੇ ਇਸਤਰ੍ਹਾਂ ਕਿਸੀ ਵੀ ਮੈਨੂੰਅਲ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰ ਟੈਂਡਰ ਪ੍ਰਪੱਤਰ ਦੀ ਲਾਗਤ ਅਤੇ ਬਿਆਨਾ ਰਾਸ਼ੀ ਠੇਕੇਦਾਰ ਟੈਂਡਰ ਪ੍ਰਪੱਤਰ ਦੀ ਲਾਗਤ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ www.ireps.gov.in ਪੋਰਟਲ ਉਤੇ ਉਪਲਬਧ ਆਨਲਾਈਨ ਸਾਧਨਾਂ ਦੇ ਦੁਵਾਰਾ ਜਿਸਤਰ੍ਹਾਂ ਨੇਟ ਬੈਂਕਿੰਗ, ਡੇਬਿਟ ਕਾਰਡ, ਕ੍ਰੇਡਿਟ ਕਾਰਡ ਆਦਿ ਤੋਂ ਭੁਗਤਾਨ ਕਰ ਸਕਦੇ ਹਨ। ਡਿਮਾਂਡ ਡਰਾਫਟ, ਬੈਂਕਰਸ ਚੈਕ, ਐਫ.ਡੀ.ਆਰ. ਤੇ ਰਸੀਦਾਂ ਆਦਿ ਦੇ ਦੁਵਾਰਾ ਤੋਂ ਭੁਗਤਾਨ ਦੀ ਅਨੁਮਤੀ ਨਹੀਂ ਹੈ।

| ਟੈਂਡਰ ਪ੍ਰਕਾਰ | ਟੈਂਡਰ ਅਨੁਭਾਗ | ਬੋਲੀ ਪ੍ਰਣਾਲੀ |
|---|---|---|
| ਖੁਲੀ | ਕੰਮ | ਇਕ ਬੋਲੀ ਪ੍ਰਣਾਲੀ |
| ਟੈਂਡਰ ਅਪਲੋਡ ਕਰਨ ਦੀ ਮਿਤੀ | ਬੋਲੀ ਸ਼ੁਰੂ ਦੀ ਮਿਤੀ | ਬੋਲੀ ਪੂਰੀ ਕਰਨ ਦੀ ਮਿਤੀ ਅਤੇ ਸਮਾਂ |
| 10.12.2025 | 19.12.2025 | 02.01.2026, 15:00 ਵਜੇ |

| ਲੜੀ ਨੰਬਰ | ਟੈਂਡਰ ਨੰਬਰ | ਟੈਂਡਰ ਦਾ ਵੇਰਵਾ |
|---|---|---|
| 1. | 197-2025-26-SrDEN-3-FZR | ਸਹਾਇਕ ਮੰਡਲ ਇੰਜੀਨੀਅਰ/ਜਲੰਧਰ ਅਤੇ ਸਹਾਇਕ ਮੰਡਲ ਇੰਜੀਨੀਅਰ-ਦੂਸਰੀ/ਅੰਮ੍ਰਿਤਸਰ ਦੇ ਅਧੀਨ ਜਲੰਧਰ-ਢਿਲਵਾਨ ਅਤੇ ਢਿਲਵਾਨ-ਅੰਮ੍ਰਿਤਸਰ ਖੰਡ ਵਿਚ ਉਪਕਰ ਮੁਰੰਮਤ ਦੇ ਲਈ ਮਿੱਟੀ ਦਾ ਕੰਮ। |

| ਵਿਗਿਆਪਨ ਮੂਲ (ਰੁ:) | ਬਿਆਨਾ ਰਾਸ਼ੀ | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
|---|---|---|---|
| 1,36,34,974.94/- | 2,18,200.00/- | 60 ਦਿਨ | 06 ਮਹੀਨੇ |

**ਸਮਾਨ ਪ੍ਰਕ੍ਰਿਤੀ ਦਾ ਕੰਮ** – 'ਕਿਸੀ ਵੀ ਪ੍ਰਕਾਰ ਦਾ ਸਿਵਿਲ ਇੰਜੀਨੀਅਰਿੰਗ ਕੰਮ ਜਿਸ ਵਿਚ ਮਿੱਟੀ ਦਾ ਕੰਮ ਸ਼ਾਮਿਲ ਹੋਵੇ ਕਿਨਾਰੋਂ/ਕਟਿੰਗ ਵਿਚ।''

ਨੋਟ:– **1.** ਟੈਂਡਰ ਪਾਉਣ ਤੋਂ ਪਹਿਲਾ, ਟੈਂਡਰਕਰਤਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੀ ਵੀ ਸ਼ੁੱਧੀਪੱਤਰ ਦੀ ਜਾਂਚ ਕਰਣਗੇ। **2.** ਹਿੰਦੀ ਵਿਚ ਕਿਸੀ ਗਲਤੀ ਲਈ ਅੰਗ੍ਰੇਜੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜੀ ਵਰਜਨ ਹੀ ਮਾਨਯ ਹੋਣਗੇ।

ਨੰ: 197-2025-26-SrDEN-3-FZR ਮਿਤੀ : 11.12.2025 3842/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

## AXIS BANK

**Retail Asset Centre:** AXIS Bank Ltd, 2nd Floor, Property # 7-E, Municipal 3903/1142/16, Malhar Road, Sarabha Nagar, Ludhiana 141001., **Registered Office:** 'Trishul', 3rd Floor, Oppsite Samartheswar Temple, Law Garden, Ellisbridge, Ahmedabad-380006.

ਅੰਤਿਕਾ-IV[ਰੂਲ-8(1)]
ਕਬਜ਼ਾ ਨੋਟਿਸ (ਅਚੱਲ ਜਾਇਦਾਦ ਵਾਸਤੇ)

ਜਦੋਂ ਕਿ ਨਿਮਨਹਸਤਾਖਰੀ ਨੇ ਐਕਸਿਸ ਬੈਂਕ ਲਿਮ. ਦਾ ਅਧਿਕਾਰਤ ਅਫਸਰ ਹੋਣ ਨਾਤੇ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 ਅਧੀਨ ਅਤੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਸ਼ਿਵ ਟਰੇਡਿੰਗ ਕੰਪਨੀ ਰਾਹੀਂ ਇਸ ਦੇ ਮਾਲਕ ਸ੍ਰੀਮਤੀ ਵੀਨਾ ਰਾਣੀ ਨੂੰ ਨੋਟਿਸ 'ਚ ਦਰਸਾਈ ਬਕਾਇਆ ਰਕਮ ਰੁਪਏ 1,13,80,967/- (ਇੱਕ ਕਰੋੜ ਤੇਰਾਂ ਲੱਖ ਅੱਸੀ ਹਜ਼ਾਰ ਨੌਂ ਸੌ ਸਤਾਹਠ ਰੁਪਏ ਕੇਵਲ) ਮਿਤੀ 01 ਅਪ੍ਰੈਲ 2025 ਨੂੰ ਇਸ ਉੱਪਰ ਹੋਰ ਅਣਲਾਗੂ ਵਿਆਜ ਅਤੇ ਲਾਗਤਾਂ ਦੇ ਨੋਟਿਸ ਦੇ ਪ੍ਰਾਪਤ ਹੋਣ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਅਦਾਇਗੀ ਕਰਨ ਲਈ 16 ਮਈ 2025 ਨੂੰ ਡਿਮਾਂਡ ਨੋਟਿਸ ਜਾਰੀ ਕੀਤਾ ਸੀ।

ਕਰਜ਼ਦਾਰ/ਸਹਿ-ਕਰਜ਼ਦਾਰ/ਰਹਿਣਕਾਰ/ਗਰੰਟਰ ਰਕਮ ਦੀ ਅਦਾਇਗੀ ਕਰਨ 'ਚ ਨਾਕਾਮ ਰਹੇ ਹਨ। ਕਰਜ਼ਦਾਰ/ਸਹਿ ਕਰਜ਼ਦਾਰ/ਰਹਿਣਕਾਰ/ਗਰੰਟਰ ਅਤੇ ਆਮ ਜਨਤਾ ਨੂੰ ਨੋਟਿਸ ਜਾਰੀ ਕੀਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਨਿਯਮ 8 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13(4) ਅਧੀਨ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈ ਜਾਇਦਾਦ ਦਾ 09 ਦਸੰਬਰ 2025 ਨੂੰ ਕਬਜ਼ਾ ਲੈ ਲਿਆ ਹੈ।

ਕਰਜ਼ਦਾਰ/ਸਹਿ-ਕਰਜ਼ਦਾਰ/ਰਹਿਣਕਾਰ/ਗਰੰਟਰ ਨੂੰ ਖਾਸ ਤੌਰ 'ਤੇ ਅਤੇ ਆਮ ਜਨਤਾ ਨੂੰ ਖਬਰਦਾਰ ਕੀਤਾ ਹੈ ਕਿ ਉਹ ਜਾਇਦਾਦ ਬਾਰੇ ਕਿਸੇ ਤਰ੍ਹਾਂ ਦਾ ਲੈਣ-ਦੇਣ ਨਾ ਕਰਨ ਅਤੇ ਜਾਇਦਾਦ ਸੰਬੰਧੀ ਕਿਸੇ ਤਰ੍ਹਾਂ ਲੈਣ ਦੇਣ ਐਕਸਿਸ ਬੈਂਕ ਲਿਮਿਟਡ ਨੂੰ ਰਕਮ ਰੁਪਏ 1,13,80,967/- (ਇੱਕ ਕਰੋੜ ਤੇਰਾਂ ਲੱਖ ਅੱਸੀ ਹਜ਼ਾਰ ਨੌਂ ਸੌ ਸਤਾਹਠ ਰੁਪਏ ਕੇਵਲ) ਇਸ ਰਕਮ 'ਤੇ 1 ਅਪ੍ਰੈਲ 2025 ਨੂੰ ਹੋਰ ਵਿਆਜ ਅਦਾਇਗੀ ਦੀ ਮਿਤੀ ਤੱਕ ਹੋਰ ਵਿਆਜ, ਵਿਆਜ ਦੀ ਠੇਕਾ ਦਰ, ਅਤੇ ਇਸ 'ਤੇ ਖਰਚੇ ਦੇਣਦਾਰੀ ਦਾ ਵਿਸ਼ਾ ਹੋਵੇਗਾ।

ਕਰਜ਼ਦਾਰ/ਸਹਿ-ਕਰਜ਼ਦਾਰ/ਰਹਿਣਕਾਰ/ਗਰੰਟਰ ਦਾ ਸਕਿਉਰਡ ਐੱਸਟ ਦੇ ਪੁਨਰਗ੍ਰਹਿਣ ਲਈ ਉਪਲੱਬਧ ਸਮੇਂ ਦੇ ਸੰਬੰਧ 'ਚ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਪ੍ਰਤੀ ਧਿਆਨ ਦਿਵਾਇਆ ਜਾਂਦਾ ਹੈ।

### ਅਚੱਲ ਜਾਇਦਾਦ ਦਾ ਵੇਰਵਾ

1.ਰਜਿਸਟਰਡ ਬੈਨਾਮਾ ਵਸੀਕਾ ਨੰ. 16171 ਮਿਤੀ 25.01.2013 ਅਨੁਸਾਰ ਅਸ਼ੋਕ ਕੁਮਾਰ ਪੁੱਤਰ ਰਾਮਧਾਰੀ (ਇਸ ਤੋਂ ਬਾਅਦ ਜਾਇਦਾਦ ਕਿਹਾ ਗਿਆ) ਵਪਾਰਕ ਜਾਇਦਾਦ/ਗੜਾਉਨ ਪਲਾਟ ਨੰ. 623 (ਨਗਰ ਨਿਗਮ ਨੰ. 6153/5) ਕੁਲ ਖੇਤਰ ਰਕਬਾ 233 ਵਰਗ ਗਜ਼, ਗਲੀ ਨੰ. 2 ਵਿਖੇ ਸਥਿਤ, ਮੇਹਰ ਸਿੰਘ ਕਲੋਨੀ, ਅਬਾਦੀ ਤ੍ਰਿਪੜੀ ਟਾਉਨ, ਤਹਿਸੀਲ ਤੇ ਜ਼ਿਲ੍ਹਾ ਪਟਿਆਲਾ ਨਾਲ ਸੰਬੰਧਤ ਸਭ ਕੁਝ। ਹੱਦਾਂ ਇਸ ਤਰ੍ਹਾਂ ਹਨ :- ਪੂਰਬ : ਪ੍ਰੀਤਮ ਸਿੰਘ ਦਾ ਮਕਾਨ ਬਾਹੀ 30', ਪੱਛਮ: ਸੜਕ ਬਾਹੀ 30', ਉੱਤਰ: ਮਕਾਨ ਨੰ. 622 ਬਾਹੀ 70', ਦੱਖਣ : ਮਕਾਨ ਨੰ. 617 ਬਾਹੀ- 70'

2. ਰਜਿਸਟਰਡ ਬੈਨਾਮਾ ਵਸੀਕਾ ਨੰ. 18497 ਮਿਤੀ 24.01.2005 ਅਨੁਸਾਰ ਅਸ਼ੋਕ ਕੁਮਾਰ ਪੁੱਤਰ ਰਾਮਧਾਰੀ (ਇਸ ਤੋਂ ਬਾਅਦ ਜਾਇਦਾਦ ਕਿਹਾ ਜਾਵੇਗਾ) ਵਪਾਰਕ ਜਾਇਦਾਦ/ ਦੁਕਾਨ ਨੰ. 166 ਮਿਨ, ਕੁੱਲ ਖੇਤਰ 33-1/3 ਵਰਗ ਗਜ਼, ਤ੍ਰਿਪੜੀ ਟਾਉਨ ਪਟਿਆਲਾ ਵਿਖੇ ਸਥਿਤ, ਤਹਿਸੀਲ ਤੇ ਜ਼ਿਲ੍ਹਾ ਪਟਿਆਲਾ ਨਾਲ ਸੰਬੰਧਤ ਸਭ ਕੁਝ। ਹੱਦਾਂ ਇਸ ਤਰ੍ਹਾਂ ਹਨ :-ਪੂਰਬ : ਚੇਤਨ ਰਾਮ ਦਾ ਕੁਆਰਟਰ ਬਾਹੀ 10', ਪੱਛਮ : ਸੜਕ 22 ਬਾਹੀ 10', ਉੱਤਰ : ਪਾਰੀ ਰਾਮ ਦਾ ਮਕਾਨ, ਬਾਹੀ 30', ਦੱਖਣ : ਸਤ ਨਾਰਾਇਣ ਮੰਦਰ ਦਾ ਕਮਰਾ ਅਤੇ ਜ਼ਮੀਨ ਬਾਹੀ 30'

3. ਰਜਿਸਟਰਡ ਬੈਨਾਮਾ ਵਸੀਕਾ ਨੰ. 7104 ਮਿਤੀ 09.08.2010 ਅਨੁਸਾਰ ਵੀਨਾ ਰਾਣੀ ਪਤਨੀ ਅਸ਼ੋਕ ਕੁਮਾਰ ਪੁੱਤਰ ਰਾਮਧਾਰੀ (ਇਸ ਤੋਂ ਬਾਅਦ ਜਾਇਦਾਦ ਕਿਹਾ ਗਿਆ) ਰਿਹਾਇਸ਼ੀ ਜਾਇਦਾਦ/ਮਕਾਨ ਨੰ. 634, ਖੇਤਰ ਰਕਬਾ 0 ਕਨਾਲ-11 ਮਰਲਾ ਜੋ ਕਿ 333 ਵਰਗ ਗਜ਼, ਨਿਊ ਮੇਹਰ ਸਿੰਘ ਕਲੋਨੀ ਵਿਖੇ ਸਥਿਤ, ਪਿੰਡ ਤ੍ਰਿਪੜੀ ਸੈਦਾਂ ਦਾ ਖੇਤਰ, ਤਹਿਸੀਲ ਤੇ ਜ਼ਿਲ੍ਹਾ ਪਟਿਆਲਾ ਨਾਲ ਸੰਬੰਧਤ ਸਭ ਕੁਝ। ਹੱਦਾਂ ਇਸ ਤਰ੍ਹਾਂ ਹਨ:-ਪੂਰਬ : ਖਾਲੀ ਪਲਾਟ ਨੰ. 642 ਬਾਹੀ 40', ਪੱਛਮ : ਸੜਕ 20 ਬਾਹੀ 40', ਉੱਤਰ: ਮਕਾਨ ਨੰ. 635, ਬਾਹੀ 75', ਦੱਖਣ : ਸੁਰਿੰਦਰ ਸਿੰਘ ਦਾ ਮਕਾਨ ਨੰ. 633, ਬਾਹੀ 75'

ਮਿਤੀ :13.12.2025 ਸਹੀ/- (ਅਧਿਕਾਰਤ ਅਫਸਰ)
ਸਥਾਨ : ਪਟਿਆਲਾ ਐਕਸਿਸ ਬੈਂਕ ਲਿਮਿਟਡ

# ਕਲਾਸੀਫਾਈਡ ਇਸ਼ਤਿਹਾਰ

## Change of Name

I, Sarabjit Singh S/o S. Kamaljit Singh R/o Village Mander, Post Office Adda Kathar, Tehsil & District Jalandhar have changed my name from Sarabjit Singh to Singh Sarabjit. Singh is my surname. Please note.

I, Deepak S/o Dev Raj R/o H.No. 61/9, Mohalla Ramdaspur, PO. Alawalpur, Distt. Jalandhar, Punjab have changed my name from Deepak to Deepak Virdi & my Surname is Virdi. All concerned please note.

I,Gurpreet Singh S/O Narinder Singh R/O H.No.1,Gali No.2, Pawan Nagar,Batala Road,Amritsar,Punjab have changed my name from Gurpreet Singh to Gurpreet Singh Bedi. Concerned note.

I, Rattan Lal S/O Mool Raj R/O 5307, Gali No. 29, Meharpura, Amritsar, Punjab have changed my name from Rattan Lal to Gobind Sharma. Concerned note.

I, Sahibnoor Singh S/o Rashminder Singh R/o H.No. 3, F.C.I. Colony Near G.T.B. Nagar, Jalandhar-144001 ( PB) have changed my name from Sahibnoor Singh to Sahibnoor Singh Sidhu.

I Manoj Kumar S/o Chaman Lal Shoor, ,R/o 12 New (172), DR. Ambedkar Nagar , opp JP Nagar, Bast Nau, Jalandhar have changed my name from Manoj Kumar to Manoj Kumar Shoor.

I Ram Singh S/o Khushal Singh Ghotra R/o Village Akala P.O. Bholath Distt. Kapurthala 144622 Punjab, India have changed my name from Ram Singh To Ram Singh Ghotra.

I Rahul S/o Gurmeet Ram R/o Village Latianwala, PO Mothanwala, Tehsil - Sultanpur Lodhi, Kapurthala declare that I have changed my name from Rahul To Rahul Nahar.

I, Raghbir Singh s/o Jagdish Singh r/o Ward no. 6, VPO. Dasuya, Distt. Hoshiarpur have correct spelling of my name to Raghubir Singh. All Please Note.

I, Jobanjit Singh S/o Balbir Singh R/o Vill. Kaler, PO. Dhadiala Nazara, Gurdaspur have changed my name to Given Name as Jobanjit & Surname as Singh. Concerned Note.

I, Paramjit Kumar S/o Teju Ram R/o Vpo Chak Vendal Tehsil Nakodar, Distt Jalandhar Punjab – 144630 have changed my name and shall hereafter be known as Paramjit Kumar (Surname as Kumar).

I, Paramjit Kaur W/o Paramjit Kumar R/o Vpo Chak Vendal Tehsil Nakodar, Distt Jalandhar Punjab – 144630 have changed my name and shall hereafter be known as Paramjit Kaur (Surname as Kaur).

I, Baljeet Kaur Pannu W/o Harjit Singh R/o VPO Mohan Bhandari Teh Ajnala Distt Amritsar have changed my name from Baljeet Kaur Pannu To Baljit Kaur.

## Change of Name

I, Devi Alias Divya wife of Munish Kumar resident of H.No. 101, Kotla Pind, Shekhe Pind, Jalandhar-144025, Punjab have changed my name from Devi Alias Divya to Divya. All concerned please note.

I, Gill Gurdev kaur, wife of late Shri Gill Mohinder Lal, residing at [Village Kotli Sheikhan, post office Kishanpur 144302, Jalandhar Punjab declare that, Gill Gurdev kaur and Gurdev kaur, one and the same person.

I, Gill Gurdev Kaur, wife of late Shri Gill Mohinder Lal, residing at Village Kotli Sheikhan, post office Kishanpur 144302, Jalandhar Punjab declare that my husband name Gill Mohinder Lal and Mohinder Lal, one and the same person.

I, Kavita W/o Ramit Sharma R/o House No. 590, Village & Post Office Dakoha, District Jalandhar, Punjab-144023 have changed my name from Kavita to Kavita Sharma. All concerned please note.

I, Gaurav Dhunna S/o Nand Kishore R/o H.No.22, New Darshan Avenue, Near Bibek Academy, Sultanwind Link Road, Daburji Amritsar have changed my name from Gaurav Dhunna to Gaurav.

I, Rachpal Singh S/o Saroop Singh R/o H.No. 129, Dera Saroop Singh, Village Kale Ghanupur, Chheharta Amritsar-143105 have changed my name from Rachpal Singh to Rashpal Singh.

I, Maulik Kohli S/o Vinod Kumar R/o Near Lakir Sahib Gurudwara Fatehchak Deep Avenue, Tarn Taran have declare that Maulik is my Given name and Kohli is my Surname.

I, Sandeep Singh S/o Satnam Singh R/o VPO Udho Nangal Tehsil Baba Bakala District Amritsar have declare that Sandeep is my Given name and Singh is my Surname.

## ਨਾਂਅ ਦੀ ਬਦਲੀ

ਮੈਂ, Rajeev Kumar ਪੁੱਤਰ ਰਾਜਿੰਦਰ ਕੁਮਾਰ, ਵਾਸੀ ਮਕਾਨ ਨੰਬਰ 59, ਬੈਕਸਾਈਡ ਓਲਡ ਜੈਨ ਮੰਦਿਰ, ਵਾਰਡ ਨੰਬਰ 13-ਬੀ, ਧੂਰੀ (ਸੰਗਰੂਰ) ਨੇ ਆਪਣਾ ਨਾਮ ਬਦਲ ਕੇ Rajiv Kumar ਰੱਖ ਲਿਆ ਹੈ।

ਮੈਂ ਸਵਰਨ ਰਾਮ ਪੁੱਤਰ ਜਨਕ ਰਾਜ ਵਾਸੀ ਚੱਕ ਗੁਜਰਾਂ ਡਾਕਖਾਨਾ ਬਸੀ ਬੱਲੋਂ ਤਹਿਸੀਲ ਅਤੇ ਜਿਲਾ ਹੁਸ਼ਿਆਰਪੁਰ ਦਾ ਹਾਂ ਮੈਂ ਆਪਣਾ ਨਾਮ ਸਵਰਨ ਰਾਮ ਤੋਂ ਬਦਲ ਕੇ ਸਰਵਨ ਸਿੰਘ ਰੱਖ ਲਿਆ ਹੈ ਅੱਜ ਤੋਂ ਮੈਨੂੰ ਸਰਵਨ ਸਿੰਘ ਦੇ ਨਾਮ ਨਾਲ ਬੁਲਾਇਆ ਜਾਏ।

ਮੈਂ, ਹੈਪੀ ਗਿੱਲ ਪਤਨੀ ਜਸਬੀਰ ਸਿੰਘ, ਵਾਸੀ ਪਿੰਡ ਪੰਡੋਰੀ, ਡਾਕਖਾਨਾ ਝਾਂਵਾ, ਤਹਿਸੀਲ ਦਸੂਹਾ, ਜ਼ਿਲ੍ਹਾ ਹੁਸ਼ਿਆਰਪੁਰ। ਮੈਂ ਆਪਣੀ ਲੜਕੀ ਦਾ ਨਾਂਅ ਸਾਨੀਆ ਤੋਂ ਬਦਲ ਕੇ ਸਾਨੀਆ ਗਿੱਲ ਰੱਖ ਲਿਆ ਹੈ। ਸੰਬੰਧਤ ਨੋਟ ਕਰਨ।

## ਬੇਦਖਲੀ ਨੋਟਿਸ

ਮੈਂ, ਬੀਰਬਲ ਪੁੱਤਰ ਸਵਰਗੀ ਸਵਰਨ ਕੁਮਾਰ, ਵਾਸੀ ਮਕਾਨ ਨੰ: 418/12, ਮੁਹੱਲਾ ਆਰੀਆ ਨਗਰ, ਕਰਤਾਰਪੁਰ, ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰੀ ਪਤਨੀ ਪ੍ਰਵੀਨ ਅਤੇ ਮੇਰੇ ਬੱਚੇ ਰਿੱਤਿਕ ਪਾਲ ਲੜਕਾ ਅਤੇ ਮੋਨਿਕਾ ਲੜਕੀ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ। ਇਹ ਸਾਰੇ ਮੇਰੀ ਇੱਜ਼ਤ ਨਹੀਂ ਕਰਦੇ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅੱਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ ਦਿਲਬਾਗ ਸਿੰਘ ਪੁੱਤਰ ਬੰਤਾ ਸਿੰਘ ਵਾਸੀ ਮਕਾਨ ਨੰਬਰ 567, ਗਲੀ ਨੰਬਰ 8, ਸੁੰਦਰ ਨਗਰ, ਕੋਟ ਖਾਲਸਾ ਤਹਿਸੀਲ ਅਤੇ ਜਿਲਾ ਅੰਮ੍ਰਿਤਸਰ ਆਪਣੀ ਲੜਕੀ ਅਮਰਜੋਤ ਕੌਰ ਜੋ ਮੇਰੇ ਕਹਿਣੇ ਵਿੱਚ ਨਹੀ ਹੈ, ਮੇਰੀ ਕੋਈ ਗੱਲ ਨਹੀਂ ਮੰਨਦੀ, ਆਪਣੀ ਮਰਜੀ ਕਰਦੀ ਹੈ ਨੂੰ ਆਪਣੀ ਚੱਲ ਅਚੱਲ, ਭੁੱਕਵੀ ਅਣਭੁੱਕਵੀ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਸਦੇ ਕਿਸੇ ਵੀ ਮਾੜੇ ਚੰਗੇ ਕੰਮ ਨਫ਼ੇ ਨੁਕਸਾਨ, ਲੈਣ ਦੇਣ, ਲੜਾਈ ਝਗੜੇ ਦੇ ਲਈ ਮੈਂ ਅਤੇ ਮੇਰਾ ਪਰਿਵਾਰ ਜਿੰਮੇਵਾਰ ਨਹੀ ਹੋਵੇਗਾ। ਮੇਰਾ ਅਮਰਜੋਤ ਕੌਰ ਦੇ ਨਾਲ ਕੋਈ ਸਬੰਧ ਨਹੀ ਹੈ।

ਮੈਂ, ਗਿਆਨ ਚੰਦ ਪੁੱਤਰ ਹਰੀ ਰਾਮ, ਵਾਸੀ ਗੁਰੂ ਤੇਗ ਬਹਾਦਰ ਨਗਰ ਧੂਰੀ (ਸੰਗਰੂਰ) ਆਪਣੀ ਲੜਕੀ ਸੋਨੀਆ ਰਾਣੀ ਨੂੰ ਕਹਿਣੇ ਤੋਂ ਬਾਹਰ ਹੋਣ ਕਾਰਨ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਸ ਨਾਲ ਲੈਣਦੇਣ ਕਰਨ ਅਤੇ ਸੰਬੰਧ ਰੱਖਣ ਵਾਲੇ ਖੁੱਦ ਜ਼ਿੰਮੇਵਾਰ ਹੋਣਗੇ।

ਮੈਂ, ਗੁਰਦੀਪ ਕੌਰ ਪਤਨੀ ਲੇਟ ਅਮਰੀਕ ਸਿੰਘ, ਵਾਸੀ ਗੁਰੂ ਅਰਜਨਪੁਰਾ, ਗਲੀ ਨੰਬਰ 01, ਫਗਵਾੜਾ, ਜ਼ਿਲ੍ਹਾ ਕਪੂਰਥਲਾ ਬਿਆਨ ਕਰਦੀ ਹਾਂ ਕਿ ਮੇਰੀ ਲੜਕੀ ਬਲਜੀਤ ਕੌਰ (18) ਮੇਰੇ ਕਹਿਣੇ ਤੋਂ ਬਾਹਰ ਹੈ, ਮੈਨੂੰ ਤੰਗ-ਪ੍ਰੇਸ਼ਾਨ ਕਰਦੀ ਹੈ ਅਤੇ ਆਪਣੀ ਮਨਮਰਜ਼ੀ ਕਰਦੀ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਮੰਗਾ ਮਸੀਹ ਪੁੱਤਰ ਫਜ਼ਲਾ ਮਸੀਹ, ਵਾਸੀ ਚੀਮਾਂ ਰੋਡ, ਕੋਟ ਈਸੇ ਖਾਂ, ਤਹਿਸੀਲ ਧਰਮਕੋਟ ਜ਼ਿਲ੍ਹਾ ਮੋਗਾ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਜਸਪਾਲ ਕੌਰ ਉਰਫ ਵੀਰੋ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ।

ਅਸੀਂ ਮਨਜਿੰਦਰ ਸਿੰਘ ਪੁੱਤਰ ਅਮਰਜੀਤ ਸਿੰਘ ਅਤੇ ਦਰਸ਼ਨਜੀਤ ਕੌਰ ਪਤਨੀ ਮਨਜਿੰਦਰ ਸਿੰਘ ਵਾਸੀਆਨ ਮਕਾਨ ਨੰਬਰ 103, ਪਿੰਡ ਨਰੰਗਪੁਰ, ਡਾਕਖਾਨਾ ਕਪੂਰ ਪਿੰਡ, ਜ਼ਿਲ੍ਹਾ ਜਲੰਧਰ, ਪੰਜਾਬ ਬਿਆਨ ਕਰਦੇ ਹਾਂ ਕਿ ਸਾਡੀ ਲੜਕੀ ਜਸਕਿਰਤ ਕੌਰ ਸਾਡੇ ਕਹਿਣੇ ਤੋਂ ਬਾਹਰ ਹੈ। ਇਸ ਲਈ ਅਸੀਂ ਇਸ ਨੂੰ ਆਪਣੀ ਤਮਾਮ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਵਾ ਸਾਡੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ, ਰਵੇਲ ਸਿੰਘ ਪੁੱਤਰ ਕਰਤਾਰ ਸਿੰਘ, ਵਾਸੀ ਪਿੰਡ ਕੱਲੇਵਾਲ, ਤਹਿਸੀਲ/ ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਗੁਰਭਿੰਦਰ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

## ਬੇਦਖਲੀ ਨੋਟਿਸ

ਮੈਂ, ਬਲਜੀਤ ਕੌਰ ਪਤਨੀ ਕੁਲਵੰਤ ਪਾਲ ਵਾਸੀ ਮਕਾਨ ਨੰ: 1134, ਵਾਰਡ ਨੰ: 6, ਜੀ.ਟੀ.ਰੋਡ. ਨਵੀ ਅਬਾਦੀ ਪੁੰਦਰ ਬਟਾਲਾ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਸਾਹਿਲ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ ਮੇਰਾ ਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਤਲਕ ਵਾਸਤਾ ਨਹੀਂ ਰਿਹਾ। ਸਬੰਧਿਤ ਨੋਟ ਕਰਨ।

ਮੈਂ, ਰਣਯੋਧ ਸਿੰਘ ਪੁੱਤਰ ਬਘੇਲ ਸਿੰਘ, ਵਾਸੀ ਪਿੰਡ ਮਹਿਲਾਂਵਾਲਾ, ਤਹਿਸੀਲ ਅਜਨਾਲਾ, ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਮਨਪ੍ਰੀਤ ਕੌਰ, ਜੋ ਮੇਰੇ ਕਹਿਣੇ ਤੋਂ ਬਾਹਰ ਹੈ, ਸਾਡੇ ਨਾਲ ਲੜਾਈ-ਝਗੜਾ ਅਤੇ ਆਪਣੀ ਮਨਮਰਜ਼ੀ ਕਰਦੀ ਹੈ। ਇਸ ਨੇ ਆਪਣੀ ਮਰਜ਼ੀ ਨਾਲ ਹਰਕਨਵਲ ਸਿੰਘ ਨਾਂਅ ਦੇ ਲੜਕੇ ਨਾਲ ਸ਼ਾਦੀ ਕਰ ਲਈ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰਾ ਤੇ ਮੇਰੇ ਪਰਵਾਰ ਦਾ ਇਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ ਹੈ।

ਅਸੀਂ ਨਰਿੰਦਰ ਸਿੰਘ ਪੁੱਤਰ ਪ੍ਰੀਤਮ ਸਿੰਘ ਅਤੇ ਜੋਤੀ ਪਤਨੀ ਸ੍ਰੀ ਨਰਿੰਦਰ ਸਿੰਘ ਵਾਸੀਆਨ ਪਿੰਡ ਤੇ ਡਾਕ: ਬਿੰਜੋ, ਥਾਣਾ ਮਾਹਿਲਪੁਰ, ਤਹਿਸੀਲ ਗੜ੍ਹਸ਼ੰਕਰ, ਜ਼ਿਲ੍ਹਾ ਹੁਸ਼ਿਆਰਪੁਰ, ਪੰਜਾਬ ਬਿਆਨ ਕਰਦੇ ਹਾਂ ਕਿ ਸਾਡੀ ਲੜਕੀ ਸਿਮਰਨ ਕੌਰ (ਕੁਆਰੀ) ਅਤੇ ਸਾਡਾ ਲੜਕਾ ਲਵਪ੍ਰੀਤ ਸਿੰਘ ਪਰਮਾਰ (ਕੁਆਰਾ) ਸਾਡੇ ਕਹਿਣੇ ਤੋਂ ਬਾਹਰ ਹਨ। ਇਸ ਲਈ ਅਸੀਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

## ਆਮ ਸੂਚਨਾ

ਮੈਂ, ਸੁਰਜੀਤ ਕੌਰ ਪਤਨੀ ਮੋਹਨ ਸਿੰਘ, ਵਾਸੀ ਪਿੰਡ ਹੇਰਾਂ, ਤਹਿਸੀਲ ਨਕੋਦਰ, ਜ਼ਿਲ੍ਹਾ ਜਲੰਧਰ ਬਿਆਨ ਕਰਦੀ ਹਾਂ ਕਿ ਸੁਰਜੀਤ ਕੌਰ ਅਤੇ ਮਨਜੀਤ ਕੌਰ ਦੋਵੇਂ ਨਾਂਅ ਮੇਰੇ ਹਨ। ਮੈਨੂੰ ਦੋਵਾਂ ਨਾਵਾਂ ਨਾਲ ਜਾਣਿਆ ਜਾਵੇ। ਸੰਬੰਧਤ ਨੋਟ ਕਰਨ।

ਮੈਂ, ਗੁਰਮੇਲ ਰਾਮ ਪੁੱਤਰ ਗੋਕਲ ਰਾਮ ਵਾਸੀ ਪਿੰਡ ਚੱਕ ਹਾਜੀਪੁਰ, ਤਹਿਸੀਲ ਗੜ੍ਹਸ਼ੰਕਰ, ਜ਼ਿਲ੍ਹਾ ਹੁਸ਼ਿਆਰਪੁਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਪੁੱਤਰ ਦਿਲਦਾਰ ਸਿੰਘ ਅਤੇ ਉਸਦੀ ਪਤਨੀ ਬਖਸ਼ੋ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਮੇਰੇ ਤੋਂ ਵੱਖਰੇ ਰਹਿੰਦੇ ਹਨ। ਮੇਰਾ ਇਨ੍ਹਾਂ ਨਾਲ ਕੋਈ ਤਲਕ ਵਾਸਤਾ ਨਹੀਂ ਹੈ। ਇਹ ਆਪਣੇ ਕੀਤੇ ਹੋਏ ਹਰੇਕ ਚੰਗੇ ਮਾੜੇ ਕੰਮ, ਲੈਣ ਦੇਣ ਅਤੇ ਨਫੇ ਨੁਕਸਾਨ ਦੇ ਖੁਦ ਜ਼ਿੰਮੇਵਾਰ ਹੋਣਗੇ, ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਰਕੇਸ਼ ਅਰੋੜਾ ਪੁੱਤਰ ਅਮਰਜੀਤ ਅਰੋੜਾ, ਵਾਸੀ ਮਕਾਨ ਨੰ: 207, ਅਮਨ ਐਵੇਨਿਊ, ਬੈਕਸਾਈਡ ਗੇਟ ਹਕੀਮਾਂ ਵਾਲਾ, ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰੇ ਪਲਾਟ ਦੀ ਅਸਲ ਰਜਿਸਟਰੀ ਕੁਲ ਰਕਬਾ 570 ਵਰਗ ਗਜ਼, ਖਸਰਾ ਨੰਬਰ 7, 8, 11 ਮਿਨ, ਜਮ੍ਹਾਂਬੰਦੀ ਨੰ: ਖਸਰਾ 755/7-8/1, ਵਸੀਕਾ ਨੰ: 276, ਤਸਦੀਕ ਮਿਤੀ 6.4.2016 ਅਤੇ ਕੁਝ ਜ਼ਰੂਰੀ ਕਾਗਜਾਤ 2.12.25 ਨੂੰ ਕਿਧਰੇ ਗੁੰਮ ਹੋ ਗਏ ਹਨ। ਇਸ ਦੀ ਐਫ ਆਈ ਆਰ ਮਿਤੀ 11.12.25 ਨੂੰ ਥਾਣਾ ਗੇਟ ਹਕੀਮਾਂ ਵਿਖੇ ਦਰਜ ਕਰਵਾ ਦਿੱਤੀ ਹੈ, ਜਿਸ ਦਾ ਜੀ. ਡੀ. ਨੰ: 029 ਹੈ। ਅਗਰ ਕਿਸੇ ਨੂੰ ਮਿਲੇ ਤਾਂ ਸਾਨੂੰ ਸੰਪਰਕ ਕਰੇ : 98147-71111

ਖਾਤਾ ਨੰਬਰ ਕੇ ਏ ਪੀ/331, ਜੋ ਕਿ ਪਿੰਡ ਕਿਸ਼ਨਗੜ੍ਹ ਵਿਖੇ ਤੇਜਾ ਸਿੰਘ ਪੁੱਤਰ ਗੁਰਬਖਸ਼ ਸਿੰਘ ਵਾਸੀ ਕਿਸ਼ਨਗੜ੍ਹ ਦੇ ਨਾਂਅ 'ਤੇ ਚੱਲਦਾ ਹੈ। ਇਸ ਕੁਨੈਕਸ਼ਨ ਨੂੰ ਮਨਜੀਤ ਕੌਰ ਪਤਨੀ ਕੁਲਵੰਤ ਸਿੰਘ ਵਾਸੀ ਕਿਸ਼ਨਗੜ੍ਹ ਆਪਣੇ ਨਾਂਅ ਕਰਵਾਉਣਾ ਚਾਹੁੰਦੀ ਹੈ। ਇਸ ਸੰਬੰਧੀ ਜੇਕਰ ਕਿਸੇ ਵਿਅਕਤੀ ਨੂੰ ਇਤਰਾਜ਼ ਹੋਵੇ ਤਾਂ ਉਹ 15 ਦਿਨਾਂ ਦੇ ਅੰਦਰ-ਅੰਦਰ ਪੀ ਐੱਸ ਪੀ ਸੀ ਐੱਲ ਦਫ਼ਤਰ ਬਰੇਟਾ ਵਿਖੇ ਸੰਪਰਕ ਕਰ ਸਕਦਾ ਹੈ।

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖ਼ਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

## ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਨਾਇਬ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਦੂਜਾ ਬੱਧਨੀ ਕਲਾਂ, ਤਹਿ: ਨਿਹਾਲ ਸਿੰਘ ਵਾਲਾ ਵਾ ਜ਼ਿਲ੍ਹਾ ਮੋਗਾ।

ਕੇਸ ਅਨੁਵਾਨ : 1) ਜਗਰੂਪ ਸਿੰਘ ਵਗੈਰਾ ਬਨਾਮ ਬਲਜੀਤ ਕੌਰ ਵਗੈਰਾ (ਖੇਵਟ ਨੰ: 451/440)

ਕਿਸਮ : ਤਕਸੀਮ (ਪਿੰਡ ਰਾਊਕੇ ਕਲਾਂ-1)

ਉਪਰੋਕਤ ਕੇਸਾਂ ਦੇ ਅਨੁਵਾਨ ਵਿੱਚ ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਜਗਰੂਪ ਸਿੰਘ-ਕੇਵਲ ਸਿੰਘ ਪੁੱਤਰ-ਹਰਪਾਲ ਕੌਰ ਪੁੱਤਰੀ ਅਮਰ ਸਿੰਘ ਪੁੱਤਰ ਚੰਨਣ ਸਿੰਘ ਵਾਸੀਆਨ, ਪਿੰਡ ਰਾਊਕੇ ਕਲਾਂ, ਤਹਿ: ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ ਵੱਲੋਂ ਨਿਮਨ ਹਸਤਾਖਰ ਦੀ ਅਦਾਲਤ ਵਿੱਚ ਉਕਤ ਖੇਵਟ ਵਿੱਚ ਤਕਸੀਮ ਦਾ 1 ਕੇਸ ਦਾਇਰ ਕੀਤਾ ਹੈ।ਜਿਸ ਵਿੱਚ ਹੇਠ ਲਿਖੇ ਉੱਤਰਵਾਦੀਆਨ ਨੂੰ ਪਾਰਟੀ ਬਣਾਇਆ ਗਿਆ ਹੈ ਅਤੇ ਅਦਾਲਤ ਨੂੰ ਇਹ ਯਕੀਨ ਹੋ ਚੁੱਕਾ ਹੈ ਕਿ ਉੱਤਰਵਾਦੀਆਨ ਅਤੇ ਉਨ੍ਹਾਂ ਦੇ ਵਾਰਸਾਂ ਦੀ ਤਲਬੀ ਸਧਾਰਨ ਤਰੀਕੇ ਨਾਲ ਨਹੀਂ ਹੋ ਸਕਦੀ।

ਇਸ ਲਈ ਹੇਠ ਲਿਖੇ ਉੱਤਰਵਾਦੀਆਨ ਨੂੰ ਇਸ ਪਬਲਿਕ ਨੋਟਿਸ ਰਾਹੀਂ ਸੂਚਿਤ ਕੀਤਾ ਜਾਂਦਾ ਹੈ ਕਿ ਉਹ ਇਸ ਅਦਾਲਤ ਵਿੱਚ ਮਿਤੀ 18/12/2025 ਜਾਂ ਇਸ ਤੋਂ ਪਹਿਲਾਂ-ਪਹਿਲਾਂ ਅਸਾਲਤਨ ਜਾਂ ਵਕਾਲਤਨ ਇਨ੍ਹਾਂ ਤਕਸੀਮ ਕੇਸਾਂ ਵਿੱਚ ਪੈਰਵੀ ਲਈ ਹਾਜ਼ਰ ਹੋ ਸਕਦੇ ਹਨ।ਹਾਜ਼ਰ ਨਾ ਹੋਣ ਦੀ ਸੂਰਤ ਵਿੱਚ ਨਿਯਮਾਂ ਅਨੁਸਾਰ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ ਅਤੇ ਮਿਤੀ 18/12/2025 ਤੋਂ ਬਾਅਦ ਗੈਰ-ਹਾਜ਼ਰ ਉੱਤਰਵਾਦੀਆਨ ਦਾ ਕੋਈ ਇਤਰਾਜ਼ ਨਹੀਂ ਵਿਚਾਰਿਆ ਜਾਵੇਗਾ।

1) ਕੁਲਵਿੰਦਰ ਕੌਰ ਪੁੱਤਰੀ ਹਰਜੰਟ ਸਿੰਘ ਉਰਫ ਗੁਰਜੰਟ ਸਿੰਘ ਪੁੱਤਰ ਭਾਗ ਸਿੰਘ, 2) ਜਗਜੀਤ ਸਿੰਘ ਪੁੱਤਰ ਕਰਮਜੀਤ ਕੌਰ ਪੁੱਤਰੀ ਅਮਰ ਸਿੰਘ, 3) ਅੰਗਰੇਜ਼ ਸਿੰਘ ਪੁੱਤਰ ਕਰਮਜੀਤ ਕੌਰ ਪੁੱਤਰੀ ਅਮਰ ਸਿੰਘ, 4) ਸ਼ਰਨਜੀਤ ਕੌਰ ਪੁੱਤਰੀ ਕਰਮਜੀਤ ਕੌਰ ਪੁੱਤਰੀ ਅਮਰ ਸਿੰਘ, 5) ਰਾਜਵਿੰਦਰ ਕੌਰ ਪੁੱਤਰੀ ਕਰਮਜੀਤ ਕੌਰ ਪੁੱਤਰੀ ਅਮਰ ਸਿੰਘ, 6) ਬਲਜੀਤ ਸਿੰਘ ਪੁੱਤਰ ਅਮਰ ਸਿੰਘ ਪੁੱਤਰ ਚੰਨਣ ਸਿੰਘ ਵਾਸੀਆਨ ਪਿੰਡ ਰਾਊਕੇ ਕਲਾਂ, ਤਹਿ: ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ।

ਇਹ ਨੋਟਿਸ ਮੇਰੇ ਹਸਤਾਖਰ ਅਤੇ ਅਦਾਲਤੀ ਮੋਹਰ ਹੇਠ ਜਾਰੀ ਕੀਤਾ ਗਿਆ ਹੈ।

ਸਹੀ/- ਸਹਾਇਕ ਕੁਲੈਕਟਰ ਦਰਜਾ-1 ਬੱਧਨੀ ਕਲਾਂ, ਤਹਿ. ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ।
ਨੰ: 511/ਰੀਡਰ ਮਿਤੀ 12/12/2025

## COURT NOTICE

In the Court of
Ms. Lovepreet Kaur Swaich
Judicial Magistrate 1st Class, Ludhiana
CNR No. PBLD03-048978-2024
COMA/45055/2024
Kotak Mahindra Bank
Vs Pawan Kumar
(Complaint - 138 Negotiable Instrument Act).
1. Pawan Kumar R/O H.No. 143, Vill. Naushaira, Tehsil Mukerian, Distt. Hoshiarpur 144211

Whereas It Has Been Proved to the Satisfaction of this Court that you the accused above named cannot be served in the Ordinary Way of Service. Hence this Proclamation Under Section 82 CRPC is hereby issued against you with a direction that you should appear personally before the court on 20.12.2025 at 10:00 A.m or within 30 days from the date of publication of this proclamation. Take notice that, in default of your part to appear as directed above the above said case will be heard and determined as per Law, in your absence.

Given under my hand and Seal of the court.

For details logon to https://highcourtchd.gov.in/?trs=district_notice&district=ludhiana

Judicial Magistrate 1st Class Ludhiana.
Dated, this day of 04.12.2025

## CRIMINAL COURTS, LUDHIANA

In The Court of Ms. Shruti
Judicial Magistrate - Ist Class Ludhiana
Next Date, Purpose of case, Orders and Judgments as well as other case information is available on http://ecourts.gov.in
Case No.:- COMA/1040/2024
M/s SK Finance Ltd Vs Bhagwan Singh
Police Station/Fir No. Punjab Agriculture University (PAU)//2024
PBLD03-002429-2024
NEXT DATE: 03-01-2026
138, of Negotiable Instruments Act
Proclamation requiring the appearance of a person accused
Detail of offence:-
Notice To: Bhagwan Singh
S/o Kapoor Singh, R/o 293, Agaul Agol Nabha Patiala, Punjab Pin Code 147202

Whereas Complaint/Case Has Been Made Before Me That Bhagwan Singh :- R/o S/o Kapoor Singh, R/o 293, Agaul Agol Nabha Patiala, Punjab PIN CODE 147202 has committed (or is Suspected to have committed) the offence punishable under section 138, of Negotiable Instruments Act and it has been returned to a warrant of arrest thereupon issued that the Said Bhagwan Singh cannot be found, and whereas it has been shown to my satisfaction that the said Bhagwan Singh has absconded (or is concealing himself/herself to avoid the service of the said warrant); Proclamation is hereby made that the said Bhagwan Singh is required to appear before this Court (or before me) on 03-01-2026 to answer the said complaint/case.

Judicial Magistrate - Ist Class, Ludhiana
Dated0 this day of 01-12-2025.

## CRIMINAL COURTS, LUDHIANA

In The Court of Ms. Shruti
Judicial Magistrate - Ist Class Ludhiana
Next Date, Purpose of case, Orders and Judgments as well as other case information is available on http://ecourts.gov.in
Proclamation Requiring The Appearance of A Person Accused
Case No. :- COMA/3643/2024
M/s SK Finance Ltd Vs JIVAN SINGH
Police Station/Fir No. Punjab Agriculture University (PAU)//2024
PBLD03-007687-2024
NEXT DATE: 03-01-2026
138 of Negotiable Instruments Act
Detail of offence:-
Notice To: Jivan Singh
Father :- Naib Singh, R/o Buri Manshahia Kararwala Bathinda, Punjab 151103 M. No. 62845-82153

Whereas complaint/case has been made before me that Jivan Singh father :- Naib Singh R/o Buri Manshahia Kararwala Bathinda Punjab 151103 M. No. 62845-82153 has committed (or is suspected to have committed) the offence punishable Under Section 138, of Negotiable Instruments Act and it has been returned to a warrant of arrest thereupon issued that the said JIVAN SINGH cannot be found, and whereas it has been shown to my satisfaction that the said JIVAN SINGH has absconded (or is concealing himself/herself to avoid the service of the said warrant); Proclamation is hereby made that the said JIVAN SINGH is required to appear before this Court (or before me) on 03-01-2026 to answer the said complaint/case.

Judicial Magistrate - Ist Class Ludhiana
Dated, this day of 01-12-2025

ਮਾਮਲਾ ਜਾਨੋਂ ਮਾਰਨ ਦੀਆਂ ਧਮਕੀਆਂ ਦੇਣ ਦਾ

# ਗੁਰੂ ਰਵਿਦਾਸ ਸਾਧੂ ਸੰਪ੍ਰਦਾਇ ਸੁਸਾਇਟੀ ਪੰਜਾਬ ਦਾ ਵਫਦ ਐੱਸ ਐੱਸ ਪੀ ਰੂਪਨਗਰ ਨੂੰ ਮਿਲਿਆ

**ਹੁਸ਼ਿਆਰਪੁਰ/ਰੂਪਨਗਰ (ਓਮ ਪ੍ਰਕਾਸ਼ ਰਾਣਾ/ ਬਲਵੀਰ ਸਿੰਘ ਸੈਣੀ)** ਸੰਤ ਬਾਬਾ ਨਿਰਮਲ ਦਾਸ ਬਾਬੇਜੌੜੇ ਪ੍ਰਧਾਨ ਅਤੇ ਸੰਤ ਇੰਦਰ ਦਾਸ ਸ਼ੇਖੇ ਜਨਰਲ ਸਕੱਤਰ ਦੀ ਅਗਵਾਈ ਹੇਠ ਗੁਰੂ ਰਵਿਦਾਸ ਸਾਧੂ ਸੰਪ੍ਰਦਾਇ ਸੁਸਾਇਟੀ (ਰਜਿ.) ਪੰਜਾਬ ਦਾ ਇਕ ਵਫਦ ਸੀਨੀਅਰ ਪੁਲਸ ਕਪਤਾਨ ਰੂਪਨਗਰ ਗੁਰਨੀਤ ਸਿੰਘ ਖੁਰਾਣਾ ਆਈ ਪੀ ਐਸ ਨੂੰ ਮਿਲਿਆ।ਇਸ ਮੌਕੇ ਸੰਤ ਸਰਵਣ ਦਾਸ ਸੀਨੀਅਰ ਮੀਤ ਪ੍ਰਧਾਨ, ਸੰਤ ਧਰਮਪਾਲ ਸਟੇਜ ਸਕੱਤਰ, ਸੰਤ ਰਮੇਸ਼ ਦਾਸ ਪ੍ਰਚਾਰ ਸਕੱਤਰ, ਸੰਤ ਸਤਵਿੰਦਰ ਹੀਰਾ ਸਰਪ੍ਰਸਤੀ ਪ੍ਰਧਾਨ ਆਲ ਇੰਡੀਆ ਆਦਿ ਧਰਮ ਮਿਸ਼ਨ (ਰਜਿ.) ਭਾਰਤ, ਸੰਤ ਜਗੀਰ ਸਿੰਘ ਸਰਵੰਤ ਡਾਲਾ ਆਸ਼ਰਮ ਨਵਾਂਸ਼ਹਿਰ, ਸੰਤ ਮਨਜੀਤ ਦਾਸ ਵਿਛੋਹੀ, ਬਾਬਾ ਬਲਕਾਰ ਸਿੰਘ ਤੱਗੜ ਵਡਾਲਾ, ਡੇਰਾ ਸੰਤ ਸੀਤਲ ਦਾਸ ਦੇ ਸੰਚਾਲਕ ਨਵਪ੍ਰੀਤ, ਬਾਬੂ ਰਾਮ ਭੰਜ, ਸਰਪੰਚ ਵਿਜੇ ਨੰਗਲ ਅਤੇ ਹੋਰ ਸੰਗਤਾਂ ਹਾਜ਼ਰ ਸਨ। ਪੁਲਸ ਮੁਖੀ ਨੂੰ ਲਿਖਤੀ ਸ਼ਿਕਾਇਤ 'ਚ ਸੰਤ ਇੰਦਰ ਦਾਸ ਜਨਰਲ ਸਕੱਤਰ ਗੁਰੂ ਰਵਿਦਾਸ ਸਾਧੂ ਸੰਪ੍ਰਦਾਇ ਸੁਸਾਇਟੀ ਨੇ ਦੱਸਿਆ ਕਿ ਸ੍ਰੀ ਗੁਰੂ ਰਵਿਦਾਸ ਬੇਗਮਪੁਰਾ ਸਦਨ ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ 36 ਏਕੜ ਜ਼ਮੀਨ ਖਸਰਾ ਨੰਬਰ 220/6 ਵਾਕਿਆ ਪਿੰਡ ਮਹਿਦੂਦ ਤਹਿਸੀਲ ਨੰਗਲ ਜ਼ਿਲ੍ਹਾ ਰੂਪਨਗਰ ਵਿਖੇ ਦੇਸ਼ ਵਿਦੇਸ਼ ਦੀਆਂ ਸੰਗਤਾਂ ਵੱਲੋਂ ਸਮਾਜ ਭਲਾਈ ਕਾਰਜਾਂ ਲਈ ਖਰੀਦ ਕੀਤੀ ਹੈ, ਜਿਸ ਦੀ ਸਾਂਭ ਸੰਭਾਲ ਦਾ ਕਾਰਜ ਮੌਕੇ ਅਤੇ ਸੁਸਾਇਟੀ ਦੇ ਸਾਰੇ ਸੰਤ ਮਹਾਂਪੁਰਸ਼ਾਂ ਵੱਲੋਂ ਕੀਤਾ ਜਾ ਰਿਹਾ ਹੈ।ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਪੁਰਬ 12 ਜਨਵਰੀ ਨੂੰ ਸ੍ਰੀ ਗੁਰੂ ਰਵਿਦਾਸ ਬੇਗਮਪੁਰਾ ਸਦਨ ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ ਮਨਾਉਣ ਦੀਆਂ ਸੁਸਾਇਟੀ ਵੱਲੋਂ ਤਿਆਰੀਆਂ ਕੀਤੀਆਂ ਜਾ ਰਹੀਆਂ ਸਨ, ਜਿਸ ਤਹਿਤ 8 ਦਸੰਬਰ 2025 ਨੂੰ ਰਾਜ ਕੁਮਾਰ ਪੁੱਤਰ ਦਰਸ਼ਨ ਲਾਲ ਸੁਸਾਇਟੀ ਮੈਂਬਰ ਕੁਝ ਮਜ਼ਦੂਰਾਂ ਨਾਲ ਜ਼ਮੀਨ ਦੀ ਸਫਾਈ ਕਰਵਾ ਰਹੇ ਸਨ, ਉਥੇ ਸੁਰਿੰਦਰ ਕੁਮਾਰ ਉਰਫ ਸ਼ਿੰਦਾ ਆਪਣੀ ਪਤਨੀ ਸੱਤਿਆ ਦੇਵੀ ਅਤੇ ਆਪਣੇ 10-12 ਸਾਥੀਆਂ ਤੇ ਇਕ ਸਰਕਾਰੀ ਹਥਿਆਰਬੰਦ ਸੁਰੱਖਿਆ ਮੁਲਾਜ਼ਮ ਨਾਲ ਇੱਥੇ ਜ਼ਬਰਦਸਤੀ ਦਾਖਲ ਹੋਇਆ ਅਤੇ ਇਥੇ ਸਫਾਈ ਦਾ ਕੰਮ ਕਰ ਰਹੇ ਰਾਜ ਕੁਮਾਰ ਅਤੇ ਹੋਰ ਮਜ਼ਦੂਰਾਂ ਨੂੰ ਡਰਾਉਂਦੇ ਧਮਕਾਉਂਦੇ ਹੋਏ ਜਾਨੋਂ ਮਾਰਨ ਦੀਆਂ ਧਮਕੀਆਂ ਦੇਣ ਲੱਗਾ।ਸੁਰਿੰਦਰ ਕੁਮਾਰ ਉਰਫ ਸ਼ਿੰਦਾ ਵੱਲੋਂ ਸ਼ਹੀਦੀ ਸਮਾਗਮਾਂ 'ਚ ਖਲਲ ਰੁਕਾਵਟਾਂ ਪਾਉਣ ਦੇ ਨਾਲ ਗੁਰੂ ਰਵਿਦਾਸ ਸਾਧੂ ਸੰਪ੍ਰਦਾਇ ਸੁਸਾਇਟੀ ਨੂੰ ਵੀ ਮੰਦੇ ਬੋਲ ਬੋਲਣ ਲੱਗ ਪਿਆ।ਸੁਰਿੰਦਰ ਕੁਮਾਰ ਸ਼ਿੰਦਾ ਨੇ ਧਮਕੀਆਂ ਦਿੰਦੇ ਕਿਹਾ ਕਿ ਇਸ ਜਗ੍ਹਾ 'ਤੇ ਤੁਹਾਨੂੰ ਸ਼ਹੀਦੀ ਸਮਾਗਮ ਨਹੀਂ ਮਨਾਉਣ ਦੇਣਾ ਅਤੇ ਉਸਨੇ ਧਾਰਮਿਕ ਭਾਵਨਾਵਾਂ ਖਿਲਾਫ ਅਪਸ਼ਬਦ ਬੋਲੇ। ਉਨ੍ਹਾਂ ਦੱਸਿਆ ਕਿ ਸੁਸਾਇਟੀ ਵੱਲੋਂ ਪੁਲਸ ਮੁਖੀ ਤੋਂ ਮੰਗ ਕੀਤੀ ਕਿ ਸੁਸਾਇਟੀ ਦੀ ਜਾਇਦਾਦ ਸੰਬੰਧੀ ਇਕ ਦੀਵਾਨੀ ਦਾਵਾ ਸਿਵਲ ਜੱਜ ਨੰਗਲ ਦੀ ਅਦਾਲਤ 'ਚ ਸੁਰਿੰਦਰ ਕੁਮਾਰ ਉਰਫ ਸ਼ਿੰਦਾ ਤੇ ਹੋਰ ਵਿਅਕਤੀਆਂ ਖਿਲਾਫ ਪਹਿਲਾਂ ਹੀ ਚੱਲ ਰਿਹਾ ਹੈ।ਜਿਸ ਸੰਬੰਧੀ ਅਦਾਲਤ ਨੇ ਸਾਰੀਆਂ ਧਿਰਾਂ ਖਿਲਾਫ ਸਟੇਅ ਵੀ ਜਾਰੀ ਕੀਤਾ ਹੋਇਆ ਹੈ। ਅਦਾਲਤ ਦੇ ਸਟੇਅ ਹੁਕਮਾਂ ਦੇ ਬਾਵਜੂਦ ਸੁਰਿੰਦਰ ਕੁਮਾਰ ਸ਼ਿੰਦਾ ਤੇ ਉਸਦੀ ਪਤਨੀ ਸਮੇਤ ਉਸ ਦੇ ਸਾਥੀਆਂ ਨੇ ਗੁੰਡਾਗਰਦੀ ਕਰਕੇ ਉਲੰਘਣਾ ਕੀਤੀ ਹੈ।ਸੁਸਾਇਟੀ ਵੱਲੋਂ ਆਪਣੀ ਸ਼ਿਕਾਇਤ 'ਚ ਬੇਨਤੀ ਹੈ ਕਿ ਉਕਤ ਦੋਸ਼ਾਂ ਕਰਕੇ ਸੁਰਿੰਦਰ ਕੁਮਾਰ ਉਸਦੀ ਪਤਨੀ ਅਤੇ ਨਾਲ ਆਏ ਸਾਥੀਆਂ ਤੇ ਸਖਤ ਕਨੂੰਨੀ ਕਾਰਵਾਈ ਕੀਤੀ ਜਾਵੇ। ਸ੍ਰੀ ਗੁਰੂ ਰਵਿਦਾਸ ਬੇਗਮਪੁਰਾ ਸਦਨ ਸ੍ਰੀ ਖੁਰਾਲਗੜ੍ਹ ਸਾਹਿਬ ਨੂੰ ਸੁਰੱਖਿਆ ਮੁਹੱਈਆ ਕਰਵਾਈ ਜਾਵੇ। ਇਸ ਸੰਬੰਧੀ ਪੱਖ ਜਾਨਣ ਲਈ ਫੋਨ 'ਤੇ ਸੁਰਿੰਦਰ ਕੁਮਾਰ ਉਰਫ ਸ਼ਿੰਦੇ ਨਾਲ ਸੰਪਰਕ ਕੀਤਾ ਤਾਂ ਉਨ੍ਹਾਂ ਕਿਹਾ ਕਿ ਮੇਰੀ ਉਮਰ 70 ਸਾਲ ਦੀ ਹੈ, ਮੈਂ ਕਿਸੇ ਨੂੰ ਕੋਈ ਧਮਕੀ ਨਹੀਂ ਦਿੱਤੀ, ਸਾਰੇ ਦੋਸ਼ ਬੇਬੁਨਿਆਦ ਹਨ।ਉਨ੍ਹਾਂ ਕਿਹਾ ਕਿ ਸਾਡਾ ਅਦਾਲਤ ਵਿਚ ਜ਼ਮੀਨ ਸੰਬੰਧੀ ਦੀਵਾਨੀ ਕੇਸ ਚੱਲ ਰਿਹਾ ਹੈ ਜਿਸਦਾ ਸਾਨੂੰ ਸਟੇਅ ਆਰਡਰ ਮਿਲਿਆ ਹੋਇਆ ਹੈ।

**● ਸਾਰੇ ਦੋਸ਼ ਬੇਬੁਨਿਆਦ : ਸੁਰਿੰਦਰ ਕੁਮਾਰ ਸ਼ਿੰਦਾ**



## ਗੱਡੀ ਦਰੱਖਤ ਨਾਲ ਟਕਰਾਉਣ ਨਾਲ ਡਰਾਈਵਰ ਗੰਭੀਰ ਜ਼ਖ਼ਮੀ



**ਮਾਹਿਲਪੁਰ (ਸਫਰੀ)-** ਪਾਲਦੀ ਪੈਟਰੋਲ ਪੰਪ ਦੇ ਨੇੜੇ ਇਕ ਨੌਜਵਾਨ ਦੀ ਗੱਡੀ ਦਾ ਸੰਤੁਲਨ ਵਿਗੜਨ ਨਾਲ ਗੱਡੀ ਦਰਖਤ ਨਾਲ ਟਕਰਾਉਣ ਨਾਲ ਗੰਭੀਰ ਜ਼ਖ਼ਮੀ ਹੋ ਗਿਆ। ਜਿਸ ਨੂੰ ਰਾਹਗੀਰਾਂ ਨੇ ਸਰਕਾਰੀ ਹਸਪਤਾਲ ਪਾਲਦੀ 'ਚ ਦਾਖਲ ਕਰਵਾਇਆ। ਗੰਭੀਰ ਦੇਖਦੇ ਹੋਏ ਡਾਕਟਰਾਂ ਨੇ ਮਾਹਿਲਪੁਰ ਸਰਕਾਰੀ ਹਸਪਤਾਲ ਨੂੰ ਰੈਫਰ ਕਰ ਦਿੱਤਾ। ਮੌਕੇ 'ਤੇ ਜਾਣਕਾਰੀ ਅਨੁਸਾਰ ਸਰਬਜੀਤ ਸਿੰਘ (42) (ਅੰਮ੍ਰਿਤਸਰ) ਦੇ ਸਟੇਟ ਆਗੂ ਸਰਵਣ ਗੁਰਨਾਮ ਸਿੰਘ ਸਿਰਤਲੇਵਾਲਾ ਨੇ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਮਾਗਮਾਂ 'ਚ ਸ਼ਾਮਿਲ ਹੋਣ ਆਇਆ ਸੀ ਅਤੇ ਆਪਣੀ ਗੱਡੀ 'ਤੇ ਸਵਾਰ ਹੋ ਕੇ ਫਤਿਹਪੁਰ ਕੋਠੀ ਤੋਂ ਮਾਹਿਲਪੁਰ ਵੱਲ ਜਾ ਰਿਹਾ ਸੀ। ਉਸ ਨੇ ਦੱਸਿਆ ਕਿ ਜਦੋਂ ਉਹ ਪਾਲਦੀ ਪੈਟਰੋਲ ਪੰਪ ਕੋਲ ਪਹੁੰਚਿਆ ਤਾਂ ਅਚਾਨਕ ਅੱਗੇ ਕੁੱਤਾ ਆ ਗਿਆ। ਕੁੱਤੇ ਨੂੰ ਬਚਾਉਂਦੇ ਹੋਏ ਉਸ ਦੀ ਗੱਡੀ ਦਰਖ਼ਤ ਨਾਲ ਜਾ ਟਕਰਾਈ, ਜਿਸ ਨਾਲ ਉਹ ਗੰਭੀਰ ਰੂਪ 'ਚ ਜ਼ਖ਼ਮੀ ਹੋ ਗਿਆ।

## ਮਹਿਲਪੁਰ ਵਿੱਚ ਪੁਲਸ ਨੇ ਫਲੈਗ ਮਾਰਚ ਕੱਢਿਆ



**ਮਹਿਲਪੁਰ (ਸਫਰੀ) :** ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਦੀਆਂ 14 ਦਸੰਬਰ ਨੂੰ ਹੋਣ ਜਾ ਰਹੀਆਂ ਚੋਣਾਂ ਨੂੰ ਮੱਦੇ ਨਜ਼ਰ ਰੱਖਦੇ ਹੋਏ ਐਸ ਐਸ ਪੀ ਹੁਸ਼ਿਆਰਪੁਰ ਦੇ ਦਿਸ਼ਾ ਨਿਰਦੇਸ਼ਾਂ ਹੇਠ ਜਲਜੀਤ ਸਿੰਘ ਖੱਖ ਅਤੇ ਐਸ ਐਚ ਓ ਸੰਬੰਧਿਤ ਇੰਸਪੈਕਟਰ ਮਦਨ ਲਾਲ ਦੀ ਦੇਖ ਰੇਖ ਹੇਠ ਮਹਿਲਪੁਰ ਵਿੱਚ ਫਲੈਗ ਮਾਰਚ ਕੱਢਿਆ ਗਿਆ।ਜਿਸ ਵਿਚ ਡੀ ਐਸ ਪੀ ਖੱਖ ਨੇ ਕਿਹਾ ਕਿ ਚੋਣਾਂ ਬਿਲਕੁਲ ਨਿਰਪੱਖ ਹੋਣਗੀਆਂ। ਉਨ੍ਹਾਂ ਨੇ ਕਿਹਾ ਕਿ ਕਿਸੇ ਵੀ ਤਰ੍ਹਾਂ ਦੀ ਗੜਬੜੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਮਹਿਲਪੁਰ ਵਿੱਚ ਪੁਲਿਸ ਦਾ ਪੂਰਾ ਕੰਟਰੋਲ ਹੈ। ਉਨ੍ਹਾਂ ਨੇ ਕਿਹਾ ਕਿ ਅਸੀਂ ਇੱਕ ਸੰਦੇਸ਼ ਦੇਣਾ ਚਾਹੁੰਦੇ ਹਾਂ ਕਿ ਇਹ ਚੋਣਾਂ ਬਿਲਕੁਲ ਨਿਰਪੱਖ ਹੋਣਗੀਆਂ। ਇਸ ਮੌਕੇ ਪੁਲਿਸ ਪਾਰਟੀਆਂ ਵੀ ਬੜੀ ਮੁਸ਼ਤੈਦੀ ਨਾਲ ਡਿਊਟੀ ਕਰਦੀ ਸੀ ਹੁਣ ਵੀ ਚੰਗੀ ਤਰ੍ਹਾਂ ਮੁਸ਼ਤੈਦੀ ਨਾਲ ਡਿਊਟੀ ਨਿਭਾਏਗੀ।ਮਾੜੇ ਅਨਸਰਾਂ ਨੂੰ ਬਖਸ਼ਿਆ ਨਹੀਂ ਜਾਵੇਗਾ।

## ਕਾਂਗਰਸ ਦੇ ਉਮੀਦਵਾਰ ਸ਼ਾਨ ਨਾਲ ਜਿੱਤਣਗੇ : ਕਮਲਜੀਤ ਬੰਗਾ



**ਬੰਗਾ (ਅਵਤਾਰ ਕਲੇਰ)-** ਪੰਜਾਬ ਵਿੱਚ ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਦੀਆਂ ਚੋਣਾਂ ਕਾਂਗਰਸ ਪਾਰਟੀ ਦੇ ਉਮੀਦਵਾਰ ਬੜੀ ਸ਼ਾਨ ਨਾਲ ਜਿੱਤਣਗੇ। ਇਹ ਚੋਣਾਂ ਪੰਜਾਬ ਵਿਧਾਨ ਸਭਾ 2027 ਦਾ ਮੁੱਢ ਬੰਨ੍ਹਣਗੀਆਂ। ਇਹ ਪ੍ਰਗਟਾਵਾ ਜੋਨ ਕੁਲਥਮ ਤੋਂ ਜ਼ਿਲ੍ਹਾ ਪ੍ਰੀਸ਼ਦ ਲਈ ਉਮੀਦਵਾਰ ਬੀਬੀ ਬਿਮਲਾ ਦੇਵੀ ਬੰਗਾ ਤੇ ਜੋਨ ਮੋਹਲੀ ਤੋਂ ਬਲਾਕ ਸੰਮਤੀ ਲਈ ਉਮੀਦਵਾਰ ਬੀਬੀ ਰਜਨੀ ਦੇਵੀ ਦੇ ਹੱਕ ਵਿੱਚ ਮੁਹਿੰਮ ਦੌਰਾਨ ਬੰਗਾ ਖੇਤਰ ਦੇ ਪਿੰਡਾਂ ਮੋਹਲੀ, ਬੁਜਾ, ਜੰਡਿਆਲਾ, ਮੰਢਾਲੀ ਵਿਖੇ ਸੀਨੀਅਰ ਕਾਂਗਰਸੀ ਆਗੂ ਕਮਲਜੀਤ ਬੰਗਾ ਸਾਬਕਾ ਮੈਂਬਰ ਜ਼ਿਲ੍ਹਾ ਪ੍ਰੀਸ਼ਦ ਨੇ ਕੀਤਾ। ਪੰਜਾਬ ਦੇ ਲੋਕ ਹੁਣ ਸੂਬੇ ਦੀ ਮੌਜੂਦਾ ਸਰਕਾਰ ਤੋਂ ਅੱਕ ਚੁੱਕੇ ਹਨ ਅਤੇ ਵਿਕਾਸ ਦੀ ਪਹਿਲ ਕਰਨ ਵਾਲੀ ਸਰਕਾਰ ਬਣਾਉਣ ਦਾ ਮਨ ਬਣਾਈ ਬੈਠੇ ਹਨ। ਇਸ ਮੌਕੇ ਕਮਲਜੀਤ ਬੰਗਾ, ਹਰਭਜਨ ਸਿੰਘ ਭਰੋਲੀ, ਪਰਵਿੰਦਰ ਸਿੰਘ ਸਾਬਕਾ ਸਰਪੰਚ, ਬਿਮਲਾ ਦੇਵੀ ਬੰਗਾ, ਰਜਨੀ ਦੇਵੀ, ਅਮਨਪ੍ਰੀਤ ਸਰਪੰਚ ਬੁਜਾ, ਪ੍ਰੇਮ ਚੰਦ, ਨਰੇਸ਼ ਦਾਸ ਮੋਹਲੀ, ਅਮਨਦੀਪ ਸਿੰਘ ਮੋਹਲੀ, ਮਹਾਂਵੀਰ ਸਿੰਘ ਮੋਹਲੀ ਆਦਿ ਹਾਜ਼ਰ ਸਨ।

## ਚੋਣਾਂ 'ਚ ਅਕਾਲੀ ਦਲ ਪੇਸ਼ ਕਰ ਰਿਹਾ ਵਿਕਾਸ ਦਾ ਰੋਡਮੈਪ : ਐੱਨ ਕੇ ਸ਼ਰਮਾ



**ਡੇਰਾਬੱਸੀ (ਵਿਨੈ ਕੁਮਾਰ ਜੈਨ)-** ਸ਼੍ਰੋਮਣੀ ਅਕਾਲੀ ਦਲ ਦੇ ਖਜ਼ਾਨਚੀ ਅਤੇ ਡੇਰਾਬੱਸੀ ਵਿਧਾਨ ਸਭਾ ਹਲਕੇ ਦੇ ਸਾਬਕਾ ਵਿਧਾਇਕ ਐੱਨ ਕੇ ਸ਼ਰਮਾ ਨੇ ਕਿਹਾ ਹੈ ਕਿ ਡੇਰਾਬੱਸੀ ਹਲਕੇ ਦੇ ਲੋਕਾਂ ਨੇ ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਕਮੇਟੀ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰਾਂ ਨੂੰ ਜਿਤਾਉਣ ਦਾ ਮਨ ਬਣਾ ਲਿਆ ਹੈ। ਅਕਾਲੀ ਦਲ ਦੇ ਉਮੀਦਵਾਰ ਪ੍ਰਚਾਰ ਦੌਰਾਨ ਜਿੱਥੇ ਵਿਕਾਸ ਦਾ ਰੋਡਮੈਪ ਪੇਸ਼ ਕਰ ਰਹੇ ਹਨ। ਐਨ.ਕੇ. ਸ਼ਰਮਾ ਮੁੰਦੇਦੂਰ ਜ਼ੋਨ ਤੋਂ ਉਮੀਦਵਾਰ ਨਿਰਮਲਾ ਦੇਵੀ ਦੇ ਸਮਰਥਨ ਵਿੱਚ ਮੁਕੰਦਪੁਰ ਅਤੇ ਬਿਜਨਪੁਰ ਵਿੱਚ ਚੋਣ ਜਨ ਸਭਾਵਾਂ ਨੂੰ ਸੰਬੋਧਨ ਕਰ ਰਹੇ ਸਨ।ਸ਼੍ਰੋਮਣੀ ਅਕਾਲੀ ਦਲ ਨੇ ਹਮੇਸ਼ਾ ਹੀ ਪੰਜਾਬ ਵਿੱਚ ਸ਼ਾਂਤੀ ਅਤੇ ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰਨ ਲਈ ਕੰਮ ਕੀਤਾ ਹੈ।ਐਨ.ਕੇ.ਸ਼ਰਮਾ ਨੇ ਚੰਡਿਆਲਾ ਜ਼ੋਨ ਤੋਂ ਅਕਾਲੀ ਦਲ ਦੀ ਉਮੀਦਵਾਰ ਕਮਲੇਸ਼ ਕੌਰ ਦੇ ਹੱਕ ਵਿੱਚ ਰਾਜੋਮਾਜਰਾ, ਹੰਡੇਸਰਾ, ਹੰਸਾਲਾ, ਬੇਰਮਾਜਰਾ, ਤਵਾਫਪੁਰਾ ਜ਼ੋਨ ਤੋਂ ਉਮੀਦਵਾਰ ਸੁਖਜਿੰਦਰ ਕੌਰ ਦੇ ਸਮਰਥਨ ਵਿੱਚ ਤੋਗਾਂਪੁਰ, ਆਗਾਪੁਰ, ਭਗਵਾਨਪੁਰ, ਖੇੜੀ ਗੁੱਜਰਾਂ ਜ਼ੋਨ ਤੋਂ ਨਿਰਮਲਾ ਦੇਵੀ ਦੇ ਸਮਰਥਨ ਵਿੱਚ ਪੁਨਸਰ, ਮੀਆਂਪੁਰ ਵਿੱਚ ਚੋਣ ਜਨ ਸਭਾਵਾਂ ਨੂੰ ਸੰਬੋਧਨ ਕੀਤਾ। ਇਸ ਮੌਕੇ 'ਤੇ ਦਲਜਾਰਾ ਸਰਪੰਚ, ਸ਼ਿਵ ਰਾਮ ਸਰਪੰਚ, ਗੁਰਮੀਤ ਸਿੰਘ, ਰਾਮਕਰਨ ਪੰਚ, ਨਰੇਸ਼ ਪੰਚ, ਜਗਪਾਲ ਪੰਚ, ਚੌਧਰੀ ਮਾਮਚੰਦ, ਸੁਨੀਲ ਕੁਮਾਰ, ਪਵਨ ਕੁਮਾਰ, ਹਰਮੇਲ ਸਰਪੰਚ ਪੁਨਸਰ ਸਮੇਤ ਕਈ ਪਤਵੰਤੇ ਹਾਜ਼ਰ ਸਨ।

# ਸੀ ਟੀ ਗਰੁੱਪ ਦੀ ਕੋਮਲ ਨੇ ਏਸ਼ੀਆ ਚੈਂਪੀਅਨਸ਼ਿਪ 2025 'ਚ ਬਣਾਇਆ ਨਵਾਂ ਵਿਸ਼ਵ ਰਿਕਾਰਡ

**ਜਲੰਧਰ (ਸ਼ੈਲੀ ਐਲਬਰਟ)-** ਸੀ ਟੀ ਗਰੁੱਪ ਬੇਹੱਦ ਮਾਣ ਨਾਲ ਐਲਾਨ ਕਰਦਾ ਹੈ ਕਿ ਹਰਿਆਣਾ ਦੀ ਰਹਿਣ ਵਾਲੀ ਅਤੇ ਐਮ.ਬੀ.ਏ ਵਿਦਿਆਰਥਣ ਕੋਮਲ ਨੇ 2 ਤੋਂ 10 ਦਸੰਬਰ 2025 ਤੱਕ ਤੁਰਕੀ ਦੇ ਇਸਤਾਂਬੁਲ ਵਿੱਚ ਹੋਈ ਏਸ਼ੀਅਨ ਓਪਨ ਪਾਵਰਲਿਫਟਿੰਗ ਚੈਂਪੀਅਨਸ਼ਿਪ ਵਿੱਚ ਨਵਾਂ ਵਿਸ਼ਵ ਰਿਕਾਰਡ ਬਣਾਇਆ ਹੈ। ਭਾਰਤ ਅਤੇ ਸੀ ਟੀ ਗਰੁੱਪ ਦੀ ਨੁਮਾਇੰਦਗੀ ਕਰਦਿਆਂ, ਕੋਮਲ ਨੇ 57 ਕਿਲੋਗ੍ਰਾਮ ਵਜ਼ਨ ਵਰਗ ਵਿੱਚ ਚਾਂਦੀ ਦਾ ਤਮਗਾ ਜਿੱਤਿਆ ਅਤੇ 211 ਕਿਲੋਗ੍ਰਾਮ ਡੈਡਲਿਫਟ ਕਰਕੇ ਨਵਾਂ ਵਿਸ਼ਵ ਰਿਕਾਰਡ ਸਥਾਪਿਤ ਕੀਤਾ, ਜੋ ਪਹਿਲਾਂ 210 ਕਿਲੋਗ੍ਰਾਮ ਸੀ। ਉਸ ਦੀ ਇਹ ਉਪਲਬਧੀ ਸੰਸਥਾ ਅਤੇ ਦੇਸ਼ ਦੋਵਾਂ ਲਈ ਅਤਿਅੰਤ ਮਾਣਯੋਗ ਹੈ।ਕੋਮਲ ਦੀ ਇਹ ਅੰਤਰਰਾਸ਼ਟਰੀ ਕਾਮਯਾਬੀ ਉਸ ਦੇ ਬਚਪਨ ਦੇ ਸੁਪਨੇ ਤੋਂ ਸ਼ੁਰੂ ਹੋਈ, ਜਦੋਂ ਪਾਵਰਲਿਫਟਿੰਗ ਨੇ ਉਸ ਦੇ ਮਨ ਵਿੱਚ ਆਪਣੀ ਥਾਂ ਬਣਾਈ। ਸਮੇਂ ਦੇ ਨਾਲ ਉਸ ਨੇ ਅਨੁਸ਼ਾਸਨ, ਕੇਂਦਰਿਤ ਧਿਆਨ ਅਤੇ ਲਗਾਤਾਰ ਮਿਹਨਤ ਦਾ ਕਾਬਲੇ-ਤਾਰੀਫ਼ ਪ੍ਰਦਰਸ਼ਨ ਕੀਤਾ। ਇਹੋ ਗੁਣ ਉਸ ਨੂੰ ਸੀ ਟੀ ਗਰੁੱਪ ਦੇ ਐਮ.ਬੀ.ਏ ਪ੍ਰੋਗਰਾਮ ਦੀ ਸ਼ਾਨਦਾਰ ਵਿਦਿਆਰਥਣ ਬਣਾਉਂਦੇ ਹਨ। ਸੀ ਟੀ ਗਰੁੱਪ ਦੇ ਚੇਅਰਮੈਨ ਚਰਨਜੀਤ ਸਿੰਘ ਚੰਨੀ ਨੇ ਕੋਮਲ ਦੀ ਇਸ ਪ੍ਰਾਪਤੀ 'ਤੇ ਗਹਿਰਾ ਮਾਣ ਪ੍ਰਗਟਾਇਆ ਅਤੇ ਕਿਹਾ ਕਿ ਉਸ ਦਾ ਇਹ ਵਿਸ਼ਵ ਰਿਕਾਰਡ ਸੀ ਟੀ ਗਰੁੱਪ ਲਈ ਸਨਮਾਨ ਦੀ ਗੱਲ ਹੈ। ਮੈਨੇਜਿੰਗ ਡਾਇਰੈਕਟਰ ਡਾ. ਮਨਬੀਰ ਸਿੰਘ ਨੇ ਕਿਹਾ ਕਿ ਕੋਮਲ ਦੀ ਸਫਲਤਾ ਸਾਬਤ ਕਰਦੀ ਹੈ ਕਿ ਨਿਰੰਤਰ ਸਮਰਥਨ ਅਤੇ ਸਕਾਰਾਤਮਕ ਵਾਤਾਵਰਨ ਕਿਵੇਂ ਬੇਮਿਸਾਲ ਨਤੀਜੇ ਲਿਆ ਸਕਦੇ ਹਨ। ਵਾਇਸ-ਚੇਅਰਮੈਨ ਹਰਪ੍ਰੀਤ ਸਿੰਘ ਨੇ ਵੀ ਉਸ ਦੀ ਲਗਨ ਅਤੇ ਜਜ਼ਬੇ ਦੀ ਪ੍ਰਸ਼ੰਸਾ ਕੀਤੀ।



## ਬਸਪਾ ਉਮੀਦਵਾਰ ਭਾਰੀ ਬਹੁਮਤ ਨਾਲ ਜਿੱਤ ਪ੍ਰਾਪਤ ਕਰੇਗੀ : ਮੱਖਣ ਲਾਲ ਚੌਹਾਨ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੂਰਗਾਪੁਰੀਆ)-** ਨਵਾਂਸ਼ਹਿਰ ਦੇ ਬਲਾਕ ਸੰਮਤੀ ਜੋਨ ਰਾਮਰਾਏ ਪੁਰ ਤੋਂ ਬਹੁਜਨ ਸਮਾਜ ਪਾਰਟੀ ਦੀ ਉਮੀਦਵਾਰ ਸੋਨੀਆ ਦੇਵੀ ਭਾਰੀ ਬਹੁਮਤ ਨਾਲ ਜਿੱਤ ਦਰਜ ਕਰਾਏਗੀ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਉਮੀਦਵਾਰ ਦੇ ਹੱਕ ਵਿੱਚ ਮੱਖਣ ਲਾਲ ਚੌਹਾਨ ਸਾਬਕਾ ਇੰਚਾਰਜ ਬਹੁਜਨ ਸਮਾਜ ਪਾਰਟੀ ਤੇ ਡਾ. ਸੋਮਨਾਥ ਸੀਨੀਅਰ ਆਗੂ ਬਹੁਜਨ ਸਮਾਜ ਪਾਰਟੀ ਨੇ ਪਿੰਡ ਪੂੰਨੂੰ ਮਜਾਰਾ, ਜੇਠੂ ਮਜਾਰਾ, ਕਰੀਮਪੁਰ, ਗੋਰਖਪੁਰ, ਗੋਹਲੜੋਂ ਅਤੇ ਰਾਮਰਾਏ ਪੁਰ ਵਿੱਚ ਭਾਰਵੀਆਂ ਚੋਣ ਮੀਟਿੰਗਾਂ ਨੂੰ ਸੰਬੋਧਨ ਕਰਦਿਆ ਕੀਤਾ।ਹੋਰਨਾਂ ਤੋਂ ਇਲਾਵਾ ਜੋਗਿੰਦਰ ਰਾਮ ਰਿਟਾਇਰਡ ਆਡਿਟ ਅਫਸਰ, ਲਛਮਣ ਦਾਸ ਨੰਬਰਦਾਰ, ਸਤਪਾਲ ਚੌਹਾਨ, ਸੁਰਜੀਤ ਰਾਮ, ਜਸਵੀਰ ਮਹਿਮੀ, ਗੁਰਮੇਲ ਰਾਮ, ਜਗਦੀਸ਼ ਰਾਮ ਆਦਿ ਹਾਜਰ ਰਹੇ।

## ਗਾਇਕਾ ਨਸੀਬੋ ਲਾਲ ਤੇ ਮਨਵੀਰ ਰਾਣਾ ਦਾ ਨਵਾਂ ਗੀਤ ਜਲਦ ਹੋਵੇਗਾ ਰਿਲੀਜ਼ : ਮਨਜੀਤ ਸਿੰਘ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)-** ਅਨੇਕਾਂ ਹੀ ਪੰਜਾਬੀ ਅਤੇ ਧਾਰਮਿਕ ਗੀਤਾਂ ਕਾਰਨ ਚਰਚਾ ਵਿੱਚ ਰਹਿਣ ਵਾਲੇ ਚੜ੍ਹਦੇ ਪੰਜਾਬ ਦੇ ਪ੍ਰਸਿੱਧ ਗਾਇਕ ਮਨਵੀਰ ਰਾਣਾ ਦਾ ਗੁਰੂ ਰਵਿਦਾਸ ਮਹਾਰਾਜ ਜੀ ਦੀ ਮਹਿਮਾਂ ਵਿੱਚ ਰੰਗਿਆ ਧਾਰਮਿਕ ਗੀਤ ਮਹਾਰਾਜ ਦੇ ਪਵਿੱਤਰ ਜਨਮ ਦਿਹਾੜੇ ਮੌਕੇ ਟਰਾਂਟੋ ਮਿਊਜ਼ਿਕ ਕੰਪਨੀ ਬਹੁਤ ਹੀ ਵੱਡੇ ਪੱਧਰ ਤੇ ਰਿਲੀਜ਼ ਕਰ ਰਹੀ ਹੈ ਜਿਸ ਵਿੱਚ ਰਾਣਾ ਜੀ ਦਾ ਗਾਉਣ ਵਿੱਚ ਸਾਥ ਪਾਕਿਸਤਾਨ ਦੀ ਪ੍ਰਸਿੱਧ ਗਾਇਕਾ ਨਸੀਬੋ ਲਾਲ ਨੇ ਦਿੱਤਾ ਹੈ। ਗੀਤਕਾਰ ਤਲਵਿੰਦਰ ਭਿੰਡੋਂ ਦੇ ਲਿਖੇ ਇਸ ਗੀਤ ਨੂੰ ਸੰਗੀਤਬੱਧ ਆਰ ਦੀਪ ਨੇ ਆਪਣੇ ਸੰਗੀਤ 'ਚ ਬਹੁਤ ਮਿਹਨਤ ਨਾਲ ਸ਼ਿੰਗਾਰਿਆ ਹੈ, ਵੀਡਿਓ ਮਨਦੀਪ ਰੰਧਾਵਾ ਨੇ ਕੀਤਾ ਹੈ। ਕੰਪਨੀ ਦੇ ਮਾਲਕ ਮਨਜੀਤ ਸਿੰਘ ਨੇ ਗੱਲਬਾਤ ਦੌਰਾਨ ਦੱਸਿਆ ਹੈ ਕਿ ਅਸੀਂ ਇਸ ਗੀਤ ਨੂੰ 10 ਜਨਵਰੀ ਤੱਕ ਸੰਸਾਰ ਪੱਧਰ 'ਤੇ ਰਿਲੀਜ਼ ਕਰ ਦਵਾਂਗੇ।



## ਸਤਨਾਮ ਸਿੰਘ ਸੱਤੀ ਦੇ ਹੱਕ 'ਚ ਸੰਘਵਾਲ 'ਚ ਮੀਟਿੰਗ

**ਕਿਸ਼ਨਗੜ੍ਹ (ਸੁਖਜੀਤ ਕੁਮਾਰ)** ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਨੌ ਗੱਜਾ ਜੋਨ ਤੋਂ ਜਿਲ੍ਹਾ ਪ੍ਰੀਸ਼ਦ ਦੇ ਉਮੀਦਵਾਰ ਸਤਨਾਮ ਸਿੰਘ ਸੱਤੀ ਮਾਂਗੇ ਕੀ ਦੇ ਹੱਕ 'ਚ ਸੁਖਜਿੰਦਰ ਸਿੰਘ ਖਾਲਸਾ ਦੇ ਗ੍ਰਹਿ ਸੰਘਵਾਲ ਵਿਖੇ ਅਕਾਲੀ ਵਰਕਰਾਂ ਦੀ ਮੀਟਿੰਗ ਹੋਈ, ਜਿਸ ਵਿੱਚ ਸਤਨਾਮ ਸਿੰਘ ਸੱਤੀ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ ਕਿ ਆਪ ਸਰਕਾਰ ਦੇ ਪਿਛਲੇ ਸਾਲਾਂ 'ਚ ਜੋ ਵਿਕਾਸ ਕਾਰਜ ਸਭ ਅਧੂਰੇ ਪਏ ਹਨ। ਸ਼੍ਰੋਮਣੀ ਅਕਾਲੀ ਦਲ (ਬਾਦਲ) ਦੀ ਸਰਕਾਰ ਸਮੇਂ ਹੀ ਪੂਰੇ ਪੰਜਾਬ 'ਚ ਵਿਕਾਸ ਕਾਰਜ ਹੋਏ ਸਨ। ਉਹਨਾਂ ਨੇ ਅਕਾਲੀ ਵਰਕਰਾਂ ਨੂੰ ਅਪੀਲ ਕੀਤੀ ਕਿ ਪੰਜਾਬ ਦੇ ਸੁਨਹਿਰੇ ਭਵਿੱਖ ਲਈ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰਾਂ ਨੂੰ ਵੱਧ ਤੋਂ ਵੱਧ ਵੋਟਾਂ ਪਾ ਕੇ ਜਤਾਇਆ ਜਾਵੇ। ਇਸ ਮੌਕੇ ਗੁਰਦੇਵ ਸਿੰਘ ਮਾਹਲ, ਰਤਨ ਸਿੰਘ ਟਿਵਾਣਾ ਰਹੀਮਪੁਰ, ਸੁਖਜਿੰਦਰ ਸਿੰਘ ਖਾਲਸਾ, ਰਵਿੰਦਰ ਸਿੰਘ ਫੁੱਲ, ਸਰਦੂਲ ਸਿੰਘ ਸਰਪੰਚ ਜੰਡੇ ਸਰਾਏ, ਇਕਬਾਲ ਸਿੰਘ ਖਾਲਸਾ, ਭਾਈ ਮਹਿੰਦਰ ਸਿੰਘ, ਸਰਵਣ ਸਿੰਘ, ਗੁਰਜਿੰਦਰ ਸਿੰਘ, ਗੁਰਪ੍ਰੀਤ ਸਿੰਘ ਗੋਪੀ, ਗਗਨਪ੍ਰੀਤ ਸਿੰਘ, ਜਰਮਨ ਸਿੰਘ ਚਾਹਲ, ਗੁਰਤੇਜ ਸਿੰਘ, ਗੁਰਨਾਮ ਸਿੰਘ ਪੰਨੂ, ਪਰਮਜੋਤ ਸਿੰਘ ਫੁੱਲ, ਮਨਜੀਤ ਸਿੰਘ, ਲਵਪ੍ਰੀਤ ਸਿੰਘ, ਬਾਬੂ ਮੋਹਣ ਲਾਲ, ਲਵ ਰਹੀਮਪੁਰ, ਨਛੱਤਰ ਸਿੰਘ, ਜੈਮੀ ਅਤੇ ਵੱਡੀ ਗਿਣਤੀ ਵਿੱਚ ਅਕਾਲੀ ਵਰਕਰ ਸ਼ਾਮਲ ਸਨ।



## ਪ੍ਰੋਫੈਸਰ ਨੀਰਜ ਵਿਰਦੀ ਦਾ ਪੇਟੈਂਟ ਪ੍ਰਕਾਸ਼ਿਤ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)** ਬੱਬਰ ਅਕਾਲੀ ਮੈਮੋਰੀਅਲ ਖ਼ਾਲਸਾ ਕਾਲਜ ਗੜ੍ਹਸ਼ੰਕਰ ਦੇ ਕੈਮਿਸਟਰੀ ਵਿਭਾਗ ਨੂੰ ਮਹੱਤਵਪੂਰਨ ਅਕਾਦਮਿਕ ਪ੍ਰਾਪਤੀ ਮਿਲੀ ਹੈ।ਕਾਲਜ ਦੇ ਕਮਿਸਟਰੀ ਵਿਭਾਗ ਦੇ ਸਹਾਇਕ ਪ੍ਰੋਫੈਸਰ ਨੀਰਜ ਵਿਰਦੀ ਦਾ ਖ਼ੋਜ ਸੰਬੰਧੀ ਪੇਟੈਂਟ ਭਾਰਤੀ ਪੇਟੈਂਟ ਦਫ਼ਤਰ ਦੇ ਪੇਟੈਂਟ ਜਰਨਲ ਵਿਚ ਪ੍ਰਕਾਸ਼ਿਤ ਹੋਇਆ ਹੈ।ਇਸ ਖੋਜ ਵਿਚਤ ਪੌਦਿਆਂ ਦੇ ਅਰਕ ਰਾਹੀਂ ਹਰੇ ਭਰੇ ਤਰੀਕੇ ਨਾਲ ਨੇਨੋਮੈਟਰੀਅਲ ਤਿਆਰ ਕਰਨ ਦੀ ਤਕਨੀਕ ਦਰਸਾਈ ਗਈ ਹੈ ਜੋ ਬਾਇਓਮੈਡੀਕਲ, ਡਾਇਗਨੋਸਟਿਕ ਅਤੇ ਫਾਰਮਾਸਿਊਟਿਕਲ ਖੇਤਰਾਂ ਵਿਚ ਉਪਯੋਗੀ ਸਾਬਤ ਹੋ ਸਕਦੀ ਹੈ। ਕਾਲਜ ਪ੍ਰਿੰਸੀਪਲ ਡਾ. ਅਮਨਦੀਪ ਹੀਰਾ ਨੇ ਇਸ ਪ੍ਰਾਪਤੀ ਲਈ ਪ੍ਰੋ. ਨੀਰਜ ਵਿਰਦੀ ਨੂੰ ਵਧਾਈ ਦਿੰਦਿਆ ਕਿਹਾ ਕਿ ਖੋਜ ਕਿਰਿਆਂਵਾਂ ਰਾਹੀਂ ਸਿੱਖਿਆ ਸੰਸਥਾਵਾਂ ਦੀ ਅਕਾਦਮਿਕ ਖੇਤਰ ਨੂੰ ਮਜ਼ਬੂਤੀ ਦਿੰਦੀਆਂ ਹਨ। ਕੈਮਿਸਟਰੀ ਵਿਭਾਗ ਦੇ ਮੁੱਖ ਡਾ. ਮੁਕੇਸ਼ ਸ਼ਰਮਾ ਨੇ ਇਸ ਉਪਲਬੱਧੀ ਨੂੰ ਵਿਭਾਗ ਲਈ ਸ਼ਲਾਘਾਯੋਗ ਪ੍ਰਾਪਤੀ ਦੱਸਿਆ।ਕਾਲਜ ਸਟਾਫ਼ ਨੇ ਪ੍ਰੋ. ਨੀਰਜ ਵਿਰਦੀ ਨੂੰ ਇਸ ਪ੍ਰਾਪਤੀ ਲਈ ਵਧਾਈ ਦਿੱਤੀ।



## ਚੱਬੇਵਾਲ ਦੇ ਹਰ ਪਿੰਡ, ਘਰ ਤੱਕ ਪਹੁੰਚੇ ਹਰ ਸਹੂਲਤ, ਇਹ ਮੇਰਾ ਸੰਕਲਪ : ਡਾ. ਇਸ਼ਾਂਕ ਕੁਮਾਰ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)-** ਚੱਬੇਵਾਲ ਹਲਕੇ ਦਾ ਹਰ ਪਿੰਡ, ਹਰ ਪਿੰਡ ਦਾ ਹਰ ਘਰ, ਵਿਕਾਸ ਦੀ ਤਸਵੀਰ ਹੋਣੀ ਚਾਹੀਦੀ ਹੈ। ਮੇਰਾ ਸੁਪਨਾ ਹੈ ਕਿ ਮੇਰੇ ਹਲਕੇ ਦੇ ਹਰ ਇੱਕ ਵਿਅਕਤੀ ਤੱਕ ਸਰਕਾਰ ਦੀ ਹਰ ਯੋਜਨਾ, ਹਰ ਸਹੂਲਤ ਬਿਨਾਂ ਕਿਸੇ ਭੇਦਭਾਵ ਦੇ ਪਹੁੰਚੇ। ਇਹ ਵਿਚਾਰ ਚੱਬੇਵਾਲ ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਚੁਣਾਵ ਪ੍ਰਚਾਰ ਦੇ ਆਖਰੀ ਦਿਨ ਆਪਣੇ ਹਲਕਾ ਵਾਸੀਆਂ ਨੂੰ ਸੰਬੋਧਿਤ ਕਰਦੇ ਹੋਏ ਜ਼ਾਹਿਰ ਕੀਤੇ। ਡਾ. ਇਸ਼ਾਂਕ ਨੇ ਕਿਹਾ ਕਿ ਅੱਜ ਦੀ ਰਾਜਨੀਤੀ ਵਾਅਦਿਆਂ 'ਤੇ ਨਹੀਂ, ਜ਼ਮੀਨੀ ਪੱਧਰ 'ਤੇ ਕੀਤੇ ਗਏ ਕੰਮਾਂ 'ਤੇ ਟਿਕੀ ਹੈ। ਚੱਬੇਵਾਲ ਹਲਕੇ ਵਿੱਚ ਸੜਕਾਂ, ਸਕੂਲਾਂ, ਹਸਪਤਾਲਾਂ, ਖੇਡਾਂ, ਅਤੇ ਪਾਣੀ-ਸੀਵਰੇਜ ਦੇ ਕਾਰਜਾਂ ਨੂੰ ਜਿਸ ਤੇਜੀ ਨਾਲ ਅੱਗੇ ਵਧਾਇਆ ਗਿਆ ਹੈ, ਇਹ ਸਿਰਫ ਸ਼ੁਰੂਆਤ ਹੈ। ਉਹਨਾਂ ਨੇ ਲੋਕਾਂ ਨਾਲ ਸਾਂਝਾ ਕੀਤਾ ਕਿ ਉਹ ਆਪਣੇ ਚੁਣਾਵੀ ਵਾਅਦੇ ਇਕ-ਇਕ ਕਰ ਪੂਰੇ ਕਰ ਰਹੇ ਹਨ। ਇਸ ਦੌਰਾਨ ਡਾ. ਇਸ਼ਾਂਕ ਨੇ ਜਨਤਾ ਨੂੰ ਨਿਮਰ ਅਪੀਲ ਕੀਤੀ ਕਿ ਇਹਨਾਂ ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਦੀ ਚੋਣਾਂ ਵਿੱਚ ਤੁਸੀਂ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਨੂੰ ਆਪਣਾ ਵੋਟ ਦਿਓ ਤਾਂ ਜੋ ਵਿਕਾਸ ਦੀ ਰਫਤਾਰ ਹੋਰ ਮਜ਼ਬੂਤ ਹੋਵੇ।

## ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ 'ਚ ਸਾਇੰਸ ਤੇ ਕਲਾ ਪ੍ਰਦਰਸ਼ਨੀ

**ਕਪੂਰਥਲਾ (ਹਨੀ)-** ਰੇਲ ਕੋਚ ਫੈਕਟਰੀ ਸਾਹਮਣੇ ਸਥਿਤ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਵਿਖੇ ਸਾਇੰਸ ਮੇਲਾ ਅਤੇ ਕਲਾ ਪ੍ਰਦਰਸ਼ਨੀ ਦਾ ਆਯੋਜਨ ਕੀਤਾ ਗਿਆ। ਜਿਸ ਵਿਚ ਵਿਦਿਆਰਥੀਆਂ ਨੇ ਵੱਡੀ ਗਿਣਤੀ ਵਿੱਚ ਹਿੱਸਾ ਲਿਆ। ਵਿਦਿਆਰਥੀਆਂ ਸਾਇੰਸ ਮੇਲੇ ਵਿੱਚ ਸ਼ਿਰਕਤ ਕਰਦਿਆਂ ਆਧੁਨਿਕ ਮਾਡਲ ਤਿਆਰ ਕੀਤੇ, ਜਦਕਿ ਕਲਾ ਪ੍ਰਦਰਸ਼ਨੀ ਵਿਚ ਭਾਗ ਲੈਣ ਵਾਲੇ ਵਿਦਿਆਰਥੀਆਂ ਵੀ ਹਾਜ਼ਰੀਨ ਦੀ ਭਰਪੂਰ ਪ੍ਰਸ਼ੰਸਾ ਹਾਸਲ ਕੀਤੀ। ਵਿਗਿਆਨ, ਗਣਿਤ, ਅੰਗਰੇਜ਼ੀ, ਹਿੰਦੀ, ਪੰਜਾਬੀ, ਸਮਾਜਿਕ ਵਿਗਿਆਨ, ਆਰਟ ਆਦਿ ਸਾਰੇ ਵਿਸ਼ਾ ਵਸਤੂ ਦੇ ਖੇਤਰਾਂ ਵਿੱਚ ਬਹੁਤ ਹੀ ਰਚਨਾਤਮਕ ਤਰੀਕੇ ਦੇ ਨਾਲ ਵਿਦਿਆਰਥੀਆਂ ਵੱਲੋਂ ਮਾਡਲ ਤਿਆਰ ਕੀਤੇ ਗਏ। ਇਸ ਦੌਰਾਨ ਵਿਦਿਆਰਥੀਆਂ ਦੀਆਂ ਕਲਾਤਮਿਕ ਅਤੇ ਰਚਨਾਤਮਕ ਪ੍ਰਤਿਭਾ ਉਭਰ ਕੇ ਸਾਹਮਣੇ ਆਈ। ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ, ਇੰਜੀਨੀਅਰ ਸਵਰਨ ਸਿੰਘ ਪ੍ਰਧਾਨ ਗੁਰੂ ਨਾਨਕ ਖਾਲਸਾ ਕਾਲਜ ਸੁਲਤਾਨਪੁਰ ਲੋਧੀ, ਸਕੂਲ ਡਾਇਰੈਕਟਰ ਇੰਜੀਨੀਅਰ ਹਰਨਿਆਮਤ ਕੌਰ, ਪ੍ਰਸ਼ਾਸਕ ਇੰਜੀਨੀਅਰ ਨਿਮਰਤਾ ਕੌਰ ਅਤੇ ਪ੍ਰਿੰਸੀਪਲ ਡਿੰਪਲ ਸ਼ਰਮਾ ਨੇ ਵਿਦਿਆਰਥੀਆਂ ਵੱਲੋਂ ਦਿਖਾਈ ਕਲਾ ਦੀ ਭਰਪੂਰ ਪ੍ਰਸ਼ੰਸਾ ਕੀਤੀ। ਇਸ ਮੌਕੇ ਐਕਟੀਵਿਟੀ ਇੰਚਾਰਜ ਪ੍ਰਦੀਪ ਕੌਰ, ਦਲਜੀਤ ਕੌਰ, ਕੇ ਜੀ ਵਿੰਗ ਇੰਚਾਰਜ ਹਰਪ੍ਰੀਤ ਕੌਰ, ਮਨਪ੍ਰੀਤ ਕੌਰ, ਹਰਪਿੰਦਰ ਕੌਰ, ਗੁਰਪ੍ਰੀਤ ਕੌਰ, ਜਸਵਿੰਦਰ ਸਿੰਘ, ਸ਼ਿੰਦਰਪਾਲ ਕੌਰ, ਹਰਜਿੰਦਰ ਸਿੰਘ, ਮਨਜਿੰਦਰ ਸਿੰਘ, ਰੇਨੂੰ ਬਾਲਾ, ਸੁਮਨਦੀਪ ਕੌਰ, ਮੈਡਮ ਰਾਜ, ਮੈਡਮ ਲਵਿਤਾ, ਕੁਲਵਿੰਦਰ ਕੌਰ ਆਦਿ ਸਟਾਫ਼ ਮੈਂਬਰ ਅਤੇ ਵੱਡੀ ਗਿਣਤੀ ਵਿੱਚ ਹਾਜ਼ਰ ਸਨ।



## ਪੁਰਾਣੀ ਪੈਨਸ਼ਨ ਦੀ ਬਹਾਲੀ ਲਈ ਜਥੇਬੰਦਕ ਏਕਤਾ ਜ਼ਰੂਰੀ : ਮੰਝਪੁਰ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਪੁਰਾਣੀ ਪੈਨਸ਼ਨ ਯੋਜਨਾ ਦੀ ਮੁੜ ਬਹਾਲੀ ਲਈ ਪੰਜਾਬ ਭਰ ਵਿੱਚ ਮੁਲਾਜ਼ਮ ਜਥੇਬੰਦੀਆਂ ਨੇ ਲੜਾਈ ਵਿੱਢੀ ਹੋਈ ਹੈ, ਪਰ ਅਸਲੀਅਤ ਇਹ ਹੈ ਕਿ ਸਾਰੀਆਂ ਜਥੇਬੰਦੀਆਂ ਏਕਤਾ ਦੇ ਪੱਖੋਂ ਸਰਕਾਰ ਵਿਰੁੱਧ ਲੜਾਈ ਲੜਨ ਵਿੱਚ ਬੁਰੀ ਤਰ੍ਹਾਂ ਅਸਫ਼ਲ ਰਹੀਆਂ ਹਨ।ਇਹ ਪ੍ਰਗਟਾਵਾ ਕਰਦੇ ਹੋਏ ਮੁਲਾਜ਼ਮ ਆਗੂ ਗੁਰਜਿੰਦਰ ਸਿੰਘ ਮੰਝਪੁਰ ਨੇ ਦੱਸਿਆ ਕਿ ਹਾਲਾਤ ਇਹ ਬਣਦੇ ਜਾ ਰਹੇ ਹਨ ਕਿ ਪੁਰਾਣੀ ਪੈਨਸ਼ਨ ਯੋਜਨਾ ਲਾਗੂ ਕਰਵਾਉਣ ਨਾਲ ਸੰਬੰਧਿਤ ਜਥੇਬੰਦੀਆਂ ਇੱਕ ਦੂਜੇ ਦੇ ਨਾਲ ਮੁਕਾਬਲੇਬਾਜੀ ਜਾਂ ਮਾਅਰਕੇਬਾਜੀ ਦੇ ਵਿੱਚ ਗ੍ਰਸਤ ਹੋ ਚੁੱਕੀਆਂ ਹਨ ਤੇ ਅਕਸਰ ਜਥੇਬੰਦੀਆਂ ਵਿੱਚ ਆਪਸੀ ਖਿੱਚੋਤਾਣ ਚੱਲਦੀ ਰਹਿੰਦੀ ਹੈ।ਉਨ੍ਹਾਂ ਕਿਹਾ ਕਿ ਇਹੀ ਵਜ੍ਹਾ ਹੈ ਕਿ ਪਿਛਲੇ ਤਿੰਨ ਸਾਲਾਂ ਤੋਂ ਸੰਘਰਸ਼ ਲਗਾਤਾਰ ਚੱਲ ਰਿਹਾ, ਪਰ ਹੁਣ ਤੱਕ ਕੋਈ ਸਾਰਥਕ ਪ੍ਰਾਪਤੀ ਨਹੀਂ ਹੋਈ।ਇੱਥੋਂ ਤੱਕ ਕਿ ਰੈਲੀਆਂ ਤੇ ਰੋਸ ਮੁਜ਼ਾਹਰੇ ਕਰਨ ਮਗਰੋਂ ਵੀ ਮੁੱਖ ਮੰਤਰੀ ਪੰਜਾਬ ਨੇ ਇੱਕ ਵਾਰ ਵੀ ਜਥੇਬੰਦੀਆਂ ਨੂੰ ਮਿਲਣਾ ਠੀਕ ਨਹੀਂ ਸਮਝਿਆ।ਮੰਝਪੁਰ ਨੇ ਕਿਹਾ ਕਿ ਜਦੋਂ ਤੱਕ ਪੁਰਾਣੀ ਪੈਨਸ਼ਨ ਯੋਜਨਾ ਤੇ ਹੋਰ ਹੱਕੀ ਮੰਗਾਂ ਲਈ ਲੜਨ ਵਾਲੀਆਂ ਜਥੇਬੰਦੀਆਂ ਵਿੱਚ ਏਕਤਾ ਨਹੀਂ ਹੋਵੇਗੀ ਉਸ ਸਮੇਂ ਤੱਕ ਕੋਈ ਸਾਰਥਕ ਪ੍ਰਾਪਤੀ ਨਹੀਂ ਹੋ ਸਕੇਗੀ।ਉਨ੍ਹਾਂ ਅਪੀਲ ਕੀਤੀ ਕਿ ਕੇਡਰ ਦੇ ਸਮੇਂ ਪੈਸੇ ਅਤੇ ਵਿਦਿਆਰਥੀਆਂ ਦੇ ਨੁਕਸਾਨ ਨੂੰ ਬਚਾਉਣ ਲਈ ਸਾਰੀਆਂ ਜਥੇਬੰਦੀਆਂ ਨੂੰ ਇੱਕ ਮੰਚ 'ਤੇ ਇਕੱਠੇ ਹੋ ਕੇ ਲੜਨਾ ਚਾਹੀਦਾ ਹੈ।



# ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮਤੀ ਚੋਣਾਂ ਦੌਰਾਨ ਧੱਕੇਸ਼ਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ : ਲੱਖੀ, ਮਿਆਣੀ



**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)-** ਬਲਾਕ ਸੰਮਤੀ ਜੋਨ ਟਾਹਲੀ ਹਲਕਾ ਉੜਮੁੜ ਟਾਂਡਾ ਤੋਂ ਉਮੀਦਵਾਰ ਬੀਬੀ ਲਖਵਿੰਦਰ ਕੌਰ ਬਸਰਾ ਦੇ ਹੱਕ ਵਿੱਚ ਬੇਟ ਖੇਤਰ ਦੇ ਉੱਘੇ ਅਕਾਲੀ ਆਗੂ ਸਤਪਾਲ ਸਿੰਘ ਮੁਲਤਾਨੀ ਦੇ ਵਿਖੇ ਗ੍ਰਹਿ ਵਿਖੇ ਸ਼੍ਰੋਮਣੀ ਅਕਾਲੀ ਦਲ ਦੇ ਵਰਕਰਾਂ ਦਾ ਵੱਡਾ ਇਕੱਠ ਹੋਇਆ। ਇਸ ਮੌਕੇ ਤੇ ਸ਼੍ਰੋਮਣੀ ਅਕਾਲੀ ਦਲ ਹੁਸ਼ਿਆਰਪੁਰ ਦੇ ਜ਼ਿਲ੍ਹਾ ਪ੍ਰਧਾਨ ਲਖਵਿੰਦਰ ਸਿੰਘ ਲੱਖੀ, ਸਾਬਕਾ ਮੰਤਰੀ ਪੰਜਾਬ ਚੌਧਰੀ ਬਲਵੀਰ ਸਿੰਘ ਮਿਆਣੀ, ਹਲਕਾ ਇੰਚਾਰਜ ਅਰਵਿੰਦਰ ਸਿੰਘ ਰਸੂਲਪੁਰ, ਸਤਪਾਲ ਅਕਾਲੀ ਆਗੂ ਸਤਪਾਲ ਸਿੰਘ ਮੁਲਤਾਨੀ, ਅਕਾਲੀ ਆਗੂ ਸਰਬਜੀਤ ਸਿੰਘ ਮੋਮੀ, ਜਥੇਦਾਰ ਤਾਰਾ ਸਿੰਘ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਹੋਰ ਅਕਾਲੀ ਆਗੂਆਂ ਨੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਸ਼੍ਰੋਮਣੀ ਅਕਾਲੀ ਦਲ ਦਿਨੋਂ ਦਿਨ ਮਜਬੂਤੀ ਵੱਲ ਵੱਧ ਰਿਹਾ ਤੇ ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਚੋਣਾਂ ਵਿੱਚ ਵੱਡੀ ਪੱਧਰ ਤੇ ਜਿੱਤ ਪ੍ਰਾਪਤ ਕਰਕੇ ਸ਼੍ਰੋਮਣੀ ਅਕਾਲੀ ਦਲ ਪੰਜਾਬ ਵਿੱਚ 2027 ਦੀਆਂ ਵਿਧਾਨ ਸਭਾ ਚੋਣਾਂ ਦੌਰਾਨ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਾਉਣ ਦਾ ਮੁਢ ਬੰਨੇਗਾ। ਇਸ ਮੌਕੇ ਤੇ ਲਖਵਿੰਦਰ ਸਿੰਘ ਲੱਖੀ ਨੇ ਕਿਹਾ ਕਿ ਚੋਣਾਂ ਦੌਰਾਨ ਸਰਕਾਰ ਦੀ ਧੱਕੇਸ਼ਾਹੀ ਬਿਲਕੁਲ ਵੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਬਲਵਿੰਦਰ ਸਿੰਘ ਬਿੱਲਾ ਚੁਹਾਣਾ, ਸਰਪੰਚ ਬਲਵਿੰਦਰ ਕੌਰ, ਮਲੂਕ ਸਿੰਘ, ਜਸਵੰਤ ਸਿੰਘ, ਸੁਖਦੀਪ ਸਿੰਘ, ਗੁਰਦੇਵ ਸਿੰਘ, ਸਾਬਕਾ ਸਰਪੰਚ ਬਖਸ਼ੀਸ਼ ਸਿੰਘ, ਕੈਪਟਨ ਗੁਰਮੀਤ ਸਿੰਘ, ਦਰਗਾਹ ਸਿੰਘ, ਦਲਜੀਤ ਸਿੰਘ ਡੋਗਰਾ, ਜਸਪਾਲ ਸਿੰਘ ਬਸਰਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਵਰਕਰ ਹਾਜ਼ਰ ਸੀ।

## ਕਲੇਰ ਕਬੱਡੀ ਕੱਪ ਲਈ ਬਹਿਰੀਨ ਰਵਾਨਾ

**ਕਾਲਾ ਸੰਘਿਆਂ (ਮਨਜੀਤ ਮਾਨ)** ਵਿਸ਼ਵ ਪ੍ਰਸਿੱਧ ਅੰਤਰਰਾਸ਼ਟਰੀ ਕਬੱਡੀ ਕੁਮੈਂਟੇਟਰਜ ਜੀ ਐਸ ਕਲੇਰ ਖਾਨ ਪੁਰ ਢੱਡਾ ਜਿਨ੍ਹਾਂ ਨੇ ਖੇਡ ਮੇਲਿਆਂ ਵਿੱਚ ਆਪਣੀ ਕੁਮੈਂਟਰੀ ਰਾਹੀਂ ਪੂਰੀ ਧਾਂਕ ਜਮਾਈ ਹੋਈ ਹੈ ਜਿਨ੍ਹਾਂ ਨੇ ਇੰਗਲੈਂਡ, ਜਰਮਨ, ਸਪੇਨ, ਨਾਰਵੇ, ਹਾਲੈਂਡ, ਇੰਟਲੀ, ਆਸਟਰੀਆ, ਫਰਾਂਸ, ਨਿਊਜ਼ੀਲੈਂਡ, ਬੈਲਜ਼ੀਅਮ, ਕੈਨੇਡਾ ਤੇ ਹੋਰ ਵੱਖ ਵੱਖ ਦੇਸ਼ਾਂ ਵਿੱਚ ਆਪਣੀ ਮਾਂ ਬੋਲੀ ਪੰਜਾਬੀ ਰਾਹੀਂ ਖੇਡ ਮੇਲਿਆਂ ਵਿੱਚ ਹਾਜ਼ਰੀ ਲਗਵਾ ਚੁੱਕੇ ਹਨ ਤੇ ਹੁਣ ਪਹਿਲੀ ਵਾਰ ਬਹਿਰੀਨ ਦੀ ਧਰਤੀ 'ਤੇ 16 ਦਸੰਬਰ ਨੂੰ 11ਵਾਂ ਕਬੱਡੀ ਕੱਪ ਹਰਨੇਕ ਸਿੰਘ ਤੱਖਰ ਪਿੰਡ ਸ਼ੰਕਰ, ਸਤਨਾਮ ਸਿੰਘ ਹੰਸ, ਹਰਨੇਕ ਸਿੰਘ ਤੱਖਰ, ਲਖਵੀਰ ਸਿੰਘ ਲੱਖਾ, ਜਤਿੰਦਰ ਸਿੰਘ ਲੰਬੜ, ਗੁਰਜਿੰਦਰ ਸਿੰਘ ਧੇਹਾ, ਮਨਜੀਤ ਸਿੰਘ ਮਨੀ, ਮਨਜੀਤ ਸਿੰਘ ਗੋਲਡਨ ਟਰਾਸ, ਸਰਬਜੀਤ ਸਿੰਘ ਚੀਮਾ ਦੀ ਅਗਵਾਈ ਹੇਠ 11ਵਾਂ ਕਬੱਡੀ ਕੱਪ ਮਿਤੀ 16 ਦਸੰਬਰ ਨੂੰ ਕਰਵਾਇਆ ਜਾ ਰਿਹਾ ਹੈ, ਜਿਸ ਵਿਚ ਜੀ ਐਸ ਕਲੇਰ ਆਪਣੀ ਕੁਮੈਂਟਰੀ ਰਾਹੀਂ ਹਾਜ਼ਰੀਆਂ ਭਰਨਗੇ। ਇਸ ਮੌਕੇ ਜੀ ਐਸ ਕਲੇਰ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਸ ਬਹਿਰੀਨ ਕਬੱਡੀ ਕੱਪ ਦੇ ਸਿਲਵਰ ਸਪਾਂਸਰ ਬਲਜਿੰਦਰ ਪਾਲ ਸਿੰਘ ਤੇ ਕਬੱਡੀ ਸਪਾਂਸਰ ਗੁਰਚਰਨ ਸਿੰਘ ਚੰਨੀ, ਗੁਰਮੇਲ ਸਿੰਘ, ਰਸ਼ਪਾਲ ਸਿੰਘ ਪੰਨੂ, ਮਨਜਿੰਦਰ ਸਿੰਘ, ਸੁਖਵਿੰਦਰ ਸਿੰਘ, ਜਸਵਿੰਦਰ ਸਿੰਘ ਭਿੰਡਾ ਸੁਰਖਪੁਰ, ਚੈਂਚਲ ਸਿੰਘ, ਪ੍ਰੀਤ ਸਿੰਘ, ਸੁਰਿੰਦਰ ਸਿੰਘ, ਮਨਜਿੰਦਰ ਸਿੰਘ, ਪਰਮਿੰਦਰ ਸਿੰਘ ਤੇ ਬਿਅੰਤ ਸਿੰਘ ਹੋਣਗੇ ਜੀ ਐਸ ਕਲੇਰ ਨੇ ਬਹਿਰੀਨ ਦੀਆਂ ਸੰਗਤਾਂ ਤੇ ਖਿਡਾਰੀਆਂ ਨੂੰ ਇਸ ਖੇਡ ਮੇਲੇ ਵਿੱਚ ਹੁਮ ਹੁਮਾ ਕੇ ਪਹੁੰਚਣ ਦੀ ਅਪੀਲ ਕੀਤੀ।



## ਪਾਸਪੋਰਟ ਦਫ਼ਤਰ ਜਲੰਧਰ ਵੱਲੋਂ 'ਪਾਸਪੋਰਟ ਅਦਾਲਤ' 17 ਨੂੰ

**ਜਲੰਧਰ (ਸ਼ੈਲੀ ਐਲਬਰਟ, ਇਕਬਾਲ ਸਿੰਘ ਉੱਭੀ, ਸੁਰਿੰਦਰ ਕੁਮਾਰ)-** ਰੀਜ਼ਨਲ ਪਾਸਪੋਰਟ ਅਫ਼ਸਰ ਯਸ਼ ਪਾਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਰੀਜਨਲ ਪਾਸਪੋਰਟ ਦਫ਼ਤਰ ਐਸ.ਸੀ.ਓ. ਨੰਬਰ 42-51, ਪੌਕਟ-1,ਨੇੜੇ ਬੱਸ ਸਟੈਂਡ, ਜਲੰਧਰ ਵਿਖੇ 17 ਦਸੰਬਰ 2025 ਨੂੰ ਪਾਸਪੋਰਟ ਦਫ਼ਤਰ ਵਲੋਂ ਸਾਰੀਆਂ ਸ਼੍ਰੇਣੀਆਂ ਦੇ ਪਾਸਪੋਰਟ ਸਬੰਧੀ ਬਕਾਇਆ ਬਿਨੈਪੱਤਰਾਂ ਦੇ ਨਿਪਟਾਰੇ ਲਈ 'ਪਾਸਪੋਰਟ ਅਦਾਲਤ' ਲਗਾਈ ਜਾ ਰਹੀ ਹੈ। ਰੀਜਨਲ ਪਾਸਪੋਰਟ ਅਫ਼ਸਰ ਨੇ ਦੱਸਿਆ ਕਿ 31 ਅਕਤੂਬਰ ਜਾਂ ਇਸ ਤੋਂ ਪਹਿਲਾਂ ਪਾਸਪੋਰਟ ਲਈ ਬਿਨੈਪੱਤਰ ਜਮ੍ਹਾ ਕਰਵਾਉਣ ਵਾਲੇ ਸਾਰੀਆਂ ਸ੍ਰੇਣੀਆਂ ਦੇ ਬਿਨੈਕਾਰਾਂ ਜਿੰਨਾਂ ਦੀਆਂ ਅਰਜ਼ੀਆਂ ਕਿਸੇ ਕਾਰਨ ਕਰਕੇ ਬਕਾਇਆ ਰਹਿ ਗਈਆਂ ਹਨ ਦੇ ਨਿਪਟਾਰੇ ਲਈ ਪਾਸਪੋਰਟ ਅਦਾਲਤ ਲਗਾਈ ਜਾ ਰਹੀ ਹੈ। ਉਨ੍ਹਾਂ 31 ਅਕਤੂਬਰ ਜਾਂ ਇਸ ਤੋਂ ਪਹਿਲਾਂ ਪਾਸਪੋਰਟ ਅਪਲਾਈ ਕਰਨ ਵਾਲੇ ਸਾਰੇ ਬਿਨੈਕਾਰਾਂ ਨੂੰ ਅਪੀਲ ਕੀਤੀ ਕਿ ਪਾਸਪੋਰਟ ਦਫ਼ਤਰ ਵਿਖੇ ਸਵੇਰੇ 9:30 ਵਜੇ ਤੋਂ ਦੁਪਹਿਰ 12:30 ਵਜੇ ਤੱਕ ਲੋੜੀਂਦੇ ਦਸਤਾਵੇਜਾਂ ਸਮੇਤ ਪਹੁੰਚ ਕੇ ਬਕਾਇਆ ਬਿਨੈਪੱਤਰਾਂ ਦਾ ਨਿਪਟਾਰਾ ਕਰਵਾਉਣ।ਉਨ੍ਹਾਂ ਸਪਸ਼ਟ ਕੀਤਾ ਕਿ ਪਾਸਪੋਰਟ ਸਬੰਧੀ ਸੇਵਾਵਾਂ ਲਈ ਵਿਦੇਸ਼ ਮੰਤਰਾਲੇ ਵਲੋਂ ਕਿਸੇ ਵੀ ਸੰਸਥਾ ਜਾਂ ਵਿਚੋਲੀਏ ਨੂੰ ਅਧਿਕਾਰਤ ਨਹੀਂ ਕੀਤਾ ਗਿਆ।

## ਗੁਰਮਤਿ ਸਮਾਗਮ ਤੇ ਅੰਮ੍ਰਿਤ ਸੰਚਾਰ 14 ਨੂੰ



**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)** ਪਿੰਡ ਬਜਵਾੜਾ ਕਲਾਂ ਵਿਖੇ ਗੁਰਦੁਆਰਾ ਸਿੰਘ ਸਭਾ ਛਾਉਣੀ ਨਿਹੰਗ ਸਿੰਘਾਂ, ਊਨਾ ਰੋਡ, ਬਜਵਾੜਾ ਕਲਾਂ ਹੁਸ਼ਿਆਰਪੁਰ ਸਮੂਹ ਨਗਰ ਨਿਵਾਸੀ, ਐਨ ਆਰ ਆਈ ਵੀਰਾਂ ਅਤੇ ਇਲਾਕੇ ਦੇ ਸਹਿਯੋਗ ਨਾਲ ਸਾਹਿਬਜ਼ਾਦਾ ਬਾਬਾ ਫਤਿਹ ਸਿੰਘ ਜੀ ਦੇ ਪ੍ਰਕਾਸ਼ ਦਿਹਾੜੇ ਮੌਕੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਮਹਾਨ ਅਦੁੱਤੀ ਗੁਰਮਤਿ ਸਮਾਗਮ ਸਮਾਗਮ ਅਤੇ ਅੰਮ੍ਰਿਤ ਸੰਚਾਰ 14 ਦਸੰਬਰ ਕਰਵਾਇਆ ਜਾ ਰਿਹਾ ਹੈ। ਇਸ ਮੌਕੇ ਜਥੇਬੰਦੀ ਦੇ ਮੁੱਖ ਸੇਵਾਦਾਰ ਸਿੰਘ ਸਾਹਿਬ ਜਥੇਦਾਰ ਬਾਬਾ ਗੁਰਦੇਵ ਸਿੰਘ ਤਰਨਾ ਦਲ ਬਜਵਾੜਾ ਕਲਾਂ ਛਾਉਣੀ ਨਿਹੰਗ ਸਿੰਘਾਂ ਮੁੱਖੀ ਸਾਹਿਬਜਾਦਾ ਬਾਬਾ ਫਤਹਿ ਸਿੰਘ ਜੀ ਬਜਵਾੜਾ ਕਲਾਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ 14 ਦਸੰਬਰ ਨੂੰ ਸਾਹਿਬਜ਼ਾਦਿਆਂ ਬਾਬਾ ਫਤਹਿ ਸਿੰਘ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਮਹਾਨ ਅਦੁੱਤੀ ਗੁਰਮਤਿ ਸਮਾਗਮ ਅਤੇ ਅੰਮਿਤ ਸੰਚਾਰ ਦੀਆਂ ਤਿਆਰੀਆਂ ਮੁਕੰਮਲ ਕਰ ਲਈਆ ਹਨ ਅਤੇ ਸੇਵਾਦਾਰਾ ਦੀਆਂ ਡਿਊਟੀਆਂ ਲਗਾ ਦਿੱਤੀਆਂ ਹਨ।

## ਜ਼ਿਲ੍ਹੇ 'ਚ ਸਿੰਥੈਟਿਕ ਡੋਰ ਬਣਾਉਣ, ਵੇਚਣ, ਸਟੋਰ ਕਰਨ ਤੇ ਖ਼ਰੀਦਣ 'ਤੇ ਮੁਕੰਮਲ ਪਾਬੰਦੀ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)-** ਜ਼ਿਲ੍ਹਾ ਮੈਜਿਸਟਰੇਟ-ਕਮ-ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹਾ ਹੁਸ਼ਿਆਰਪੁਰ ਦੀ ਹਦੂਦ ਅੰਦਰ ਪਤੰਗਾਂ/ਗੁੱਡੀਆਂ ਉਡਾਉਣ ਲਈ ਨਾਈਲੋਨ, ਸਿੰਥੈਟਿਕ ਪਲਾਸਟਿਕ ਡੋਰ ਨੂੰ ਬਣਾਉਣ, ਵੇਚਣ, ਸਟੋਰ ਕਰਨ, ਖ਼ਰੀਦਣ ਅਤੇ ਸਪਲਾਈ ਕਰਨ 'ਤੇ ਮੁਕੰਮਲ ਤੌਰ 'ਤੇ ਪਾਬੰਦੀ ਲਗਾ ਦਿੱਤੀ ਹੈ। ਇਹ ਪਾਬੰਦੀ ਧਾਗੇ ਵਾਲੀ ਡੋਰ 'ਤੇ ਲਾਗੂ ਨਹੀਂ ਹੋਵੇਗੀ। ਇਹ ਹੁਕਮ 9 ਫਰਵਰੀ 2026 ਤੱਕ ਲਾਗੂ ਰਹਿਣਗੇ।ਜ਼ਿਲ੍ਹਾ ਮੈਜਿਸਟਰੇਟ ਨੇ ਜਾਰੀ ਕੀਤੇ ਹੁਕਮਾਂ ਵਿਚ ਕਿਹਾ ਹੈ ਕਿ ਪਤੰਗਾਂ/ਗੁੱਡੀਆਂ ਉਡਾਉਣ ਲਈ ਜਿਹੜੀ ਡੋਰ ਦੀ ਵਰਤੋਂ ਕੀਤੀ ਜਾ ਰਹੀ ਹੈ, ਉਹ ਸੂਤੀ ਡੋਰ ਤੋਂ ਹਟ ਕੇ ਸਿੰਥੈਟਿਕ ਪਲਾਸਟਿਕ ਦੀ ਬਣੀ ਹੋਈ ਹੈ ਅਤੇ ਉਹ ਬਹੁਤ ਮਜ਼ਬੂਤ, ਨਾ ਗਲਣਯੋਗ ਅਤੇ ਨਾ ਟੁੱਟਣਯੋਗ ਹੈ। ਇਹ ਡੋਰ ਪਤੰਗਬਾਜ਼ੀ ਸਮੇਂ ਪਤੰਗ/ਗੁੱਡੀਆਂ ਉਡਾਉਣ ਵਾਲਿਆਂ ਦੇ ਹੱਥ ਅਤੇ ਉਂਗਲਾਂ ਕੱਟ ਦਿੰਦੀ ਹੈ। ਇਸ ਡੋਰ ਨਾਲ ਦੋਪਹੀਆ ਵਾਹਨ ਚਾਲਕਾਂ ਦੇ ਗਲ਼ ਅਤੇ ਕੰਨ ਆਦਿ ਕੱਟੇ ਜਾਣ, ਉਡਦੇ ਪੰਛੀਆਂ ਦੇ ਫਸ ਜਾਣ ਅਤੇ ਉਨ੍ਹਾਂ ਦੇ ਮਰਨ ਬਾਰੇ ਕਾਫ਼ੀ ਦੁਰਘਟਨਾਵਾਂ ਵਾਪਰੀਆਂ ਹਨ। ਇਨ੍ਹਾਂ ਤੱਥਾਂ ਨੂੰ ਮੁੱਖ ਰੱਖਦਿਆਂ ਸਿੰਥੈਟਿਕ/ਪਲਾਸਟਿਕ ਦੀ ਬਣੀ ਚਾਈਨਾ ਡੋਰ ਨੂੰ ਸਟੋਰ ਕਰਨ, ਵੇਚਣ ਅਤੇ ਖਰੀਦਣ 'ਤੇ ਰੋਕ ਲਗਾਉਣ ਲਈ ਇਹ ਕਦਮ ਚੁੱਕਣ ਦੀ ਅਤਿਅੰਤ ਲੋੜ ਸੀ।

## ਨੌਜਵਾਨਾਂ ਦਾ ਭਰੋਸਾ ਦਿਨੋ ਦਿਨ ਆਮ ਆਦਮੀ ਪਾਰਟੀ ਵਿੱਚ ਵਧ ਰਿਹਾ : ਮਾਨ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)-** ਨੌਜਵਾਨਾਂ ਦਾ ਭਰੋਸਾ ਦਿਨੋ ਦਿਨ ਆਮ ਆਦਮੀ ਪਾਰਟੀ ਵਿੱਚ ਵਧ ਰਿਹਾ ਹੈ ਜਿਸ ਦੀ ਮਿਸਾਲ ਖਿਡਾਰੀਆਂ ਨੂੰ ਮਿਲ ਰਹੀਆਂ ਗਰਾਊਂਡਾਂ, ਖੇਡ ਕਿੱਟਾਂ, ਮੁਕਾਬਲਿਆਂ ਲਈ ਸਹਾਇਤਾ ਅਤੇ ਨੌਕਰੀਆਂ।ਇਹ ਵਿਚਾਰ ਬਲਾਕ ਸੰਮਤੀ ਚੱਕ ਵਡੇਲ ਦੇ ਪਿੰਡ ਚੱਕ ਖੁਰਦ ਵਿਖੇ ਇਕ ਚੋਣ ਮੀਟਿੰਗ ਨੂੰ ਸੰਬੋਧਨ ਕਰਦਿਆਂ ਵਿਧਾਇਕ ਇੰਦਰਜੀਤ ਕੌਰ ਮਾਨ ਨੇ ਪਰਗਟ ਕਰਦਿਆਂ ਕਹੇ। ਉਹਨਾਂ ਆਖਿਆ ਅੱਜ ਇਥੇ ਵੱਖ-ਵੱਖ ਪਾਰਟੀਆਂ ਛੱਡ ਕੇ ਆਏ ਜਿਹਨਾਂ ਵਿੱਚ ਸੇਵਾ ਸਿੰਘ ਚੱਕ ਖੁਰਦ (ਅਕਾਲੀ ਦਲ), ਬੂਟਾ ਸਿੰਘ ਪੰਜਾਬ ਕੇ (ਕਾਂਗਰਸ), ਜਸਵੀਰ ਸਿੰਘ ਪੰਚ (ਕਾਂਗਰਸ), ਜਸਵਿੰਦਰ ਸਿੰਘ ਸਰਪੰਚ (ਕਾਂਗਰਸ), ਗੁਰਮੇਲ (ਕਾਂਗਰਸ) ਚੱਕ ਖੁਰਦ, ਬਲਜਿੰਦਰ ਸਿੰਘ ,ਅਮੇਸ਼, ਅਗਸਟੀਨ, ਅਜੇ ਘਾਰੂ, ਰੋਸ਼ਨ ਘਾਰੂ, ਰਮਨ ਕੁਮਾਰ, ਸਰਪੰਚ ਜਗਦੀਸ਼ ਸਿੰਘ ਪੰਚ, ਗੁਰਜੀਤ ਸਿੰਘ ਪੰਚ, ਸੋਢੀ ਪੱਟੀ, ਗੋਪੀ ਬਾਗੜੀ, ਗੋਪੀ ਸੋਖਲ, ਅਜੇ ਥਾਪਰ ਪ੍ਰੀਤ ਬੈਂਸ, ਗੁਰਵਿੰਦਰ ਆਲੋਵਾਲ, ਅਮਨ ਬੁਆਲ, ਕਰਨ ਜਾਗਰਾ, ਅਮਨ ਸੰਘੇੜਾ, ਮਨੂੰ ਸੰਘੇੜਾ, ਘੁੱਦਾ ਸ਼ਾਮਲ ਹਨ, ਜਿਹਨਾਂ ਨੂੰ ਜੀ ਆਇਆਂ ਆਖਦਿਆ ਬੀਬੀ ਮਾਨ ਨੇ ਜ਼ੋਰਦਾਰ ਸਵਾਗਤ ਕਰਦਿਆਂ ਕਿਹਾ ਕਿ ਤੁਹਾਡਾ ਪਾਰਟੀ ਵਿੱਚ ਪੂਰਾ ਮਾਣ ਸਤਿਕਾਰ ਹੋਵੇਗਾ। ਇਸ ਮੌਕੇ ਹਾਜ਼ਰ ਵਰਕਰਾਂ ਵਿੱਚ ਜ਼ਿਲ੍ਹਾ ਪ੍ਰੀਸ਼ਦ ਦੇ ਉਮੀਦਵਾਰ ਦਰਸ਼ਨ ਸਿੰਘ ਟਾਹਲੀ, ਸੰਮਤੀ ਦੇ ਉਮੀਦਵਾਰ ਬਲਵੀਰ ਚੰਦ, ਦਲਵੀਰ ਸਿੰਘ ਸਾਬਕਾ ਬਲਾਕ ਪ੍ਰਧਾਨ, ਧਰਮਪਾਲ ਬਲਾਕ ਪ੍ਰਧਾਨ, ਸਰਪੰਚ ਗੋਹੀਰ ਧਰਮਪਾਲ, ਜਸਵੀਰ ਸਿੰਘ ਧੰਜਲ ਸੰਗਠਨ ਇੰਚਾਰਜ, ਸੋਹਣ ਲਾਲ, ਸਰਪੰਚ ਮੀਰਾਪੁਰ ਸੋਹਣ ਲਾਲ ਆਦਿ ਸਨ।



## ਜਥੇਦਾਰ ਦਲਵੀਰ ਸਿੰਘ ਧੀਰੋਵਾਲ ਦੀ ਅੰਤਿਮ ਅਰਦਾਸ ਮੌਕੇ ਵੱਖ-ਵੱਖ ਸ਼ਖ਼ਸੀਅਤਾਂ ਵੱਲੋਂ ਸ਼ਰਧਾਂਜਲੀ ਭੇਟ



**ਆਦਮਪੁਰ (ਪਰਮਜੀਤ ਸਿੰਘ)-** ਵਿਧਾਨ ਸਭਾ ਹਲਕਾ ਆਦਮਪੁਰ ਦੇ ਬਾਬਾ ਬੋਹੜ ਅਕਾਲੀ-ਟਕਸਾਲੀ ਆਗੂ ਜਥੇਦਾਰ ਦਲਵੀਰ ਸਿੰਘ ਧੀਰੋਵਾਲ (87) ਜੋ 2 ਦਸੰਬਰ ਦਿਨ ਮੰਗਲਵਾਰ ਨੂੰ ਆਪਣੀ ਸਵਾਸਾਂ ਦੀ ਪੂੰਜੀ ਪੂਰੀ ਕਰਕੇ ਗੁਰੂ ਚਰਨਾਂ ਵਿੱਚ ਦਾ ਬਿਰਾਜੇ ਸਨ ਜਿਨ੍ਹਾਂ ਦੀ ਅੰਤਿਮ ਅਰਦਾਸ ਉਨ੍ਹਾਂ ਦੇ ਗ੍ਰਹਿ ਪਿੰਡ ਧੀਰੋਵਾਲ ਆਦਮਪੁਰ ਵਿਖੇ ਸਵੇਰੇ ਅਖੰਡ ਪਾਠ ਦੇ ਭੋਗ ਪਾਏ ਗਏ ਅਤੇ ਰਾਗੀ ਸਿੰਘਾਂ ਵਲੋਂ ਵੈਰਾਗਮਈ ਕੀਰਤਨ ਕੀਤਾ ਗਿਆ। ਉਪਰੰਤ ਵੱਖ-ਵੱਖ ਸਿਆਸੀ-ਧਾਰਮਿਕ ਆਗੂ ਜਿਨ੍ਹਾਂ 'ਚ ਮਲਕੀਤ ਸਿੰਘ ਦੌਲਤਪੁਰ ਸਾਬਕਾ ਸਰਪੰਚ, ਗੁਰਦਿਆਲ ਸਿੰਘ ਨਿੱਝਰ ਸੀਨੀਅਰ ਅਕਾਲੀ ਆਗੂ, ਪਵਨ ਕੁਮਾਰ ਟੀਨੂੰ ਹਲਕਾ ਇੰਚਾਰਜ ਆਦਮਪੁਰ (ਆਪ), ਕਿਸ਼ਨਾ ਗਰੇਵਾਲ ਮਹਿਲਾ ਵਿੰਗ (ਆਪ), ਹਰਨਾਮ ਸਿੰਘ ਅਲਾਵਲਪੁਰ ਸੀਨੀਅਰ ਆਗੂ ਅਕਾਲੀ ਦਲ, ਗੁਰਪ੍ਰਤਾਪ ਸਿੰਘ ਵਡਾਲਾ ਸਾਬਕਾ ਵਿਧਾਇਕ, ਪਰਮਜੀਤ ਸਿੰਘ ਰਾਏਪੁਰ ਮੈਂਬਰ ਸ਼੍ਰੋਮਣੀ ਕਮੇਟੀ, ਜਰਨੈਲ ਸਿੰਘ -ਗੜ੍ਹਦੀਵਾਲ ਡੈਟੀਗੇਟ ਅਕਾਲੀ ਦਲ ਪੁਨਰ ਸੁਰਜੀਤ,ਹਰਿੰਦਰ ਸਿੰਘ,ਢੀਂਡਸਾ ਵਿਧਾਨ ਸਭਾ ਹਲਕਾ ਇੰਚਾਰਜ ਉੱਤਰੀ ਜਲੰਧਰ, ਕਰਨੈਲ ਸਿੰਘ ਰਾਣਾ ਇੰਚਾਰਜ ਟਰਾਂਸਪੋਰਟ ਹਲਾਕ ਆਦਮਪੁਰ 'ਆਪ', ਧਰਮਪਾਲ ਲੇਸੜੀਵਾਲ ਪ੍ਰਧਾਨ ਐਸ.ਸੀ ਵਿੰਗ ਸ਼੍ਰੋਮਣੀ ਅਕਾਲੀ ਦਲ ਦਿਹਾਤੀ ਵਲੋ ਜਥੇਦਾਰ ਦਲਵੀਰ ਸਿੰਘ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਕਿਹਾ ਕਿ ਪਾਰਟੀ ਹਮੇਸ਼ਾ ਦਲਵੀਰ ਸਿੰਘ ਧੀਰੋਵਾਲ ਦੇ ਪਰਵਾਰ ਨਾਲ ਦੁੱਖ-ਸੁੱਖ ਵਿੱਚ ਹਮੇਸ਼ਾ ਖੜ੍ਹੀ ਰਹੇਗੀ। ਉਪਰੰਤ ਗੁਰੂ ਸਾਹਿਬ ਦੀ ਹਾਜ਼ਰੀ ਵਿੱਚ ਦਲਵੀਰ ਸਿੰਘ ਦੇ ਪੁੱਤਰ ਕੁਲਵੰਤ ਸਿੰਘ ਪ੍ਰਧਾਨ ਟਰੱਕ ਯੂਨੀਅਨ ਆਦਮਪੁਰ ਨੂੰ ਪਰਵਾਰ ਦੀ ਜ਼ਿੰਮੇਵਾਰੀ ਸਬੰਧੀ ਦਸਤਾਰਬੰਦੀ ਕੀਤੀ ਗਈ। ਸਮਾਪਤੀ ਉਪਰੰਤ ਕੁਲਵੰਤ ਸਿੰਘ ਧੀਰੋਵਾਲ ਵਲੋਂ ਪਿਤਾ ਦੀ ਅੰਮਿਤ ਅਰਦਾਸ ਤੇ ਉਨ੍ਹਾਂ ਦੇ ਦੁੱਖ ਵਿੱਚ ਸ਼ਰੀਕ ਹੋਣ 'ਤੇ ਸਮੂਹ ਸਿਆਸੀ ਤੇ ਧਾਰਮਿਕ ਆਗੂਆਂ ਸਮੇਤ ਰਿਸਤੇਦਾਰਾਂ ਦਾ ਧੰਨਵਾਦ ਕੀਤਾ। ਇਸ ਮੌਕੇ ਕੁਲਵੰਤ ਸਿੰਘ ਧੀਰੋਵਾਲ, ਹਰਜੋਤ ਸਿੰਘ ਧੀਰੋਵਾਲ, ਹਰਵਿੰਦਰ ਸਿੰਘ ਮਾਹਲ ਢੰਡੋਰ, ਹਰਕੀਤ ਸਿੰਘ ਨਿੱਝਰ ਕੁਆਰਡੀਨੇਟ ਕਿਸਾਨ ਵਿੰਗ (ਆਪ) ਬਹਾਦਰ ਸਿੰਘ ਚੌਹਾਨ, ਰਣਜੀਤ ਸਿੰਘ, ਢੰਡੋਰ, ਨਰਵੀਰ ਸਿੰਘ ਨੰਬੜਦਾਰ ਵਾਡਲਾ, ਕੁਲਵੰਤ ਸਿੰਘ ਦੂਹੜਾ ਸਾਬਕਾ ਸਰਪੰਚ, ਗੁਰਮੇਲ ਸਿੰਘ ਅਮਰਜੀਤ ਸਿੰਘ ਅਰਜਨਵਾਲ, ਦਲਵੀਰ ਸਿੰਘ ਖੋਜਕੀਪੁਰ, ਤੀਰਥ ਰਾਮ ਪੰਡੋਰੀ, ਹਾਪੀ ਨਿੱਝਰ, ਰਣਜੀਤ ਸਿੰਘ ਫਗਵਾੜਾ, ਪਵਿੱਤਰ ਸਿੰਘ ਪ੍ਰਧਾਨ,ਤਰਲੋਚਨ ਸਿੰਘ ਚੋਮੋਂ, ਕੁਲਵਿੰਦਰ ਸਿੰਘ ਟੋਨੀ, ਦਲਜੀਤ ਸਿੰਘ ਭੱਟੀ, ਪ੍ਰਸ਼ੋਤਮ ਸਿੰਘ ਮਾਣਕੋ, ਕੁਲਵਿੰਦਰ ਸਿੰਘ ਜਲਪੋਤ, ਜਸਵਿੰਦਰ ਸਿੰਘ ਢੰਡੋਰ, ਦਲਜੀਤ ਸਿੰਘ ਜੀਤਾ ਸਰਪੰਚ, ਪੱਤਰਕਾਰ ਰਮਨ ਦਵੇਸਰ ਸਮੇਤ ਇਲਾਕਾ ਵਾਸੀ ਤੇ ਰਿਸ਼ਤੇਦਾਰ ਹਾਜਰ ਹੋਏ।

## ਡੀ ਸੀ ਵੱਲੋਂ ਕੌਮੀ ਬੈਡਮਿੰਟਨ ਚੈਂਪੀਅਨ ਖਿਡਾਰੀਆਂ ਦਾ ਸਨਮਾਨ



**ਜਲੰਧਰ (ਸ਼ੈਲੀ ਐਲਬਰਟ)-** ਡਿਪਟੀ ਕਮਿਸ਼ਨਰ ਅਤੇ ਜ਼ਿਲ੍ਹਾ ਬੈਡਮਿੰਟਨ ਐਸੋਸੀਏਸ਼ਨ ਦੇ ਪ੍ਰਧਾਨ ਡਾ. ਹਿਮਾਂਸ਼ੂ ਅਗਰਵਾਲ ਨੇ ਆਪਣੇ ਨਿਵਾਸ 'ਤੇ ਕਰਵਾਏ ਗਏ ਇੱਕ ਵਿਸ਼ੇਸ਼ ਸਮਾਗਮ ਦੌਰਾਨ ਕੌਮੀ ਪੱਧਰ 'ਤੇ ਤਗਮੇ ਜਿੱਤਣ ਵਾਲੇ ਖਿਡਾਰੀਆਂ ਨੂੰ 2 ਲੱਖ ਰੁਪਏ ਦੇ ਨਕਦ ਇਨਾਮ ਨਾਲ ਸਨਮਾਨਿਤ ਕੀਤਾ।ਇਹ ਸਮਾਗਮ ਪੰਜਾਬ ਬੈਡਮਿੰਟਨ ਡਾ. ਇਤਿਹਾਸਕ ਰਿਹਾ ਕਿਉਂਕਿ ਇਸ ਵਾਰ ਰਾਜ ਨੇ ਕੌਮੀ ਮੁਕਾਬਲਿਆਂ ਵਿੱਚ ਸਭ ਤੋਂ ਵੱਧ ਤਗਮੇ ਜਿੱਤੇ। ਪ੍ਰਮੁੱਖ ਖਿਡਾਰੀਆਂ ਵਿੱਚ ਮਾਨਿਆ ਰਲਹਨ ਨੇ ਖੇਡੋ ਇੰਡੀਆ ਯੂਨੀਵਰਸਿਟੀ ਗੇਮਜ਼ ਵਿੱਚ ਸੋਨੇ ਦਾ ਤਗਮਾ ਜਿੱਤਿਆ, ਜਦਕਿ ਵੀਰਾਜ ਸ਼ਰਮਾ, ਨਿਹਾਰਿਤ ਗੁਆਲਟੀ ਅਤੇ ਜੋਰਾਵਰ ਸਿੰਘ ਨੇ ਭੁਵਨੇਸ਼ਵਰ ਵਿੱਚ ਹੋਈ ਸਬ-ਜੂਨੀਅਰ ਕੌਮੀ ਬੈਡਮਿੰਟਨ ਚੈਂਪੀਅਨਸ਼ਿਪ ਵਿੱਚ ਚਾਂਦੀ ਅਤੇ ਕਾਂਸੀ ਦੇ ਤਗਮੇ ਜਿੱਤੇ। ਕਰਤਾਰ ਗਰੁੱਪ ਵੱਲੋਂ ਵੀ ਜੇਤੂ ਖਿਡਾਰੀਆਂ ਅਤੇ ਕੋਚ ਗਗਨ ਰੰਗੀ ਨੂੰ ਨਕਦ ਇਨਾਮ ਦਿੱਤੇ ਗਏ। ਖਿਡਾਰੀਆਂ ਨੂੰ ਵਧਾਈ ਦਿੰਦਿਆਂ ਡਾ. ਹਿਮਾਂਸ਼ੂ ਅਗਰਵਾਲ ਨੇ ਉਨ੍ਹਾਂ ਦੀ ਮਿਹਨਤ ਅਤੇ ਅਨੁਸ਼ਾਸਨ ਦੀ ਖੁੱਲ ਕੇ ਤਾਰੀਫ਼ ਕੀਤੀ। ਉਨ੍ਹਾਂ ਕਿਹਾ ਕਿ ਖਿਡਾਰੀਆਂ ਦੀਆਂ ਉਪਲਬਧੀਆਂ ਨੇ ਜਲੰਧਰ ਅਤੇ ਪੰਜਾਬ ਦਾ ਨਾਂਅ ਰੌਸ਼ਨ ਕੀਤਾ ਹੈ। ਪੰਜਾਬ ਬੈਡਮਿੰਟਨ ਐਸੋਸੀਏਸ਼ਨ ਦੇ ਸਕੱਤਰ ਰਿਤਿਨ ਖੰਨਾ ਨੇ ਖਿਡਾਰੀਆਂ ਨੂੰ ਉਤਸ਼ਾਹਿਤ ਕਰਨ ਲਈ ਡਿਪਟੀ ਕਮਿਸ਼ਨਰ ਅਤੇ ਕਰਤਾਰ ਗਰੁੱਪ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਅਜਿਹੇ ਸਨਮਾਨ ਸਮਾਗਮ ਖਿਡਾਰੀਆਂ ਨੂੰ ਭਵਿੱਖ ਵਿੱਚ ਹੋਰ ਵਧੀਆ ਪ੍ਰਦਰਸ਼ਨ ਕਰਨ ਲਈ ਪ੍ਰੇਰਿਤ ਕਰਦੇ ਹਨ।

## ਐਸੋਸੀਏਸ਼ਨ ਦੀਆਂ ਮੰਗਾਂ ਪੂਰੀਆਂ ਕਰਵਾਉਣ ਲਈ ਕੁੰਭਕਰਨੀ ਨੀਂਦ ਸੁੱਤੀ ਸਰਕਾਰ ਨੂੰ ਜਗਾਇਆ ਜਾਵੇਗਾ : ਸੈਣੀ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)-** ਐਸੋਸੀਏਸ਼ਨ ਦੀਆਂ ਜਾਇਜ਼ ਮੰਗਾਂ ਅੱਜ ਤੱਕ ਪ੍ਰਵਾਨ ਨਾ ਹੋਣ ਕਾਰਨ ਕੁੰਭਕਰਨੀ ਨੀਂਦ ਸੁੱਤੀ ਪਈ ਸਰਕਾਰ ਨੂੰ ਜਗਾਉਣ ਸਬੰਧੀ ਵਿਚਾਰ ਵਟਾਂਦਰਾ ਕਰਨ ਲਈ ਮਿਊਂਸੀਪਲ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਟਾਂਡਾ ਦੇ ਪ੍ਰਧਾਨ ਸ਼ਿੰਗਾਰਾ ਸਿੰਘ ਸੈਣੀ ਦੀ ਅਗਵਾਈ ਵਿੱਚ



ਐਸੋਸੀਏਸ਼ਨ ਦੇ ਦਫ਼ਤਰ ਟਾਂਡਾ ਵਿਖੇ ਇੱਕ ਅਹਿਮ ਮੀਟਿੰਗ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਐਸੋਸੀਏਸ਼ਨ ਦੇ ਸਮੂਹ ਮੈਂਬਰਾਂ ਨੇ ਸਰਕਾਰ ਖਿਲਾਫ ਰੋਸ ਦਾ ਪ੍ਰਗਟਾਵਾ ਕੀਤਾ।ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਐਸੋਸੀਏਸ਼ਨ ਟਾਂਡਾ ਦੇ ਪ੍ਰਧਾਨ ਸ਼ਿੰਗਾਰਾ ਸਿੰਘ ਸੈਣੀ ਨੇ ਕਿਹਾ ਕਿ ਚਿਰਕਾਲ ਤੋਂ ਲਟਕਦੀ ਆ ਰਹੀਆਂ ਸਾਡੀਆਂ ਮੰਗਾਂ ਕਿ ਪੇ ਕਮਿਸ਼ਨ ਦੀ ਰਿਪੋਰਟ ਅਨੁਸਾਰ 1 ਜਨਵਰੀ 2016 ਤੋਂ ਲੈ ਕੇ ਅੱਜ ਤੱਕ ਦੀ ਰਿਵਾਇਜ਼ ਪੈਨਸ਼ਨ ਦੀਤੀ ਜਾਵੇ, ਪੈਨਸ਼ਨ ਵਿੱਚ 2.59% ਦੇ ਹਿਸਾਬ ਨਾਲ ਵਾਧਾ ਕੀਤਾ ਜਾਵੇ ਅਤੇ 16% ਦੇ ਹਿਸਾਬ ਨਾਲ ਡੀ.ਏ ਦੀਆਂ ਕਿਸ਼ਤਾਂ ਦਿੱਤੀਆਂ ਜਾਣ ਤੋਂ ਇਲਾਵਾ ਬਣਦਾ ਬਕਾਇਆ ਦਿੱਤਾ ਜਾਵੇ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਤੋਂ ਵਾਰ-ਵਾਰ ਐਸੋਸੀਏਸ਼ਨ ਦੀਆਂ ਮੰਗਾਂ ਪ੍ਰਵਾਨ ਕਰਨ ਲਈ ਬੇਨਤੀ ਕਰਨ ਦੇ ਬਾਵਜੂਦ ਸਰਕਾਰ ਵੱਲੋਂ ਸਾਡੀਆਂ ਮੰਗਾਂ ਪ੍ਰਵਾਨ ਨਾ ਕਰਨ ਦੇ ਰੋਸ ਵਜੋਂ ਪੈਨਸ਼ਨਰਜ਼ ਦੇ ਦਿਲਾਂ ਵਿੱਚ ਰੋਸ ਦੀ ਭਾਵਨਾ ਵੱਧਦੀ ਜਾ ਰਹੀ ਹੈ। ਉਨ੍ਹਾਂ ਸਰਕਾਰ ਨੂੰ ਚੇਤਾਵਨੀ ਦਿੰਦੇ ਹੋਏ ਕਿਹਾ ਕਿ ਜੇਕਰ ਐਸੋਸੀਏਸ਼ਨ ਦੀਆਂ ਮੰਗਾਂ ਜਲਦ ਪ੍ਰਵਾਨ ਨਾ ਕੀਤੀਆਂ ਤਾਂ ਸੰਘਰਸ਼ ਹੋਰ ਤੇਜ਼ ਕਰਦੇ ਹੋਏ ਸੜਕ ਜਾਮ ਅਤੇ ਪੁਤਲਾ ਫੂਕ ਪ੍ਰਦਰਸ਼ਨ ਕਰਾਂਗੇ। ਇਸ ਮੌਕੇ ਤੇ ਰਤਨ ਸਿੰਘ ਸੈਣੀ, ਅੱਛਰ ਰਾਮ, ਗੁਰਦਿਆਲ ਸਿੰਘ, ਜਸਾ ਨੰਦ, ਇਕਬਾਲ ਸਿੰਘ, ਸੋਮਨਾਥ ਭੱਟੀ, ਬੂਆ ਸਿੰਘ, ਅਮਰੀਕ ਸਿੰਘ ਭੰਗਪੁਰ, ਚਮਨ ਲਾਲ, ਅਮਰੀਕ ਸਿੰਘ ਉੜਮੁੜ, ਦੇਵਰਾਜ, ਧਰਮ ਚੰਦ, ਮਾਇਆ ਦੇਵੀ, ਕੇਵਲ ਕ੍ਰਿਸ਼ਨ, ਤਰਸੇਮ ਲਾਲ, ਹਰਦੇਵ ਸਿੰਘ ਅਤੇ ਹੋਰ ਮੈਂਬਰ ਹਾਜ਼ਰ ਸਨ।

## ਪਿਪਸ ਸਕੂਲ 'ਚ ਸਾਲਾਨਾ ਸਮਾਗਮ




**ਸ੍ਰੀ ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੱਬੀ)-** ਪੰਜਾਬ ਇੰਟਰਨੈਸ਼ਨਲ ਪਬਲਿਕ ਸਕੂਲ ਪਿੱਪਲ ਮਾਜਰਾ ਵਿਖੇ ਸਾਲਾਨਾ ਸਮਾਗਮ ਕਰਵਾਇਆ ਗਿਆ। ਇਸ ਸਮਾਗਮ ਦੀ ਸ਼ੁਰੂਆਤ ਮੁੱਖ ਮਹਿਮਾਨ ਡਾ ਲਖਵਿੰਦਰ ਸਿੰਘ ਡੀਨ ਅਕਾਦਮਿਕ ਬਾਬਾ ਬੰਦਾ ਸਿੰਘ ਬਹਾਦਰ ਇੰਜੀਨਿਅਰਿੰਗ ਕਾਲਜ ਸ੍ਰੀ ਫਤਿਹਗੜ੍ਹ ਸਾਹਿਬ, ਸਕੂਲ ਕਮੇਟੀ ਦੇ ਪ੍ਰਧਾਨ ਗੁਰਦੇਵ ਸਿੰਘ ਅਟਵਾਲ, ਮੈਨੇਜਿੰਗ ਡਾਇਰੈਕਟਰ ਜਿੰਦਰਪਾਲ ਕੌਰ ਅਟਵਾਲ, ਪ੍ਰਿੰਸੀਪਲ ਸਰਜੀਤ ਸਿੰਘ ਅਤੇ ਜਰਨੈਲ ਸਿੰਘ ਐਡੀਸ਼ਨਲ ਡਾਇਰੈਕਟਰ ਇਨਫਾਰਮੇਸ਼ਨ ਪਬਲਿਕ ਰਿਲੇਸ਼ਨ ਪੰਜਾਬ ਵੱਲੋਂ ਸ਼ਮਾਂ ਰੋਸ਼ਨ ਕਰਨ ਉਪਰੰਤ ਕੀਤੀ ਗਈ। ਇਸ ਉਪਰੰਤ ਸਕੂਲ ਦੇ ਵਿਦਿਆਰਥੀਆਂ ਵੱਲੋਂ ਸ਼ਬਦ ਗਾਇਨ ਕਰਕੇ ਪ੍ਰੋਗਰਾਮ ਦਾ ਆਗਾਜ਼ ਕੀਤਾ ਗਿਆ। ਸ਼ੁਰੂ ਹੋਏ ਸੱਭਿਆਚਾਰਿਕ ਪ੍ਰੋਗਰਾਮ ਵਿੱਚ ਛੋਟੇ-ਛੋਟੇ ਬੱਚਿਆਂ ਦੇ ਵੱਖ- ਵੱਖ ਨਾਚ, ਸੀਨੀਅਰ ਵਿਦਿਆਰਥੀਆਂ ਵੱਲੋਂ ਗੱਤਕਾ, ਸਮਾਜਿਕ ਅਲਾਮਤਾਂ ਵਿਰੁੱਧ ਸਕਿੱਟਾਂ ਅਤੇ ਨਾਟਕ, ਵੱਖ- ਵੱਖ ਰਾਜਾਂ ਦੇ ਪੰਜ ਨਾਚ ਪੇਸ਼ ਕਰਕੇ ਸਰੋਤਿਆਂ ਦਾ ਮਨੋਰੰਜਨ ਕੀਤਾ ਗਿਆ। ਅੰਤ ਵਿੱਚ ਵਿਦਿਆਰਥਣਾਂ ਨੇ ਭੰਗੜਾ ਅਤੇ ਗਿੱਧਾ ਪੇਸ਼ ਕਰਕੇ ਸਾਰੇ ਦਰਸ਼ਕਾਂ ਨੂੰ ਝੂਮਣ ਲਾ ਦਿੱਤਾ। ਸਮਾਰੋਹ ਦੌਰਾਨ ਪ੍ਰਿੰਸੀਪਲ ਸੁਰਜੀਤ ਸਿੰਘ ਵੱਲੋਂ ਸਕੂਲ ਦੇ ਵਿਦਿਆਰਥੀਆਂ ਦੀਆਂ ਵੱਖ- ਵੱਖ ਪ੍ਰਾਪਤੀਆਂ ਅਤੇ ਭਵਿੱਖ ਦੀਆਂ ਯੋਜਨਾਵਾਂ ਨੂੰ ਆਏ ਹੋਏ ਮਹਿਮਾਨਾਂ ਨਾਲ ਸਾਂਝਾ ਕੀਤਾ ਗਿਆ। ਸਮਾਗਮ ਦੌਰਾਨ ਵੱਖ -ਵੱਖ ਖੇਤਰਾਂ ਵਿੱਚ ਮੱਲਾਂ ਮਾਰਨ ਵਾਲੇ ਵਿਦਿਆਰਥੀਆਂ ਨੂੰ ਆਏ ਹੋਏ ਮੁੱਖ ਮਹਿਮਾਨ ਅਤੇ ਸਕੂਲ ਪ੍ਰਬੰਧਕਾਂ ਵੱਲੋਂ ਵਿਸ਼ੇਸ਼ ਰੂਪ ਵਿੱਚ ਸਨਮਾਨਤ ਕੀਤਾ ਗਿਆ। ਸਕੂਲ ਦੇ ਮੈਨੇਜਿੰਗ ਡਾਇਰੈਕਟਰ ਜਿੰਦਰਪਾਲ ਕੌਰ ਅਟਵਾਲ ਅਤੇ ਮੈਨੇਜਰ ਪ੍ਰੀਤਪਾਲ ਕੌਰ ਅਟਵਾਲ ਵੱਲੋਂ ਆਏ ਹੋਏ ਸਾਰੇ ਮਹਿਮਾਨਾਂ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਵਾਈਸ ਪ੍ਰਿੰਸੀਪਲ ਮਨਦੀਪ ਕੌਰ ਮਾਨ, ਇਸਟੇਟ ਇੰਚਾਰਜ ਅਰਸ਼ਦੀਪ ਸਿੰਘ ਬਰਾੜ, ਪ੍ਰਗਟ ਸਿੰਘ, ਪੀ.ਟੀ.ਏ. ਮੈਂਬਰ ਰਾਮ ਗੋਂਡ, ਅਮਰਜੀਤ ਸਿੰਘ ਕਲਸੀ ਅਤੇ ਸੁਖਵਿੰਦਰ ਸਿੰਘ ਆਦਿ ਹਾਜ਼ਰ ਸਨ।

## ਟ੍ਰੈਫਿਕ ਨਿਯਮਾਂ ਸੰਬੰਧੀ ਕੈਂਪ ਆਯੋਜਿਤ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)-** ਇਲਾਕੇ ਦੀ ਪ੍ਰਮੁੱਖ ਸਿੱਖਿਆ ਸੰਸਥਾ ਸਿਲਵਰ ਓਕ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ ਸਾਹਬਾਜ਼ਪੁਰ ਵਿਖੇ ਟਰਾਂਸਪੋਰਟ ਨਿਯਮਾਂ ਨਾਲ ਸੰਬੰਧਿਤ ਕੈਂਪ ਲਗਾਇਆ ਗਿਆ। ਸੰਸਥਾ ਦੇ ਚੇਅਰਮੈਨ ਤਰਲੋਚਨ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਹੇਠ ਪ੍ਰਿੰਸੀਪਲ ਮੁਨੀਸ਼ਾ ਸੰਗਰ ਦੀ ਅਗਵਾਈ ਵਿੱਚ ਇਹ ਕੈਂਪ ਆਯੋਜਿਤ ਕੀਤਾ ਗਿਆ ਜਿਸ ਦੌਰਾਨ ਪੰਜਾਬ ਪੁਲਿਸ ਵਿਭਾਗ ਵੱਲੋਂ ਸਬ ਇੰਸਪੈਕਟਰ ਕੁਲਵੰਤ ਸਿੰਘ ਅਤੇ ਉਹਨਾਂ ਦੀ ਟੀਮ ਨੇ ਸਕੂਲ ਦੇ ਟਰਾਂਸਪੋਰਟ ਵਿਭਾਗ ਨਾਲ ਗੱਲਬਾਤ ਕੀਤੀ ਅਤੇ ਉਹਨਾਂ ਨੂੰ ਟਰੈਫਿਕ ਨਿਯਮਾਂ ਬਾਰੇ ਜਾਗਰੂਕ ਕੀਤਾ।



ਉਹਨਾਂ ਇਸ ਦੌਰਾਨ ਦੱਸਿਆ ਕਿ ਸਕੂਲ ਬਸ ਦੇ ਡਰਾਈਵਰ ਅਤੇ ਕੰਡਕਟਰ ਦੀ ਜਿੰਮੇਵਾਰੀ ਬਹੁਤ ਵੱਡੀ ਹੁੰਦੀ ਹੈ ਅਤੇ ਸਾਡੀ ਇਹ ਡਿਊਟੀ ਹੈ ਕਿ ਅਸੀਂ ਟਰੈਫਿਕ ਵਿਭਾਗ ਦੇ ਦਰਸਾਏ ਗਏ ਸਾਰੇ ਨਿਯਮਾਂ ਦੀ ਇਨ-ਬਿਨ ਪਾਲਨਾ ਕਰੀਏ। ਸਕੂਲ ਵਾਹਨਾ ਦੇ ਸਾਰੇ ਕਾਗਜ਼ਾਤ ਪੂਰੇ ਰੱਖਣੇ ,ਸਕੂਲ ਵਾਹਨਾਂ ਦੀ ਸਮੇਂ ਸਮੇਂ ਤੇ ਜਾਂਚ ਕਰਵਾਉਣੀ, ਸਾਡੀ ਮੁਢਲੀ ਜਿੰਮੇਦਾਰੀ ਹੈ ਤਾਂ ਕਿ ਕਿਸੇ ਤਰ੍ਹਾਂ ਦੀ ਅਣਸੁਖਾਵੀ ਘਟਨਾ ਨਾ ਵਾਪਰੇ। ਇਸ ਦੌਰਾਨ ਪ੍ਰਿੰਸੀਪਲ ਮੁਨੀਸ਼ਾ ਸੰਗਰ ਨੇ ਗੱਲਬਾਤ ਕਰਦੇ ਹੋਏ ਦੱਸਿਆ ਕਿ ਆਉਣ ਵਾਲੇ ਸਮੇਂ ਵਿੱਚ ਧੁੰਦ ਦੇ ਕੋਹਰੇ ਦੇ ਕਾਰਨ ਸੜਕਾਂ ਦੇ ਉੱਤੇ ਵਾਹਨ ਚਲਾਉਣ ਵਿੱਚ ਕਾਫੀ ਮੁਸ਼ਕਿਲ ਆਵੇਗੀ, ਇਸ ਲਈ ਸਾਰਾ ਟਰਾਂਸਪੋਰਟ ਵਿਭਾਗ ਬੜੇ ਹੀ ਸਾਵਧਾਨੀ ਦੇ ਨਾਲ ਵਾਹਨ ਚਲਾਉਣ ਅਤੇ ਕਿਸੇ ਤਰ੍ਹਾਂ ਦੀ ਵੀ ਜਲਦੀ ਨਾ ਕਰਨ ਤਾਂ ਕਿ ਬੱਚਿਆਂ ਨੂੰ ਸੁਰੱਖਿਤ ਸਕੂਲ ਅਤੇ ਘਰ ਪਹੁੰਚਾਇਆ ਜਾ ਸਕੇ। ਇਸ ਮੌਕੇ ਤੇ ਸੰਸਥਾ ਦੇ ਮੈਨੇਜਰ ਗਜਿੰਦਰ ਪਾਲ ਸਿੰਘ, ਬਿਕਰਮਜੀਤ ਸਿੰਘ ਭੇਲਾ, ਅਮਰਜੀਤ ਕੌਰ ਸੈਣੀ, ਜਗਬੰਧਨ ਸਿੰਘ, ਗੁਰਪ੍ਰੀਤ ਕੌਰ, ਵਿਸ਼ਾਲੀ, ਸ਼ਿਲਪਾ, ਵਿਨੈ, ਹਰਜੀਤ, ਗੁਰਦੇਵ, ਅਜੇ, ਅਮਰੀਕ, ਹਰਮਿੰਦਰ, ਅਰਚਨਾ, ਸੁਮਨ, ਬਲਦੇਵ, ਸੁਰੇਸ਼, ਸੁਸ਼ੀਲ, ਕੁਲਬੀਰ, ਇਕਬਾਲ ਅਤੇ ਹੋਰ ਸਟਾਫ ਵੀ ਮੌਜੂਦ ਸੀ।

## ਪੰਜਾਬ ਦੇ ਸਾਰੇ ਸ਼ਹਿਰੀ ਅਤੇ ਜ਼ਮੀਨੀ ਰਿਕਾਰਡਾਂ ਨੂੰ ਡਿਜੀਟਲ ਕਰਨ ਦੀ ਅਪੀਲ

**ਜਲੰਧਰ (ਰਾਜੇਸ਼ ਥਾਪਾ)-** ਜਲੰਧਰ ਦੇ ਵਸਨੀਕ ਮਨੋਹਰ ਲਾਲ ਨੇ ਮਾਨਯੋਗ ਫਾਇਨੈਂਸ਼ੀਅਲ ਕਮਿਸ਼ਨਰ, ਰੈਵਿਨਿਊ, ਪੰਜਾਬ ਸਮੇਤ ਮੁੱਖ ਮੰਤਰੀ ਹੋਰਨਾਂ ਅਧਿਕਾਰੀਆਂ ਨੂੰ ਪੱਤਰ ਲਿਖ ਕੇ ਪੰਜਾਬ ਭਰ ਦੇ ਜ਼ਮੀਨੀ ਰਿਕਾਰਡਾਂ ਨੂੰ ਤੁਰੰਤ ਕੰਪਿਊਟਰਾਈਜ਼ਡ ਕਰਨ ਦੀ ਬੇਨਤੀ ਕੀਤੀ ਹੈ। ਉਨ੍ਹਾਂ ਕਿਹਾ ਕਿ ਸਾਰੇ ਪੰਜਾਬ ਦੀ ਸ਼ਹਿਰੀ (ਨਵਾਂ ਜਾਂ ਪੁਰਾਣਾ) ਰਿਕਾਰਡ ਕੰਪਿਊਟਰਾਈਜ਼ਡ ਕੀਤਾ ਜਾਵੇ ਤਾਂ ਜੋ ਕਿਸੇ ਦੀ ਜ਼ਮੀਨ ਉੱਤੇ ਲੈਂਡ ਮਾਫੀਆ ਕਬਜ਼ਾ ਨਾ ਕਰ ਸਕੇ। ਸਾਰੇ ਜ਼ਮੀਨੀ ਰਿਕਾਰਡਾਂ (ਨਵੇਂ ਜਾਂ ਪੁਰਾਣੇ) ਨੂੰ ਆਧਾਰ ਕਾਰਡ, ਪੈਨ ਕਾਰਡ, ਅਤੇ ਵੋਟਰ ਕਾਰਡ ਨਾਲ ਜੋੜਿਆ ਜਾਵੇ। ਇਸ ਨਾਲ ਸਰਕਾਰ ਨੂੰ ਵਧੇਰੀ ਆਮਦਨ ਅਤੇ ਮਾਲਕੀ ਸੰਬੰਧੀ ਸਪੱਸ਼ਟ ਜਾਣਕਾਰੀ ਮਿਲੇਗੀ। ਉਨ੍ਹਾਂ ਕਿਹਾ ਕਿ ਉਨ੍ਹਾਂ ਦਾ ਇੱਕ ਪਲਾਟ ਅੰਮ੍ਰਿਤਸਰ ਦੀ ਤਹਿਸੀਲ ਦੋ ਵਿਚ ਹੈ। ਫ਼ਰਦ ਲੈਣ ਲਈ ਮੇਰੇ ਵਰਗੇ ਸੀਨੀਅਰ ਸਿਟੀਜ਼ਨ ਨੂੰ ਕਈ ਵਾਰ ਅੰਮ੍ਰਿਤਸਰ ਜਾਣਾ ਪੈਂਦਾ ਹੈ।



ਤਹਿਸੀਲ ਅੰਮ੍ਰਿਤਸਰ-2, ਸਮੇਤ ਸਾਰੇ ਪੰਜਾਬ ਦੇ ਰਿਕਾਰਡ ਨੂੰ ਪਹਿਲ ਦੇ ਆਧਾਰ 'ਤੇ ਡਿਜੀਟਲ ਕੀਤਾ ਜਾਵੇ, ਖਾਸ ਕਰਕੇ ਕੇਂਦਰ ਸਰਕਾਰ ਵੱਲੋਂ ਡਿਜੀਟਲਾਈਜ਼ੇਸ਼ਨ ਲਈ ਦਿੱਤੀਆਂ ਗ੍ਰਾਂਟਾਂ ਦੀ ਵਰਤੋਂ ਕਰਦੇ ਹੋਏ।ਬੇਨਤੀਕਰਤਾ ਨੇ ਇਹ ਪੱਤਰ ਲੋਕ ਭਲਾਈ ਲਈ ਲਿਖਿਆ ਹੈ ਅਤੇ ਮੁੱਖ ਮੰਤਰੀ ਤੇ ਸਬੰਧਤ ਮੰਤਰੀਆਂ ਅਤੇ ਅਧਿਕਾਰੀਆਂ ਨੂੰ ਇਸ ਮਾਮਲੇ 'ਤੇ ਜਲਦ ਕਾਰਵਾਈ ਕਰਨ ਦੀ ਅਪੀਲ ਵੀ ਕੀਤੀ।

## ਪਸ਼ੂਆਂ ਨੂੰ ਬੇਸਹਾਰਾ ਛੱਡਣ ਵਾਲਿਆਂ 'ਤੇ ਹੋਵੇਗੀ ਕਾਰਵਾਈ : ਡਿਪਟੀ ਕਮਿਸ਼ਨਰ

**ਸ੍ਰੀ ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੱਬੀ)-** ਜ਼ਿਲ੍ਹਾ ਮੈਜਿਸਟ੍ਰੇਟ ਵਰਜੀਤ ਵਾਲੀਆ ਨੇ ਪਸ਼ੂਆਂ ਨੂੰ ਬੇਸਹਾਰਾ ਛੱਡਣ ਵਾਲੇ ਲੋਕਾਂ ਨੂੰ ਅਜਿਹਾ ਕਰਨ ਤੋਂ ਰੋਕਣ ਲਈ ਭਾਰਤੀਯ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਗਾਵਾਂ/ਪਸ਼ੂਆਂ ਨੂੰ ਬੇਸਹਾਰਾ ਛੱਡਣ 'ਤੇ ਰੋਕ ਲਗਾਉਣ ਦੇ ਹੁਕਮ ਜਾਰੀ ਕੀਤੇ ਹਨ। ਉਨ੍ਹਾਂ ਕਿਹਾ ਕਿ ਗਊਵੰਸ਼ ਦਾ ਕੁਝ ਧਰਮਾਂ ਵਿੱਚ ਬਹੁਤ ਜ਼ਿਆਦਾ ਸਤਿਕਾਰ ਹੋਣ ਕਾਰਨ ਗਊਵੰਸ਼ ਨੂੰ ਇਸ ਤਰ੍ਹਾਂ ਬੇਸਹਾਰਾ ਛੱਡਣ ਕਾਰਨ, ਉਨ੍ਹਾਂ ਨੂੰ ਪੂੰਜਣ ਵਾਲੇ ਜਾਨੀ ਨੁਕਸਾਨ ਨਾਲ ਸਿੱਧੇ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚ ਸਕਦੀ ਹੈ, ਉੱਥੇ ਹੀ ਅਮਨ ਅਤੇ ਕਾਨੂੰਨ ਦੀ ਸਮੱਸਿਆ ਵੀ ਪੈਦਾ ਹੋ ਸਕਦੀ ਹੈ। ਇਸ ਤੋਂ ਇਲਾਵਾ ਪਸ਼ੂਆਂ ਨੂੰ ਬੇਸਹਾਰਾ ਛੱਡਣ ਨਾਲ ਇਹ ਸੜਕਾਂ ਤੇ ਹਾਦਸਿਆਂ ਦਾ ਕਾਰਨ ਵੀ ਬਣਦੇ ਹਨ।ਉਨ੍ਹਾਂ ਕਿਹਾ ਕਿ ਇਨ੍ਹਾਂ ਹੁਕਮਾਂ ਨੂੰ ਲਾਗੂ ਕਰਨ ਲਈ ਪੁਲਸ ਵਿਭਾਗ, ਪਸ਼ੂ ਪਾਲਣ ਵਿਭਾਗ, ਬੀ.ਡੀ.ਪੀ.ਓਜ਼ ਅਤੇ ਕਾਰਜ ਸਾਧਕ ਅਫਸਰ ਜ਼ਿੰਮੇਵਾਰ ਹੋਣਗੇ ਅਤੇ ਜੇਕਰ ਉਨ੍ਹਾਂ ਦੇ ਧਿਆਨ ਵਿੱਚ ਕੋਈ ਬੇਸਹਾਰਾ ਪਸ਼ੂ ਛੱਡਣ ਦੀ ਘਟਨਾ ਆਉਂਦੀ ਹੈ ਤਾਂ ਤੁਰੰਤ ਅਜਿਹੇ ਵਿਅਕਤੀਆਂ ਵਿਰੁੱਧ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇ। ਇਹ ਹੁਕਮ 11 ਦਸੰਬਰ ਤੋਂ 10 ਫਰਵਰੀ 2026 ਤੱਕ ਲਾਗੂ ਰਹੇਗਾ।

## ਡੀ ਐੱਸ ਪੀ ਨੇ ਕਾਨੂੰਨ ਵਿਵਸਥਾ ਕਾਇਮ ਰੱਖਣ ਲਈ ਪਿੰਡਾਂ 'ਚ ਕੱਢਿਆ ਫਲੈਗ ਮਾਰਚ

**ਬਲਾਚੌਰ (ਜਸਵਿੰਦਰ ਬੈਂਸ)-** ਪੰਚਾਇਤ ਸੰਮਤੀ ਅਤੇ ਜ਼ਿਲ੍ਹਾ ਪ੍ਰੀਸ਼ਦੀ ਚੋਣਾਂ ਦੇ ਮੱਦੇਨਜ਼ਰ, ਕਾਨੂੰਨ ਵਿਵਸਥਾ ਬਣਾਈ ਰੱਖਣ ਅਤੇ ਲੋਕਾਂ ਨੂੰ ਨਿਰਪੱਖ ਤੇ ਬਿਨਾਂ ਕਿਸੇ ਡਰ ਤੋਂ ਵੋਟ ਪਾਉਣ ਲਈ ਪ੍ਰੇਰਿਤ ਕਰਨ ਦੇ ਉਦੇਸ਼ ਨਾਲ, ਡੀਐਸਪੀ ਸ੍ਰੀ ਹਿਮਤ ਮਲਹੋਤਰਾ ਬਲਾਚੌਰ ਦੀ ਅਗਵਾਈ ਹੇਠ ਪੁਲਿਸ ਟੀਮ ਐਸਐਚਓ ਸਿਟੀ ਰਾਜ ਪਰਵਿੰਦਰ ਕੌਰ,ਐੱਸ ਐੱਚ ਓ ਸਦਰ ਵਿਕਰਮ ਸਿੰਘ ਤੇਜੀ,



ਐੱਸ ਐੱਚ ਓ ਕਾਠਗੜ੍ਹ ਅਭਿਸ਼ੇਕ ਸ਼ਰਮਾ, ਐਸ ਐੱਚ ਓ ਸਤਨਾਮ ਸਿੰਘ ਪੋਜੇਵਾਲ ਵੱਲੋਂ ਇਲਾਕੇ ਦੇ ਵੱਖ-ਵੱਖ ਪਿੰਡਾਂ ਵਿੱਚ ਫਲੈਗ ਮਾਰਚ ਕੱਢਿਆ ਗਿਆ। ਇਹ ਫਲੈਗ ਮਾਰਚ ਖਾਸ ਤੌਰ 'ਤੇ ਉਨ੍ਹਾਂ ਸੰਵੇਦਨਸ਼ੀਲ ਅਤੇ ਅਤਿ-ਸੰਵੇਦਨਸ਼ੀਲ ਪਿੰਡਾਂ ਵਿੱਚ ਕੱਢਿਆ ਗਿਆ ਜਿੱਥੇ ਚੋਣਾਂ ਦੌਰਾਨ ਕਿਸੇ ਤਰ੍ਹਾਂ ਦੀ ਗੜਬੜੀ ਦੀ ਸੰਭਾਵਨਾ ਹੋ ਸਕਦੀ ਹੈ। ਮਾਰਚ ਦਾ ਮੁੱਖ ਮੰਤਵ ਪਿੰਡ ਵਾਸੀਆਂ ਨੂੰ ਸੁਰੱਖਿਆ ਦਾ ਅਹਿਸਾਸ ਕਰਵਾਉਣਾ ਅਤੇ ਇਹ ਯਕੀਨੀ ਬਣਾਉਣਾ ਸੀ ਕਿ ਉਹ ਬਿਨਾਂ ਕਿਸੇ ਲਾਲਚ ਜਾਂ ਡਰ ਦੇ ਆਪਣੀ ਵੋਟ ਦਾ ਇਸਤੇਮਾਲ ਕਰ ਸਕਣ।

## ਕੀਰਤਨ ਦਰਬਾਰ 14 ਨੂੰ, ਪੋਸਟਰ ਜਾਰੀ



**ਆਦਮਪੁਰ (ਪਰਮਜੀਤ ਸਿੰਘ)-** ਬਾਬਾ ਬੁੱਢਾ ਜੀ ਦੀ ਯਾਦ ਨੂੰ ਸਮਰਪਿਤ 11ਵਾਂ ਕੀਰਤਨ ਦਰਬਾਰ ਪਿੰਡ ਪਧਿਆਣਾ ਆਦਮਪੁਰ ਵਿਖੇ ਸਵੇਰੇ 9 ਵਜੇ ਤੋਂ ਸ਼ਾਮ 4 ਵਜੇ ਤੱਕ ਕਰਵਾਇਆ ਜਾ ਰਿਹਾ ਹੈ। ਕੀਰਤਨ ਦਰਬਾਰ ਦਾ ਪੋਸਟਰ ਜਾਰੀ ਕਰਨ ਉਪਰੰਤ ਜਾਣਕਾਰੀ ਦਿੰਦੇ ਨੰਬਰਦਾਰ ਬਲਜੀਤ ਸਿੰਘ ਪਧਿਆਣਾ ਅਤੇ ਬਲਜੀਤ ਸਿੰਘ ਧੰਜ ਨੇ ਦੱਸਿਆ ਕਿ ਕੀਰਤਨ ਦਰਬਾਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ-ਛਾਇਆ ਹੇਠ ਸ਼ਹੀਦ ਬਾਬਾ ਮਤੀ ਜੀ ਦੇ ਆਸ਼ੀਰਵਾਦ ਅਤੇ ਕਲਗੀਧਰ ਨੌਜਵਾਨ ਸਭਾ, ਐੱਨ ਆਰ ਆਈ ਦੇ ਸਹਿਯੋਗ ਨਾਲ ਪਿੰਡ ਦੀ ਗਰਾਊਂਡ ਵਿਖੇ ਕਰਵਾਇਆ ਜਾ ਰਿਹਾ ਹੈ ਜਿਸ 'ਚ ਭਾਈ ਜਬਰਤੋੜ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ, ਭਾਈ ਅਮਰਜੀਤ ਸਿੰਘ ਗਾਲਿਬ ਖੁਰਦ, ਭਾਈ ਮਨਜੀਤ ਸਿੰਘ ਸ਼ੌਂਹੀ, ਭਾਈ ਅਵਤਾਰ ਸਿੰਘ ਬੋੜਾ ਖੂਹ ਪਧਿਆਣਾ ਕੀਰਤਨ ਦਰਬਾਰ 'ਚ ਹਾਜ਼ਰੀ ਭਰਨਗੇ। ਇਸ ਮੌਕੇ ਸਰਪੰਚ ਸਿਮਰਨ ਕੌਰ, ਕੁਲਜੀਤ ਕੌਰ ਸਾਬਕਾ ਸਰਪੰਚ, ਸਰਬਜੀਤ ਹੈਪੀ, ਸੁਰਿੰਦਰ ਕੌਰ, ਰਾਜ ਰਾਣੀ, ਜਸਵਿੰਦਰ ਕੌਰ, ਜਸਵੀਰ ਕੌਰ, ਬਲਜੀਤ ਸਿੰਘ ਨੰਬੜਦਾਰ, ਅਮਰਜੀਤ ਸਿੰਘ, ਗੁਰਦੇਵ ਸਿੰਘ, ਅਮਨਦੀਪ ਸਿੰਘ, ਗੁਰਬਿੰਦਰ ਸਿੰਘ, ਤਜਿੰਦਰ ਸਿੰਘ, ਅਰਸ਼ਪੀਤ ਸਿੰਘ, ਜਸਕਰਣ ਸਿੰਘ,ਜਸਪ੍ਰੀਤ ਸਿੰਘ, ਜਸਵੀਰ ਸਿੰਘ,ਭੁਪਿੰਦਰ ਸਿੰਘ ਹਾਜ਼ਰ ਸਨ।

## ਜਿੱਥੇ ਨੌਜਵਾਨ ਸੋਚ ਸ਼ਾਮਲ ਹੁੰਦੀ ਹੈ ਉੱਥੇ ਰਾਜਨੀਤੀ ਨਹੀਂ ਬਦਲਾਅ ਹੁੰਦਾ : ਚੱਬੇਵਾਲ



**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)-** ਆਉਣ ਵਾਲੀਆਂ ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਚੋਣਾਂ ਦੇ ਮੱਦੇਨਜ਼ਰ, ਸੰਸਦ ਮੈਂਬਰ ਡਾ. ਰਾਜਕੁਮਾਰ ਚੱਬੇਵਾਲ ਨੇ ਚੱਬੇਵਾਲ ਵਿਧਾਨ ਸਭਾ ਹਲਕੇ ਵਿੱਚ ਆਮ ਆਦਮੀ ਪਾਰਟੀ ਦੇ ਯੂਥ ਵਿੰਗ ਵਰਕਰਾਂ ਨਾਲ ਇੱਕ ਵਿਸ਼ੇਸ਼ ਮੀਟਿੰਗ ਕੀਤੀ, ਜਿੱਥੇ ਚੋਣ ਰਣਨੀਤੀ, ਬੂਥ ਮਜ਼ਬੂਤੀ ਅਤੇ ਵਿਕਾਸ 'ਤੇ ਕੇਂਦ੍ਰਿਤ ਇੱਕ ਸਕਾਰਾਤਮਕ ਮੁਹਿੰਮ ਦੀ ਰੂਪ-ਰੇਖਾ ਤਿਆਰ ਕੀਤੀ ਗਈ। ਲੋਕਤੰਤਰ ਵਿੱਚ ਨੌਜਵਾਨਾਂ ਦੀ ਭੂਮਿਕਾ ਨੂੰ ਸਭ ਤੋਂ ਪ੍ਰਭਾਵਸ਼ਾਲੀ ਸ਼ਕਤੀ ਦੱਸਦਿਆਂ ਉਨ੍ਹਾਂ ਕਿਹਾ ਕਿ ਸਰਕਾਰਾਂ ਯੁਵਾ ਦ੍ਰਿਸ਼ਟੀ ਅਤੇ ਊਰਜਾ ਨਾਲ ਮਜ਼ਬੂਤ ਹੁੰਦੀਆਂ ਹਨ। ਯੂਥ ਕੋਆਰਡੀਨੇਟਰ ਸੁਭਾਸ਼ ਸ਼ਰਮਾ ਸ਼ੁਭਮ ਆਪਣੀ ਪੂਰੀ ਟੀਮ ਦੇ ਨਾਲ ਇਸ ਮੀਟਿੰਗ ਵਿੱਚ ਮੌਜੂਦ ਸਨ। ਸੰਸਦ ਮੈਂਬਰ ਨੇ ਯੁਵਾ ਟੀਮ ਦੇ ਯਤਨਾਂ ਅਤੇ ਸਮਰਪਣ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਆਉਣ ਵਾਲੀਆਂ ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਚੋਣਾਂ ਵਿੱਚ ਉਨ੍ਹਾਂ ਦੀ ਭੂਮਿਕਾ ਫੈਸਲਾਕੁੰਨ ਹੋਵੇਗੀ। ਉਨ੍ਹਾਂ ਖੁਸ਼ੀ ਪ੍ਰਗਟ ਕੀਤੀ ਕਿ ਚੱਬੇਵਾਲ ਖੇਤਰ ਦੇ ਨੌਜਵਾਨ ਸੰਗਠਨ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਸਰਗਰਮ ਹਨ। ਐੱਮ ਪੀ ਡਾ. ਰਾਜਕੁਮਾਰ ਨੇ ਮੀਟਿੰਗ ਵਿੱਚ ਕਿਹਾ ਕਿ ਯੁਵਾ ਟੀਮ ਸਰਕਾਰ ਦੀਆਂ ਵਿਕਾਸ ਯੋਜਨਾਵਾਂ ਨੂੰ ਹਰ ਪਿੰਡ ਤੱਕ ਲਿਜਾਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀ ਹੈ। ਉਨ੍ਹਾਂ ਨੌਜਵਾਨਾਂ ਨੂੰ ਬੂਥ ਪੱਧਰ ਤੇ ਸੰਗਠਨ ਨੂੰ ਮਜ਼ਬੂਤ ਕਰਨ, ਵੋਟਰਾਂ ਨਾਲ ਸਿੱਧਾ ਸੰਪਰਕ ਸਥਾਪਤ ਕਰਨ ਅਤੇ ਜਨਤਕ ਮੁੱਦਿਆਂ ਨੂੰ ਸਮਝਣ ਅਤੇ ਹੱਲ ਕਰਨ ਦੀ ਸਲਾਹ ਦਿੱਤੀ।

## ਪਾਸਪੋਰਟ ਦਫ਼ਤਰ ਜਲੰਧਰ ਵੱਲੋਂ 'ਪਾਸਪੋਰਟ ਅਦਾਲਤ' 17 ਨੂੰ

**ਜਲੰਧਰ (ਸੁਰਿੰਦਰ ਕੁਮਾਰ)-** ਰੀਜ਼ਨਲ ਪਾਸਪੋਰਟ ਅਫ਼ਸਰ ਯਸ਼ ਪਾਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਰੀਜਨਲ ਪਾਸਪੋਰਟ ਦਫ਼ਤਰ ਐਸ.ਸੀ.ਓ. ਨੰਬਰ 42-51, ਪੌਕਟ-1,ਨੇੜੇ ਬੱਸ ਸਟੈਂਡ, ਜਲੰਧਰ ਵਿਖੇ 17 ਦਸੰਬਰ ਨੂੰ ਪਾਸਪੋਰਟ ਦਫ਼ਤਰ ਵਲੋਂ ਸਾਰੀਆਂ ਸ੍ਰੇਣੀਆਂ ਦੇ ਬਿਨੈਕਾਰਾਂ ਦੀਆਂ ਪਾਸਪੋਰਟ ਸਬੰਧੀ ਬਕਾਇਆ ਬਿਨੈਪੱਤਰਾਂ ਦੇ ਨਿਪਟਾਰੇ ਲਈ 'ਪਾਸਪੋਰਟ ਅਦਾਲਤ' ਲਗਾਈ ਜਾ ਰਹੀ ਹੈ। ਰੀਜਨਲ ਪਾਸਪੋਰਟ ਅਫ਼ਸਰ ਨੇ ਦੱਸਿਆ ਕਿ 31 ਅਕਤੂਬਰ ਜਾਂ ਇਸ ਤੋਂ ਪਹਿਲਾਂ ਪਾਸਪੋਰਟ ਲਈ ਬਿਨੈਪੱਤਰ ਜਮ੍ਹਾ ਕਰਵਾਉਣ ਵਾਲੇ ਸਾਰੀਆਂ ਸ੍ਰੇਣੀਆਂ ਦੇ ਬਿਨੈਕਾਰਾਂ ਜਿੰਨਾਂ ਦੀਆਂ ਅਰਜ਼ੀਆਂ ਕਿਸੇ ਕਾਰਨ ਕਰਕੇ ਬਕਾਇਆ ਰਹਿ ਗਈਆਂ ਹਨ ਦੇ ਨਿਪਟਾਰੇ ਲਈ ਪਾਸਪੋਰਟ ਅਦਾਲਤ ਲਗਾਈ ਜਾ ਰਹੀ ਹੈ। ਉਨ੍ਹਾਂ 31 ਅਕਤੂਬਰ ਜਾਂ ਇਸ ਤੋਂ ਪਹਿਲਾਂ ਪਾਸਪੋਰਟ ਅਪਲਾਈ ਕਰਨ ਵਾਲੇ ਸਾਰੇ ਬਿਨੈਕਾਰਾਂ ਨੂੰ ਅਪੀਲ ਕੀਤੀ ਕਿ ਪਾਸਪੋਰਟ ਦਫ਼ਤਰ ਵਿਖੇ ਸਵੇਰੇ 9:30 ਵਜੇ ਤੋਂ ਦੁਪਹਿਰ 12:30 ਵਜੇ ਤੱਕ ਲੋੜੀਂਦੇ ਦਸਤਾਵੇਜ਼ਾਂ ਸਮੇਤ ਪਹੁੰਚ ਕੇ ਬਕਾਇਆ ਬਿਨੈਪੱਤਰਾਂ ਦਾ ਨਿਪਟਾਰਾ ਕਰਵਾਉਣ।

## ਵਡਾਲਾ ਵੱਲੋਂ ਬਲਵਿੰਦਰ ਸਿੰਘ ਦੇ ਹੱਕ ਵਿੱਚ ਤੂਫਾਨੀ ਚੋਣ ਪ੍ਰਚਾਰ



**ਨਕੋਦਰ (ਮਨਜੀਤ ਮਾਨ)-** ਬਲਾਕ ਸੰਮਤੀ ਅਤੇ ਜ਼ਿਲ੍ਹਾ ਪ੍ਰੀਸ਼ਦ ਦੀਆਂ ਆਗਾਮੀ ਚੋਣਾਂ ਦੇ ਮੱਦੇਨਜ਼ਰ ਹਲਕਾ ਨਕੋਦਰ ਵਿੱਚ ਸਿਆਸੀ ਸਰਗਰਮੀਆਂ ਪੂਰੇ ਜੋਰਾਂ 'ਤੇ ਹਨ। ਇਸੇ ਲੜੀ ਤਹਿਤ ਸ਼੍ਰੋਮਣੀ ਅਕਾਲੀ ਦਲ ਦੇ ਸਕੱਤਰ ਜਨਰਲ ਗੁਰਪ੍ਰਤਾਪ ਸਿੰਘ ਵਡਾਲਾ ਨੇ ਜ਼ਿਲ੍ਹਾ ਪ੍ਰੀਸ਼ਦ ਜੋਨ 21 ਤੋਂ ਪਾਰਟੀ ਦੇ ਉਮੀਦਵਾਰ ਬਲਵਿੰਦਰ ਸਿੰਘ ਦੇ ਹੱਕ ਵਿੱਚ ਵੱਖ-ਵੱਖ ਪਿੰਡਾਂ ਦਾ ਦੌਰਾ ਕੀਤਾ। ਵਡਾਲਾ ਨੇ ਪਿੰਡਾਂ ਵਿੱਚ ਹੋਏ ਭਰਵੇਂ ਇਕੱਠਾਂ ਨੂੰ ਸੰਬੋਧਨ ਕਰਦਿਆਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਲਾਕੇ ਦੀ ਤਰੱਕੀ ਲਈ ਅਕਾਲੀ ਦਲ ਦੇ ਉਮੀਦਵਾਰਾਂ ਦਾ ਸਾਥ ਦੇਣ।ਇਸ ਦੌਰਾਨ ਵੱਖ-ਵੱਖ ਪਿੰਡਾਂ ਵਿੱਚ ਪਹੁੰਚਣ 'ਤੇ ਗੁਰਪ੍ਰਤਾਪ ਸਿੰਘ ਵਡਾਲਾ ਅਤੇ ਉਮੀਦਵਾਰ ਬਲਵਿੰਦਰ ਸਿੰਘ ਦਾ ਲੋਕਾਂ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ। ਜਨਤਕ ਇਕੱਠਾਂ ਨੂੰ ਸੰਬੋਧਨ ਕਰਦਿਆਂ ਸ. ਵਡਾਲਾ ਨੇ ਕਿਹਾ ਕਿ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀਆਂ ਵਿੱਚ ਇਮਾਨਦਾਰ ਅਤੇ ਮਿਹਨਤੀ ਨੁਮਾਇੰਦਿਆਂ ਦਾ ਹੋਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਬਲਵਿੰਦਰ ਸਿੰਘ ਇੱਕ ਜ਼ਮੀਨੀ ਪੱਧਰ ਦੇ ਆਗੂ ਹਨ ਜੋ ਲੋਕਾਂ ਦੀਆਂ ਦੁੱਖ-ਤਕਲੀਫਾਂ ਨੂੰ ਨੇੜਿਓਂ ਸਮਝਦੇ ਹਨ। ਸ. ਵਡਾਲਾ ਨੇ ਵਿਰੋਧੀ ਧਿਰਾਂ 'ਤੇ ਨਿਸ਼ਾਨਾ ਸਾਧਦਿਆਂ ਕਿਹਾ ਕਿ ਮੌਜੂਦਾ ਸਮੇਂ ਵਿੱਚ ਪਿੰਡਾਂ ਦੇ ਵਿਕਾਸ ਕਾਰਜ ਰੁਕੇ ਪਏ ਹਨ ਅਤੇ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਲਈ ਖੱਜਲ-ਖੁਆਰ ਹੋਣਾ ਪੈ ਰਿਹਾ ਹੈ।ਇਸ ਮੌਕੇ ਉਮੀਦਵਾਰ ਬਲਵਿੰਦਰ ਸਿੰਘ ਨੇ ਪਾਰਟੀ ਹਾਈਕਮਾਂਡ ਅਤੇ ਗੁਰਪ੍ਰਤਾਪ ਸਿੰਘ ਵਡਾਲਾ ਦਾ ਧੰਨਵਾਦ ਕੀਤਾ।

## 'ਆਪ' 'ਚ ਸ਼ਾਮਿਲ ਹੋਣ ਵਾਲਿਆਂ ਨੂੰ ਮਾਣ ਸਤਿਕਾਰ ਦਿੱਤਾ ਜਾਏਗਾ : ਇੰਦਰਜੀਤ ਕੌਰ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)-** ਪਿੰਡ ਮਿੱਠੜਾ ਦੀ ਸਰਪੰਚ ਕਸ਼ਮੀਰ ਕੌਰ ਉਹਨਾਂ ਦੇ ਪਤੀ ਧਰਮਪਾਲ, ਉਹਨਾਂ ਤੋਂ ਇਲਾਵਾ ਬਲਵੀਰ ਕੌਰ ਪੰਚ ਅਮਨਦੀਪ ਕੌਰ ਪੰਚ, ਲਖਵਿੰਦਰ



ਪਾਲ, ਰਣਜੀਤ ਸਿੰਘ, ਰੀਨਾ ਕੁਮਾਰੀ, ਮਲਕੀਤ ਚੰਦ ਜਿਹਨਾਂ ਨੇ ਦੂਸਰੀਆਂ ਪਾਰਟੀਆਂ ਨੂੰ ਅਲਵਿਦਾ ਆਖ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਏ ਜਿਹਨਾਂ ਨੂੰ ਵਿਧਾਇਕ ਇੰਦਰਜੀਤ ਕੌਰ ਮਾਨ ਨੇ ਜੀ ਆਇਆ ਆਖਦਿਆਂ ਪਾਰਟੀ ਵਿੱਚ ਪੂਰਾ ਮਾਣ ਸਤਿਕਾਰ ਦਿੱਤੇ ਜਾਣ ਦਾ ਭਰੋਸਾ ਦਿੱਤਾ। ਇਸ ਮੌਕੇ ਤੇ ਵਿਧਾਇਕਾ ਨੇ ਆਖਿਆ ਕਿ ਹਲਕਾ ਨਕੋਦਰ ਦੇ ਅੰਦਰ ਲਗਾਤਾਰ ਦੂਸਰੀਆਂ ਪਾਰਟੀਆਂ ਨੂੰ ਛੱਡ ਕੇ ਗ੍ਰਾਮ ਪੰਚਾਇਤਾਂ, ਮੋਹਤਬਾਰ ਵਿਅਕਤੀ ਆਮ ਆਦਮੀ ਪਾਰਟੀ ਦਾ ਹਿੱਸਾ ਬਣ ਰਹੇ ਜਿਸ ਦਾ ਭਾਵ ਇਹ ਹੈ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦੀਆਂ ਨੀਤੀਆਂ ਤੋਂ ਖੁਸ਼ ਹੋ ਕੇ ਲੋਕਾਂ ਨੇ ਆਪਣੀਆਂ ਪਹਿਲੀਆਂ ਪਾਰਟੀਆਂ ਨੂੰ ਅਲਵਿਦਾ ਆਖਿਆ ਜਾ ਰਿਹਾ ਹੈ ਲਗਾਤਾਰ। ਇਹਨਾਂ ਲੋਕਾਂ ਨੂੰ ਉਹਨਾਂ ਦੀਆਂ ਪਹਿਲੀਆਂ ਪਾਰਟੀਆਂ ਨੇ ਸਵਾਏ ਲਾਰੇ ਲੱਪਿਆਂ ਤੋਂ ਬਿਨਾਂ ਕੱਖ ਨਹੀਂ ਦਿੱਤਾ ਜਿਸ ਕਰਕੇ ਹੁਣ ਇਹਨਾਂ ਲੋਕਾਂ ਨੂੰ ਇੱਕ ਅਜਿਹਾ ਸਹਾਰਾ ਮਿਲਿਆ ਹੈ।

## ਪੰਜਾਬ 'ਚ 14 ਦਸੰਬਰ ਨੂੰ 'ਡਰਾਈ ਡੇ' ਐਲਾਨਿਆ

**ਚੰਡੀਗੜ੍ਹ (ਗੁਰਜੀਤ ਬਿੱਲਾ)-** ਰਾਜ ਚੋਣ ਕਮਿਸ਼ਨ, ਪੰਜਾਬ ਵੱਲੋਂ ਦਿੱਤੇ ਨਿਰਦੇਸ਼ਾਂ ਅਨੁਸਾਰ, ਆਬਕਾਰੀ ਕਮਿਸ਼ਨਰ ਪੰਜਾਬ ਜਤਿੰਦਰ ਜੋਰਵਾਲ (ਆਈ.ਏ.ਐਸ.) ਵੱਲੋਂ ਪੰਜਾਬ ਦੀਆਂ ਜ਼ਿਲ੍ਹਾ ਪ੍ਰੀਸ਼ਦਾਂ ਅਤੇ ਪੰਚਾਇਤ ਸੰਮਤੀਆਂ ਦੇ ਅਧਿਕਾਰ ਖੇਤਰ ਅਧੀਨ ਪੈਂਦੇ ਪਿੰਡਾਂ ਵਿੱਚ 14.12.2025 ਨੂੰ 00.00 ਵਜੇ ਤੋਂ 15.12.2025 ਨੂੰ ਸਵੇਰੇ 10:00 ਵਜੇ ਤੱਕ ਚੋਣਾਂ ਵਾਲਾ ਦਿਨ 'ਡਰਾਈ ਡੇ+ ਵਜੋਂ ਘੋਸ਼ਿਤ ਕੀਤਾ ਗਿਆ ਹੈ। ਇਹ ਹੁਕਮ ਪੰਜਾਬ ਰਾਜ ਵਿੱਚ ਇੰਨ ਬਿੰਨ ਲਾਗੂ ਕੀਤੇ ਜਾਣਗੇ।

## ਦਿਲ ਦੇ ਰੋਗਾਂ ਦੀ ਜਾਂਚ ਲਈ ਮੁਫਤ ਕੈਂਪ ਦਾ ਆਯੋਜਨ

**ਤਲਵਾੜਾ (ਓਮ ਪ੍ਰਕਾਸ਼ ਰਾਣਾ)-** ਭਾਖੜਾ ਬਿਆਸ ਮੈਨੇਜਮੈਂਟ ਬੋਰਡ ਤਲਵਾੜਾ ਦੀ ਪਹਿਲ ਕਦਮੀ ਨਾਲ ਬੀ ਬੀ ਐੱਮ ਬੀ ਹਸਪਤਾਲ ਤਲਵਾੜਾ ਵਿਖੇ ਕੇਅਰ ਬੈਸਟ ਹਸਪਤਾਲ ਜਲੰਧਰ ਦੇ ਸਹਿਯੋਗ ਨਾਲ ਦਿਲ ਦੇ ਰੋਗਾਂ ਦੀ ਜਾਂਚ ਲਈ ਇੱਕ ਮੁਫ਼ਤ ਮੈਡੀਕਲ ਕੈਂਪ ਲਗਾਇਆ ਗਿਆ। ਕੈਂਪ ਦਾ ਉਦਘਾਟਨ ਬੀ ਬੀ ਐੱਮ ਬੀ ਤਲਵਾੜਾ ਦੇ ਮੁੱਖ ਇੰਜੀਨੀਅਰ



ਰਾਕੇਸ਼ ਗੁਪਤਾ ਨੇ ਕੀਤਾ । ਇਸ ਕੈਂਪ ਵਿੱਚ ਕੇਅਰ ਬੈਸਟ ਹਸਪਤਾਲ ਜਲੰਧਰ ਤੋਂ ਪੰਜਾਬ ਦੇ ਦਿਲ ਦੇ ਰੋਗਾਂ ਦੇ ਮਾਹਿਰ ਡਾ. ਰਮਨ ਚਾਵਲਾ ਵਿਸ਼ੇਸ਼ ਤੌਰ ਤੇ ਆਪਣੀਆਂ ਸੇਵਾਵਾਂ ਦੇਣ ਲਈ ਪਹੁੰਚੇ। ਇਸ ਮੌਕੇ ਮੁੱਖ ਇੰਜਨੀਅਰ ਸ੍ਰੀ ਰਾਕੇਸ਼ ਗੁਪਤਾ ਨੇ ਡਾ. ਰਮਨ ਚਾਵਲਾ ਦਾ ਇੱਥੇ ਆਉਣ ਤੇ ਸਵਾਗਤ ਕਰਦਿਆਂ ਕਿਹਾ ਕਿ ਇਸ ਤਰਾਂ ਦੇ ਕੈਂਪ ਜਿੱਥੇ ਰੋਗਾਂ ਦੀ ਅਗੇਤੀ ਪਹਿਚਾਣ ਕਰਨ ਵਿੱਚ ਸਹਾਇਕ ਸਿੱਧ ਹੁੰਦੇ ਹਨ ਉੱਥੇ ਹੀ ਇਸ ਨਾਲ ਬਿਮਾਰੀਆਂ ਪ੍ਰਤੀ ਜਨ ਜਾਗਰੂਕਤਾ ਵਧਦੀ ਹੈ। ਉਨਾਂ ਕਿਹਾ ਕਿ ਬੀ ਬੀ ਐੱਮ ਬੀ ਸਮਾਜਿਕ ਕਾਰਜਾਂ ਵਿੱਚ ਵੀ ਵੱਧ ਚੜ ਕੇ ਯੋਗਦਾਨ ਪਾ ਰਿਹਾ ਹੈ। ਇਸ ਮੌਕੇ ਉਨਾਂ ਦੇ ਧਰਮ ਪਤਨੀ ਸੀਮਾ ਗੁਪਤਾ ਵੀ ਹਾਜ਼ਰ ਸਨ।ਤਲਵਾੜਾ ਅਤੇ ਆਸ ਪਾਸ ਦੇ ਇਲਾਕੇ ਤੋਂ ਵੱਡੀ ਗਿਣਤੀ ਵਿੱਚ ਲੋਕ ਇਸ ਕੈਂਪ ਵਿੱਚ ਪਹੁੰਚੇ ਅਤੇ ਉਨਾਂ ਨੇ ਮਾਹਰ ਡਾਕਟਰਾਂ ਤੋਂ ਆਪਣਾ ਚੈੱਕਅਪ ਕਰਵਾਇਆ।

## ਅਮਰਜੀਤ ਸਿੰਘ ਦਾ ਬਰੌਂਜ਼ ਮੈਡਲ ਸਮੇਤ ਅਮਰੀਕਾ ਤੋਂ ਵਾਪਸੀ 'ਤੇ ਸ਼ਾਨਦਾਰ ਸਵਾਗਤ

**ਕੁਰਾਲੀ (ਮੋਹਣ ਅੱਗਰਵਾਲ)-** ਪ੍ਰਭ ਆਸਰਾ ਸੰਸਥਾ ਦੇ ਅਲੱਗ ਤੋਂ ਖ਼ਾਸ ਖਿਡਾਰੀ ਅਮਰਜੀਤ ਸਿੰਘ ਸ਼ਪੈਸਲ ਓਲੰਪਿਕ ਵਰਲਡ ਕੱਪ ਸੀ ਸੀ ਯੂਨੀਫਾਈਡ ਬਾਸਕਟਬਾਲ ਵਿੱਚ ਇੰਡੀਆ ਦੀ ਟੀਮ ਵਿੱਚ ਖੇਡ ਕੇ ਬਰੌਂਜ਼ ਮੈਡਲ ਲੈ ਕੇ ਵਾਪਸ ਪਰਤਿਆ । ਇਸ ਸਬੰਧੀ ਸਥਾਨਕ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਸੰਸਥਾ ਮੁਖੀ ਬੀਬੀ ਰਜਿੰਦਰ ਕੌਰ ਤੇ ਭਾਈ ਸ਼ਮਸ਼ੇਰ ਸਿੰਘ ਨੇ ਦੱਸਿਆ ਕਿ ਉਕਤ ਵਰਲਡ ਕੱਪ ਅਮਰੀਕਾ ਅਧੀਨ ਆਉਂਦੇ ਟਾਪੂ ਪੁਏਰਟੋ ਰਾਈਸੋ ਵਿਖੇ 3 ਤੋਂ 8 ਦਸੰਬਰ ਨੂੰ ਖੇਡਿਆ ਗਿਆ ਸੀ । ਜਿਸ ਲਈ ਉਨ੍ਹਾਂ ਦੀ ਸੰਸਥਾ ਦੇ ਅਲੱਗ ਤੋਂ ਖ਼ਾਸ ਖਿਡਾਰੀ ਅਮਰਜੀਤ ਸਿੰਘ ਨੇ ਵਿਸ਼ੇਸ਼ ਜ਼ਿਲ੍ਹਾ ਪੱਧਰੀ, ਰਾਜ ਪੱਧਰੀ ਅਤੇ ਰਾਸ਼ਟਰੀ ਪੱਧਰ ਦੇ ਟਰਾਇਲਾਂ ਨੂੰ ਪਾਸ ਕਰਦਿਆਂ 9 ਮਹੀਨਿਆਂ ਦੀ ਆਪਣੀ ਅਣਥੱਕ ਮਿਹਨਤ ਤੋਂ ਬਾਅਦ ਆਪਣੀ ਥਾਂ ਪੱਕੀ ਕੀਤੀ ਸੀ । ਉਨ੍ਹਾਂ ਇਹ ਵੀ ਸਾਂਝਾ ਕੀਤਾ ਕਿ ਗਰਮੀ ਦੀ ਤਪਦੀ ਲੂ ਹੋਵੇ ਜਾਂ ਬਾਰਿਸ਼ ਦੀ ਭਿੱਜੀ ਸਵੇਰ ਅਮਰਜੀਤ ਅਤੇ ਉਸ ਦੇ ਕੋਚ ਹਰ ਦਿਨ ਸਵੇਰੇ-ਸ਼ਾਮ ਨਿਰੰਤਰ ਪ੍ਰੈਕਟਿਸ ਕਰਦੇ ਰਹੇ, ਜਿਸ ਨੇ ਉਸਦੀ



ਸਫਲਤਾ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ। ਅਮਰਜੀਤ ਨੂੰ ਖਿਡਾਰੀ ਦੇ ਤੌਰ ਦੇ ਨਿਖਾਰਨ ਦੀ ਪੂਰੀ ਜਿੰਮੇਵਾਰੀ ਬੀਬੀ ਰਜਿੰਦਰ ਕੌਰ ਵੱਲੋਂ ਮੁੱਖ ਕੋਚ ਵਜੋਂ ਨਿਭਾਈ ਗਈ । ਅਮਰਜੀਤ ਦਾ ਵਰਲਡ ਕੱਪ ਵਿੱਚ ਭਾਰਤ ਦੀ ਟੀਮ ਲਈ ਖੇਡਣਾ ਪ੍ਰਭ ਆਸਰਾ ਸਮੇਤ ਪੂਰੇ ਪੰਜਾਬ ਲਈ ਮਾਣ ਵਾਲੀ ਗੱਲ ਹੈ । ਸਪੈਸ਼ਲ ਓਲੰਪਿਕਸ ਦੇ ਰਾਸ਼ਟਰੀ ਦਫ਼ਤਰ ਦਿੱਲੀ ਵਿੱਚ, ਖਿਡਾਰੀਆਂ ਦੇ ਕੋਚਾਂ ਅਤੇ ਅਧਿਕਾਰੀਆਂ ਵੱਲੋਂ ਭਾਰਤ ਵਾਪਸੀ 'ਤੇ ਪੂਰੀ ਟੀਮ ਦਾ ਗਰਮਜੋਸ਼ੀ ਨਾਲ ਭਰਪੂਰ ਸਵਾਗਤ ਕੀਤਾ ਗਿਆ। ਅਮਰਜੀਤ ਸਿੰਘ ਦੀ ਸੰਸਥਾ ਵਾਪਸੀ 'ਤੇ ਪ੍ਰਭ ਆਸਰਾ ਪਰਿਵਾਰ ਅਤੇ ਪਿੰਡ ਵਾਸੀਆਂ ਨੇ ਉਸਦਾ ਦਿਲੋਂ, ਨਿੱਘੇ ਪਿਆਰ ਅਤੇ ਮਾਣ-ਸਨਮਾਨ ਨਾਲ ਭਰਿਆ ਸ਼ਾਨਦਾਰ ਸਵਾਗਤ ਕੀਤਾ, ਜਿਸ ਨਾਲ ਪੂਰਾ ਮਾਹੌਲ ਗੌਰਵ ਅਤੇ ਖੁਸ਼ੀ ਨਾਲ ਗੂੰਜ ਉਠਿਆ।ਅੰਤ ਵਿੱਚ ਸੰਸਥਾ ਵੱਲੋਂ ਸਰਕਾਰ ਨੂੰ ਇਹ ਅਪੀਲ ਕੀਤੀ ਗਈ ਕਿ ਜਿਵੇਂ ਆਮ ਖਿਡਾਰੀਆਂ ਨੂੰ ਸਰਕਾਰੀ ਸਨਮਾਨ ਅਤੇ ਨਕਦ ਇਨਾਮ ਦਿੱਤੇ ਜਾਂਦੇ ਹਨ, ਓਹੋ ਜਿਹੇ ਸਨਮਾਨ ਅਤੇ ਮੁਆਵਜੇ ਵਿਸ਼ੇਸ਼ ਖਿਡਾਰੀਆਂ ਨੂੰ ਵੀ ਦਿੱਤੇ ਜਾਣ, ਤਾਂ ਜੋ ਉਹਨਾ ਦੇ ਮਨੋਬਲ ਅਤੇ ਭਵਿੱਖ ਨੂੰ ਹੋਰ ਮਜ਼ਬੂਤ ਕੀਤਾ ਜਾ ਸਕੇ।

## ਤੇਜਿੰਦਰ ਬਾਵਾ ਬਣੇ ਲਾਇਨਜ਼ ਕਲੱਬ ਫਗਵਾੜਾ ਸਮਾਰਟ ਸਿਟੀ ਦੇ ਪ੍ਰਧਾਨ

**ਫਗਵਾੜਾ (ਜਸਵਿੰਦਰ ਢੱਡਾ)-** ਲਾਇਨਜ਼ ਇੰਟਰਨੈਸ਼ਨਲ 321-ਡੀ ਦੇ ਨਵੇਂ ਬਣੇ ਲਾਇਨਜ਼ ਕਲੱਬ ਫਗਵਾੜਾ ਸਮਾਰਟ ਸਿਟੀ ਦੀ ਚਾਰਟਰ ਨਾਈਟ ਸਥਾਨਕ ਅੰਬੈਸਡਰ ਹੋਟਲ, ਰੇਲਵੇ ਰੋਡ ਫਗਵਾੜਾ ਵਿਖੇ ਆਯੋਜਿਤ ਕੀਤੀ ਗਈ। ਇਸ ਦੌਰਾਨ ਲਾਇਨ ਤੇਜਿੰਦਰ ਬਾਵਾ ਐਮ.ਜੇ. ਐਫ. ਨੂੰ ਕਲੱਬ ਦਾ ਚਾਰਟਰ ਪ੍ਰਧਾਨ ਐਲਾਨਿਆ ਗਿਆ। ਸਮਾਗਮ ਦੌਰਾਨ ਮੁੱਖ ਮਹਿਮਾਨ ਵਜੋਂ ਪਹੁੰਚੇ




ਡਿਸਟ੍ਰਿਕਟ ਗਵਰਨਰ ਲਾਇਨ ਵੀ.ਐਮ. ਗੋਇਲ ਨੇ ਕਲੱਬ ਨੂੰ ਚਾਰਟਰ ਭੇਂਟ ਕੀਤਾ। ਜਦਕਿ ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ ਅਤੇ ਸੰਤ ਗੁਰਚਰਨ ਸਿੰਘ (ਨਿਰਮਲ ਕੁਟੀਆ ਛੰਬ ਵਾਲੀ) ਪੰਡਵਾ ਆਪਣਾ ਆਸ਼ੀਰਵਾਦ ਦੇਣ ਲਈ ਮੌਜੂਦ ਸਨ। ਇਸ ਤੋਂ ਇਲਾਵਾ ਵਿਸ਼ੇਸ਼ ਮਹਿਮਾਨ ਲਾਇਨ ਰਛਪਾਲ ਸਿੰਘ ਬੱਚਾਜੇਵੀ ਵਾਈਸ ਮਿਉਂਸੀਪਲ ਕੌਂਸਲ ਚੇਅਰਮੈਨ, ਇੰਸਟਾਲਿੰਗ ਅਫਸਰ ਐਮ.ਜੇ.ਐਫ. ਲਾਇਨ ਜੀ.ਐਸ. ਭਾਟੀਆ ਵੀ.ਡੀ.ਜੀ.-1, ਇੰਡਕਸ਼ਨ ਅਫਸਰ ਪੀ.ਐਮ.ਜੇ.ਐਫ. ਲਾਇਨ ਰਾਜੀਵ ਖੋਸਲਾ ਵੀ.ਡੀ.ਜੀ.-2, ਗੈਸਟ ਆਫ ਆਨਰ ਐਮ.ਜੇ.ਐਫ. ਲਾਇਨ ਜੇ.ਬੀ. ਸਿੰਘ ਚੌਧਰੀ ਪਾਸਟ ਮਿਉਂਸੀਪਲ ਕੌਂਸਲ ਚੇਅਰਮੈਨ, ਲਾਇਨ ਦਵਿੰਦਰ ਪਾਲ ਅਰੋੜਾ, ਮਿਉਂਸੀਪਲ ਕੌਂਸਲ ਚੇਅਰਪਰਸਨ ਫੂਡ ਫਾਰ ਹੰਗਰ, ਲਾਇਨ ਦਵਿੰਦਰ ਸਿੰਘ ਕਾਲੜਾ, ਪਾਸਟ ਡਿਸਟ੍ਰਿਕਟ ਗਵਰਨਰ, ਅਤੇ ਐਮ.ਜੇ.ਐਫ. ਲਾਇਨ ਰਾਜੀਵ ਵਿੱਗ ਡਿਸਟ੍ਰਿਕਟ ਜੀ.ਐਮ.ਟੀ. ਕੋਆਰਡੀਨੇਟਰ ਸ਼ਾਮਲ ਸਨ। ਡਿਸਟ੍ਰਿਕਟ ਗਵਰਨਰ ਲਾਇਨ ਵੀ.ਐਮ. ਗੋਇਲ ਨੇ ਕਲੱਬ ਨੂੰ ਇੱਕ ਚਾਰਟਰ ਭੇਟ ਕਰਦਿਆਂ ਆਪਣੀਆਂ ਸ਼ੁੱਭ ਇੱਛਾਵਾਂ ਦਿੱਤੀਆਂ। ਉਨ੍ਹਾਂ ਨੇ ਕਲੱਬ ਪ੍ਰਧਾਨ ਤੇਜਿੰਦਰ ਬਾਵਾ ਅਤੇ ਉਹਨਾਂ ਦੀ ਚਾਰਟਰ ਟੀਮ ਨੂੰ ਇੰਟਰਨੈਸ਼ਨਲ ਪਿੰਨ ਲਗਾਏ ਅਤੇ ਸਰਟੀਫਿਕੇਟ ਭੇਟ ਕੀਤੇ। ਨਵੇਂ ਬਣੇ ਕਲੱਬ ਦੇ ਚਾਰਟਰ ਪ੍ਰਧਾਨ ਲਾਇਨ ਤੇਜਿੰਦਰ ਬਾਵਾ ਨੇ ਡਿਸਟ੍ਰਿਕਟ ਗਵਰਨਰ ਲਾਇਨ ਵੀ.ਐਮ. ਗੋਇਲ ਦਾ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਭਰੋਸਾ ਦਿੱਤਾ ਕਿ ਉਨ੍ਹਾਂ ਦੀ ਕਲੱਬ ਆਪਣੇ ਨਾਮ 'ਤੇ ਖਰਾ ਉਤਰਦੀ ਹੋਈ ਇੱਕ ਸਮਾਰਟ ਕਲੱਬ ਵਜੋਂ ਡਿਸਟ੍ਰਿਕਟ 321-ਡੀ ਦਾ ਨਾਮ ਰੌਸ਼ਨ ਕਰੇਗੀ। ਇੰਸਟਾਲਿੰਗ ਅਫਸਰ ਲਾਇਨ ਜੀ.ਐਸ. ਭਾਟੀਆ ਨੇ ਚਾਰਟਰ ਪ੍ਰਧਾਨ ਤੇਜਿੰਦਰ ਬਾਵਾ ਤੋਂ ਇਲਾਵਾ ਕਲੱਬ ਸਕੱਤਰ ਲਾਇਨ ਸ਼ੋਕੀ ਟੂਰਾ, ਖਜ਼ਾਨਚੀ ਲਾਇਨ ਗੁਲਸ਼ਨ ਸ਼ਰਮਾ ਲੱਕੀ ਅਤੇ ਪੀ.ਆਰ.ਓ. ਲਾਇਨ ਵਿਜੇ ਅਰੋੜਾ ਨੂੰ ਅਹੁਦੇ ਦੀ ਸਹੁੰ ਚੁਕਾਈ।

## ਚੋਣ ਅਮਲੇ ਦੀ ਕਰਵਾਈ ਦੂਸਰੀ ਰਿਹਰਸਲ, ਅੱਜ ਪੋਲਿੰਗ ਪਾਰਟੀਆਂ ਹੋਣਗੀਆਂ ਰਵਾਨਾ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)-** ਜ਼ਿਲ੍ਹੇ ਵਿਚ 14 ਦਸੰਬਰ ਨੂੰ ਹੋਣ ਵਾਲੀਆਂ ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਦੀਆਂ ਚੋਣਾਂ ਦੇ ਮੱਦੇਨਜ਼ਰ ਸਥਾਨਕ



ਆਰ.ਕੇ. ਆਰੀਆ ਕਾਲਜ ਵਿਖੇ ਪੋਲਿੰਗ ਸਟਾਫ਼ ਨੂੰ ਦੂਜੀ ਰਿਹਰਸਲ ਦੌਰਾਨ ਲੋੜੀਂਦੀ ਟ੍ਰੇਨਿੰਗ ਦਿੱਤੀ ਗਈ ਜਿਸ ਦੌਰਾਨ ਚੋਣ ਅਮਲੇ ਨੂੰ ਚੋਣ ਪ੍ਰਕਿਰਿਆ ਦੇ ਨਿਯਮਾਂ ਬਾਰੇ ਵਿਸਥਾਰ ਵਿੱਚ ਜਾਣੂ ਕਰਵਾਇਆ ਗਿਆ। ਵਧੀਕ ਡਿਪਟੀ ਕਮਿਸ਼ਨਰ (ਜ) ਬਲਬੀਰ ਰਾਜ ਸਿੰਘ ਅਤੇ ਨਵਾਂਸ਼ਹਿਰ ਦੇ ਐੱਸ ਡੀ ਐੱਮ ਅਨਮਜਯੋਤ ਕੌਰ ਦੀ ਅਗਵਾਈ ਵਿੱਚ ਮਾਸਟਰ ਟ੍ਰੇਨਰ ਵੱਲੋਂ ਪੋਲਿੰਗ ਸਟਾਫ਼ ਨੂੰ ਟ੍ਰੇਨਿੰਗ ਦਿੱਤੀ ਗਈ। ਵਧੀਕ ਡਿਪਟੀ ਕਮਿਸ਼ਨਰ ਬਲਬੀਰ ਰਾਜ ਸਿੰਘ ਨੇ ਦੱਸਿਆ ਕਿ 13 ਦਸੰਬਰ ਨੂੰ ਤੀਜੀ ਟ੍ਰੇਨਿੰਗ ਉਪਰੰਤ ਚੋਣ ਅਮਲੇ ਨੂੰ ਅਲਾਟ ਹੋਏ ਪੋਲਿੰਗ ਬੂਥਾਂ ਲਈ ਰਵਾਨਾ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਰਾਜ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਨਿਰਪੱਖ ਅਤੇ ਪਾਰਦਰਸ਼ੀ ਢੰਗ ਨਾਲ ਸਮੁੱਚੀ ਚੋਣ ਪ੍ਰਕਿਰਿਆ ਮੁਕੰਮਲ ਕਰਨ ਲਈ ਢੁਕਵੀਆਂ ਤਿਆਰੀਆਂ ਅਤੇ ਇੰਤਜਾਮ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਵੱਖ-ਵੱਖ ਸਬ ਡਿਵੀਜਨਾਂ ਵਿੱਚ ਰਿਟਰਨਿੰਗ ਅਫ਼ਸਰਾਂ ਦੇ ਪੱਧਰ 'ਤੇ ਚੋਣ ਅਮਲੇ ਨੂੰ ਟ੍ਰੇਨਿੰਗ ਦਿੱਤੀ ਗਈ ਹੈ ਤਾਂ ਜੋ ਚੋਣ ਪ੍ਰਕਿਰਿਆ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਿਆ ਜਾ ਸਕੇ।

## ਸੰਤ ਪਰਮਜੀਤ ਸਿੰਘ ਜੀ ਮਾਹਿਲਪੁਰ ਬੁੰਗੇ ਵਾਲਿਆਂ ਦੀ ਯਾਦ 'ਚ ਜੋੜ ਮੇਲਾ ਤੇ ਗੁਰਮਤਿ ਸਮਾਗਮ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)-** ਗੁਰਦੁਆਰਾ ਬੁੰਗਾ ਸਾਹਿਬ ਮਾਹਿਲਪੁਰ ਵਿਖੇ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਤਾ-ਗੱਦੀ ਦਿਵਸ ਨੂੰ ਸਮਰਪਿਤ ਤੇ ਸੰਤ ਪਰਮਜੀਤ ਸਿੰਘ ਬੁੰਗਾ ਸਾਹਿਬ ਦੀ ਯਾਦ 'ਚ ਜੋੜ ਮੇਲਾ ਤੇ ਗੁਰਮਤਿ ਸਮਾਗਮ ਸੰਤ ਬੀਬੀ ਜਸਪ੍ਰੀਤ ਕੌਰ ਦੀ ਅਗਵਾਈ 'ਚ ਤੇ ਸੁਆਮੀ ਹਰਨਾਮ ਸਿੰਘ ਤੇ ਪ੍ਰੋ.ਅਪਿੰਦਰ ਸਿੰਘ ਮਾਹਿਲਪੁਰੀ ਦੀ ਦੇਖ ਰੇਖ 'ਚ ਕਰਵਾਇਆ ਗਿਆ। ਇਸ ਮੌਕੇ ਸ੍ਰੀ ਅਖੰਡ ਪਾਠ ਦੇ ਭੋਗ ਪਾਏ ਗਏ ਉਪਰੰਤ ਭਾਈ ਭੁਪਿੰਦਰ ਸਿੰਘ ਹਜ਼ੂਰੀ ਰਾਗੀ ਸ੍ਰੀ ਅੰਮ੍ਰਿਤਸਰ, ਭਾਈ ਜਤਿੰਦਰ ਸਿੰਘ ਮਲਕਪੁਰ ਅਤੇ ਵੱਖ ਵੱਖ ਕੀਰਤਨੀ ਜਥਿਆ ਵਲੋਂ ਕੀਰਤਨ ਰਾਹੀ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਇਸ ਮੌਕੇ ਵਿਸ਼ੇਸ਼ ਤੌਰ 'ਚੇ ਪਹੁੰਚੇ ਸਿੰਘ ਸਾਹਿਬ ਗਿਆਨੀ ਪਰਜਿੰਦਰਪਾਲ ਸਿੰਘ ਗ੍ਰੰਥੀ ਸ੍ਰੀ ਦਰਬਾਰ ਸਾਹਿਬ, ਸਿੰਘ ਸਾਹਿਬ ਗਿਆਨੀ ਗੁਰਬਚਨ ਸਿੰਘ ਸਾਬਕਾ ਜਥੇਦਾਰ ਅਕਾਲ ਤਖਤ ਸਾਹਿਬ, ਭਾਈ ਗਿਆਨੀ ਹਰਪਾਲ ਹੈੱਡ ਗ੍ਰੰਥੀ ਗੁਰਦੁਆਰਾ ਜੋਤੀ ਸਰੂਪ ਫਤਿਹਗੜ੍ਹ ਸਾਹਿਬ, ਜਥੇਦਾਰ ਬਾਬਾ ਨਾਗਰ ਸਿੰਘ ਟੂਟੋਮਜਾਰਾ, ਸੰਤ ਅਮੀਰ ਸਿੰਘ ਜਵੱਦੀ ਟਕਸਾਲ, ਸੰਤ ਅਮਰਜੀਤ ਸਿੰਘ ਹਰਖੋਵਾਲ, ਭਾਈ ਗੁਰਪ੍ਰੀਤ ਸਿੰਘ ਦਮਦਮੀ ਟਕਸਾਲ, ਸੰਤ ਸ਼ਮਸ਼ੇਰ ਸਿੰਘ ਜਗੇੜਾ, ਸੰਤ ਚਰਨਜੀਤ ਸਿੰਘ ਜੱਸੋਵਾਲ, ਡਾ. ਜੰਗ ਬਹਾਦਰ ਸਿੰਘ ਰਾਏ, ਜਥੇਦਾਰ ਬਾਬਾ ਗੁਰਦੇਵ ਤਰਨਾ ਦਲ ਬਜਵਾੜਾ, ਪ੍ਰੋ.ਅਪਿੰਦਰ ਸਿੰਘ ਮਾਹਿਲਪੁਰੀ, ਸੰਤ ਪ੍ਰੀਤਮ ਸਿੰਘ ਡੁਮੇਲੀ, ਸੰਤ ਮੱਖਣ ਸਿੰਘ, ਸੰਤ ਬਲਬੀਰ ਸਿੰਘ ਸ਼ਾਸਤਰੀ, ਸੰਤ ਭੁਪਿੰਦਰ ਸਿੰਘ



ਅਣਖੀ, ਬਾਬਾ ਅਜੈਬ ਸਿੰਘ ਚੱਕ ਮੱਲ੍ਹਾਂ, ਭਾਈ ਗੁਰਪ੍ਰੀਤ ਸਿੰਘ ਵੈਦ, ਸੰਤ ਕਰਮਜੀਤ ਸਿੰਘ, ਜਥੇਦਾਰ ਬਾਬਾ ਨਰੰਗ ਸਿੰਘ ਗੁ. ਮੰਜੀ ਸਾਹਿਬ, ਸੰਤ ਬਲਵੀਰ ਸਿੰਘ ਟਿਬਾ ਸਾਹਿਬ, ਗਿਆਨੂ ਗੁਰਜਿੰਦਰ ਸਿੰਘ, ਸੰਤ ਸੰਤੋਖ ਸਿੰਘ ਪਾਲਦੀ, ਸੰਤ ਵਿਕਰਮਜੀਤ ਸਿੰਘ ਨੰਗਲਖੁਰਦ, ਸੰਤ ਪ੍ਰੀਤਮ ਸਿੰਘ ਬਾੜੀਆ, ਗਿਆਨੀ ਗੁਰਪ੍ਰੀਤ ਸਿੰਘ, ਭਾਈ ਜਸਕਰਨ ਸਿੰਘ, ਜਥੇਦਾਰ ਬਾਬਾ ਹਰੀ ਸਿੰਘ ਫਲਾਹੀ ਸਾਹਿਬ, ਬਾਬਾ ਬਦਭਾਗੀ, ਜਥੇਦਾਰ ਬਾਬਾ ਮੁਖਤਿਆਰ ਸਿੰਘ, ਬਾਬਾ ਗੁਰਜੰਟ ਸਿੰਘ, ਬਾਬਾ ਨਿਰਮਲ ਸਿੰਘ ਅਟਾਰੀ, ਬਾਬਾ ਅਨਹੰਦ ਰਾਜ ਸਿੰਘ, ਸੰਤ ਮਹਾਂਵੀਰ ਸਿੰਘ ਤਾਜੇਵਾਲ, ਬਾਬਾ ਜਗਤਾਰ ਸਿੰਘ ਮਸਤਾਨਾ ਨੇ ਗੁਰਬਾਣੀ ਕਥਾ ਵਿਚਾਰਾਂ ਦੀ ਸਾਂਝ ਪਾਈ। ਇਸ ਮੌਕੇ ਅਵਤਾਰ ਸਿੰਘ ਕਰੀਮਪੁਰੀ ਬਸਪਾ ਪ੍ਰਧਾਨ ਪੰਜਾਬ, ਇੰਦਰਜੀਤ ਸਿੰਘ, ਜਸਵੀਰ ਸਿੰਘ ਗਿੱਲ ਪ੍ਰਧਾਨ, ਡਾ. ਮਨਮੋਹਣ ਸਿੰਘ, ਜਸਵੰਤ ਸਿੰਘ ਸੀਹਰਾ, ਪ੍ਰਿੰਸੀਪਲ ਡਾ. ਪਰਵਿੰਦਰ ਸਿੰਘ, ਪ੍ਰਿੰਸੀਪਲ ਸ਼ਿਬੂ ਮੈਥਿਓ, ਪ੍ਰਿੰਸੀਪਲ ਡਾ, ਰੋਹਤਾਸ਼, ਕੁਲਵੰਤ ਸਿੰਘ ਗੋਂਦਪੁਰ, ਗੁਰਸ਼ਰਨ ਸਿੰਘ ਡੀ.ਈ.ਓ, ਭਾਈ ਸੁਖਦੇਵ ਸਿੰਘ ਨਡਾਲੋਂ, ਮਹਿੰਦਰ ਸਿੰਘ ਡੰਡੇਵਾਲ, ਤਰਸੇਮ ਸਿੰਘ ਜੱਸੋਵਾਲ ਅਤੇ ਇਲਾਕੇ ਧਾਰਮਿਕ, ਸਮਾਜ ਸੇਵੀ, ਰਾਜਸੀ, ਸਾਹਿਤ ਸਭਾਵਾਂ ਤੇ ਹੋਰ ਪ੍ਰਮੁੱਖ ਸਖਸ਼ੀਅਤਾਂ ਸ਼ਾਮਲ ਹੋਈਆ। ਗੁਰੂ ਕੇ ਲੰਗਰ ਅਟੁੱਟ ਚੱਲੇ। ਸੰਤ ਮਾਤਾ ਜਸਪ੍ਰੀਤ ਕੌਰ ਵੱਲੋ ਸਮਾਗਮ ਵਿੱਚ ਪਹੁੰਚੇ ਸੰਤਾਂ ਮਹਾਂਪੁਰਸ਼ਾਂ ਅਤੇ ਸਮਾਗਮ ਦੀਆਂ ਸਹਿਯੋਗੀ ਸੰਗਤਾਂ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ।

## ਪ੍ਰੇਮ ਨਗਰ ਸੇਵਾ ਸੁਸਾਇਟੀ ਨੇ 50 ਵਿਦਿਆਰਥੀਆਂ ਨੂੰ ਕੀਤੀ ਨਵੇਂ ਜੋੜਿਆਂ ਦੀ ਸੇਵਾ

**ਫਗਵਾੜਾ (ਡ. ਰਮਨ)-** ਪ੍ਰੇਮ ਨਗਰ ਸੇਵਾ ਸੁਸਾਇਟੀ ਵਲੋਂ ਰਾਸ਼ਟਰੀਆ ਬਾਲ ਵਿਦਿਆਲਿਆ ਦੇ ਵਿਦਿਆਰਥੀਆਂ ਨੂੰ ਨਵੇਂ ਜੋੜਿਆਂ ਦੀ ਸੇਵਾ ਕੀਤੀ ਗਈ। ਇਸ ਮੌਕੇ ਗੱਲਬਾਤ ਕਰਦਿਆਂ ਨਗਰ ਕੌਂਸਲ ਫਗਵਾੜਾ ਦੇ ਸਾਬਕਾ ਪ੍ਰਧਾਨ ਮਲਕੀਅਤ ਸਿੰਘ ਰਘਬੋਤਰਾ ਨੇ ਦੱਸਿਆ ਕਿ ਹਰ ਸਾਲ ਸੁਸਾਇਟੀ ਵਲੋਂ ਇਹ ਨੇਕ ਉਪਰਾਲਾ ਕੀਤਾ ਜਾਂਦਾ ਹੈ ਜਿਸ ਦਾ ਉਦੇਸ਼ ਵਿਦਿਆਰਥੀਆਂ ਦਾ ਪੜ੍ਹਾਈ ਦੇ ਪ੍ਰਤੀ ਉਤਸ਼ਾਹ ਵਧਾਉਣਾ ਹੈ। ਸੁਸਾਇਟੀ ਦੇ ਪ੍ਰਧਾਨ ਸੁਧੀਰ ਸ਼ਰਮਾ ਅਤੇ ਸਕੱਤਰ ਸੁਰਿੰਦਰ ਪਾਲ ਨੇ ਦੱਸਿਆ ਕਿ ਇਹ ਉਪਰਾਲਾ ਸਵ. ਅਜੀਤ ਸਿੰਘ ਢਿੱਲੋਂ ਦੀ ਪਤਨੀ ਕਾਂਤਾ ਢਿੱਲੋਂ ਤੇ ਪਰਵਾਰ ਦੇ ਸਹਿਯੋਗ ਸਦਕਾ ਕੀਤਾ ਗਿਆ ਹੈ ਜਿਸ ਦੇ ਤਹਿਤ 50



ਵਿਦਿਆਰਥੀਆਂ ਨੂੰ ਨਵੇਂ ਜੋੜੇ ਭੇਟ ਕੀਤੇ ਗਏ ਹਨ। ਸਕੂਲ ਦੀ ਮੁੱਖ ਅਧਿਆਪਕਾ ਦੇਵਾ ਨੇ ਉਪਰਾਲੇ ਦੀ ਸ਼ਲਾਘਾ ਕੀਤੀ ਅਤੇ ਬੱਚਿਆਂ ਨੂੰ ਉਤਸ਼ਾਹਤ ਕਰਦਿਆਂ ਕਿਹਾ ਕਿ ਦਿਲ ਲਗਾ ਕੇ ਪੜ੍ਹਾਈ ਕਰਨ ਨਾਲ ਅਜਿਹੇ ਤੋਹਫੇ ਮਿਲਦੇ ਹਨ। ਇਸ ਮੌਕੇ ਸੁਨੀਤਾ ਸ਼ਰਮਾ, ਮਾਨਸੀ ਸ਼ਰਮਾ, ਗੁਰਮੀਤ ਵਾਲੀਆ, ਰੁਚੀ ਪਰਾਸ਼ਰ, ਕਾਜਲ ਰਾਣਾ, ਵਾਣੀ ਸ਼ਰਮਾ, ਅਵਤਾਰ ਸਿੰਘ, ਸੁਭਾਸ਼ ਚਾਵਲਾ, ਬ੍ਰਿਜ ਭੂਸ਼ਣ, ਮੋਹਨ ਲਾਲ ਤਨੇਜਾ, ਸੁਧਾ ਬੇਦੀ, ਰਾਮ ਰਤਨ ਵਾਲੀਆ, ਬੋਬੀ ਪੁਰੀ, ਰਾਜੀਵ ਕੁਮਾਰ ਤੋਂ ਇਲਾਵਾ ਲੋਕ ਸੇਵਾ ਦਲ ਦੇ ਸਾਬਕਾ ਪ੍ਰਧਾਨ ਵਰਿੰਦਰ ਸ਼ਰਮਾ, ਸਕੂਲ ਸਟਾਫ ਤੇ ਵਿਦਿਆਰਥੀ ਹਾਜ਼ਰ ਸਨ।

## ਬੀਬੀ ਕੁਲਦੀਪ ਕੌਰ ਖੜਕੇ ਕੇ ਨੂੰ ਐੱਸ ਸੀ ਭਾਈਚਾਰੇ ਨੇ ਸਹਿਯੋਗ ਦਾ ਵਿਸ਼ਵਾਸ ਦੁਆਇਆ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰੀਸ਼ਦ ਜ਼ੋਨ ਮਹਿਲ ਕਲਾਂ ਤੋਂ ਉਮੀਦਵਾਰ ਬੀਬੀ ਕੁਲਦੀਪ ਕੌਰ ਖੜਕੇ ਕੇ ਪਤਨੀ ਸਰਪੰਚ ਸਰਬਜੀਤ ਸਿੰਘ ਸੰਭੂ ਮਹਿਲ ਕਲਾਂ ਸੋਢੇ ਚੋਣ ਪ੍ਰਚਾਰ ਦੌਰਾਨ ਪਿੰਡ ਕਲਾਲ ਮਾਜਰਾ ਵਿਖੇ ਐਸ ਸੀ ਧਰਮਸ਼ਾਲਾ ਵਿੱਚ ਪਹੁੰਚੇ।ਪ੍ਰਧਾਨ ਟਰੱਕ ਯੂਨੀਅਨ ਅਰਸ਼ਦੀਪ ਸਿੰਘ ਬਿੱਟੂ, ਸੰਮਤੀ ਮੈਂਬਰ ਰਛਪਾਲ ਸਿੰਘ ਬੱਟੀ ਨੇ ਸੂਬਾ ਸਰਕਾਰ ਦੀਆਂ ਪ੍ਰਾਪਤੀਆਂ ਬਾਰੇ ਆਪਣੀ ਆਪਣੀ ਇਕੱਲੀ-ਇਕੱਲੀ ਵੋਟ ਜ਼ਿਲ੍ਹਾ ਪ੍ਰੀਸ਼ਦ ਦੇ ਉਮੀਦਵਾਰ ਕੁਲਦੀਪ ਕੌਰ ਮਹਿਲ ਕਲਾਂ ਦੇ ਚੋਣ ਨਿਸ਼ਾਨ ਝਾੜੂ ਉਪਰ ਮੋਹਰਾਂ ਲਾ ਕੇ ਭੁਗਤਾਉਣ ਦੀ ਅਪੀਲ ਕੀਤੀ।ਪਿੰਡ ਵਾਸੀਆਂ, ਐਸ ਸੀ ਵਰਗ ਨੇ ਬੀਬੀ ਕੁਲਦੀਪ ਕੌਰ ਨੂੰ ਭਰਵਾਂ ਸਮਰਥਨ ਦੇਣ ਦਾ ਐਲਾਨ ਕਰਦਿਆ ਸਨਮਾਨਤ ਕੀਤਾ।ਇਸ ਮੌਕੇ ਸਰਪੰਚ ਸਰਬਜੀਤ ਸਿੰਘ ਸੰਭੂ, ਰਾਜਵਿੰਦਰ ਸਿੰਘ ਖ਼ਾਲਸਾ, ਦਰਸ਼ਨ ਸਿੰਘ ਮਾਲੀ ਕਾ, ਨੰਬਰਦਾਰ ਜਗਦੇਵ ਸਿੰਘ, ਸੁਚੇਤ ਸਿੰਘ ਮਠਾੜੂ, ਦਰਸ਼ਨ ਸਿੰਘ ਕਾਕਾ ਤੇ ਬਲਦੇਵ ਸਿੰਘ ਕਲਾਲਮਾਜਰਾ ਆਦਿ ਹਾਜ਼ਰ ਸਨ ।

## ਮਲਟੀਪਰਪਜ਼ ਕੇਡਰ ਦੇ ਅਹੁਦੇ ਦਾ ਨਾਂਅ ਤਬਦੀਲ ਕਰਨ ਲਈ ਵਿੱਤ ਮੰਤਰੀ ਨੂੰ ਮੰਗ ਪੱਤਰ



**ਧੂਰੀ (ਮਨੋਹਰ ਸਿੰਘ ਸੱਗੂ/ਮੋਹਿਤ ਗਰਗ)**-ਮਲਟੀਪਰਪਜ਼ ਹੈਲਥ ਇੰਪਲਾਈਜ ਯੂਨੀਅਨ ਪੰਜਾਬ ਵੱਲੋਂ ਸੂਬਾ ਪ੍ਰਧਾਨ ਕੁਲਬੀਰ ਸਿੰਘ ਮੋਗਾ ਦੀ ਅਗਵਾਈ ਹੇਠ ਨਾਂਅ ਬਦਲੀ ਦੇ ਮੁੱਦੇ 'ਤੇ ਸੂਬਾ ਕਮੇਟੀ ਦੇ ਆਗੂਆਂ ਵੱਲੋਂ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੇ ਓ.ਐਸ.ਡੀ ਸੁਖਵੀਰ ਸਿੰਘ ਨਾਲ ਮੀਟਿੰਗ ਕੀਤੀ ਗਈ ਤੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੂੰ ਕੇਡਰ ਦਾ ਨਾਂਅ ਬਦਲੀ ਕਰਨ ਲਈ ਮੰਗ ਪੱਤਰ ਦਿੱਤਾ ਗਿਆ। ਜਥੇਬੰਦੀ ਦੇ ਸੂਬਾ ਪ੍ਰੈੱਸ ਸਕੱਤਰ ਰਾਜੇਸ਼ ਰਿਖੀ, ਸੂਬਾ ਆਗੂ ਤੇ ਜ਼ਿਲ੍ਹਾ ਸੰਗਰੂਰ ਦੇ ਪ੍ਰਧਾਨ ਰਣਧੀਰ ਸਿੰਘ ਨੇ ਦੱਸਿਆ ਕਿ ਜਥੇਬੰਦੀ ਵੱਲੋਂ ਮਲਟੀਪਰਪਜ ਕੇਡਰ ਤੇ ਅਹੁਦੇ ਦਾ ਨਾਂਅ ਤਬਦੀਲ ਕਰਨ ਨੂੰ ਲੈ ਕੇ ਪਿਛਲੇ ਲੰਮੇ ਸਮੇਂ ਤੋਂ ਮੰਗ ਉਠਾਈ ਜਾ ਰਹੀ ਹੈ ਤੇ ਹੁਣ ਇਸ ਸਬੰਧ ਵਿੱਚ ਸੰਘਰਸ਼ ਤੇਜ਼ ਕਰ ਦਿੱਤਾ ਗਿਆ ਹੈ। ਆਗੂਆਂ ਨੇ ਕਿਹਾ ਕੇ ਕਿ ਮਲਟੀਪਰਪਜ ਕੇਡਰ ਦਾ ਨਾਂਅ ਤਬਦੀਲ ਕਰਨ ਲਈ ਜਥੇਬੰਦੀ ਦੀ ਵੱਲੋਂ ਇੱਕ ਫਾਈਲ ਸਿਹਤ ਵਿਭਾਗ ਪੰਜਾਬ ਦੇ ਰਾਹੀਂ ਸਰਕਾਰ ਪਾਸ ਭੇਜੀ ਗਈ ਹੈ ਤੇ ਜਥੇਬੰਦੀ ਸਿਹਤ ਮੰਤਰੀ ਪੰਜਾਬ ਨੂੰ ਵੀ ਮੰਗ ਪੱਤਰ ਦੇ ਚੁੱਕੀ ਹੈ, ਜਿਸ ਦੇ ਤਹਿਤ ਮਲਟੀਪਰਪਜ ਕੇਡਰ ਦੇ ਅਹੁਦੇ ਦਾ ਨਾਂਅ ਤਬਦੀਲ ਕਰਨਾ ਸਮੇਂ ਦੀ ਮੰਗ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕੇ ਇਸ ਮੌਕੇ ਵਿੱਤ ਮੰਤਰੀ ਪੰਜਾਬ ਹਰਪਾਲ ਸਿੰਘ ਤੇ ਓ.ਐਸ.ਡੀ ਸੁਖਵੀਰ ਸਿੰਘ ਵੱਲੋਂ ਵਿਸ਼ਵਾਸ਼ ਦਵਾਇਆ ਗਿਆ ਹੈ ਕਿ ਮਲਟੀਪਰਪਜ ਕੇਡਰ ਦਾ ਨਾਂਅ ਬਦਲਣ ਸਬੰਧੀ ਮਾਮਲਾ ਮੁੱਖ ਮੰਤਰੀ ਦੇ ਧਿਆਨ ਵਿੱਚ ਆ ਗਿਆ ਹੈ ਤੇ ਜਲਦੀ ਹੀ ਜਥੇਬੰਦੀ ਨਾਲ ਮੀਟਿੰਗ ਕੀਤੀ ਜਾਵੇਗੀ।

## ਪਿੰਡਾਂ 'ਚ 'ਆਪ' ਉਮੀਦਵਾਰਾਂ ਨੂੰ ਤੋਲਿਆ ਜਾ ਰਿਹਾ ਲੱਡੂਆਂ ਨਾਲ : ਵਿਧਾਇਕ ਦੇਵ ਮਾਨ



**ਨਾਭਾ (ਵਰਿੰਦਰ ਵਰਮਾ)**-ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀਆਂ ਨੀਤੀਆਂ ਤੋਂ ਪ੍ਰਭਾਵਤ ਹੋ ਕੇ ਪਿੰਡ ਵਾਸੀ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਦੇ ਹੱਕ ਵਿੱਚ ਡਟੇ ਹੋਏ ਹਨ।ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਹਲਕਾ ਵਿਧਾਨ ਸਭਾ ਨਾਭਾ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਵੱਲੋਂ ਬਲਾਕ ਸੰਮਤੀ ਤੇ ਜ਼ਿਲ੍ਹਾ ਪ੍ਰੀਸ਼ਦ ਦੀਆਂ ਚੋਣਾਂ ਨੂੰ ਲੈ ਕੇ ਉਮੀਦਵਾਰਾਂ ਦੇ ਹੱਕ ਵਿੱਚ ਚੋਣ ਪ੍ਰਚਾਰ ਕਰਨ ਉਪਰੰਤ ਕੀਤਾ।ਉਨ੍ਹਾਂ ਕਿਹਾ ਕਿ ਬੀਬੀ ਜਸਵਿੰਦਰ ਕੌਰ ਉਮੀਦਵਾਰ ਜ਼ਿਲ੍ਹਾ ਪ੍ਰੀਸ਼ਦ ਮੱਲੇਵਾਲ ਬੀਬੀ ਚੰਨਪ੍ਰੀਤ ਕੌਰ ਉਮੀਦਵਾਰ ਬਲਾਕ ਸੰਮਤੀ ਗੁਰਦਿੱਤਪੁਰਾ ਤੋਂ ਆਮ ਆਦਮੀ ਪਾਰਟੀ ਵੱਲੋਂ ਝਾੜੂ ਦੇ ਚੋਣ ਨਿਸ਼ਾਨ 'ਤੇ ਚੋਣ ਚੜ ਰਹੇ ਹਨ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਵੱਲੋਂ ਪਿੰਡਾਂ ਦੀ ਨੁਹਾਰ ਬਦਲਣ ਲਈ ਵੱਡੇ ਪੱਧਰ 'ਤੇ ਗ੍ਰਾਂਟਾਂ ਦਿੱਤੀਆਂ ਗਈਆਂ ਹਨ, ਜਿਸ ਤੋਂ ਖੁਸ਼ ਹੋ ਕੇ ਪਿੰਡ ਵਾਸੀ ਆਮ ਆਦਮੀ ਪਾਰਟੀ ਦੇ ਉਮੀਦਵਾਰਾ ਦੇ ਹੱਕ ਵਿੱਚ ਫਤਵਾ ਦੇ ਕੇ ਵੱਡੀ ਲੀਡ ਨਾਲ ਜਿਤਾਉਣਗੇ।ਦੇਵ ਮਾਨ ਨੇ ਕਿਹਾ ਕਿ ਪਿੰਡ ਸੁੱਖੇਵਾਲ, ਪਿੰਡ ਗੁਰਦਿੱਤਪੁਰਾ ਪਹੁੰਚ ਕੇ ਨੁੱਕੜ ਮੀਟਿੰਗ ਕੀਤੀ ਗਈ।ਦੇਵ ਮਾਨ ਨੇ ਕਿਹਾ ਕਿ ਕਾਂਗਰਸ, ਸ਼੍ਰੋਮਣੀ ਅਕਾਲੀ ਦਲ ਤੇ ਭਾਜਪਾ ਪਾਰਟੀ ਦਾ ਪੰਜਾਬ ਅੰਦਰ ਵਜੂਦ ਖਤਮ ਹੋ ਚੁੱਕਿਆ ਹੈ। ਪਿੰਡ ਵਾਸੀ ਇਨ੍ਹਾਂ ਪਾਰਟੀਆਂ ਨੂੰ ਮੂੰਹ ਤੱਕ ਨਹੀਂ ਲਾ ਰਹੇ ਹਨ।ਉਨ੍ਹਾਂ ਸਾਰੇ ਪਿੰਡ ਵਾਸੀਆਂ ਨੂੰ 14 ਦਸੰਬਰ ਨੂੰ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਨੂੰ ਵੋਟ ਪਾਉਣ ਦੀ ਅਪੀਲ ਕੀਤੀ।

## ਅਮਰਜੀਤ ਸਿੰਘ ਚੀਮਾ ਕਾਂਗਰਸ ਛੱਡ ਕੇ ਆਪ 'ਚ ਸ਼ਾਮਲ



**ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਆਮ ਆਦਮੀ ਪਾਰਟੀ ਨੂੰ ਉਸ ਸਮੇਂ ਵੱਡਾ ਹੁੰਗਾਰਾ ਮਿਲਿਆ, ਜਦੋਂ ਕੋਟਲਾ ਬਜਵਾੜਾ ਦੇ ਸਰਪੰਚ ਅਮਰਜੀਤ ਸਿੰਘ ਚੀਮਾ ਸਾਥੀਆਂ ਸਮੇਤ ਕਾਂਗਰਸ ਪਾਰਟੀ ਛੱਡ ਕੇ ਆਮ ਆਦਮੀ ਪਾਰਟੀ ਦੇ ਵਿੱਚ ਸ਼ਾਮਿਲ ਹੋ ਗਏ।ਉਨ੍ਹਾਂ ਨਾਲ ਸੁਰਿੰਦਰ ਸਿੰਘ ਲਾਡੀ ਪੰਚ, ਹਰਜੀਤ ਸਿੰਘ ਵਿਰਕ ਪੰਚ, ਕਰਮਜੀਤ ਸਿੰਘ ਚੀਮਾ, ਗੁਰਨਾਮ ਸਿੰਘ ਜੋ ਕਿ ਮੋਹਤਵਰ ਆਗੂ ਹਾਜ਼ਰ ਸਨ। ਆਗੂਆਂ ਦੀ ਸ਼ਮੂਲੀਅਤ ਵਿਧਾਇਕ ਲਖਬੀਰ ਸਿੰਘ ਰਾਏ ਵੱਲੋਂ ਕਰਵਾਈ ਗਈ ਤੇ ਉਨ੍ਹਾਂ ਨੂੰ ਸਿਰੋਪਾਓ ਨਾਲ ਸਨਮਾਨਤ ਕੀਤਾ ਗਿਆ।ਵਿਧਾਇਕ ਲਖਬੀਰ ਸਿੰਘ ਰਾਏ ਨੇ ਕਿਹਾ ਕਿ 'ਆਪ' ਵੱਲੋਂ ਪਾਰਟੀ ਦੇ ਵਿੱਚ ਸ਼ਾਮਲ ਹੋਣ ਵਾਲੇ ਹਰ ਵਰਕਰ ਦਾ ਪੂਰਾ ਮਾਣ-ਸਤਿਕਾਰ ਕੀਤਾ ਜਾਵੇਗਾ।ਪਾਰਟੀ ਵੱਲੋਂ ਵਰਕਰਾਂ ਦੀ ਜ਼ਿੰਮੇਵਾਰੀ ਨੂੰ ਦੇਖਦਿਆਂ ਉਨ੍ਹਾਂ ਨੂੰ ਅਹੁਦਿਆਂ ਦੇ ਨਾਲ ਵੀ ਨਿਵਾਜ਼ਿਆ ਜਾਂਦਾ ਰਿਹਾ ਹੈ।ਜਿਹੜੇ ਵੀ ਵਿਅਕਤੀ ਬਲਾਕ ਸੰਮਤੀ ਜਾਂ ਜ਼ਿਲ੍ਹਾ ਪ੍ਰੀਸ਼ਦ ਚੋਣਾਂ ਦੇ ਲਈ ਮੈਦਾਨ 'ਚ ਹਨ, ਇਹ ਪਾਰਟੀ ਦੇ ਮਿਹਨਤੀ ਵਰਕਰ ਹਨ।

## ਉਮੀਦਵਾਰਾਂ ਦਾ ਚੋਣ ਪ੍ਰਚਾਰ ਸਿਖਰਾਂ 'ਤੇ



**ਦਿੜ੍ਹਬਾ (ਜਸਵੀਰ ਲਾਡੀ)**-ਬਲਾਕ ਸੰਮਤੀ ਜ਼ੋਨ ਛਾਜਲੀ ਤੋਂ ਸਾਰੀਆਂ ਪਾਰਟੀ ਨੇ ਆਪੋ-ਆਪਣੇ ਉਮੀਦਵਾਰਾਂ ਦਾ ਚੋਣ ਪ੍ਰਚਾਰ ਸਿਖਰਾਂ 'ਤੇ ਕੀਤਾ ਹੋਇਆ ਹੈ ।ਇਸ ਲੜੀ ਤਹਿਤ ਹੀ ਸ਼੍ਰੋਮਣੀ ਅਕਾਲੀ ਦਲ (ਬਾਦਲ) ਦੇ ਉਮੀਦਵਾਰ ਨਿਰਮਲ ਸਿੰਘ (ਕਾਲਾ ਖੰਗੂੜਾ) ਨੇ ਪਿੰਡ ਛਾਜਲੀ ਵਿੱਚ ਆਪਣੇ ਸਮਰਥਕਾਂ ਨਾਲ ਵੱਡੇ ਕਾਫ਼ਲੇ ਨਾਲ ਘਰ-ਘਰ ਜਾ ਵੋਟਾਂ ਮੰਗੀਆਂ।ਉਹ ਸ਼੍ਰੋਮਣੀ ਅਕਾਲੀ ਦੀ ਸਰਕਾਰ ਵੇਲੇ ਕੀਤੇ ਕੰਮਾਂ ਦੇ ਅਧਾਰ 'ਤੇ ਵੋਟਰਾਂ ਕੋਲ ਵੋਟ ਮੰਗ ਕਰ ਰਿਹਾ ਹੈ।ਨਿਰਮਲ ਸਿੰਘ ਨੇ ਇਸ ਵਾਰ ਸਰਪੰਚੀ ਦੀ ਚੋਣ ਲੜੀ ਸੀ, ਪਰ ਉਹ ਚੋਣ ਹਾਰ ਗਿਆ ਸੀ।ਉਹ ਛਾਜਲੀ ਦੇ ਵੋਟਰਾਂ ਨੂੰ ਅਪੀਲ ਵੀ ਕਰ ਰਿਹਾ ਹੈ ਕਿ ਸਰਪੰਚੀ ਵਾਲਾ ਉਲਾਂਭਾਂ ਹੁਣ ਲਾਹ ਦਿਓ, ਜਿਸ ਦਾ ਉਸ ਨੂੰ ਭਰਵਾਂ ਹੁੰਗਾਰਾ ਮਿਲ ਰਿਹਾ ਹੈ।

## ਅਕਾਲੀ ਦਲ ਦੇ ਉਮੀਦਵਾਰ ਹਰਮੀਤ ਕੌਰ ਤੇ ਮਨਜੀਤ ਸਿੰਘ ਨੂੰ ਭਰਵਾਂ ਸਮਰਥਨ



**ਜਗਰਾਓਂ (ਅਮਿਤ ਖੰਨਾ)**-ਜ਼ਿਲ੍ਹਾ ਪ੍ਰੀਸ਼ਦ ਸਿੱਧਵਾਂ ਕਲਾਂ ਜ਼ੋਨ ਤੋਂ ਉਮੀਦਵਾਰ ਬੀਬੀ ਹਰਮੀਤ ਕੌਰ ਤੇ ਬਲਾਕ ਸੰਮਤੀ ਜ਼ੋਨ ਅਗਵਾੜ ਖਵਾਜਾ ਬਾਜੂ ਤੋਂ ਉਮੀਦਵਾਰ ਸਾਬਕਾ ਸਰਪੰਚ ਮਨਜੀਤ ਸਿੰਘ ਦੇ ਹੱਕ ਵਿੱਚ ਸੀਨੀਅਰ ਅਕਾਲੀ ਆਗੂ ਤੇ ਸਰਪੰਚ ਸ਼ਿਵਰਾਜ ਸਿੰਘ ਦੇ ਗ੍ਰਹਿ ਵਿਖੇ ਰੱਖੇ ਭਰਵੇਂ ਇਕੱਠ ਨੇ ਉਨ੍ਹਾਂ ਨੂੰ ਭਾਰੀ ਸਮਰਥਨ ਦਿੱਤਾ।ਇਸ ਮੌਕੇ ਇਲਾਕੇ ਦੇ ਲੋਕਾਂ ਵੱਲੋਂ ਮਿਲੇ ਭਰਵੇਂ ਸਹਿਯੋਗ 'ਤੇ ਸੰਤੁਸ਼ਟੀ ਜ਼ਾਹਰ ਕਰਦਿਆਂ ਹਲਕਾ ਇੰਚਾਰਜ ਐੱਸ ਆਰ ਕਲੇਰ ਨੇ ਦੱਸਿਆ ਕਿ ਪੰਜਾਬ ਅੰਦਰ ਅਕਾਲੀ ਲਹਿਰ ਜੋਬਨ 'ਤੇ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਨਵੀਂ ਸਵੇਰ ਦੇ ਨਵੇਂ ਅਧਿਆਏ ਲਿਖ ਰਾਹੇ ਹਨ। ਸ੍ਰੀ ਕਲੇਰ ਨੇ ਕਿਹਾ ਕਿ ਸੂਬੇ ਦੇ ਲੋਕਾਂ ਨੇ ਪੰਜਾਬ ਅੰਦਰ ਬਦਲਾਅ ਦਾ ਬਦਲ ਲੱਭ ਲਿਆ ਹੈ ਤੇ ਇਹ ਬਦਲਾਅ ਹੁਣ ਪੰਜਾਬ ਅੰਦਰ ਅਕਾਲੀ ਦਲ ਦੀ ਸਰਕਾਰ ਬਨਣ ਦੀ ਨੀਂਹ ਰੱਖੇਗਾ। ਇਸ ਮੌਕੇ ਸ਼ਿਵਰਾਜ ਸਿੰਘ ਨੇ ਕਿਹਾ ਕਿ ਪੰਜਾਬ ਦੇ ਲੋਕ ਹੁਣ ਆਮ ਆਦਮੀ ਦੀ ਸਰਕਾਰ ਨੂੰ ਚੱਲਦਾ ਕਰਨ ਲਈ ਕਾਹਲੇ ਹਨ। ਇਸ ਮੌਕੇ ਮਨਦੀਪ ਸਿੰਘ ਸਿੱਧਵਾਂ, ਹਰਵਿੰਦਰ ਸਿੰਘ ਸਿੱਧਵਾਂ, ਹਰਦੇਵ ਸਿੰਘ ਸਿੱਧਵਾਂ, ਹਰਮੀਤ ਕੌਰ ਤੇ ਸਰਪੰਚ ਮਨਜੀਤ ਸਿੰਘ ਨੇ ਆਖਿਆ ਕਿ ਉਹ ਜਿੱਤ ਉਪਰੰਤ ਹਲਕੇ ਦੇ ਵਿਕਾਸ ਨੂੰ ਤਰਜੀਹ ਦੇਣਗੇ। ਇਸ ਮੌਕੇ ਪੰਚ ਅਮਰਜੀਤ ਸਿੰਘ, ਬਲਵਿੰਦਰ ਸਿੰਘ, ਹਰਮੀਤ ਕੌਰ, ਮੰਗਤ ਰਾਮ, ਗੁਰਪ੍ਰੀਤ ਸਿੰਘ, ਬਲਜੀਤ ਸਿੰਘ, ਜਗਦੀਪ ਸਿੰਘ, ਭਗਤ ਰਾਮ, ਰਾਜੂ, ਕਾਕਾ, ਸੁਖਵਿੰਦਰ ਸਿੰਘ ਹਾਜ਼ਰ ਸਨ।

# ਅਕਾਲੀ ਉਮੀਦਵਾਰ ਦੇ ਘਰ 'ਤੇ ਅਣਪਛਾਤਿਆਂ ਵੱਲੋਂ ਹਮਲਾ

### ■ ਗਰੇਵਾਲ ਤੇ ਦਿਓਲ ਵੱਲੋਂ ਦੋਸ਼ੀਆਂ ਨੂੰ ਜਲਦ ਫੜਨ ਦੀ ਅਪੀਲ



**ਜਗਰਾਉਂ (ਸੰਜੀਵ ਅਰੋੜਾ)**

ਸੂਬੇ ਅੰਦਰ ਚੋਣਾਂ ਦਾ ਬੁਖਾਰ ਸਿਖਰਾਂ 'ਤੇ ਪੁੱਜ ਚੁੱਕਾ ਹੈ। ਪਿੰਡਾਂ ਅੰਦਰ ਧੜੇਬੰਦੀ ਪੂਰੀ ਤਰ੍ਹਾਂ ਉੱਭਰ ਕੇ ਸਾਹਮਣੇ ਆ ਰਹੀ ਹੈ ਤੇ ਸੂਬੇ ਅੰਦਰ ਕੁਝ ਥਾਵਾਂ 'ਤੇ ਅਣਸੁਖਾਵੀਆਂ ਘਟਨਾਵਾਂ ਵਾਪਰਨ ਦੀਆਂ ਖ਼ਬਰਾਂ ਵੀ ਸਾਹਮਣੇ ਆ ਰਹੀਆਂ ਹਨ। ਜੇਕਰ ਗੱਲ ਕਰੀਏ ਹਲਕਾ ਦਾਖਾ ਦੀ ਤਾਂ ਇੱਥੇ ਪੈਂਦੇ ਜ਼ਿਲ੍ਹਾ ਪ੍ਰੀਸ਼ਦ ਹਾਂਸ ਜ਼ੋਨ ਤੋਂ ਉਮੀਦਵਾਰ ਪਰਮਜੀਤ ਕੌਰ ਰੂਮੀ ਦੇ ਘਰ ਕੁੱਝ ਅਣਪਛਾਤੇ ਵਿਅਕਤੀਆਂ ਵੱਲੋਂ ਹਮਲਾ ਕੀਤਾ ਗਿਆ। ਪਰਿਵਾਰਕ ਮੈਂਬਰ ਸਵਰਨ ਸਿੰਘ ਛੱਜਾਵਾਲ ਅਨੁਸਾਰ ਇਹ ਘਟਨਾ ਅੱਜ ਤੜਕਸਾਰ ਡੇਢ ਵਜੇ ਦੇ ਕਰੀਬ ਵਾਪਰੀ, ਉਸ ਸਮੇਂ ਪਰਿਵਾਰ ਸੌਂ ਰਿਹਾ ਸੀ। ਪਰਿਵਾਰਕ ਮੈਂਬਰਾਂ ਅਨੁਸਾਰ ਕੁਝ ਅਣਪਛਾਤੇ ਵਿਅਕਤੀਆਂ ਵੱਲੋਂ ਉਨ੍ਹਾਂ ਦੇ ਘਰ ਦੇ ਦਰਵਾਜ਼ੇ 'ਤੇ ਤੇਜ਼ਧਾਰ ਹਥਿਆਰਾਂ, ਕਿਰਚਾਂ ਤੇ ਕਿਰਪਾਨਾਂ ਨਾਲ ਹਮਲਾ ਕਰ ਦਿੱਤਾ ਤੇ ਉਨ੍ਹਾਂ ਨੂੰ ਧਮਕੀਆਂ ਵੀ ਦਿੱਤੀਆਂ। ਉਨ੍ਹਾਂ ਕਿਹਾ ਕਿ ਉਸ ਵਕਤ ਪਰਿਵਾਰ ਨੇ ਹਮਲਾਵਰਾਂ ਨੂੰ ਜੁਆਬ ਦੇਣਾ ਸਹੀ ਨਹੀਂ ਸਮਝਿਆ ਤੇ ਅੱਜ ਸਵੇਰ ਵੇਲੇ ਉੱਠ ਕੇ ਦੇਖਿਆ ਤਾਂ ਉਨ੍ਹਾਂ ਦੇ ਘਰ ਦੇ ਗੇਟਾਂ 'ਤੇ ਬੁਰੀ ਤਰ੍ਹਾਂ ਕਿਰਚਾਂ ਤੇ ਕਿਰਪਾਨਾਂ ਮਾਰੀਆਂ ਗਈਆਂ ਸਨ। ਪਰਿਵਾਰ ਵੱਲੋਂ ਮਾਮਲਾ ਪੁਲਸ ਦੇ ਧਿਆਨ ਵਿੱਚ ਲਿਆਉਣ ਤੋਂ ਬਾਅਦ ਥਾਣਾ ਸਦਰ ਦੇ ਮੁਖੀ ਸੁਰਜੀਤ ਸਿੰਘ ਨੇ ਘਟਨਾ ਸਥਾਨ ਦਾ ਦੌਰਾ ਕੀਤਾ ਤੇ ਕਿਹਾ ਕਿ ਜਾਂਚ ਆਰੰਭ ਦਿੱਤੀ ਹੈ ਤੇ ਦੋਸ਼ੀਆਂ ਖਿਲਾਫ ਬਨਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਘਟਨਾ ਤੋਂ ਬਾਅਦ ਅਕਾਲੀ ਦਲ ਦੇ ਸੀਨੀਅਰ ਮੀਤ ਪ੍ਰਧਾਨ ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਮੈਂਬਰ ਗੁਰਚਰਨ ਸਿੰਘ ਗਰੇਵਾਲ ਤੇ ਹਲਕਾ ਦਾਖਾ ਦੇ ਇੰਚਾਰਜ ਜਸਕਰਨ ਸਿੰਘ ਦਿਓਲ ਪਰਿਵਾਰ ਨੂੰ ਮਿਲਣ ਪਿੰਡ ਰੂਮੀ ਪੁੱਜੇ, ਜਿੱਥੇ ਉਨ੍ਹਾਂ ਪੁਲਸ ਨੂੰ ਘਟਨਾ ਸਬੰਧੀ ਬਾਰੀਕੀ ਨਾਲ ਜਾਂਚ ਕਰਕੇ ਦੋਸ਼ੀਆਂ ਖਿਲਾਫ਼ ਸਖ਼ਤ ਕਾਰਵਾਈ ਕਰਨ ਦੀ ਮੰਗ ਕੀਤੀ। ਉਨ੍ਹਾਂ ਕਿਹਾ ਕਿ ਅਜਿਹੀਆਂ ਘਟਨਾਵਾਂ ਨਾਲ ਆਪ ਸਰਕਾਰ ਦਾ ਗਰਾਫ਼ ਪੂਰੀ ਤਰ੍ਹਾਂ ਡਿੱਗ ਚੁੱਕਾ ਹੈ। ਇਸ ਮੌਕੇ ਗੁਰਿੰਦਰਜੀਤ ਸਿੰਘ ਰੂਮੀ, ਸਰਪ੍ਰੀਤ ਸਿੰਘ ਕਾਉਂਕੇ, ਬਲਵਿੰਦਰਪਾਲ ਸਿੰਘ ਨੰਬਰਦਾਰ, ਨੰਬਰਦਾਰ ਸੋਨੂੰ, ਨੰਬਰਦਾਰ ਜੱਸਾ, ਕਰਮਜੀਤ ਸਿੰਘ ਕੰਮਾ ਤੇ ਅੰਮ੍ਰਿਤਪਾਲ ਸਿੰਘ ਨੀਟਾ ਤੋਂ ਇਲਾਵਾ ਅਕਾਲੀ ਆਗੂ ਹਾਜ਼ਰ ਸਨ।

## ਰਾਜਪਾਲ ਦੀ ਫਾਜ਼ਿਲਕਾ ਫੇਰੀ ਨੂੰ ਲੈ ਕੇ ਡੀ ਸੀ ਵੱਲੋਂ ਪ੍ਰਬੰਧਾਂ ਦਾ ਜਾਇਜ਼ਾ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਮਾਣਯੋਗ ਰਾਜਪਾਲ ਪੰਜਾਬ ਦੇ 18 ਦਸੰਬਰ ਨੂੰ ਫਾਜ਼ਿਲਕਾ ਵਿਖੇ ਹੋਣ ਵਾਲੇ ਦੌਰੇ ਨੂੰ ਲੈ ਕੇ ਡਿਪਟੀ ਕਮਿਸ਼ਨਰ ਅਮਰਪ੍ਰੀਤ ਕੌਰ ਸੰਧੂ ਵੱਲੋਂ ਸਮਾਗਮ ਵਾਲੇ ਸਥਾਨਾਂ 'ਤੇ ਕੀਤੇ ਜਾ ਰਹੇ ਪ੍ਰਬੰਧਾਂ ਦਾ ਜਾਇਜ਼ਾ ਲਿਆ ਗਿਆ।ਉਨ੍ਹਾਂ ਅਧਿਕਾਰੀਆਂ ਨੂੰ ਸਾਫ-ਸਫਾਈ, ਆਵਾਜਾਈ ਨਿਰਵਿਘਨ ਬਣਾਉਣ ਸਮੇਤ ਪੁਖਤਾ ਪ੍ਰਬੰਧ ਕਰਨ ਦੇ ਦਿਸ਼ਾ-ਨਿਰਦੇਸ਼ ਦਿੱਤੇ।ਇਸ ਮੌਕੇ ਉਨ੍ਹਾਂ ਨਾਲ ਵਧੀਕ ਡਿਪਟੀ ਕਮਿਸ਼ਨਰ (ਜ) ਡਾ. ਮਨਦੀਪ ਕੌਰ ਵਿਸ਼ੇਸ਼ ਤੌਰ 'ਤੇ ਮੌਜੂਦ ਸਨ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ 18 ਦਸੰਬਰ ਨੂੰ ਮਾਣਯੋਗ ਰਾਜਪਾਲ ਪੰਜਾਬ ਦੀ ਅਗਵਾਈ ਹੇਠ ਸੰਜੀਵ ਸਿਨੇਮਾ ਚੌਕ ਤੋਂ ਘੰਟਾ ਘਰ ਤੱਕ ਮਾਰਚ ਕੱਢਿਆ ਜਾਵੇਗਾ, ਜਿਸ ਤਹਿਤ ਲੋੜੀਂਦੇ ਪ੍ਰਬੰਧਾਂ ਨੂੰ ਨੇਪਰੇ ਚਾੜ੍ਹਨ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਅਗਾਊਂ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ।ਉਨ੍ਹਾਂ ਕਿਹਾ ਕਿ ਪ੍ਰਬੰਧਾਂ ਨੂੰ ਮੁਕੰਮਲ ਕਰਨ ਵਿੱਚ ਕਿਸੇ ਤਰ੍ਹਾਂ ਦੀ ਅਣਗਹਿਲੀ ਨਾ ਵਰਤੀ ਜਾਵੇ।ਇਸ ਮੌਕੇ ਨਗਰ ਕੌਂਸਲ ਤੋਂ ਨਰੇਸ਼ ਖੇੜਾ, ਰਾਕੇਸ਼ ਕੁਮਾਰ ਅਤੇ ਹੋਰ ਅਧਿਕਾਰੀ ਤੇ ਕਰਮਚਾਰੀ ਮੌਜੂਦ ਸਨ।

## ਵਾਰਡ ਨੂੰ ਸਾਫ ਸੁਥਰਾ ਰੱਖਣਾ ਮੇਰਾ ਮੁੱਖ ਮਕਸਦ : ਕੌਂਸਲਰ



**ਨਾਭਾ (ਵਰਿੰਦਰ ਵਰਮਾ)**-ਮੇਰੇ ਵਾਰਡ ਵਾਸੀ ਮੇਰਾ ਪਰਵਾਰ ਹਨ। ਵਾਰਡ ਵਾਸੀਆਂ ਦੀ ਹਰ ਸਮੱਸਿਆਵਾਂ ਦਾ ਹੱਲ ਕਰਨਾ ਮੇਰਾ ਇੱਕੋ ਮਕਸਦ ਹੈ।ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਹਲਕਾ ਵਿਧਾਨ ਸਭਾ ਨਾਭਾ 'ਤੇ ਵਾਰਡ ਨੰਬਰ 23 ਤੋਂ ਕੌਂਸਲਰ ਮੈਡਮ ਰੇਜ਼ੀ ਨਾਗਪਾਲ ਤੇ ਉਨ੍ਹਾਂ ਦੇ ਪਤੀ ਸਮਾਜ ਸੇਵੀ ਦੀਪਕ ਨਾਗਪਾਲ ਨੇ ਕੀਤਾ। ਉਨ੍ਹਾਂ ਕਿਹਾ ਕਿ ਵਾਰਡ ਵਾਸੀਆਂ ਦੀ ਸੇਵਾ ਲਈ 24 ਘੰਟੇ ਹਾਜ਼ਰ ਹਾਂ।ਜੇਕਰ ਕਿਸੇ ਨੂੰ ਕਿਸੇ ਪ੍ਰਕਾਰ ਦੀ ਕੋਈ ਸਮੱਸਿਆ ਆਉਂਦੀ ਹੈ ਤਾਂ ਉਸ ਦਾ ਹੱਲ ਪਹਿਲ ਦੇ ਆਧਾਰ 'ਤੇ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਵਾਰਡ ਨੂੰ ਸਾਫ ਸੁਥਰਾ ਰੱਖਣਾ ਵੀ ਮੇਰਾ ਮੁੱਖ ਮਕਸਦ ਹੈ।ਦੀਪਕ ਨਾਗਪਾਲ ਨੇ ਵਾਰਡ ਵਿੱਚ ਜਾ ਕੇ ਲਾਈਟਾਂ, ਸੜਕਾਂ, ਨਾਲੀਆਂ ਦੀ ਸਫਾਈ ਦਾ ਜਾਇਜ਼ਾ ਲਿਆ।ਉਨ੍ਹਾਂ ਕਿਹਾ ਕਿ ਅਜਿਹੇ ਕਾਰਜਾਂ ਦੇ ਪੁਖਤਾ ਪ੍ਰਬੰਧ ਵਾਰਡ ਵਿੱਚ ਕੀਤੇ ਗਏ ਹਨ।ਉਨ੍ਹਾਂ ਕਿਹਾ ਕਿ ਹਲਕਾ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਦੀ ਅਗਵਾਈ ਵਿੱਚ ਵਾਰਡ ਦੀ ਨੁਹਾਰ ਬਦਲੀ ਗਈ ਹੈ ਤੇ ਵਾਰਡ ਵਾਸੀਆਂ ਨੂੰ ਹਰ ਪ੍ਰਕਾਰ ਦੀ ਸਹੂਲਤ ਦਿੱਤੀ ਜਾ ਰਹੀ ਹੈ। ਇਸ ਮੌਕੇ ਵਾਰਡ ਨੰਬਰ 23 ਦੇ ਨਿਊ ਗਰੇਸ ਪੰਜਾਬ ਕਲੋਨੀ, ਮੋਤੀ ਬਾਗ ਅਲੌਹਰਾਂ ਗੇਟ ਬਾਜ਼ੀਗਰ ਬਿਰਾਦਰੀ ਵੱਲੋਂ ਆਉਣ ਵਾਲੀਆਂ ਨਗਰ ਕੌਂਸਲ ਚੋਣਾਂ 2026 ਵਿੱਚ ਕੌਂਸਲਰ ਰੇਜ਼ੀ ਨਾਗਪਾਲ ਤੇ ਦੀਪਕ ਨਾਗਪਾਲ ਖੁੱਲ੍ਹ ਕੇ ਸਮਰਥਨ ਦੇਣ ਦਾ ਭਰੋਸਾ ਜਿਤਾਇਆ ਗਿਆ।ਉਨ੍ਹਾਂ ਕਿਹਾ ਕਿ ਕੌਂਸਲਰ ਵੱਲੋਂ ਵਾਰਡ ਵਾਸੀਆਂ ਨੂੰ ਕਿਸੇ ਪ੍ਰਕਾਰ ਦੀ ਕੋਈ ਮੁਸ਼ਕਲ ਨਹੀਂ ਆਉਣ ਦਿੱਤੀ ਗਈ ਹੈ, ਜਿਸ ਤੋਂ ਵਾਰਡ ਵਾਸੀ ਖੁਸ਼ ਹਨ ਕਿ ਕੌਂਸਲਰ ਵੱਲੋਂ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਦੂਰ ਕੀਤਾ ਜਾਂਦਾ ਹੈ।ਦੀਪਕ ਨਾਗਪਾਲ ਵੱਲੋਂ ਮਹੱਲਾ ਨਿਵਾਸੀਆਂ ਨੂੰ ਪੂਰਨ ਤੌਰ 'ਤੇ ਵਿਸ਼ਵਾਸ ਦਿਵਾਇਆ ਗਿਆ ਕਿ ਤੁਹਾਡੀ ਸੇਵਾ ਦੇ ਕੰਮਾਂ ਵਿੱਚ ਕੋਈ ਵੀ ਕਮੀ ਨਹੀਂ ਛੱਡੀ ਜਾਵੇਗੀ।

## ਸ਼੍ਰੋਮਣੀ ਢਾਡੀ ਤਰਲੋਚਨ ਸਿੰਘ ਕੈਨੇਡਾ ਤੋਂ ਵਾਪਸ ਭੂਮੱਦੀ ਪਹੁੰਚੇ

**ਖੰਨਾ (ਸੁਖਵਿੰਦਰ ਸਿੰਘ ਭਾਦਲਾ)**



ਸ਼੍ਰੋਮਣੀ ਢਾਡੀ ਤਰਲੋਚਨ ਸਿੰਘ ਭੂਮੱਦੀ ਆਪਣੇ ਕੈਨੇਡਾ ਦੌਰੇ ਨੂੰ ਸੰਪੂਰਨ ਕਰਦੇ ਹੋਏ ਬੀਤੇ ਦਿਨ ਵਾਪਸ ਪੰਜਾਬ ਪਹੁੰਚੇ।ਉਹ ਵੈਨਕੂਵਰ ਤੇ ਸਰੀ ਇਲਾਕੇ ਵਿੱਚ ਕਈ ਧਾਰਮਿਕ ਪ੍ਰੋਗਰਾਮਾਂ ਵਿੱਚ ਹਾਜ਼ਰੀ ਭਰ ਕੇ ਵਾਪਸ ਪਿੰਡ ਪਹੁੰਚੇ ਹਨ। 'ਤੇ ਪਿੰਡ ਵਾਸੀਆਂ ਵੱਲੋਂ ਢਾਡੀ ਤਰਲੋਚਨ ਸਿੰਘ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ।ਇਸ ਮੌਕੇ ਢਾਡੀ ਤਰਲੋਚਨ ਸਿੰਘ ਭੂਮੱਦੀ ਨੇ ਗੱਲਬਾਤ ਕਰਦੇ ਹੋਏ ਕਿਹਾ ਕਿ ਕੈਨੇਡਾ ਦੀਆਂ ਸੰਗਤਾਂ ਵੱਲੋਂ ਉਨ੍ਹਾਂ ਨੂੰ ਬਹੁਤ ਪਿਆਰ ਤੇ ਆਦਰ ਮਿਲਿਆ।ਉਨ੍ਹਾਂ ਦੱਸਿਆ ਕਿ ਵਿਦੇਸ਼ਾਂ ਵਿੱਚ ਰਹਿੰਦੇ ਪੰਜਾਬੀ ਆਪਣੀ ਮਿੱਟੀ, ਮਾਂ-ਬੋਲੀ ਤੇ ਧਾਰਮਿਕ ਮਰਯਾਦਾ ਨਾਲ ਡੂੰਘਾ ਜੁੜਾਅ ਰੱਖਦੇ ਹਨ, ਜੋ ਉਨ੍ਹਾਂ ਨੂੰ ਬਹੁਤ ਪ੍ਰੇਰਿਤ ਕਰਦਾ ਹੈ।ਤਰਲੋਚਨ ਸਿੰਘ ਨੇ ਕਿਹਾ ਕਿ ਉਹ ਹਰ ਵਾਰ ਪੰਜਾਬ ਆ ਕੇ ਆਪਣੇ ਪਿੰਡ ਤੇ ਸੰਗਤ ਨਾਲ ਮਿਲ ਕੇ ਵਿਸ਼ੇਸ਼ ਖੁਸ਼ੀ ਮਹਿਸੂਸ ਕਰਦੇ ਹਨ।

# ਲੋਕਾਂ ਦੀ ਵੱਡੀ ਸਮੱਸਿਆ ਲਈ ਭਾਰਤੀ ਅੰਬੇਡਕਰ ਮਿਸ਼ਨ ਨੇ ਚੁੱਕੀ ਆਵਾਜ਼

### ■ ਪੱਟੀ ਸੜਕ ਬਣਾਉਣ ਲਈ ਡੀ ਸੀ ਨੂੰ ਦਿੱਤਾ ਮੰਗ ਪੱਤਰ



**ਸੰਗਰੂਰ (ਪ੍ਰਵੀਨ ਸਿੰਘ)**

ਸ਼ਹਿਰ ਦੀ ਡੀ ਸੀ ਕੋਠੀ ਤੋਂ ਲੈ ਕੇ ਬਰਨਾਲਾ ਕੈਂਚੀਆਂ ਤੱਕ ਪੱਟੀ ਸੜਕ ਨੂੰ ਬਣਾਉਣ ਦੀ ਮੰਗ ਨੂੰ ਲੈਕੇ ਭਾਰਤੀ ਅੰਬੇਡਕਰ ਮਿਸ਼ਨ, ਭਾਰਤ ਦੇ ਕੌਮੀ ਪ੍ਰਧਾਨ ਸ਼੍ਰੀ ਦਰਸ਼ਨ ਸਿੰਘ ਕਾਂਗੜਾ ਵੱਲੋਂ ਵੱਡੀ ਗਿਣਤੀ ਸਾਥੀਆਂ ਨੂੰ ਨਾਲ ਲੈ ਕੇ ਡਿਪਟੀ ਕਮਿਸ਼ਨਰ ਸੰਗਰੂਰ ਨਾਲ ਮੁਲਾਕਾਤ ਕਰਕੇ ਮੰਗ ਪੱਤਰ ਦਿੱਤਾ। ਸ਼੍ਰੀ ਦਰਸ਼ਨ ਕਾਂਗੜਾ ਨੇ ਡਿਪਟੀ ਕਮਿਸ਼ਨਰ ਸ਼੍ਰੀ ਰਾਹੁਲ ਚਾਬਾ ਨੂੰ ਦੱਸਿਆ ਕਿ ਤਕਰੀਬਨ ਇੱਕ ਸਾਲ ਪਹਿਲਾਂ ਸੀਵਰੇਜ ਦੇ ਗੰਦੇ ਪਾਣੀ ਦੀ ਨਿਕਾਸੀ ਲਈ ਵੱਡੇ ਪਾਈਪ ਪਾਉਣ ਲਈ ਡੀ ਸੀ ਕੋਠੀ ਤੋਂ ਲੈਕੇ ਬਰਨਾਲਾ ਕੈਂਚੀਆਂ ਤੱਕ ਇੱਕ ਪਾਸੇ ਸੜਕ ਪੱਟੀ ਗਈ ਸੀ, ਜਿਸ ਦਾ ਕੰਮ ਬਹੁਤ ਹੀ ਹੌਲੀ ਰਫ਼ਤਾਰ ਨਾਲ ਕੀਤਾ ਗਿਆ। ਹੁਣ ਕੰਮ ਮੁਕੰਮਲ ਹੋਏ ਨੂੰ ਵੀ ਕਈ ਮਹੀਨੇ ਬੀਤ ਚੁੱਕੇ ਹਨ, ਪ੍ਰੰਤੂ ਪੱਟੀ ਹੋਈ ਸੜਕ ਨੂੰ ਅਜੇ ਤੱਕ ਦੁਬਾਰਾ ਨਹੀਂ ਬਣਾਇਆ ਗਿਆ ਹੈ, ਜਿਸ ਕਾਰਨ ਜਿੱਥੇ ਲੋਕਾਂ ਨੂੰ ਅਨੇਕਾਂ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਉਥੇ ਹੀ ਦੂਜੇ ਪਾਸੇ ਇਸ ਏਰੀਏ ਦੇ ਦੁਕਾਨਦਾਰਾਂ ਦਾ ਕੰਮ ਵੀ ਬਿਲਕੁੱਲ ਠੱਪ ਹੋ ਗਿਆ ਹੈ।ਦਰਸ਼ਨ ਕਾਂਗੜਾ ਨੇ ਡਿਪਟੀ ਕਮਿਸ਼ਨਰ ਨੂੰ ਕਿਹਾ ਕਿ ਇਸ ਦਾ ਰਾਸਤਾ ਇੱਕ ਪਾਸੇ ਬਿਲਕੁਲ ਹੀ ਬੰਦ ਪਿਆ ਹੈ, ਜਿਸ ਕਾਰਨ ਇਸ ਸੜ੍ਹਾ 'ਤੇ ਹਰ ਸਮੇਂ ਟ੍ਰੈਫਿਕ ਜਾਮ ਰਹਿੰਦੀ ਹੈ ਤੇ ਅਨੇਕਾਂ ਹਾਦਸੇ ਹੋ ਰਹੇ ਹਨ।ਜੇਕਰ ਇਸ ਨੂੰ ਜਲਦ ਨਾ ਬਣਾਇਆ ਤਾਂ ਕਿਸੇ ਦਾ ਜਾਨੀ ਨੁਕਸਾਨ ਵੀ ਹੋ ਸਕਦਾ ਹੈ।ਡਿਪਟੀ ਕਮਿਸ਼ਨਰ ਨੇ ਸ਼੍ਰੀ ਦਰਸ਼ਨ ਕਾਂਗੜਾ ਸਣੇ ਵਫ਼ਦ ਨੂੰ ਭਰੋਸਾ ਦਿੱਤਾ ਕਿ ਉਹ ਇਸ ਸਮੱਸਿਆ ਦਾ ਜਲਦ ਹੀ ਹੱਲ ਕਰਾਉਣਗੇ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਜੇਕਰ ਇਸ ਟੁੱਟੀ ਸੜਕ ਕਾਰਨ ਕਿਸੇ ਦਾ ਵੀ ਜਾਨੀ ਜਾ ਮਾਲੀ ਨੁਕਸਾਨ ਹੁੰਦਾ ਹੈ ਤਾਂ ਉਸ ਦਾ ਸਿੱਧੇ ਤੌਰ 'ਤੇ ਜ਼ਿਲ੍ਹਾ ਪ੍ਰਸ਼ਾਸਨ ਜ਼ਿੰਮੇਵਾਰ ਹੋਵੇਗਾ। ਉਨ੍ਹਾਂ ਚਿਤਾਵਨੀ ਭਰੇ ਲਹਿਜ਼ੇ 'ਚ ਕਿਹਾ ਕਿ ਜੇਕਰ 5 ਜਨਵਰੀ ਤੱਕ ਪੱਟੀ ਸੜਕ ਦਾ ਕੰਮ ਸ਼ੁਰੂ ਨਾ ਕਰਾਇਆ ਤਾਂ ਉਹ ਸ਼ਹਿਰ ਨਿਵਾਸੀਆਂ ਨੂੰ ਨਾਲ ਲੈਕੇ ਚੱਕਾ ਜਾਮ ਕਰਨਗੇ।

## ਬਾਬਾ ਮੋਨੀ ਜੀ ਕਾਲਜ ਆਫ਼ ਨਰਸਿੰਗ ਵੱਲੋਂ ਓਥ ਸੈਰੇਮਨੀ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਬਾਬਾ ਮੋਨੀ ਜੀ ਕਾਲਜ ਆਫ਼ ਨਰਸਿੰਗ ਵਿੱਚ ਬੀ ਐੱਸ ਸੀ ਨਰਸਿੰਗ ਪਹਿਲਾ ਸਮੈਸਟਰ ਤੇ ਜੀ ਐੱਨ ਐੱਮ ਪਹਿਲਾ ਸਾਲ ਦੇ ਵਿਦਿਆਰਥੀਆਂ ਲਈ ਓਥ ਸੈਰੇਮਨੀ ਦਾ ਆਯੋਜਨ ਕੀਤਾ ਗਿਆ। ਸਮਾਗਮ ਦੀ ਸ਼ੁਰੂਆਤ ਜੋਤੀ ਜਗਾਉਣ ਨਾਲ ਹੋਈ। ਵਿਦਿਆਰਥੀਆਂ ਨੇ ਨਰਸਿੰਗ ਪੇਸ਼ੇ ਦੀ ਸ਼ਾਨ ਤੇ ਮਨੁੱਖੀ ਸੇਵਾ ਦੇ ਮੁੱਖ ਅਸੂਲਾਂ ਨੂੰ ਨਿਭਾਉਣ ਦੀ ਉਸ ਲਈ ਕਾਲਜ ਪ੍ਰਬੰਧਨ ਤੇ ਅਧਿਆਪਕਾਂ ਨੇ ਵਿਦਿਆਰਥੀਆਂ ਨੂੰ ਸਮਰਪਣ, ਅਨੁਸ਼ਾਸਨ ਤੇ ਦਇਆ ਨਾਲ ਕਾਰਜ ਕਰਨ ਲਈ ਪ੍ਰੇਰਿਤ ਕੀਤਾ। ਮੁੱਖ ਮਹਿਮਾਨਾਂ ਨੇ ਸੰਬੋਧਨ ਵਿੱਚ ਕਿਹਾ ਕਿ ਨਰਸਿੰਗ ਸਿਰਫ਼ ਇੱਕ ਪੇਸ਼ਾ ਨਹੀਂ, ਬਲਕਿ ਮਨੁੱਖਤਾ ਦੀ ਸੇਵਾ ਦਾ ਮਹਾਨ ਰਾਹ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਇਮਾਨਦਾਰੀ, ਸਬਰ ਤੇ ਸੇਵਾ ਭਾਵਨਾ ਨਾਲ ਆਪਣੇ ਫਰਜ਼ ਨਿਭਾਉਣ ਦੀ ਅਪੀਲ ਕੀਤੀ। ਸਮਾਗਮ ਦੇ ਅੰਤ 'ਤੇ ਕਾਲਜ ਪ੍ਰਿੰਸੀਪਲ ਵੱਲੋਂ ਸਾਰੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਭਵਿੱਖ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ ਗਈਆਂ। ਓਥ ਸੈਰੇਮਨੀ ਵਿੱਚ ਵਿਦਿਆਰਥੀਆਂ ਲਈ ਨਰਸਿੰਗ ਦੀ ਮਹਾਨ ਜ਼ਿੰਮੇਵਾਰੀ ਨੂੰ ਸਮਝਣ ਦਾ ਮਹੱਤਵਪੂਰਨ ਮੋੜ ਸਾਬਿਤ ਹੋਈ।

## ਪੰਜਾਬ ਦੇ ਲੋਕ ਅਖੌਤੀ ਕ੍ਰਾਂਤੀਕਾਰੀਆਂ ਨੂੰ ਮੂੰਹ ਨਹੀਂ ਲਾਉਣਗੇ : ਕਲੇਰ, ਗਰੇਵਾਲ, ਸੰਦੀਪ ਮੱਲ੍ਹਾ



**ਜਗਰਾਓਂ (ਅਮਿਤ ਖੰਨਾ, ਸੰਜੀਵ ਅਰੋੜਾ, ਨਛੱਤਰ ਸੰਧੂ)**-ਸ਼੍ਰੋਮਣੀ ਅਕਾਲੀ ਦਲ ਦੇ ਜਿਲ੍ਹਾ ਪ੍ਰੀਸ਼ਦ ਉਮੀਦਵਾਰ ਭਜਨ ਸਿੰਘ ਦੇਹੜਕਾ ਦੇ ਹੱਕ ਚ ਟਕਸਾਲੀ ਪਿੰਡ ਮੱਲ੍ਹਾ ਵਿਖੇ ਯੂਥ ਆਗੂ ਸੰਦੀਪ ਮੱਲ੍ਹਾ ਦੀ ਅਗਵਾਈ ਹੇਠ ਰੱਖੇ ਚੋਣ ਇਕੱਠ ਨੇ ਰੈਲੀ ਦਾ ਰੂਪ ਧਾਰਨ ਕਰ ਲਿਆ। ਇਹ ਇਕੱਠ ਅਕਾਲੀ ਦਲ ਦੀ ਮਜ਼ਬੂਤ ਤੇ ਵੱਡੀ ਲੀਡ ਦਾ ਸੰਕੇਤ ਜ਼ਾਹਰ ਕਰ ਗਿਆ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਕੋਰ ਕਮੇਟੀ ਮੈਂਬਰ ਐਸ.ਆਰ.ਕਲੇਰ ਤੇ ਸ਼੍ਰੋਮਣੀ ਕਮੇਟੀ ਮੈਂਬਰ ਗੁਰਚਰਨ ਸਿੰਘ ਗਰੇਵਾਲ ਉਚੇਚੇ ਤੌਰ 'ਤੇ ਹਾਜ਼ਰ ਹੋਏ। ਐਸ.ਆਰ.ਕਲੇਰ ਨੇ ਆਖਿਆ ਕਿ ਪੰਜਾਬ ਦੇ ਲੋਕ ਸੱਤਾਧਾਰੀ ਧਿਰ ਤੋਂ ਨਿਰਾਸ਼ ਹੋ ਚੁੱਕੇ ਹਨ। ਉਨ੍ਹਾਂ ਕਿਹਾ ਕਿ ਸੱਤਾਧਾਰੀ ਧਿਰ ਨੇ ਕਿਸਾਨਾਂ ਤੇ ਮਜਦੂਰਾਂ ਨਾਲ ਧ੍ਰੋਹ ਕਮਾਇਆ ਹੈ। ਕਲੇਰ ਨੇ ਕਿਹਾ ਕਿ ਬਦਲਾਅ ਦੇ ਅਖੌਤੀ ਕ੍ਰਾਂਤੀਕਾਰੀਆਂ ਦੇ ਕਾਰਜਕਾਲ ਦੌਰਾਨ ਇਹ ਪਹਿਲੀ ਵਾਰ ਹੋਇਆ ਕਿ ਸਰਕਾਰ ਕਿਸਾਨਾਂ ਦੀਆਂ ਟਰੈਕਟਰ-ਟਰਾਲੀਆਂ ਦੇ ਨਾਲ-ਨਾਲ ਲੂਣ ਤੇਲ ਤੱਕ ਚੋਰੀ ਕਰ ਚੁੱਕੀ ਹੈ। ਉਨ੍ਹਾਂ ਕਿਹਾ ਕਿ ਇਮਾਨਦਾਰ ਮੁੱਖ ਮੰਤਰੀ ਦੀ ਇਮਾਨਦਾਰੀ ਥੈਲੇ ਤੋਂ ਬਾਹਰ ਆ ਚੁੱਕੀ ਹੈ ਤੇ ਪੰਜਾਬ ਦੇ ਭੋਲੇ-ਭਾਲੇ ਲੋਕ ਹੁਣ ਦਿੱਲੀ ਦੀ ਦਲਾਲੀ ਦੇ ਅਖੌਤੀ ਕ੍ਰਾਂਤੀਕਾਰੀਆਂ ਨੂੰ ਮੂੰਹ ਨਹੀਂ ਲਾਉਣਗੇ। ਸਗੋਂ ਮੂੰਹ ਤੋੜਵਾਂ ਜੁਆਬ ਦਿੱਤਾ ਜਾਵੇਗਾ। ਸ਼੍ਰੋਮਣੀ ਕਮੇਟੀ ਮੈਂਬਰ ਗੁਰਚਰਨ ਸਿੰਘ ਗਰੇਵਾਲ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੇ ਰੂਪ 'ਚ ਪੰਜਾਬੀਆਂ ਨੂੰ ਭਗਵੰਤ ਮਾਨ ਨਵੀ ਸਦੀ ਦਾ ਅਬਦਾਲੀ ਮਿਲੀਆਂ ਹੈ ਤੇ ਇਸ ਅਬਦਾਲੀ ਨੇ ਪੰਜਾਬ ਨੂੰ ਅਰਬਾਂ ਰੁਪਏ ਦਾ ਕਰਜ਼ਾ ਦੇ ਕੇ ਮੁੜ ਕੰਗਾਲੀ ਦੇ ਰਾਹ ਖੜਾ ਕਰ ਦਿੱਤਾ ਹੈ। ਗਰੇਵਾਲ ਨੇ ਕਿਹਾ ਕਿ ਪੰਜਾਬ ਦੇ ਅਣਖੀ ਲੋਕ ਆਪ ਦੇ ਲੁਟੇਰਾ ਰਾਜ ਦਾ ਭਾਂਡਾ ਭੰਨਣ ਲਈ ਤਿਆਰ ਬਰ ਤਿਆਰ ਹਨ ਤੇ ਜ਼ਿਲ੍ਹਾ ਪ੍ਰੀਸ਼ਦ ਚੋਣਾਂ ਇਸ ਭਾਂਡੇ ਦਾ ਮੁੱਢ ਬੰਨ੍ਹਣੀਆਂ। ਜ਼ਿਲ੍ਹਾ ਪ੍ਰੀਸ਼ਦ ਦੇ ਉਮੀਦਵਾਰ ਭਜਨ ਸਿੰਘ ਦੇਹੜਕਾ ਨੇ ਭਰੋਸਾ ਦਿਵਾਇਆ ਕਿ ਉਹ ਜਿੱਤ ਉਪਰੰਤ ਇਲਾਕੇ ਦੇ ਲੋਕਾਂ ਦੀਆਂ ਆਸਾਂ 'ਤੇ ਖਰਾ ਉਤਰਨ ਦੀ ਕੋਸ਼ਿਸ਼ ਕਰਨਗੇ।

# ਬੀਬੀ ਜਸ਼ਨਪ੍ਰੀਤ ਕੌਰ ਤੇ ਹਰਮਨਪ੍ਰੀਤ ਸਿੰਘ ਹਮੀਦੀ ਨੂੰ ਲੱਡੂਆਂ ਨਾਲ ਤੋਲਿਆ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**



ਸ਼੍ਰੋਮਣੀ ਅਕਾਲੀ ਦਲ ਬਾਦਲ ਵੱਲੋਂ ਜ਼ਿਲ੍ਹਾ ਪ੍ਰੀਸ਼ਦ ਜ਼ੋਨ ਠੁੱਲੀਵਾਲ ਤੋਂ ਬੀਬੀ ਜਸ਼ਨਪ੍ਰੀਤ ਕੌਰ ਐਮ.ਏ, ਬੀ.ਐਡ ਤੇ ਬਲਾਕ ਸੰਮਤੀ ਜ਼ੋਨ ਵਜੀਦਕੇ ਕਲਾਂ ਤੋਂ ਹਰਮਨਪ੍ਰੀਤ ਸਿੰਘ ਹਮੀਦੀ ਡਬਲ ਐਮ.ਏ ਨੂੰ ਸ਼ਹੀਦ ਬਾਬਾ ਜੀਵਨ ਸਿੰਘ ਧਰਮਸ਼ਾਲਾ ਹਮੀਦੀ ਵਿਖੇ ਸਮੂਹ ਸੰਗਤਾਂ ਵਲੋਂ ਲੱਡੂਆਂ ਨਾਲ ਤੋਲ ਕੇ ਭਰਵੇਂ ਸਹਿਯੋਗ ਦਾ ਵਿਸ਼ਵਾਸ ਦੁਆਇਆ ਗਿਆ।ਉਮੀਦਵਾਰ ਬੀਬੀ ਜਸ਼ਨਪ੍ਰੀਤ ਕੌਰ ਐਮ.ਏ, ਬੀ.ਐਡ, ਹਰਮਨਪ੍ਰੀਤ ਸਿੰਘ ਡਬਲ ਐਮ.ਏ ਸਮੂਹ ਸੰਗਤਾਂ ਤੋਂ ਸਹਿਯੋਗ ਦੀ ਮੰਗ ਕਰਦਿਆਂ ਕਿਹਾ ਕਿ ਸ਼੍ਰੋਮਣੀ ਦਲ ਦੀ ਸਰਕਾਰ ਦੇ ਕਾਰਜਕਾਲ ਦੌਰਾਨ ਮੁੱਖ ਮੰਤਰੀ ਸਵ: ਪ੍ਰਕਾਸ਼ ਸਿੰਘ ਬਾਦਲ ਨੇ ਲੋਕਾਂ ਨੂੰ ਮੋਟਰਾਂ ਦੇ ਕੁਨੈਕਸ਼ਨ, ਆਟਾ ਦਾਲ ਸਕੀਮ, ਸ਼ਗਨ ਸਕੀਮ, ਪੈਨਸ਼ਨਾਂ, ਮੁਫ਼ਤ ਬਿਜਲੀ ਆਦਿ ਸਹੂਲਤਾਂ ਦਿੱਤੀਆਂ, ਪਰ ਆਮ ਆਦਮੀ ਦੀ ਸਰਕਾਰ ਨੇ ਸਿਰਫ ਫੋਕੇ ਲਾਰਿਆਂ ਤੋਂ ਸਿਵਾਏ ਲੋਕਾਂ ਨੂੰ ਹੋਰ ਕੁਝ ਨਹੀਂ ਦਿਤਾ। ਪਿੰਡਾਂ ਅੰਦਰ ਨਸ਼ਿਆਂ ਦੀ ਭਰਮਾਰ, ਸਰਕਾਰੀ ਦਫ਼ਤਰਾਂ 'ਚ ਭ੍ਰਿਸ਼ਟਾਚਾਰ ਸਭ ਹੱਦਾਂ ਬੰਨ੍ਹੇ ਟੱਪ ਗਏ ਹਨ। ਉਨ੍ਹਾਂ ਸ਼੍ਰੋਮਣੀ ਅਕਾਲੀ ਦਲ ਦੇ ਹੱਥ ਮਜ਼ਬੂਤ ਬਨਾਉਣ ਲਈ ਤਕੜੀ ਦੇ ਨਿਸ਼ਾਨ ਉਪਰ ਮੋਹਰਾਂ ਲਾਉਣਾ ਸਮੇਂ ਦੀ ਮੁੱਖ ਲੋੜ ਹੈ।ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਜਥੇਦਾਰ ਨਾਥ ਸਿੰਘ ਹਮੀਦੀ ਨੇ ਸਹਿਯੋਗ ਦੀ ਅਪੀਲ ਕਰਦਿਆ ਕਿਹਾ ਕਿ ਸੱਤਾਧਾਰੀ ਧਿਰ ਦੀ ਵੋਟਾਂ ਦੌਰਾਨ ਕਿਸੇ ਵੀ ਧੱਕੇਸ਼ਾਹੀ ਨੂੰ ਬਰਦਾਸ਼ਿਤ ਨਹੀਂ ਕੀਤਾ ਜਾਵੇਗਾ।ਜਥੇਦਾਰ ਹਮੀਦੀ ਨੇ ਸ਼ਪੱਸ਼ਟ ਕਿਹਾ ਕਿ ਭਵਿੱਖ 'ਚ 2027 ਵਿਧਾਨ ਸਭਾ ਚੋਣਾਂ ਦੌਰਾਨ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਗਤੀਸ਼ੀਲ ਅਗਵਾਈ ਹੇਠ ਸ਼ਾਨਦਾਰ ਫ਼ਤਹਿ ਹਾਸਲ ਕਰਕੇ ਸੂਬੇ ਅੰਦਰ ਸਰਕਾਰ ਕਾਇਮ ਕੀਤੀ ਜਾਵੇਗੀ।ਵੱਖ-ਵੱਖ ਸੰਸਥਾਵਾਂ ਵੱਲੋਂ ਦੋਵੇ ਭੈਣ ਭਰਾ ਗੁਰਸਿੱਖ ਉਮੀਦਵਾਰ ਵਿਸ਼ੇਸ਼ ਤੌਰ 'ਤੇ ਸਨਮਾਨਤ ਕਰਦਿਆ ਇਕੱਲੀ ਇਕੱਲੀ ਵੋਟ ਤੱਕੜੀ ਚੋਣ ਨਿਸ਼ਾਨ ਦੇ ਹੱਕ ਭੁਗਤਾਉਣ ਦਾ ਭਰੋਸਾ ਦੁਆਇਆ।

## ਪਬਲਿਕ ਕਾਲਜ ਵਿਖੇ ਵਿਸ਼ਵ ਮਨੁੱਖੀ ਅਧਿਕਾਰ ਦਿਵਸ ਮਨਾਇਆ

**ਸਮਾਣਾ (ਇਕਬਾਲ ਸਿੰਘ ਬੱਲ)**

ਪਬਲਿਕ ਕਾਲਜ ਸਮਾਣਾ ਅਧੀਨ ਚਲਾਏ ਜਾ ਰਹੇ ਪਬਲਿਕ ਕਾਲਜੀਏਟ ਸੀਨੀਅਰ ਸੈਕੰਡਰ ਸਕੂਲ ਸਮਾਣਾ ਦੇ ਐੱਨ.ਐੱਸ.ਐੱਸ. ਵਿਭਾਗ, ਪਬਲਿਕ ਕਾਲਜ ਸਮਾਣਾ ਦੇ ਰਾਜਨੀਤੀ ਸ਼ਾਸਤਰ ਵਿਭਾਗ ਤੇ ਇਕਵਲ ਓਪਰਚੂਨਿਟੀ ਸੈੱਲ ਵੱਲੋਂ ਵਿਸ਼ਵ ਮਨੁੱਖੀ ਅਧਿਕਾਰ ਦਿਵਸ ਮੌਕੇ ਸੈਮੀਨਾਰ ਕਰਵਾਇਆ ਗਿਆ, ਜਿਸ ਵਿੱਚ ਵਿਦਿਆਰਥੀਆਂ ਨੇ ਮਨੁੱਖੀ ਅਧਿਕਾਰਾਂ ਦੀ ਸਰਬਵਿਆਪੀ ਘੋਸ਼ਣਾ ਵਿਸ਼ੇ 'ਤੇ ਪੇਪਰ ਪੜ੍ਹੇ। ਇਸ ਮੌਕੇ ਪ੍ਰਿੰਸੀਪਲ ਡਾ. ਹਰਕੀਰਤ ਸਿੰਘ ਨੇ ਵਿਦਿਆਰਥੀਆਂ ਨੂੰ ਮਨੁੱਖੀ ਅਧਿਕਾਰ, ਇਸ ਦਾ ਇਤਿਹਾਸ ਤੇ ਮੌਜੂਦਾ ਸਥਿਤੀ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਉਨ੍ਹਾਂ ਅਧਿਕਾਰਾਂ ਦੀ ਸਾਰਥਕਤਾ ਲਈ ਜ਼ਿੰਮੇਵਾਰ ਨਾਗਰਿਕ ਬਣਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਕਾਲਜ ਇਕਵਲ ਓਪਰਚੂਨਿਟੀ ਸੈੱਲ ਦੇ ਇੰਚਾਰਜ ਡਾ. ਇਕਬਾਲ ਸਿੰਘ ਨੇ ਵੀ ਵਿਦਿਆਰਥੀਆਂ ਨੂੰ ਉਪਰਕੋਤ ਵਿਸ਼ੇ 'ਤੇ ਸੰਬੋਧਨ ਕੀਤਾ।

## ਸਾਬਕਾ ਸੈਨਿਕ ਵਿੰਗ ਦੇ ਪ੍ਰਧਾਨ ਕੁਲਵੰਤ ਸਿੰਘ ਦੀ ਮਾਤਾ ਦਾ ਦੇਹਾਂਤ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਸਾਬਕਾ ਸੈਨਿਕ ਵਿੰਗ ਇਕਾਈ ਮਹਿਲ ਕਲਾਂ ਦੇ ਪ੍ਰਧਾਨ ਕੁਲਵੰਤ ਸਿੰਘ ਫੌਜੀ ਦੇ ਸਤਿਕਾਰਯੋਗ ਮਾਤਾ ਸੁਰਜੀਤ ਕੌਰ ਪਤਨੀ ਚੰਦ ਸਿੰਘ ਕੁੰਢੇ ਕਾ ਮਹਿਲ ਕਲਾਂ ਸੋਢੇ ਅਕਾਲ ਚਲਾਣਾ ਕਰ ਗਏ ਹਨ।ਉਨ੍ਹਾਂ ਦੇ ਅੰਤਿਮ ਸੰਸਕਾਰ ਸਮੇਂ ਸਾਬਕਾ ਸੈਨਿਕ ਵਿੰਗ ਦੇ ਆਗੂਆਂ, ਵੱਖ ਵੱਖ ਸਿਆਸੀ, ਧਾਰਮਿਕ ਤੇ ਸਮਾਜਿਕ ਆਗੂਆਂ ਤੋਂ ਇਲਾਵਾ ਪ੍ਰੈੱਸ ਕਲੱਬ ਮਹਿਲ ਕਲਾਂ ਨੇ ਉਨ੍ਹਾਂ ਨੂੰ ਸ਼ਰਧਾਂਜਲੀ ਅਰਪਿਤ ਕੀਤੀ।ਇਸ ਮੌਕੇ ਯੂਥ ਆਗੂ ਅਰੁਣ ਕੁਮਾਰ ਬਾਂਸਲ, ਮਾ: ਜਗਰਾਜ ਸਿੰਘ ਭੱਠਲ, ਸਰਪੰਚ ਸਰਬਜੀਤ ਸਿੰਘ ਸ਼ੰਭੂ, ਜਥੇ: ਸੁਖਵਿੰਦਰ ਸਿੰਘ ਸੁੱਖਾ, ਭਾਈ ਜਗਸੀਰ ਸਿੰਘ ਖ਼ਾਲਸਾ, ਹਰੀ ਸਿੰਘ ਕਟਹਿਰੀਆ, ਚਮਕੌਰ ਸਿੰਘ ਸੋਢਾ, ਨਰਿੰਦਰ ਸਿੰਘ ਪਾਸੀ, ਰਾਜਾ ਘੁੰਮਾਣ, ਮਨਦੀਪ ਕੁਮਾਰ ਚੀਕੂ, ਗੁਰਦੀਪ ਸਿੰਘ ਟਿਵਾਣਾ, ਕਿਸਾਨ ਆਗੂ ਮਲਕੀਤ ਸਿੰਘ ਬੈਨੀਪਾਲ, ਸੰਜੇ ਦੱਤ, ਪ੍ਰੇਮ ਕੁਮਾਰ ਪਾਸੀ, ਨੰਬਰਦਾਰ ਨਛੱਤਰ ਸਿੰਘ ਸਿੱਧੂ, ਸਰਬਜੀਤ ਸਿੰਘ ਫੌਜੀ, ਨੱਥਾ ਸਿੰਘ ਗੁੰਥੀ, ਸੁਖਦੇਵ ਸਿੰਘ ਰਾਗੀ ਆਦਿ ਆਗੂ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

# ਮਾਊਂਟ ਲਿਟਰਾ ਜ਼ੀ ਸਕੂਲ 'ਚ ਕਲਰਸ ਫੀਏਸਟਾ ਮਨਾਇਆ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**

ਮਾਊਂਟ ਲਿਟਰਾ ਜ਼ੀ ਸਕੂਲ ਨੇ ਦੂਜੇ ਦਿਨ ਵੀ ਸੱਭਿਆਚਾਰਕ ਪ੍ਰੋਗਰਾਮਾਂ ਦੀ ਲੜੀ ਨਾਲ ਪਰੋਇਆ ਸਾਲਾਨਾ ਸਮਾਗਮ ਕਲਰਸ ਫੀਏਸਟਾ ਮਨਾਇਆ।ਸਮਾਗਮ ਦੇ ਮੁੱਖ ਮਹਿਮਾਨ ਰਾਜੇਸ਼ ਧੀਮਾਨ ਡਿਪਟੀ ਕਮਿਸ਼ਨਰ ਬਠਿੰਡਾ, ਸ਼੍ਰੀ ਹਰੀਸ਼ ਕੁਮਾਰ, ਮਾਨਯੋਗ ਚੀਫ਼ ਜੁਡੀਸ਼ੀਅਲ ਮੈਜਿਸਟ੍ਰੇਟ (ਸੀਆਈਐਮ) ਬਠਿੰਡਾ, ਸੁਨੀਲ ਫੋਗਾਟ ਆਈਏਐਸ ਉਪ ਮੰਡਲ ਮੈਜਿਸਟ੍ਰੇਟ (ਐਸ.ਡੀ.ਐਮ) ਦਾ ਸਕੂਲ ਦੇ ਚੇਅਰਮੈਨ ਭੂਸ਼ਨ ਬਾਂਸਲ, ਪ੍ਰਧਾਨ ਗਗਨ ਬਾਂਸਲ, ਜਨਰਲ ਸਕੱਤਰ ਸ਼੍ਰੀਮਤੀ ਨਮਿਤਾ ਬਾਂਸਲ ਤੇ ਸਕੂਲ ਪ੍ਰਿੰਸੀਪਲ ਸ਼੍ਰੀਮਤੀ ਗੀਤਾ ਪਿੱਲੇ ਦੁਆਰਾ ਸਕੂਲ ਦੇ ਬੈਂਡ ਨਾਲ ਫੁੱਲਾਂ ਦੇ ਗੁਲਦਸਤੇ ਦੇ ਕੇ ਸਵਾਗਤ ਕੀਤਾ ਗਿਆ।

ਪ੍ਰੋਗਰਾਮ ਦੀ ਸ਼ੁਰੂਆਤ ਪਤਵੰਤਿਆਂ ਵੱਲੋਂ ਸ਼ਮ੍ਹਾਂ ਰੌਸ਼ਨ ਕਰਕੇ ਕੀਤੀ ਗਈ।ਇਸ ਦੌਰਾਨ ਵਿਦਿਆਰਥੀਆਂ ਵੱਲੋਂ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ ਗਿਆ।ਪ੍ਰੋਗਰਾਮ ਦੀ ਸ਼ੁਰੂਆਤ ਗਣੇਸ਼ ਵੰਦਨਾ ਨਾਲ ਕੀਤੀ ਗਈ।ਇਸ ਤੋਂ ਬਾਅਦ ਮੋਬਾਈਲ ਦੀ ਲਤ ਵਿਸ਼ੇ 'ਤੇ ਇੱਕ ਬਹੁਤ ਹੀ ਖੂਬਸੂਰਤ ਕੋਰਿਓਗ੍ਰਾਫੀ ਪੇਸ਼ ਕੀਤੀ ਗਈ। ਵਿਦਿਆਰਥੀਆਂ ਨੇ ਜੀਵਨ ਵਿੱਚ ਬੁਢਾਪੇ ਦੀ ਸ਼ਾਮ ਵਿਸ਼ੇ 'ਤੇ ਸ਼ਾਨਦਾਰ ਪੇਸ਼ਕਾਰੀ ਦਿੱਤੀ ਅਤੇ ਦਰਸ਼ਕਾਂ ਨੂੰ ਭਾਵੁਕ ਕਰ ਦਿੱਤਾ।ਵਿਰਾਸਤ-ਏ-ਪੰਜਾਬ ਥੀਮ ਰਾਹੀਂ ਪੰਜਾਬੀ ਆਪਣੇ ਵਿਰਸੇ ਅਤੇ ਆਪਣੀ ਬੋਲੀ ਨੂੰ ਕਿਵੇਂ ਭੁੱਲ ਰਹੇ ਹਨ ਤੇ ਉਨ੍ਹਾਂ ਨੂੰ ਆਪਣੀ ਪੰਜਾਬੀ ਭਾਸ਼ਾ ਦੀ ਸੰਭਾਲ ਕਰਨ ਬਾਰੇ ਕਿਹਾ ਗਿਆ।

ਇਸ ਤੋਂ ਬਾਅਦ ਸਾਰਾਗੜ੍ਹੀ 'ਦਾਸਤਾਨ-ਏ-ਹਿੰਮਤ' ਐਕਟ ਵਿੱਚ ਦੱਸਿਆ ਕਿ ਕਿਵੇਂ 21 ਸਿੱਖਾਂ ਨੇ ਅਫਗਾਨੀ ਪਠਾਣਾਂ ਨੂੰ ਮਾਰ ਕੇ ਆਪਣੀ ਬਹਾਦਰ ਦਿਖਾਈ।'ਚੰਦਰਯਾਨ-ਮਿਸ਼ਨ ਮੂਨ' ਚੰਦਰਯਾਨ-3 ਦੀ ਚੰਦਰਮਾ ਦੀ ਸਤ੍ਹਾ 'ਤੇ ਸਫਲ ਲੈਂਡਿੰਗ ਇਸ 'ਤੇ ਸ਼ਾਨਦਾਰ ਪੇਸ਼ਕਾਰੀ ਵੀ ਦਿੱਤੀ।'ਕਲਾਸੀਕਲ-ਫਿਊਜ਼ਨ' ਨੇ ਚਾਰੇ ਪਾਸੇ ਹਲਚਲ ਮਚਾ ਦਿੱਤੀ। ਅੰਤ 'ਚ ਪੰਜਾਬੀ ਭੰਗੜੇ ਨਾਲ ਪ੍ਰੋਗਰਾਮ ਦੀ ਸਮਾਪਤੀ ਹੋਈ।ਭੰਗੜੇ ਨੇ ਲੋਕਾਂ ਨੂੰ ਨੱਚਣ-ਟੱਪਣ ਲਈ ਮਜਬੂਰ ਕਰ ਦਿੱਤਾ।ਇਸ ਤੋਂ ਬਾਅਦ ਸਕੂਲ ਦੇ ਪ੍ਰਧਾਨ ਵੱਲੋਂ ਪਿਛਲੇ ਸੈਸ਼ਨ ਦੀ ਸਕੂਲ ਦੀ ਸਲਾਨਾ ਰਿਪੋਰਟ ਪੜ੍ਹ ਕੇ ਸੁਣਾਈ ਗਈ।

## ਪ੍ਰਾਚੀ ਨੇ ਵੈਦਿਕ ਭਾਸ਼ਣ ਮੁਕਾਬਲੇ 'ਚ ਦੂਜਾ ਸਥਾਨ ਜਿੱਤਿਆ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸਟੀਫਨ ਇੰਟਰਨੈਸ਼ਨਲ ਸਕੂਲ ਦੀ ਪ੍ਰਤਿਭਾਵਾਨ ਵਿਦਿਆਰਥਣ ਪ੍ਰਾਚੀ ਨੇ ਅੰਤਰ-ਵਿਦਿਆਲਿਆ ਵੈਦਿਕ ਭਾਸ਼ਣ ਮੁਕਾਬਲੇ ਵਿੱਚ ਦੂਜਾ ਸਥਾਨ ਹਾਸਲ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ।ਉਸ ਦੀ ਸ਼ਾਨਦਾਰ ਵਾਣੀ, ਆਤਮ ਵਿਸ਼ਵਾਸ ਤੇ ਡੂੰਘੇ ਗਿਆਨ ਨੇ ਸਭ ਨੂੰ ਪ੍ਰਭਾਵਿਤ ਕੀਤਾ।ਇਹ ਪ੍ਰਾਪਤੀ ਸਿਰਫ਼ ਇੱਕ ਟ੍ਰੌਫੀ ਨਹੀਂ, ਇਹ ਪ੍ਰਾਚੀ ਦੀ ਨਿਰੰਤਰ ਮਿਹਨਤ, ਸਮਰਪਣ ਤੇ ਅਨੁਸ਼ਾਸਨ ਦਾ ਪ੍ਰਤੀਕ ਹੈ।ਸਕੂਲ ਪ੍ਰਬੰਧਨ ਮਾਣਯੋਗ ਚੇਅਰਮੈਨ ਤੇ ਡਾਇਰੈਕਟਰ ਪ੍ਰਿੰਸੀਪਲ ਮੈਡਮ ਮੋਨਿਕਾ ਸ਼ਰਮਾ ਨੇ ਪ੍ਰਾਚੀ ਨੂੰ ਉਸ ਦੀ ਸਫਲਤਾ ਲਈ ਮੁਬਾਰਕਬਾਦ ਦਿੱਤੀ ਤੇ ਉਸ ਦੇ ਉੱਜਵਲ ਭਵਿੱਖ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ।ਉਨ੍ਹਾਂ ਅਧਿਆਪਕਾਂ ਦੇ ਮਾਰਗਦਰਸ਼ਨ ਤੇ ਮਾਤਾ-ਪਿਤਾ ਦੇ ਸਹਿਯੋਗ ਦੀ ਵੀ ਸ਼ਲਾਘਾ ਕੀਤੀ।ਉਨ੍ਹਾਂ ਕਿਹਾ ਕਿ ਐਸੇ ਪ੍ਰਤਿਭਾਸ਼ਾਲੀ ਵਿਦਿਆਰਥੀ ਸਾਡੇ ਸਕੂਲ ਦੀ ਪਹਿਚਾਣ ਨੂੰ ਹੋਰ ਵੀ ਚਮਕਦਾਰ ਬਣਾਉਂਦੇ ਹਨ।

## ਪੱਤਰਕਾਰ ਅਮਰਿੰਦਰ ਪੁਰੀ ਨੂੰ ਸਦਮਾ, ਮਾਤਾ ਦਾ ਦੇਹਾਂਤ



**ਨਾਭਾ (ਵਰਿੰਦਰ ਵਰਮਾ)**-ਨਾਭਾ ਤੋਂ ਸੀਨੀਅਰ ਪ੍ਰਤੀਨਿਧੀ ਅਮਰਿੰਦਰ ਸਿੰਘ ਪੁਰੀ, ਦਵਿੰਦਰ ਸਿੰਘ ਪੁਰੀ ਤੇ ਕੁਲਵਿੰਦਰ ਸਿੰਘ ਪੁਰੀ ਨੂੰ ਉਸ ਸਮੇਂ ਗਹਿਰਾ ਸਦਮਾ ਲੱਗਾ, ਜਦੋਂ ਉਨ੍ਹਾਂ ਦੇ ਸਤਿਕਾਰਯੋਗ ਮਾਤਾ ਸ੍ਰੀਮਤੀ ਮਹਿੰਦਰਜੀਤ ਕੌਰ ਦਾ ਦਿਹਾਂਤ ਹੋ ਗਿਆ।ਉਹ 72 ਸਾਲਾਂ ਦੇ ਸਨ ਤੇ ਪਿਛਲੇ ਕੁਝ ਸਮੇਂ ਤੋਂ ਬੀਮਾਰ ਸਨ।ਮਹਿੰਦਰਜੀਤ ਕੌਰ ਦਾ ਅੰਤਿਮ ਸੰਸਕਾਰ ਸਮਾਣਾ ਦੇ ਸਤੀ ਮੰਦਿਰ ਸ਼ਮਸ਼ਾਨਘਾਟ ਵਿਖੇ ਪੂਰੇ ਰੀਤੀ ਰਿਵਾਜਾਂ ਨਾਲ ਕੀਤਾ ਗਿਆ। ਇਸ ਮੌਕੇ ਹਲਕਾ ਨਾਭਾ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ, ਸਾਬਕਾ ਮੰਤਰੀ ਸਾਧੂ ਸਿੰਘ ਧਰਮਸੋਤ, ਸਾਬਕਾ ਵਿਧਾਇਕ ਸਮਾਣਾ ਜਥੇਦਾਰ ਜਗਤਾਰ ਸਿੰਘ ਰਾਜਲਾ, ਗੁਰਤੇਜ ਸਿੰਘ ਢਿੱਲੋਂ ਭਾਜਪਾ ਆਗੂ, ਚੰਦਰੇਸ਼ਵਰ ਸਿੰਘ ਮੋਹੀ ਕਾਂਗਰਸੀ ਆਗੂ, ਸੀਨੀਅਰ ਅਕਾਲੀ ਆਗੂ ਅਮਰਜੀਤ ਸਿੰਘ ਪੰਜਰਥ, ਪੈਟਰੋਲੀਅਮ ਐਸੋਸੀਏਸ਼ਨ ਨਾਭਾ ਦੇ ਪ੍ਰਧਾਨ ਜਸਪਾਲ ਜੁਨੇਜਾ, ਉੱਘੇ ਉਦਯੋਗਪਤੀ ਨਰਿੰਦਰ ਬਾਂਸਲ ਨਾਭਾ, ਪਰਮਜੀਤ ਸਿੰਘ ਖੱਟੜਾ ਸਾਬਕਾ ਚੇਅਰਮੈਨ, ਸੁਖਦੇਵ ਸਿੰਘ ਮਾਨ, ਸੀ ਏ ਸੋਮ ਕਾਂਸਲ, ਪ੍ਰਸਿੱਧ ਜੋਤਸ਼ੀ ਅਰੁਣ ਕੁਮਾਰ, ਵਪਾਰੀ ਆਗੂ ਕੁਲਵਿੰਦਰ ਸਿੰਘ ਰਾਜੂ, ਅਵਤਾਰ ਸਿੰਘ ਸ਼ੇਰਗਿੱਲ, ਇੰਦਰਜੀਤ ਸਿੰਘ ਸਾਹਨੀ ਬੇਕਰੀ ਪਟਿਆਲਾ, ਰਵਿੰਦਰ ਸ਼ਰਮਾ ਸਾਬਕਾ ਪ੍ਰਧਾਨ ਟਰੱਕ ਯੂਨੀਅਨ, ਹਰਮੀਤ ਸਿੰਘ ਮਾਨ ਪ੍ਰਧਾਨ ਪ੍ਰੈੱਸ ਕਲੱਬ ਨਾਭਾ ਨੇ ਦੁੱਖ ਸਾਂਝਾ ਕੀਤਾ।

# ਪ੍ਰਧਾਨ ਗਿੱਲ ਨੇ ਬੇਰਕਲਾਂ 'ਚ ਕਾਂਗਰਸੀ ਉਮੀਦਵਾਰਾਂ ਦੇ ਹੱਕ 'ਚ ਕੀਤਾ ਚੋਣ ਪ੍ਰਚਾਰ



**ਦੋਰਾਹਾ (ਹਰਮਿੰਦਰ ਸੇਠ)**-ਬਲਾਕ ਕਾਂਗਰਸ ਮਲੋਦ ਦੇ ਪ੍ਰਧਾਨ ਤੇ ਸਾਬਕਾ ਬਲਾਕ ਸੰਮਤੀ ਮੈਂਬਰ ਗੁਰਮੇਲ ਸਿੰਘ ਗਿੱਲ ਬੇਰਕਲਾਂ ਨੇ ਬਲਾਕ ਮਲੋਦ ਅਧੀਨ ਆਉਂਦੇ ਆਪਣੇ ਨਗਰ ਪਿੰਡ ਬੇਰਕਲਾਂ ਵਿੱਚ ਕਾਂਗਰਸ ਪਾਰਟੀ ਦੇ ਬਲਾਕ ਸੰਮਤੀ ਉਮੀਦਵਾਰ ਲਾਭ ਸਿੰਘ ਤੇ ਜ਼ਿਲ੍ਹਾ ਪ੍ਰੀਸ਼ਦ ਦੀ ਚੋਣ ਲੜ ਰਹੇ ਕਾਂਗਰਸ ਪਾਰਟੀ ਦੇ ਉਮੀਦਵਾਰ ਅਵਤਾਰ ਸਿੰਘ ਤਾਰੀ ਦੇ ਹੱਕ ਵਿੱਚ ਚੋਣ ਪ੍ਰਚਾਰ ਕਰਨ ਸਮੇਂ ਪਿੰਡ ਵਾਸੀਆਂ ਨੂੰ ਅਪੀਲ ਕੀਤੀ ਕਿ ਜਿਸ ਤਰ੍ਹਾਂ ਤੁਸੀਂ ਮੈਨੂੰ ਵੱਡੀ ਗਿਣਤੀ ਵਿੱਚ ਵੋਟਾਂ ਪਾ ਕੇ ਬਲਾਕ ਸੰਮਤੀ ਮੈਂਬਰ ਬਣਾਇਆ ਸੀ, ਠੀਕ ਉਸੇ ਤਰ੍ਹਾਂ ਮੇਰੇ ਵੱਲੋਂ ਪਿੰਡ ਦੀ ਭਲਾਈ ਲਈ ਕੀਤੇ ਕੰਮਾਂ ਨੂੰ ਵੇਖਦੇ ਹੋਏ ਕਾਂਗਰਸ ਪਾਰਟੀ ਦੇ ਉਮੀਦਵਾਰ ਲਾਭ ਸਿੰਘ ਤੇ ਅਵਤਾਰ ਸਿੰਘ ਤਾਰੀ ਨੂੰ ਜਿਤਾਓ। ਪ੍ਰਧਾਨ ਗਿੱਲ ਬੇਰਕਲਾਂ ਨੇ ਕਿਹਾ ਕਿ ਸਾਬਕਾ ਵਿਧਾਇਕ ਲਖਵੀਰ ਸਿੰਘ ਲੱਖਾ ਪਾਇਲ ਨੇ ਵੱਡੇ ਵਡੇਰਿਆਂ ਦੀ ਸੜਕ ਬਣਾਈ ਤੇ ਲੱਖਾਂ ਰੁਪਏ ਦੀਆਂ ਗਰਾਂਟਾਂ ਪਿੰਡ ਬੇਰਕਲਾਂ ਦੀ ਤਰੱਕੀ ਲਈ ਦਿੱਤੀਆਂ, ਜਦੋਂਕਿ ਵਿਧਾਇਕ ਮਨਵਿੰਦਰ ਸਿੰਘ ਨੇ ਕਾਂਗਰਸ ਪਾਰਟੀ ਵੱਲੋਂ ਦਿੱਤੀ ਗਰਾਂਟ ਪੰਚਾਇਤ ਤੋਂ ਵਾਪਸ ਕਰਾ ਕੇ ਪਿੰਡ ਦਾ ਚੱਲਦਾ ਕੰਮ ਰੋਕਿਆ, ਹੁਣ ਫੈਸਲਾ ਪਿੰਡ ਵਾਸੀਆਂ ਨੇ ਕਰਨਾ ਹੈ ਕਿ ਪਿੰਡ ਦਾ ਵਿਕਾਸ ਰੋਕਣ ਵਾਲੇ ਨੂੰ ਵੋਟ ਦੇਣੀ ਆ ਜਾਂ ਪਿੰਡ ਦੀ ਤਰੱਕੀ ਕਰਨ ਵਾਲੇ ਨੂੰ। ਉਨ੍ਹਾ ਕਿਹਾ ਕਿ ਕਾਂਗਰਸ ਪਾਰਟੀ ਦੇ ਹੱਕ ਵਿੱਚ ਲੋਕਾਂ ਦਾ ਉਤਸ਼ਾਹ ਹੈ, ਲੋਕ ਆਪ ਮੁਹਾਰੇ ਕਾਂਗਰਸ ਪਾਰਟੀ ਦੇ ਚੋਣ ਜਲਸਿਆਂ ਵਿੱਚ ਸ਼ਮੂਲੀਅਤ ਕਰ ਰਹੇ ਹਨ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਨਿਰਭੈ ਸਿੰਘ ਗਿੱਲ ਬੇਰਕਲਾਂ ਜਨਰਲ ਸਕੱਤਰ, ਮੰਗਤ ਰਾਮ ਸਿੰਘ ਸਾਬਕਾ ਪੰਚ, ਸੋਨੀ ਟਿੱਬਾ, ਦਲਜੀਤ ਸਿੰਘ ਜੀਤਾ, ਗੁਰਦੀਪ ਸਿੰਘ, ਵਰਿੰਦਰ ਸਿੰਘ, ਮੋਨਾ ਸਿੰਘ, ਮੇਘ ਸਿੰਘ ਸਕੱਤਰ, ਬਾਬਾ ਰਾਮ ਸਿੰਘ, ਰੋਡਾ ਸਿੰਘ, ਧੰਨਾ ਸਿੰਘ ਤੋਂ ਇਲਾਵਾ ਹੋਰ ਵੀ ਹਾਜ਼ਰ ਸਨ।

## ਹਿਊਮਨ ਇੰਪਾਵਰਮੈਂਟ ਸੋਸਾਇਟੀ ਨੇ ਵਿਧਾਇਕਾ ਨੂੰ ਸਮੂਹਕ ਵਿਆਹ ਦਾ ਦਿੱਤਾ ਸੱਦਾ ਪੱਤਰ

**ਮੋਗਾ (ਇਕਬਾਲ ਸਿੰਘ ਖਹਿਰਾ)**-ਧਾਰਮਿਕ ਤੇ ਸਮਾਜਿਕ ਕਾਰਜਾਂ ਵਿੱਚ ਯੋਗਦਾਨ ਪਾਉਣ ਵਾਲੀ ਹਿਊਮਨ ਇੰਪਾਵਰਮੈਂਟ ਸੋਸਾਇਟੀ 14 ਦਸੰਬਰ ਨੂੰ ਪੰਜ ਲੋੜਵੰਦ ਲੜਕੀਆਂ ਦੇ ਵਿਆਹ ਦਾ ਆਯੋਜਨ ਕਰ ਰਹੀ ਹੈ।

ਇਸ ਸਬੰਧ ਵਿੱਚ ਸੰਸਥਾ ਦੇ ਮੈਂਬਰਾਂ ਨੇ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੂੰ ਸੱਦਾ ਪੱਤਰ ਭੇਟ ਕੀਤਾ।ਇਸ ਮੌਕੇ ਡਾ. ਅਰੋੜਾ ਨੇ ਕਿਹਾ ਕਿ ਕੰਨਿਆਦਾਨ ਇੱਕ ਮਹਾਨ ਦਾਨ ਹੈ ਤੇ ਜੋ ਵਿਅਕਤੀ ਧੀ ਨੂੰ ਵਿਆਹ ਵਿੱਚ ਦਿੰਦਾ ਹੈ, ਉਹ ਭਾਗਸ਼ਾਲੀ ਹੁੰਦਾ ਹੈ।ਮੈਂ ਸੰਸਥਾ ਵੱਲੋਂ ਮੈਨੂੰ ਦਿੱਤੇ ਗਏ ਸਨਮਾਨ ਲਈ ਧੰਨਵਾਦੀ ਹਾਂ ਤੇ ਇਹ ਯਤਨ ਬਹੁਤ ਹੀ ਸ਼ਲਾਘਾਯੋਗ ਹੈ।ਸਾਨੂੰ ਸਾਰਿਆਂ ਨੂੰ ਸਮਾਜਿਕ ਤੇ ਧਾਰਮਿਕ ਕਾਰਜਾਂ ਵਿੱਚ ਯੋਗਦਾਨ ਪਾਉਣਾ ਚਾਹੀਦਾ ਹੈ।ਇਸ ਮੌਕੇ ਸੰਸਥਾ ਦੇ ਪ੍ਰਧਾਨ ਸੰਜੀਵ ਨਰੂਲਾ, ਕੈਸ਼ੀਅਰ ਸੰਜੀਵ ਅਰੋੜਾ, ਸੀਨੀਅਰ ਉੱਪ ਪ੍ਰਧਾਨ ਵੇਨਿਕਾ ਗੋਇਲ, ਮਹਿਲਾ ਵਿੰਗ ਦੀ ਪੰਜਾਬ ਮੁਖੀ ਭਾਵਨਾ ਬਾਂਸਲ, ਮਹਿਲਾ ਵਿੰਗ ਦੀ ਜ਼ਿਲ੍ਹਾ ਮੁਖੀ ਜਸਵੀਰ ਕੌਰ ਜੱਸੀ ਤੇ ਜ਼ਿਲ੍ਹਾ ਮੁਖੀ ਸਤਪਾਲ ਸਿੰਘ ਕੰਡਾ ਵੱਲੋਂ ਸੱਦਾ ਪੱਤਰ ਭੇਟ ਕੀਤਾ ਗਿਆ।



## ਦੀਦਾਰ ਸਿੰਘ ਮਲਕ ਨੂੰ ਗਾਲਿਬ ਕਲਾਂ 'ਚ ਲੱਡੂਆਂ ਨਾਲ ਤੋਲਿਆ



**ਜਗਰਾਉਂ (ਨਛੱਤਰ ਸੰਧੂ)**-ਸ਼੍ਰੋਮਣੀ ਅਕਾਲੀ ਦਲ ਦੇ ਕੋਰ ਕਮੇਟੀ ਮੈਂਬਰ ਐੱਸ ਆਰ ਕਲੇਰ ਸਾਬਕਾ ਵਿਧਾਇਕ ਜਗਰਾਓਂ ਅਤੇ ਭਾਈ ਗੁਰਚਰਨ ਸਿੰਘ ਗਰੇਵਾਲ ਮੈਂਬਰ ਐੱਸ ਜੀ ਪੀ ਸੀ ਵੱਲੋਂ ਜ਼ਿਲ੍ਹਾ ਪ੍ਰੀਸ਼ਦ ਗਾਲਿਬ ਜ਼ੋਨ ਦੇ ਉਮੀਦਵਾਰ ਦੀਦਾਰ ਸਿੰਘ ਮਲਕ ਤੇ ਬਲਾਕ ਸੰਮਤੀ ਜ਼ੋਨ ਗਾਲਿਬ ਦੇ ਉਮੀਦਵਾਰ ਬੀਬੀ ਗੁਰਮੀਤ ਕੌਰ ਦੇ ਹੱਕ ਵਿੱਚ ਪਿੰਡ ਗਾਲਿਬ ਕਲਾਂ ਵਿਖੇ ਕੀਤੇ ਚੋਣ ਜਲਸੇ 'ਚ ਵੱਡੀ ਗਿਣਤੀ ਵਿੱਚ ਲੋਕਾਂ ਨੇ ਹਿੱਸਾ ਲਿਆ।ਪਿੰਡ ਵਾਸੀਆਂ ਵੱਲੋਂ ਪੂਰੀ ਤਨਦੇਹੀ ਨਾਲ ਸਾਥ ਦੇਣ ਦਾ ਵਿਸ਼ਵਾਸ ਵੀ ਦਿਵਾਇਆ ਗਿਆ ਅਤੇ ਜ਼ਿਲ੍ਹਾ ਪ੍ਰੀਸ਼ਦ ਗਾਲਿਬ ਜ਼ੋਨ ਦੇ ਉਮੀਦਵਾਰ ਦੀਦਾਰ ਸਿੰਘ ਮਲਕ ਨੂੰ ਲੱਡੂਆਂ ਨਾਲ ਤੋਲਿਆ ਗਿਆ। ਇਸ ਮੌਕੇ ਸਰਕਲ ਪ੍ਰਧਾਨ ਮਨਦੀਪ ਸਿੰਘ ਗਾਲਿਬ, ਪੰਚ ਵਿੱਕੀ, ਸਰਬਜੀਤ ਸਿੰਘ ਗਾਲਿਬ ਅਤੇ ਵੱਡੀ ਗਿਣਤੀ ਵਿੱਚ ਬੀਬੀਆਂ ਤੇ ਹੋਰ ਹਾਜ਼ਰ ਸਨ।

# ਆਦਿਵਾਸੀਆਂ ਦਾ ਕਤਲੇਆਮ ਬੰਦ ਕਰੇ ਮੋਦੀ ਸਰਕਾਰ : ਤਰਕਸ਼ੀਲ ਸੁਸਾਇਟੀ

• ਬੁੱਧੀਜੀਵੀਆਂ, ਵਿਦਿਆਰਥੀਆਂ ਸਮੇਤ ਤਮਾਮ ਸਿਆਸੀ ਕੈਦੀਆਂ ਨੂੰ ਰਿਹਾਅ ਕਰਨ ਦੀ ਕੀਤੀ ਮੰਗ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**- ਕੌਮਾਂਤਰੀ ਮਨੁੱਖੀ ਅਧਿਕਾਰ ਦਿਵਸ ਮੌਕੇ ਤਰਕਸ਼ੀਲ ਸੁਸਾਇਟੀ ਪੰਜਾਬ ਦੀ ਅੰਮ੍ਰਿਤਸਰ ਇਕਾਈ ਵੱਲੋਂ ਸਥਾਨਕ ਕੰਪਨੀ ਬਾਗ਼ ਵਿਖੇ ਇੱਕ ਗੰਭੀਰ ਵਿਚਾਰ ਚਰਚਾ ਕੀਤੀ ਗਈ ਜਿਸ ਵਿੱਚ ਮੋਦੀ ਹਕੂਮਤ ਵੱਲੋਂ ਆਦਿਵਾਸੀਆਂ ਦੇ ਕੀਤੇ ਜਾ ਰਹੇ ਕਤਲੇਆਮ, ਝੂਠੇ ਪੁਲੀਸ ਮੁਕਾਬਲਿਆਂ ਅਤੇ ਯੂਏਪੀਏ, ਐੱਫਸਪਾ, ਐੱਨਐੱਸਏ ਦੇ ਕਾਲੇ ਕਾਨੂੰਨਾਂ, ਮਜ਼ਦੂਰ ਵਿਰੋਧੀ ਕਿਰਤ ਕੋਡਾਂ, ਬਿਜਲੀ ਸੋਧ ਬਿੱਲ-2025 ਸਮੇਤ ਤਿੰਨ ਫੌਜਦਾਰੀ ਕਾਨੂੰਨਾਂ ਅਤੇ ਐੱਨਆਈਏ ਦੇ ਨਜਾਇਜ਼ ਛਾਪਿਆਂ ਰਾਹੀਂ ਨਾਗਰਿਕਾਂ ਦੇ ਮਨੁੱਖੀ ਅਧਿਕਾਰਾਂ ਦੇ ਹੋ ਰਹੇ ਘਾਣ ਦਾ ਸਖ਼ਤ ਵਿਰੋਧ ਕੀਤਾ ਗਿਆ।ਇਸ ਮੌਕੇ ਸੰਬੋਧਨ ਕਰਦਿਆਂ ਸੂਬਾਈ ਤਰਕਸ਼ੀਲ ਆਗੂ ਸੁਮੀਤ ਅੰਮ੍ਰਿਤਸਰ ਨੇ ਕਿਹਾ ਕਿ 1948 ਦੇ ਸੰਯੁਕਤ ਰਾਸ਼ਟਰ ਦੇ ਮਨੁੱਖੀ ਅਧਿਕਾਰਾਂ ਦੇ ਐਲਾਨਨਾਮੇ ਤਹਿਤ ਹਰੇਕ ਨਾਗਰਿਕ ਨੂੰ ਪੂਰਨ ਆਜ਼ਾਦੀ, ਬਰਾਬਰੀ, ਸਮਾਜਿਕ ਨਿਆਂ ਅਤੇ ਜਿਊਣ ਦੇ ਮਨੁੱਖੀ ਹੱਕ ਦਿੱਤੇ ਗਏ ਹਨ ਪਰ ਕੇਂਦਰ ਅਤੇ ਰਾਜ ਸਰਕਾਰਾਂ ਵੱਲੋਂ ਲੋਕਪੱਖੀ ਜਨਤਕ ਜਮਹੂਰੀ ਲਹਿਰਾਂ ਨੂੰ ਸਖ਼ਤੀ ਨਾਲ ਦਬਾਉਣ ਲਈ ਆਮ ਲੋਕਾਂ ਨੂੰ ਯੂਏਪੀਏ, ਐੱਨਐੱਸਏ, ਐਫਸਪਾ ਸਮੇਤ ਅੰਗਰੇਜ਼ਾਂ ਤੋਂ ਵੀ ਵਧ ਖ਼ਤਰਨਾਕ ਤਿੰਨ ਨਵੇਂ ਫੌਜਦਾਰੀ ਕਾਨੂੰਨ ਲਾਗੂ ਕਰਕੇ ਆਮ ਜਨਤਾ ਦੇ ਮਨੁੱਖੀ ਅਧਿਕਾਰਾਂ ਨੂੰ ਖ਼ਤਮ ਕੀਤਾ ਜਾ ਰਿਹਾ ਹੈ।ਉਨ੍ਹਾਂ ਦੋਸ਼ ਲਾਇਆ ਕਿ ਕੇਂਦਰੀ ਗ੍ਰਹਿ ਮੰਤਰੀ ਵੱਲੋਂ 'ਮਾਰਚ 2026 ਤੱਕ ਨਕਸਲਵਾਦ ਦਾ ਸਫ਼ਾਇਆ ਕਰਨ' ਦਾ ਸ਼ਰੇਆਮ ਐਲਾਨ ਕਰਨਾ ਦਰਅਸਲ ਕਾਰਪੋਰੇਟ ਪ੍ਰੋਜੈਕਟਾਂ ਦਾ ਰਾਹ ਸਾਫ਼ ਕਰਨ ਅਤੇ ਆਦਿਵਾਸੀਆਂ ਦੇ ਕਤਲੇਆਮ ਅਤੇ ਉਜਾੜੇ ਦੀ ਫਾਸ਼ੀਵਾਦੀ ਨੀਤੀ ਹੈ ਅਤੇ ਇਹ ਸੰਵਿਧਾਨ ਦੀ ਧਾਰਾ 21 ਦੀ ਸ਼ਰੇਆਮ ਉਲੰਘਣਾ ਹੈ। ਇਸ ਮੌਕੇ ਇਕਾਈ ਆਗੂਆਂ ਜਸਪਾਲ ਬਾਸਰਕੇ, ਪ੍ਰਿੰ. ਮੇਲਾ ਰਾਮ ਅਤੇ ਮਾਸਟਰ ਬਲਦੇਵ ਰਾਜ ਵੇਰਕਾ ਨੇ ਦੋਸ਼ ਲਾਇਆ ਕਿ ਮੋਦੀ ਸਰਕਾਰ ਸਾਮਰਾਜਵਾਦ ਅਤੇ ਹਿੰਦੂਤਵ ਦੇ ਫਾਸ਼ੀਵਾਦੀ ਏਜੰਡੇ ਹੇਠ ਘੱਟ ਗਿਣਤੀ ਮੁਸਲਮਾਨਾਂ, ਆਦਿਵਾਸੀਆਂ, ਦਲਿਤਾਂ ਅਤੇ ਖੱਬੇ ਪੱਖੀਆਂ ਉਤੇ ਯੋਜਨਾਬੱਧ ਹਿੰਸਕ ਹਮਲੇ ਕਰਕੇ ਹਿਟਲਰ ਵਾਂਗ ਦੇਸ਼ ਵਿੱਚ ਫ਼ਿਰਕੂ ਨਫ਼ਰਤ ਅਤੇ ਫਾਸ਼ੀਵਾਦ ਫੈਲਾ ਰਹੀ ਹੈ ਅਤੇ ਜਨਤਕ ਅਦਾਰਿਆਂ, ਖੇਤੀ ਅਤੇ ਸਨਅਤ ਨੂੰ ਸ਼ਰੇਆਮ ਮੁਨਾਫ਼ਾਖੋਰ ਕਾਰਪੋਰੇਟ ਘਰਾਣਿਆਂ ਦੇ ਹੱਥ ਲੁਟਾ ਕੇ ਆਮ ਲੋਕਾਂ ਨੂੰ ਸਿੱਖਿਆ, ਸਿਹਤ, ਰੁਜ਼ਗਾਰ, ਬਿਜਲੀ, ਸਾਫ ਪਾਣੀ ਅਤੇ ਸ਼ੁੱਧ ਵਾਤਾਵਰਨ ਦੇ ਜਮਹੂਰੀ ਅਧਿਕਾਰਾਂ ਤੋਂ ਵਾਂਝਿਆਂ ਕੀਤਾ ਜਾ ਰਿਹਾ ਹੈ ਜਿਸਦੇ ਖਿਲਾਫ ਇਕਜੁੱਟ ਹੋ ਕੇ ਸੰਘਰਸ਼ ਕਰਨ ਦੀ ਲੋੜ ਹੈ ।ਇਸ ਮੌਕੇ ਇਕਾਈ ਆਗੂ ਦਮਨਜੀਤ ਕੌਰ, ਰਾਜ ਕੁਮਾਰ ਵੇਰਕਾ, ਰਮੇਸ਼ ਜੈਨ, ਹਰੀ ਕ੍ਰਿਸ਼ਨ ਅਤੇ ਸੁਰੇਸ਼ ਕੁਮਾਰ ਨੇ ਵਿਚਾਰ ਚਰਚਾ ਵਿੱਚ ਭਾਗ ਲੈਂਦਿਆਂ ਕਿਹਾ ਕਿ ਮੋਦੀ ਸਰਕਾਰ ਵੱਲੋਂ ਰਾਜਸੀ ਬਦਲਾਖੋਰੀ ਹੇਠ ਭੀਮਾ ਕੋਰੇਗਾਓਂ ਅਤੇ ਦਿੱਲੀ ਹਿੰਸਾ ਦੇ ਝੂਠੇ ਕੇਸਾਂ ਤਹਿਤ ਦੇਸ਼ ਦੇ ਨਾਮਵਰ ਬੁੱਧੀਜੀਵੀਆਂ, ਵਕੀਲਾਂ, ਪੱਤਰਕਾਰਾਂ, ਸਮਾਜਿਕ ਕਾਰਕੁਨਾਂ ਅਤੇ ਵਿਦਿਆਰਥੀਆਂ ਨੂੰ ਪਿਛਲੇ ਸੱਤ ਸਾਲ ਤੋਂ ਯੂਏਪੀਏ ਦੇ ਝੂਠੇ ਦੋਸ਼ਾਂ ਹੇਠ ਜੇਲ੍ਹਾਂ ਵਿੱਚ ਨਜ਼ਰਬੰਦ ਕਰਨਾ ਅਤੇ ਉਨ੍ਹਾਂ ਨੂੰ ਜ਼ਮਾਨਤ ਦੇਣ ਤੋਂ ਵੀ ਇਨਕਾਰ ਕਰਨਾ ਮਨੁੱਖੀ ਅਧਿਕਾਰਾਂ ਦੀ ਸਭ ਤੋਂ ਵੱਡੀ ਉਲੰਘਣਾ ਹੈ।ਤਰਕਸ਼ੀਲ ਆਗੂਆਂ ਨੇ ਸੁਪਰੀਮ ਕੋਰਟ ਅਤੇ ਮੋਦੀ ਸਰਕਾਰ ਤੋਂ ਜ਼ੋਰਦਾਰ ਮੰਗ ਕੀਤੀ ਕਿ ਯੂਏਪੀਏ, ਐਫਸਪਾ, ਐੱਨਐੱਸਏ ਸਮੇਤ ਤਿੰਨ ਫੌਜਦਾਰੀ ਕਾਲੇ ਕਾਨੂੰਨ ਰੱਦ ਕੀਤੇ ਜਾਣ, ਬੁਲਡੋਜ਼ਰ ਕਾਰਵਾਈ ਉਤੇ ਪਾਬੰਦੀ ਲਗਾਈ ਜਾਵੇ, ਝੂਠੇ ਕੇਸਾਂ ਹੇਠ ਜੇਲ੍ਹਾਂ ਵਿੱਚ ਨਜਰਬੰਦ ਸਾਰੇ ਬੁੱਧੀਜੀਵੀਆਂ, ਸਮਾਜਿਕ ਕਾਰਕੁਨਾਂ ਅਤੇ ਸਜ਼ਾਵਾਂ ਪੂਰੀਆਂ ਕਰ ਚੁੱਕੇ ਸਾਰੇ ਕੈਦੀਆਂ ਨੂੰ ਬਿਨਾਂ ਸ਼ਰਤ ਰਿਹਾ ਕੀਤਾ ਜਾਵੇ ਅਤੇ ਮਜ਼ਦੂਰ ਵਿਰੋਧੀ ਕਿਰਤ ਕਾਨੂੰਨ ਅਤੇ ਬਿਜਲੀ ਸੋਧ ਬਿੱਲ-2025 ਰੱਦ ਕੀਤੇ ਜਾਣ।

## ਚਾਰ ਰੋਜ਼ਾ ਖੇਡ ਸਮਾਗਮ ਤੇ ਇਨਾਮ ਵੰਡ ਸਮਾਰੋਹ ਸ਼ਾਨੋ-ਸ਼ੌਕਤ ਨਾਲ ਸੰਪੰਨ

**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**- ਦਸਮੇਸ਼ ਵਿਦਿਅਕ ਸੰਸਥਾਵਾਂ ਮਹਿਤਾ ਚੌਂਕ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ, ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 350 ਸਾਲਾ ਗੁਰਤਾਗੱਦੀ, ਮਾਤਾ ਗੁਜਰ ਕੌਰ ਅਤੇ ਚਾਰ ਸਾਹਿਬਜ਼ਾਦਿਆਂ ਦੀ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਚਾਰ ਰੋਜ਼ਾ ਸਾਲਾਨਾ ਖੇਡਾਂ ਅਤੇ ਇਨਾਮ ਵੰਡ ਸਮਾਰੋਹ ਕਰਵਾਏ ਗਏ।ਇਸ ਸਮਾਗਮ ਵਿੱਚ ਹਰੀਸ਼ ਬਹਿਲ ਡੀਐੱਸਪੀ ਸ੍ਰੀ ਹਰਗੋਬਿੰਦਪੁਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਸੰਸਥਾ ਦੇ ਚੇਅਰਮੈਨ ਗੁਰਦੀਪ ਸਿੰਘ ਰੰਧਾਵਾ ਅਤੇ ਮੈਨੇਜਿੰਗ ਡਾਇਰੈਕਟਰ ਹਰਸ਼ਦੀਪ ਸਿੰਘ ਰੰਧਾਵਾ ਨੇ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ।ਸਮਾਗਮ ਦੀ ਆਰੰਭਤਾ ਬਿਆਸ ਹਾਊਸ ਦੇ ਬੱਚਿਆਂ ਵੱਲੋਂ 350 ਬਣਾ ਕੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਬਾਣੀ ਦੇ ਸ਼ਬਦਾਂ ਦਾ ਰਸ ਭਿੰਨਾ ਕੀਰਤਨ ਕਰਕੇ ਕੀਤੀ ਗਈ।ਵਿਦਿਆਰਥੀਆਂ ਨੇ ਜੂਨੀਅਰ, ਸੀਨੀਅਰ 100 ਮੀਟਰ, 200 ਮੀਟਰ ,400 ਮੀਟਰ ਸੀਨੀਅਰ ਵਿਦਿਆਰਥੀਆਂ ਨੇ ਰੱਸਾਕੱਸੀ, ਸਲੋ ਸਾਈਕਲਿੰਗ ਖੇਡਾਂ ਵਿੱਚ ਭਾਗ ਲਿਆ।ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਜੀਵਨ ਨਾਲ ਸੰਬੰਧਿਤ ਕੋਰੀਓਗ੍ਰਾਫੀਆਂ ਵੀ ਪੇਸ਼ ਕੀਤੀਆਂ ਗਈਆਂ। ਸੰਸਥਾ ਦੇ ਚੇਅਰਮੈਨ ਗੁਰਦੀਪ ਸਿੰਘ ਰੰਧਾਵਾ ਨੇ



ਅਧਿਆਪਕਾਂ ਤੇ ਵਿਦਿਆਰਥੀਆਂ ਨੂੰ ਖੇਡ ਸਮਾਗਮ ਦੀ ਆਰੰਭਤਾ ਲਈ ਵਧਾਈ ਦਿੱਤੀ। ਇਸ ਤੋਂ ਇਲਾਵਾਂ ਸੰਸਥਾ ਦੇ ਮੈਨੇਜਰ ਹਰਸ਼ਦੀਪ ਸਿੰਘ ਰੰਧਾਵਾ ਨੇ ਆਏ ਹੋਏ ਵਿਸ਼ੇਸ਼ ਮਹਿਮਾਨਾਂ ਦਾ ਸਵਾਗਤ ਕੀਤਾ। ਇਸ ਮੌਕੇ ਹਰੀਸ਼ ਬਹਿਲ ਨੇ ਵਿਦਿਆਰਥੀਆਂ ਨੂੰ ਖੇਡਾਂ ਵਿੱਚ ਵੱਧ ਤੋਂ ਵੱਧ ਭਾਗ ਲੈਣ ਅਤੇ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ ।ਉਨ੍ਹਾਂ ਨੇ ਵਿਦਿਆਰਥੀਆਂ ਨੂੰ ਆਪਣੇ ਮਾਪਿਆਂ ਅਤੇ ਅਧਿਆਪਕਾਂ ਦਾ ਸਤਿਕਾਰ ਕਰਨ ਦੀ ਸਿੱਖਿਆ ਦਿੱਤੀ।ਖੇਡ ਸਮਾਰੋਹ ਮੌਕੇ ਚੇਅਰਮੈਨ ਗੁਰਦੀਪ ਸਿੰਘ ਰੰਧਾਵਾ, ਮੈਨੇਜਰ ਹਰਸ਼ਦੀਪ ਸਿੰਘ, ਅਵਤਾਰ ਸਿੰਘ ਬੁੱਟਰ, ਤੇਜਬੀਰ ਸਿੰਘ ਸੋਹਲ, ਕੁਲਬੀਰ ਸਿੰਘ ਮਾਨ, ਗੁਰਦੀਪ ਸਿੰਘ ਜਲਾਲ ਉਸਮਾ, ਜਤਿੰਦਰ ਸ਼ਰਮਾ, ਕੁਲਵੰਤ ਸਿੰਘ ਕੋਹਾੜ, ਅਮਨਪਾਲ ਸਿੰਘ, ਮੈਡਮ ਗੁਰਬੀਰ ਕੌਰ, ਹਰਪ੍ਰੀਤ ਕੌਰ, ਰੁਚੀਕਾ ਸ਼ਰਮਾ, ਕੈਪਟਨ ਜੋਗਿੰਦਰ ਸਿੰਘ ਤੇ ਹੋਰ ਨਾਮੀ ਸ਼ਖ਼ਸੀਅਤਾਂ ਮੌਜੂਦ ਸਨ।

## ਬਚਪਨ ਅਕੈਡਮਿਕ ਹਾਈਟ ਸਕੂਲ ਦੇ ਬੱਚਿਆਂ ਨੇ ਵੱਖ-ਵੱਖ ਖੇਡਾਂ 'ਚ ਦਿਖਾਏ ਜੌਹਰ

**ਅਜਨਾਲਾ (ਸੁੱਖਤਿੰਦਰ ਸਿੰਘ ਰਾਜੂ)**- ਬਚਪਨ ਅਕੈਡਮਿਕ ਹਾਈਟ ਸਕੂਲ ਅਜਨਾਲਾ ਵਿਖੇ 8,910,11 ਨੂੰ ਸਕੂਲ ਵਿਖੇ ਖੇਡਾਂ ਕਰਵਾਈਆਂ ਗਈਆਂ ਜਿਸ ਵਿੱਚ ਸਕੂਲ ਦੇ ਮੈਨੇਜਰ ਡਾਇਰੈਕਟਰ ਸੰਤੋਸ਼ ਬਜਾਜ, ਪ੍ਰਿੰ. ਮੋਨਿਕਾ ਖੋਖਰ



ਅਤੇ ਅੰਸ਼ ਬਜਾਜ ਨੇ ਸ਼ਿਰਕਤ ਕੀਤੀ।ਖੇਡਾਂ ਦੀ ਸ਼ੁਰੂਆਤ 'ਚ ਛੋਟੇ ਬੱਚਿਆਂ ਵੱਲੋਂ ਮੈਰਾਥਨ ਕਰਵਾਈ ਗਈ।ਖੇਡਾਂ ਦੀ ਕਪਤਾਨ ਅਵਨੀਤ ਕੌਰ, ਹੈੱਡ ਗਰਲ ਗੁਰਸੀਰਤ ਕੌਰ, ਹੈੱਡ ਬੁਆਏ ਮਨਤੇਸ਼ਵਰ ਸਿੰਘ ਨੇ ਮੁੱਖ ਅਧਿਆਪਕਾ ਕੋਲੋਂ ਇਜਾਜ਼ਤ ਲੈਂਦਿਆਂ ਖੇਡਾਂ ਦੀ ਸ਼ੁਰੂਆਤ ਕੀਤੀ। ਬੱਚਿਆਂ ਵੱਲੋਂ ਕਈ ਮਨੋਰੰਜਕ ਗਤੀਵਿਧੀਆਂ ਕੀਤੀਆਂ ਗਈਆਂ ਜਿਵੇਂ ਦੌੜਾਂ, ਸਾਈਕਲਿੰਗ, ਮਿਊਜ਼ੀਕਲ ਚੇਅਰ, ਕਰਾਟੇ, ਗਤਕਾ ਆਦਿ। ਵੱਡੇ ਬੱਚਿਆਂ ਵੱਲੋਂ ਡਾਂਸ ਵ ਪਰਫੋਮ ਵੀ ਕੀਤਾ ਗਿਆ।ਸੰਤੋਸ਼ ਬਜਾਜ, ਅੰਸ਼ ਬਜਾਜ ਅਤੇ ਮੋਨਿਕਾ ਖੋਖਰ ਨੇ ਬੱਚਿਆਂ ਦੀ ਹੌਸਲਾ ਅਫ਼ਜ਼ਾਈ ਵਾਸਤੇ ਬੱਚਿਆਂ ਨੂੰ ਮੈਡਲਾਂ ਨਾਲ ਸਨਮਾਨਿਤ ਕੀਤਾ। ਸ਼੍ਰੀਮਤੀ ਸੰਤੋਸ਼ ਬਜਾਜ ਨੇ ਬੱਚਿਆਂ ਨੂੰ ਕਿਹਾ ਕਿ ਜੇਕਰ ਉਹ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਪੂਰਾ ਹਿੱਸਾ ਲੈਂਦੇ ਹਨ ਤਾਂ ਉਨ੍ਹਾਂ ਦੀ ਸਿਹਤ ਵੀ ਵਧੀਆ ਰਹੇਗੀ ਅਤੇ ਖੇਡਾਂ ਵਿੱਚ ਵੀ ਤਰੱਕੀ ਕਰਨ ਲਈ ਕਈ ਵਧੀਆ ਮੌਕੇ ਮਿਲਣਗੇ।ਇਸ ਮੌਕੇ ਸਮੂਹ ਸਟਾਫ ਨਵਰਾਜ ਕੌਰ, ਅਮਨਦੀਪ ਕੌਰ, ਸੁਖਪ੍ਰੀਤ, ਮਿਸ ਐਨਾ, ਜਗਰੂਪ ਕੌਰ, ਜੋਬਨਜੀਤ ਕੌਰ, ਨਵਜੀਤ ਕੌਰ, ਰਿੰਕੀ, ਰੀਨਾ, ਖੁਸ਼ਪ੍ਰੀਤ ਆਦਿ ਹਾਜ਼ਰ ਸਨ।

## ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਵਿਖੇ ਰਸੋਈ ਘਰ ਦੇ ਬਰਾਂਡੇ ਦਾ ਲੈਂਟਰ ਪਾਇਆ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**-ਸ੍ਰੀ ਗੁਰੂ ਨਾਨਕ ਦੇਵ ਜੀ ਦੀ ਚਰਨ ਛੋਹ ਪ੍ਰਾਪਤ ਧਰਤੀ ਕਸਬਾ ਡੇਰਾ ਬਾਬਾ ਨਾਨਕ ਦੇ ਇਤਿਹਾਸਕ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਦੀ ਰਸੋਈ ਘਰ ਦੇ ਬਰਾਂਡੇ ਦਾ ਬਾਬਾ ਸੇਵਾ ਸਿੰਘ ਜੀ ਕਾਰ ਸੇਵਾ ਸ੍ਰੀ ਖਡੂਰ ਸਾਹਿਬ ਵਾਲਿਆਂ ਦੀਆਂ ਸੰਗਤਾਂ ਵੱਲੋਂ ਬਾਬਾ ਗੁਰਪ੍ਰੀਤ ਸਿੰਘ ਕਾਰ ਸੇਵਾ ਤੇ ਬਾਬਾ ਬਿਸ਼ਨ ਸਿੰਘ ਪੱਪੂ ਕਾਰ ਸੇਵਾ ਵਾਲਿਆਂ ਦੀ ਅਗਵਾਈ ਹੇਠ ਲੈਂਟਰ ਪਾਇਆ ਗਿਆ ।ਇਸ ਮੌਕੇ ਬਾਬਾ ਗੁਰਪ੍ਰੀਤ ਸਿੰਘ ਕਾਰ ਸੇਵਾ ਤੇ ਬਾਬਾ ਬਿਸ਼ਨ ਸਿੰਘ ਪੱਪੂ ਕਾਰ ਸੇਵਾ ਵਾਲਿਆਂ ਨੇ ਦੱਸਿਆ ਕਿ ਹਰ ਰੋਜ਼ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਵਿਖੇ ਸੰਗਤਾਂ ਵੱਡੀ ਗਿਣਤੀ ਵਿੱਚ ਪਹੁੰਚ ਕੇ ਨਤਮਸਤਕ ਹੁੰਦੀਆਂ ਹਨ, ਸੰਗਤਾਂ ਨੂੰ ਲੰਗਰ ਛਕਾਉਣ ਲਈ ਲੰਗਰ ਹਾਲ ਦਾ ਨਿਰਮਾਣ ਕੁਝ ਸਮਾਂ ਪਹਿਲਾਂ ਬਾਬਾ ਸੇਵਾ ਸਿੰਘ ਜੀ ਕਾਰ ਸੇਵਾ ਸ਼੍ਰੀ ਖਡੂਰ ਸਾਹਿਬ ਵੱਲੋਂ ਕੀਤਾ ਗਿਆ ਸੀ, ਉਸ ਦੇ ਨਾਲ ਹੀ ਰਸੋਈ ਘਰ ਦਾ ਨਿਰਮਾਣ ਵੀ ਕੀਤਾ ਗਿਆ ਸੀ, ਪਰ ਰੋਟੀਆਂ ਬਣਾਉਣ ਲਈ ਸੇਵਾਦਾਰ ਬੀਬੀਆਂ ਨੂੰ ਲੰਗਰ ਬਣਾਉਣ ਲਈ ਬਰਸਾਤੀ ਦਿਨਾਂ ਵਿੱਚ ਕੁਝ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਸੀ। ਇਸ ਮੁਸ਼ਕਲ ਨੂੰ ਧਿਆਨ ਵਿੱਚ ਰੱਖਦਿਆਂ ਅੱਜ ਰਸੋਈ ਘਰ ਦੇ ਮਗਰਲੇ ਪਾਸੇ 24 ਸੈਂਕੜੇ ਨਵੇਂ ਬਰਾਂਡੇ ਦਾ ਨਿਰਮਾਣ ਕੀਤਾ ਗਿਆ ਹੈ,ਜਿਸ ਦਾ ਸੰਗਤਾਂ



ਵੱਲੋਂ ਲੈਂਟਰ ਪਾਇਆ ਗਿਆ ਹੈ।ਇਸ ਬਰਾਂਡੇ ਵਿੱਚ ਸੰਗਤ ਲਈ ਰੋਟੀਆਂ ਪਕਾਉਣ ਵਾਲੀਆਂ ਮਸ਼ੀਨਾਂ ਤੇ ਲੱਕੜ ਨਾਲ ਰੋਟੀਆਂ ਬਣਾਉਣ ਵਾਲੀਆਂ ਲੋਹਾਂ ਲਗਾਈਆਂ ਜਾਣਗੀਆਂ।ਇਸ ਮੌਕੇ ਮੈਨੇਜਰ ਸਤਨਾਮ ਸਿੰਘ ਗੋਸਲ, ਬਾਬਾ ਕੁਲਜੀਤ ਸਿੰਘ, ਬਾਬਾ ਲਖਵਿੰਦਰ ਸਿੰਘ, ਬਾਬਾ ਸੁਰਜੀਤ ਸਿੰਘ, ਰਵੇਲ ਸਿੰਘ ਲਾਂਗਰੀ, ਕੁਲਦੀਪ ਸਿੰਘ, ਸੁਰਜੀਤ ਸਿੰਘ, ਮਨਜੀਤ ਸਿੰਘ ਸ਼ਹਿਜ਼ਾਦਾ, ਪਵਨਪ੍ਰੀਤ ਸਿੰਘ, ਅਕਾਸ਼ਦੀਪ ਸਿੰਘ ਤੇ ਲਵਪ੍ਰੀਤ ਸਿੰਘ ਤੋਂ ਇਲਾਵਾ ਸੰਗਤਾਂ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

## ਚੋਣਾਂ ਦੌਰਾਨ ਰਿਹਰਸਲਾਂ ਤੋਂ ਗੈਰ-ਹਾਜ਼ਰ ਰਹਿਣ ਵਾਲੇ ਕਰਮਚਾਰੀਆਂ/ਅਧਿਕਾਰੀਆਂ ਨੂੰ ਸਖ਼ਤ ਤਾੜਨਾ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**- ਭਲਕ ਨੂੰ ਹੋ ਰਹੀਆਂ ਜ਼ਿਲ੍ਹਾ ਪ੍ਰੀਸ਼ਦ ਅਤੇ ਪੰਚਾਇਤ ਸੰਮਤੀ ਚੋਣਾਂ ਲਈ ਚੋਣ ਰਿਹਸਲਾਂ ਵਿੱਚ ਗੈਰ-ਹਾਜ਼ਰ ਰਹਿਣ ਵਾਲੇ ਕਰਮਚਾਰੀਆਂ/ਅਧਿਕਾਰੀਆਂ ਨੂੰ ਸਖ਼ਤ ਤਾੜਨਾ ਦਿੱਤੀ ਗਈ ਹੈ।ਇਸ ਸੰਬੰਧੀ ਵਧੀਕ ਜ਼ਿਲ੍ਹਾ ਚੋਣ ਅਫ਼ਸਰ-ਕਮ-ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਗੁਰਦਾਸਪੁਰ, ਗੁਰਪ੍ਰੀਤ ਸਿੰਘ ਗਿੱਲ ਨੇ ਚੋਣ ਡਿਊਟੀ ਤੋਂ ਗੈਰ-ਹਾਜ਼ਰ ਰਹਿਣ ਦਾ ਗੰਭੀਰ ਨੋਟਿਸ ਲੈਂਦਿਆਂ ਸਖ਼ਤ ਤਾੜਨਾ ਕੀਤੀ ਹੈ ਕਿ ਚੋਣ ਡਿਊਟੀ 'ਤੇ ਗੈਰ-ਹਾਜ਼ਰ ਰਹਿਣ ਵਾਲੇ ਅਧਿਕਾਰੀਆਂ ਤੇ ਕਰਮਚਾਰੀਆਂ ਵਿਰੁੱਧ ਰਾਜ ਚੋਣ ਕਮਿਸ਼ਨ ਦੀਆਂ ਹਦਾਇਤਾਂ ਤਹਿਤ ਐੱਫ. ਆਈ. ਆਰ. ਦਰਜ ਕਰਨ ਲਈ ਲਿਖਿਆ ਜਾਵੇਗਾ।ਉਨ੍ਹਾਂ ਕਿਹਾ ਕਿ ਇਸ ਦੇ ਨਾਲ ਹੀ ਸੰਬੰਧਤ ਵਿਭਾਗਾਂ ਦੇ ਮੁਖੀਆਂ ਨੂੰ ਹਦਾਇਤ ਕੀਤੀ ਗਈ ਹੈ ਕਿ ਗੈਰ-ਹਾਜ਼ਰ ਰਹਿਣ ਵਾਲਿਆਂ ਦੀ ਤਨਖਾਹ ਰੋਕਣ ਲਈ ਰਾਜ ਚੋਣ ਕਮਿਸ਼ਨ ਦੀਆਂ ਹਦਾਇਤਾਂ ਦੀ ਸਖਤੀ ਨਾਲ ਪਾਲਣਾ ਕਰਨ ਨੂੰ ਯਕੀਨੀ ਬਣਾਇਆ ਜਾਵੇ।ਵਧੀਕ ਜ਼ਿਲ੍ਹਾ ਚੋਣ ਅਫ਼ਸਰ, ਗੁਰਪ੍ਰੀਤ ਸਿੰਘ ਗਿੱਲ ਨੇ ਕਿਹਾ ਕਿ ਜ਼ਿਲ੍ਹੇ ਦੇ ਵੱਖ-ਵੱਖ ਪੋਲਿੰਗ ਸਟੇਸ਼ਨਾਂ ਲਈ ਨਿਯੁਕਤ ਪ੍ਰੀਜ਼ਾਈਡਿੰਗ ਅਫ਼ਸਰ, ਸਹਾਇਕ ਪ੍ਰੀਜ਼ਾਈਡਿੰਗ ਅਫ਼ਸਰ ਅਤੇ ਪੋਲਿੰਗ ਅਫ਼ਸਰ, ਚੋਣ ਰਿਹਰਸਲ ਦੌਰਾਨ ਹਾਜ਼ਰ ਰਹਿਣ ਨੂੰ ਸੁਨਿਸ਼ਚਿਤ ਕਰਨ ਅਤੇ ਚੋਣ ਡਿਊਟੀ ਵਿੱਚ ਕਿਸੇ ਕਿਸਮ ਦੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।



## ਬਲਾਕ ਤੇ ਜ਼ਿਲ੍ਹਾ ਪੱਧਰੀ ਮੁਕਾਬਲਿਆਂ 'ਚ ਜੇਤੂ ਰਹੀਆਂ ਵਿਦਿਆਰਥਣਾਂ ਨੂੰ ਕੀਤਾ ਸਨਮਾਨਿਤ

**ਪੱਟੀ (ਬਲਦੇਵ ਸਿੰਘ ਸੰਧੂ)**- ਜ਼ਿਲ੍ਹਾ ਤੇ ਬਲਾਕ ਪੱਧਰੀ ਮੁਕਾਬਲਿਆਂ 'ਚ ਸੀਨੀਅਰ ਸੈਕੰਡਰੀ ਸਕੂਲ (ਲੜਕੀਆਂ) ਸਰਹਾਲੀ ਕਲਾਂ ਦੀਆਂ ਵਿਦਿਆਰਥਣਾਂ ਨੇ ਖੇਡ ਦਾ ਚੰਗਾ ਪ੍ਰਦਰਸ਼ਨ ਕਰਕੇ ਅਹਿਮ ਜਿੱਤਾਂ ਦਰਜ ਕਰਕੇ ਸਕੂਲ ਅਤੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ।ਜ਼ਿਲ੍ਹਾ ਪੱਧਰੀ ਏਈਪੀ ਤਹਿਤ ਕਰਵਾਏ ਗਏ ਪੋਸਟਰ ਮੇਕਿੰਗ ਮੁਕਾਬਲਿਆ ਵਿਚ ਸਨੇਹਾ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ।ਆਰਏਏ ਅਧੀਨ ਕਰਵਾਏ ਗਏ ਕੁਇਜ਼ ਮੁਕਾਬਲੇ ਵਿਚ



ਪਰਨੀਤ ਕੌਰ, ਅਨੁਰੀਤ ਕੌਰ ਅਤੇ ਹਰਪ੍ਰੀਤ ਕੌਰ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ।ਸ੍ਰੀ ਗੁਰੂ ਅਰਜਨ ਦੇਵ ਕਾਲਜ ਚੋਹਲਾ ਸਾਹਿਬ ਵੱਲੋਂ ਕਰਵਾਏ ਗਏ ਸੱਭਿਆਚਾਰਕ ਤੇ ਸੁੰਦਰ ਲਿਖਾਈ ਦੇ ਮੁਕਾਬਲੇ ਕਰਵਾਏ ਗਏ। ਸੁੰਦਰ ਲਿਖਾਈ ਅੰਗਰੇਜ਼ੀ ਮੁਕਾਬਲੇ ਵਿਚ ਰਮਨਪ੍ਰੀਤ ਕੌਰ ਨੇ ਪਹਿਲਾ ਸਥਾਨ, ਅਤੇ ਪੰਜਾਬੀ ਵਿਚ ਤੀਸਰਾ ਸਥਾਨ ਹਾਸਲ ਕੀਤਾ।ਪ੍ਰਿੰਸੀਪਲ ਸੰਤੋਖ ਸਿੰਘ ਨੇ ਹੋਣਹਾਰ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ।ਇਸ ਮੌਕੇ ਰਾਜਬੀਰ ਕੌਰ, ਪਰਮਿੰਦਰ ਕੌਰ ਟਿਵਾਣਾ, ਜਤਿੰਦਰਪਾਲ ਕੌਰ ਜੱਜ, ਹਰਸਿਮਰਨ ਕੌਰ, ਤੇਜਿੰਦਰ ਕੌਰ, ਸੁਮਨਬਾਲਾ, ਮਨਬੀਰ ਕੌਰ, ਜਸਪਾਲ ਸਿੰਘ ਆਦਿ ਹਾਜ਼ਰ ਸਨ।

## ਭਲਾਈਪੁਰ ਨੇ ਕਾਂਗਰਸੀ ਉਮੀਦਵਾਰ ਜਗਦੀਪ ਸਿੰਘ ਦੇ ਹੱਕ 'ਚ ਕੀਤਾ ਚੋਣ ਪ੍ਰਚਾਰ



**ਬਿਆਸ (ਪਰਮਜੀਤ ਸਿੰਘ ਰੱਖੜਾ)**- ਕਾਂਗਰਸ ਪਾਰਟੀ ਦੇ ਸਾਬਕਾ ਵਿਧਾਇਕ ਸੰਤੋਖ ਸਿੰਘ ਭਲਾਈਪੁਰ ਨੇ ਕੋਟ ਮਹਿਤਾਬ ਜ਼ੋਨ ਤੋਂ ਕਾਂਗਰਸ ਪਾਰਟੀ ਦੇ ਬਲਾਕ ਸੰਮਤੀ ਉਮੀਦਵਾਰ ਜਗਦੀਪ ਸਿੰਘ ਭੁੱਲਰ ਦੇ ਹੱਕ ਵਿੱਚ ਪਿੰਡ ਵਜ਼ੀਰ ਭੁੱਲਰ ਵਿਖੇ ਚੋਣ ਮੀਟਿੰਗ ਨੂੰ ਸੰਬੋਧਨ ਕੀਤਾ। ਉਨ੍ਹਾਂ ਪਿੰਡ 'ਚ ਘਰ-ਘਰ ਜਾ ਕੇ ਜਗਦੀਪ ਸਿੰਘ ਦੇ ਹੱਕ ਵਿੱਚ ਚੋਣ ਪ੍ਰਚਾਰ ਦੌਰਾਨ ਵੋਟਰਾਂ ਨੂੰ ਲਾਮਬੰਦ ਕੀਤਾ।ਇਸ ਮੌਕੇ ਸਾਬਕਾ ਵਿਧਾਇਕ ਸੰਤੋਖ ਸਿੰਘ ਭਲਾਈਪੁਰ ਤੋਂ ਇਲਾਵਾ ਜਗਦੀਪ ਸਿੰਘ, ਸਾਬਕਾ ਸਰਪੰਚ ਸਤਵਿੰਦਰ ਕੌਰ, ਸਾਬਕਾ ਸਰਪੰਚ ਸਿਕੰਦਰ ਸਿੰਘ, ਥਾਣੇਦਾਰ ਹਰਜੀਤ ਸਿੰਘ, ਰਜਿੰਦਰ ਸਿੰਘ ਬਿੱਲਾ, ਨਿਰਮਲ ਸਿੰਘ ਸੀਨੀਅਰ ਕਾਂਗਰਸੀ ਆਗੂ, ਸੁਖਜਿੰਦਰ ਸਿੰਘ ਮਿੱਟੂ, ਬਿਕਰਮਜੀਤ ਸਿੰਘ, ਸ਼ਮਸ਼ੇਰ ਸਿੰਘ, ਰਜਵੰਤ ਸਿੰਘ ਦਵਿੰਦਰ ਸਿੰਘ ਖੋਜਕੀਪੁਰ, ਗੁਰਬਿੰਦਰ ਸਿੰਘ ਸਾਹਬੀ ਕੋਟ ਮਹਿਤਾਬ, ਚਮਕੌਰ ਸਿੰਘ ਮੈਂਬਰ ਪੰਚਾਇਤ ਅਤੇ ਹੋਰ ਪਤਵੰਤੇ ਹਾਜ਼ਰ ਸਨ।

## ਪ੍ਰਭਲੀਨ ਕੌਰ 'ਸਰਵੋਤਮ ਵਿਦਿਆਰਥੀ ਐਵਾਰਡ' ਨਾਲ ਸਨਮਾਨਿਤ




**ਤਰਨਤਾਰਨ (ਪ੍ਰਿਤਪਾਲ ਸਿੰਘ)**- ਗੁਰੂ ਅਮਰਦਾਸ ਆਦਰਸ਼ ਇੰਸਟੀਚਿਊਟ ਗੋਇੰਦਵਾਲ ਸਾਹਿਬ ਦੀ ਹੋਣਹਾਰ ਵਿਦਿਆਰਥਣ ਪ੍ਰਭਲੀਨ ਕੌਰ ਨੂੰ ਗੁਰੂ ਅਰਜਨ ਦੇਵ ਸਹੋਦਿਆ, ਤਰਨ ਤਾਰਨ ਵੱਲੋਂ 'ਸਰਵੋਤਮ ਵਿਦਿਆਰਥੀ ਐਵਾਰਡ' ਨਾਲ ਸਨਮਾਨਿਤ ਕੀਤਾ ਗਿਆ।ਇਸ ਵਿਦਿਆਰਥਣ ਨੇ ਆਪਣੇ ਮਿਹਨਤੀ ਸੁਭਾਅ, ਅਨੁਸ਼ਾਸਨ ਅਤੇ ਉੱਤਮ ਕਾਰਗੁਜ਼ਾਰੀ ਨਾਲ ਸਾਰੇ ਸਕੂਲਾਂ ਦੇ ਵਿਦਿਆਰਥੀਆਂ ਲਈ ਪ੍ਰੇਰਣਾ ਸਿਰਜੀ ਹੈ।ਮਾਤਾ ਗੁਜਰੀ ਕੌਨਵੈਂਟ ਸਕੂਲ ਸਰਹਾਲੀ ਕਲਾਂ ਵਿਖੇ ਹੋਏ ਇਸ ਐਵਾਰਡ ਸਮਾਰੋਹ ਦੌਰਾਨ ਪ੍ਰਭਲੀਨ ਕੌਰ ਦੀ ਲਗਨ, ਮਿਹਨਤ ਅਤੇ ਸਕੂਲੀ ਗਤੀਵਿਧੀਆਂ ਵਿੱਚ ਸਰਗਰਮ ਭਾਗੀਦਾਰੀ ਦੀ ਖਾਸ ਪ੍ਰਸ਼ੰਸਾ ਕੀਤੀ ਗਈ। ਸੰਸਥਾ ਦੇ ਡਾਇਰੈਕਟਰ ਡਾਕਟਰ ਜਤਿੰਦਰਪਾਲ ਸਿੰਘ ਰੰਧਾਵਾ ਨੇ ਦੱਸਿਆ ਕਿ ਪ੍ਰਭਲੀਨ ਕੌਰ ਹਮੇਸ਼ਾ ਹਰ ਕੰਮ ਵਿੱਚ ਪਹਿਲ ਕਦਮੀ ਕਰਕੇ ਅੱਗੇ ਵਧਦੀ ਹੈ, ਆਪਣੀ ਜ਼ਿੰਮੇਵਾਰੀ ਨੂੰ ਇਮਾਨਦਾਰੀ ਨਾਲ ਨਿਭਾਉਂਦੀ ਹੈ ਅਤੇ ਅਕਾਦਮਿਕ ਦੇ ਨਾਲ-ਨਾਲ ਸਕੂਲ ਵਿੱਚ ਹੁੰਦੀ ਹਰ ਗਤੀਵਿਧੀਆਂ ਵਿੱਚ ਵੀ ਸ਼ਾਨਦਾਰ ਪ੍ਰਦਰਸ਼ਨ ਕਰਦੀ ਹੈ।ਉਨ੍ਹਾਂ ਵਿਦਿਆਰਥਣ ਨੂੰ ਵਧਾਈ ਦਿੰਦਿਆਂ ਹਮੇਸ਼ਾ ਆਪਣੀਆਂ ਜ਼ਿੰਮੇਵਾਰੀਆਂ ਨੂੰ ਪੂਰੇ ਫਰਜ਼ ਅਤੇ ਇਮਾਨਦਾਰੀ ਨਾਲ ਨਿਭਾਉਂਦੇ ਰਹਿਣ ਲਈ ਪ੍ਰੇਰਿਤ ਕੀਤਾ ਅਤੇ ਹਮੇਸ਼ਾ ਦੂਜੇ ਵਿਦਿਆਰਥੀਆਂ ਲਈ ਪ੍ਰੇਰਨਾ ਸਰੋਤ ਬਣੇ ਰਹਿਣ ਲਈ ਉਤਸ਼ਾਹਿਤ ਕੀਤਾ।

## ਗਿਣਤੀ ਕੇਂਦਰਾਂ ਦੇ 100 ਮੀਟਰ ਦੇ ਘੇਰੇ ਵਿੱਚ ਵੱਖ-ਵੱਖ ਪਾਬੰਦੀਆਂ ਦੇ ਹੁਕਮ

**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਜ਼ਿਲ੍ਹਾ ਮੈਜਿਸਟਰੇਟ ਤਰਨਤਾਰਨ ਸ਼੍ਰੀ ਰਾਹੁਲ ਆਈਏਐੱਸ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਇਨ੍ਹਾਂ ਚੋਣਾਂ ਦੇ ਸੁਤੰਤਰ, ਨਿਰਪੱਖ, ਸ਼ਾਂਤੀਪੂਰਨ ਅਤੇ ਰਾਜ ਚੋਣ ਕਮਿਸ਼ਨ, ਪੰਜਾਬ ਦੇ ਨਿਰਦੇਸ਼ਾਂ ਅਤੇ ਨਿਯਮਾਂ ਦੀ ਸਖ਼ਤੀ ਨਾਲ ਪਾਲਣਾ ਕਰਨ ਲਈ 14 ਦਸੰਬਰ ਦੀ ਸ਼ਾਮ 4:00 ਵਜੇ ਤੋਂ 17 ਦਸੰਬਰ ਤੱਕ ਉਕਤ ਸਮੂਹ ਗਿਣਤੀ ਕੇਂਦਰਾਂ ਦੇ 100 ਮੀਟਰ ਦੇ ਘੇਰੇ ਵਿੱਚ ਪੰਜ ਜਾਂ ਪੰਜ ਤੋਂ ਵੱਧ ਵਿਅਕਤੀਆਂ ਦੇ ਇਕੱਠੇ ਹੋਣ/ਗਤੀਵਿਧੀਆਂ ਕਰਨ ਤੇ ਪਾਬੰਦੀ ਹੋਵੇਗੀ।ਇਹ ਹੁਕਮ ਚੋਣ ਡਿਊਟੀ ਉੱਪਰ ਤਾਇਨਾਤ ਅਧਿਕਾਰੀਆਂ ਤੇ ਕਰਮਚਾਰੀਆਂ ਉਪਰ ਲਾਗੂ ਨਹੀਂ ਹੋਵੇਗਾ।ਚੋਣਾਂ ਦੀ ਗਿਣਤੀ ਵਾਲੇ ਸਥਾਨਾਂ ਦੇ 100 ਮੀਟਰ ਦੇ ਘੇਰੇ ਅੰਦਰ ਕੋਈ ਵੀ ਵਿਅਕਤੀ ਸਿਵਾਏ ਰਾਜ ਚੋਣ ਕਮਿਸ਼ਨ, ਪੰਜਾਬ, ਜ਼ਿਲ੍ਹਾ ਚੋਣ ਅਫ਼ਸਰ ਅਤੇ ਸਬੰਧਿਤ ਰਿਟਰਨਿੰਗ ਅਫ਼ਸਰ ਵੱਲੋਂ ਅਧਿਕਾਰਤ ਵਿਅਕਤੀ ਤੋਂ ਬਿਨਾਂ ਆਪਣਾ ਪ੍ਰਾਈਵੇਟ ਵਾਹਨ ਲੈ ਕੇ ਜਾਣ ਦੀ ਮਨਾਹੀ ਹੋਵੇਗੀ।ਚੋਣਾਂ ਦੀ ਗਿਣਤੀ ਵਾਲੇ ਸਥਾਨਾਂ ਦੇ 100 ਮੀਟਰ ਦੇ ਘੇਰੇ ਵਿੱਚ ਕਿਸੇ ਵੀ ਤਰ੍ਹਾਂ ਦੀ ਗਤੀਵਿਧੀ ਜੋ ਚੋਣ ਪ੍ਰਕਿਰਿਆ ਨੂੰ ਪ੍ਰਭਾਵਿਤ ਕਰਦੀ ਹੋਵੇ 'ਤੇ ਮੁਕੰਮਲ ਪਾਬੰਦੀ ਹੋਵੇਗੀ।ਮਨਾਹੀ ਦਾ ਇਹ ਹੁਕਮ 17 ਦਸੰਬਰ ਤੱਕ ਲਾਗੂ ਰਹੇਗਾ।

## ਚੋਣਾਂ ਨੂੰ ਲੈ ਕੇ ਅਕਾਲੀ ਦਲ ਨੇ ਅਜਨਾਲਾ ਦੇ ਕਈ ਪਿੰਡਾਂ 'ਚ ਕੀਤੀਆਂ ਭਾਰੀ ਰੈਲੀਆਂ



**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**- ਭਲਕ ਨੂੰ ਹੋਣ ਜਾ ਰਹੀਆਂ ਬਲਾਕ ਸੰਮਤੀ ਅਤੇ ਜ਼ਿਲ੍ਹਾ ਪ੍ਰੀਸ਼ਦ ਚੋਣਾਂ ਨੂੰ ਲੈ ਕੇ ਸ਼੍ਰੋਮਣੀ ਅਕਾਲੀ ਦਲ ਨੇ ਅਜਨਾਲਾ ਹਲਕੇ ਵਿੱਚ ਵੱਡੇ ਪੱਧਰ 'ਤੇ ਚੋਣ ਰੈਲੀਆਂ ਦਾ ਆਯੋਜਨ ਕੀਤਾ।ਇਨ੍ਹਾਂ ਰੈਲੀਆਂ ਦੀ ਅਗਵਾਈ ਹਲਕਾ ਇੰਚਾਰਜ ਅਤੇ ਸ਼੍ਰੋਮਣੀ ਕਮੇਟੀ ਮੈਂਬਰ ਸ. ਯੋਧ ਸਿੰਘ ਸਮਰਾ ਨੇ ਕੀਤੀ।ਰੈਲੀਆਂ ਵਿੱਚ ਸ਼ਾਮਲ ਹੁੰਦੇ ਹੋਏ ਸੈਂਕੜੇ ਦੀ ਗਿਣਤੀ ਵਿੱਚ ਪਿੰਡ ਵਾਸੀਆਂ ਨੇ ਆਪਣੀ ਹਾਜ਼ਰੀ ਲਗਵਾਈ ਅਤੇ ਅਕਾਲੀ ਦਲ ਦੇ ਸਮਰਥਨ ਵਿੱਚ ਨਾਅਰੇਬਾਜ਼ੀ ਕਰਦੇ ਹੋਏ ਚੋਣ ਮਾਹੌਲ ਨੂੰ ਗਰਮਾਇਆ।ਲੋਕਾਂ ਨੂੰ ਸੰਬੋਧਨ ਕਰਦਿਆਂ ਸਮਰਾ ਨੇ ਕਿਹਾ ਕਿ ਮੌਜੂਦਾ ਸਰਕਾਰ ਪੂਰੀ ਤਰ੍ਹਾਂ ਫੇਲ੍ਹ ਹੋ ਚੁੱਕੀ ਹੈ ਅਤੇ ਲੋਕਾਂ ਦੀਆਂ ਮੁੱਢਲੀਆਂ ਸਹੂਲਤਾਂ ਪਾਣੀ, ਗੰਦਗੀ ਪ੍ਰਬੰਧ, ਰਸਤੇ, ਸਹੂਲਤ ਕੇਂਦਰਾਂ—ਤੇ ਕੋਈ ਵੀ ਕੰਮ ਨਹੀਂ ਕੀਤਾ ਗਿਆ।ਅਜਨਾਲਾ ਹਲਕੇ ਦੇ ਵਿਕਾਸ ਲਈ ਜੋ ਕੰਮ ਅਕਾਲੀ ਦਲ ਨੇ ਕੀਤੇ, ਉਹ ਕਿਸੇ ਤੋਂ ਲੁਕੇ ਨਹੀਂ ਪਿੰਡਾਂ ਦੇ ਕਾਲਜ, ਸਕੂਲਾਂ ਦੀਆਂ ਇਮਾਰਤਾਂ, ਗੁਰਦੁਆਰਾ ਸਾਹਿਬ ਦੀਆਂ ਸਹੂਲਤਾਂ, ਖੇਤੀਬਾੜੀ ਸਬਸਿਡੀਆਂ—ਇਹ ਸਾਰੇ ਕੰਮ ਅਕਾਲੀ ਦਲ ਦੇ ਰਾਜ ਵਿੱਚ ਹੀ ਹੋਏ।ਹੁਣ ਦੁਬਾਰਾ ਉਹੀ ਵਿਕਾਸ ਲਿਆਉਣ ਦਾ ਸਮਾਂ ਹੈ।ਉਨ੍ਹਾਂ ਨੇ ਅਪੀਲ ਕੀਤੀ ਕਿ 14 ਦਸੰਬਰ ਨੂੰ ਵੋਟ ਪਾ ਕੇ ਪਿੰਡਾਂ ਦਾ ਮਾਣ ਬਣਾ ਕੇ ਅਕਾਲੀ ਦਲ ਦੇ ਉਮੀਦਵਾਰ ਨੂੰ ਭਾਰੀ ਵੋਟਾਂ ਨਾਲ ਕਾਮਯਾਬ ਕਰੋ।

## ਵਿਦਿਆਰਥੀਆਂ ਦਾ ਕਰੀਅਰ ਬਾਰੇ ਕੀਤਾ ਮਾਰਗਦਰਸ਼ਨ



**ਛੇਹਰਟਾ, (ਮਨੋਜ ਕੁਮਾਰ)**- ਸ੍ਰੀ ਗੁਰੂ ਅਰਜਨ ਦੇਵ ਇੰਸਟੀਚਿਊਟ ਆਫ ਨਰਸਿੰਗ, ਝਬਾਲ ਰੋਡ ਅੰਮ੍ਰਿਤਸਰ ਵੱਲੋਂ ਸਰਕਾਰੀ ਸਕੂਲ ਗੁਨਮਾਨਪੁਰਾ ਨਾਲ ਮਿਲ ਕੇ ਪ੍ਰੋਗਰਾਮ ਕਰਵਾਇਆ ਗਿਆ। ਇਸ ਪਹਿਲ ਦਾ ਉਦੇਸ਼ ਵਿਦਿਆਰਥੀਆਂ ਨੂੰ ਨਰਸਿੰਗ ਮਾਨਤਾ ਪ੍ਰਕਿਰਿਆ ਬਾਰੇ ਸਹੀ ਜਾਣਕਾਰੀ ਪ੍ਰਦਾਨ ਕਰਨਾ, ਬੇਹਤਰ ਅਕਾਦਮਿਕ ਸਮਝ ਵਿਕਸਤ ਕਰਨਾ ਤੇ ਉਨ੍ਹਾਂ ਨੂੰ ਢੁਕਵੀਂ ਕਰੀਅਰ ਦਿਸ਼ਾ ਪ੍ਰਦਾਨ ਕਰਨਾ ਸੀ। 11ਵੀਂ ਤੇ 12ਵੀਂ ਜਮਾਤ ਦੇ ਮੈਡੀਕਲ ਤੇ ਨਾਨ-ਮੈਡੀਕਲ ਵਰਗ ਦੇ ਵਿਦਿਆਰਥੀਆਂ ਨੇ ਪ੍ਰੋਗਰਾਮ ਵਿਚ ਹਿੱਸਾ ਲਿਆ। ਮਨਜੀਤ ਸਿੰਘ, ਹਰਸੁਮੀਤ ਕੌਰ, ਸੁਨੇਹਾ, ਪਾਇਲ, ਉਬੈਦ ਸਵਿਤਾ ਤੇ ਪੂਨਮ ਨੇ ਪ੍ਰੋਗਰਾਮ ਵਿਚ ਇੰਸਟੀਚਿਊਟ ਦੀ ਨੁਮਾਇੰਦਗੀ ਕੀਤੀ। ਉਨ੍ਹਾਂ ਵਿਦਿਆਰਥੀਆਂ ਨੂੰ ਨਰਸਿੰਗ ਖੇਤਰ ਵਿਚ ਉਪਲੱਬਧੀ ਦੇ ਮੌਕਿਆਂ, ਪੇਸ਼ੇਵਰ ਮਾਪਦੰਡਾਂ ਅਤੇ ਸਹੀ ਵਿਦਿਅਕ ਪ੍ਰਕਿਰਿਆਵਾਂ ਦੀ ਮਹੱਤਤਾ ਬਾਰੇ ਵਿਸਥਾਰਪੂਰਵਕ ਜਾਣਕਾਰੀ ਪ੍ਰਦਾਨ ਕੀਤੀ। ਸਕੂਲ ਪ੍ਰਸ਼ਾਸਨ ਨੇ ਸੰਸਥਾ ਦੀ ਟੀਮ ਦਾ ਧੰਨਵਾਦ ਕੀਤਾ ਅਤੇ ਅਜਿਹੇ ਜਾਗਰੂਕਤਾ ਤੇ ਮਾਰਗਦਰਸ਼ਨ ਕਰਨ ਵਾਲੇ ਪ੍ਰੋਗਰਾਮਾਂ ਨੂੰ ਜਾਰੀ ਰੱਖਣ ਲਈ ਕਿਹਾ।

## ਜ਼ਿਲ੍ਹਾ ਪ੍ਰੀਸ਼ਦ ਉਮੀਦਵਾਰ ਹਰਪ੍ਰੀਤ ਕੌਰ ਦੇ ਹੱਕ 'ਚ ਮੰਗੀਆਂ ਵੋਟਾਂ



**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**- ਭਾਰਤੀ ਜਨਤਾ ਪਾਰਟੀ ਵੱਲੋਂ ਸ੍ਰੀ ਹਰਗੋਬਿੰਦਪੁਰ ਸਾਹਿਬ ਤੋਂ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਹਰਪ੍ਰੀਤ ਕੌਰ ਪਤਨੀ ਸਿਕੰਦਰ ਸਿੰਘ ਨੂੰ ਟਿਕਟ ਦਿੱਤੀ ਗਈ ਹੈ।ਇਸ ਮੌਕੇ ਸਿਕੰਦਰ ਸਿੰਘ ਅਤੇ ਬਲਜਿੰਦਰ ਸਿੰਘ ਦਕੋਹਾ ਵੱਲੋਂ ਹਰਪ੍ਰੀਤ ਕੌਰ ਦੇ ਹੱਕ 'ਚ ਹਰਚੋਵਾਲ ਅਤੇ ਆਸ ਪਾਸ ਦੇ ਪਿੰਡਾਂ ਵਿਚ ਚੋਣ ਪ੍ਰਚਾਰ ਕੀਤਾ ਗਿਆ।ਇਸ ਮੌਕੇ ਉਨ੍ਹਾਂ ਨਾਲ ਅਮਿਤ ਕੁਮਾਰ, ਹਰਸ਼ ਅਰਮਾਨ, ਅਮਰੀਕ ਸਿੰਘ ਵੱਲੋਂ ਲੋਕਾਂ ਨੂੰ ਬੀਜੇਪੀ ਨੂੰ ਵੋਟਾਂ ਪਾਉਣ ਦੀ ਅਪੀਲ ਕੀਤੀ ਗਈ। ਇਸ ਮੌਕੇ ਬਲਜਿੰਦਰ ਸਿੰਘ ਦਕੋਹਾ ਨੇ ਕਿਹਾ ਕਿ ਭਾਮੜੀ ਤੋਂ ਬਹੁਤ ਹੀ ਸੂਝਵਾਨ ਅਤੇ ਪੜ੍ਹੀ ਲਿਖੀ ਹਰਪ੍ਰੀਤ ਕੌਰ ਪਤਨੀ ਸਿਕੰਦਰ ਸਿੰਘ ਨੂੰ ਬੀਜੇਪੀ ਨੇ ਟਿਕਟ ਦੇ ਕੇ ਨਿਵਾਜਿਆ ਗਿਆ ਹੈ। ਉਨ੍ਹਾਂ ਨੇ ਸ੍ਰੀ ਹਰਗੋਬਿੰਦਪੁਰ ਸਾਹਿਬ ਹਲਕੇ ਨੂੰ ਅਪੀਲ ਕੀਤੀ ਹੈ ਕਿ ਹਰਪ੍ਰੀਤ ਕੌਰ ਦੇ ਹੱਕ ਵਿੱਚ ਵੋਟਾਂ ਪਾ ਕੇ ਉਨ੍ਹਾਂ ਨੂੰ ਜਿਤਾਓ।ਇਸ ਮੌਕੇ ਬੀਜੇਪੀ ਉਮੀਦਵਾਰ ਹਰਪ੍ਰੀਤ ਕੌਰ ਨੂੰ ਲੋਕਾਂ ਦਾ ਵੀ ਵੱਡਾ ਸਾਥ ਮਿਲ ਰਿਹਾ ਹੈ।ਉਨ੍ਹਾਂ ਨੂੰ ਵੀ ਪੂਰੀ ਉਮੀਦ ਹੈ ਕਿ ਉਨ੍ਹਾਂ ਦੀ ਜਿੱਤ ਜ਼ਰੂਰ ਹੋਵੇਗੀ।

## ਜ਼ਿਲ੍ਹਾ ਕਚਹਿਰੀਆਂ 'ਚ ਕੌਮੀ ਲੋਕ ਅਦਾਲਤ ਅੱਜ

**ਪੱਟੀ (ਬਲਦੇਵ ਸਿੰਘ ਸੰਧੂ)**- ਰਾਸ਼ਟਰੀ ਕਾਨੂੰਨੀ ਸੇਵਾਵਾਂ ਅਥਾਰਟੀ ਅਤੇ ਕਾਰਜਕਾਰੀ ਚੇਅਰਮੈਨ ਅਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਐੱਸਏਐੱਸ ਨਗਰ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹਾ ਤਰਨ ਤਾਰਨ ਵਿੱਚ ਕੌਮੀ ਲੋਕ ਅਦਾਲਤ 13 ਦਸੰਬਰ ਨੂੰ ਲਗਾਈ ਜਾ ਰਹੀ ਹੈ।ਜਾਣਕਾਰੀ ਦਿੰਦਿਆਂ ਕੰਵਲਜੀਤ ਸਿੰਘ ਬਾਜਵਾ, ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਤਰਨ ਤਾਰਨ ਨੇ ਦੱਸਿਆ ਕਿ ਇਸ ਕੌਮੀ ਲੋਕ ਅਦਾਲਤ ਵਿੱਚ 138 ਐਨ.ਆਈ. ਐਕਟ, ਬੈਂਕ ਰਿਕਵਰੀ ਕੇਸ, ਲੇਬਰ ਕੇਸ, ਬਿਜਲੀ, ਪਾਣੀ, ਅਤੇ ਕਮੇਟੀ ਘਰ ਦੇ ਹੋਰ ਕੇਸ ਜਿਵੇਂ ਕਿ ਸੀਵਰੇਜ, ਵਾਟਰ ਸਪਲਾਈ, ਹਾਊਸ ਟੈਕਸ, ਸਾਇਟ ਪਲਾਨ ਆਦਿ ਸਾਰੇ ਤਰ੍ਹਾਂ ਦੇ ਸਿਵਲ ਕੇਸ, ਛੋਟੇ ਘੱਟ ਸਜ਼ਾ ਵਾਲੇ ਅਪਰਾਧ, ਵਿਆਹੁਤਾ ਝਗੜੇ, ਐੱਮਏਸੀਟੀ (ਮੋਟਰ ਐਕਸੀਡੈਂਟ) ਦੇ ਕੇਸ, ਇੰਸ਼ੋਰੈਂਸ ਕਲੇਮ ਦੇ ਕੇਸਾਂ ਦਾ ਨਿਪਟਾਰਾ ਆਪਸੀ ਰਜ਼ਾਮੰਦੀ ਨਾਲ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਲੋਕ ਅਦਾਲਤ ਰਾਹੀਂ ਹੱਲ ਕੀਤੇ ਜਾਂਦੇ ਮੁਕੱਦਮਿਆਂ ਦੀ ਅੱਗੇ ਕਿਸੇ ਵੀ ਅਦਾਲਤ ਵਿੱਚ ਅਪੀਲ ਨਹੀਂ ਕੀਤੀ ਜਾ ਸਕਦੀ ਅਤੇ ਲੋਕ ਅਦਾਲਤ ਰਾਹੀਂ ਹੱਲ ਕੀਤੇ ਗਏ ਮਾਮਲੇ ਦਾ ਫੈਸਲਾ ਅੰਤਿਮ ਹੁੰਦਾ ਹੈ।ਉਨਾਂ ਜਨਤਾ ਨੂੰ ਅਪੀਲ ਕੀਤੀ ਕਿ ਉਹ ਆਪਣੇ ਕੇਸਾਂ ਦਾ ਲੋਕ ਅਦਾਲਤਾਂ ਵਿੱਚ ਫੈਸਲਾ ਕਰਵਾ ਕੇ ਵੱਧ ਤੋਂ ਵੱਧ ਲਾਭ ਉਠਾਉਣ।

## ਚੋਣਾਂ ਨੂੰ ਲੈ ਕੇ ਵਿਨੈ ਚੌਧਰੀ ਨੇ ਸੰਦੀਪ ਠਾਕੁਰ ਅਤੇ ਮਦਨ ਲਾਲ ਦੇ ਹੱਕ 'ਚ ਕੀਤਾ ਤੂਫਾਨੀ ਦੌਰਾ



**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)**- ਹਲਕਾ ਦੀਨਾਨਗਰ ਤੋਂ ਭਾਜਪਾ ਦੇ ਸੀਨੀਅਰ ਨੇਤਾ ਵਿਨੈ ਚੌਧਰੀ ਨੇ ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਚੋਣਾਂ ਨੂੰ ਲੈ ਕੇ ਜ਼ੋਨ ਨੰਬਰ ਦੋ ਚੌਂਤਾ ਤੋਂ ਸੰਦੀਪ ਸਿੰਘ ਠਾਕੁਰ ਅਤੇ ਜ਼ੋਨ ਨੰਬਰ ਇੱਕ ਤੋਂ ਮਦਨ ਲਾਲ ਦੇ ਹੱਕ ਵਿੱਚ ਤੂਫਾਨੀ ਦੌਰਾ ਕਰ ਕੇ ਉਮੀਦਵਾਰਾਂ ਦੀ ਪ੍ਰਚਾਰ ਮੁਹਿੰਮ ਨੂੰ ਤੇਜ਼ ਕਰ ਦਿੱਤਾ ਹੈ।134 ਪਿੰਡਾਂ ਵਿੱਚ ਰੈਲੀਆਂ ਨੂੰ ਸੰਬੋਧਨ ਕਰਦਿਆਂ ਭਾਜਪਾ ਆਗੂ ਵਿਨੈ ਚੌਧਰੀ ਨੇ ਕਿਹਾ ਕਿ ਪ੍ਰਚਾਰ ਦੌਰਾਨ ਭਾਜਪਾ ਉਮੀਦਵਾਰਾਂ ਪ੍ਰਤੀ ਲੋਕਾਂ ਦਾ ਉਤਸ਼ਾਹ ਵੇਖਣ ਨੂੰ ਮਿਲ ਰਿਹਾ ਹੈ ਤੇ ਇਸ ਵਾਰ ਦੀਆਂ ਬਲਾਕ ਸੰਮਤੀ ਚੋਣਾਂ ਵਿੱਚ ਸਿਰਫ ਭਾਜਪਾ ਪਾਰਟੀ ਦੇ ਉਮੀਦਵਾਰ ਹੀ ਜਿੱਤ ਦਰਜ ਕਰਨਗੇ।ਵਿਨੈ ਚੌਧਰੀ ਨੇ ਕਿਹਾ ਕਿ ਪਿਛਲੇ ਸਮੇਂ ਤੋਂ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਦੇਸ਼ ਦੇ ਵਿਕਾਸ ਲਈ ਜੋ ਕੰਮ ਕੀਤੇ ਹਨ ਉਹ ਇਤਿਹਾਸਕ ਹਨ ਅਤੇ ਹੁਣ ਲੋਕ ਜਾਣ ਚੁੱਕੇ ਹਨ ਕਿ ਅਸਲ ਵਿਕਾਸ ਕੌਣ ਕਰ ਸਕਦਾ ਹੈ।ਉਨ੍ਹਾਂ ਕਿਹਾ ਕਿ ਪਿੰਡਾਂ ਦੇ ਲੋਕ ਵਿਰੋਧੀ ਪਾਰਟੀਆਂ ਦੇ ਗੁੰਮਰਾਹਕੁਨ ਪ੍ਰਚਾਰ ਨੂੰ ਰੱਦ ਕਰ ਚੁੱਕੇ ਹਨ ਅਤੇ ਲੋਕ ਵੱਡੀ ਗਿਣਤੀ ਨਾਲ ਭਾਜਪਾ ਪਾਰਟੀ ਨਾਲ ਜੁੜ ਰਹੇ ਹੈ।ਉਨ੍ਹਾਂ ਨੇ ਪਾਰਟੀ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਘਰ-ਘਰ ਜਾ ਕੇ ਲੋਕਾਂ ਨੂੰ ਭਾਜਪਾ ਦੀਆਂ ਨੀਤੀਆਂ ਬਾਰੇ ਦੱਸਣ ਤਾਂ ਜੋ ਲੋਕ ਭਾਜਪਾ ਦੇ ਹੱਕ ਵਿੱਚ ਭੁਗਤ ਸਕਣ।ਇਸ ਮੌਕੇ ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਦੇ ਉਮੀਦਵਾਰ ਅਤੇ ਸਥਾਨਕ ਆਗੂ ਅਤੇ ਭਾਜਪਾ ਦੇ ਸਮਰਥਕ ਹਾਜ਼ਰ ਸਨ।

## ਪੁਲਸ ਦੇ ਟ੍ਰੈਫਿਕ ਸਟਾਫ਼ ਨੇ ਵਿਦਿਆਰਥੀਆਂ ਨੂੰ ਟਰੈਫਿਕ ਨਿਯਮਾਂ ਬਾਰੇ ਦਿੱਤੀ ਜਾਣਕਾਰੀ

**ਬਟਾਲਾ (ਡਾ. ਮਲਵਿੰਦਰ ਸਿੰਘ)** - ਡਾ. ਮਹਿਤਾਬ ਸਿੰਘ ਐੱਸਐੱਸਪੀ ਬਟਾਲਾ ਦੇ ਦਿਸ਼ਾ-ਨਿਰਦੇਸ਼ਾਂ ਹੇਠ ਬਟਾਲਾ ਪੁਲਸ ਦੇ ਟ੍ਰੈਫਿਕ ਸਟਾਫ਼ ਨੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਜੈਤੋ ਸਰਜਾ ਵਿਖੇ ਟ੍ਰੈਫਿਕ ਨਿਯਮਾਂ ਬਾਰੇ ਜਾਗਰੂਕਤਾ ਸੈਮੀਨਾਰ ਕਰਵਾਇਆ ਜਿਸ ਵਿੱਚ ਵਿਦਿਆਰਥੀਆਂ ਨੂੰ ਨਾਬਾਲਗ ਬੱਚਿਆਂ ਨੂੰ ਗੱਡੀ ਚਲਾਉਣ ਵਿਰੁੱਧ ਨਵੇਂ ਕਾਨੂੰਨ, ਸੜਕ ਸੁਰੱਖਿਆ ਅਤੇ ਉਨ੍ਹਾਂ ਦੱਸਿਆ ਕਿ ਅੱਜ ਲੋੜ ਹੈ ਕਿ ਵੱਧ ਤੋਂ ਪੌਦੇ



ਲਗਾਏ ਜਾਣ ਤੇ ਉਨ੍ਹਾਂ ਦੀ ਸਾਂਭ-ਸੰਭਾਲ ਕੀਤੀ ਜਾਵੇ। ਇਸ ਮੌਕੇ ਇੰਸਪੈਕਟਰ ਸੁਰਿੰਦਰ ਸਿੰਘ ਟਰੈਫਿਕ ਇੰਚਾਰਜ ਬਟਾਲਾ ਨੇ ਦੱਸਿਆ ਕਿ ਬਟਾਲਾ ਪੁਲਸ ਦੇ ਟਰੈਫਿਕ ਸਟਾਫ ਨੇ ਵਿਦਿਆਰਥੀਆਂ ਨੂੰ ਰੋਡ ਲਾਈਨ ਤੇ ਰੋਡ ਸਾਈਨ ਬਾਰੇ ਦੱਸਿਆ ਗਿਆ।ਹੈਲਮਟ, ਸੀਟ ਬੈਲਟ ਲਗਾਉਣ ਬਾਰੇ ਵੀ ਜਾਣਕਾਰੀ ਦਿੱਤੀ ਗਈ।ਇਸ ਤੋਂ ਇਲਾਵਾ ਸੜਕ ਸੁਰੱਖਿਆ ਹੈਲਪ ਲਾਈਨ ਨੰਬਰ 112 ਬਾਰੇ ਵੀ ਬੱਚਿਆਂ ਨੂੰ ਦੱਸਿਆ ਗਿਆ।ਇਸ ਮੌਕੇ ਵਿਦਿਆਰਥੀਆਂ ਨੂੰ ਘੱਟ ਉਮਰ ਵਿੱਚ ਡਰਾਈਵਿੰਗ ਕਰਨ ਉਪਰੰਤ ਹੋਣ ਵਾਲੀ ਕਨੂੰਨੀ ਕਾਰਵਾਈ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ।ਡਰਾਈਵਿੰਗ ਲਾਇਸੈਂਸ ਦੀ ਅਹਿਮੀਅਤ ਬਾਰੇ ਅਤੇ ਫ਼ਰਿਸ਼ਤੇ ਸਕੀਮ ਬਾਰੇ ਵੀ ਜਾਗਰੂਕ ਕੀਤਾ ਗਿਆ ।ਇਸ ਮੌਕੇ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਦੁਰਪ੍ਰਭਾਵਾਂ ਬਾਰੇ ਵੀ ਦੱਸਿਆ।

## ਮਗਨਰੇਗਾ ਕਰਮਚਾਰੀ ਯੂਨੀਅਨ ਨੇ ਬੀਡੀਪੀਓ ਮਜੀਠਾ ਨੂੰ ਦਿੱਤਾ ਮੰਗ ਪੱਤਰ

**ਮਜੀਠਾ (ਸੋਇਮ ਆਨੰਦ)**- ਮਗਨਰੇਗਾ ਕਰਮਚਾਰੀ ਯੂਨੀਅਨ ਮਜੀਠਾ ਵੱਲੋਂ ਬਲਾਕ ਮਜੀਠਾ ਦੇ ਪ੍ਰਧਾਨ ਰਣਜੀਤ ਸਿੰਘ ਦੀ ਅਗਵਾਈ ਵਿੱਚ ਮਗਨਰੇਗਾ ਮੁਲਾਜ਼ਮਾਂ ਦੀਆਂ ਮੰਗਾ ਸਬੰਧੀ ਅੱਜ ਬੀਡੀਪੀਓ ਮਜੀਠਾ ਅਮਨਦੀਪ ਸਿੰਘ ਮੰਨਣ ਨੂੰ ਮੰਗ ਪੱਤਰ ਦਿੱਤਾ ਗਿਆ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਨਰੇਗਾ ਯੂਨੀਅਨ ਮਜੀਠਾ ਦੇ ਪ੍ਰਧਾਨ ਰਣਜੀਤ ਸਿੰਘ ਨੇ ਕਿਹਾ ਕਿ ਸਰਕਾਰ ਨਰੇਗਾ ਦੇ ਪੰਜਾਬ ਵਿੱਚ ਇਸ ਸਮੇਂ ਦੇ ਹਾਲਾਤ ਤੋਂ ਭਲੀਭਾਂਤ ਜਾਣੂ ਹੈ। ਇਸ ਸਮੇਂ ਲੇਬਰ ਦੀ ਬਹੁਤਾਤ ਵਾਲੇ ਲਗਭਗ ਸਾਰੇ ਕੰਮ ਬੰਦ ਕੀਤੇ ਜਾ ਚੁੱਕੇ ਹਨ। ਪਿਛਲੇ ਸਾਲਾਂ ਦੌਰਾਨ ਲੇਬਰ ਦੀ ਬਹੁਤਾਤ ਵਾਲੇ ਕਰਵਾਏ ਗਏ ਕੰਮਾਂ ਨੂੰ ਵੀ ਕੇਂਦਰੀ ਟੀਮਾਂ ਵੱਲੋਂ ਗ਼ੈਰ-ਕਾਨੂੰਨੀ ਦੱਸ ਕੇ ਨਰੇਗਾ ਮੁਲਾਜ਼ਮਾਂ ਨੂੰ ਰਿਕਵਰੀ ਪਾਈ ਗਈ ਹੈ।ਉਨਾਂ ਦੱਸਿਆ ਕਿ ਨਰੇਗਾ ਮੁਲਾਜ਼ਮਾਂ ਦੀ ਤਨਖ਼ਾਹ ਨਰੇਗਾ ਕੰਮਾਂ ਤੇ ਕੀਤੇ ਗਏ ਕੁੱਲ ਖ਼ਰਚੇ ਦੇ 5.25% ਕੰਟਨਜੰਸੀ ਵਿੱਚੋਂ



ਦਿੱਤੀ ਜਾਂਦੀ ਹੈ, ਨਰੇਗਾ ਤੋਂ ਇਲਾਵਾ ਕਿਸੇ ਵੀ ਤਰ੍ਹਾਂ ਦੇ ਨਰੇਗਾ ਮੁਲਾਜ਼ਮਾਂ ਵੱਲੋਂ ਕੀਤੇ ਗਏ ਕੰਮ ਦਾ ਕੋਈ ਵੀ ਲਾਭ ਨਰੇਗਾ ਮੁਲਾਜ਼ਮਾਂ ਨੂੰ ਨਹੀਂ ਦਿੱਤਾ ਜਾਂਦਾ।ਇਸ ਸਮੇਂ ਹਾਲਾਤ ਇਹ ਹਨ ਕਿ ਹੈੱਡਕੁਆਰਟਰ ਮੋਹਾਲੀ ਵੱਲੋਂ ਇੱਕ ਪੱਤਰ ਜਾਰੀ ਕਰਕੇ ਨਰੇਗਾ ਮੁਲਾਜ਼ਮਾਂ ਨੂੰ ਆਉਣ ਸਮੇਂ ਲਈ ਇੱਕ ਸ਼ੀਸ਼ਾ ਦਿਖਾਇਆ ਜਾ ਚੁੱਕਾ ਹੈ ਕਿ ਪੰਜਾਬ ਦੇ ਲਗਭਗ 18 ਜ਼ਿਲ੍ਹਿਆਂ ਲਈ ਮੁਲਾਜ਼ਮਾਂ ਨੂੰ ਤਨਖ਼ਾਹਾਂ ਦੇਣ ਲਈ ਸਾਡੇ ਕੋਲ਼ ਪੈਸਾ ਨਹੀਂ ਹੈ।ਇਸ ਲਈ ਨਰੇਗਾ ਕਰਮਚਾਰੀ ਯੂਨੀਅਨ ਪੰਜਾਬ ਵੱਲੋਂ ਇਹ ਫ਼ੈਸਲਾ ਲਿਆ ਗਿਆ ਹੈ ਕਿ ਜਦੋਂ ਤੱਕ ਨਰੇਗਾ ਮੁਲਾਜ਼ਮਾਂ ਨੂੰ ਹਰੇਕ ਮਹੀਨੇ ਤੈਅ ਕੀਤੀ ਤਨਖ਼ਾਹ ਦੇਣ ਦੀ ਗਰੰਟੀ ਨਹੀਂ ਦਿੱਤੀ ਜਾਂਦੀ ਓਦੋਂ ਤੱਕ ਨਰੇਗਾ ਮੁਲਾਜ਼ਮ ਨਰੇਗਾ ਤੋਂ ਇਲਾਵਾ ਕਿਸੇ ਵੀ ਪ੍ਰਕਾਰ ਦਾ ਵਾਧੂ ਕੰਮ ਕਰਨ ਦਾ ਯੂਨੀਅਨ ਮੁਕੰਮਲ ਬਾਈਕਾਟ ਕਰਦੀ ਹੈ।ਇਸ ਮੌਕੇ ਪ੍ਰਧਾਨ ਰਣਜੀਤ ਸਿੰਘ, ਗੁਰਮੁਖ ਸਿੰਘ, ਗੁਰਦੇਵ ਸਿੰਘ, ਰਾਜੇਸ਼ ਕੁਮਾਰ, ਹਰਵਿੰਦਰ ਸਿੰਘ, ਮਲਕੀਤ ਸਿੰਘ, ਜੋਬਨਜੀਤ ਸਿੰਘ, ਓਂਕਾਰ ਸਿੰਘ, ਜਸਬੀਰ ਸਿੰਘ, ਹਰਜਿੰਦਰ ਸਿੰਘ, ਗੁਰਚੈਨ ਸਿੰਘ, ਅਜੇ ਕੁਮਾਰ, ਨਿਰਵੈਰ ਸਿੰਘ, ਜਸਦੀਪ ਸਿੰਘ ਆਦਿ ਹਾਜ਼ਰ ਸਨ।

## ਚੋਣਾਂ ਦੇ ਮੱਦੇਨਜ਼ਰ ਕਸਬਾ ਚਵਿੰਡਾ ਦੇਵੀ 'ਚ ਕੱਢਿਆ ਫਲੈਗ ਮਾਰਚ

**ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)**- ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਚੋਣਾਂ ਦੇ ਮਦੇਨਜ਼ਰ ਡੀਐੱਸਪੀ ਮਜੀਠਾ ਧਰਮਿੰਦਰ ਕਲਿਆਣ ਦੀ ਅਗਵਾਈ ਵਿੱਚ ਚਵਿੰਡਾ ਦੇਵੀ ਕਸਬੇ ਵਿੱਚ ਐੱਸਐੱਚਓ ਮਜੀਠਾ



ਕਰਮਪਾਲ ਸਿੰਘ, ਐੱਸਐੱਚਓ ਕੱਥੂਨੰਗਲ ਜਸਦੀਪ ਸਿੰਘ, ਚੌਂਕੀ ਇੰਚਾਰਜ ਚਵਿੰਡਾ ਦੇਵੀ ਹਰਦੀਪ ਸਿੰਘ ਅਤੇ ਭਾਰੀ ਪਲਸ ਬਲ ਸਹਿਤ ਫਲੈਗ ਮਾਰਚ ਕਢਿਆ ਗਿਆ।ਇਸ ਮੌਕੇ ਡੀਐੱਸਪੀ ਮਜੀਠਾ ਧਮਿੰਦਰ ਕਲਿਆਣ ਵੱਲੋਂ ਸ਼ਰਾਰਤੀ ਅਨਸਰਾਂ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਕਿਸੇ ਵੀ ਸ਼ਰਾਰਤੀ ਅਨਸਰ ਨੂੰ ਸਿਰ ਨਹੀ ਚੁੱਕਣ ਦਿੱਤਾ ਜਾਵੇਗਾ ਅਤੇ ਹਲਕੇ ਵਿੱਚ ਅਮਨ ਕਾਨੂੰਨ ਦੀ ਸ਼ਾਂਤੀ ਕਾਇਮ ਰੱਖਣ ਲਈ ਜ਼ਰੂਰੀ ਇੰਤਜ਼ਾਮ ਕਰ ਲਏ ਹਨ।ਇਲਾਕਾ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਹੱਕ ਦਾ ਇਸਤੇਮਾਲ ਬੇਖੌਫ ਹੋ ਕੇ ਕਰਨ।ਪੰਜਾਬ ਪਲਸ ਪੰਜਾਬ ਦੇ ਲੋਕਾਂ ਦੀ ਸੁੱਰਖਿਆਂ ਕਰਨ ਲਈ ਵਚਨਬੱਧ ਹੈ।ਇਸ ਫਲੈਗ ਮਾਰਚ ਵਿੱਚ ਐੱਸਐੱਚਓ ਮਜੀਠਾ ਕਰਮਪਾਲ ਸਿੰਘ, ਐੱਸਐੱਚਓ ਕੱਥੂਨੰਗਲ ਜਸਦੀਪ ਸਿੰਘ, ਚੌਕੀ ਇੰਚਾਰਜ ਹਰਦੀਪ ਸਿੰਘ, ਏਐੱਸਆਈ ਨਿਰਮਲ ਸਿੰਘ, ਏਐੱਸਆਈ ਭੁਪਿੰਦਰ ਸਿੰਘ, ਏਐੱਸਆਈ ਬਲਜਿੰਦਰ ਸਿੰਘ, ਏਐੱਸਆਈ ਸੋਹਣ ਸਿੰਘ, ਏਐੱਸਆਈ ਪਰਮਜੀਤ ਸਿੰਘ, ਹੈੱਡ ਕਾਂਸਟੇਬਲ ਗਰਜੀਤ ਸਿੰਘ, ਹੈੱਡ ਕਾਂਸਟੇਬਲ ਹਰਪਾਲ ਸਿੰਘ, ਹੈੱਡ ਕਾਂਸਟੇਬਲ ਰਛਪਾਲ ਸਿੰਘ ਆਦਿ ਪੁਲਸ ਮੁਲਾਜ਼ਮ ਹਾਜ਼ਰ ਸਨ।

## ਨਵੀਆਂ ਉਸਰ ਰਹੀਆਂ ਅਣ-ਅਧਿਕਾਰਤ ਕਲੋਨੀਆਂ 'ਤੇ ਚੱਲਿਆ ਪੀਲਾ ਪੰਜਾ

**ਅੰਮ੍ਰਿਤਸਰ (ਨਰਿੰਦਰਜੀਤ ਸਿੰਘ)**- ਪੰਜਾਬ ਸਰਕਾਰ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਤਹਿਤ ਏਡੀਏ ਦੇ ਮੁੱਖ ਪ੍ਰਸ਼ਾਸਕ ਨਿਤੇਸ਼ ਕੁਮਾਰ ਜੈਨ, ਆਈਏਐੱਸ ਅਤੇ ਵਧੀਕ ਮੁੱਖ ਪ੍ਰਸ਼ਾਸਕ, ਇਨਾਯਤ ਪੀਸੀਐੱਸ ਵੱਲੋਂ ਜਾਰੀ ਹੁਕਮਾਂ ਦੀ ਪਾਲਣਾ ਕਰਦੇ ਹੋਏ ਜ਼ਿਲ੍ਹਾ ਟਾਊਨ ਪਲਾਨਰ (ਰੈਗੂਲੇਟਰੀ) ਗੁਰਸੇਵਕ ਸਿੰਘ ਔਲਖ ਦੀ ਅਗਵਾਈ ਹੇਠ ਥਾਣਾ ਕੰਬੋ ਦੇ ਪੁਲਸ ਅਧਿਕਾਰੀਆਂ ਦੇ ਧਿਆਨ ਵਿੱਚ ਲਿਆਉਂਦੇ ਹੋਏ ਏਡੀਏ ਦੇ ਰੈਗੂਲੇਟਰੀ ਵਿੰਗ ਵੱਲੋਂ ਤਹਿਸੀਲ ਅੰਮ੍ਰਿਤਸਰ-2 ਦੇ ਪਿੰਡ ਨੰਗਲੀ, ਮੁਰਾਦਪੁਰਾ ਅਤੇ ਬੱਲ ਖੁਰਦ ਵਿਖੇ ਅੰਮ੍ਰਿਤਸਰ-ਫਤਿਹਗੜ੍ਹ ਚੂੜੀਆਂ ਰੋਡ ਉਪਰ ਬਣ ਰਹੀਆਂ ਅਣ-ਅਧਿਕਾਰਤ ਕਲੋਨੀਆਂ ਵਿਰੁੱਧ ਕਾਰਵਾਈ ਕਰਦੇ ਹੋਏ ਕਲੋਨੀਆਂ ਨੂੰ ਢਾਹ ਦਿੱਤਾ ਗਿਆ।ਰੈਗੂਲੇਟਰੀ ਵਿੰਗ ਵੱਲੋਂ ਜਾਣਕਾਰੀ ਦਿੰਦੇ ਹੋਏ ਦੱਸਿਆ ਗਿਆ ਕਿ ਭਵਿੱਖ ਦੇ ਵਿਕਾਸ ਨੂੰ ਨਿਯੰਤਰਣ ਕਰਨ ਲਈ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਪਿੰਡ ਨੰਗਲੀ ਅਤੇ ਬੱਲ ਖੁਰਦ ਵਿੱਚ ਵਿਕਸਿਤ ਕੀਤੀਆਂ ਜਾ ਰਹੀਆਂ ਨਵੀਆਂ ਅਣ-ਅਧਿਕਾਰਤ ਕਲੋਨੀਆਂ ਨੂੰ ਪਾਪਰਾ ਐਕਟ-1995 ਅਧੀਨ ਨੋਟਿਸ ਜਾਰੀ ਕਰਦਿਆਂ ਕੰਮ ਬੰਦ ਕਰਵਾਉਂਦੇ ਹੋਏ ਡੈਮੋਲੀਸ਼ਨ ਦੀ ਕਾਰਵਾਈ ਕੀਤੀ ਗਈ ਹੈ, ਕਿਉਂਕਿ ਉਕਤ ਅਣ-



ਅਧਿਕਾਰਤ ਕਲੋਨੀਆਂ ਦੇ ਮਾਲਕਾਂ ਵੱਲੋਂ ਸਰਕਾਰ ਦੀਆਂ ਹਦਾਇਤਾਂ ਦੀ ਪ੍ਰਵਾਹ ਨਾ ਕਰਦੇ ਹੋਏ ਸਰਕਾਰੀ ਨਿਯਮਾਂ ਦੀਆਂ ਧੱਜੀਆਂ ਉਡਾਈਆਂ ਜਾ ਰਹੀਆਂ ਸਨ ਅਤੇ ਪੁੱਡਾ ਅਤੇ ਸਬੰਧਤ ਵਿਭਾਗਾਂ ਦੀ ਮਨਜ਼ੂਰੀ ਤੋਂ ਬਿਨਾਂ ਅਣ-ਅਧਿਕਾਰਿਤ ਤੌਰ ਤੇ ਕਲੋਨੀਆਂ ਵਿਕਸਿਤ ਕੀਤੀਆਂ ਜਾ ਰਹੀਆਂ ਸਨ।ਇਸ ਤੋਂ ਇਲਾਵਾ ਪਿੰਡ ਮੁਰਾਦਪੁਰਾ ਵਿਖੇ ਅਣ-ਅਧਿਕਾਰਤ ਕਲੋਨੀ ਨੂੰ ਪਹਿਲਾਂ ਵੀ ਢਾਹਿਆ ਗਿਆ ਸੀ ਪਰ ਕਲੋਨੀਕਾਰ ਵੱਲੋਂ ਕਲੋਨੀ ਵਿੱਚ ਦੁਬਾਰਾ ਵਿਕਾਸ ਦੇ ਕੰਮ ਸ਼ੁਰੂ ਕਰ ਲਏ ਸਨ, ਜਿਸ ਕਰਕੇ ਹੁਣ ਨਵੇਂ ਕੀਤੇ ਵਿਕਾਸ ਕਾਰਜਾਂ ਨੂੰ ਮੁੜ ਢਾਹ ਦਿੱਤਾ ਗਿਆ।ਏਡੀਏ ਦੇ ਰੈਗੂਲੇਟਰੀ ਵਿੰਗ ਨੇ ਆਮ ਜਨਤਾ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਉਹ ਗੈਰ-ਕਨੂੰਨੀ ਕਲੋਨੀਆਂ ਜੋ ਕਿ ਪੁੱਡਾ ਵਿਭਾਗ ਤੋਂ ਮੰਜੂਰਸ਼ੁਦਾ ਨਹੀਂ ਹਨ, ਉਨ੍ਹਾਂ ਵਿੱਚ ਪੈਂਦੇ ਪਲਾਟਾਂ ਦੀ ਵਿਕਰੀ ਸਬੰਧੀ ਕਿਸੇ ਵੀ ਇਸ਼ਤਿਹਾਰ ਅਨੁਸਾਰ ਪਲਾਟ ਖਰੀਦਣ ਤੋਂ ਪਹਿਲਾਂ ਉਸ ਕਲੋਨੀ ਸਬੰਧੀ ਪੁੱਡਾ ਵੱਲੋਂ ਜਾਰੀ ਕੀਤੀ ਗਈ ਮਨਜ਼ੂਰੀ ਦੀ ਮੰਗ ਜ਼ਰੂਰ ਕਰਨ ਅਤੇ ਅੰਮ੍ਰਿਤਸਰ ਵਿਕਾਸ ਅਥਾਰਿਟੀ ਦੀ ਵੈੱਬਸਾਈਟ ਉਪਰ ਉਪਲਬਧ ਅਣਅਧਿਕਾਰਿਤ ਕਲੋਨੀਆਂ ਸਬੰਧੀ ਵੇਰਵਿਆਂ ਨੂੰ ਜ਼ਰੂਰ ਵਾਚ ਲਿਆ ਜਾਵੇ ਤਾਂ ਜੋ ਉਨ੍ਹਾਂ ਦੇ ਧਨ ਮਾਲ ਦਾ ਨੁਕਸਾਨ ਨਾ ਹੋ ਸਕੇ ਅਤੇ ਉਨ੍ਹਾਂ ਲਈ ਪਰੇਸ਼ਾਨੀ ਦਾ ਕਾਰਨ ਨਾ ਬਣੇ।ਇਸ ਤੋਂ ਇਲਾਵਾ ਉਨ੍ਹਾਂ ਵੱਲੋਂ ਇਹ ਵੀ ਅਪੀਲ ਕੀਤੀ ਗਈ ਕਿ ਜ਼ਿਲੇ ਅੰਦਰ ਕਿਸੇ ਵੀ ਜਗ੍ਹਾ ਉੱਪਰ ਕਿਸੇ ਵੀ ਪ੍ਰਕਾਰ ਦੀ ਉਸਾਰੀ ਕਰਨ ਤੋਂ ਪਹਿਲਾਂ ਪੁੱਡਾ ਵਿਭਾਗ ਪਾਸੋਂ ਲੋੜੀਂਦੀਆਂ ਪ੍ਰਵਾਨਗੀਆਂ ਪ੍ਰਾਪਤ ਕਰਨ ਉਪਰੰਤ ਹੀ ਉਸਾਰੀ ਕੀਤੀ ਜਾਵੇ।



## ਪਾਵਰਕਾਮ ਦੇ ਸੀ ਐੱਚ ਬੀ ਕਾਮਿਆਂ ਨੇ ਫੂਕੀ ਅਰਥੀ

**ਅੱਡਾ ਸਰਾਂ /ਟਾਂਡਾ ਉੜਮੁੜ (ਜਸਵੀਰ ਕਾਜਲ, ਉਂਕਾਰ ਸਿੰਘ)**- ਟੈਕਨੀਕਲ ਸਰਵਿਸਜ਼ ਯੂਨੀਅਨ ਪੰਜਾਬ ਅਤੇ ਕੋਆਰਡੀਨੇਸ਼ਨ ਕਮੇਟੀ ਆਫ ਪਾਵਰਕਾਮ ਐਂਡ ਟ੍ਰਾਂਸਕੋ ਆਊਟਸੋਰਸਡ ਮੁਲਾਜ਼ਮ ਪੰਜਾਬ ਵੱਲੋਂ ਬਠਿੰਡਾ ਥਰਮਲ ਕਲੋਨੀ ਦੀ ਜ਼ਮੀਨ ਵੇਚਣ ਦੇ ਕੀਤੇ ਫੈਸਲੇ ਵਿਰੁੱਧ ਬਿਜਲੀ ਘਰ ਟਾਂਡਾ ਵਿਖੇ ਪੰਜਾਬ ਸਰਕਾਰ ਦੀ ਅਰਥੀ ਸਾੜੀ ਗਈ। ਇਸ ਦੌਰਾਨ ਸੀ ਐੱਚ ਬੀ ਕਾਮਿਆਂ ਨੇ ਪੰਜਾਬ ਸਰਕਾਰ ਤੇ ਪਾਵਰਕਾਮ ਦੀ ਮੈਨੇਜਮੈਂਟ ਵੱਲੋਂ ਬਠਿੰਡਾ ਥਰਮਲ ਕਲੋਨੀ ਦੀ ਜ਼ਮੀਨ ਵੇਚਣ ਦੇ ਕੀਤੇ ਫੈਸਲੇ ਦੀ ਜ਼ੋਰਦਾਰ ਸ਼ਬਦਾਂ ਵਿੱਚ ਨਿਖੇਧੀ ਕੀਤੀ।ਜਥੇਬੰਦੀਆਂ ਨੇ ਸਾਂਝੇ ਤੌਰ 'ਤੇ ਸਬ ਡਵੀਜ਼ਨ ਟਾਂਡਾ ਵਿਖੇ ਪੰਜਾਬ ਸਰਕਾਰ ਤੇ ਪਾਵਰਕਾਮ ਦੀ ਮੈਨੇਜਮੈਂਟ ਦੇ ਵਿਰੋਧ ਵਿੱਚ ਰੈਲੀ ਕਰਕੇ ਅਰਥੀ ਸਾੜੀ ਗਈ।ਇਸ ਦੌਰਾਨ ਪਰਮਿੰਦਰਪਾਲ ਸਿੰਘ, ਜਸਪ੍ਰੀਤ ਸਿੰਘ, ਰਮਨਦੀਪ ਸਿੰਘ, ਗੁਰਦੀਪ ਸਿੰਘ, ਹਰਜੋਤ ਸਿੰਘ, ਰਾਜਵੀਰ ਸਿੰਘ ਅਤੇ ਰਮਿੰਦਰ ਸਿੰਘ ਆਦਿ ਆਗੂਆਂ ਨੇ ਰੈਲੀ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਸਾਮਰਾਜੀ ਦਿਸ਼ਾਂ ਨਿਰਦੇਸ਼ਾਂ ਤਹਿਤ ਨਿੱਜੀਕਰਨ ਦੀਆਂ ਨੀਤੀਆਂ ਨੂੰ ਲਾਗੂ ਕਰਨ ਲਈ ਬਿਜਲੀ ਐਕਟ 2003 ਵਿੱਚ ਲਗਾਤਾਰ ਸੋਧਾਂ ਕਰਦਿਆਂ ਹੁਣ ਬਿਜਲੀ ਸੋਧ ਬਿੱਲ 2025 ਨੂੰ ਪਾਸ ਕਰਕੇ ਬਿਜਲੀ ਖੇਤਰ ਦਾ ਮੁਕੰਮਲ ਰੂਪ ਵਿੱਚ ਨਿੱਜੀਕਰਨ ਕਰਨ ਲਈ ਕਦਮ ਚੁੱਕੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਨਿੱਜੀਕਰਣ ਦੀ ਲੋੜ ਵਜੋਂ ਲਏ ਜਾ ਰਹੇ ਇਹ ਕਦਮ ਸਾਜ਼ਿਸ਼ੀ ਅਤੇ ਧੋਖੇ ਭਰੇ ਢੰਗ ਤਰੀਕੇ ਨਾਲ ਲਏ ਜਾ ਰਹੇ ਹਨ।ਜਿਸ ਨੂੰ ਅਸਫਲ ਬਣਾ ਕੇ ਨਿਜੀਕਰਨ ਵਿਰੁੱਧ ਸੰਘਰਸ਼ ਨੂੰ ਸਫ਼ਲ ਬਣਾਉਣ ਦੀ ਲੋੜ ਹੈ।

## ਸ਼ਹੀਦੀ ਦਿਹਾੜੇ ਨੂੰ ਸਮਰਪਤ ਲਾਈਟ ਐਂਡ ਸਾਊਂਡ ਸ਼ੋਅ ਕਰਵਾਇਆ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ, ਡੇਰਾਬੱਸੀ ਵੱਲੋਂ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੇ 350ਵੇਂ ਪਵਿੱਤਰ ਸ਼ਹੀਦੀ ਦਿਹਾੜੇ ਉੱਪਰ ਡੂੰਘੀ ਸ਼ਰਧਾ ਨਾਲ ਅਦਭੁਤ ਅਤੇ ਪ੍ਰੇਰਨਾਮਈ 'ਲਾਇਟ ਐਂਡ ਸਾਊਂਡ ਸ਼ੋਅ' ਦਾ ਆਯੋਜਨ ਕੀਤਾ ਗਿਆ, ਜਿਸ ਨੇ ਸਾਰੀ ਸਾਧ-ਸੰਗਤ ਨੂੰ ਆਤਮਕ ਰੂਪ ਵਿੱਚ ਡੂੰਘੇ ਤੌਰ 'ਤੇ ਛੂਹਿਆ। ਇਸ ਪਵਿੱਤਰ ਅਤੇ ਵਿਸ਼ੇਸ਼ ਅਵਸਰ ਦੀ ਸ਼ੋਭਾ ਵਧਾਉਣ ਲਈ ਮਾਣਯੋਗ ਰਾਜਪਾਲ ਪੰਜਾਬ ਗੁਲਾਬ ਚੰਦ ਕਟਾਰੀਆ ਮੁੱਖ ਮਹਿਮਾਨ ਵਜੋਂ ਪਧਾਰੇ, ਜਿਨ੍ਹਾਂ ਦੀ ਸ਼ਮੂਲੀਅਤ ਨਾਲ ਸਮਾਗਮ ਦੀ ਸ਼ੋਭਾ ਹੋਰ ਦੁੱਗਣੀ ਹੋ ਗਈ।ਇਸ ਸਮਾਰੋਹ ਵਿੱਚ ਐੱਸ ਡੀ ਐੱਮ ਡੇਰਾਬੱਸੀ ਅਮਿਤ ਗੁਪਤਾ, ਵੱਖ-ਵੱਖ ਸਕੂਲਾਂ ਦੇ ਪ੍ਰਿੰਸੀਪਲ, ਭਾਰੀ ਗਿਣਤੀ ਵਿੱਚ ਵਿਦਿਆਰਥੀ ਅਤੇ ਉਹਨਾਂ ਦੇ ਮਾਪੇ ਹਾਜ਼ਰ ਸਨ। ਸਮਾਰੋਹ ਦਾ ਮੁੱਖ ਆਕਰਸ਼ਣ ਰਿਹਾ 'ਲਾਈਟ ਐਂਡ ਸਾਊਂਡ ਸ਼ੋਅ', ਜਿਸ ਵਿੱਚ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੀ ਸ਼ਹਾਦਤ, ਉਨ੍ਹਾਂ ਦੀ ਸਰਬੱਤ ਦੇ ਭਲੇ ਦੀ ਅਟੱਲ ਸੋਚ ਅਤੇ ਮਨੁੱਖਤਾ ਲਈ ਦਿੱਤਾ ਅਮਰ ਸੰਦੇਸ਼ ਬੇਹੱਦ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤਾ ਗਿਆ। ਸਕੂਲ ਦੀ ਮੈਨੇਜਿੰਗ ਕਮੇਟੀ ਦੇ ਪ੍ਰਧਾਨ ਇੰਜੀਨੀਅਰ ਸੁਰਿੰਦਰ ਸਿੰਘ ਵਿਰਦੀ ਨੇ ਮਾਣਯੋਗ ਗਵਰਨਰ ਸ੍ਰੀ ਗੁਲਾਬ ਚੰਦ ਕਟਾਰੀਆ ਸਾਹਿਬ ਅਤੇ ਹੋਰਨਾਂ ਸਭਨਾਂ ਦਾ ਤਹਿ ਦਿਲੋਂ ਸਵਾਗਤ ਕੀਤਾ। ਉਨ੍ਹਾਂ ਨੇ ਕਿਹਾ ਕਿ ਸਕੂਲ ਹਮੇਸ਼ਾ ਤੋਂ ਸਾਂਝੀਵਾਲਤਾ, ਅਨੁਸ਼ਾਸਨ ਅਤੇ ਸੇਵਾ ਦੇ ਮੁੱਲਾਂ ਨੂੰ ਵਿਦਿਆਰਥੀਆਂ ਵਿੱਚ ਵਿਕਸਿਤ ਕਰਨ ਲਈ ਪ੍ਰਤੀਬੱਧ ਰਿਹਾ ਹੈ ਅਤੇ ਇਹ ਪਰੰਪਰਾ ਅੱਜ ਵੀ ਗੌਰਵ ਨਾਲ ਜਾਰੀ ਹੈ।ਉਪ-ਪ੍ਰਧਾਨ ਅੰਮ੍ਰਿਤਪਾਲ ਸਿੰਘ ਨੇ ਇਸ ਪਵਿੱਤਰ ਦਿਹਾੜੇ ਦੀ ਰੂਹਾਨੀ ਅਤੇ ਇਤਿਹਾਸਕ ਮਹੱਤਤਾ 'ਤੇ ਆਪਣੇ ਵਿਚਾਰ ਪ੍ਰਗਟ ਕੀਤੇ। ਮੈਂਬਰ ਸਾਹਿਬਾਨ ਕਪੂਰ ਸਿੰਘ ਨੇ ਲਾਈਟ ਐਂਡ ਸਾਊਂਡ ਸ਼ੋਅ ਦੇ ਮਹੱਤਵ ਨੂੰ ਸਪੱਸ਼ਟ ਕੀਤਾ।ਪ੍ਰਿੰਸੀਪਲ ਕਵਿਤਾ ਅੱਤਰੀ ਨੇ ਆਪਣੇ ਸੰਬੋਧਨ ਵਿੱਚ ਸਕੂਲ ਵੱਲੋਂ ਵਿੱਦਿਅਕ, ਖੇਡਾਂ ਅਤੇ ਸਹਿ-ਪਾਠਕ੍ਰਮੀ ਕਿਰਿਆਵਾਂ ਵਿੱਚ ਕੀਤੀ ਉੱਨਤੀ ਉੱਤੇ ਚਾਨਣ ਪਾਇਆ।



## ਮਲਵਿੰਦਰ ਕੰਗ ਨੇ 'ਵੀਰ ਬਾਲ ਦਿਵਸ' ਦਾ ਨਾਂਅ ਬਦਲ ਕੇ 'ਸਾਹਿਬਜ਼ਾਦੇ ਸ਼ਹੀਦੀ ਦਿਵਸ' ਰੱਖਣ ਦੀ ਕੀਤੀ ਅਪੀਲ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਆਮ ਆਦਮੀ ਪਾਰਟੀ (ਆਪ) ਦੇ ਸੰਸਦ ਮੈਂਬਰ ਮਲਵਿੰਦਰ ਸਿੰਘ ਕੰਗ ਨੇ ਲੋਕ ਸਭਾ ਵਿੱਚ ਕੇਂਦਰ ਸਰਕਾਰ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ 'ਵੀਰ ਬਾਲ ਦਿਵਸ' ਦਾ ਨਾਂ ਬਦਲ ਕੇ 'ਸਾਹਿਬਜ਼ਾਦੇ ਸ਼ਹੀਦੀ ਦਿਵਸ' ਰੱਖ ਕੇ ਸਿੱਖ ਭਾਵਨਾਵਾਂ ਦਾ ਸਨਮਾਨ ਕਰਨ ਦੀ ਅਪੀਲ ਕੀਤੀ ਹੈ। ਸਦਨ ਨੂੰ ਸੰਬੋਧਨ ਕਰਦਿਆਂ ਕੰਗ ਨੇ ਕਿਹਾ ਕਿ 15 ਦਸੰਬਰ ਤੋਂ ਸ਼ੁਰੂ ਹੋ ਕੇ ਲਗਭਗ ਦਸ ਦਿਨਾਂ ਦਾ ਸਮਾਂ ਸਿੱਖ ਇਤਿਹਾਸ ਦੇ ਸਭ ਤੋਂ ਪਵਿੱਤਰ ਅਤੇ ਦੁਖਦਾਈ ਦੌਰ ਵਿੱਚੋਂ ਇੱਕ ਹੈ, ਜਦੋਂ ਚਾਰੇ ਸਾਹਿਬਜ਼ਾਦੇ ਅਤੇ ਮਾਤਾ ਗੁਜਰੀ ਜੀ ਸ਼ਹੀਦ ਹੋਏ ਸਨ।ਉਨ੍ਹਾਂ ਨੇ 2022 ਵਿੱਚ ਭਾਰਤ ਸਰਕਾਰ ਵਲੋਂ ਛੋਟੇ ਸਾਹਿਬਜ਼ਾਦਿਆਂ, ਬਾਬਾ ਜ਼ੋਰਾਵਰ ਸਿੰਘ ਜੀ ਅਤੇ ਬਾਬਾ ਫਤਿਹ ਸਿੰਘ ਜੀ, ਜਿਨ੍ਹਾਂ ਦੀ ਉਮਰ ਕ੍ਰਮਵਾਰ 9 ਅਤੇ 7 ਸਾਲ ਸੀ, ਦੀ ਸ਼ਹਾਦਤ ਦੀ ਯਾਦ ਵਿੱਚ ਇਸ ਦਿਨ ਨੂੰ 'ਵੀਰ ਬਾਲ ਦਿਵਸ' ਐਲਾਨਣ ਦੇ ਫੈਸਲੇ ਦੀ ਸ਼ਲਾਘਾ ਕੀਤੀ ਅਤੇ ਧੰਨਵਾਦ ਕੀਤਾ। ਕੰਗ ਨੇ ਜ਼ੋਰ ਦੇ ਕੇ ਕਿਹਾ ਕਿ ਵਰਤੀ ਗਈ ਸ਼ਬਦਾਵਲੀ ਸਿੱਖ ਧਾਰਮਿਕ ਪਰੰਪਰਾ ਅਤੇ ਭਾਵਨਾਵਾਂ ਦੇ ਅਨੁਕੂਲ ਨਹੀਂ ਹੈ। ਉਨ੍ਹਾਂ ਕਿਹਾ 'ਸਾਡੇ ਧਰਮ ਵਿੱਚ, ਸਾਹਿਬਜ਼ਾਦਿਆਂ ਨੂੰ 'ਬਾਲ' (ਬੱਚੇ) ਨਹੀਂ ਮੰਨਿਆ ਜਾਂਦਾ। ਉਨ੍ਹਾਂ ਨੂੰ ਬਾਬਾ ਦੇ ਰੂਪ ਵਿੱਚ ਪੂਜਿਆ ਜਾਂਦਾ ਹੈ, ਜੋ ਹਿੰਮਤ, ਕੁਰਬਾਨੀ ਅਤੇ ਬ੍ਰਹਮ ਭਾਵਨਾ ਦੇ ਪ੍ਰਤੀਕ ਹਨ' ਕੰਗ ਨੇ ਸਰਕਾਰ ਨੂੰ ਸਿੱਖ ਵਿਸ਼ਵਾਸਾਂ ਅਤੇ ਸਦੀਆਂ ਪੁਰਾਣੀ ਧਾਰਮਿਕ ਮਰਿਆਦਾ ਦਾ ਸਨਮਾਨ ਕਰਨ ਅਤੇ ਨਾਮਕਰਨ ਵਿੱਚ ਸੋਧ ਕਰਨ ਦੀ ਬੇਨਤੀ ਕੀਤੀ।



## ਜਨਮ ਦਿਨ ਮੁਬਾਰਕ



ਅਦਿੱਤੀ ਸ਼ਰਮਾ



ਕਰਨਵੀਰ ਸਿੰਘ
ਮੋਗਾ

## ਜ਼ਿਲਾ ਪ੍ਰੀਸ਼ਦ ਨੌਗੱਜਾ ਜ਼ੋਨ ਤੇ ਬਲਾਕ ਸੰਮਤੀ ਮੈਂਬਰ ਕਿਸ਼ਨਗੜ੍ਹ ਦੇ ਹੱਕ 'ਚ ਭਰਵੀਂ ਮੀਟਿੰਗ

**ਕਿਸ਼ਨਗੜ੍ਹ (ਸੁਖਜੀਤ ਕੁਮਾਰ)**- ਪਿੰਡ ਕਿਸ਼ਨਗੜ੍ਹ ਵਿਖੇ ਆਪ ਦੇ ਉਮੀਦਵਾਰ ਜ਼ਿਲ੍ਹਾ ਪ੍ਰੀਸ਼ਦ ਨੌਗੱਜਾ ਜ਼ੋਨ ਨੰਬਰ ਚਾਰ ਤੋਂ ਸੁਰਿੰਦਰ ਸਿੰਘ ਕਾਹਲੋਂ ਅਤੇ ਬਲਾਕ ਸੰਮਤੀ ਜ਼ੋਨ ਕਿਸ਼ਨਗੜ੍ਹ ਤੋਂ ਗੁਰਵਿੰਦਰ ਕੌਰ ਕਰਾੜੀ ਦੇ ਹੱਕ ਵਿੱਚ ਪਿੰਡ ਕਿਸ਼ਨਗੜ੍ਹ ਵਿਖੇ ਪਿੰਡ ਦੇ ਆਪ ਆਗੂਆਂ ਵੱਲੋਂ ਵਿਸ਼ਾਲ ਇਕੱਠ ਕਰਕੇ ਆਪ ਉਮੀਦਵਾਰਾਂ ਦੇ ਹੱਕ ਵਿੱਚ ਭਰਵੀਂ ਮੀਟਿੰਗ ਕੀਤੀ ਗਈ।ਭਰਵੀਂ ਮੀਟਿੰਗ ਵਿੱਚ ਪਹੁੰਚੇ ਜ਼ਿਲ੍ਹਾ ਪ੍ਰੀਸ਼ਦ ਉਮੀਦਵਾਰ ਸੁਰਿੰਦਰ ਸਿੰਘ ਕਾਹਲੋਂ ਅਤੇ ਬਲਾਕ ਸੰਮਤੀ ਉਮੀਦਵਾਰ ਗੁਰਵਿੰਦਰ ਕੌਰ ਕਰਾੜੀ ਅਤੇ ਪਰਮਜੀਤ ਸਿੰਘ ਮਿਨਹਾਸ ਨੇ ਆਪ ਸਰਕਾਰ ਵੱਲੋਂ ਕੀਤੇ ਜਾ ਰਹੇ ਵਿਕਾਸ ਕਾਰਜਾਂ 'ਤੇ ਚਾਨਣਾ ਪਾਉਂਦੇ ਹੋਏ ਪਿੰਡ ਵਾਸੀਆਂ ਨੂੰ ਸਰਕਾਰ ਵੱਲੋਂ ਕੀਤੇ ਜਾ ਰਹੇ ਵਿਕਾਸ ਕਾਰਜਾਂ ਤੋਂ ਜਾਣੂ ਕਰਵਾਇਆ ਅਤੇ ਆਪ ਉਮੀਦਵਾਰਾਂ ਨੂੰ ਭਾਰੀ ਬਹੁਮਤ ਨਾਲ ਜਿਤਾਉਣ ਦੀ ਅਪੀਲ ਕੀਤੀ। ਇਸ ਦੌਰਾਨ ਕਿਸ਼ਨਗੜ੍ਹ ਵਾਸੀਆਂ ਵੱਲੋਂ ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਚੋਣਾਂ ਲੜ ਰਹੇ ਆਪ ਦੇ ਉਮੀਦਵਾਰਾਂ ਨੂੰ ਭਾਰੀ ਬਹੁਮਤ ਨਾਲ ਜਿਤਾਉਣ ਦਾ ਭਰੋਸਾ ਦਿਵਾਇਆ। ਇਸ ਮੌਕੇ ਸੀਨੀਅਰ ਆਪ ਆਗੂ ਜੱਸਾ ਚਾਹਲ ਸੰਘਵਾਲ, ਪਰਮਿੰਦਰ ਪਿੰਦਾ ਟਿਵਾਣਾ ਯੂਥ ਕੋਆਰਡੀਨੇਟਰ, ਆਪ ਪ੍ਰਧਾਨ ਜਸਵਿੰਦਰ ਬਿੰਦਾ ਦੁਗਰੀ, ਮੀਡੀਆ ਕੋਆਰਡੀਨੇਟਰ ਅਮਨਦੀਪ ਹਨੀ ਪੰਚ, ਸਾਬਕਾ ਪੰਚ ਸੁਰਜੀਤ ਹਲਕਾ ਸੈਕਟਰੀ ਸੋਸ਼ਲ ਮੀਡੀਆ ਆਦਮਪੁਰ, ਰਿੱਕੀ ਸਹੋਤਾ, ਅਮਨਦੀਪ ਸੰਧੀ, ਨੰਬਰਦਾਰ ਰਸ਼ਪਾਲ ਸਿੰਘ ਭੁੱਲ, ਸਾਬਕਾ ਪੰਚ ਕੇਬਲ ਕ੍ਰਿਸ਼ਨ, ਮੱਖਣ ਰਾਮ, ਪਰਮਜੀਤ ਕੰਬੋਜ ਪ੍ਰਧਾਨ ਬੀਸੀ ਵਿੰਗ, ਸਰਵਣ ਦਾਸ, ਮਲਕੀਤ ਚੰਦ (ਬੱਲੀ) ਪੰਚ, ਸੁਰਿੰਦਰ ਕੁਮਾਰ, ਪ੍ਰਧਾਨ ਸੁਖਦੇਵ ਸਿੰਘ ਜੁੜੀ, ਰਣਜੀਤ ਰਾਏ ਸਾਬਕਾ ਪੰਚ, ਮਨਜੀਤ ਸਿੰਘ ਢਿੱਲੋਂ, ਸਰਪੰਚ ਗਗਨ ਚਕਰਾਲਾ, ਅਵਜਿੰਦਰ ਕੈਂਥ, ਜੋਤੀ ਸੇਂਦਰਾ, ਸੰਤੋਖ ਸਿੰਘ, ਕਰਨੈਲ ਸਿੰਘ ਭੱਟੀ, ਨਿਖਿਲ, ਤੁਸ਼ਾਰ, ਸੱਤਪਾਲ ਬਿੱਟੂ, ਲਛਮਨ ਸਿੰਘ, ਵਿੱਕੀ ਦੌਲਤਪੁਰ, ਵਿਨੋਦ, ਹੁਸਨ ਲਾਲ, ਗੁਰਦੇਵ, ਗਿਆਨ ਸਿੰਘ, ਗੁਰਜਿੰਦਰ ਸਿੰਘ, ਬਰਜੇਸ਼ ਅਰੋੜਾ, ਤਰਿੰਦਰ, ਕਾਕਾ, ਸੋਨੂੰ ਫਰੂਟ, ਬੱਬੂ , ਬੱਗਾ, ਮੋਨੂੰ, ਤੁਸ਼ਾਰ, ਡਾ: ਕੈਰੋਂ ਆਦਿ ਸਮੇਤ ਭਾਰੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।



## ਖੰਡ ਮਿੱਲ ਵੱਲੋਂ ਗੰਨੇ ਦੀ ਅਦਾਇਗੀ 72 ਘੰਟੇ 'ਚ ਕੀਤੀ ਜਾ ਰਹੀ : ਤੂਰ

**ਮਹਿਤਪੁਰ (ਰਾਜਾ)**- ਸੁਖਵਿੰਦਰ ਸਿੰਘ ਤੂਰ ਜਨਰਲ ਮੈਨੇਜਰ ਨਕੋਦਰ ਸਹਿਕਾਰੀ ਖੰਡ ਮਿੱਲ ਵੱਲੋਂ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਮਿੱਲ ਦਾ ਪਿੜਾਈ ਸੀਜ਼ਨ 2025-26 ਬਹੁਤ ਵਧੀਆ ਅਤੇ ਆਪਣੀ ਪੂਰੀ ਸਮਰੱਥਾ ਤੇ ਚੱਲ ਰਿਹਾ ਹੈ। ਮਿੱਲ ਦੇ ਵਧੀਆ ਚੱਲਣ ਨਾਲ ਮਿੱਲ ਹਲਕੇ ਦੇ ਗੰਨਾ ਕਾਸ਼ਤਕਾਰਾਂ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ, ਕਿਉਂਕਿ ਉਨ੍ਹਾਂ ਦਾ ਗੰਨਾ ਪਹਿਲ ਦੇ ਅਧਾਰ ਤੇ ਪਿੜਾਈ ਹੋ ਰਿਹਾ ਹੈ ਜਿਸ ਨਾਲ ਉਹ ਆਪਣੀ ਅਗਲੀ ਫਸਲ ਦੀ ਬਿਜਾਈ ਸਮੇਂ-ਸਿਰ ਕਰ ਸਕਦੇ ਹਨ। ਜਿਵੇਂਕਿ ਇਹ ਮਿੱਲ ਕਿਸਾਨਾਂ ਦੀ ਆਪਣੀ ਮਿੱਲ ਹੈ, ਇਸ ਦੇ ਨਿਰੰਤਰ ਚੱਲਣ ਨਾਲ ਆਮ ਲੋਕਾਂ ਅਤੇ ਗੰਨਾ ਕਾਸ਼ਤਕਾਰਾਂ ਨੂੰ ਬਹੁਤ ਫਾਇਦਾ ਹੋ ਰਿਹਾ ਹੈ। ਮਿੱਲ ਮੈਨੇਜਮੈਂਟ ਇਹ ਯਕੀਨ ਕਰਦੀ ਹੈ ਕਿ ਨਕੋਦਰ ਖੰਡ ਮਿੱਲ ਕੋਆਪਰੇਟਿਵ ਸੈਕਟਰ ਅਤੇ ਐਗਰੀਕਲਚਰ ਨਾਲ ਸਬੰਧਤ ਲੋਕਾਂ ਦਾ ਆਪਣਾ ਅਦਾਰਾ ਹੈ ਅਤੇ ਹਰ-ਕੋਈ ਇਸ ਵਿਚ ਹਿੱਸੇਦਾਰ ਹੈ। ਗੰਨੇ ਨੂੰ ਪਾਲ ਕੇ ਮਿੱਲ ਵਿਚ ਲਿਆਉਂਣਾ ਕਿਸਾਨਾਂ ਲਈ ਇਕ ਵੱਡਾ ਸੰਘਰਸ਼ ਹੈ।



## ਧੁੰਦ ਦੌਰਾਨ ਸੜਕ ਸੁਰੱਖਿਆ ਨੂੰ ਲੈ ਕੇ ਪ੍ਰਸ਼ਾਸਨ ਪੂਰੀ ਤਰ੍ਹਾਂ ਸੁਚੇਤ : ਆਸ਼ਿਕਾ ਜੈਨ



**ਮੋਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਜ਼ਿਲ੍ਹੇ ਵਿੱਚ ਧੁੰਦ ਕਾਰਨ ਸੜਕ ਹਾਦਸਿਆਂ ਦੇ ਵਧਦੇ ਖ਼ਤਰੇ ਦੇ ਮੱਦੇਨਜ਼ਰ ਜ਼ਿਲ੍ਹਾ ਪ੍ਰਸ਼ਾਸਨ ਪੂਰੀ ਤਰ੍ਹਾਂ ਸਰਗਰਮ ਹੋ ਗਿਆ ਹੈ।ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਅਤੇ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਹੁਕਮਾਂ ਦੀ ਪਾਲਣਾ ਦਾ ਜਾਇਜ਼ਾ ਲਿਆ।ਮੀਟਿੰਗ ਵਿੱਚ ਡਾਇਰੈਕਟਰ ਜਨਰਲ, ਲੀਡ ਏਜੰਸੀ ਰੋਡ ਸੇਫਟੀ ਵੱਲੋਂ ਭੇਜੇ ਗਏ ਦਿਸ਼ਾ-ਨਿਰਦੇਸ਼ਾਂ ਦੇ ਆਧਾਰ 'ਤੇ ਸੜਕ ਸੁਰੱਖਿਆ ਨਾਲ ਜੁੜੇ ਨੁਕਤਿਆਂ 'ਤੇ ਵਿਆਪਕ ਚਰਚਾ ਕੀਤੀ ਗਈ।ਡਿਪਟੀ ਕਮਿਸ਼ਨਰ ਨੇ ਕਿਹਾ ਕਿ ਧੁੰਦ ਵਾਲੇ ਮੌਸਮ ਵਿੱਚ ਘੱਟ ਦ੍ਰਿਸ਼ਟੀ ਕਾਰਨ ਸੜਕ ਹਾਦਸਿਆਂ ਦੀ ਸੰਭਾਵਨਾ ਕਈ ਗੁਣਾ ਵੱਧ ਜਾਂਦੀ ਹੈ।ਅਜਿਹੀ ਸਥਿਤੀ ਵਿੱਚ ਸਬੰਧਤ ਵਿਭਾਗਾਂ ਨੂੰ ਵਧੇਰੇ ਚੌਕਸੀ ਅਤੇ ਤਾਲਮੇਲ ਨਾਲ ਕੰਮ ਕਰਨਾ ਜ਼ਰੂਰੀ ਹੈ।ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸੜਕ ਸੁਰੱਖਿਆ ਪ੍ਰਸ਼ਾਸਨ ਦੀ ਸਭ ਤੋਂ ਵੱਡੀ ਤਰਜ਼ੀਹ ਹੈ।ਉਨ੍ਹਾਂ ਸਾਰੇ ਵਿਭਾਗਾਂ ਨੂੰ ਹਦਾਇਤ ਕੀਤੀ ਕਿ ਉਹ ਹਾਈ ਕੋਰਟ ਦੇ ਨਿਰਦੇਸ਼ਾਂ ਦੀ ਸਖ਼ਤੀ ਨਾਲ ਪਾਲਣਾ ਕਰਨ ਅਤੇ ਧੁੰਦ ਦੇ ਮੌਸਮ ਦੌਰਾਨ ਨਾਗਰਿਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਤਨਦੇਹੀ ਨਾਲ ਕੰਮ ਕਰਨ।

## 50 ਨਸ਼ੀਲੀਆਂ ਗੋਲੀਆਂ ਸਮੇਤ ਦੋਸ਼ੀ ਕਾਬੂ

**ਬਲਾਚੌਰ (ਜਸਵਿੰਦਰ ਬੈਂਸ)**- ਪੰਜਾਬ ਸਰਕਾਰ ਅਤੇ ਪੰਜਾਬ ਪੁਲਿਸ ਵੱਲੋ ਨਸ਼ਿਆਂ ਦੇ ਖਿਲਾਫ ਸ਼ੁਰੂ ਕੀਤੀ ਗਈ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਤਹਿਤ ਤੁਸ਼ਾਰ ਗੁਪਤਾ ਸੀਨੀਅਰ ਕਪਤਾਨ ਪੁਲਸ ਜ਼ਿਲਾ ਸ਼ਹੀਦ ਭਗਤ ਸਿੰਘ ਦੇ ਦਿਸ਼ਾ ਨਿਰਦੇਸ਼ ਅਨੁਸਾਰ ਅਤੇ ਉਪ ਕਪਤਾਨ ਪੁਲਿਸ ਸਬ ਡਵੀਜਨ ਬਲਾਚੌਰ ਦੀ ਯੋਗ ਅਗਵਾਈ ਹੇਠ ਸਬ ਇੰਸਪੈਕਟਰ ਸਤਨਾਮ ਸਿੰਘ ਮੁੱਖ ਅਫਸਰ ਥਾਣਾ ਪੋਜੇਵਾਲ ਅਤੇ ਐੱਸ ਆਈ ਹੁਸਨ ਲਾਲ ਥਾਣਾ ਪੋਜੇਵਾਲ ਸਮੇਤ ਪੁਲਸ ਪਾਰਟੀ ਦੇ ਬਾਏ ਗਸ਼ਤ ਬਾ ਚੈਕਿੰਗ ਸ਼ੱਕੀ ਪੁਰਸ਼ਾ ਦੇ ਸਬੰਧ ਵਿੱਚ ਗਸ਼ਤ ਕਰ ਰਹੇ ਸੀ ਤਾਂ ਦੌਰਾਨੇ ਗਸ਼ਤ ਪੁਲਸ ਪਾਰਟੀ ਵੱਲੋਂ ਰਾਕੇਸ਼ ਕੁਮਾਰ ਪੁੱਤਰ ਪਰਮਜੀਤ ਵਾਸੀ ਪਾਹਲੇਵਾਲ ਥਾਣਾ ਗੜ੍ਹਸ਼ੰਕਰ ਜ਼ਿਲ੍ਹਾ ਹੁਸ਼ਿਆਰਪੁਰ ਹਾਲ ਵਾਸੀ ਦੇਨੋਵਾਲ ਕਲਾਂ ਥਾਣਾ ਗੜ੍ਹਸ਼ੰਕਰ ਜ਼ਿਲਾ ਹੁਸ਼ਿਆਰਪੁਰ ਨੂੰ ਕਾਬੂ ਕਰਕੇ ਇਸ ਪਾਸੋ 50 ਨਸ਼ੀਲੀਆਂ ਗੋਲੀਆਂ ਬ੍ਰਾਮਦ ਹੋਣ ਤੇ ਦੋਸ਼ੀ ਰਾਕੇਸ਼ ਕੁਮਾਰ ਉਕਤ ਦੇ ਖਿਲਾਫ ਮੁਕੱਦਮਾ ਥਾਣਾ ਪੋਜੇਵਾਲ ਰਜਿਸਟਰ ਕਰਕੇ ਮੁੱਢਲੀ ਤਫਤੀਸ਼ ਅਮਲ ਵਿੱਚ ਲਿਆਂਦੀ ਗਈ ਜਿਸ ਨੂੰ ਮਾਨਯੋਗ ਅਦਾਲਤ ਵਿੱਚ ਪੇਸ਼ ਕੀਤਾ ਜਾ ਰਿਹਾ ਹੈ।



## 'ਧਰਮ ਅਤੇ ਵਿਗਿਆਨ ਅੰਤਰ ਸਬੰਧਤਾ' ਰਿਲੀਜ਼



**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)** ਗੁ. ਬੂੰਗਾ ਸਾਹਿਬ ਮਾਹਿਲਪੁਰ ਵਿਖੇ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਤਾ-ਗੱਦੀ ਦਿਵਸ ਨੂੰ ਸਮਰਪਿਤ ਅਤੇ ਸੰਤ ਪਰਮਜੀਤ ਸਿੰਘ ਜੀ ਮਾਹਿਲਪੁਰ ਬੂੰਗੇ ਵਾਲਿਆਂ ਦੀ ਯਾਦ ਵਿੱਚ ਹੋਏ ਧਾਰਮਿਕ ਸਮਾਗਮ ਦੌਰਾਨ ਪ੍ਰੋ. ਆਪਿੰਦਰ ਸਿੰਘ ਮਾਹਿਲਪੁਰੀ ਦੀ ਪੁਸਤਕ 'ਧਰਮ ਅਤੇ ਵਿਗਿਆਨ ਅੰਤਰ ਸਬੰਧਤਾ' ਸੰਗਤ ਦੀ ਸੇਵਾ ਵਿੱਚ ਅਰਪਿਤ ਕੀਤੀ ਗਈ।ਇਸ ਮੌਕੇ ਕੁਲਵੰਤ ਸਿੰਘ ਮੰਨਣ ਮੁੱਖ ਸਕੱਤਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਮਾਤਾ ਜਸਪ੍ਰੀਤ ਕੌਰ ਬੂੰਗਾ ਸਾਹਿਬ ਮਾਹਿਲਪੁਰ, ਜਥੇਦਾਰ ਬਾਬਾ ਨਾਗਰ ਸਿੰਘ ਟੂਟੋਮਜਾਰਾ, ਬਾਬਾ ਗੁਰਪ੍ਰੀਤ ਸਿੰਘ ਨਾਨਕਸਰ, ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ, ਡਾਕਟਰ ਜੰਗ ਬਹਾਦਰ ਸਿੰਘ ਮੈਂਬਰ ਅੰਤਰਿੰਗ ਕਮੇਟੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸਤਨਾਮ ਸਿੰਘ, ਦਿਲਦੀਪ ਕੌਰ ਸ਼ਿਮਲਾ, ਨਵਕਰਨ ਸਿੰਘ, ਪ੍ਰਭਜੋਤ ਕੌਰ ਚੰਡੀਗੜ੍ਹ, ਸੰਤ ਮੱਖਣ ਸਿੰਘ ਟੂਟੋਮਜ਼ਾਰਾ, ਸੰਤ ਬਲਵੀਰ ਸਿੰਘ ਸ਼ਾਸਤਰੀ, ਹਰਦੀਪ ਸਿੰਘ, ਪ੍ਰਿੰਸੀਪਲ ਕਮਲਪ੍ਰੀਤ ਕੌਰ ਸਰਦਾਰ ਹਰੀ ਸਿੰਘ ਸਮੇਤ ਸਨਮਾਨਯੋਗ ਸ਼ਖਸ਼ੀਅਤਾਂ ਹਾਜ਼ਰ ਸਨ।

## ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮਤੀ ਚੋਣਾਂ 'ਚ ਮਿਲ ਰਿਹਾ ਭਾਰੀ ਸਮਰਥਨ : ਬਾਜਵਾ

**ਫਗਵਾੜਾ (ਡਾ. ਰਮਨ)**- ਸ਼੍ਰੋਮਣੀ ਅਕਾਲੀ ਦਲ (ਬ) ਦੇ ਸੀਨੀਅਰ ਆਗੂ ਬਲਜੀਤ ਸਿੰਘ ਬਾਜਵਾ ਨੇ 14 ਦਸੰਬਰ ਨੂੰ ਹੋਣ ਜਾ ਰਹੀਆਂ ਬਲਾਕ ਸੰਮਤੀ ਤੇ ਜ਼ਿਲ੍ਹਾ ਪ੍ਰੀਸ਼ਦ ਚੋਣਾਂ ਸਬੰਧੀ ਗੱਲਬਾਤ ਕਰਦਿਆਂ ਦੱਸਿਆ ਕਿ ਸ਼੍ਰੋਮਣੀ ਅਕਾਲੀ ਦਲ ਨੂੰ ਪਿੰਡਾਂ ਵਿੱਚ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਪੰਜਾਬ ਦਾ ਭਲਾ ਸਿਰਫ ਇੱਕੋ ਇੱਕ ਖੇਤਰੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਹੀ ਕਰ ਸਕਦਾ ਹੈ।ਬਾਜਵਾ ਨੇ ਸਮੂਹ ਵੋਟਰਾਂ ਨੂੰ ਪੁਰਜ਼ੋਰ ਅਪੀਲ ਕਰਦਿਆਂ ਕਿਹਾ ਕਿ ਗੁਰੂਆਂ ਦੀ ਧਰਤੀ ਪੰਜਾਬ ਨੂੰ ਮੁੜ ਤੋਂ ਵਿਕਾਸ ਦੀਆਂ ਲੀਹਾਂ ਤੇ ਪਾਉਣ ਲਈ ਸ਼੍ਰੋਮਣੀ ਅਕਾਲੀ ਦਲ ਦਾ ਸੱਤਾ 'ਚ ਆਉਣਾ ਬਹੁਤ ਜ਼ਰੂਰੀ ਹੈ। ਜਿਸ ਦਾ ਮੁੱਢ ਬਲਾਕ ਸੰਮਤੀ ਤੇ ਜ਼ਿਲ੍ਹਾ ਪ੍ਰੀਸ਼ਦ ਦੀਆਂ ਚੋਣਾਂ ਬੰਨ੍ਹਣਗੀਆਂ। ਉਹਨਾਂ ਨੇ ਫਗਵਾੜਾ ਹਲਕੇ ਦੇ ਸਮੂਹ ਪਿੰਡਾਂ ਦੇ ਵੋਟਰਾਂ ਨੂੰ ਅਪੀਲ ਕੀਤੀ ਕਿ ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਦੀਆਂ ਚੋਣਾਂ ਵਿੱਚ 'ਤੱਕੜੀ' ਦੇ ਨਿਸ਼ਾਨ ਤੇ ਮੋਹਰਾਂ ਲਗਾ ਕੇ 2027 ਦੀਆਂ ਵਿਧਾਨ ਸਭਾ ਚੋਣਾਂ ਦਾ ਮੁੱਢ ਬੰਨੋ ਤਾਂ ਜੋ ਮੁੜ ਤੋਂ ਸ਼੍ਰੋਮਣੀ ਅਕਾਲੀ ਦਲ ਨੂੰ ਪੰਜਾਬ ਦੀ ਸੱਤਾ ਤੇ ਕਾਬਜ਼ ਕੀਤਾ ਜਾ ਸਕੇ।



## ਜੇਲ੍ਹ ਵਿੱਚੋਂ ਰਿਹਾਅ ਹੋ ਕੇ ਆਏ ਰੋਡਵੇਜ਼ ਕਾਮਿਆਂ ਨੂੰ ਕੀਤਾ ਸਨਮਾਨਤ

**ਨੰਗਲ (ਨ ਜ਼ ਸ)**- ਬੀਤੇ ਦਿਨੀ ਪਨਬੱਸ ਰੋਡਵੇਜ਼ ਯੂਨੀਅਨ ਦੇ ਮੁਲਾਜ਼ਮਾਂ ਨੇ ਰੋਡਵੇਜ਼, ਪੀ ਆਰ ਟੀ ਸੀ ਨੂੰ ਬਚਾਉਣ ਲਈ ਲੜੇ ਸੰਘਰਸ਼ ਦੌਰਾਨ ਸਰਕਾਰ ਵੱਲੋਂ ਜੇਲਾਂ ਵਿੱਚ ਡੱਕੇ ਆਗੂਆਂ ਅਤੇ ਗ੍ਰਿਫਤਾਰ ਆਗੂਆਂ ਦਾ ਕੁੱਲ ਹਿੰਦ ਕਿਸਾਨ ਸਭਾ ਦੇ ਮੈਂਬਰ ਅਤੇ ਹੋਰ ਜਥੇਬੰਦੀਆਂ ਨੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਤੇ ਕੁਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਕਾਮਰੇਡ ਸੁਰਜੀਤ ਸਿੰਘ ਢੇਰ, ਸੀ ਆਈ ਟੀ ਯੂ ਦੇ ਆਗੂ ਸਤਨਾਮ ਸਿੰਘ ਸ਼ੇਰਾ, ਖੇਤ ਮਜ਼ਦੂਰ ਯੂਨੀਅਨ ਦੇ ਆਗੂ ਬਰਜਿੰਦਰ ਸਿੰਘ ਡੋਡ ਨੇ ਕਿਹਾ ਕਿ 28 ਨਵੰਬਰ ਨੂੰ ਰੋਡਵੇਜ਼ ਪਨਬੱਸ ਮੁਲਾਜ਼ਮ ਯੂਨੀਅਨ ਵੱਲੋਂ ਲੜੇ ਜਾ ਰਹੇ ਸੰਘਰਸ਼ ਦੌਰਾਨ ਨੰਗਲ ਡੀਪੂ ਦੇ ਪ੍ਰਧਾਨ ਸੁਨੀਲ ਕੁਮਾਰ ਰਾਣਾ ਨੂੰ ਗੜ੍ਹਸ਼ੰਕਰ ਪੁਲਸ ਨੇ ਤੜਕਸਾਰ ਗ੍ਰਿਫਤਾਰ ਕਰਕੇ ਝੂਠਾ ਪਰਚਾ ਪਾ ਕੇ ਜੇਲ ਹੁਸ਼ਿਆਰਪੁਰ ਵਿੱਚ ਡੱਕ ਦਿੱਤਾ ਗਿਆ। ਇਸੇ ਤਰ੍ਹਾਂ ਯੂਨੀਅਨ ਦੇ ਆਗੂ ਦਿਆਲ ਮਾਹੀ ਨੂੰ ਨੰਗਲ ਪੁਲਿਸ ਨੇ ਗ੍ਰਿਫਤਾਰ ਕਰ ਲਿਆ। ਅਨੰਗਲ ਡੀਪੂ ਵਿੱਚ ਉਕਤ ਆਗੂਆਂ ਦਾ ਸਨਮਾਨ ਕੀਤਾ ਗਿਆ ਤੇ ਇਸ ਮੌਕੇ ਤੇ ਕਿਹਾ ਆਗੂਆਂ ਨੇ ਕਿਹਾ ਕਿ ਰੋਡਵੇਜ਼ ਕਾਮੇ ਸਰਕਾਰੀ ਅਦਾਰੇ ਨੂੰ ਬਚਾਉਣ ਲਈ ਸੰਘਰਸ਼ ਕਰ ਰਹੇ ਹਨ। ਪਰ ਸਰਕਾਰ ਦਿੱਲੀ ਦੇ ਕਾਰਪੋਰੇਟ ਘਰਾਨਿਆਂ ਦੇ ਇਸ਼ਾਰੇ ਤੇ ਰੋਡਵੇਜ਼ ਵਿੱਚ ਕਿਲੋਮੀਟਰ ਸਕੀਮ ਦੇ ਅਧੀਨ ਬੱਸਾਂ ਚਲਾਉਣਾ ਚਾਹੁੰਦੀ ਹੈ। ਜਦ ਕਿ ਕਾਮੇ ਇਸ ਦਾ ਡੱਟ ਕੇ ਵਿਰੋਧ ਕਰ ਰਹੇ ਹਨ। ਪੰਜਾਬ ਸਰਕਾਰ ਨੇ ਇਸ ਅੰਦੋਲਨ ਨੂੰ ਫੇਲ ਕਰਨ ਲਈ ਬਿਨਾਂ ਵਜ੍ਹਾ 28 ਨਵੰਬਰ ਨੂੰ ਡੀਪੂਆਂ ਅੱਗੇ ਭਾਰੀ ਫੋਰਸ ਲਾ ਦਿੱਤੀ ਅਤੇ ਅੰਨੇ ਵਾਹ ਲਾਠੀ ਚਾਰਜ ਕੀਤਾ। ਵੱਡੀ ਗਿਣਤੀ ਵਿੱਚ ਸਾਥੀਆਂ ਨੂੰ ਗ੍ਰਿਫਤਾਰ ਕਰਕੇ ਜੇਲਾਂ ਵਿੱਚ ਬੰਦ ਕਰ ਦਿੱਤਾ ਗਿਆ। ਪਰ ਬਹਾਦਰ ਮੁਲਾਜ਼ਮ ਪਿੱਛੇ ਨਹੀਂ ਹਟੇ। ਜਿਸ ਤੇ ਪੰਜਾਬ ਸਰਕਾਰ ਨੇ ਝੁਕਦਿਆਂ ਮੰਗਾਂ ਵੀ ਰੋਡਵੇਜ਼ ਕਾਮਿਆਂ ਦੀਆਂ ਮੰਨੀਆਂ ਅਤੇ ਜੇਲਾਂ ਵਿੱਚੋਂ ਬਿਨਾਂ ਸ਼ਰਤ ਛੱਡਣਾ ਪਿਆ। ਇਸ ਮੌਕੇ ਤੇ ਰੋਡਵੇਜ਼ ਕਾਮਿਆਂ ਨੇ ਕਿਹਾ ਕਿ ਉਹ ਰੋਡਵੇਜ਼ ਅਦਾਰੇ ਨੂੰ ਬਚਾਉਣ ਲਈ ਲਗਾਤਾਰ ਸੰਘਰਸ਼ ਕਰਨਗੇ।



## ਸਰਫੇਸ ਵਾਟਰ ਪ੍ਰੋਜੈਕਟ ਨੂੰ ਅਗਲੇ ਕੁਝ ਮਹੀਨਿਆਂ 'ਚ ਮੁਕੰਮਲ ਕਰਨ ਦੇ ਆਦੇਸ਼

**ਜਲੰਧਰ (ਸੁਰਿੰਦਰ ਕੁਮਾਰ)**- ਅਮਰੂਤ ਸਕੀਮ ਤਹਿਤ ਸਰਫੇਸ ਵਾਟਰ ਪ੍ਰੋਜੈਕਟ ਨੂੰ ਮੁਕੰਮਲ ਕਰਨ ਵਿੱਚ ਹੋ ਰਹੀ ਦੇਰੀ ਨੂੰ ਗੰਭੀਰਤਾ ਨਾਲ ਲੈਂਦਿਆਂ ਡਿਪਟੀ ਕਮਿਸ਼ਨਰ ਡਾ.ਹਿਮਾਂਸ਼ੂ ਅਗਰਵਾਲ ਵਲੋਂ ਸਾਰੇ ਸਬੰਧਿਤ ਵਿਭਾਗਾਂ ਨੂੰ ਬਾਕੀ ਰਹਿੰਦੇ ਕੰਮ ਨੂੰ ਸਮੇਂ ਸਿਰ ਮੁਕੰਮਲ ਕਰਨ ਨੂੰ ਯਕੀਨੀ ਬਣਾਉਣ ਦੀਆਂ ਹਦਾਇਤਾਂ ਕੀਤੀਆਂ ਗਈਆਂ। ਨਗਰ ਨਿਗਮ, ਵਾਟਰ ਸਪਲਾਈ ਅਤੇ ਸੀਵਰੇਜ ਬੋਰਡ, ਲੋਕ ਨਿਰਮਾਣ ਵਿਭਾਗ ਅਤੇ ਕਾਰਜਕਾਰੀ ਏਜੰਸੀ ਮੈਸਰਜ਼ ਲਾਰਸੇਨ ਐਂਡ ਟੂਬਰੋ ਲਿਮਟਿਡ ਦੇ ਨੁਮਾਇੰਦਿਆਂ ਨਾਲ ਉੱਚ ਪੱਧਰੀ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਵਲੋਂ ਸਾਰੇ ਬਕਾਇਆ ਕੰਮਾਂ ਵਿੱਚ ਤੇਜ਼ੀ ਨਾਲ ਪ੍ਰਗਤੀ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ ਗਿਆ। ਉਨ੍ਹਾਂ ਸੰਬੰਧਿਤ ਵਿਭਾਗਾਂ ਨੂੰ ਪ੍ਰੋਜੈਕਟ ਵਿੱਚ ਦੇਰੀ ਲਈ ਨਿਯਮਾਂ ਅਨੁਸਾਰ ਕਾਰਜਕਾਰੀ ਏਜੰਸੀ 'ਤੇ ਜੁਰਮਾਨਾ ਲਗਾਉਣ ਦੀ ਪ੍ਰਕਿਰਿਆ ਸ਼ੁਰੂ ਕਰਨ ਦੀ ਵੀ ਹਦਾਇਤਾਂ ਕੀਤੀਆਂ। ਡਾ.ਅਗਰਵਾਲ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਪਹਿਲ ਦੇ ਅਧਾਰ 'ਤੇ ਕੀਤੇ ਜਾਣ ਵਾਲੇ ਕੰਮਾਂ ਦੀ ਵਿਸਥਾਰਿਤ ਸੂਚੀ ਤਿਆਰ ਕਰਦਿਆਂ ਬਕਾਇਆ ਰਹਿੰਦੇ ਕੰਮਾਂ ਨੂੰ ਸਮੇਂ ਸਿਰ ਮੁਕੰਮਲ ਕਰਨ ਲਈ ਨਿਸ਼ਚਿਤ ਸਮਾਂ ਸੀਮਾ ਦੀ ਸਖ਼ਤੀ ਨਾਲ ਪਾਲਣਾ ਨੂੰ ਯਕੀਨੀ ਬਣਾਇਆ ਜਾਵੇ। ਉਨ੍ਹਾਂ ਫਿਰ ਜ਼ੋਰ ਦੇ ਕੇ ਕਿਹਾ ਕਿ ਸਾਰੇ ਪ੍ਰੋਜੈਕਟ ਅਗਲੇ ਕੁਝ ਮਹੀਨਿਆਂ ਵਿੱਚ ਮੁਕੰਮਲ ਹੋ ਜਾਣਾ ਚਾਹੀਦਾ ਹੈ ਅਤੇ ਇਸ ਵਿੱਚ ਦੇਰੀ ਦੀ ਹੋਰ ਕੋਈ ਸੰਭਾਵਨਾ ਨਹੀਂ ਰਹਿਣੀ ਚਾਹੀਦੀ। ਉਨ੍ਹਾਂ ਇਹ ਵੀ ਆਦੇਸ਼ ਜਾਰੀ ਕੀਤੇ ਕਿ ਜ਼ਿਲ੍ਹੇ ਵਿੱਚ ਪ੍ਰੋਜੈਕਟ ਨੂੰ ਮੁਕੰਮਲ ਕਰਨ ਸਬੰਧੀ ਸੋਧੀ ਸਮਾਂ ਸਾਰਣੀ ਬਾਰੇ ਲੋਕਾਂ ਦੀ ਜਾਣਕਾਰੀ ਲਈ ਪ੍ਰਮੁੱਖ ਥਾਵਾਂ 'ਤੇ ਬੋਰਡ ਲਗਾਏ ਜਾਣ।

## ਚੋਣਾਂ ਦੇ ਮੱਦੇਨਜ਼ਰ ਪੁਲਸ ਵੱਲੋਂ ਫਲੈਗ ਮਾਰਚ

**ਮਹਿਤਪੁਰ (ਰਾਜਾ)** ਆਉਣ ਵਾਲੀਆਂ ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਚੋਣਾਂ ਨੂੰ ਨਜ਼ਰ ਵਿੱਚ ਰੱਖਦੇ ਹੋਏ ਮਹਿਤਪੁਰ ਪੁਲਸ ਵੱਲੋਂ ਇਲਾਕੇ 'ਚ ਫਲੈਗ ਮਾਰਚ ਕੀਤਾ ਗਿਆ। ਇਸ ਮਾਰਚ ਦਾ ਮੁੱਖ ਉਦੇਸ਼ ਇਲਾਕੇ 'ਚ ਕਾਨੂੰਨ-ਵਿਵਸਥਾ ਬਣਾਈ ਰੱਖਣਾ ਅਤੇ ਲੋਕਾਂ ਵਿੱਚ ਸੁਰੱਖਿਆ ਦਾ ਭਰੋਸਾ ਮਜ਼ਬੂਤ ਕਰਨਾ ਸੀ।ਫਲੈਗ ਮਾਰਚ ਦੀ ਅਗਵਾਈ ਡੀ ਐਸ ਪੀ ਸੁਖਪਾਲ ਸਿੰਘ ਸ਼ਾਹਕੋਟ ਨੇ ਕੀਤੀ।ਇਸ ਮੌਕੇ ਐਸ ਐਚ ਓ ਮਹਿਤਪੁਰ ਪੰਕਜ਼ ਕੁਮਾਰ, ਐਸ ਐਚ ਓ ਲੋਹੀਆਂ ਅਤੇ ਐਸ.ਐਚ.ਓ. ਸ਼ਾਹਕੋਟ ਵੀ ਆਪਣੀਆਂ ਟੀਮਾਂ ਸਮੇਤ ਮੌਜੂਦ ਸਨ। ਪੁਲਸ ਨੇ ਮਹਿਤਪੁਰ ਸ਼ਹਿਰ ਦੇ ਮੁੱਖ ਬਾਜ਼ਾਰਾਂ, ਰਿਹਾਇਸ਼ੀ ਇਲਾਕਿਆਂ ਅਤੇ ਸੰਵੇਦਨਸ਼ੀਲ ਪੁਆਇੰਟਾਂ 'ਚ ਫਲੈਗ ਮਾਰਚ ਕਰਦੇ ਹੋਏ ਅਲਰਟ ਡਿਊਟੀ ਸੰਭਾਲੀ। ਡੀ ਐਸ ਪੀ ਸੁਖਪਾਲ ਸਿੰਘ ਨੇ ਦੱਸਿਆ ਕਿ ਚੋਣਾਂ ਦੇ ਦੌਰਾਨ ਕਿਸੇ ਵੀ ਤਰ੍ਹਾਂ ਦੀ ਗੜਬੜ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਚੋਣਾਂ ਨੂੰ ਸ਼ਾਂਤੀਪੂਰਨ ਢੰਗ ਨਾਲ ਹੋਣ ਦੇਣ ਅਤੇ ਪੁਲਸ ਨਾਲ ਸਹਿਯੋਗ ਕਰਨ।



## ਚੋਣਾਂ 'ਚ ਆਮ ਆਦਮੀ ਪਾਰਟੀ ਸ਼ਾਨਦਾਰ ਜਿੱਤ ਪ੍ਰਾਪਤ ਕਰੇਗੀ : ਗੁਰਮੇਲ ਸਿੰਘ



**ਬਸਤੀ ਸ਼ੇਖ ਜਲੰਧਰ (ਲਖਵਿੰਦਰ ਸਿੰਘ)** ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਚੋਣਾਂ ਵਿੱਚ ਆਮ ਆਦਮੀ ਪਾਰਟੀ ਸ਼ਾਨਦਾਰ ਜਿੱਤ ਪ੍ਰਾਪਤ ਕਰੇਗੀ ਪਾਰਟੀ ਦੇ ਉਮੀਦਵਾਰ ਨੂੰ ਜਿਤਾਉਣ ਲਈ ਦਿਨ ਰਾਤ ਮਿਹਨਤ ਕਰਕੇ ਉਗੀ ਜੋਨ ਦੇ ਉਮੀਦਵਾਰ ਆਤਮਾ ਸਿੰਘ ਨੂਰਪੁਰ ਅਤੇ ਬਲਾਕ ਸੰਮਤੀ ਜੋਨ ਆਧੀ ਦੇ ਉਮੀਦਵਾਰ ਜੋਰਾਵਰ ਸਿੰਘ ਨੂੰ ਜਿਤਾ ਕੇ ਸੀਟਾਂ ਆਮ ਆਦਮੀ ਪਾਰਟੀ ਦੇ ਝੋਲੀ ਪਾਵਾਂਗੇ। ਇਹ ਵਿਚਾਰ ਸ਼ਾਹਪੁਰ, ਪੰਡੋਰੀ ਦੇ ਆਪ ਆਗੂ ਗੁਰਮੇਲ ਸਿੰਘ (ਪਤਨੀ ਸਰਪੰਚ ਬਲਜੀਤ ਕੌਰ) ਦਲਜੀਤ ਸਿੰਘ ਨਿੱਕੂ, ਬਲਵੀਰ ਸਿੰਘ ਨਾਹਲ, ਰਣਬੀਰ ਸਿੰਘ ਨੂਰਾ ਨੇ ਚੋਣ ਪ੍ਰਚਾਰ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਹੇ। ਉਨ੍ਹਾਂ ਕਿਹਾ ਕਿ ਸ਼ਾਹਪੁਰ ਪੰਡੋਰੀ ਦੇ ਦੋ,ਚਾਰ, ਘਰ ਛੱਡ ਕੇ ਬਾਕੀ ਸਾਰੀ ਦੀ ਸਾਰੀ ਵੋਟ ਆਮ ਆਦਮੀ ਪਾਰਟੀ ਦੇ ਹੱਕ ਵਿੱਚ ਭੁਗਤੇਗੀ।ਇਸ ਮੌਕੇ ਤੇ ਉਮੀਦਵਾਰ ਆਤਮਾ ਸਿੰਘ ਨੂਰਪੁਰ ਅਤੇ ਜੋਰਾਵਰ ਸਿੰਘ, ਬਲਵੀਰ ਸਿੰਘ, ਦਲਜੀਤ ਸਿੰਘ ਨਿੱਕੂ, ਰਣਬੀਰ ਸਿੰਘ ਨੂਰਾ ਬਲਦੇਵ ਕੁਮਾਰ ਜੱਗਾ ਪੰਡੋਰੀ, ਸੁਖਦੇਵ ਸਿੰਘ, ਅਵਤਾਰ ਸਿੰਘ, ਸਰਬਜੀਤ ਸਿੰਘ, ਗੁਰਪ੍ਰੀਤ ਸਿੰਘ, ਕੁਲਦੀਪ ਸਿੰਘ ਸਰਪੰਚ, ਮੇਜ਼ਰ ਸਿੰਘ, ਬਿੰਦਰ ਗੋਪੀ, ਬਲਰਾਜ ,ਅਜੈਬ ਸਿੰਘ, ਕਮਲਜੀਤ ਸਿੰਘ, ਰਕੇਸ਼ ਜੋਸ਼ੀ ਗੁਰਦੇਵ ਸਿੰਘ ਲੰਬੜਦਾਰ, ਬਲਜੀਤ ਸਿੰਘ, ਤੀਰਥ ਸਿੰਘ, ਸੁਖਦੇਵ ਸਿੰਘ ਪੰਚ ਆਦਿ ਹੋਰ ਵੀ ਬਹੁਤ ਸਾਰੇ ਸ਼ਾਹਪੁਰ ਪੰਡੋਰੀ ਅਤੇ ਆਧੀ ਦੇ ਨਿਵਾਸੀ ਹਾਜ਼ਰ ਸਨ।

## ਪੋਲਿੰਗ ਪਾਰਟੀਆਂ ਅੱਜ ਹੋਣਗੀਆਂ ਰਵਾਨਾ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਜਸਪ੍ਰੀਤ ਸਿੰਘ ਉਪ ਮੰਡਲ ਮੈਜਿਸਟ੍ਰੇਟ ਕਮ ਰਿਟਰਨਿੰਗ ਅਫਸਰ ਨੇ ਦੱਸਿਆ ਕਿ ਜਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਚੋਣਾਂ ਲਈ ਪੋਲਿੰਗ ਪਾਰਟੀਆਂ ਸ਼ਨੀਵਾਰ 13 ਦਸੰਬਰ ਨੂੰ ਸਵੇਰੇ 9 ਵਜੇ ਸਰਕਾਰੀ ਹਾਈ ਸਕੂਲ ਮਟੌਰ ਤੋਂ ਰਵਾਨਾ ਹੋਣਗੀਆਂ। ਚੋਣ ਡਿਊਟੀ ਤੋਂ ਗੈਰਹਾਜ਼ਰ ਅਤੇ ਗੈਰਜਿੰਮੇਵਾਰ ਅਧਿਕਾਰੀਆਂ/ ਕਰਮਚਾਰੀਆਂ ਵਿਰੁੱਧ ਬਨਦੀ ਸਖਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਚੋਣਾਂ ਲਈ ਜਿਲ੍ਹਾ ਚੋਣ ਅਫਸਰ ਸ੍ਰੀ ਵਰਜੀਤ ਵਾਲੀਆ ਆਈ.ਏ.ਐਸ ਡਿਪਟੀ ਕਮਿਸ਼ਨਰ ਰੂਪਨਗਰ ਵੱਲੋਂ ਸਪੱਸ਼ਟ ਨਿਰਦੇਸ਼ ਦਿੱਤੇ ਗਏ ਹਨ ਕਿ ਚੋਣ ਡਿਊਟੀ ਤੋਂ ਗੈਰਹਾਜ਼ਰ ਰਹਿਣ ਵਾਲੇ ਜਾਂ ਗੈਰਜਿੰਮੇਵਾਰ ਤਰੀਕੇ ਨਾਲ ਚੋਣ ਡਿਊਟੀ ਕਰਨ ਵਾਲੇ ਅਧਿਕਾਰੀਆਂ/ ਕਰਮਚਾਰੀਆਂ ਵਿਰੁੱਧ ਸਖਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਵੋਟਰਾਂ ਨੂੰ ਆਪਣੇ ਵੋਟ ਦੇ ਹੱਕ ਦਾ ਇਸਤੇਮਾਲ ਬਿਨਾਂ ਡਰ, ਭੈਅ, ਲੋਭ ਲਾਲਚ ਜਾਂ ਦਬਾਅ ਤੋਂ ਕਰਨਾ ਚਾਹੀਦਾ ਹੈ।ਉਨ੍ਹਾਂ ਅਪੀਲ ਕੀਤੀ ਕਿ ਵੋਟਰ ਆਪਣੇ ਵੋਟ ਦੇ ਹੱਕ ਦਾ ਵੱਧ ਤੋਂ ਵੱਧ ਗਿਣਤੀ ਵਿੱਚ ਇਸਤੇਮਾਲ ਕਰਨ।

## ਨਹੀਂ ਰੁਕ ਰਿਹਾ ਸਿਲਸਿਲਾ ਲੁੱਟਾਂ ਖੋਹਾਂ ਦਾ, ਕ੍ਰਿਪਾਨ ਦੀ ਨੋਕ 'ਤੇ ਨੌਜਵਾਨ ਲੁੱਟਿਆ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)** ਸੁਲਤਾਨਪੁਰ ਲੋਧੀ ਵਿੱਚ ਇੱਕ ਹੈਰਾਨ ਕਰਨ ਵਾਲੀ ਘਟਨਾ ਵਾਪਰੀ ਹੈ, ਜਿੱਥੇ ਦੋ ਨੌਜਵਾਨਾਂ ਨੂੰ ਦਿਨ ਦਿਹਾੜੇ ਭਰੇ ਬਾਜ਼ਾਰ 'ਚ ਵੱਖ-ਵੱਖ ਥਾਵਾਂ 'ਤੇ ਚਾਕੂ ਦਿਖਾ ਕੇ ਲੁੱਟ ਲਿਆ ਗਿਆ ਤੇ ਚੋਰ ਫਰਾਰ ਹੋਣ ਵਿੱਚ ਕਾਮਯਾਬ ਹੋ ਗਏ।ਇਹ ਸਾਰੀ ਘਟਨਾ ਸੀ ਸੀ ਟੀ ਵੀ 'ਚ ਕੈਦ ਹੋ ਗਈ।ਇਹ ਨੌਜਵਾਨ ਮੋਟਰਸਾਈਕਲ 'ਤੇ ਸਵਾਰ ਹੋ ਕੇ ਆਏ ਸਨ।ਜਾਣਕਾਰੀ ਅਨੁਸਾਰ ਗੁਰਦੁਆਰਾ ਬੇਰ ਸਾਹਿਬ ਰੋਡ ਗਰਾਰੀ ਚੌਂਕ ਦੇ ਨਜ਼ਦੀਕ ਇਹ ਨੌਜਵਾਨ ਆਪਣੇ ਇੱਕ ਦੋਸਤ ਦੀ ਸਬਜ਼ੀ ਵਾਲੀ ਰੇੜੀ ਦੇ ਕੋਲ ਬੈਠਾ ਸੀ ਤਾਂ ਅਚਾਨਕ ਦੋ ਮੋਟਰਸਾਈਕਲ ਸਵਾਰ ਨੌਜਵਾਨ ਆਏ ਉਹਨਾਂ ਵੱਲੋਂ ਚਾਕੂ ਦਿਖਾ ਕੇ ਇਸ ਨੌਜਵਾਨ ਦੇ ਗਲੇ ਵਿੱਚ ਪਾਇਆ ਸੋਨੇ ਦਾ ਲੋਕਟ ਖੋਹ ਕੇ ਫਰਾਰ ਹੋ ਗਏ। ਇੱਕ ਇਸੇ ਤਰ੍ਹਾਂ ਦੀ ਦੂਜੀ ਘਟਨਾ ਆਰੀਆ ਸਮਾਜ ਚੌਂਕ ਦੇ ਨਜ਼ਦੀਕ ਹੋਈ।ਇਹ ਘਟਨਾ ਸੀ ਸੀ ਟੀ ਵੀ ਵਿੱਚ ਕੈਦ ਹੋ ਗਈ। ਰਿਪੋਰਟਾਂ ਅਨੁਸਾਰ, ਪੀੜਤ ਨੇ ਪੁਲਸ ਕੋਲ ਸ਼ਿਕਾਇਤ ਦਰਜ ਕਰਵਾਈ ਹੈ ਕਿ ਉਸ ਨੂੰ ਸ਼ਰੇਆਮ ਬਾਜ਼ਾਰ 'ਚ ਲੁੱਟਿਆ ਗਿਆ। ਸੀ ਸੀ ਟੀ ਵੀ ਫੁਟੇਜ ਵਿੱਚ ਦੋ ਨੌਜਵਾਨ ਮੋਟਰਸਾਈਕਲ ਆਉਂਦੇ ਹਨ ਅਤੇ ਵਾਰਦਾਤ ਨੂੰ ਅੰਜਾਮ ਦੇ ਕੇ ਫਰਾਰ ਹੋ ਜਾਂਦੇ ਹਨ। ਪੁਲਸ ਨੇ ਇਸ ਸੰਬੰਧ 'ਚ ਮਾਮਲਾ ਦਰਜ ਕਰ ਲਿਆ ਗਿਆ ਹੈ।ਪੁਲਸ ਅਧਿਕਾਰੀਆਂ ਨੇ ਕਿਹਾ ਮੁਲਜ਼ਮਾਂ ਨੂੰ ਜਲਦੀ ਹੀ ਗ੍ਰਿਫਤਾਰ ਕਰ ਕਰ ਲਿਆ ਜਾਵੇਗਾ।



## ਡਾਕਟਰਾਂ-ਸਿਹਤ ਕਰਮੀਆਂ ਦੀ ਹੜਤਾਲ 'ਤੇ ਲਗਾਈ ਰੋਕ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਸਰਕਾਰ ਨੇ ਗੰਭੀਰ ਤੌਰ ਨਾਲ ਬੀਮਾਰ ਅਤੇ ਹੋਰ ਮਰੀਜਾਂ ਨੂੰ ਸਿਹਤ ਸੇਵਾਵਾਂ, ਦੇਖਭਾਲ ਸੇਵਾਵਾਂ ਯਕੀਨੀ ਕਰਨ ਅਤੇ ਜਨਸਾਧਾਰਨ ਨੂੰ ਬਿਨਾ ਰੁਕਾਵਟ ਲੋੜਮੰਦ ਮੈਡੀਕਲ ਸੇਵਾਵਾਂ ਬਣਾਏ ਰੱਖਣ ਲਈ ਸਿਹਤ ਵਿਭਾਗ ਹਰਿਆਣਾ ਦੇ ਡਾਕਟਰਾਂ ਨੂੰ ਜਾਂ ਕਿਸੇ ਵੀ ਹੋਰ ਸ਼੍ਰੇਣੀ ਦੇ ਅਮਲੇ ਵੱਲੋਂ ਆਗਾਮੀ 6 ਮਹੀਨੇ ਦੇ ਸਮੇ ਲਈ ਸਿਹਤ ਵਿਭਾਗ ਦੇ ਅਧੀਨ ਕੰਮ ਕਰਨ ਵਾਲੇ ਡਾਕਟਰਾਂ ਅਤੇ ਹੋਰ ਸ਼੍ਰੇਣੀ ਦੇ ਅਮਲੇ ਵੱਲੋਂ ਕਿਸੇ ਵੀ ਤਰ੍ਹਾਂ ਦੀ ਹੜਤਾਲ 'ਤੇ ਰੋਕ ਲਗਾਈ ਹੈ।ਹਰਿਆਣਾ ਸਰਕਾਰ ਦੇ ਸਿਵਲ ਪ੍ਰਸ਼ਾਸਨ ਵਿਭਾਗ ਦੇ ਰਾਜਨੈਤਿਕ ਸ਼ਾਖਾ ਵੱਲੋਂ ਜਾਰੀ ਇਸ ਹੁਕਮ ਅਨੁਸਾਰ ਹਰਿਆਣਾ ਦੇ ਰਾਜਪਾਲ ਦੀ ਸੰਤੁਸ਼ਟੀ ਤੋਂ ਬਾਅਦ ਸਰਕਾਰ ਨੇ ਹਰਿਆਣਾ ਜਰੂਰਤਮੰਦ ਸੇਵਾ ਰਖ-ਰਖਾਵ ਐਕਟ 1974 ਦੀ ਧਾਰਾ 4 (ਏ) ਦੀ ਉਪ-ਧਾਰਾ ਤਹਿਤ ਇਹ ਆਦੇਸ਼ ਜਾਰੀ ਕੀਤੇ ਗਏ ਹਨ ਅਤੇ ਇਨ੍ਹਾਂ ਨੂੰ 9 ਦਸੰਬਰ 2025 ਨੂੰ ਸਰਕਾਰੀ ਗਜਟ ਵਿੱਚ ਪ੍ਰਕਾਸ਼ਿਤ ਕੀਤਾ ਗਿਆ ਹੈ।

## ਭਾਰੀ ਬਹੁਮਤ ਨਾਲ ਜਿੱਤ ਪ੍ਰਾਪਤ ਕਰਨਗੇ ਗੱਠਜੋੜ ਦੇ ਉਮੀਦਵਾਰ : ਮਲਕੀਤ ਚੁੰਬਰ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਚੋਣਾਂ ਦੇ ਪ੍ਰਚਾਰ ਲਈ ਲਿੱਤਰਾਂ ਅਤੇ ਨਵਾਂ ਪਿੰਡ ਸ਼ੌਕੀਆ ਵਿਖੇ ਪਹੁੰਚੇ ਕਾਂਗਰਸ ਪਾਰਟੀ ਦੇ ਹਲਕਾ ਇੰਚਾਰਜ ਡਾਕਟਰ ਨਵੋਜਤ ਸਿੰਘ ਦਹੀਆ ਨੇ ਕਿਹਾ ਕਿ ਸਰਕਾਰ ਦੀ ਧੱਕੇਸ਼ਾਹੀ ਖ਼ਿਲਾਫ਼ ਗੱਠਜੋੜ ਦੇ ਉਮੀਦਵਾਰ ਭਾਰੀ ਬਹੁਮਤ ਨਾਲ ਜਿੱਤ ਪ੍ਰਾਪਤ ਕਰਨਗੇ। ਜ਼ਿਲ੍ਹਾ ਪ੍ਰੀਸ਼ਦ ਉਮੀਦਵਾਰ ਹਰਜਿੰਦਰ ਕੌਰ ਸਾਬਕਾ ਸਰਪੰਚ ਪਿੰਡ ਸੰਘੇ ਜਗੀਰ ਅਤੇ ਬਲਾਕ ਸੰਮਤੀ ਮੈਂਬਰ ਪੁਸ਼ਪਾ ਰਾਣੀ ਸਾਬਕਾ ਸਰਪੰਚ ਸਿੱਧਵਾਂ ਸਟੇਸ਼ਨ ਦੇ ਹੱਕ ਵਿੱਚ ਭਰਵੀਆਂ ਮੀਟਿੰਗਾਂ ਕੀਤੀਆਂ। ਇਸ ਮੌਕੇ ਮਲਕੀਤ ਚੁੰਬਰ ਨੇ ਕਿਹਾ ਕਿ ਇਹਨਾਂ ਚੋਣਾਂ ਵਿੱਚ ਸਾਂਝੇ ਗੱਠਜੋੜ ਦੇ ਉਮੀਦਵਾਰਾਂ ਨੂੰ ਜਿਤਾਉਣਾ ਜ਼ਰੂਰੀ ਹੈ। ਇਸ ਮੌਕੇ ਪ੍ਰਧਾਨ ਦੇਬ ਰਾਜ ਸੁੰਮਨ, ਕਸ਼ਮੀਰੀ ਚੁੰਬਰ ਦਰਸ਼ਨ ਮੈਹਿੰਮੀ ਸਰਪੰਚ ਨਵਾਂ ਪਿੰਡ ਸ਼ੌਕੀਆ। ਗੁਰਪ੍ਰੀਤ ਐਮ ਸੀ, ਨਛੱਤਰ ਸਿੱਧਵਾਂ, ਤਜਿੰਦਰ ਕੁਮਾਰ, ਪ੍ਰਭਜੋਤ ਸਿੰਘ ਪੰਚ ਜਸਵੀਰ ਰਾਮ ਪੰਚ ਰੁਪਿੰਦਰ ਸਿੰਘ ਭਿੰਦਾ ਸਰਪੰਚ ਲਿੱਤਰਾਂ ਕਪੂਰ ਮੱਟੂ ਭਜਨ ਸਿੰਘ, ਮੱਖਣ ਸਿੰਘ, ਕਰਨੈਲ ਪੰਚ, ਵਿਜੈ ਕੁਮਾਰ ਪੰਚ, ਰਾਜ ਰਾਣੀ, ਸਵਰਗਵਾਸੀ ਮਹਿੰਦਰ ਪਾਲ ਦਾ ਪਰਵਾਰ ਅਤੇ ਪਿੰਡ ਵਾਸੀ ਭਾਰੀ ਗਿਣਤੀ ਵਿੱਚ ਹਾਜ਼ਰ ਸਨ।



## ਖ਼ੂਨਦਾਨ ਕੈਂਪ 'ਚ ਵੱਧ ਚੜ੍ਹ ਕੇ ਖ਼ੂਨਦਾਨੀ ਆਪਣਾ ਬਣਦਾ ਯੋਗਦਾਨ ਪਾਉਣ : ਡਾ ਰਮਨ

**ਫਗਵਾੜਾ (ਜਸਵਿੰਦਰ ਢੱਡਾ)** ਖ਼ੂਨਦਾਨ ਕਰਨਾ ਮਹਾਨ ਦਾਨ ਮੰਨਿਆ ਜਾਂਦਾ ਹੈ ਕਿਉਂਕਿ ਦਾਨ ਕਰਨ ਨਾਲ ਤੁਸੀਂ ਕਿਸੇ ਹੋਰ ਵਿਅਕਤੀ ਦੀ ਜਾਨ ਬਚਾ ਸਕਦੇ ਹੋ ਲੋੜਵੰਦ ਪਰਵਾਰ ਦੇ ਕਿਸੇ ਵਿਅਕਤੀ ਨੂੰ ਖ਼ੂਨਦਾਨ ਕਰਨਾ ਇੱਕ ਵੱਖਰੀ ਗੱਲ ਹੈ, ਭਾਵੇਂ ਕਿ ਬਹੁਤ ਸਾਰੇ ਲੋਕ ਇਸ ਤੋਂ ਕੰਨੀ ਕਤਰਾਉਂਦੇ ਹਨ, ਪਰ ਕਿਸੇ ਪਰਾਏ ਵਿਅਕਤੀ ਦੀ ਜਾਨ ਬਚਾਉਣ ਲਈ ਖ਼ੂਨਦਾਨ ਕਰਨਾ ਬਹੁਤ ਹੀ ਸ਼ਲਾਘਾਯੋਗ ਵਾਲਾ ਕੰਮ ਹੈ ਇਸ ਗੱਲ ਦਾ ਪ੍ਰਗਟਾਵਾ ਉੱਘੇ ਸਮਾਜ ਸੇਵਕ ਡਾ. ਰਮਨ ਸ਼ਰਮਾ ਨੇ ਨਵਿਆ ਹੈਲਪਿੰਗ ਹੈਂਡਸ ਐਸੋਸੀਏਸ਼ਨ ਵਿਦ ਸਾਂਪਲਾ ਫਾਉਂਡੇਸ਼ਨ ਵੱਲੋਂ ਲਗਾਏ ਜਾ ਰਹੇ ਮੈਗਾ ਬੱਲਡ ਡੋਨਰਜ਼ ਕੈਂਪ ਜੋ ਕਿ ਮਿਤੀ 14 ਦੰਸਬਰ ਦਿਨ ਐਤਵਾਰ ਗੁਪਤਾ ਪੈਲੇਸ ਅਸ਼ੀਸ਼ ਕੰਨਟੀਨੈਂਟਲ ਜੀ ਟੀ ਰੋਡ ਫਗਵਾੜਾ ਵਿਖੇ ਲਗਾਇਆ ਜਾ ਰਿਹਾ ਹੈ ਸੰਬੰਧੀ ਕੀਤਾ। ਉਨ੍ਹਾਂ ਨੌਜਵਾਨ ਪੀੜ੍ਹੀ ਨੂੰ ਇਸ ਮਹਾਨ ਕਾਰਜ ਲਈ ਵੱਧ ਚੜ੍ਹ ਕੇ ਖ਼ੂਨਦਾਨ 'ਚ ਅਪਣਾ ਯੋਗਦਾਨ ਪਾਉਣ ਦੀ ਅਪੀਲ ਕੀਤੀ।



## ਚੌਧਰੀ ਗਿਆਨ ਸਿੰਘ ਵੈੱਲਫ਼ੇਅਰ ਐਸੋਸੀਏਸ਼ਨ ਵੱਲੋਂ ਲੋੜਵੰਦ ਪਰਵਾਰ ਦੀ ਮਦਦ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਚੌਧਰੀ ਗਿਆਨ ਸਿੰਘ ਵੈਲਫ਼ੇਅਰ ਐਸੋਸ਼ੀਏਸ਼ਨ ਸੰਸਥਾ ਵੱਲੋਂ ਸ਼ਗਨ ਲੜੀ ਤਹਿਤ ਕੰਢੀ ਖੇਤਰ ਦੇ ਪਿੰਡ ਬਹਿ ਕੀਤੋ 'ਚ ਲੋੜਵੰਦ ਪਰਵਾਰ ਦੀ ਬੇਟੀ ਦੇ ਵਿਆਹ ਲਈ 5100 ਰੁਪਏ ਸ਼ਗਨ ਰਾਸ਼ੀ ਭੇਟ ਕੀਤੀ। ਸੰਸਥਾ ਦੇ ਸੂਬਾ ਪ੍ਰਧਾਨ ਪ੍ਰਿੰਸ ਪਲਿਆਲ ਨੇ ਕਿਹਾ ਕਿ ਨਿਸਵਾਰਥ ਭਾਵਨਾ ਤੇ ਜਾਤ ਪਾਤ ਤੋਂ ਉੱਪਰ ਉੱਠ ਕੇ ਸਵ. ਰਾਏ ਸਾਹਿਬ ਚੌਧਰੀ ਗਿਆਨ ਸਿੰਘ ਦੁਆਰਾ ਸਮੁੱਚੇ ਸਮਾਜ ਪ੍ਰਤੀ ਕੀਤੇ ਸ਼ਲਾਘਾਯੋਗ ਕੰਮਾਂ ਕਰਕੇ ਉਨ੍ਹਾਂ ਦੇ ਪੂਰਨਿਆਂ ਤੇ ਚੱਲਣ ਦੀ ਲੋੜ ਹੈ। ਸਵ. ਰਾਏ ਸਾਹਿਬ ਨੇ ਸਮੁੱਚੇ ਸਮਾਜ ਨੂੰ ਸਿਖਿਅਤ ਕਰਨ ਲਈ ਇਲਾਕੇ 'ਚ ਸਕੂਲ ਖੋਲ੍ਹੇ ਤੇ ਅਗਿਆਨਤਾ ਦੇ ਹਨ੍ਹੇਰੇ ਨੂੰ ਸਮਾਜ ਵਿੱਚੋਂ ਦੂਰ ਕਰਕੇ ਗਿਆਨ ਦਾ ਪ੍ਰਕਾਸ਼ ਫੈਲਾਉਣ 'ਚ ਅਣਥੱਕ ਮਿਹਨਤ ਤੇ ਸਿਦਕ ਨਾਲ ਕੰਮ ਕਰਦੇ ਹੋਏ ਜ਼ਿੰਦਗੀ ਦੇ ਬੇਸ਼ਕੀਮਤੀ ਪਲਾਂ ਨੂੰ ਸਮਾਜ ਦੇ ਲੇਖੇ ਲਾਇਆ। ਪ੍ਰਿੰਸ ਪਲਿਆਲ ਨੇ ਕਿਹਾ ਆਉਣ ਵਾਲੇ ਸਮੇਂ 'ਚ ਸੰਸਥਾ ਵਲੋਂ ਨੌਜਵਾਨਾਂ ਨੂੰ ਖੇਡਾਂ ਕਿੱਟਾਂ, ਖ਼ੂਨ ਦਾਨ ਕੈਂਪ, ਜ਼ਰੂਰਤਮੰਦ ਵਿਦਿਆਰਥੀਆਂ ਲਈ ਸਟੇਸ਼ਨਰੀ ਤੋਂ ਇਲਾਵਾ ਸਮੂਹਿਕ ਆਨੰਦ ਕਾਰਜ ਕੀਤੇ ਜਾਣਗੇ। ਇਸ ਮੌਕੇ ਪ੍ਰੈਸ ਸੂਬਾ ਸਕੱਤਰ ਸ਼ਾਦੀ ਲਾਲ ਬਹਿਮਾਵਾ, ਜਨਕ ਰਾਜ, ਜੀਤ ਸਿੰਘ ਆਦਿ ਹਾਜ਼ਰ ਸਨ ।



## ਅਜਨੋਹਾ 'ਚ ਮੈਮੋਰੀਅਲ ਸਲਾਨਾ ਸ਼ਾਨਦਾਰ ਫੁੱਟਬਾਲ ਟੂਰਨਾਮੈਂਟ 14 ਤੋਂ

**ਮੋਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਪਿੰਡ ਅਜਨੋਹਾ ਵਿਖੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਐਨ ਆਰ ਆਈ ਵੀਰਾਂ ਅਤੇ ਇਲਾਕੇ ਦੇ ਸਹਿਯੋਗ ਨਾਲ, ਸਪੋਰਟਸ ਕਲੱਬ ਅਜਨੋਹਾ ਵੱਲੋਂ ਕਾਕਾ ਸਵ. ਪਿਆਰਾ ਸਿੰਘ ਅਤੇ ਕਾਕਾ ਮਨਮੋਹਨ ਸਿੰਘ ਮੈਮੋਰੀਅਲ ਸਲਾਨਾ ਸ਼ਾਨਦਾਰ ਫੁੱਟਬਾਲ ਟੂਰਨਾਮੈਂਟ 14 ਦਸੰਬਰ ਤੋਂ 21 ਦਸੰਬਰ ਤੱਕ ਕਰਵਾਇਆ ਜਾ ਰਿਹਾ ਹੈ। ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਕਿ 14 ਦਸੰਬਰ ਨੂੰ ਸਵੇਰੇ 10 ਵਜੇ ਮੁੱਖ ਮਹਿਮਾਨ ਰਜਿੰਦਰ ਸਿੰਘ ਪਰਮਾਰ ਅਤੇ ਹੋਰ ਇਲਾਕੇ ਦੀਆਂ ਪ੍ਰਮੁੱਖ ਸ਼ਖਸੀਅਤਾਂ ਵੱਲੋਂ ਸਲਾਨਾ ਸ਼ਾਨਦਾਰ ਫੁੱਟਬਾਲ ਟੂਰਨਾਮੈਂਟ ਦਾ ਉਦਘਾਟਨ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਟੂਰਨਾਮੈਂਟ ਵਿੱਚ ਆਲ ਉਪਨ, ਪਿੰਡ ਪੱਧਰ ਅਤੇ ਅੰਡਰ 17 ਦੀਆਂ ਟੀਮਾਂ ਹਿੱਸਾ ਲੈ ਰਹੀਆਂ ਹਨ। ਆਲ ਉਪਨ ਫੁੱਟਬਾਲ ਟੂਰਨਾਮੈਂਟ ਦਾ ਪਹਿਲਾ ਇਨਾਮ ਡੇਢ ਲੱਖ ਰੁਪਏ ਅਤੇ ਦੂਜਾ ਇਨਾਮ 1 ਲੱਖ ਰੁਪਏ ਅਤੇ ਟਰਾਫੀ ਦੇ ਕੇ ਸਨਮਾਨਿਤ ਕੀਤਾ ਜਾਵੇਗਾ। ਇਸੇ ਤਰ੍ਹਾਂ ਪਿੰਡ ਓਪਨ ਪਹਿਲਾ ਇਨਾਮ 51 ਹਜ਼ਾਰ ਰੁਪਏ ਅਤੇ ਦੂਜਾ ਇਨਾਮ 41 ਹਜ਼ਾਰ ਰੁਪਏ ਅਤੇ ਟਰਾਫੀ ਦੇ ਕੇ ਸਨਮਾਨਿਤ ਕੀਤਾ ਜਾਵੇਗਾ। ਇਸੇ ਤਰ੍ਹਾਂ ਅੰਡਰ 17 ਦਾ ਪਹਿਲਾ ਇਨਾਮ 31 ਹਜ਼ਾਰ ਰੁਪਏ ਅਤੇ ਦੂਜਾ ਇਨਾਮ 25 ਹਜ਼ਾਰ ਰੁਪਏ ਪਲੱਸ ਟਰਾਫੀ ਦੇ ਕੇ ਸਨਮਾਨਤ ਕੀਤਾ ਜਾਵੇਗਾ। ਪ੍ਰਬੰਧਕਾਂ ਨੇ ਦੱਸਿਆ ਕਿ 21 ਦਸੰਬਰ ਨੂੰ ਫਾਈਨਲ ਵਾਲੇ ਦਿਨ ਮੁੱਖ ਮਹਿਮਾਨ ਡਾਕਟਰ ਰਾਜਕੁਮਾਰ ਚੱਬੇਵਾਲ ਮੈਂਬਰ ਪਾਰਲੀਮੈਂਟ ਹੁਸ਼ਿਆਰਪੁਰ ਜੇਤੂ ਅਤੇ ਉਪ ਜੇਤੂ ਟੀਮਾਂ ਨੂੰ ਇਨਾਮਾਂ ਦੀ ਵੰਡ ਕਰਨਗੇ।

## ਖ਼ੂਨ ਦਾਨ ਕਰ ਕੇ ਕਈ ਕੀਮਤੀ ਜ਼ਿੰਦਗੀਆਂ ਨੂੰ ਬਚਾਇਆ ਜਾ ਸਕਦਾ : ਸੰਜੀਵ ਅਰੋੜਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਖ਼ੂਨ ਦਾਨ ਕਰਕੇ ਅਸੀਂ ਕਈ ਕੀਮਤੀ ਜ਼ਿੰਦਗੀਆਂ ਬਚਾ ਸਕਦੇ ਹਾਂ। ਖ਼ੂਨਦਾਨ ਨੂੰ ਇੱਕ ਮੁਹਿੰਮ ਬਣਾਉਣ ਦੀ ਲੋੜ ਹੈ। ਇਸ ਮੁਹਿੰਮ ਤਹਿਤ ਲੈਕਚਰਾਰ ਸੰਦੀਪ ਕੁਮਾਰ ਸੂਦ ਸਮੇਤ ਅਧਿਆਪਕ ਵਰਗ ਵੀ ਅੱਗੇ ਆ ਰਿਹਾ ਹੈ।ਇਹ ਗੱਲ ਭਾਰਤ ਵਿਕਾਸ ਪਰਿਸ਼ਦ ਦੇ ਪ੍ਰਧਾਨ ਅਤੇ ਪ੍ਰਮੁੱਖ ਸਮਾਜਸੇਵੀ ਸੰਜੀਵ ਅਰੋੜਾ ਨੇ ਕਹੀ। ਉਨ੍ਹਾਂ ਦੱਸਿਆ ਕਿ ਜਦੋਂ ਉਨ੍ਹਾਂ ਨੇ ਇੱਕ ਸੈਮੀਨਾਰ ਦੌਰਾਨ ਖ਼ੂਨਦਾਨ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ ਤਾਂ ਉਸੇ ਸਮੇਂ ਲੈਕਚਰਾਰ ਸੰਦੀਪ ਕੁਮਾਰ ਸੂਦ ਖ਼ੂਨਦਾਨ ਕਰਨ ਲਈ ਤਿਆਰ ਹੋ ਗਏ।ਉਨ੍ਹਾਂ ਕਿਹਾ ਕਿ ਇਸ ਨਾਲ ਹੋਰ ਅਧਿਆਪਕਾਂ ਨੂੰ ਵੀ ਪ੍ਰੇਰਣਾ ਮਿਲੇਗੀ ਅਤੇ ਉਹ ਵੀ ਖ਼ੂਨਦਾਨ ਕਰਨ ਲਈ ਅੱਗੇ ਆਉਣਗੇ। ਅਰੋੜਾ ਨੇ ਕਿਹਾ ਕਿ ਖ਼ੂਨਦਾਨ ਕਰਨ ਨਾਲ ਸ਼ਰੀਰ ਨੂੰ ਕੋਈ ਨੁਕਸਾਨ ਨਹੀਂ ਹੁੰਦਾ, ਸਗੋਂ ਇਸ ਦਾ ਲਾਭ ਹੀ ਹੁੰਦਾ ਹੈ। ਸਰੀਰ ਆਪਣੇ ਆਪ ਹੀ ਨਵਾਂ ਖ਼ੂਨ ਤਿਆਰ ਕਰਦਾ ਹੈ ਅਤੇ ਕਮੀ ਨੂੰ ਪੂਰਾ ਕਰਦਾ ਹੈ।ਇਸ ਦਾ ਇੱਕ ਹੋਰ ਲਾਭ ਇਹ ਹੈ ਕਿ ਖ਼ੂਨਦਾਨ ਤੋਂ ਪਹਿਲਾਂ ਖ਼ੂਨ ਦੀ ਜਾਂਚ ਹੁੰਦੀ ਹੈ ਜਿਸ ਨਾਲ ਪਤਾ ਲੱਗ ਜਾਂਦਾ ਹੈ ਕਿ ਸਾਡੇ ਖ਼ੂਨ ਵਿੱਚ ਕੋਈ ਬਿਮਾਰੀ ਤਾਂ ਨਹੀਂ। ਉਨ੍ਹਾਂ ਨੇ ਕਿਹਾ ਕਿ ਸਾਨੂੰ ਇੱਕ ਦੂਜੇ ਨੂੰ ਵੀ ਖ਼ੂਨਦਾਨ ਲਈ ਪ੍ਰੇਰਿਤ ਕਰਨਾ ਚਾਹੀਦਾ ਹੈ। ਇਸ ਤੋਂ ਵੱਡਾ ਕੋਈ ਦਾਨ ਨਹੀਂ। ਜੇ ਅਸੀਂ ਕਿਸੇ ਦੀ ਮਦਦ ਕਰਾਂਗੇ ਤਾਂ ਸੰਭਵ ਹੈ ਕਿ ਕਦੇ ਸਾਨੂੰ ਲੋੜ ਪੈਣ 'ਤੇ ਕੋਈ ਸਾਡੀ ਵੀ ਮਦਦ ਕਰਨ ਲਈ ਅੱਗੇ ਆਵੇ।ਉਨ੍ਹਾਂ ਕਿਹਾ ਕਿ ਅੱਜ ਸੜਕ ਹਾਦਸਿਆਂ ਵਿੱਚ ਸੜਕਾਂ 'ਤੇ ਪਤਾ ਨਹੀਂ ਕਿੰਨਾ ਰਕਤ ਵਗ ਰਿਹਾ ਹੈ, ਇਸ ਨੂੰ ਰੋਕਣਾ ਹੋਵੇਗਾ।ਲੈਕਚਰਾਰ ਸੰਦੀਪ ਸੂਦ ਨੇ ਵੀ ਆਪਣੇ ਪੁੱਤਰ ਆਸ਼ੀਸ਼ ਸੂਦ ਦੇ ਹਾਈ ਕੋਰਟ ਵਿੱਚ ਐਡਵੋਕੇਟ ਬਣਨ ਦੀ ਖੁਸ਼ੀ ਵਿੱਚ ਰਕਤ ਦਾਨ ਕੀਤਾ ।



## ਫਾਲਕਨ ਸਕੂਲ 'ਚ ਐੱਨ ਸੀ ਸੀ ਕੈਡਿਟਸ ਲਈ ਸਮਾਗਮ

**ਸੁਲਤਾਨਪੁਰ ਲੋਧੀ (ਹਨੀ)**- ਫਾਲਕਨ ਇੰਟਰਨੈਸ਼ਨਲ ਸਕੂਲ ਵਿਖੇ ਆਰਮੀ ਦੀ 21 ਬਟਾਲੀਅਨ ਵੱਲੋਂ ਐੱਨ ਸੀ ਸੀ ਕੈਡਿਟਸ ਨੂੰ ਹਥਿਆਰਾਂ ਦੀ ਸਿਖਲਾਈ ਦੇਣ ਸਬੰਧੀ ਸਮਾਗਮ ਕਰਵਾਇਆ ਗਿਆ । ਇਸ ਦੌਰਾਨ ਕੈਡਿਟਸ ਨੇ ਬੜੇ ਉਤਸ਼ਾਹ ਨਾਲ ਹਿੱਸਾ ਲਿਆ। ਪੀ ਆਈ ਸਟਾਫ ਵੱਲੋਂ ਕੈਡਿਟਸ ਨੂੰ ਵੱਖ ਵੱਖ ਹਥਿਆਰਾਂ ਨੂੰ ਖੋਲ ਕੇ ਜੋੜਨਾ, ਉਨ੍ਹਾ ਦਾ ਭਾਰ, ਰੇਂਜ,ਦੁਸ਼ਮਣ ਤੋਂ ਬਚਾਉਣਾ, ਮੈਗਜ਼ੀਨ ਆਦਿ ਬਾਰੇ ਦੱਸਿਆ ਗਿਆ। ਸਕੂਲ ਦੇ ਚੇਅਰਮੈਨ ਕਰਨਲ ਅਜੀਤ ਸਿੰਘ ਢਿੱਲੋਂ ਅਤੇ ਮੈਨੇਜਿੰਗ ਡਾਇਰੈਕਟਰ ਮੈਡਮ ਨਵਦੀਪ ਕੌਰ ਢਿੱਲੋਂ ਨੇ ਕੈਡਿਟਸ ਨੂੰ ਐੱਨ ਸੀ ਸੀ ਦੇ ਫਾਇਦੇ ਦੱਸਦਿਆਂ ਕਿਹਾ ਕਿ ਐੱਨ ਸੀ ਸੀ ਰਾਹੀਂ ਵਿਦਿਆਰਥੀ ਅਨੁਸ਼ਾਸਨ, ਏਕਤਾ ਅਤੇ ਦੇਸ਼ ਭਗਤੀ ਨੂੰ ਅਪਣਾਉਂਦੇ ਹੋਏ ਆਪਣੇ ਜੀਵਨ ਵਿੱਚ ਬਦਲਾਅ ਲਿਆ ਸਕਦੇ ਹਨ । ਐਨ ਸੀ ਸੀ ਰਾਹੀਂ ਵੱਖ ਵੱਖ ਖੇਤਰਾਂ ਵਿੱਚ ਆਪਣਾ ਕੈਰੀਅਰ ਬਣਾਇਆ ਜਾ ਸਕਦਾ ਹੈ । ਵਰਦੀ ਪਹਿਨ ਕੇ ਵਿਦਿਆਰਥੀ ਆਪਣੇ ਆਪ ਨੂੰ ਦੂਸਰਿਆਂ ਤੋਂ ਵੱਖਰਾ ਮਹਿਸੂਸ ਕਰਦਾ ਹੈ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਰਵਿੰਦਰਜੀਤ ਕੌਰ, ਐੱਨ ਸੀ ਸੀ ਇੰਚਾਰਜ ਗੁਰਬਚਨ ਸਿੰਘ, ਸਪੋਰਟਸ ਇੰਚਾਰਜ ਜਤਿੰਦਰ ਸਿੰਘ ਆਦਿ ਹਾਜ਼ਰ ਸਨ।

